ਬੁੱਧਵਾਰ, 7 ਅਕਤੂਬਰ, 2026

21 ਅੱਸੂ { ਨਾਨਕਸ਼ਾਹੀ 558 / ਬਿਕਰਮੀ 2083

ਜਿਲਦ/VOL. : 75

ਅੰਕ/NO. : 127

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • WEDNESDAY, 7 OCTOBER, 2026 ਜਲੰਧਰ

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 14


# ਵੋਟ ਚੋਰੀ ਖਿਲਾਫ 'ਇੰਡੀਆ' ਦੀ ਲੀਡਰਸ਼ਿਪ ਵੱਲੋਂ ਚੋਣ ਕਮਿਸ਼ਨ ਦਫਤਰ ਵੱਲ ਮਾਰਚ

## ਰਾਹ 'ਚ ਰੋਕਣ ਤੇ ਹਿਰਾਸਤ 'ਚ ਲੈਣ ਉਪਰੰਤ ਆਕਾਸ਼ਵਾਣੀ ਭਵਨ ਵਿਖੇ ਧਰਨਾ

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**

ਇੰਡੀਆ ਗੱਠਜੋੜ ਵਿੱਚ ਸ਼ਾਮਲ ਪਾਰਟੀਆਂ ਵੱਲੋਂ ਮੰਗਲਵਾਰ ਸੰਸਦ ਭਵਨ ਤੋਂ ਕੱਢੇ ਗਏ ਲੋਕਤੰਤਰ ਬਚਾਓ ਮਾਰਚ ਨੂੰ ਪੁਲਸ ਵੱਲੋਂ ਚੋਣ ਕਮਿਸ਼ਨ ਦੇ ਦਫਤਰ ਤੋਂ 270 ਮੀਟਰ ਦੂਰ ਰੋਕ ਦੇਣ 'ਤੇ ਇਸ ਦੇ ਆਗੂ ਆਕਾਸ਼ਵਾਣੀ ਭਵਨ ਕੰਪਲੈਕਸ ਵਿਖੇ ਧਰਨੇ 'ਤੇ ਬੈਠ ਗਏ।

ਰਾਹੁਲ ਨੇ ਦੋਸ਼ ਲਗਾਇਆ ਕਿ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੇ ਭਾਜਪਾ ਨੂੰ ਵੋਟਾਂ ਚੋਰੀ ਕਰਨ ਵਿੱਚ ਮਦਦ ਕੀਤੀ ਸੀ ਅਤੇ ਉਹ ਉਸ ਨੂੰ ਮਿਲਣਗੇ। ਉਨ੍ਹਾ ਕਿਹਾ, 'ਸਾਡੇ ਨਾਲ 300 ਸੰਸਦ ਮੈਂਬਰ ਹਨ ਅਤੇ ਸਾਡੀ ਗੱਲ ਨਾ ਸੁਣਨਾ ਦੇਸ਼ ਦਾ ਅਪਮਾਨ ਹੈ।' ਮਾਰਚ ਰੋਕਣ ਲਈ ਪੁਲਸ ਨੇ ਕਈ ਆਗੂਆਂ ਨੂੰ ਹਿਰਾਸਤ ਵਿੱਚ ਲੈ ਲਿਆ। ਇਨ੍ਹਾਂ ਆਗੂਆਂ ਵਿੱਚ ਸੀ ਪੀ ਆਈ ਦੇ ਸਾਂਸਦ ਪੀ ਸੰਦੋਸ਼ ਕੁਮਾਰ, ਪੀ ਪੀ ਸੁਨੀਰ ਅਤੇ ਵੀ ਸੇਲਵਰਾਜ ਵੀ ਸਨ।

ਜਦੋਂ ਵਿਰੋਧੀ ਧਿਰ ਦੇ ਸੰਸਦ ਮੈਂਬਰਾਂ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਅਤੇ ਬੱਸਾਂ ਵਿੱਚ ਦਿੱਲੀ ਦੇ ਵੱਖ-ਵੱਖ ਥਾਣਿਆਂ ਵਿੱਚ ਧੱਕ ਦਿੱਤਾ ਗਿਆ ਤਾਂ ਸਮਝਿਆ ਗਿਆ ਕਿ ਵਿਰੋਧ ਪ੍ਰਦਰਸ਼ਨ ਲਗਭਗ ਖਤਮ ਹੋ ਗਿਆ, ਭੈਣ-ਭਰਾ (ਰਾਹੁਲ ਤੇ ਪ੍ਰਿਅੰਕਾ) ਨੇ ਅਚਾਨਕ ਅਜਿਹਾ ਕਦਮ ਚੁੱਕਿਆ, ਜਿਸ ਨੇ ਕਾਂਗਰਸੀ ਨੇਤਾਵਾਂ ਨੂੰ ਵੀ ਉਲਝਣ ਵਿੱਚ ਪਾ ਦਿੱਤਾ। ਪ੍ਰਿਅੰਕਾ ਪਹਿਲਾਂ ਹੀ ਆਲ ਇੰਡੀਆ







ਰੇਡੀਓ ਦੇ ਮੁੱਖ ਦਫਤਰ, ਆਕਾਸ਼ਵਾਣੀ ਭਵਨ ਦੇ ਬਾਹਰ ਖੜ੍ਹੀ ਇੱਕ ਬੱਸ ਵਿੱਚ ਬੈਠੀ ਹੋਈ ਸੀ ਅਤੇ ਰਾਹੁਲ ਅੰਦਰ ਜਾਣ ਹੀ ਵਾਲੇ ਸੀ। ਅਚਾਨਕ ਭੈਣ-ਭਰਾ ਨੇ ਇੱਕ-ਦੂਜੇ ਵੱਲ ਦੇਖਿਆ ਅਤੇ ਫਿਰ ਪੁਲਸ ਵਾਲਿਆਂ ਨੂੰ ਪਾਰ ਕਰਕੇ ਆਕਾਸ਼ਵਾਣੀ ਭਵਨ ਦੇ ਅਹਾਤੇ ਵਿੱਚ ਚਲੇ ਗਏ। ਇਹ ਹਰਕਤ ਸੋਚ ਤੋਂ ਬਾਹਰ ਸੀ ਅਤੇ ਪੁਲਸ ਕਰਮਚਾਰੀਆਂ ਨੂੰ ਸ਼ੁਰੂ ਵਿੱਚ ਪਤਾ ਨਹੀਂ ਸੀ ਕਿ ਕਿਵੇਂ ਪ੍ਰਤੀਕਿਰਿਆ ਕਰਨੀ ਹੈ।

ਇੱਕ ਵਾਰ ਜਦੋਂ ਗਾਂਧੀ ਪਰਵਾਰ ਅੰਦਰ ਗਿਆ, ਤਾਂ ਕਾਂਗਰਸੀ ਨੇਤਾ ਕੇ ਸੀ ਵੇਣੂਗੋਪਾਲ ਅਤੇ ਪਵਨ ਖੇੜਾ ਆਕਾਸ਼ਵਾਣੀ ਭਵਨ ਦੀ ਚਾਰਦੀਵਾਰੀ 'ਤੇ ਚੜ੍ਹ ਗਏ ਅਤੇ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ। ਇਮਰਾਨ ਪ੍ਰਤਾਪਗੜ੍ਹੀ ਅਤੇ ਸ੍ਰੀਨਿਵਾਸ ਬੀਵੀ ਉਨ੍ਹਾਂ ਨਾਲ ਸ਼ਾਮਲ ਹੋ ਗਏ।

ਵਿਰੋਧ ਪ੍ਰਦਰਸ਼ਨ ਵਿੱਚ ਭਾਰਤੀ ਕਮਿਊਨਿਸਟ ਪਾਰਟੀ ਨੇ ਉਤਸ਼ਾਹ ਨਾਲ ਹਿੱਸਾ ਲਿਆ। ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ, ਰਾਹੁਲ ਗਾਂਧੀ, ਪ੍ਰਿਅੰਕਾ ਗਾਂਧੀ ਤੇ ਸਪਾ ਪ੍ਰਧਾਨ ਅਖਿਲੇਸ਼ ਯਾਦਵ ਦੇ ਨਾਲ ਧਰਨੇ ਵਿੱਚ ਸੀ ਪੀ ਆਈ ਦੇ ਜਨਰਲ ਸਕੱਤਰ ਡੀ ਰਾਜਾ, ਕੌਮੀ ਸਕੱਤਰ ਤੇ ਸਾਂਸਦ ਪੀ ਸੰਦੋਸ਼ ਕੁਮਾਰ, ਸਾਂਸਦ ਪੀ ਪੀ ਸੁਨੀਰ, ਸਾਂਸਦ ਐੱਮ ਸੇਲਵਰਾਜ, ਸੀ ਪੀ ਆਈ (ਐੱਮ) ਦੇ ਸਾਂਸਦ ਅਮਰਾ ਰਾਮ, ਜੌਨ ਬ੍ਰਿਟਾਸ, ਵੀ ਸ਼ਿਵਦਾਸਨ, ਏ ਏ ਰਹੀਮ, ਸੁ ਵੈਂਕਟੇਸ਼ ਅਤੇ ਆਰ ਸਚਿਦਾਨੰਦਮ, ਸੀ ਪੀ ਆਈ (ਐੱਮ ਐੱਲ) ਦੇ ਸਾਂਸਦ ਸੁਦਾਮਾ ਪ੍ਰਸਾਦ, ਆਰ ਜੇ ਡੀ ਨੇਤਾ ਪ੍ਰੋਫੈਸਰ ਮਨੋਜ ਕੁਮਾਰ ਝਾਅ, ਕੇ ਸੀ (ਐੱਮ) ਦੇ ਸਾਂਸਦ ਜੋਸ ਕੇ ਮਨੀ, ਵੀ ਸੀ ਕੇ ਦੇ ਸਾਂਸਦ ਤਿਰੂਮਾਵਲਾਵਨ ਅਤੇ ਹੋਰ ਇੰਡੀਆ ਬਲਾਕ ਪਾਰਟੀਆਂ ਦੇ ਨੇਤਾ ਅਤੇ ਸੰਸਦ ਮੈਂਬਰ ਸ਼ਾਮਲ ਹੋਏ। ਇਸ ਗੰਭੀਰ ਚੋਣ ਸੰਕਟ 'ਤੇ ਬੀਜੂ ਜਨਤਾ ਦਲ ਦਾ ਇੰਡੀਆ ਬਲਾਕ ਪਾਰਟੀਆਂ ਨਾਲ ਜੁੜਨਾ ਇੱਕ ਸ ਵ ਾ ਗ ਤ ਯੋ ਗ

• ਬਾਕੀ ਸਫਾ 2 'ਤੇ

## ਹਰਮਨਪ੍ਰੀਤ ਕੌਰ ਨੇ ਕਪਤਾਨੀ ਛੱਡੀ



**ਨਵੀਂ ਦਿੱਲੀ :** ਭਾਰਤੀ ਮਹਿਲਾ ਕ੍ਰਿਕਟ ਟੀਮ ਦੀ ਲੰਮੇ ਸਮੇਂ ਤੋਂ ਅਗਵਾਈ ਕਰ ਰਹੀ ਕਪਤਾਨ ਹਰਮਨਪ੍ਰੀਤ ਕੌਰ ਨੇ ਮੰਗਲਵਾਰ ਨੂੰ ਤਿੰਨੋਂ ਫਾਰਮੈਟਾਂ ਵਿੱਚ ਕਪਤਾਨੀ ਦਾ ਅਹੁਦਾ ਛੱਡ ਦਿੱਤਾ ਹੈ। ਉਨ੍ਹਾ ਕਿਹਾ ਕਿ ਉਨ੍ਹਾ ਇੱਕ ਆਗੂ ਵਜੋਂ ਆਪਣਾ ਫ਼ਰਜ਼ ਨਿਭਾ ਦਿੱਤਾ ਹੈ ਅਤੇ ਹੁਣ ਉਹ ਖੇਡ ਦੇ ਪਿਆਰ ਲਈ ਦੁਬਾਰਾ ਖੇਡਣ ਲਈ ਤਿਆਰ ਹਨ। ਹਰਮਨਪ੍ਰੀਤ ਦਾ ਇਹ ਐਲਾਨ ਗੁਹਾਟੀ ਵਿੱਚ ਬੀ ਸੀ ਸੀ ਆਈ ਦੀ ਇੱਕ ਸਮੀਖਿਆ ਬੈਠਕ ਤੋਂ ਬਾਅਦ ਆਇਆ ਹੈ, ਜੋ ਪਿਛਲੇ ਮਹੀਨਿਆਂ ਵਿੱਚ ਟੀਮ ਦੇ ਪ੍ਰਦਰਸ਼ਨ ਦਾ ਮੁੱਲਾਂਕਣ ਕਰਨ ਲਈ ਸੱਦੀ ਗਈ ਸੀ। ਬੀ ਸੀ ਸੀ ਆਈ ਦੇ ਸਕੱਤਰ ਦੇਵਜੀਤ ਸੈਕੀਆ ਦੀ ਪ੍ਰਧਾਨਗੀ ਹੇਠ ਹੋਈ ਇਸ ਬੈਠਕ ਵਿੱਚ ਹਰਮਨਪ੍ਰੀਤ, ਉਪ-ਕਪਤਾਨ ਸਿਮਰਤੀ ਮੰਧਾਨਾ ਅਤੇ ਮੁੱਖ ਕੋਚ ਅਮੋਲ ਮਜੂਮਦਾਰ ਸ਼ਾਮਲ ਸਨ। ਮੁੱਖ ਮੰਤਰੀ ਭਗਵੰਤ ਮਾਨ ਨੇ ਭਾਰਤੀ ਮਹਿਲਾ ਕ੍ਰਿਕਟ ਟੀਮ ਦੀ ਕਪਤਾਨੀ ਤੋਂ ਹਟਣ 'ਤੇ ਪੰਜਾਬ ਦੀ ਧੀ ਹਰਮਨਪ੍ਰੀਤ ਕੌਰ ਦੇ ਸ਼ਾਨਦਾਰ ਕਪਤਾਨੀ ਕਾਰਜਕਾਲ ਨੂੰ ਸਲਾਮ ਕੀਤਾ ਹੈ। ਮੁੱਖ ਮੰਤਰੀ ਨੇ ਸੋਸ਼ਲ ਮੀਡੀਆ 'ਤੇ ਪੋਸਟ ਪਾ ਕੇ ਹਰਮਨਪ੍ਰੀਤ ਕੌਰ ਦੀਆਂ ਕ੍ਰਿਕਟ ਦੇ ਖੇਤਰ ਵਿੱਚ ਪ੍ਰਾਪਤੀਆਂ ਦੀ ਸ਼ਲਾਘਾ ਕੀਤੀ। ਮੁੱਖ ਮੰਤਰੀ ਨੇ ਕਿਹਾ ਕਿ ਹਰਮਨਪ੍ਰੀਤ ਕੌਰ ਦੀ ਅਗਵਾਈ ਹੇਠ ਭਾਰਤੀ ਮਹਿਲਾ ਕ੍ਰਿਕਟ ਟੀਮ ਨੇ ਵਿਸ਼ਵ ਪੱਧਰ 'ਤੇ ਕਈ ਮੁਕਾਮ ਹਾਸਲ ਕੀਤੇ ਅਤੇ ਦੇਸ਼ ਦਾ ਨਾਮ ਰੌਸ਼ਨ ਕੀਤਾ। ਮਾਨ ਨੇ ਕਿਹਾ ਕਿ ਹਰਮਨਪ੍ਰੀਤ ਕੌਰ ਪੰਜਾਬ ਦੀ ਧੀ ਹੈ ਅਤੇ ਉਸ ਦੀਆਂ ਪ੍ਰਾਪਤੀਆਂ 'ਤੇ ਪੂਰੇ ਪੰਜਾਬ ਨੂੰ ਮਾਣ ਹੈ।

## ਪਾਕਿਸਤਾਨੀ ਸਿੱਖ ਸ਼ਰਧਾਲੂਆਂ ਨੂੰ ਭਾਰਤ ਯਾਤਰਾ ਦੀ ਮਨਜ਼ੂਰੀ

**ਚੰਡੀਗੜ੍ਹ :** ਪਾਕਿਸਤਾਨ ਤੋਂ ਭਾਰਤ ਆਉਣ ਵਾਲੇ ਸਿੱਖ ਸ਼ਰਧਾਲੂਆਂ ਨੂੰ ਪਾਕਿਸਤਾਨੀ ਅਧਿਕਾਰੀਆਂ ਨੇ ਅਖ਼ੀਰ ਯਾਤਰਾ ਦੀ ਇਜਾਜ਼ਤ ਦੇ ਦਿੱਤੀ ਹੈ। ਇਸ ਤੋਂ ਪਹਿਲਾਂ ਉਹਨਾਂ ਨੂੰ ਹਵਾਈ ਅੱਡੇ 'ਤੇ ਚੜ੍ਹਨ ਤੋਂ ਰੋਕ ਦਿੱਤਾ ਗਿਆ ਸੀ। ਹੁਣ 49 ਮੈਂਬਰੀ ਜਥਾ ਤਾਸ਼ਕੰਦ ਰਸਤੇ 8 ਅਕਤੂਬਰ ਨੂੰ ਨਵੀਂ ਦਿੱਲੀ ਪਹੁੰਚੇਗਾ, ਜੋ ਭਾਰਤ ਦੇ ਪ੍ਰਮੁੱਖ ਸਿੱਖ ਧਾਰਮਿਕ ਅਸਥਾਨਾਂ ਦੇ ਇੱਕ ਮਹੀਨੇ ਦੇ ਯਾਤਰਾ ਦੌਰੇ 'ਤੇ ਰਹੇਗਾ। ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਲਾਹਕਾਰ ਪਰਮਜੀਤ ਸਿੰਘ ਚੰਢੋਕ ਨੇ ਦੱਸਿਆ ਕਿ ਪਾਕਿਸਤਾਨ ਦੇ ਗ੍ਰਹਿ ਮੰਤਰਾਲੇ ਨੇ ਫੈਸਲਾਬਾਦ ਏਅਰਪੋਰਟ 'ਤੇ ਸ਼ਰਧਾਲੂਆਂ ਨੂੰ ਰੋਕੇ ਜਾਣ ਦੇ ਮਾਮਲੇ ਦੀ ਸਮੀਖਿਆ ਤੋਂ ਬਾਅਦ ਇਹ ਮਨਜ਼ੂਰੀ ਦਿੱਤੀ ਹੈ। ਯਾਤਰੀਆਂ ਕੋਲ 30 ਅਕਤੂਬਰ ਤੱਕ ਦਾ ਵੈਧ ਭਾਰਤੀ ਵੀਜ਼ਾ ਹੈ ਅਤੇ ਉਹ ਦਿੱਲੀ ਤੋਂ ਹੀ ਵਾਪਸ ਉਡਾਣ ਭਰਨਗੇ।

## ਸਮਾਣਾ ਦਾ ਗੱਭਰੂ ਕੈਨੇਡਾ ਪੁਲਸ 'ਚ ਭਰਤੀ

**ਸਮਾਣਾ :** ਕਰਨਵੀਰ ਸਿੰਘ ਮਾਹਲ ਪੁੱਤਰ ਪਲਵਿੰਦਰ ਸਿੰਘ ਮਾਹਲ ਕੈਨੇਡਾ ਪੁਲਸ ਵਿੱਚ ਭਰਤੀ ਹੋ ਗਏ। ਕਰਨਵੀਰ ਸਿੰਘ ਨੇ ਕੈਨੇਡਾ ਪੁਲਸ ਵਿੱਚ ਭਰਤੀ ਹੋ ਕੇ ਨਾ ਕੇਵਲ ਸਮਾਣਾ ਦਾ ਨਾਂਅ ਰੌਸ਼ਨ ਕੀਤਾ ਹੈ, ਸਗੋਂ ਸੂਬੇ ਤੇ ਦੇਸ਼ ਦਾ ਨਾਂਅ ਵੀ ਰੌਸ਼ਨ ਕੀਤਾ ਹੈ। ਮਾਹਲ ਦੇ ਪਿਤਾ ਪਲਵਿੰਦਰ ਸਿੰਘ ਮਾਹਲ, ਜੋ ਕਿ ਪੇਸ਼ੇ ਤੋਂ ਕੈਮਿਸਟ ਹਨ, ਨੇ ਦੱਸਿਆ ਕਿ ਕਰਨਵੀਰ ਆਪਣੀ ਬੀ ਟੈੱਕ ਦੀ ਡਿਗਰੀ ਪੰਜਾਬ ਤੋਂ ਕਰਕੇ ਕੈਨੇਡਾ ਚਲਾ ਗਿਆ ਸੀ, ਜਿੱਥੇ ਜਾ ਕੇ ਉਸ ਨੇ ਸਪਲਾਈ ਚੇਨ ਵਿਸ਼ੇ ਵਿੱਚ ਡਿਪਲੋਮਾ ਕੀਤਾ ਤੇ 2024 ਵਿੱਚ ਉਹ ਕੈਨੇਡਾ ਪੁਲਸ ਵਿੱਚ ਭਰਤੀ ਹੋ ਗਿਆ। 2 ਸਾਲਾਂ ਦੀ ਟਰੇਨਿੰਗ ਤੋਂ ਬਾਅਦ ਹੁਣ ਵਿੰਨੀਪੈਗ ਵਿਖੇ ਸਟੇਸ਼ਨ ਅਲਾਟ ਕਰ ਦਿੱਤਾ ਗਿਆ ਹੈ।

## ਹਾਈ ਕੋਰਟ ਵੱਲੋਂ ਮੁੱਖ ਸਕੱਤਰ ਨੂੰ 'ਝੂਠ' ਬੋਲਣ ਲਈ ਨੋਟਿਸ

**ਚੰਡੀਗੜ੍ਹ :** ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਮੰਗਲਵਾਰ ਨੂੰ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਦੇ ਮਹਿੰਗਾਈ ਭੱਤੇ ਦੇ ਮਾਮਲੇ ਵਿੱਚ ਟਾਲ-ਮਟੋਲ ਕਰਨ ਲਈ ਗ਼ਲਤ ਤੱਥਾਂ ਦੀ ਪੇਸ਼ਕਾਰੀ ਕਰਨ ਨੂੰ ਲੈ ਕੇ ਪੰਜਾਬ ਦੇ ਮੁੱਖ ਸਕੱਤਰ ਕੇ ਏ ਪੀ ਸਿਨਹਾ ਨੂੰ ਅਦਾਲਤੀ ਮਾਣਹਾਨੀ ਦਾ ਨੋਟਿਸ ਜਾਰੀ ਕਰ ਦਿੱਤਾ ਹੈ। ਲੰਘੇ ਕੱਲ੍ਹ ਸੁਣਵਾਈ ਦੌਰਾਨ ਵੀ ਹਾਈ ਕੋਰਟ ਮੁੱਖ ਸਕੱਤਰ ਨਾਲ ਸਖ਼ਤੀ ਨਾਲ ਪੇਸ਼ ਆਈ ਸੀ ਅਤੇ ਸੁਪਰੀਮ ਕੋਰਟ ਵਿੱਚ ਦਾਇਰ ਸਪੈਸ਼ਲ ਲੀਵ ਪਟੀਸ਼ਨ ਦੀਆਂ ਤਰੁੱਟੀਆਂ (ਖਾਮੀਆਂ) ਨੂੰ ਦੂਰ ਕਰਨ ਬਾਰੇ ਕੀਤੇ ਗ਼ਲਤ ਦਾਅਵੇ ਦਾ ਸਖ਼ਤ ਨੋਟਿਸ ਲਿਆ ਸੀ। ਹਾਈ ਕੋਰਟ ਨੇ ਮੁੱਖ ਸਕੱਤਰ ਦੇ ਹਲਫ਼ਨਾਮੇ ਵਿੱਚ ਪੇਸ਼ ਕੀਤੇ ਤੱਥਾਂ ਨੂੰ ਗਲਤ ਕਰਾਰ ਦਿੱਤਾ ਹੈ। ਬੈਂਚ ਨੇ ਉਨ੍ਹਾਂ ਨੂੰ ਨੋਟਿਸ ਜਾਰੀ ਕਰਕੇ ਪੁੱਛਿਆ ਹੈ ਕਿ ਅਦਾਲਤ ਨੂੰ 'ਜਾਣਬੁੱਝ ਕੇ ਗੁੰਮਰਾਹ' ਕਰਨ ਲਈ ਉਨ੍ਹਾਂ ਵਿਰੁੱਧ ਕ੍ਰਿਮੀਨਲ ਮਾਣਹਾਨੀ ਦੀ ਕਾਰਵਾਈ ਕਿਉਂ ਨਾ ਸ਼ੁਰੂ ਕੀਤੀ ਜਾਵੇ। ਉਨ੍ਹਾ ਨੂੰ ਸ਼ੁੱਕਰਵਾਰ ਨੂੰ ਅਗਲੀ ਸੁਣਵਾਈ ਦੌਰਾਨ ਨਿੱਜੀ ਤੌਰ 'ਤੇ ਹਾਜ਼ਰ ਹੋਣ ਲਈ ਵੀ ਕਿਹਾ ਗਿਆ ਹੈ।

## 'ਅਕਾਲੀ ਦਲ ਵਾਰਿਸ ਪੰਜਾਬ ਦੇ' ਵੱਲੋਂ ਰਾਜਪਾਲ ਨਾਲ ਮੁਲਾਕਾਤ

**ਚੰਡੀਗੜ੍ਹ :** 'ਅਕਾਲੀ ਦਲ ਵਾਰਿਸ ਪੰਜਾਬ ਦੇ' ਦੇ ਵਫ਼ਦ ਨੇ ਮੰਗਲਵਾਰ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਮੁਲਾਕਾਤ ਕਰਕੇ ਭਾਰਤ ਦੇ ਚੋਣ ਕਮਿਸ਼ਨ ਖ਼ਿਲਾਫ਼ ਆਪਣਾ ਵਿਰੋਧ ਦਰਜ ਕਰਵਾਇਆ। ਮਨਪ੍ਰੀਤ ਸਿੰਘ ਇਆਲੀ ਅਤੇ ਐੱਮ ਪੀ ਸਰਬਜੀਤ ਸਿੰਘ ਖ਼ਾਲਸਾ ਦੀ ਅਗਵਾਈ ਹੇਠ ਵਫ਼ਦ ਨੇ ਰਾਜਪਾਲ ਨੂੰ ਮੰਗ ਪੱਤਰ ਸੌਂਪਿਆ।

ਸੀਨੀਅਰ ਆਗੂ ਮਨਪ੍ਰੀਤ ਸਿੰਘ ਇਆਲੀ ਨੇ ਮੁਲਾਕਾਤ ਮਗਰੋਂ ਦੱਸਿਆ ਕਿ ਚੋਣ ਕਮਿਸ਼ਨ ਵੱਲੋਂ ਦੇਸ਼ ਦੀ ਸੁਰੱਖਿਆ ਨੂੰ ਖ਼ਤਰੇ ਦੇ ਹਵਾਲੇ ਨਾਲ ਉਨ੍ਹਾ ਦੀ ਪਾਰਟੀ ਦੀ ਰਜਿਸਟਰੇਸ਼ਨ ਰੋਕੀ ਗਈ ਹੈ, ਜੋ ਸਰਾਸਰ ਧੱਕਾ ਹੈ। ਉਨ੍ਹਾ ਕਿਹਾ ਕਿ ਭਾਜਪਾ ਸਮੇਤ ਬਾਕੀ ਪਾਰਟੀਆਂ ਚੋਣ ਮੈਦਾਨ ਵਿੱਚ 'ਵਾਰਿਸ ਪੰਜਾਬ ਦੇ' ਪਾਰਟੀ ਤੋਂ ਆਪਣੇ ਆਪ ਨੂੰ ਖ਼ਤਰਾ ਸਮਝਦੀਆਂ ਹਨ, ਜਿਸ ਕਰਕੇ ਇਹਨਾਂ ਧਿਰਾਂ ਦਾ ਪਾਰਟੀ ਦੀ ਰਜਿਸਟਰੇਸ਼ਨ ਰੁਕਵਾਉਣ ਪਿੱਛੇ ਹੱਥ ਹੈ।

## ਤੂਤ ਦੇ 'ਆਪ' ਸਰਪੰਚ ਦੀ ਗੋਲੀ ਮਾਰ ਕੇ ਹੱਤਿਆ



**ਪੱਟੀ :** ਪੱਟੀ ਇਲਾਕੇ ਦੇ ਪਿੰਡ ਤੂਤ ਦੇ ਮੌਜੂਦਾ ਸਰਪੰਚ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਸ਼ਵਨੀ ਕੁਮਾਰ ਦੀ ਮੰਗਲਵਾਰ ਨੂੰ ਅਣਪਛਾਤੇ ਵਿਅਕਤੀਆਂ ਵੱਲੋਂ ਦਿਨ-ਦਿਹਾੜੇ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਗਈ।

ਗੰਭੀਰ ਹਾਲਤ ਵਿੱਚ ਅਸ਼ਵਨੀ ਕੁਮਾਰ ਨੂੰ ਪੱਟੀ ਸ਼ਹਿਰ ਦੇ ਇੱਕ ਨਿੱਜੀ ਹਸਪਤਾਲ ਵਿਚ ਲਿਆਂਦਾ ਗਿਆ ਜਿਥੇ ਉਹ ਦਮ ਤੋੜ ਗਿਆ। ਗੋਲੀਬਾਰੀ ਦੌਰਾਨ ਮ੍ਰਿਤਕ ਅਸ਼ਵਨੀ ਕੁਮਾਰ ਦਾ ਸਾਥੀ ਚਮਕੌਰ ਸਿੰਘ ਗੰਭੀਰ ਜ਼ਖ਼ਮੀ ਹੋ ਗਿਆ। ਉਸ ਨੂੰ ਇਲਾਜ ਲਈ ਹਸਪਤਾਲ ਦਾਖ਼ਲ ਕਰਵਾਇਆ ਗਿਆ ਹੈ।

## ਗਿਆਨੇਸ਼ ਦੇ ਘਰ ਦਾ ਸ਼ੁੱਧੀਕਰਨ

**ਆਗਰਾ (ਨ ਜ਼ ਸ)**-ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਇੱਥੇ ਵਿਜੇ ਨਗਰ ਵਿੱਚ ਜੱਦੀ ਘਰ ਨੂੰ ਮੰਗਲਵਾਰ 'ਸ਼ੁੱਧ' ਕੀਤਾ ਗਿਆ। ਗਿਆਨੇਸ਼ ਕੁਮਾਰ ਦੀ 76 ਸਾਲਾ ਮਾਂ ਸੱਤਿਆਵਤੀ ਨੇ ਕਿਹਾ, '28 ਸਤੰਬਰ ਨੂੰ ਕੁਝ ਭੂਤ ਵਰਗੇ ਲੋਕ ਘਰ ਦੇ ਬਾਹਰ ਆਏ। ਉਨ੍ਹਾਂ ਘਰ ਨੂੰ ਅਪਵਿੱਤਰ ਕਰ ਦਿੱਤਾ। ਹੁਣ ਘਰ ਨੂੰ ਸ਼ੁੱਧ ਕੀਤਾ ਜਾ ਰਿਹਾ ਹੈ।' ਆਲ ਇੰਡੀਆ ਮਾਥੁਰ ਵੈਸ਼ਯ ਮਹਾਂ ਸਭਾ ਦੀਆਂ ਔਰਤਾਂ ਨੇ ਪੀਲੇ ਰੰਗ ਦੇ ਕੱਪੜੇ ਪਾ ਕੇ, ਸੰਖ ਵਜਾ ਕੇ ਅਤੇ ਘੰਟੀਆਂ ਵਜਾ ਕੇ ਕਲਸ਼ ਯਾਤਰਾ ਕੱਢੀ ਤੇ ਫਿਰ ਘਰ ਅੱਗੇ ਪਹੁੰਚ ਕੇ ਗੰਗਾ ਜਲ ਛਿੜਕ ਕੇ ਸ਼ੁੱਧੀਕਰਨ ਕੀਤਾ। ਇਸ ਤੋਂ



ਬਾਅਦ ਗਿਆਨੇਸ਼ ਕੁਮਾਰ ਦੇ ਪਿਤਾ ਡਾ. ਸੁਬੋਧ ਕੁਮਾਰ ਅਤੇ ਹੋਰਨਾਂ ਨੇ ਸੁੰਦਰਕਾਂਡ ਦੀ ਕਿਤਾਬ ਆਪਣੇ ਮੱਥੇ 'ਤੇ ਰੱਖੀ ਤੇ ਪਾਠ ਸ਼ੁਰੂ ਕਰ ਦਿੱਤਾ। ਕਾਂਗਰਸੀ ਵਰਕਰਾਂ ਨੇ ਘਰ ਦੇ ਬਾਹਰ ਕੰਧਾਂ ਅਤੇ ਮੁੱਖ ਗੇਟ 'ਤੇ 'ਵੋਟ ਚੋਰ' ਅਤੇ 'ਗੱਦਾਰ' ਲਿਖ ਦਿੱਤਾ ਸੀ।

## ਸਰਾਵਾਂ ਦੇ ਰਿਕਾਰਡ 'ਚ ਛੇੜਛਾੜ ਕੀਤੀ ਗਈ : ਧਾਮੀ

### ਬੀਬੀ ਨੂੰ ਇਲਾਜ ਕਰਵਾਉਣ ਲਈ ਇੱਕ ਲੱਖ ਦਿੱਤਾ ਸੀ

**ਅੰਮ੍ਰਿਤਸਰ (ਨਵਾਂ ਜ਼ਮਾਨਾ ਸਰਵਿਸ)**

ਬਹਿਰੀਨ ਵਾਲੀ ਬੀਬੀ ਦੇ ਮਾਮਲੇ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਮੁਢਲੀ ਜਾਂਚ ਵਿੱਚ ਇਹ ਗੱਲ ਸਾਹਮਣੇ ਆਈ ਹੈ ਕਿ ਗੁਰਦੁਆਰਿਆਂ ਦੀਆਂ ਸਰਾਵਾਂ ਦੇ ਰਿਕਾਰਡ ਨਾਲ ਛੇੜਛਾੜ ਕੀਤੀ ਗਈ ਹੈ, ਤਾਂ ਜੋ ਇਹ ਦਰਸਾਇਆ ਜਾ ਸਕੇ ਕਿ ਇਹ ਬੀਬੀ ਗੁਰਦੁਆਰਿਆਂ ਦੀਆਂ ਸਰਾਵਾਂ ਵਿੱਚ ਲੰਮਾ ਸਮਾਂ ਰਹੀ ਹੈ। ਇਸ ਸੰਬੰਧ ਵਿੱਚ ਸ਼੍ਰੋਮਣੀ ਕਮੇਟੀ ਵੱਲੋਂ ਕਈ ਮੁਲਾਜ਼ਮਾਂ ਦੇ ਖ਼ਿਲਾਫ਼ ਵਿਭਾਗੀ ਕਾਰਵਾਈ ਕੀਤੀ ਜਾ ਰਹੀ ਹੈ, ਜਿਸ ਵਿੱਚ ਅਨੰਦਪੁਰ ਸਾਹਿਬ ਦੀਆਂ ਸਰਾਵਾਂ ਦੇ ਮੈਨੇਜਰ ਤੇ ਹੋਰ ਅਧਿਕਾਰੀ ਸ਼ਾਮਲ ਹਨ। ਇਸ ਦਾ ਖ਼ੁਲਾਸਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਮੀਡੀਆ ਸਾਹਮਣੇ ਕੀਤਾ। ਉਹਨਾ ਦੱਸਿਆ ਕਿ ਜਾਂਚ ਕਮੇਟੀ ਦੀ ਮੁਢਲੀ ਰਿਪੋਰਟ ਮਿਲ ਗਈ ਹੈ ।

ਉਹਨਾ ਸਰਾਵਾਂ ਨਾਲ ਸੰਬੰਧਤ ਕੁਝ ਰਜਿਸਟਰ ਵੀ ਮੀਡੀਆ ਸਾਹਮਣੇ ਪੇਸ਼ ਕੀਤੇ, ਜਿਹਨਾਂ ਵਿੱਚ ਬਹਿਰੀਨ ਵਾਲੀ ਬੀਬੀ ਦੇ ਰਹਿਣ ਸੰਬੰਧੀ ਕੁਝ ਐਂਟਰੀਆਂ ਸ਼ਾਮਲ ਹਨ ਅਤੇ ਇਹਨਾਂ ਐਂਟਰੀਆਂ ਵਾਲੇ ਦਿਨਾਂ ਦੌਰਾਨ ਸਰਾਵਾਂ ਵਿੱਚ ਰਹਿਣ ਲਈ ਉਸ ਨੇ ਪੈਸੇ ਵੀ ਜਮ੍ਹਾਂ ਕਰਵਾਏ ਹਨ। ਇਹਨਾਂ ਐਂਟਰੀਆਂ ਦੇ ਮੁਤਾਬਕ ਸ੍ਰੀ ਅਨੰਦਪੁਰ ਸਾਹਿਬ ਦੀਆਂ ਸਰਾਵਾਂ ਸੰਬੰਧੀ ਰਜਿਸਟਰ ਵਿੱਚ ਲਗਭਗ ਸੱਤ ਵਾਰ ਉਸ ਦੇ ਨਾਂਅ 'ਤੇ ਐਂਟਰੀਆਂ ਹਨ ਅਤੇ ਅੰਮ੍ਰਿਤਸਰ ਵਿਖੇ ਸ੍ਰੀ ਹਰਿਮੰਦਰ ਸਾਹਿਬ ਦੀਆਂ ਸਰਾਵਾਂ ਵਿੱਚ ਰਹਿਣ ਸੰਬੰਧੀ ਅੱਠ ਐਂਟਰੀਆਂ ਦਰਜ ਹਨ, ਜਦੋਂ ਕਿ ਇੱਕ ਐਂਟਰੀ ਮੁਹਾਲੀ ਦੇ ਗੁਰਦੁਆਰਾ ਅੰਬ ਸਾਹਿਬ ਨਾਲ ਸੰਬੰਧਤ ਹੈ। ਉਹਨਾ ਰਜਿਸਟਰ ਵਿੱਚ ਵਾਧੂ ਦਰਜ ਕੀਤੀਆਂ ਹੋਈਆਂ ਐਂਟਰੀਆਂ ਵੀ ਦਿਖਾਈਆਂ, ਜੋ ਕਿ ਨਿਰਧਾਰਿਤ ਤਰੀਕਾਂ ਤੋਂ ਬਾਅਦ ਦਰਜ ਕੀਤੀਆਂ ਗਈਆਂ ਹਨ ਅਤੇ ਉਹਨਾਂ ਦੇ ਸੀਰੀਅਲ ਨੰਬਰ ਬਦਲੇ ਗਏ ਹਨ। ਉਹਨਾਂ ਦੱਸਿਆ ਕਿ ਜਿਸ ਮੁਲਾਜ਼ਮ ਵੱਲੋਂ ਇਹ ਵਾਧੂ ਐਂਟਰੀਆਂ ਦਰਜ ਕੀਤੀਆਂ ਗਈਆਂ ਹਨ, ਉਸ ਦੀ ਲਿਖਾਈ ਦੇ ਨਮੂਨੇ ਜਾਂਚ ਵਾਸਤੇ ਭੇਜੇ ਗਏ ਹਨ ਅਤੇ ਲਗਭਗ ਉਸ ਦੀ ਸ਼ਨਾਖਤ ਹੋ ਚੁੱਕੀ ਹੈ। ਉਹਨਾ ਦੱਸਿਆ ਕਿ

• ਬਾਕੀ ਸਫਾ 2 'ਤੇ

## ਐੱਸ ਜੀ ਪੀ ਸੀ ਮੁੱਖ ਸਕੱਤਰ ਦੇ ਓ ਐੱਸ ਡੀ ਤੋਂ ਪੁੱਛਗਿੱਛ

**ਸ੍ਰੀ ਆਨੰਦਪੁਰ ਸਾਹਿਬ :** ਅਮਰਜੀਤ ਸਿੰਘ ਚਾਵਲਾ ਖ਼ਿਲਾਫ਼ ਦਰਜ ਜਿਨਸੀ ਸ਼ੋਸ਼ਣ ਦੇ ਮਾਮਲੇ ਦੀ ਜਾਂਚ ਨੂੰ ਅੱਗੇ ਵਧਾਉਂਦਿਆਂ ਸ੍ਰੀ ਆਨੰਦਪੁਰ ਸਾਹਿਬ ਪੁਲਸ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਸਬੰਧਤ ਅਧਿਕਾਰੀਆਂ ਅਤੇ ਮੁਲਾਜ਼ਮਾਂ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਡੀ ਐੱਸ ਪੀ ਸ੍ਰੀ ਆਨੰਦਪੁਰ ਸਾਹਿਬ ਜਸ਼ਨਦੀਪ ਸਿੰਘ ਨੇ ਦੱਸਿਆ ਕਿ ਅਮਰਜੀਤ ਸਿੰਘ ਚਾਵਲਾ ਖ਼ਿਲਾਫ਼ 21 ਅਗਸਤ 2026 ਨੂੰ ਐਫ.ਆਈ.ਆਰ. ਨੰਬਰ 149 ਦਰਜ ਕੀਤੀ ਗਈ। ਉਹਨਾਂ ਦੱਸਿਆ ਕਿ ਐੱਸ ਜੀ ਪੀ ਸੀ ਵਿੱਚ ਲੰਮੇ ਸਮੇਂ ਤੋਂ ਸੇਵਾਵਾਂ ਨਿਭਾਅ ਰਹੇ ਅਤੇ ਇਸ ਵੇਲੇ ਮੁੱਖ ਸਕੱਤਰ ਕੁਲਵੰਤ ਸਿੰਘ ਦੇ ਓ ਐੱਸ ਡੀ ਵਜੋਂ ਤਾਇਨਾਤ ਸਤਬੀਰ ਸਿੰਘ ਤੋਂ ਸਰਾਵਾਂ ਦੇ ਪ੍ਰਬੰਧਾਂ ਅਤੇ ਨਿਯਮਾਂ ਸਬੰਧੀ ਪੁੱਛਗਿੱਛ ਕੀਤੀ ਗਈ ਹੈ। ਡੀ ਐੱਸ ਪੀ ਅਨੁਸਾਰ ਪੁਲਸ ਵੱਲੋਂ ਇਹ ਜਾਣਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਸਰਾਵਾਂ ਵਿੱਚ ਸ਼ਰਧਾਲੂਆਂ ਦੀ ਐਂਟਰੀ ਕਿਸ ਪ੍ਰਕਿਰਿਆ ਤਹਿਤ ਹੁੰਦੀ ਹੈ, ਉਹਨਾਂ ਦੇ ਠਹਿਰਨ ਸਬੰਧੀ ਕੀ ਨਿਯਮ ਹਨ ਅਤੇ ਸੰਬੰਧਤ ਰਿਕਾਰਡ ਕਿਵੇਂ ਦਰਜ ਕੀਤਾ ਜਾਂਦਾ ਹੈ।

## ਧਾਮੀ ਦੀ ਸਫਾਈ ਨਾਤਸੱਲੀਬਖਸ਼ : ਬਲਤੇਜ ਪੰਨੂ

**ਚੰਡੀਗੜ੍ਹ (ਗੁਰਜੀਤ ਬਿੱਲਾ)**



ਆਮ ਆਦਮੀ ਪਾਰਟੀ ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਮੰਗਲਵਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਤੋਂ ਸ੍ਰੀ ਅਨੰਦਪੁਰ ਸਾਹਿਬ ਦੀ ਇੱਕ ਐੱਸ ਜੀ ਪੀ ਸੀ ਸਰਾਂ ਵਿੱਚ ਬਹਿਰੀਨ ਦੀ ਮਹਿਲਾ ਦੇ ਠਹਿਰਨ ਨਾਲ ਜੁੜੇ ਵਿਵਾਦ ਬਾਰੇ ਉਨ੍ਹਾ ਦੇ ਪ੍ਰਤੀਕਰਮ 'ਤੇ ਸਵਾਲ ਚੁੱਕੇ।

ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੰਨੂ ਨੇ ਸਪੱਸ਼ਟ ਤੌਰ ਤੇ ਕਿਹਾ, ਸੰਸਥਾ ਐੱਸ ਜੀ ਪੀ ਸੀ 'ਤੇ ਕੋਈ ਹਮਲਾ ਨਹੀਂ ਹੈ। ਇਹ ਸਿਰਫ਼ ਉਨ੍ਹਾਂ ਲੋਕਾਂ ਨੂੰ ਸਵਾਲ ਪੁੱਛਣ ਬਾਰੇ ਹੈ, ਜੋ ਇਸ ਨੂੰ ਚਲਾ ਰਹੇ ਹਨ, ਜਿਨ੍ਹਾਂ 'ਤੇ ਸੰਸਥਾ ਚਲਾਉਣ ਦੀ ਜ਼ਿੰਮੇਵਾਰੀ ਹੈ, ਉਨ੍ਹਾਂ ਨੂੰ ਆਪਣੇ ਕਾਰਜਕਾਲ ਦੌਰਾਨ ਵਾਪਰਨ ਵਾਲੀਆਂ ਘਟਨਾਵਾਂ ਲਈ ਜਵਾਬਦੇਹ ਵੀ ਹੋਣਾ ਪਵੇਗਾ।' ਉਨ੍ਹਾ ਕਿਹਾ, 'ਇਹ ਸੰਸਥਾ ਹਰਜਿੰਦਰ ਸਿੰਘ ਧਾਮੀ ਦੀ ਨਹੀਂ, ਇਹ ਪੂਰੀ ਸਿੱਖ ਕੌਮ ਦੀ ਹੈ।' ਉਨ੍ਹਾ ਕਿਹਾ ਕਿ ਜ਼ਿੰਮੇਵਾਰ ਅਹੁਦਿਆਂ 'ਤੇ ਬੈਠੇ ਲੋਕਾਂ ਤੋਂ ਸਵਾਲ ਪੁੱਛਣਾ ਸੰਸਥਾ ਨੂੰ ਨੁਕਸਾਨ ਪਹੁੰਚਾਉਣ ਲਈ ਨਹੀਂ, ਸਗੋਂ ਇਸ ਦੀ ਰੱਖਿਆ ਕਰਨ ਲਈ ਜ਼ਰੂਰੀ ਹੈ। ਉਨ੍ਹਾਂ ਸਵਾਲ ਕੀਤਾ ਕਿ ਹਰਜਿੰਦਰ

• ਬਾਕੀ ਸਫਾ 2 'ਤੇ

## ਸੀ ਬੀ ਆਈ ਵੱਲੋਂ ਮੁੱਖ ਮੰਤਰੀ ਦੇ ਕੈਂਪ ਆਫਿਸ 'ਤੇ ਛਾਪਾ

**ਚੰਡੀਗੜ੍ਹ :** ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਹੁਕਮਾਂ ਮਗਰੋਂ ਸੀ ਬੀ ਆਈ ਟੀਮਾਂ ਨੇ ਮੁੱਖ ਮੰਤਰੀ ਦੇ ਓ ਐੱਸ ਡੀ ਰਾਜਬੀਰ ਘੁੰਮਣ ਮਾਮਲੇ 'ਤੇ ਸ਼ਿਕੰਜਾ ਕੱਸਣਾ ਸ਼ੁਰੂ ਕਰ ਦਿੱਤਾ ਹੈ। ਸੀ ਬੀ ਆਈ ਦੀਆਂ ਟੀਮਾਂ ਨੇ ਮੰਗਲਵਾਰ ਸ਼ਾਮ ਮੁੱਖ ਮੰਤਰੀ ਦੇ ਸੈਕਟਰ 2 ਵਿਚਲਾ ਕੈਂਪ ਆਫਿਸ, ਰਾਜਬੀਰ ਸਿੰਘ ਘੁੰਮਣ ਦੀ ਪਿੰਡ ਘਰਾਚੋਂ ਵਿਚਲੀ ਰਿਹਾਇਸ਼ ਅਤੇ ਮੁਹਾਲੀ ਦੇ ਫੇਜ਼ 11 ਦੀ ਇੱਕ ਨਿੱਜੀ ਰਿਹਾਇਸ਼ 'ਤੇ ਛਾਪੇਮਾਰੀ ਕੀਤੀ ਹੈ। ਇਹ ਨਿੱਜੀ ਰਿਹਾਇਸ਼ ਰਾਜਬੀਰ ਸਿੰਘ ਘੁੰਮਣ ਦੇ ਕਿਸੇ ਕਰੀਬੀ ਰਿਸ਼ਤੇਦਾਰ ਦੀ ਦੱਸੀ ਜਾ ਰਹੀ ਹੈ। ਜ਼ਿਕਰਯੋਗ ਹੈ ਕਿ ਬੀਤੇ ਦਿਨ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ 'ਚ ਸਰਕਾਰੀ ਬਦਲੀਆਂ ਤੇ ਪੋਸਟਿੰਗਾਂ 'ਚ ਕਥਿਤ ਲੈਣ-ਦੇਣ, ਅਨੁਕੂਲ ਨੀਤੀਆਂ ਬਣਾਉਣ ਅਤੇ ਟੈਂਡਰਾਂ 'ਚ ਰਿਸ਼ਵਤ ਦੇ



ਸੀ ਐੱਮ ਕੈਂਪ ਆਫਿਸ ਦੇ ਬਾਹਰ ਤਾਇਨਾਤ ਜਵਾਨ।

ਦੋਸ਼ਾਂ ਦੀ ਜਾਂਚ ਸੀ ਬੀ ਆਈ ਹਵਾਲੇ ਕਰ ਦਿੱਤੀ ਸੀ। ਹਾਈ ਕੋਰਟ ਨੇ ਸੀ ਬੀ ਆਈ ਨੂੰ ਐਫ ਆਈ ਆਰ ਦਰਜ ਕਰ ਕੇ ਮਾਮਲੇ ਦੀ ਤੁਰੰਤ ਜਾਂਚ ਸ਼ੁਰੂ ਕਰਨ ਅਤੇ ਦੋ ਮਹੀਨਿਆਂ ਦੇ ਅੰਦਰ ਰਿਪੋਰਟ ਦੇਣ ਦੇ ਹੁਕਮ ਦਿੱਤੇ ਹੋਏ ਹਨ। ਇਸ ਮਾਮਲੇ 'ਤੇ ਅਗਲੀ ਸੁਣਵਾਈ 7 ਦਸੰਬਰ ਨੂੰ ਹੋਵੇਗੀ।

### ਸੁਪਰੀਮ ਕੋਰਟ ਪਹੁੰਚੀ ਪੰਜਾਬ ਸਰਕਾਰ

**ਚੰਡੀਗੜ੍ਹ :** ਪੰਜਾਬ ਸਰਕਾਰ ਵੱਲੋਂ ਮੰਗਲਵਾਰ ਨੂੰ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਉਨ੍ਹਾਂ ਹੁਕਮਾਂ ਨੂੰ ਸੁਪਰੀਮ ਕੋਰਟ 'ਚ ਪਟੀਸ਼ਨ ਦਾਇਰ ਕਰਕੇ ਚੁਣੌਤੀ ਦੇ ਦਿੱਤੀ ਗਈ ਹੈ, ਜਿਨ੍ਹਾਂ ਹੁਕਮਾਂ ਤਹਿਤ ਸਰਕਾਰੀ ਬਦਲੀਆਂ ਤੇ ਪੋਸਟਿੰਗਾਂ 'ਚ ਲੈਣ-ਦੇਣ, ਅਨੁਕੂਲ ਨੀਤੀਆਂ ਬਣਾਉਣ ਅਤੇ ਟੈਂਡਰਾਂ 'ਚ ਰਿਸ਼ਵਤ ਆਦਿ ਦੇ ਦੋਸ਼ਾਂ ਦੀ ਜਾਂਚ ਸੀ ਬੀ ਆਈ ਨੂੰ ਸੌਂਪੀ ਗਈ ਹੈ। ਪੰਜਾਬ ਸਰਕਾਰ ਨੇ ਇਸ ਮਾਮਲੇ ਦੀ ਗੰਭੀਰਤਾ ਦੇ ਮੱਦੇਨਜ਼ਰ ਬਿਨਾਂ ਦੇਰੀ ਸੁਪਰੀਮ ਕੋਰਟ ਦਾ ਰੁਖ਼ ਕੀਤਾ ਹੈ। 'ਆਪ' ਸਰਕਾਰ ਨੇ ਅਧਿਕਾਰਤ ਬਿਆਨ ਜਾਰੀ ਕਰਕੇ ਕਿਹਾ ਹੈ ਕਿ ਹਾਈ ਕੋਰਟ ਦੇ ਲੰਘੇ ਕੱਲ੍ਹ ਦੇ ਫ਼ੈਸਲੇ ਨੂੰ ਚੁਣੌਤੀ ਦੇਣ ਲਈ ਸੁਪਰੀਮ ਕੋਰਟ 'ਚ ਪਟੀਸ਼ਨ ਦਾਇਰ ਕੀਤੀ ਗਈ ਹੈ। ਦੱਸਣਯੋਗ ਹੈ ਕਿ ਹਾਈ ਕੋਰਟ ਨੇ ਸੀ ਬੀ ਆਈ ਨੂੰ ਐੱਫ ਆਈ ਆਰ ਦਰਜ ਕਰਕੇ ਮਾਮਲੇ ਦੀ ਤੁਰੰਤ ਜਾਂਚ ਸ਼ੁਰੂ ਕਰਨ ਲਈ ਕਿਹਾ ਅਤੇ ਅਦਾਲਤ ਨੇ ਸੀ ਬੀ ਆਈ ਨੂੰ ਦੋ ਮਹੀਨਿਆਂ ਦੇ ਅੰਦਰ ਰਿਪੋਰਟ ਅਦਾਲਤ ਨੂੰ ਸੌਂਪਣ ਲਈ ਕਿਹਾ ਸੀ।

## 'ਬਿੱਲ ਲਿਆਓ ਇਨਾਮ ਪਾਓ' ਸਕੀਮ 'ਚ ਹੋਰ ਇੱਕ ਸਾਲ ਦਾ ਵਾਧਾ

**ਚੰਡੀਗੜ੍ਹ (ਗੁਰਜੀਤ ਬਿੱਲਾ)**



ਪੰਜਾਬ ਦੇ ਵਿੱਤ, ਯੋਜਨਾਬੰਦੀ, ਆਬਕਾਰੀ ਅਤੇ ਕਰ ਮੰਤਰੀ ਹਰਪਾਲ ਸਿੰਘ ਚੀਮਾ ਨੇ ਮੰਗਲਵਾਰ ਇੱਥੇ ਐਲਾਨ ਕੀਤਾ ਕਿ ਭਗਵੰਤ ਸਿੰਘ ਮਾਨ ਸਰਕਾਰ ਨੇ ਸੂਬੇ ਦੀ ਪ੍ਰਮੁੱਖ ਸਕੀਮ ਬਿੱਲ ਲਿਆਓ ਇਨਾਮ ਪਾਓ (ਮੇਰਾ ਬਿੱਲ ਸਕੀਮ) ਵਿੱਚ ਇੱਕ ਹੋਰ ਸਾਲ ਦਾ ਵਾਧਾ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਹੈ। ਉਨ੍ਹਾ ਕਿਹਾ, ਇਸ ਸਕੀਮ ਤਹਿਤ ਹੁਣ ਤੱਕ 9.40 ਕਰੋੜ ਰੁਪਏ ਦੇ ਜੁਰਮਾਨੇ ਦੀ ਮੰਗ ਕੀਤੀ ਗਈ ਹੈ (ਜਿਸ ਵਿੱਚੋਂ 7.31 ਕਰੋੜ ਰੁਪਏ ਦੀ ਵਸੂਲੀ ਹੋ ਚੁੱਕੀ ਹੈ), 135 ਨਵੇਂ ਡੀਲਰ ਰਜਿਸਟਰ ਕੀਤੇ ਗਏ ਅਤੇ ਵਿੱਤੀ ਵਰ੍ਹੇ 2025-26 ਤੇ 2026-27 ਦੌਰਾਨ ਕੱਢੇ ਗਏ 4,058 ਡਰਾਵਾਂ ਵਿੱਚ 3,548 ਪ੍ਰਮਾਣਤ ਲੱਕੀ ਡਰਾਅ ਜੇਤੂਆਂ ਨੂੰ 2.30 ਕਰੋੜ ਰੁਪਏ ਤੋਂ ਵੱਧ ਦੀ ਇਨਾਮੀ ਰਾਸ਼ੀ ਵੰਡੀ ਗਈ ਹੈ। ਇਸ ਸਕੀਮ ਨੇ ਨਿਯਮਾਂ ਦੀ ਪਾਲਣਾ ਕਰਵਾਉਣ ਅਤੇ ਲੋਕਾਂ ਨੂੰ ਉਤਸ਼ਾਹਤ ਕਰਨ, ਦੋਵਾਂ ਪੱਖਾਂ ਤੋਂ ਸ਼ਾਨਦਾਰ ਨਤੀਜੇ ਦਿੱਤੇ ਹਨ। ਇਸ ਪਹਿਲਕਦਮੀ ਦੀ ਕਾਮਯਾਬੀ 'ਤੇ ਚਾਨਣਾ ਪਾਉਂਦਿਆਂ ਚੀਮਾ ਨੇ ਕਿਹਾ, 'ਇਸ ਸਕੀਮ ਰਾਹੀਂ ਬਿੱਲਾਂ ਦੀ ਪੁਖ਼ਤਾ ਜਾਂਚ ਯਕੀਨੀ ਬਣੀ ਅਤੇ ਸੂਬੇ ਭਰ ਵਿੱਚ ਟੈਕਸ ਨਿਯਮਾਂ ਦੀ ਉਲੰਘਣਾ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਠੱਲ੍ਹ ਪਈ। ਲਗਾਤਾਰ ਨਿਗਰਾਨੀ ਅਤੇ ਕਾਨੂੰਨੀ ਕਾਰਵਾਈ ਜ਼ਰੀਏ ਕਰ ਵਿਭਾਗ ਨੇ ਨਿਯਮਾਂ ਦੀ ਅਣਦੇਖੀ ਕਰਨ ਵਾਲਿਆਂ ਨੂੰ ਫੜਿਆ, ਜਿਸ ਦੇ ਸਿੱਟੇ ਵਜੋਂ 9.40 ਕਰੋੜ ਰੁਪਏ ਦੇ ਜੁਰਮਾਨੇ ਲਗਾਏ ਗਏ ਅਤੇ ਸਰਕਾਰੀ ਖ਼ਜ਼ਾਨੇ ਵਿੱਚ 7.31 ਕਰੋੜ ਰੁਪਏ ਜਮ੍ਹਾਂ ਕਰਵਾਏ ਗਏ। ਇਸ ਦੇ ਨਾਲ ਹੀ 135 ਨਵੇਂ ਡੀਲਰਾਂ ਨੂੰ ਰਜਿਸਟਰ ਕਰਕੇ ਟੈਕਸ ਦੇ ਦਾਇਰੇ ਨੂੰ ਹੋਰ ਵਿਸ਼ਾਲ ਕੀਤਾ ਗਿਆ।'

ਉਨ੍ਹਾ 'ਮੇਰਾ ਬਿੱਲ ਸਕੀਮ' ਲੱਕੀ ਡਰਾਅ ਤਹਿਤ ਖਪਤਕਾਰਾਂ ਨੂੰ ਦਿੱਤੇ ਜਾਣ ਵਾਲੇ ਇਨਾਮਾਂ ਦੇ ਅੰਕੜੇ ਸਾਂਝੇ ਕਰਦਿਆਂ ਆਮ ਲੋਕਾਂ ਦੀ ਉਤਸ਼ਾਹੀ ਹਿੱਸੇਦਾਰੀ ਦੀ ਸ਼ਲਾਘਾ ਕੀਤੀ। ਉਨ੍ਹਾ ਕਿਹਾ, 'ਵਿੱਤੀ ਵਰ੍ਹੇ 2025-26 ਅਤੇ 2026-27 ਦੌਰਾਨ ਕੱਢੇ ਗਏ 4,058 ਡਰਾਵਾਂ ਵਿੱਚੋਂ ਤਸਦੀਕ ਉਪਰੰਤ ਕੁੱਲ 3,548 ਜੇਤੂ ਸਾਹਮਣੇ ਆਏ, ਜਿਨ੍ਹਾਂ ਨੂੰ ਕੁੱਲ 2,30,38,070 ਰੁਪਏ ਦੀ ਇਨਾਮੀ ਰਾਸ਼ੀ ਦਿੱਤੀ ਗਈ। ਇਕੱਲੇ ਵਿੱਤੀ ਵਰ੍ਹੇ 2025-26 ਵਿੱਚ 3,080 ਪ੍ਰਮਾਣਿਤ ਜੇਤੂਆਂ ਨੂੰ 1,98,15,980 ਰੁਪਏ ਦਿੱਤੇ ਗਏ, ਜਦਕਿ ਵਿੱਤੀ ਵਰ੍ਹੇ 2026-27 ਦੌਰਾਨ ਜਾਰੀ ਡਰਾਵਾਂ ਤਹਿਤ ਖ਼ੁਸ਼ਕਿਸਮਤ ਭਾਗੀਦਾਰਾਂ ਨੂੰ ਵਾਧੂ 32,22,090 ਰੁਪਏ ਵੰਡੇ ਜਾ ਚੁੱਕੇ ਹਨ।' 1 ਮਾਰਚ 2026 ਤੋਂ 31 ਅਗਸਤ 2026 ਤੱਕ ਦੇ ਛੇ ਮਹੀਨਿਆਂ ਦੌਰਾਨ ਇਸ ਸਕੀਮ ਤਹਿਤ ਹੋਈਆਂ ਕਾਰਵਾਈਆਂ ਦਾ ਜਾਇਜ਼ਾ ਲੈਂਦਿਆਂ ਹਰਪਾਲ ਸਿੰਘ ਚੀਮਾ ਨੇ ਦੱਸਿਆ, 'ਇੱਕ ਵੱਡਾ ਮਾਮਲਾ ਸਾਹਮਣੇ ਆਇਆ ਹੈ, ਜਿਸ ਵਿੱਚ 33,06,280 ਰੁਪਏ ਦਾ ਜੁਰਮਾਨਾ ਸ਼ਾਮਲ ਹੈ। ਮੈਂ ਕਰ ਵਿਭਾਗ ਨੂੰ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਹਨ ਅਤੇ ਸੰਬੰਧਤ ਫੀਲਡ ਅਧਿਕਾਰੀਆਂ ਨੂੰ ਅਗਲੇ ਮਹੀਨੇ ਦੇ ਅੰਦਰ-ਅੰਦਰ ਬਕਾਇਆ 33.06 ਲੱਖ ਰੁਪਏ ਦੀ ਵਸੂਲੀ ਨੂੰ ਤਰਜੀਹ ਦੇਣ ਦੇ ਨਿਰਦੇਸ਼ ਦਿੱਤੇ ਹਨ, ਨਾਲ ਹੀ ਇਸ ਮਾਮਲੇ ਦੀ ਕਾਰਵਾਈ ਰਿਪੋਰਟ ਰਿਕਾਰਡ ਵਿੱਚ ਦਰਜ ਕਰਨ ਲਈ ਕਿਹਾ ਹੈ।'

## ਅੱਜ-ਨਾਮਾ

ਹੁਕਮ ਅਦਾਲਤੀ ਕਦੀ ਕੋਈ ਹੋਏ ਜਾਰੀ,
ਹਰ ਥਾਂ ਹੁੰਦੀ ਫਿਰ ਓਸੇ ਦੀ ਗੱਲ ਬੇਲੀ।
ਥੋੜ੍ਹੇ ਦਿਨੀਂ ਆ ਚਰਚਾ ਦਾ ਮੋੜ ਮੁੜਦਾ,
ਕਿਹਾ ਕੀ ਨਵਾਂ ਅਦਾਲਤ ਨੇ ਕੱਲ੍ਹ ਬੇਲੀ।
ਪਹਿਲੇ ਜੱਜ ਤੋਂ ਉਲਟ ਕੋਈ ਕਹੇ ਦੂਜਾ,
ਜਾਂਦੀ ਹੈ ਏਸ ਨਾਲ ਮੱਚ ਤਰਥੱਲ ਬੇਲੀ।
ਉਲਝਣਾਂ ਵਿੱਚ ਪਰ ਫਸੀ ਸਮਾਜ ਜਾਂਦਾ,
ਮੁੱਕਾ ਔਕੜ ਦਾ ਕੋਈ ਨਹੀਂ ਹੱਲ ਬੇਲੀ।
ਜੱਜ ਤੇ ਜੱਜ ਦੀ ਅਕਲ ਦਾ ਫਰਕ ਹੋਵੇ,
ਹੋਵੇ ਜਦ ਨੀਤ ਵੀ ਦੋਵਾਂ ਦੀ ਵੱਖ ਬੇਲੀ।
ਫੈਸਲਾ ਲਿਖਦੇ ਫਿਲਾਸਫੀ ਲੇਖ ਵਾਂਗਰ,
ਨੀਤ ਦੇ ਖੋਟ ਰੱਖ ਲੈਂਦੇ ਆ ਵੱਖ ਬੇਲੀ।

-ਤੀਸ ਮਾਰ ਖਾਂ

## ਪਾਸ਼ ਦੇ ਪਿੰਡ ਦੇ ਸਰਪੰਚ 'ਤੇ ਕੇਸ ਦਰਜ ਨਾ ਕਰਨ ਵਿਰੁੱਧ ਵਿਖਾਵਿਆਂ 'ਚ ਸ਼ਾਮਲ ਹੋਣ ਦਾ ਸੱਦਾ

**ਜਲੰਧਰ (ਰਾਜੇਸ਼ ਥਾਪਾ)**

ਹਰਮੇਸ਼ ਮਾਲੜੀ ਮਜ਼ਦੂਰ ਆਗੂ ਅਤੇ ਕਹਾਣੀਕਾਰ ਨੂੰ ਜਾਤੀ ਸੂਚਕ ਸ਼ਬਦ ਬੋਲਣ, ਹਮਲਾ ਕਰਨ ਅਤੇ ਜਨਮ ਦਿਹਾੜੇ ਦੇ ਸਮਾਗਮ ਦੀ ਤਿਆਰੀ ਕਰਦੇ ਕਾਰਕੁਨਾਂ ਦੇ ਮੋਬਾਇਲ ਖੋਹਣ ਦੀ ਕਾਰਵਾਈ ਕਰਨ ਵਾਲੇ ਤਲਵੰਡੀ ਸਲੇਮ ਦੇ ਸਰਪੰਚ ਪ੍ਰਦੀਪ ਸਿੰਘ ਅਤੇ ਉਸ ਦੇ ਜੋਟੀਦਾਰਾਂ ਖ਼ਿਲਾਫ਼ ਕੇਸ ਦਰਜ ਕਰਨ ਦੀ ਮੰਗ ਨੂੰ ਲੈ ਕੇ ਮੰਗਲਵਾਰ ਦੇਸ਼ ਭਗਤ ਯਾਦਗਾਰ ਹਾਲ ਵਿੱਚ ਸਾਹਿਤਕਾਰਾਂ, ਬੁੱਧੀਜੀਵੀਆਂ, ਲੇਖਕਾਂ, ਰੰਗਕਰਮੀਆਂ ਅਤੇ ਕਵੀਆਂ ਨੇ ਵਿਸ਼ੇਸ਼ ਤੌਰ 'ਤੇ ਸਾਂਝੀ ਮੀਟਿੰਗ ਕੀਤੀ।

ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ) ਦੇ ਸੀਨੀਅਰ ਆਗੂ ਸੰਧੂ ਵਰਿਆਣਵੀ, ਪਾਸ਼ ਯਾਦਗਾਰੀ ਕੌਮਾਂਤਰੀ ਟਰੱਸਟ ਦੇ ਮੈਂਬਰ ਡਾ. ਪਰਮਿੰਦਰ, ਦੇਸ਼ ਭਗਤ ਯਾਦਗਾਰ ਕਮੇਟੀ ਦੇ ਜਨਰਲ ਸਕੱਤਰ ਅਤੇ ਪਾਸ਼ ਟਰੱਸਟ ਦੇ ਮੈਂਬਰ ਗੁਰਮੀਤ ਸਿੰਘ ਅਤੇ ਪ੍ਰਗਤੀਸ਼ੀਲ ਲੇਖਕ ਸੰਘ ਦੇ ਸਰਗਰਮ ਆਗੂ ਸੁਰਜੀਤ ਜੱਜ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਨੇ 9 ਅਕਤੂਬਰ ਨਕੋਦਰ, 14 ਅਕਤੂਬਰ ਸੰਧਵਾਂ (ਫਰੀਦਕੋਟ) ਅਤੇ 15 ਅਕਤੂਬਰ ਸੰਗਰੂਰ ਵਿਖੇ ਮੁੱਖ ਮੰਤਰੀ ਦੀ ਰਿਹਾਇਸ਼ 'ਤੇ ਕੀਤੇ ਜਾ ਰਹੇ ਵਿਖਾਵਿਆਂ



ਨੂੰ ਸਫ਼ਲ ਬਣਾਉਣ ਲਈ ਸਾਹਿਤਕਾਰਾਂ, ਲੇਖਕਾਂ, ਬੁੱਧੀਜੀਵੀਆਂ, ਕਵੀਆਂ, ਰੰਗਕਰਮੀਆਂ, ਤਰਕਸ਼ੀਲ, ਜਮਹੂਰੀਅਤ ਪਸੰਦ ਲੋਕਾਂ ਅਤੇ ਜਨਤਕ ਜੱਥੇਬੰਦੀਆਂ ਦੇ ਆਗੂਆਂ ਨੂੰ ਅਪੀਲ ਕੀਤੀ ਕਿ ਉਹ ਵੱਡੀ ਗਿਣਤੀ ਵਿਚ ਇਹਨਾਂ ਇਕੱਠਾਂ ਵਿੱਚ ਸ਼ਾਮਲ ਹੋਣ।

ਮੀਟਿੰਗ ਵਿੱਚ ਆਪਣੇ ਵਿਚਾਰ ਰੱਖਦੇ ਹੋਏ ਪ੍ਰੋ. ਸੰਧੂ ਵਰਿਆਣਵੀ, ਪ੍ਰੋ. ਤੇਜਿੰਦਰ ਵਿਰਲੀ, ਹਰਵਿੰਦਰ ਭੰਡਾਲ, ਡਾ. ਸੈਲੇਸ਼, ਸੁਰਜੀਤ ਜੱਜ, ਸੁਰਿੰਦਰ ਕੁਮਾਰੀ ਕੋਛੜ, ਹਰਮੇਸ਼ ਮਾਲੜੀ, ਕਸ਼ਮੀਰ ਘੁੱਗਸ਼ੋਰ, ਕਵੀ ਕੁਲਵੰਤ ਕੌਰ ਨਗਰ, ਪਲਸ ਮੰਚ ਦੇ ਸੂਬਾ ਕਮੇਟੀ ਮੈਂਬਰ ਜਸਵਿੰਦਰ ਪੱਪੀ ਅਤੇ ਪ੍ਰਧਾਨ ਅਮੋਲਕ ਸਿੰਘ ਨੇ ਸਭਨਾਂ ਲੇਖਕਾਂ ਨੂੰ ਅਪੀਲ ਕੀਤੀ ਕਿ ਉਹ ਨਕੋਦਰ, ਸੰਧਵਾਂ ਅਤੇ ਸੰਗਰੂਰ 'ਚ ਹੋ ਰਹੇ ਸਮਾਗਮਾਂ ਵਿੱਚ ਸ਼ਾਮਲ ਹੋਣ।

ਮੀਟਿੰਗ 'ਚ ਦੇਸ਼ ਭਗਤ ਯਾਦਗਾਰ ਕਮੇਟੀ ਦੇ ਸਹਾਇਕ ਸਕੱਤਰ ਪ੍ਰੋ. ਗੋਪਾਲ ਬੁੱਟਰ, ਕਮੇਟੀ ਮੈਂਬਰ ਵਿਜੈ ਬੰਬੇਲੀ, ਮੱਖਣ ਮਾਨ, ਕੁਲਬੀਰ ਸੰਘੇੜਾ, ਸੁਰਿੰਦਰ ਕੌਰ ਸੰਘੇੜਾ ਅਤੇ ਪ੍ਰਸ਼ੋਤਮ ਵੀ ਸ਼ਾਮਲ ਸਨ। ਮੀਟਿੰਗ 'ਚ ਜ਼ੋਰਦਾਰ ਮੰਗ ਕੀਤੀ ਗਈ ਕਿ ਸਰਪੰਚ ਅਤੇ ਉਸ ਦੇ ਜੋਟੀਦਾਰਾਂ 'ਤੇ ਕੇਸ ਦਰਜ ਕੀਤਾ ਜਾਵੇ, ਪਾਸ਼-ਹੰਸ ਰਾਜ ਯਾਦਗਾਰੀ ਕੰਪਲੈਕਸ 'ਤੇ ਕਬਜ਼ਾ ਕਰਨ ਦੀਆਂ ਕੋਝੀਆਂ ਚਾਲਾਂ ਬੰਦ ਕੀਤੀਆਂ ਜਾਣ ਅਤੇ ਪਾਸ਼-ਹੰਸ ਰਾਜ ਯਾਦਗਾਰੀ ਕੰਪਲੈਕਸ ਨੂੰ ਯਾਦਗਾਰ ਐਲਾਨ ਕੇ ਬਕਾਇਦਾ ਉਸ ਦੀ ਮਾਣ-ਮਰਿਆਦਾ ਦੀ ਗਰੰਟੀ ਕੀਤੀ ਜਾਵੇ।

## ਬੈਂਕ ਇੰਪਲਾਈਜ਼ ਐਸੋਸੀਏਸ਼ਨ ਵੱਲੋਂ ਤਰਸੇਮ ਕਰੀਰ ਦਾ ਸਨਮਾਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਐਂਡ ਸਿੰਧ ਬੈਂਕ ਇੰਪਲਾਈਜ਼ ਵੈੱਲਫੇਅਰ ਐਸੋਸੀਏਸ਼ਨ ਮੋਗਾ ਨੇ ਨਰੇਸ਼ ਕੁਮਾਰ ਦੀ ਪ੍ਰਧਾਨਗੀ ਹੇਠ ਹੋਟਲ ਪਾਰਕ ਰੀਜੈਂਸੀ ਮੋਗਾ ਵਿਖੇ ਇੱਕ ਮੀਟਿੰਗ ਕੀਤੀ।ਇਸ ਮੌਕੇ ਆਸਟ੍ਰੇਲੀਆ ਤੋਂ ਸਾਬਕਾ ਬੈਂਕ ਅਧਿਕਾਰੀ ਤਰਸੇਮ ਸਿੰਘ ਕਰੀਰ ਵਿਸ਼ੇਸ਼ ਮਹਿਮਾਨ ਸਨ।ਐਸੋਸੀਏਸ਼ਨ ਦੇ ਜਨਰਲ ਸਕੱਤਰ ਹਰਜਿੰਦਰ ਸਿੰਘ ਕੰਡਾ ਨੇ ਕਰੀਰ ਤੇ ਆਸਟ੍ਰੇਲੀਆ ਤੋਂ ਆਏ ਹੋਰ ਮਹਿਮਾਨਾਂ ਦਾ ਸਵਾਗਤ ਕਰਦਿਆਂ ਸੰਗਠਨ ਦੀਆਂ ਗਤੀਵਿਧੀਆਂ ਬਾਰੇ ਦੱਸਿਆ।ਇਸ ਮੌਕੇ ਸਵਰਨਜੀਤ ਸਿੰਘ ਗਿੱਲ ਨੇ ਆਸਟ੍ਰੇਲੀਆ ਵਿੱਚ ਤਰਸੇਮ ਸਿੰਘ ਵੱਲੋਂ ਕੀਤੀਆਂ ਗਈਆਂ ਸਮਾਜਿਕ ਗਤੀਵਿਧੀਆਂ 'ਤੇ ਚਾਨਣਾ ਪਾਇਆ।ਦਰਸ਼ਨ ਸਿੰਘ, ਹਰਦੀਪ ਸਿੰਘ ਗਿੱਲ ਤੇ ਜਸਵੰਤ ਸਿੰਘ ਆਦਿ ਬੁਲਾਰਿਆਂ ਨੇ ਕਰੀਰ ਨਾਲ ਬੈਂਕ ਵਿੱਚ ਆਪਣੇ ਸਮੇਂ ਦੀਆਂ ਯਾਦਾਂ ਸਾਂਝੀਆਂ ਕਰਦਿਆਂ ਉਨ੍ਹਾਂ ਨੂੰ ਮਿਹਨਤੀ, ਦੋਸਤਾਨਾ ਤੇ ਇੱਕ ਅਜਿਹਾ ਵਿਅਕਤੀ ਦੱਸਿਆ ਜੋ ਹਰ ਕਿਸੇ ਦੀ ਖੁਸ਼ੀ ਤੇ ਦੁੱਖ ਵਿੱਚ ਮਦਦ ਕਰ ਸਕਦਾ ਹੈ।ਇਸ ਮੌਕੇ ਤਰਸੇਮ ਸਿੰਘ ਕਰੀਰ ਦੀ ਤੀਜੀ ਕਿਤਾਬ '[illegible]' ਹਰਜਿੰਦਰ ਸਿੰਘ ਕੰਡਾ ਤੇ ਸਮੂਹ ਮੈਂਬਰਾਂ ਦੀ ਮੌਜੂਦਗੀ ਵਿੱਚ ਰਿਲੀਜ਼ ਕੀਤੀ ਗਈ।ਇਸ ਮੌਕੇ ਤਰਸੇਮ ਸਿੰਘ ਕਰੀਰ ਨੇ ਕਿਹਾ ਕਿ ਉਹ ਸੰਸਥਾ ਵੱਲੋਂ ਦਿਖਾਏ ਗਏ ਪਿਆਰ ਤੇ ਸਤਿਕਾਰ ਲਈ ਬਹੁਤ ਧੰਨਵਾਦੀ ਹਨ ਤੇ ਭਵਿੱਖ ਵਿੱਚ ਸੰਸਥਾ ਨੂੰ ਹਰ ਤਰ੍ਹਾਂ ਦਾ ਸਹਿਯੋਗ ਦੇਣ ਲਈ ਵਚਨਬੱਧ ਹਨ।ਇਸ ਮੌਕੇ ਤਰਸੇਮ ਸਿੰਘ ਕਰੀਰ ਤੇ ਉਨ੍ਹਾਂ ਦੀ ਪਤਨੀ ਇੰਦਰਜੀਤ ਕੌਰ ਨੂੰ ਵਿਸ਼ੇਸ਼ ਸਨਮਾਨ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸੰਸਥਾ ਵੱਲੋਂ ਇੱਕ ਪਰਿਵਾਰਕ ਮਿਲਣੀ ਪ੍ਰੋਗਰਾਮ ਵੀ ਕਰਵਾਇਆ ਗਿਆ, ਜੋ ਯਾਦਗਾਰੀ ਹੋ ਨਿਬੜਿਆ।ਅੰਤ ਵਿੱਚ ਹਰਜਿੰਦਰ ਸਿੰਘ ਕੰਡਾ ਨੇ ਸਾਰੇ ਮਹਿਮਾਨਾਂ ਤੇ ਆਏ ਪਰਿਵਾਰਾਂ ਦਾ ਧੰਨਵਾਦ ਕੀਤਾ।

## ਖੂਨ ਦਾਨ ਕਰਨਾ ਮਨੁੱਖਤਾ ਦੀ ਵੱਡਮੁੱਲੀ ਸੇਵਾ : ਬਰਾੜ, ਔਲਖ

### 356ਵੇਂ ਕੈਂਪ 'ਚ 15 ਵਲੰਟੀਅਰਾਂ ਨੇ ਕੀਤਾ ਖੂਨਦਾਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਮਨੁੱਖਤਾ ਦੇ ਭਲੇ ਲਈ ਯੂਨੀਵਰਸਲ ਵੈੱਲਫੇਅਰ ਕਲੱਬ ਵੱਲੋਂ ਡਰੀਮਜ਼ ਆਫ ਸੋਸ਼ਲ ਟਰੱਸਟ (ਦੋਸਤ) ਦੇ ਸਹਿਯੋਗ ਨਾਲ ਰਾਸ਼ਟਰੀ ਸਵੈਇੱਛੁਕ ਖੂਨਦਾਨ ਦਿਵਸ ਨੂੰ ਸਮਰਪਤ ਸਰਕਾਰੀ ਰਜਿੰਦਰਾ ਹਸਪਤਾਲ ਦੇ ਬਲੱਡ ਸੈਂਟਰ ਵਿਖੇ ਮਿਸ਼ਨ ਲਾਲੀ ਤੇ ਹਰਿਆਲੀ ਤਹਿਤ 356ਵਾਂ ਲੜੀਵਾਰ ਖੂਨਦਾਨ ਕੈਂਪ ਲਗਾਇਆ ਗਿਆ, ਜਿਸ ਵਿੱਚ ਏ. ਐੱਸ. ਆਈ. ਬਲਜੀਤ ਸਿੰਘ ਨੇ ਖੁਦ ਖੂਨ ਦਾਨ ਕਰਕੇ ਉਦਘਾਟਨ ਕੀਤਾ, ਜਦੋਂ ਕਿ ਰਣਧੀਰ ਗਿਰ ਮਗਰ ਸਾਹਿਬ ਨੇ ਪਹਿਲੀ ਵਾਰ, ਸੰਤੋਖ ਕੁਮਾਰ ਪਟਿਆਲਾ ਨੇ 39ਵੀਂ ਵਾਰ, ਸੁਖਜਿੰਦਰ ਸਿੰਘ ਘੁੰਮਣ ਅਲੀਪੁਰ ਤੇ ਸੁਖਜੀਤ ਸਿੰਘ ਸੰਤੋਖਪੁਰਾ ਨੇ 36ਵੀਂ ਵਾਰ, ਨਰਿੰਦਰ ਸਿੰਘ ਭਾਨਰੀ ਨੇ 25ਵੀਂ ਵਾਰ, ਦਵਿੰਦਰ ਸਿੰਘ ਸਨੌਰ ਨੇ 20ਵੀਂ ਵਾਰ, ਸੁਦਰਸ਼ਨ ਕੁਮਾਰ ਮੰਡੀ ਗੋਬਿੰਦਗੜ੍ਹ 12ਵੀਂ ਵਾਰ ਸਮੇਤ ਨਿਰਪਾਲ ਸਿੰਘ, ਗੁਰਜੀਤ ਸਿੰਘ ਭੱਠਲਾਂ ਸਰਪੰਚ, ਜਗਦੀਸ਼ ਸਿੰਘ ਮੰਡੀ, ਮਨਵੰਤ ਸਿੰਘ ਪਟਿਆਲਾ, ਰਮਨਦੀਪ ਸਿੰਘ, ਗੁਰਚਰਨ ਸਿੰਘ ਤੇ ਜਸਬੀਰ ਸਿੰਘ ਭਾਦਸੋਂ ਨੇ ਵੀ ਖੂਨ ਦਾਨ ਕੀਤਾ।ਖੂਨਦਾਨੀਆਂ ਨੂੰ ਸਰਟੀਫਿਕੇਟ ਤੇ ਗਮਛਾ ਦੇ ਕੇ ਸਨਮਾਨਤ ਕੀਤਾ ਗਿਆ।ਖੂਨਦਾਨੀਆਂ ਦੀ ਹੌਸਲਾ ਅਫਜ਼ਾਈ ਕਰਨ ਵਾਸਤੇ ਦੋਸਤ ਸੰਸਥਾ ਦੇ ਪ੍ਰਧਾਨ ਸਾਬਕਾ ਡੀ. ਐੱਸ. ਪੀ. ਮਨਜੀਤ ਸਿੰਘ ਬਰਾੜ, ਗੋਲਡਨ ਸਟਾਰ ਬਲੱਡ ਡੋਨਰ ਤੇ ਸਾਬਕਾ ਡੀ. ਐੱਸ. ਪੀ. ਨਾਹਰ ਸਿੰਘ ਮਾਜਰੀ, ਦੋਸਤ ਸੰਸਥਾ ਦੇ ਸਕੱਤਰ ਗੁਰਤੇਜ ਸਿੰਘ ਭੁੱਲਰ, ਕਰਨਲ ਜੇ. ਐੱਸ. ਥਿੰਦ, ਰਵਿੰਦਰ ਸਿੰਘ ਔਲਖ ਤੇ ਹਨੀਸ਼ ਗੋਇਲ, ਫਿਲੋਸਫਰ ਪਰਮਜੀਤ ਸਿੰਘ ਅਗਰਵਾਲ ਤੇ ਅੰਤਰਰਾਸ਼ਟਰੀ ਸਿੱਖਿਆ ਸ਼ਾਸਤਰੀ ਅਨਿਲ ਭਾਰਤੀ ਪਹੁੰਚੇ।ਮਨਜੀਤ ਸਿੰਘ ਬਰਾੜ ਤੇ ਰਵਿੰਦਰ ਸਿੰਘ ਔਲਖ ਨੇ ਕਿਹਾ ਕਿ ਖੂਨਦਾਨ ਕਰਨਾ ਮਨੁੱਖਤਾ ਦੀ ਵੱਡਮੁੱਲੀ ਸੇਵਾ ਹੈ।ਇਸ ਸੇਵਾ ਵਿਚ ਮਿਸ਼ਨ ਲਾਲੀ ਤੇ ਹਰਿਆਲੀ ਦੇ ਮੋਢੀ ਹਰਦੀਪ ਸਿੰਘ ਸਨੌਰ ਤੇ ਸਮੁੱਚੀ ਟੀਮ ਵੱਲੋਂ ਪਿਛਲੇ 20 ਸਾਲਾਂ ਤੋਂ ਵੱਡਮੁੱਲਾ ਯੋਗਦਾਨ ਪਾਇਆ ਜਾ ਰਿਹਾ ਹੈ ਤੇ ਪਿਛਲੇ 14 ਸਾਲਾਂ ਤੋਂ ਸਰਕਾਰੀ ਬਲੱਡ ਬੈਂਕ ਵਿੱਚ ਲਗਾਤਾਰ ਹਰ ਮਹੀਨੇ 5 ਤੋਂ 20 ਤਰੀਕ ਨੂੰ ਖੂਨਦਾਨ ਕੈਂਪ ਲਗਾ ਕੇ ਲੋੜਵੰਦ ਮਰੀਜ਼ਾਂ ਦੀ ਜਾਨ ਬਚਾਉਣ ਵਿੱਚ ਸਹਿਯੋਗ ਕਰ ਰਹੇ ਹਨ।ਸ. ਬਰਾੜ ਨੇ ਮਿਸ਼ਨ ਲਾਲੀ ਤੇ ਹਰਿਆਲੀ ਗਰੁੱਪ ਦੀ ਹਰ ਸੰਭਵ ਮਦਦ ਕਰਨ ਦਾ ਭਰੋਸਾ ਦਿਵਾਇਆ।

## ਸੁਚੱਜੇ ਪਰਾਲੀ ਪ੍ਰਬੰਧਨ ਲਈ ਬਲਾਕ ਪੱਧਰੀ ਕੈਂਪ

**ਸਮਾਣਾ (ਇਕਬਾਲ ਸਿੰਘ ਬੱਲ)**-ਸੁਚੱਜੇ ਪਰਾਲੀ ਪ੍ਰਬੰਧਨ ਤੇ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਲਈ ਖੇਤੀਬਾੜੀ ਵਿਭਾਗ ਵੱਲੋਂ ਸੁਚੱਜੇ ਪਰਾਲੀ ਪ੍ਰਬੰਧਨ (ਕ੍ਰਾਪ ਰੈਜ਼ੀਡਿਊ ਮੈਨੇਜਮੈਂਟ) ਲਈ ਬਲਾਕ ਪੱਧਰੀ ਕੈਂਪ ਲਗਾਇਆ ਗਿਆ।ਇਸ ਦੌਰਾਨ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਦੀ ਸਾਂਝੀ ਅਗਵਾਈ ਹੇਠ ਪਿੰਡਾਂ ਦੇ ਸਰਪੰਚਾਂ ਤੇ ਨੰਬਰਦਾਰਾਂ ਨਾਲ ਪਰਾਲੀ ਦੇ ਸੁਚੱਜੇ ਪ੍ਰਬੰਧਨ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ।ਕੈਂਪ ਵਿੱਚ ਐੱਸ.ਡੀ.ਐੱਮ. ਸਮਾਣਾ ਰਿਚਾ ਗੋਇਲ ਨੇ ਕਿਸਾਨਾਂ ਤੇ ਪਿੰਡਾਂ ਦੇ ਨੁਮਾਇੰਦਿਆਂ ਨੂੰ ਸੰਬੋਧਨ ਕੀਤਾ ਅਤੇ ਸਰਪੰਚਾਂ ਤੇ ਨੰਬਰਦਾਰਾਂ ਨੂੰ ਪਰਾਲੀ ਨੂੰ ਅੱਗ ਨਾ ਲਾਉਣ ਲਈ ਪ੍ਰੇਰਿਆ।ਉਨ੍ਹਾਂ ਕਿਹਾ ਕਿ ਪਰਾਲੀ ਸਾੜਨ ਦੀ ਸਮੱਸਿਆ ਦੇ ਹੱਲ ਲਈ ਪ੍ਰਸ਼ਾਸਨ, ਕਿਸਾਨਾਂ ਤੇ ਪਿੰਡ ਦੇ ਨੁਮਾਇੰਦਿਆਂ ਦਾ ਸਾਂਝਾ ਸਹਿਯੋਗ ਬੇਹੱਦ ਜ਼ਰੂਰੀ ਹੈ।ਉਨ੍ਹਾਂ ਸਰਪੰਚਾਂ ਅਤੇ ਨੰਬਰਦਾਰਾਂ ਨੂੰ ਆਪਣੇ-ਆਪਣੇ ਪਿੰਡਾਂ ਵਿੱਚ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਅਤੇ ਉਪਲਬਧ ਖੇਤੀ ਮਸ਼ੀਨਰੀ ਦੀ ਵਰਤੋਂ ਕਰਕੇ ਪਰਾਲੀ ਦਾ ਸੁਚੱਜਾ ਪ੍ਰਬੰਧਨ ਕਰਨ ਲਈ ਪ੍ਰੇਰਿਤ ਕਰਨ ਦੀ ਅਪੀਲ ਕੀਤੀ।

## ਸਰਪੰਚ ਵੱਲੋਂ ਗੁੰਡਾਗਰਦੀ, ਸਰਕਾਰ ਵੱਲੋਂ ਪੁਸ਼ਤਪਨਾਹੀ ਤੇ ਲੋਕਾਂ ਵੱਲੋਂ ਵਿਰੋਧ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਲੋਕ ਮੋਰਚਾ ਪੰਜਾਬ ਨੇ ਇਨਕਲਾਬੀ ਕਵੀ ਪਾਸ਼ ਦੇ ਜਨਮ ਦਿਹਾੜੇ 'ਤੇ ਕੀਤੇ ਜਾਣ ਵਾਲੇ ਸਮਾਗਮ ਦੀਆਂ ਤਿਆਰੀਆਂ ਕਰ ਰਹੇ ਆਗੂਆਂ ਤੇ ਵਰਕਰਾਂ ਉੱਤੇ ਪਿੰਡ ਤਲਵੰਡੀ ਸਲੇਮ ਦੇ ਸਰਪੰਚ ਵੱਲੋਂ ਕੀਤੀ ਗੁੰਡਾਗਰਦੀ ਤੇ ਜਾਤੀ ਸੂਚਕ ਗਾਲ੍ਹਾਂ ਕੱਢਣ ਖਿਲਾਫ ਰੋਸ ਪ੍ਰਗਟਾਉਂਦਿਆਂ ਮਿਹਨਤੀ ਕਮਾਊ ਲੋਕਾਂ ਨੂੰ ਸੱਦਾ ਦਿੱਤਾ ਹੈ ਕਿ ਉਹ ਬੁੱਧੀਜੀਵੀਆਂ, ਸਾਹਿਤਕ, ਤਰਕਸ਼ੀਲ ਤੇ ਜਮਹੂਰੀ ਜਥੇਬੰਦੀਆਂ ਵੱਲੋਂ ਐਲਾਨੇ ਸੰਘਰਸ਼ ਪ੍ਰੋਗਰਾਮ 9 ਅਕਤੂਬਰ ਨੂੰ ਨਕੋਦਰ, 14 ਅਕਤੂਬਰ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੀ ਰਿਹਾਇਸ਼ ਅੱਗੇ ਉਨ੍ਹਾਂ ਦੇ ਪਿੰਡ ਸੰਧਵਾਂ (ਕੋਟਕਪੂਰਾ) ਤੇ 15 ਅਕਤੂਬਰ ਨੂੰ 11 ਵਜੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਸੰਗਰੂਰ ਰਿਹਾਇਸ਼ ਅੱਗੇ ਹੋ ਰਹੇ ਰੋਸ ਵਿਖਾਵਿਆਂ ਵਿੱਚ ਸ਼ਾਮਲ ਹੋਣ।ਪ੍ਰੈੱਸ ਨੂੰ ਜਾਰੀ ਕੀਤੇ ਬਿਆਨ ਵਿੱਚ ਮੋਰਚੇ ਦੇ ਸੂਬਾ ਸਕੱਤਰ ਜਗਮੇਲ ਸਿੰਘ ਤੇ ਸੂਬਾ ਕਮੇਟੀ ਮੈਂਬਰ ਸੁਖਵਿੰਦਰ ਸਿੰਘ ਨੇ ਕਿਹਾ ਕਿ ਇਹ ਸਰਪੰਚ ਦੀ ਗੁੰਡਾਗਰਦੀ ਸਰਕਾਰ ਦੇ ਥਾਪੜੇ ਤੋਂ ਬਗੈਰ ਨਹੀਂ ਹੋ ਸਕਦੀ ਹੈ।ਇਨਕਲਾਬ ਦੇ ਝੂਠੇ ਨਾਅਰੇ ਲਾਉਣ ਵਾਲੀ ਆਪ ਪਾਰਟੀ ਸਰਕਾਰ ਨੇ ਇਨਕਲਾਬੀ ਕਵੀ ਪਾਸ਼ ਦੀ ਯਾਦ ਵਿੱਚ ਤਿੰਨ ਦਹਾਕੇ ਪਹਿਲਾਂ ਬਣੀ ਯਾਦਗਾਰ ਦਾ ਗੇਟ ਤੋੜਨ ਵਾਲੇ ਸਰਪੰਚ ਦੀ ਪਿੱਠ ਥਾਪੜ ਕੇ ਉਸ ਨੂੰ ਗੁੰਡਾਗਰਦੀ ਲਈ ਉਤਸ਼ਾਹਿਤ ਕੀਤਾ ਹੈ।ਸਰਕਾਰ ਦੀ ਸ਼ਹਿ ਸਦਕਾ ਹੀ ਸਰਪੰਚ ਆਗੂਆਂ ਨੂੰ ਜਾਤੀ ਸੂਚਕ ਗਾਲ੍ਹਾਂ ਕੱਢਣ ਤੱਕ ਗਿਆ ਹੈ।ਸਰਕਾਰ ਉਸ ਖਿਲਾਫ਼ ਐੱਫ ਆਈ ਆਰ ਦਰਜ ਵੀ ਨਹੀਂ ਹੋਣ ਦੇ ਰਹੀ।ਮੋਰਚੇ ਦੇ ਬੁਲਾਰਿਆਂ ਨੇ ਕਿਹਾ ਕਿ ਉਹ ਜਥੇਬੰਦੀਆਂ ਵੱਲੋਂ ਕੀਤੀਆਂ ਜਾ ਰਹੀਆਂ ਮੰਗਾਂ, ਜਿਵੇਂ ਸਰਪੰਚ 'ਤੇ ਪੁਲਸ ਪਰਚਾ ਕਰਕੇ ਗ੍ਰਿਫ਼ਤਾਰ ਕੀਤਾ ਜਾਵੇ ਤੇ ਯਾਦਗਾਰ ਨੂੰ ਪ੍ਰਵਾਨਗੀ ਦਿੱਤੀ ਜਾਵੇ, ਨੂੰ ਤੁਰੰਤ ਪੂਰਾ ਕੀਤਾ ਜਾਵੇ।

## ਦਿਹਾਤੀ ਮਜ਼ਦੂਰ ਸਭਾ ਤੇ ਮਜ਼ਦੂਰ ਮੁਕਤੀ ਮੋਰਚਾ ਵੱਲੋਂ ਪਿੰਡਾਂ 'ਚ ਝੰਡਾ ਮਾਰਚ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਦਿਹਾਤੀ ਮਜ਼ਦੂਰ ਸਭਾ ਤੇ ਮਜ਼ਦੂਰ ਮੁਕਤੀ ਮੋਰਚਾ ਲਿਬਰੇਸ਼ਨ ਵੱਲੋਂ ਬੇਜ਼ਮੀਨੇ-ਸਾਧਨਹੀਣ ਪੇਂਡੂ ਕਿਰਤੀ ਪਰਵਾਰਾਂ ਦੇ ਸਮੁੱਚੇ ਬਾਲਗ ਜੀਆਂ ਨੂੰ ਘੱਟੋ-ਘੱਟ 800 ਰੁਪਏ ਦਿਹਾੜੀ ਸਹਿਤ ਸਾਰਾ ਸਾਲ ਬੱਝਵਾਂ ਰੁਜ਼ਗਾਰ, ਜਨਤਕ ਵੰਡ ਪ੍ਰਣਾਲੀ ਤਹਿਤ ਪੂਰੇ ਪਰਿਵਾਰ ਲਈ ਲੋੜੀਂਦਾ ਖੁਰਾਕ ਰਾਸ਼ਨ ਦਿੱਤੇ ਜਾਣ ਤੇ ਹੋਰ ਵੱਡੀ ਮੰਗਾਂ ਮਨਵਾਉਣ ਲਈ ਵੱਡਾ ਕਿਰਤੀ ਅੰਦੋਲਨ ਵਿੱਢੇ ਜਾਣ ਵਾਸਤੇ ਮਜ਼ਦੂਰਾਂ ਨੂੰ ਲਾਮਬੰਦ ਕਰਨ ਖਾਤਰ ਜ਼ਿਲ੍ਹੇ ਦੇ ਪਿੰਡਾਂ 'ਚ ਝੰਡਾ ਮਾਰਚ ਕੀਤਾ ਜਾ ਰਿਹਾ ਹੈ।ਝੰਡਾ ਮਾਰਚ ਦੇ ਪਹਿਲੇ ਦਿਨ ਨਥਾਣਾ ਬਲਾਕ ਦੇ ਪੂਹਲੀ, ਪੂਹਲਾ, ਭੈਣੀਆਣਾ, ਕਲਿਆਣ, ਗੰਗਾ, ਗਿੱਦੜ ਪਿੰਡਾਂ 'ਚ ਕੀਤੀਆਂ ਗਈਆਂ ਭਰਵੀਆਂ ਮਜ਼ਦੂਰ ਰੈਲੀਆਂ ਨੂੰ ਪ੍ਰਕਾਸ਼ ਸਿੰਘ ਨੰਦਗੜ੍ਹ, ਅਮੀ ਲਾਲ ਬਲਾਹੜ ਮਹਿਮਾ, ਅਮਰੀਕ ਸਿੰਘ ਤੁੰਗਵਾਲੀ, ਬਲਵਿੰਦਰ ਸਿੰਘ ਪੂਹਲਾ ਤੇ ਪੱਪੂ ਸਿੰਘ ਪੂਹਲੀ ਨੇ ਸੰਬੋਧਨ ਕੀਤਾ ਹੈ।ਆਗੂਆਂ ਨੇ ਪੇਂਡੂ ਕਿਰਤੀਆਂ ਨੂੰ ਗਾਰੰਟੀਸ਼ੁਦਾ ਰੁਜ਼ਗਾਰ ਦੇਣ ਵਾਲੇ ਮਗਨਰੇਗਾ ਕਾਨੂੰਨ ਬਹਾਲ ਕੀਤੇ ਜਾਣ ਤੇ ਇਸ ਦੀ ਥਾਂ ਬਣਾਇਆ ਗਿਆ ਸਿਰੇ ਦਾ ਧੋਖਲਾ 'ਵੀ ਬੀ ਜੀ ਰਾਮ ਜੀ' ਕਾਨੂੰਨ ਰੱਦ ਕੀਤੇ ਜਾਣ ਦੀ ਮੰਗ ਕੀਤੀ।ਉਨ੍ਹਾਂ ਕਰੋੜਾਂ ਗਰੀਬਾਂ, ਖਾਸ ਕਰਕੇ ਦਲਿਤਾਂ, ਔਰਤਾਂ, ਆਦਿਵਾਸੀਆਂ, ਘੱਟ ਗਿਣਤੀ ਵਰਗਾਂ ਦੀਆਂ ਵੋਟਾਂ ਕੱਟੇ ਜਾਣ ਬਾਰੇ ਡੂੰਘੀ ਚਿੰਤਾ ਪ੍ਰਗਟਾਉਂਦਿਆਂ ਪੁਰਾਣੀ ਵੋਟ ਸੂਚੀ ਇੰਨ-ਬਿਨ ਬਹਾਲ ਕੀਤੇ ਜਾਣ, ਐੱਸ.ਆਈ.ਆਰ. ਦੀ ਪ੍ਰਕ੍ਰਿਆ ਤੁਰੰਤ ਬੰਦ ਕੀਤੇ ਜਾਣ ਤੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਬਰਖਾਸਤ ਕਰਕੇ ਉਸ ਨੂੰ ਜੇਲ੍ਹ 'ਚ ਸੁੱਟੇ ਜਾਣ ਲਈ ਚੱਲ ਰਹੇ ਦੇਸ਼ ਪੱਧਰੀ ਅੰਦੋਲਨ ਨੂੰ ਡੱਟਵੀਂ ਹਮਾਇਤ ਦੇਣ ਦਾ ਐਲਾਨ ਕੀਤਾ।

## ਜ਼ਿਲ੍ਹਾ ਪੱਧਰੀ ਖੇਡਾਂ ਦੇ ਜੇਤੂਆਂ ਨੂੰ ਡਾ. ਜਵੰਧਾ ਨੇ ਮੈਡਲ ਵੰਡ ਕੇ ਕੀਤਾ ਸਨਮਾਨਤ

### ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਨਾਲ ਜੁੜਨ ਦਾ ਦਿੱਤਾ ਸੱਦਾ



**ਭਵਾਨੀਗੜ੍ਹ (ਰਾਜ ਖੁਰਮੀ)**-'ਖੇਡਾਂ ਵਤਨ ਪੰਜਾਬ ਦੀਆਂ' ਸੀਜ਼ਨ-4 ਤਹਿਤ ਜ਼ਿਲ੍ਹਾ ਪੱਧਰ 'ਤੇ ਕਰਵਾਏ ਜਾ ਰਹੇ ਵੱਖ-ਵੱਖ ਖੇਡ ਮੁਕਾਬਲਿਆਂ ਦੌਰਾਨ ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਖੇਡ ਮੈਦਾਨ ਵਿੱਚ ਪਹੁੰਚ ਕੇ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕੀਤੀ।ਇਸ ਮੌਕੇ ਉਨ੍ਹਾਂ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਜੇਤੂ ਖਿਡਾਰੀਆਂ ਨੂੰ ਮੈਡਲ ਤਕਸੀਮ ਕਰਕੇ ਸਨਮਾਨਤ ਕੀਤਾ ਤੇ ਉਨ੍ਹਾਂ ਨੂੰ ਭਵਿੱਖ ਵਿੱਚ ਹੋਰ ਮਿਹਨਤ ਕਰਕੇ ਸਫਲਤਾ ਦੀਆਂ ਬੁਲੰਦੀਆਂ ਛੂਹਣ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।ਇਸ ਮੌਕੇ ਡਾ. ਜਵੰਧਾ ਨੇ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਤੰਦਰੁਸਤ, ਅਨੁਸ਼ਾਸਤ ਤੇ ਨਰੋਈ ਜੀਵਨ-ਸ਼ੈਲੀ ਨਾਲ ਜੋੜਨ ਦਾ ਪ੍ਰਭਾਵਸ਼ਾਲੀ ਸਾਧਨ ਹਨ।ਖੇਡ ਮੈਦਾਨ ਵਿੱਚ ਉੱਤਰ ਕੇ ਜਿੱਤ ਲਈ ਕੀਤੀ ਜਾਣ ਵਾਲੀ ਮਿਹਨਤ ਖਿਡਾਰੀਆਂ ਦੇ ਅੰਦਰ ਆਤਮ-ਵਿਸ਼ਵਾਸ, ਸਬਰ, ਅਨੁਸ਼ਾਸਨ ਤੇ ਟੀਮ ਭਾਵਨਾ ਪੈਦਾ ਕਰਦੀ ਹੈ।ਉਨ੍ਹਾਂ ਕਿਹਾ ਕਿ ਅਜਿਹੇ ਖੇਡ ਮੁਕਾਬਲੇ ਪਿੰਡਾਂ ਤੇ ਸ਼ਹਿਰਾਂ ਵਿੱਚ ਛੁਪੀ ਖੇਡ ਪ੍ਰਤਿਭਾ ਨੂੰ ਸਾਹਮਣੇ ਲਿਆਉਣ ਦੇ ਨਾਲ-ਨਾਲ ਨੌਜਵਾਨਾਂ ਨੂੰ ਆਪਣੀ ਕਾਬਲੀਅਤ ਸਾਬਿਤ ਕਰਨ ਲਈ ਵਧੀਆ ਮੰਚ ਪ੍ਰਦਾਨ ਕਰਦੇ ਹਨ।ਡਾ. ਜਵੰਧਾ ਨੇ ਨੌਜਵਾਨਾਂ ਨੂੰ ਨਸ਼ਿਆਂ ਤੇ ਹੋਰ ਸਮਾਜਿਕ ਬੁਰਾਈਆਂ ਤੋਂ ਦੂਰ ਰਹਿ ਕੇ ਵੱਧ ਤੋਂ ਵੱਧ ਖੇਡਾਂ ਨਾਲ ਜੁੜਨ ਦੀ ਅਪੀਲ ਕਰਦਿਆਂ ਕਿਹਾ ਕਿ ਤੰਦਰੁਸਤ ਤੇ ਊਰਜਾਵਾਨ ਨੌਜਵਾਨ ਹੀ ਸਿਹਤਮੰਦ ਸਮਾਜ ਤੇ ਮਜ਼ਬੂਤ ਪੰਜਾਬ ਦੀ ਨੀਂਹ ਬਣ ਸਕਦੇ ਹਨ।

## ਬੰਦੀ ਸਿੰਘਾਂ ਦੀ ਰਿਹਾਈ ਲਈ ਮਾਰਚ 'ਚ ਸ਼੍ਰੋਮਣੀ ਅਕਾਲੀ ਦਲ (ਅ) ਨੇ ਕੀਤੀ ਸ਼ਮੂਲੀਅਤ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਕੌਮੀ ਇਨਸਾਫ਼ ਮੋਰਚੇ ਵੱਲੋਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਕੱਢੇ ਜਾ ਰਹੇ ਬੰਦੀ ਸਿੰਘ ਰਿਹਾਈ ਮਾਰਚ ਦੇ ਦੂਜੇ ਦਿਨ ਦੇ ਪੜਾਅ ਵਿੱਚ ਸ੍ਰੀ ਮਸਤੂਆਣਾ ਸਾਹਿਬ ਵਿਖੇ ਵੱਡੀ ਗਿਣਤੀ ਵਿੱਚ ਸਿੱਖ ਸੰਗਤ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀ ਜ਼ਿਲ੍ਹਾ ਜਥੇਬੰਦੀ ਵੱਲੋਂ ਵੀ ਵੱਡੀ ਗਿਣਤੀ ਵਿੱਚ ਆਗੂਆਂ, ਵਰਕਰਾਂ ਅਤੇ ਸੰਗਤਾਂ ਸਮੇਤ ਹਾਜ਼ਰੀ ਭਰੀ ਗਈ।ਇਸ ਮੌਕੇ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਈਮਾਨ ਸਿੰਘ ਮਾਨ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ ਅਤੇ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਲਈ ਆਪਣੀ ਹਮਾਇਤ ਪ੍ਰਗਟ ਕੀਤੀ।ਇਸ ਮੌਕੇ ਪਾਰਟੀ ਆਗੂਆਂ ਨੇ ਕਿਹਾ ਕਿ ਜਿਹੜੇ ਸਿੱਖ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ, ਉਨ੍ਹਾਂ ਨੂੰ ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਰੱਖਿਆ ਜਾਣਾ ਸਿੱਖ ਕੌਮ ਅੰਦਰ ਗੰਭੀਰ ਰੋਸ ਦਾ ਕਾਰਨ ਬਣਿਆ ਹੋਇਆ ਹੈ। ਬੰਦੀ ਸਿੰਘਾਂ ਦੀ ਰਿਹਾਈ ਲਈ ਕੌਮੀ ਇਨਸਾਫ਼ ਮੋਰਚਾ ਚੰਡੀਗੜ੍ਹ ਵਿਖੇ ਲਗਾਤਾਰ ਸੰਘਰਸ਼ ਕਰ ਰਿਹਾ ਹੈ, ਪਰ ਅਜੇ ਤੱਕ ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਇਸ ਮਸਲੇ ਦੇ ਹੱਲ ਲਈ ਕੋਈ ਠੋਸ ਪਹਿਲਕਦਮੀ ਨਹੀਂ ਕੀਤੀ ਗਈ।

## ਹੋਲੀ ਹਾਰਟ ਸਕੂਲ 'ਚ ਵਿਸ਼ਵ ਅਧਿਆਪਕ ਦਿਵਸ ਮਨਾਇਆ



**ਅਜੀਤਵਾਲ (ਨਛੱਤਰ ਸੰਧੂ)**-ਮੋਗਾ ਜੀ.ਟੀ. ਰੋਡ ਅਜੀਤਵਾਲ ਵਿਖੇ ਸਥਿਤ ਨਾਮਵਰ ਵਿਦਿਅਕ ਅਦਾਰੇ ਹੋਲੀ ਹਾਰਟ ਸਕੂਲ ਵਿਖੇ ਵਿਸ਼ਵ ਅਧਿਆਪਕ ਦਿਵਸ ਬੜੀ ਹੀ ਧੂਮਧਾਮ, ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ।ਸਮਾਗਮ ਦੀ ਸ਼ੁਰੂਆਤ ਸਕੂਲ ਦੀ ਪ੍ਰਬੰਧਕੀ ਕਮੇਟੀ ਚੇਅਰਮੈਨ ਸ਼ੁਬਾਸ਼ ਪਲਤਾ ਅਤੇ ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ, ਸ਼ਿਵਾਨੀ ਅਰੋੜਾ ਅਤੇ ਰਮਨ ਅਰੋੜਾ, ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਜਤੇ ਵਿਦਿਆਰਥੀਆਂ ਵੱਲੋਂ ਅਧਿਆਪਕਾਂ ਦੇ ਸਨਮਾਨ ਵਿੱਚ ਕੀਤੀ ਗਈ।ਇਸ ਮੌਕੇ ਵਿਦਿਆਰਥੀਆਂ ਵੱਲੋਂ ਆਪਣੇ ਅਧਿਆਪਕਾਂ ਪ੍ਰਤੀ ਪਿਆਰ, ਸਤਿਕਾਰ ਅਤੇ ਧੰਨਵਾਦ ਪ੍ਰਗਟ ਕਰਨ ਲਈ ਇੱਕ ਵਿਸ਼ੇਸ਼ ਸੱਭਿਆਚਾਰਕ ਪ੍ਰੋਗਰਾਮ ਉਲੀਕਿਆ ਗਿਆ।ਵਿਦਿਆਰਥੀਆਂ ਨੇ ਗੁਰੂ-ਸ਼ਿਸ਼ ਦੇ ਪਵਿੱਤਰ ਰਿਸ਼ਤੇ ਅਤੇ ਅਧਿਆਪਕਾਂ ਦੀ ਸਮਾਜ ਵਿੱਚ ਮਹੱਤਤਾ ਨੂੰ ਦਰਸਾਉਂਦੇ ਹੋਏ ਭਾਸ਼ਣ ਅਤੇ ਕਵਿਤਾਵਾਂ ਪੇਸ਼ ਕੀਤੀਆਂ।ਛੋਟੇ-ਛੋਟੇ ਬੱਚਿਆਂ ਵੱਲੋਂ ਬਣਾਈਆਂ ਗਈਆਂ ਸੁੰਦਰ ਗ੍ਰੀਟਿੰਗ ਕਾਰਡਾਂ ਅਤੇ ਤੋਹਫ਼ਿਆਂ ਨੇ ਸਾਰੇ ਅਧਿਆਪਕਾਂ ਦਾ ਮਨ ਮੋਹ ਲਿਆ।ਸਮਾਗਮ ਦੇ ਅੰਤ ਵਿੱਚ ਸਕੂਲ ਪ੍ਰਬੰਧਕੀ ਕਮੇਟੀ ਅਤੇ ਪ੍ਰਿੰਸੀਪਲ ਨੇ ਸਮੂਹ ਅਧਿਆਪਕਾਂ ਨੂੰ ਵਿਸ਼ਵ ਅਧਿਆਪਕ ਦਿਵਸ ਦੀਆਂ ਵਧਾਈਆਂ ਦਿੱਤੀਆਂ।ਉਨ੍ਹਾਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਅਧਿਆਪਕ ਸਮਾਜ ਦਾ ਚਾਨਣ ਮੁਨਾਰਾ ਹੁੰਦੇ ਹਨ, ਜੋ ਆਪਣੀ ਮਿਹਨਤ, ਲਗਨ ਅਤੇ ਸਮਰਪਣ ਨਾਲ ਬੱਚਿਆਂ ਦੇ ਭਵਿੱਖ ਨੂੰ ਉੱਜਵਲ ਬਣਾਉਂਦੇ ਹਨ।

## ਘਰ-ਘਰ ਪਹੁੰਚੇਗੀ ਅਕਾਲੀ ਦਲ ਦੀ ਡੋਰ-ਟੂ-ਡੋਰ ਮੁਹਿੰਮ : ਕਲੇਰ, ਡੱਲਾ



**ਜਗਰਾਉਂ (ਨਛੱਤਰ ਸੰਧੂ/ਸੰਜੀਵ ਅਰੋੜਾ)**-ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕਾ ਜਗਰਾਉਂ ਵਿੱਚ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਤੇਜ਼ ਕਰਨ ਅਤੇ ਜਥੇਬੰਦਕ ਢਾਂਚੇ ਨੂੰ ਬੂਥ ਪੱਧਰ ਤੱਕ ਮਜ਼ਬੂਤ ਕਰਨ ਲਈ ਪਿੰਡ-ਪਿੰਡ ਅਤੇ ਘਰ-ਘਰ ਡੋਰ-ਟੂ-ਡੋਰ ਮੁਹਿੰਮ ਚਲਾਈ ਜਾਵੇਗੀ।ਇਹ ਫ਼ੈਸਲਾ ਹਲਕਾ ਇੰਚਾਰਜ ਐੱਸ. ਆਰ. ਕਲੇਰ ਦੀ ਅਗਵਾਈ ਹੇਠ ਹੋਈ ਹਲਕੇ ਦੇ ਅਹੁਦੇਦਾਰਾਂ, ਵਰਕਰਾਂ ਤੇ ਮੋਹਤਬਰਾਂ ਦੀ ਮੀਟਿੰਗ ਦੌਰਾਨ ਲਿਆ ਗਿਆ।ਮੀਟਿੰਗ ਦੌਰਾਨ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ, ਬੂਥ ਪੱਧਰ 'ਤੇ ਜਥੇਬੰਦੀ ਨੂੰ ਮਜ਼ਬੂਤ ਕਰਨ, ਵਰਕਰਾਂ ਦੀਆਂ ਡਿਊਟੀਆਂ ਅਤੇ ਪਾਰਟੀ ਦੇ ਆਉਣ ਵਾਲੇ ਪ੍ਰੋਗਰਾਮਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਐੱਸ. ਆਰ. ਕਲੇਰ ਨੇ ਕਿਹਾ ਕਿ ਡੋਰ-ਟੂ-ਡੋਰ ਮੁਹਿੰਮ ਤਹਿਤ ਪਾਰਟੀ ਵਰਕਰ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣਨਗੇ।ਜ਼ਿਲ੍ਹਾ ਪ੍ਰਧਾਨ ਸ. ਚੰਦ ਸਿੰਘ ਡੱਲਾ ਨੇ ਕਿਹਾ ਕਿ ਪਾਰਟੀ ਦੀ ਅਸਲ ਤਾਕਤ ਉਸ ਦੇ ਵਰਕਰ ਹਨ। ਪਿੰਡ ਪੱਧਰ ਤੋਂ ਲੈ ਕੇ ਬੂਥ ਪੱਧਰ ਤੱਕ ਜਥੇਬੰਦੀ ਨੂੰ ਸਰਗਰਮ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਸਾਬਕਾ ਚੇਅਰਮੈਨ ਦੀਦਾਰ ਸਿੰਘ ਮਲਕ ਨੇ ਸਟੇਜ ਦੀ ਕਾਰਵਾਈ ਨਿਭਾਉਂਦਿਆਂ ਵਰਕਰਾਂ ਨੂੰ ਪਾਰਟੀ ਦੀਆਂ ਗਤੀਵਿਧੀਆਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਦੀ ਅਪੀਲ ਕੀਤੀ।ਇਸ ਮੌਕੇ ਸਰਕਲ ਪ੍ਰਧਾਨ ਪਰਮਿੰਦਰ ਸਿੰਘ ਚੀਮਾ, ਮਨਦੀਪ ਸਿੰਘ ਗਾਲਿਬ, ਸ਼ਿਵਰਾਜ ਸਿੰਘ, ਐੱਮ.ਸੀ. ਦਵਿੰਦਰਜੀਤ ਸਿੰਘ ਸਿੱਧੂ ਅਤੇ ਹਲਕਾ ਇਸਤਰੀ ਵਿੰਗ ਦੀ ਪ੍ਰਧਾਨ ਬੀਬੀ ਸਤਪਾਲ ਕੌਰ ਲੀਲਾ ਨੇ ਵੀ ਆਪਣੇ ਵਿਚਾਰ ਰੱਖੇ।ਆਗੂਆਂ ਨੇ ਕਿਹਾ ਕਿ ਹਲਕਾ ਜਗਰਾਉਂ ਵਿੱਚ ਹਰ ਬੂਥ ਤੱਕ ਵਰਕਰਾਂ ਨਾਲ ਰਾਬਤਾ ਵਧਾ ਕੇ ਲੋਕਾਂ ਦੇ ਸਥਾਨਕ ਮੁੱਦਿਆਂ ਨੂੰ ਪਹਿਲ ਦੇ ਆਧਾਰ 'ਤੇ ਉਠਾਇਆ ਜਾਵੇਗਾ।

## ਜੰਮੂ-ਕਸ਼ਮੀਰ 'ਚ ਪੰਜਾਬੀ ਨੂੰ ਸਰਕਾਰੀ ਭਾਸ਼ਾ ਵਜੋਂ ਬਹਾਲ ਕਰਨ ਦੀ ਮੰਗ

**ਲੁਧਿਆਣਾ (ਰੈਕਟਰ ਕਥੂਰੀਆ)**-ਪੰਜਾਬੀ ਸਾਹਿਤ ਅਕਾਦਮੀ ਦੇ ਅਹੁਦੇਦਾਰਾਂ, ਪ੍ਰਬੰਧਕੀ ਬੋਰਡ ਮੈਂਬਰਾਂ ਤੇ ਸਮੂਹ ਮੈਂਬਰਾਂ ਨੇ ਜੰਮੂ ਕਸ਼ਮੀਰ ਵਿਚ ਪੰਜਾਬੀ ਨੂੰ ਸਰਕਾਰੀ ਭਾਸ਼ਾ ਵਜੋਂ ਬਹਾਲ ਕਰਨ ਦੀ ਪੁਰਜ਼ੋਰ ਮੰਗ ਕੀਤੀ।ਅਖ਼ਬਾਰਾਂ ਵਿਚ ਖ਼ਬਰਾਂ ਲੱਗੀਆਂ ਹਨ, ਜਿਨ੍ਹਾਂ ਵਿੱਚ ਜੰਮੂ-ਕਸ਼ਮੀਰ 'ਚ ਪੰਜਾਬੀ ਭਾਸ਼ਾ ਨੂੰ ਸਰਕਾਰੀ ਭਾਸ਼ਾ ਵਜੋਂ ਬਹਾਲ ਕਰਨ ਲਈ ਜੰਮੂ ਪੰਜਾਬੀ ਮੋਰਚੇ ਵੱਲੋਂ ਮੰਗ ਕੀਤੀ ਗਈ ਹੈ।ਉਥੇ ਹਿਤੈਸ਼ੀ ਲੋਕਾਂ ਨੇ ਸ਼ਾਂਤਮਈ ਰੋਸ ਰੈਲੀ ਕਰਕੇ ਇਸ ਮੰਗ ਨੂੰ ਬਾਖ਼ੂਬੀ ਉਭਾਰਿਆ ਹੈ ਤੇ ਇਸ ਸੰਘਰਸ਼ ਨੂੰ ਹੋਰ ਤੇਜ਼ ਕਰਨ ਦੀ ਚੇਤਾਵਨੀ ਦਿੱਤੀ ਹੈ।

ਪੰਜਾਬੀ ਸਾਹਿਤ ਅਕਾਡਮੀ ਵੱਲੋਂ ਜੰਮੂ ਕਸ਼ਮੀਰ ਦੇ ਮੁੱਖ ਮੰਤਰੀ ਅਤੇ ਰਾਜਪਾਲ ਨੂੰ ਪੱਤਰ ਲਿਖ ਕੇ ਮੰਗ ਕੀਤੀ ਗਈ ਹੈ ਕਿ ਉਥੇ ਪੰਜਾਬੀ ਨੂੰ ਸਰਕਾਰੀ ਭਾਸ਼ਾ ਵਜੋਂ ਬਹਾਲ ਕੀਤਾ ਜਾਵ, ਕਿਉਂਕਿ ਉਥੇ ਵੱਡੀ ਗਿਣਤੀ ਵਿਚ ਲੋਕ ਪੰਜਾਬੀ ਬੋਲਦੇ, ਪੜ੍ਹਦੇ ਤੇ ਲਿਖਦੇ ਹਨ।ਪੰਜਾਬੀ ਸਾਹਿਤ ਅਕਾਡਮੀ, ਲੁਧਿਆਣਾ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਤੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਪੰਜਾਬ ਦੇ ਮੁੱਖ ਮੰਤਰੀ ਨੂੰ ਅਪੀਲ ਕੀਤੀ ਹੈ ਕਿ ਉਹ ਦਖ਼ਲ ਦੇ ਕੇ ਇਸ ਮਸਲੇ ਨੂੰ ਹੱਲ ਕਰਾਉਣ ਲਈ ਆਪਣੇ ਪ੍ਰਭਾਵ ਦੀ ਵਰਤੋਂ ਕਰਨ। ਸੀਨੀਅਰ ਮੀਤ ਪ੍ਰਧਾਨ ਡਾ. ਪਾਲ ਕੌਰ ਨੇ ਕਿਹਾ ਕਿਹਾ ਕਿ 1947 ਤੋਂ ਬਹੁਤ ਪਹਿਲਾਂ ਵੀ ਸਕੂਲਾਂ ਵਿਚ ਪੰਜਾਬੀ ਪੜ੍ਹਾਈ ਜਾਂਦੀ ਰਹੀ ਹੈ ਪਰ ਹੁਣ ਸਥਿਤੀ ਬਿਲਕੁਲ ਬਦਲ ਚੁੱਕੀ ਹੈ।

## ਜ਼ੋਨਲ ਯੁਵਕ ਮੇਲੇ 'ਚ ਵਿਦਿਆਰਥੀਆਂ ਨੇ ਰੰਗ ਬੰਨ੍ਹਿਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਫ਼ਤਿਹ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਵਿਖੇ ਚੱਲ ਰਿਹਾ ਬਠਿੰਡਾ-ਫ਼ਰੀਦਕੋਟ ਜ਼ੋਨਲ ਯੁਵਕ ਤੇ ਲੋਕ ਮੇਲਾ ਤੀਜੇ ਤੇ ਚੌਥੇ ਦਿਨ ਪੂਰੇ ਜਾਹੋ-ਜਲਾਲ ਨਾਲ ਕਲਾਤਮਕ ਸਿਖ਼ਰਾਂ ਵੱਲ ਵਧਿਆ।ਵੱਖ-ਵੱਖ ਕਾਲਜਾਂ ਤੋਂ ਪੁੱਜੇ ਪ੍ਰਤੀਭਾਗੀਆਂ ਨੇ ਆਪਣੀ ਮੌਲਿਕ ਸਿਰਜਣਾਤਮਕਤਾ ਤੇ ਪੰਜਾਬ ਦੇ ਅਮੀਰ ਲੋਕ-ਸੱਭਿਆਚਾਰ ਦੀਆਂ ਵੰਨਗੀਆਂ ਪੇਸ਼ ਕਰਕੇ ਸਮੁੱਚੇ ਕੈਂਪਸ ਨੂੰ ਪੰਜਾਬੀਅਤ ਦੇ ਰੰਗ ਵਿੱਚ ਰੰਗ ਦਿੱਤਾ।ਇਸ ਸੱਭਿਆਚਾਰਕ ਮਹਾਂਉਤਸਵ ਦੇ ਤੀਜੇ ਦਿਨ ਸਾਬਕਾ ਕੈਬਨਿਟ ਮੰਤਰੀ ਸਿਕੰਦਰ ਸਿੰਘ ਮਲੂਕਾ ਤੇ ਚੌਥੇ ਦਿਨ ਭਾਜਪਾ ਦੇ ਸੀਨੀਅਰ ਆਗੂ ਜਗਦੀਪ ਸਿੰਘ ਨਕਈ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ।ਇਸ ਦੌਰਾਨ ਕੁਲਵਿੰਦਰ ਸਿੰਘ ਭੁੱਲਰ ਤੇ ਉੱਘੇ ਸਮਾਜ ਸੇਵੀ ਗੁਰਵਿੰਦਰ ਸ਼ਰਮਾ ਨੇ ਵਿਸ਼ੇਸ਼ ਮਹਿਮਾਨ ਵਜੋਂ ਪੁੱਜ ਕੇ ਨੌਜਵਾਨ ਕਲਾਕਾਰਾਂ ਦੀ ਹੌਸਲਾ-ਅਫ਼ਜ਼ਾਈ ਕੀਤੀ।ਸੰਸਥਾ ਦੇ ਚੇਅਰਮੈਨ ਐੱਸ.ਐੱਸ. ਚੱਠਾ, ਪੰਜਾਬੀ ਯੂਨੀਵਰਸਿਟੀ ਦੇ ਯੁਵਕ ਭਲਾਈ ਵਿਭਾਗ ਦੇ ਡਾਇਰੈਕਟਰ ਡਾ. ਭੀਮ ਇੰਦਰ ਸਿੰਘ, ਐੱਮ.ਡੀ. ਮਨਜੀਤ ਕੌਰ ਚੱਠਾ, ਡੀਨ ਅਕਾਦਮਿਕ ਡਾ. ਜਗਵਿੰਦਰ ਸਿੰਘ ਸਿੱਧੂ, ਪ੍ਰਿੰਸੀਪਲ ਬਘੇਲ ਸਿੰਘ ਅਤੇ ਸਹਾਇਕ ਡਾਇਰੈਕਟਰ ਹਰਪ੍ਰੀਤ ਹੈਪੀ ਸਮੇਤ ਖੇਤਰ ਦੇ ਪ੍ਰਮੁੱਖ ਪਤਵੰਤੇ ਸੱਜਣ ਹਾਜ਼ਰ ਰਹੇ।ਮੇਲੇ ਦੌਰਾਨ ਚਾਰ ਵੱਖ-ਵੱਖ ਮੰਚਾਂ 'ਤੇ ਪਰੰਪਰਾਗਤ ਲੋਕ ਨਾਚ ਸੰਮੀ ਤੇ ਮਲਵਈ ਗਿੱਧੇ ਦੀਆਂ ਜੋਸ਼ੀਲੀਆਂ ਬੋਲੀਆਂ ਨੇ ਦਰਸ਼ਕਾਂ ਨੂੰ ਕੀਲ ਕੇ ਰੱਖ ਦਿੱਤਾ।ਵਿਦਿਆਰਥੀਆਂ ਨੇ ਗਰੁੱਪ ਕੋਰੀਓਗ੍ਰਾਫ਼ੀ, ਗਰੁੱਪ ਕੱਵਾਲੀ, ਲੋਕ ਗੀਤ, ਮਿਮਿਕਰੀ ਅਤੇ ਨਾਟਕਾਂ ਰਾਹੀਂ ਸਮਾਜਿਕ ਸਰੋਕਾਰਾਂ ਨੂੰ ਛੂੰਹਦੇ ਸੰਜੀਦਾ ਸੁਨੇਹੇ ਦਿੱਤੇ।ਇਸੇ ਤਰ੍ਹਾਂ ਫ਼ੋਕ ਆਰਕੈਸਟਰਾ, ਲੋਕ ਸਾਜ਼ਾਂ ਦੀਆਂ ਧੁਨਾਂ, ਵਾਦ-ਵਿਵਾਦ, ਭਾਸ਼ਣ ਕਲਾ, ਭੰਡ ਤੇ ਨੁੱਕੜ ਨਾਟਕਾਂ ਰਾਹੀਂ ਨੌਜਵਾਨਾਂ ਨੇ ਆਪਣੀ ਬੌਧਿਕ ਤੇ ਕਲਾਤਮਕ ਪ੍ਰਤਿਭਾ ਦਾ ਬਾਖ਼ੂਬੀ ਪ੍ਰਦਰਸ਼ਨ ਕੀਤਾ।ਦੂਜੇ ਪਾਸੇ ਰੰਗੋਲੀ, ਪੋਸਟਰ ਮੇਕਿੰਗ, ਮਹਿੰਦੀ, ਕਲੇਅ ਮਾਡਲਿੰਗ ਅਤੇ ਫ਼ੋਟੋਗ੍ਰਾਫ਼ੀ ਮੁਕਾਬਲਿਆਂ ਵਿੱਚ ਵੀ ਵਿਦਿਆਰਥੀਆਂ ਦੀ ਸਿਰਜਣਾਤਮਕ ਕਲਾ ਦੀ ਵਿਲੱਖਣ ਛਾਪ ਦੇਖਣ ਨੂੰ ਮਿਲੀ।ਵਿਦਿਆਰਥੀਆਂ ਦੇ ਰੂਬਰੂ ਹੁੰਦਿਆਂ ਸਿਕੰਦਰ ਸਿੰਘ ਮਲੂਕਾ ਨੇ ਕਿਹਾ ਕਿ ਯੁਵਕ ਮੇਲੇ ਨੌਜਵਾਨਾਂ ਅੰਦਰਲੀ ਕਲਾ ਨੂੰ ਨਿਖਾਰਨ ਦਾ ਸਭ ਤੋਂ ਉੱਤਮ ਜ਼ਰੀਆ ਹਨ, ਜੋ ਨਵੀਂ ਪੀੜ੍ਹੀ ਨੂੰ ਆਪਣੇ ਗੌਰਵਮਈ ਵਿਰਸੇ, ਪੰਜਾਬੀ ਸੱਭਿਆਚਾਰ ਅਤੇ ਕਦਰਾਂ-ਕੀਮਤਾਂ ਨਾਲ ਜੋੜਦੇ ਹਨ।

ਚੌਥੇ ਦਿਨ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਜਗਦੀਪ ਸਿੰਘ ਨਕਈ ਨੇ ਕਿਹਾ ਕਿ ਅਣਥੱਕ ਮਿਹਨਤ, ਦ੍ਰਿੜ੍ਹ ਸੰਕਲਪ ਅਤੇ ਸਮਰਪਣ ਦੀ ਭਾਵਨਾ ਨਾਲ ਹੀ ਜ਼ਿੰਦਗੀ ਦੇ ਵੱਡੇ ਮੁਕਾਮ ਹਾਸਲ ਕੀਤੇ ਜਾ ਸਕਦੇ ਹਨ।ਸਮੁੱਚੇ ਸਮਾਗਮ ਦੌਰਾਨ ਮੰਚ ਸੰਚਾਲਨ ਦੀ ਜ਼ਿੰਮੇਵਾਰੀ ਪ੍ਰਿੰਸੀਪਲ ਬਘੇਲ ਸਿੰਘ, ਪ੍ਰੋ. ਗੁਰਪ੍ਰੀਤ ਕੌਰ, ਪ੍ਰੋ. ਲਵਪ੍ਰੀਤ ਸਿੰਘ, ਪ੍ਰੋ. ਸੋਨੀਆ ਅਤੇ ਪ੍ਰੋ. ਨਵਜੀਤ ਕੌਰ ਵੱਲੋਂ ਸੁਚੱਜੇ, ਦਿਲਕਸ਼ ਅਤੇ ਸਾਹਿਤਕ ਅੰਦਾਜ਼ ਵਿੱਚ ਨਿਭਾਈ ਗਈ।

## ਸਾਹਿਤ, ਕਿਤਾਬਾਂ ਤੇ ਕੁਦਰਤ ਨਾਲ ਸਾਂਝ ਪਾਉਣ ਵਾਲੀਆਂ ਚਾਰ ਸ਼ਖ਼ਸੀਅਤਾਂ ਦਾ ਸਨਮਾਨ



**ਜ਼ੀਰਾ (ਨਰਿੰਦਰ ਅਨੇਜਾ)**-ਰੋਗ ਨਿਵਾਰਨ ਜੀਵਨਧਾਰਾ ਜ਼ੀਰਾ ਵਿਖੇ ਸਾਹਿਤ, ਸਾਹਿਤਕ ਕਿਤਾਬਾਂ ਤੇ ਵਾਤਾਵਰਨ ਸੰਭਾਲ ਦੇ ਖੇਤਰ ਵਿੱਚ ਯੋਗਦਾਨ ਪਾਉਣ ਵਾਲੀਆਂ ਸ਼ਖ਼ਸੀਅਤਾਂ ਦੇ ਸਨਮਾਨ ਲਈ ਇੱਕ ਵਿਸ਼ੇਸ਼ ਸਨਮਾਨ ਸਮਾਰੋਹ ਕਰਵਾਇਆ ਗਿਆ।ਇਸ ਮੌਕੇ ਰਜਵੰਤ ਕੌਰ, ਕੁਲਜੀਤ ਕੌਰ, ਪ੍ਰਵੀਨ ਕੌਰ ਤੇ ਜਸਵਿੰਦਰ ਕੌਰ ਨੂੰ ਸਰੋਪੇ ਪਾ ਕੇ ਤੇ ਇੱਕ-ਇੱਕ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ। ਇਹ ਸਨਮਾਨ ਉਨ੍ਹਾਂ ਵੱਲੋਂ ਸਾਹਿਤ ਤੇ ਸਾਹਿਤਕ ਕਿਤਾਬਾਂ ਨਾਲ ਸਾਂਝ ਪਾਉਣ ਦੇ ਨਾਲ-ਨਾਲ ਰੁੱਖਾਂ ਤੇ ਬੂਟਿਆਂ ਦੀ ਸੰਭਾਲ ਤੇ ਵਾਤਾਵਰਨ ਪ੍ਰਤੀ ਨਿਭਾਈ ਜਾ ਰਹੀ ਜ਼ਿੰਮੇਵਾਰੀ ਤੇ ਯੋਗਦਾਨ ਦੇ ਸਨਮਾਨ ਵਜੋਂ ਦਿੱਤੇ ਗਏ।ਸਮਾਰੋਹ ਦੌਰਾਨ ਬੁਲਾਰਿਆਂ ਨੇ ਕਿਹਾ ਕਿ ਸਾਹਿਤ ਮਨੁੱਖ ਦੇ ਅੰਦਰ ਸੰਵੇਦਨਾ, ਚੇਤਨਾ ਤੇ ਕੁਦਰਤ ਨਾਲ ਪਿਆਰ ਪੈਦਾ ਕਰਦਾ ਹੈ।ਕਿਤਾਬਾਂ ਨਾਲ ਸਾਂਝ ਤੇ ਰੁੱਖਾਂ-ਬੂਟਿਆਂ ਦੀ ਸੰਭਾਲ ਵਰਗੇ ਉਪਰਾਲੇ ਸਮਾਜ ਨੂੰ ਇੱਕ ਬਿਹਤਰ ਤੇ ਸੁੰਦਰ ਭਵਿੱਖ ਵੱਲ ਲੈ ਜਾਂਦੇ ਹਨ।ਅਜਿਹੇ ਲੋਕਾਂ ਦਾ ਸਨਮਾਨ ਹੋਰਨਾਂ ਨੂੰ ਵੀ ਸਮਾਜ, ਸਾਹਿਤ ਤੇ ਵਾਤਾਵਰਨ ਲਈ ਕੁਝ ਕਰਨ ਦੀ ਪ੍ਰੇਰਣਾ ਦਿੰਦਾ ਹੈ।ਇਸ ਮੌਕੇ ਸਾਹਿਤਕਾਰ ਗੁਰਚਰਨ ਸਿੰਘ ਨੂਰਪੁਰ, ਜੋਗਾ ਸਿੰਘ, ਜਸਵਿੰਦਰ ਸਿੰਘ, ਉਰਵਸ਼ੀ, ਸੁਖਬੀਰ ਕੌਰ, ਅਮਨਦੀਪ ਕੌਰ, ਕਰਮਜੀਤ ਕੌਰ, ਸਵਰਨਜੀਤ ਕੌਰ, ਸੁਰਿੰਦਰ ਕੌਰ, ਰਾਜਵਿੰਦਰ ਕੌਰ, ਗੁਰਮੀਤ ਕੌਰ, ਪਰਵੀਨ ਕੌਰ, ਜਸਵਿੰਦਰ ਕੌਰ, ਕੁਲਜੀਤ ਕੌਰ, ਜੀਵਨ ਜੋਤ, ਅਮਨਦੀਪ, ਦਲਜੀਤ ਕੌਰ, ਕੁਲਵਿੰਦਰ ਸਿੰਘ, ਸਤਪਾਲ ਸਿੰਘ, ਹਰਿੰਦਰ ਪਾਲ ਸਿੰਘ, ਨਿਸ਼ਾਨ ਸਿੰਘ, ਮਨਜਿੰਦਰ ਸਿੰਘ ਸਨੇਰ, ਦਲਜੀਤ ਸਿੰਘ, ਸਵਰਨ ਸਿੰਘ, ਦਰਸ਼ਨ ਸਿੰਘ, ਰਜਿੰਦਰ ਸਿੰਘ, ਮਨਜਿੰਦਰ ਸਿੰਘ ਰਿੱਕੀ ਆਦਿ ਸੰਸਥਾ ਦੇ ਮੈਂਬਰ ਹਾਜ਼ਰ ਸਨ।

## ਸਫਾ 1 ਦੇ ਬਾਕੀ...

### ਵੋਟ ਚੋਰੀ ਖਿਲਾਫ 'ਇੰਡੀਆ'...

ਫੈਸਲਾ ਹੈ।ਸੀ ਪੀ ਆਈ ਦੇ ਜਨਰਲ ਸਕੱਤਰ ਡੀ ਰਾਜਾ ਨੇ ਭਾਜਪਾ ਸਰਕਾਰ ਅਧੀਨ ਲੋਕਤੰਤਰ ਦੀ ਸਥਿਤੀ ਬਾਰੇ ਬੁਨਿਆਦੀ ਸਵਾਲ ਉਠਾਏ।ਉਨ੍ਹਾ ਕਿਹਾ, 'ਭਾਜਪਾ ਅਧੀਨ ਸਾਡੇ ਲੋਕਤੰਤਰ ਦਾ ਕੀ ਹੋ ਰਿਹਾ ਹੈ? ਜੇ ਚੋਣਾਂ ਧੋਖਾਧੜੀ ਵਾਲੀਆਂ ਹਨ, ਤਾਂ ਲੋਕਤੰਤਰ ਕਿੱਥੇ ਹੈ? ਜੇ ਚੋਣ ਕਮਿਸ਼ਨ ਇੱਕ ਸੰਵਿਧਾਨਕ ਸੰਸਥਾ ਹੈ, ਪਰ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਖੁਦ ਸੰਵਿਧਾਨ ਦਾ ਸਤਿਕਾਰ ਨਹੀਂ ਕਰਦੇ ਅਤੇ ਸੰਵਿਧਾਨ ਦੇ ਹੁਕਮ ਅਨੁਸਾਰ ਕੰਮ ਨਹੀਂ ਕਰਦੇ, ਤਾਂ ਲੋਕਤੰਤਰ ਕਿੱਥੇ ਹੈ?' ਸੀ ਪੀ ਆਈ ਰਾਜ ਸਭਾ ਦੇ ਨੇਤਾ ਪੀ ਸੰਦੋਸ਼ ਕੁਮਾਰ ਨੇ ਕਿਹਾ ਕਿ ਗਿਆਨੇਸ਼ ਕੁਮਾਰ ਦੇ ਅਧੀਨ ਮੁਖ ਚੋਣ ਕਮਿਸ਼ਨਰ ਚੋਰ ਚੋਣ ਕਮਿਸ਼ਨਰ ਦਾ ਸਮਾਨਾਰਥੀ ਬਣ ਗਿਆ ਹੈ।ਸੀ ਪੀ ਆਈ ਨੇ ਜ਼ੋਰ ਦੇ ਕੇ ਕਿਹਾ ਕਿ ਵੋਟਰਾਂ ਨੂੰ ਹਟਾਉਣ ਅਤੇ ਸੁਪਰੀਮ ਕੋਰਟ ਦੁਆਰਾ ਦਰਸਾਏ ਗਏ ਫਾਰਮ 6 ਵਿੱਚ ਇਕਪਾਸੜ ਬਦਲਾਅ ਦੇ ਆਲੇ-ਦੁਆਲੇ ਦੀਆਂ ਗੰਭੀਰ ਚਿੰਤਾਵਾਂ ਨੇ ਚੋਣ ਕਮਿਸ਼ਨ ਦੀ ਪਾਰਦਰਸ਼ਤਾ, ਆਜ਼ਾਦੀ ਅਤੇ ਸੰਵਿਧਾਨਕ ਕੰਮਕਾਜ ਬਾਰੇ ਬੁਨਿਆਦੀ ਸਵਾਲ ਖੜ੍ਹੇ ਕੀਤੇ ਹਨ।

ਸੀ ਪੀ ਆਈ ਨੇ ਇੰਡੀਆ ਬਲਾਕ ਦੁਆਰਾ ਇੱਕਜੁੱਟ ਹੋ ਕੇ ਉਠਾਈਆਂ ਗਈਆਂ ਤਿੰਨ ਮੰਗਾਂ ਦਾ ਸਮਰਥਨ ਕੀਤਾ : ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦਾ ਅਸਤੀਫਾ, ਐੱਸ ਆਈ ਆਰ ਨੂੰ ਵਾਪਸ ਲੈਣਾ ਅਤੇ ਚੋਣ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਬਹਾਲ ਕਰਨ ਲਈ ਬੈਲਟ ਪੇਪਰ ਵਾਪਸ ਲਿਆਉਣਾ।ਪਾਰਟੀ ਨੇ ਕਿਹਾ ਕਿ ਸੰਸਦ ਮੈਂਬਰਾਂ ਨੂੰ ਹਿਰਾਸਤ ਵਿੱਚ ਲੈਣਾ ਸੀ ਪੀ ਆਈ, ਇੰਡੀਆ ਬਲਾਕ ਜਾਂ ਲੋਕਾਂ ਦੀ ਲੋਕਤੰਤਰੀ ਆਵਾਜ਼ ਨੂੰ ਚੁੱਪ ਨਹੀਂ ਕਰਾ ਸਕਦਾ।ਪਾਰਟੀ ਅਜਿਹੀ ਧੱਕੇਸ਼ਾਹੀ ਵਾਲੀ ਕਾਰਵਾਈ ਦੀ ਸਖਤ ਨਿੰਦਾ ਕਰਦੀ ਹੈ, ਜੋ ਕਿ ਲੋਕਤੰਤਰ ਲਈ ਸ਼ਰਮਨਾਕ ਹੈ।ਚੋਣਾਂ ਦੀ ਅਖੰਡਤਾ ਸੰਸਦੀ ਲੋਕਤੰਤਰ ਲਈ ਬੁਨਿਆਦੀ ਹੈ ਅਤੇ ਚੋਣ ਕਮਿਸ਼ਨ ਨੂੰ ਸੰਵਿਧਾਨ ਦੇ ਢਾਂਚੇ ਦੇ ਅੰਦਰ ਸੁਤੰਤਰ, ਪਾਰਦਰਸ਼ੀ ਅਤੇ ਸਖਤੀ ਨਾਲ ਕੰਮ ਕਰਨਾ ਚਾਹੀਦਾ ਹੈ।ਸੀ ਪੀ ਆਈ ਵੋਟ ਦੀ ਰੱਖਿਆ, ਚੋਣ ਪਾਰਦਰਸ਼ਤਾ ਦੀ ਰੱਖਿਆ ਅਤੇ ਲੋਕਤੰਤਰ ਦੀ ਰੱਖਿਆ ਲਈ ਇੰਡੀਆ ਬਲਾਕ ਦੀਆਂ ਸਾਂਝੀਆਂ ਮੰਗਾਂ ਦੇ ਨਾਲ ਮਜ਼ਬੂਤੀ ਨਾਲ ਖੜ੍ਹੀ ਹੈ।

### ਸਰਾਵਾਂ ਦੇ ਰਿਕਾਰਡ...

ਇਹਨਾਂ ਵਿੱਚ ਸ੍ਰੀ ਅਨੰਦਪੁਰ ਸਾਹਿਬ ਦੀਆਂ ਸਰਾਵਾਂ ਦਾ ਇੰਚਾਰਜ ਅਮਰੀਕ ਸਿੰਘ ਸ਼ਾਮਲ ਹੈ। ਧਾਮੀ ਨੇ ਦੱਸਿਆ ਕਿ ਬਹਿਰੀਨ ਵਾਲੀ ਬੀਬੀ ਵੱਲੋਂ ਸਿਹਤ ਮਾਮਲੇ ਨੂੰ ਲੈ ਕੇ ਸ਼੍ਰੋਮਣੀ ਕਮੇਟੀ ਕੋਲ ਮਦਦ ਲਈ ਅਰਜ਼ੀ ਦਿੱਤੀ ਗਈ ਸੀ, ਜਿਸ ਨੂੰ ਅੰਤਰਿੰਗ ਕਮੇਟੀ ਵਿੱਚ ਪਾਸ ਕਰਨ ਮਗਰੋਂ ਉਸ ਨੂੰ ਇੱਕ ਲੱਖ ਰੁਪਏ ਦੀ ਸਹਾਇਤਾ ਦਿੱਤੀ ਗਈ ਸੀ।

ਇਸ ਅਰਜ਼ੀ ਦੇ ਨਾਲ ਉਸ ਨੇ ਆਪਣੀਆਂ ਕੁਝ ਮੈਡੀਕਲ ਰਿਪੋਰਟਾਂ ਵੀ ਲਾਈਆਂ ਸਨ, ਜਿਸ ਵਿੱਚ ਉਸ ਨੂੰ ਮਾਨਸਿਕ ਰੋਗ ਨਾਲ ਸੰਬੰਧਤ ਬਿਮਾਰੀ ਦਾ ਜ਼ਿਕਰ ਸ਼ਾਮਲ ਹੈ। ਉਹਨਾਂ ਦਾਅਵਾ ਕੀਤਾ ਕਿ ਇਸ ਸੰਬੰਧੀ ਕੋਈ ਰਿਕਾਰਡ ਨਹੀਂ ਹੈ ਕਿ ਬੀਬੀ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਕੋਈ ਵਾਹਨ ਅਤੇ ਡਰਾਈਵਰ ਸਮੇਤ ਕੋਈ ਵੀ ਆਈ ਪੀ ਟਰੀਟਮੈਂਟ ਦਿੱਤੀ ਗਈ ਹੈ। ਉਹਨਾ ਇੱਕ ਵਾਰ ਮੁੜ ਇਸ ਮਾਮਲੇ ਦੀ ਸੀ ਬੀ ਆਈ ਜਾਂਚ ਦੀ ਮੰਗ ਕੀਤੀ ਹੈ।

### ਧਾਮੀ ਦੀ ਸਫਾਈ ...

ਸਿੰਘ ਧਾਮੀ ਨੇ ਇਹ ਸਪੱਸ਼ਟ ਕਿਉਂ ਨਹੀਂ ਕੀਤਾ ਕਿ ਅੰਮ੍ਰਿਤਸਰ ਸਰਾਂ ਵਿੱਚ ਜਦੋਂ ਉਹ ਮਹਿਲਾ ਆਈ ਸੀ ਤਾਂ ਉਸ ਲਈ ਕਮਰਾ ਬੁੱਕ ਕਰਨ ਦੀ ਸਿਫ਼ਾਰਸ਼ ਕਿਸ ਨੇ ਕੀਤੀ ਸੀ? ਉਨ੍ਹਾ ਪੁੱਛਿਆ, 'ਜੇਕਰ ਐੱਸ ਜੀ ਪੀ ਸੀ ਕੋਲ ਸ੍ਰੀ ਅਨੰਦਪੁਰ ਸਾਹਿਬ ਅਤੇ ਅੰਮ੍ਰਿਤਸਰ ਵਿੱਚ ਉਸ ਦੇ ਠਹਿਰਨ ਵਾਲੇ ਕਮਰਿਆਂ ਦਾ ਰਿਕਾਰਡ ਹੈ, ਤਾਂ ਉਸ ਰਿਕਾਰਡ ਤੋਂ ਇਹ ਵੀ ਸਪੱਸ਼ਟ ਹੋਣਾ ਚਾਹੀਦਾ ਹੈ ਕਿ ਉਹ ਕਮਰੇ ਕਿਸ ਨੇ ਅਤੇ ਕਿਸ ਦੀ ਸਿਫ਼ਾਰਸ਼ 'ਤੇ ਬੁੱਕ ਕੀਤੇ ਸਨ। ਇਸ ਬੁਨਿਆਦੀ ਸਵਾਲ ਦਾ ਜਵਾਬ ਕਿਉਂ ਨਹੀਂ ਦਿੱਤਾ ਗਿਆ?'

ਪੰਨੂ ਨੇ ਇਹ ਵੀ ਮੰਗ ਕੀਤੀ ਕਿ ਹਰਜਿੰਦਰ ਸਿੰਘ ਧਾਮੀ ਉਸ ਮਹਿਲਾ ਵੱਲੋਂ ਕੈਂਸਰ ਦੇ ਇਲਾਜ ਲਈ 1 ਲੱਖ ਰੁਪਏ ਦੀ ਸਹਾਇਤਾ ਵਾਸਤੇ ਦਿੱਤੀ ਗਈ ਅਰਜ਼ੀ ਨੂੰ, ਉਸ ਦਾ ਨਾਂਅ ਅਤੇ ਹੋਰ ਨਿੱਜੀ ਵੇਰਵੇ ਹਟਾ ਕੇ (ਜੇਕਰ ਜ਼ਰੂਰੀ ਹੋਵੇ), ਜਨਤਕ ਕਰਨ।ਉਨ੍ਹਾ ਕਿਹਾ, 'ਅਰਜ਼ੀ ਨਾਲ ਕਿਹੜੇ ਡਾਕਟਰੀ ਦਸਤਾਵੇਜ਼ ਜਮ੍ਹਾਂ ਕਰਵਾਏ ਗਏ ਸਨ? ਸਹਾਇਤਾ ਦੀ ਸਿਫ਼ਾਰਸ਼ ਕਿਸ ਨੇ ਕੀਤੀ ਸੀ? ਜਦੋਂ ਐੱਸ ਜੀ ਪੀ ਸੀ ਆਪ ਗੁਰੂ ਰਾਮਦਾਸ ਹਸਪਤਾਲ ਵਰਗੇ ਹਸਪਤਾਲ ਚਲਾਉਂਦੀ ਹੈ, ਤਾਂ ਇਲਾਜ ਬਾਹਰੋਂ ਕਿਉਂ ਕਰਵਾਇਆ ਜਾ ਰਿਹਾ ਸੀ? ਪੂਰਾ ਰਿਕਾਰਡ ਇਨ੍ਹਾਂ ਸਵਾਲਾਂ ਦੇ ਜਵਾਬ ਦੇਣ ਵਿੱਚ ਮਦਦ ਕਰ ਸਕਦਾ ਹੈ। ਪੰਨੂ ਨੇ ਕਿਹਾ, 'ਜੇਕਰ ਉਨ੍ਹਾ ਕੋਲ ਲੁਕਾਉਣ ਲਈ ਕੁਝ ਨਹੀਂ ਹੈ, ਤਾਂ ਮਹਿਲਾ ਦੀ ਪਛਾਣ ਸੁਰੱਖਿਅਤ ਰੱਖਦੇ ਹੋਏ ਅਰਜ਼ੀ ਨੂੰ ਜਨਤਕ ਕੀਤਾ ਜਾਵੇ। ਤੱਥਾਂ ਨੂੰ ਆਪਣੇ ਆਪ ਬੋਲਣ ਦਿਓ।'

ਉਹਨਾ ਕਿਹਾ ਕਿ ਅਜਿਹਾ ਜਾਪਦਾ ਹੈ ਕਿ ਇਸ ਆਮ ਨਤੀਜੇ 'ਤੇ ਪਹੁੰਚਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਮਹਿਲਾ ਮਾਨਸਿਕ ਤੌਰ 'ਤੇ ਪਰੇਸ਼ਾਨ ਸੀ। ਉਨ੍ਹਾ ਸਵਾਲ ਚੁੱਕਿਆ ਕਿ ਕੀ ਅਸਲ ਸਵਾਲਾਂ ਦੇ ਜਵਾਬ ਦੇਣ ਤੋਂ ਬਚਣ ਲਈ ਇਹ ਬਹਾਨਾ ਬਣਾਇਆ ਜਾ ਰਿਹਾ ਹੈ? ਉਨ੍ਹਾ ਕਿਹਾ, 'ਕੋਈ ਮਾਨਸਿਕ ਤੌਰ 'ਤੇ ਪਰੇਸ਼ਾਨ ਹੈ ਜਾਂ ਨਹੀਂ, ਇਸ ਨਾਲ ਇਹ ਜਵਾਬ ਨਹੀਂ ਮਿਲਦਾ ਕਿ ਕਮਰੇ ਕਿਸ ਨੇ ਬੁੱਕ ਕੀਤੇ, ਬੁਕਿੰਗ ਦੀ ਸਿਫ਼ਾਰਸ਼ ਕਿਸ ਨੇ ਕੀਤੀ, ਠਹਿਰਨ ਦੀ ਸਹੂਲਤ ਕਿਸ ਨੇ ਦਿੱਤੀ, ਕਿਹੜੀਆਂ ਗੱਡੀਆਂ ਵਰਤੀਆਂ ਗਈਆਂ ਅਤੇ ਕੀ ਸਹਾਇਤਾ ਮੰਗੀ ਗਈ ਸੀ। ਇਹ ਅਲੱਗ ਸਵਾਲ ਹਨ ਅਤੇ ਇਨ੍ਹਾਂ ਦੇ ਤੱਥਾਂ ਤੇ ਆਧਾਰਤ ਜਵਾਬ ਚਾਹੀਦੇ ਹਨ।'

ਐੱਸ ਜੀ ਪੀ ਸੀ ਵੱਲੋਂ ਦਿੱਤੇ ਗਏ 15 ਦਿਨਾਂ ਦੀ ਫੈਕਟ-ਫਾਈਂਡਿੰਗ ਜਾਂਚ ਦੇ ਹੁਕਮਾਂ 'ਤੇ ਸਵਾਲ ਚੁੱਕਦਿਆਂ ਬਲਤੇਜ ਪੰਨੂ ਨੇ ਪੁੱਛਿਆ ਕਿ ਕੀ ਕਮੇਟੀ ਨੇ ਮੈਨੇਜਰ, ਸਟਾਫ਼ ਅਤੇ ਇਸ ਮਾਮਲੇ ਨਾਲ ਜੁੜੇ ਹੋਰ ਲੋਕਾਂ ਤੋਂ ਪੁੱਛਗਿੱਛ ਕੀਤੀ ਹੈ? ਕੀ ਵਾਹਨਾਂ ਦੀ ਆਵਾਜਾਈ ਦੇ ਰਿਕਾਰਡ ਦੀ ਜਾਂਚ ਕੀਤੀ ਗਈ ਹੈ, ਡਰਾਈਵਰਾਂ ਦੀ ਪਛਾਣ ਕੀਤੀ ਗਈ ਹੈ ਅਤੇ ਇਹ ਚੈੱਕ ਕੀਤਾ ਗਿਆ ਹੈ ਕਿ ਵੱਖ-ਵੱਖ ਸਰਾਵਾਂ ਵਿੱਚ ਬੁਕਿੰਗ ਕਿਸ ਨੇ ਕੀਤੀ ਸੀ? ਉਨ੍ਹਾਂ ਪੁੱਛਿਆ, 'ਕੀ ਕਮੇਟੀ ਨੇ ਮੈਨੇਜਰ ਤੋਂ ਪੁੱਛਗਿੱਛ ਕੀਤੀ? ਕੀ ਸਟਾਫ਼ ਤੋਂ ਪੁੱਛਗਿੱਛ ਕੀਤੀ? ਕੀ ਮਾਮਲੇ ਨਾਲ ਜੁੜੇ ਹੋਰ ਲੋਕਾਂ ਨਾਲ ਗੱਲ ਕੀਤੀ? ਕੀ ਵਾਹਨਾਂ ਦੇ ਰਿਕਾਰਡ ਦੀ ਜਾਂਚ ਕੀਤੀ? ਕੀ ਡਰਾਈਵਰਾਂ ਦੀ ਪਛਾਣ ਕੀਤੀ? ਕੀ ਇਹ ਚੈੱਕ ਕੀਤਾ ਕਿ ਵੱਖ-ਵੱਖ ਸਰਾਵਾਂ ਵਿੱਚ ਬੁਕਿੰਗ ਕਿਸ ਨੇ ਕੀਤੀ ਸੀ?'

ਪੰਨੂ ਨੇ ਕਿਹਾ, 'ਸਿਰਫ਼ ਕੁਝ ਸਰਾਂ ਦੇ ਰਜਿਸਟਰਾਂ ਦੀ ਜਾਂਚ ਕਰਨ ਨਾਲ ਇਨ੍ਹਾਂ ਵੱਡੇ ਸਵਾਲਾਂ ਦੇ ਜਵਾਬ ਨਹੀਂ ਮਿਲ ਸਕਦੇ। ਫੈਕਟ-ਫਾਈਂਡਿੰਗ ਜਾਂਚ ਤੋਂ ਇਹ ਸਪੱਸ਼ਟ ਹੋਣਾ ਚਾਹੀਦਾ ਹੈ ਕਿ ਮਹਿਲਾ ਉੱਥੇ ਏਨਾ ਸਮਾਂ ਕਿਉਂ ਰਹੀ ਅਤੇ ਉਸ ਦੇ ਠਹਿਰਨ ਦਾ ਪ੍ਰਬੰਧ ਕਿਸ ਨੇ ਕੀਤਾ।'

ਪੰਨੂ ਨੇ ਇਸ ਗੱਲ 'ਤੇ ਵੀ ਸਵਾਲ ਚੁੱਕਿਆ ਕਿ ਐੱਸ ਜੀ ਪੀ ਸੀ ਦਾ ਇਹ ਦਾਅਵਾ ਕਿ ਮਹਿਲਾ ਨੂੰ ਅਧਿਕਾਰਤ ਤੌਰ 'ਤੇ ਕੋਈ ਵਾਹਨ ਜਾਂ ਕਰਮਚਾਰੀ ਮੁਹੱਈਆ ਨਹੀਂ ਕਰਵਾਇਆ ਗਿਆ ਸੀ, ਜਦਕਿ ਇਹ ਮੰਨਿਆ ਗਿਆ ਹੈ ਕਿ ਉਸ ਲਈ ਕਮਰੇ ਰਾਖਵੇਂ ਰੱਖੇ ਗਏ ਸਨ। ਉਨ੍ਹਾਂ ਪੁੱਛਿਆ, 'ਜੇਕਰ ਅਧਿਕਾਰਤ ਤੌਰ 'ਤੇ ਕੋਈ ਵਾਹਨ ਜਾਂ ਕਰਮਚਾਰੀ ਨਹੀਂ ਦਿੱਤਾ ਗਿਆ ਸੀ, ਤਾਂ ਵਾਹਨਾਂ ਦੀ ਆਵਾਜਾਈ ਦਾ ਰਿਕਾਰਡ, ਡਰਾਈਵਰ ਦੇ ਵੇਰਵੇ ਅਤੇ ਬੁਕਿੰਗ ਰਿਕਾਰਡ ਇਹ ਸਪੱਸ਼ਟ ਕਰਨ ਵਿੱਚ ਮਦਦ ਕਰ ਸਕਦੇ ਹਨ ਕਿ ਅਸਲ ਵਿੱਚ ਕੀ ਵਾਪਰਿਆ ਸੀ। ਇਨ੍ਹਾਂ ਵੇਰਵਿਆਂ ਨੂੰ ਇੱਕ ਅਲੱਗ ਮੁੱਦਾ ਕਿਉਂ ਮੰਨਿਆ ਜਾਵੇ?'

ਡਰਾਈਵਰ ਬਾਰੇ ਅਮਰਜੀਤ ਸਿੰਘ ਚਾਵਲਾ ਦੇ ਬਿਆਨਾਂ ਦਾ ਹਵਾਲਾ ਦਿੰਦਿਆਂ 'ਆਪ' ਪੰਜਾਬ ਦੇ ਮੀਡੀਆ ਇੰਚਾਰਜ ਨੇ ਕਿਹਾ ਕਿ ਅਜਿਹੀ ਜਾਣਕਾਰੀ ਦੀ ਜਾਂਚ ਫੈਕਟ-ਫਾਈਂਡਿੰਗ ਕਮੇਟੀ ਦੁਆਰਾ ਕੀਤੀ ਜਾਣੀ ਚਾਹੀਦੀ ਸੀ, ਨਾ ਕਿ ਇਸ ਨੂੰ 'ਅਲੱਗ ਮੁੱਦਾ' ਕਹਿ ਕੇ ਰੱਦ ਕਰ ਦਿੱਤਾ ਜਾਣਾ ਚਾਹੀਦਾ ਸੀ। ਉਨ੍ਹਾ ਕਿਹਾ, 'ਅਮਰਜੀਤ ਸਿੰਘ ਚਾਵਲਾ ਨੇ ਡਰਾਈਵਰ ਬਾਰੇ ਗੱਲ ਕੀਤੀ ਹੈ। ਜੇਕਰ ਅਜਿਹੀ ਜਾਣਕਾਰੀ ਮੌਜੂਦ ਹੈ, ਤਾਂ ਕਮੇਟੀ ਨੂੰ ਇਸ ਦੀ ਜਾਂਚ ਕਰਨੀ ਚਾਹੀਦੀ ਹੈ। ਫੈਕਟ-ਫਾਈਂਡਿੰਗ ਜਾਂਚ ਦਾ ਮਕਸਦ ਅਸਲ ਤੱਥ ਸਾਹਮਣੇ ਲਿਆਉਣਾ ਹੁੰਦਾ ਹੈ, ਨਾ ਕਿ ਇਹ ਤੈਅ ਕਰਨਾ ਕਿ ਕਿਹੜੇ ਤੱਥ ਸੁਵਿਧਾਜਨਕ ਹਨ ਅਤੇ ਕਿਹੜੇ ਅਸੁਵਿਧਾਜਨਕ'

ਪੰਨੂ ਨੇ ਕਿਹਾ, 'ਜੇਕਰ ਸੀ ਬੀ ਆਈ ਜਾਂਚ ਦੀ ਤਜਵੀਜ਼ ਦਿੱਤੀ ਜਾ ਰਹੀ ਹੈ, ਤਾਂ ਇਸ ਦੇ ਪੂਰੇ ਰਿਕਾਰਡ 'ਤੇ ਵੀ ਚਰਚਾ ਹੋਣੀ ਚਾਹੀਦੀ ਹੈ। ਲੋਕਾਂ ਨੂੰ ਇਹ ਪੁੱਛਣ ਦਾ ਹੱਕ ਹੈ ਕਿ ਪਿਛਲੇ ਕੇਸਾਂ ਵਿੱਚ ਜੋ ਹੋਇਆ, ਉਸ ਨੂੰ ਹੱਲ ਕੀਤੇ ਬਿਨਾਂ ਉਹ ਇੱਕ ਹੋਰ ਜਾਂਚ 'ਤੇ ਕੀ ਭਰੋਸਾ ਕਰਨ।'

## ਫੂਡ ਸੇਫਟੀ ਅਫ਼ਸਰ ਅਭਿਨਵ ਖੋਸਲਾ ਦੀ ਮੁਅੱਤਲੀ ਤੁਰੰਤ ਰੱਦ ਕੀਤੀ ਜਾਵੇ : ਸੰਧੂ, ਭੁਲੇਰੀਆ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਭਾਰਤੀ ਕਿਸਾਨ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਫੁਰਮਾਨ ਸਿੰਘ ਸੰਧੂ ਨੇ ਕਿਹਾ ਹੈ ਕਿ ਮਿਲਾਵਟਖੋਰੀ ਵਿਰੁੱਧ ਸਖ਼ਤ ਮੁਹਿੰਮ ਚਲਾਉਣ ਵਾਲੇ ਫੂਡ ਸੇਫਟੀ ਅਫ਼ਸਰ ਅਭਿਨਵ ਖੋਸਲਾ ਨੂੰ ਸਿਆਸੀ ਦਬਾਅ ਹੇਠ ਦੱਬਿਆ ਜਾ ਰਿਹਾ ਹੈ। ਜੇਕਰ ਅਭਿਨਵ ਖੋਸਲਾ ਦੇ ਮੁਅੱਤਲੀ ਦੇ ਹੁਕਮ ਰੱਦ ਨਾ ਹੋਏ ਤਾਂ ਸਾਡੀ ਜਥੇਬੰਦੀ ਵੱਲੋਂ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ। ਭਾਰਤੀ ਕਿਸਾਨ ਯੂਨੀਅਨ ਪੰਜਾਬ ਦੀ ਸਮੂਹ ਜਥੇਬੰਦੀ ਇੱਕਜੁੱਟ ਹੋ ਕੇ ਮੰਗ ਕਰਦੀ ਹੈ ਕਿ ਖੋਸਲਾ ਦੀ ਮੁਅੱਤਲੀ ਦੇ ਹੁਕਮਾਂ ਨੂੰ ਤੁਰੰਤ ਰੱਦ ਕੀਤਾ ਜਾਵੇ। ਫੁਰਮਾਨ ਸਿੰਘ ਸੰਧੂ ਨੇ ਕਿਹਾ ਹੈ ਕਿ ਅਭਿਨਵ ਖੋਸਲਾ ਨੂੰ ਮੁਅੱਤਲ ਕਰਨ ਦਾ ਫੈਸਲਾ ਬਿਲਕੁਲ ਗ਼ਲਤ ਹੈ। ਇਹ ਸਪੱਸ਼ਟ ਤੌਰ 'ਤੇ ਸਿਆਸੀ ਦਬਾਅ ਹੇਠ ਲਿਆ ਗਿਆ ਜਾਪਦਾ ਹੈ। ਉਨ੍ਹਾਂ ਕਿਹਾ ਕਿ ਖੋਸਲਾ ਲੋਕਾਂ ਦੀ ਸਿਹਤ ਦੀ ਰੱਖਿਆ ਲਈ ਇਮਾਨਦਾਰੀ ਨਾਲ ਕੰਮ ਕਰ ਰਹੇ ਸਨ। ਆਮ ਜਨਤਾ ਉਨ੍ਹਾਂ ਦੀਆਂ ਕੋਸ਼ਿਸ਼ਾਂ ਦੀ ਸ਼ਲਾਘਾ ਕਰ ਰਹੀ ਸੀ। ਕੀ ਸਰਕਾਰ ਚਾਹੁੰਦੀ ਹੈ ਕਿ ਲੋਕਾਂ ਨੂੰ ਖਾਣ ਲਈ ਮਿਲਾਵਟੀ ਦੁੱਧ, ਪਨੀਰ, ਖੋਆ, ਦੇਸੀ ਘਿਉ, ਮਠਿਆਈਆਂ ਪਰੋਸ ਕੇ ਦਿੱਤੀਆਂ ਜਾਣ। ਇਹ ਸਿੱਧਾ ਸਿੱਧਾ ਲੋਕਾਂ ਦੀ ਸਿਹਤ ਨਾਲ ਖਿਲਵਾੜ ਹੋ ਰਿਹਾ ਹੈ। ਜੇਕਰ ਕਿਸੇ ਅਫ਼ਸਰ ਨੇ ਆਪਣੀ ਇਹ ਹਿੰਮਤ ਵਿਖਾਈ ਹੈ, ਪੰਜਾਬ ਸਰਕਾਰ ਨੂੰ ਉਨ੍ਹਾਂ ਦੀ ਪ੍ਰਸ਼ੰਸਾ ਕਰਨੀ ਚਾਹੀਦੀ ਸੀ, ਨਾ ਕਿ ਉਨ੍ਹਾਂ ਨੂੰ ਮੁਅੱਤਲ ਕਰਕੇ ਲੋਕਾਂ ਵਿਚ ਇਹ ਸੁਨੇਹਾ ਦਿੱਤਾ ਜਾਵੇ ਕਿ ਜਿਹੜਾ ਅਫਸਰ ਇਮਾਨਦਾਰੀ ਨਾਲ ਕੰਮ ਕਰਨ ਦੀ ਕੋਸ਼ਿਸ਼ ਕਰੇਗਾ, ਉਸ ਨੂੰ ਇਹੋ ਨਤੀਜੇ ਭੁਗਤਣੇ ਪੈਣਗੇ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਅਫ਼ਸਰ ਦੀ ਬਹਾਲੀ ਨਾ ਕੀਤੀ ਗਈ ਤਾਂ ਸਾਡੀ ਭਾਰਤੀ ਕਿਸਾਨ ਯੂਨੀਅਨ ਪੰਜਾਬ ਸੰਘਰਸ਼ ਨੂੰ ਹੋਰ ਤਿੱਖਾ ਕਰੇਗਾ। ਇਨ੍ਹਾਂ ਨਾਲ ਭਾਰਤੀ ਕਿਸਾਨ ਯੂਨੀਅਨ ਦੇ ਪ੍ਰੈੱਸ ਸਕੱਤਰ ਸੂਬੇਦਾਰ ਜਸਵਿੰਦਰ ਸਿੰਘ ਭੁਲੇਰੀਆ, ਜਨਰਲ ਸੱਕਤਰ ਪੰਜਾਬ ਭੁਪਿੰਦਰ ਸਿੰਘ ਔਲਖ, ਜ਼ਿਲ੍ਹਾ ਫਿਰੋਜ਼ਪੁਰ ਦੇ ਪ੍ਰਧਾਨ ਹਰਦੀਪ ਸਿੰਘ ਗਿੱਲ ਕਰਮੂੰਵਾਲਾ, ਰਸਾਲ ਸਿੰਘ ਸੰਧੂ ਤੇ ਹੋਰ ਬਹੁਤ ਸਾਰੇ ਮੈਂਬਰ ਹਾਜ਼ਰ ਸਨ।

## 'ਭਾਰਤ ਕੋ ਜਾਣੋ' ਮੁਕਾਬਲਿਆਂ ਦਾ ਦੂਜਾ ਪੜਾਅ ਸ਼ੁਰੂ



**ਗੁਰੂ ਹਰ ਸਹਾਏ (ਸਿਕਰੀ)**-ਜੇ ਕੇ ਐੱਸ ਪਬਲਿਕ ਸਕੂਲ, ਗੁਰੂਹਰਸਹਾਏ ਵਿੱਚ 'ਭਾਰਤ ਕੋ ਜਾਣੋ' ਮੁਕਾਬਲੇ ਦੇ ਦੂਜੇ ਪੜਾਅ ਦਾ ਆਯੋਜਨ ਉਤਸ਼ਾਹ ਨਾਲ ਕੀਤਾ ਗਿਆ।ਇਸ ਮੁਕਾਬਲੇ ਦਾ ਆਯੋਜਨ ਭਾਰਤ ਵਿਕਾਸ ਪ੍ਰੀਸ਼ਦ ਦੇ ਮੈਂਬਰਾਂ ਬੂੜ ਚੰਦ ਬਿੰਦਰਾ, ਮਦਨ ਮੋਹਨ ਕੰਧਾਰੀ, ਕੋਮਲ ਸ਼ਰਮਾ ਅਤੇ ਸੋਨੂੰ ਗੁੰਬਰ ਨੇ ਕੀਤਾ।ਇਸ ਮੁਕਾਬਲੇ ਵਿੱਚ ਜੇ.ਕੇ.ਐੱਸ.ਪਬਲਿਕ ਸਕੂਲ, ਜੀ.ਟੀ.ਬੀ.ਸਕੂਲ ਤੇ ਐੱਮ.ਐੱਸ.ਕੇ.ਪੀ. ਸਕੂਲ ਦੇ ਵਿਦਿਆਰਥੀਆਂ ਨੇ ਭਾਗ ਲਿਆ।ਮੁਕਾਬਲਿਆਂ ਵਿੱਚ ਜੇ.ਕੇ.ਐੱਸ ਪਬਲਿਕ ਸਕੂਲ ਦੇ ਜੂਨੀਅਰ ਵਰਗ ਵਿੱਚ ਕਾਰਤਿਕੇ ਅਤੇ ਜਾਨਮ ਗਲਹੋਤਰਾ, ਸੀਨੀਅਰ ਵਰਗ ਵਿੱਚ ਏਕਮਦੀਪ ਕੌਰ ਅਤੇ ਖੁਸ਼ਪ੍ਰੀਤ ਕੌਰ ਨੇ ਦੂਜਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਮਾਣ ਵਧਾਇਆ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਮੀਨੂੰ ਮੋਂਗਾ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਪ੍ਰਤਿਯੋਗਿਤਾਵਾਂ ਵਿਦਿਆਰਥੀਆਂ ਵਿੱਚ ਆਮ ਗਿਆਨ, ਵਿਸ਼ਵਾਸ, ਪ੍ਰਤੀਯੋਗੀ ਭਾਵਨਾ ਅਤੇ ਦੇਸ਼ ਦੀ ਪ੍ਰਤੀਨਿਧਤਾ ਵਧਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।

## ਏਕਤਾ ਉਗਰਾਹਾਂ ਵੱਲੋਂ ਡੀ ਸੀ ਦਫਤਰ ਦਾ ਘਿਰਾਓ



**ਲੁਧਿਆਣਾ (ਸਤੀਸ਼ ਸਚਦੇਵਾ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਡੀ ਸੀ ਦਫਤਰ ਦਾ ਘਿਰਾਓ ਕੀਤਾ ਗਿਆ ਕਿਉਂਕਿ ਪਹਿਲਾਂ 16 ਦਿਨ ਲਗਾਤਾਰ ਡੀ ਸੀ ਦਫਤਰਾਂ ਅੱਗੇ ਧਰਨੇ ਦਿੱਤੇ ਗਏ ਪਰ ਕਿਸੇ ਨੇ ਕਿਸਾਨਾਂ ਮੰਗਾਂ ਬਾਰੇ ਗੱਲਬਾਤ ਨਹੀਂ ਕੀਤੀ। ਮੰਗਲਵਾਰ ਨੂੰ ਵਿੱਡੀ ਗਿਣਤੀ ਵਿੱਚ ਕਿਸਾਨਾਂ ਨੇ ਡੀ ਸੀ ਦਫਤਰ ਦੇ ਸਾਰੇ ਗੇਟ ਬੰਦ ਕਰ ਦਿੱਤੇ। ਇਸ ਵੇਲੇ ਆਗੂਆਂ ਕਿਹਾ ਕਿ ਸਰਕਾਰ ਜਾਣ ਬੁੱਝ ਕੇ ਕਿਸਾਨਾਂ ਦੀਆਂ ਮੰਗਾਂ ਵੱਲ ਕੋਈ ਧਿਆਨ ਨਹੀਂ ਦੇ ਰਹੀ ਅਸਲ ਵਿੱਚ ਸਰਕਾਰ ਟਾਲਾ ਵੱਟ ਕੇ ਆਪਣਾ ਡੰਗ ਟਪਾ ਰਹੀ ਹੈ ਅਤੇ ਕਾਰਪੋਰੇਟ ਪੱਖੀ ਲੈਂਡ ਪੋਲਿੰਗ ਨੀਤੀ, ਬਿਜਲੀ ਬਿੱਲ, ਬੀਜ ਬਿੱਲ ਅਤੇ ਹੋਰ ਬਿੱਲ ਲਿਆ ਕੇ ਆਮ ਜਨਤਾ ਦਾ ਕਚੂੰਬਰ ਕੱਢਣ ਜਾ ਰਹੀ ਹੈ। ਕਿਸਾਨਾਂ ਨੂੰ ਜ਼ਿਲਾ ਪ੍ਰਧਾਨ ਚਰਨ ਸਿੰਘ ਨੂਰਪੁਰ, ਸਕੱਤਰ ਸੁਦਾਗਰ ਸਿੰਘ ਘੁਡਾਣੀ, ਮਨੋਹਰ ਸਿੰਘ ਕਲਾਹੜ, ਬਲਵੰਤ ਸਿੰਘ ਘੁਡਾਣੀ, ਚਰਨਜੀਤ ਸਿੰਘ ਫੱਲੇਵਾਲ, ਤੇ ਬਲਾਕਾਂ ਦੇ ਪ੍ਰਧਾਨ ਸਕੱਤਰ ਤੇ ਮਜ਼ਦੂਰ ਆਗੂ ਹਰਜਿੰਦਰ ਸਿੰਘ ਨੇ ਵੀ ਸੰਬੋਧਨ ਕੀਤਾ।

## ਵਿਧਾਇਕ ਨੇ ਜਲਾਲਾਬਾਦ ਤੇ ਘੁਬਾਇਆ 'ਚ ਝੋਨੇ ਦੀ ਖਰੀਦ ਸ਼ੁਰੂ ਕਰਵਾਈ



**ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ/ਨਿਸ਼ਾ ਸ਼ਰਮਾ)**-ਵਿਧਾਇਕ ਜਲਾਲਾਬਾਦ ਸ੍ਰੀ ਜਗਦੀਪ ਕੰਬੋਜ ਗੋਲਡੀ ਨੇ ਦਾਣਾ ਮੰਡੀ ਜਲਾਲਾਬਾਦ ਤੇ ਘੁਬਾਇਆ ਵਿਖੇ ਕਿਸਾਨਾਂ ਵੱਲੋਂ ਲਿਆਂਦੇ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ ਤੇ ਕਿਸਾਨਾਂ ਦਾ ਮੂੰਹ ਮਿੱਠਾ ਕਰਵਾ ਕੇ ਉਨ੍ਹਾਂ ਨੂੰ ਜੀ ਆਇਆਂ ਕਿਹਾ।ਇਸ ਮੌਕੇ ਬੋਲਦਿਆਂ ਵਿਧਾਇਕ ਗੋਲਡੀ ਕੰਬੋਜ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਮੰਡੀਆਂ ਵਿੱਚ ਸਾਰੇ ਖ਼ਰੀਦ ਪ੍ਰਬੰਧ ਮੁਕੰਮਲ ਕੀਤੇ ਗਏ ਹਨ ਤੇ ਕਿਸਾਨਾਂ, ਮਜ਼ਦੂਰਾਂ ਤੇ ਆੜ੍ਹਤੀਆਂ ਨੂੰ ਖ਼ਰੀਦ ਸੀਜ਼ਨ ਦੌਰਾਨ ਮੰਡੀਆਂ ਵਿੱਚ ਇਸ ਵਾਰ ਵੀ ਕਿਸੇ ਤਰ੍ਹਾਂ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਰਾਜ ਦੇ ਕਿਸਾਨਾਂ, ਮਜ਼ਦੂਰਾਂ ਤੇ ਹਰ ਵਰਗ ਦੀ ਭਲਾਈ ਲਈ ਯਤਨਸ਼ੀਲ ਹੈ।ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਖਰੀਦੀ ਗਈ ਝੋਨੇ ਦੀ ਫਸਲ ਦੀ ਅਦਾਇਗੀ ਵੀ ਖਰੀਦ ਏਜੰਸੀਆਂ ਵੱਲੋਂ ਮਿੱਥੇ ਸਮੇਂ ਵਿੱਚ ਉਨ੍ਹਾਂ ਦੇ ਖਾਤਿਆਂ ਵਿੱਚ ਕੀਤੀ ਜਾਵੇਗੀ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ 'ਚ ਸੁੱਕੀ ਫਸਲ ਹੀ ਲੈ ਕੇ ਆਉਣ ਤਾਂ ਜੋ ਉਨ੍ਹਾਂ ਨੂੰ ਮੰਡੀ ਵਿੱਚ ਕਿਸੇ ਤਰ੍ਹਾਂ ਦੀ ਦਿੱਕਤ ਨਾ ਆਵੇ ਤੇ ਮੰਡੀਆਂ ਵਿੱਚ ਭੀੜ ਦੀ ਸਮੱਸਿਆ ਨਾ ਬਣੇ।ਇਸ ਮੌਕੇ ਮਾਰਕਿਟ ਕਮੇਟੀ ਜਲਾਲਾਬਾਦ ਦੇ ਚੇਅਰਮੈਨ ਪ੍ਰਦੀਪ ਚੁੱਘ ਆਦਿ ਹਾਜ਼ਰ ਸਨ।

## ਕਣਕ ਸਮੇਤ ਛੇ ਰੱਬੀ ਫ਼ਸਲਾਂ ਦੇ ਸਮਰਥਨ ਮੁੱਲ ਦੇ ਵਾਧੇ ਦਾ ਸਵਾਗਤ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਰੱਬੀ ਮਾਰਕੀਟਿੰਗ ਸੀਜ਼ਨ 2027-28 ਲਈ ਛੇ ਮੁੱਖ ਰੱਬੀ ਫਸਲਾਂ ਦੀ ਘੱਟੋ-ਘੱਟ ਸਮਰਥਨ ਮੁੱਲ (ਐੱਮ.ਐੱਸ.ਪੀ) ਵਿੱਚ ਕੀਤੇ ਵਾਧੇ ਦਾ ਭਾਜਪਾ ਆਗੂ ਐਡਵੋਕੇਟ ਅਮਿਤ ਅਗਰਵਾਲ ਨੇ ਸਵਾਗਤ ਕੀਤਾ ਹੈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦਾ ਇਹ ਫੈਸਲਾ ਕਿਸਾਨਾਂ ਨੂੰ ਉਨ੍ਹਾਂ ਦੀਆਂ ਫ਼ਸਲਾਂ ਦਾ ਲਾਹੇਵੰਦ ਮੁੱਲ ਦਿਵਾਉਣ ਤੇ ਖੇਤੀਬਾੜੀ ਨੂੰ ਹੋਰ ਮਜ਼ਬੂਤ ਕਰਨ ਵੱਲ ਅਹਿਮ ਕਦਮ ਹੈ।ਐਡਵੋਕੇਟ ਅਗਰਵਾਲ ਨੇ ਕਿਹਾ ਕਿ ਨਵੀਆਂ ਦਰਾਂ ਤਹਿਤ ਕਣਕ ਦੀ ਐੱਮ.ਐੱਸ.ਪੀ. 2585 ਰੁਪਏ ਤੋਂ ਵਧਾ ਕੇ 2610 ਰੁਪਏ ਪ੍ਰਤੀ ਕੁਇੰਟਲ ਕਰ ਦਿੱਤੀ ਗਈ ਹੈ, ਜਿਸ ਵਿੱਚ 25 ਰੁਪਏ ਦਾ ਵਾਧਾ ਹੋਇਆ ਹੈ।ਇਸੇ ਤਰ੍ਹਾਂ ਜੌਂ ਦੀ ਐੱਮ.ਐੱਸ.ਪੀ. 2150 ਰੁਪਏ ਤੋਂ ਵਧਾ ਕੇ 2286 ਰੁਪਏ ਪ੍ਰਤੀ ਕੁਇੰਟਲ ਕੀਤੀ ਗਈ ਹੈ, ਜਿਸ ਵਿੱਚ 136 ਰੁਪਏ ਦਾ ਵਾਧਾ ਹੈ।ਉਨ੍ਹਾਂ ਦੱਸਿਆ ਕਿ ਛੋਲਿਆਂ ਦੀ ਐੱਮ.ਐੱਸ.ਪੀ. 5875 ਰੁਪਏ ਤੋਂ ਵਧਾ ਕੇ 5958 ਰੁਪਏ ਪ੍ਰਤੀ ਕੁਇੰਟਲ ਕਰ ਦਿੱਤੀ ਗਈ ਹੈ, ਜਦਕਿ ਮਸੂਰ ਦੀ ਐੱਮ.ਐੱਸ.ਪੀ. 7000 ਰੁਪਏ ਤੋਂ ਵਧਾ ਕੇ 7390 ਰੁਪਏ ਪ੍ਰਤੀ ਕੁਇੰਟਲ ਕੀਤੀ ਗਈ ਹੈ।ਇਸ ਨਾਲ ਮਸੂਰ ਦੇ ਭਾਅ ਵਿੱਚ 390 ਰੁਪਏ ਪ੍ਰਤੀ ਕੁਇੰਟਲ ਦਾ ਵਾਧਾ ਹੋਇਆ ਹੈ।ਭਾਜਪਾ ਆਗੂ ਨੇ ਅੱਗੇ ਕਿਹਾ ਕਿ ਰੇਪਸੀਡ ਤੇ ਸਰ੍ਹੋਂ ਦੀ ਐੱਮ.ਐੱਸ.ਪੀ. 6200 ਰੁਪਏ ਤੋਂ ਵਧਾ ਕੇ 6613 ਰੁਪਏ ਪ੍ਰਤੀ ਕੁਇੰਟਲ ਕੀਤੀ ਗਈ ਹੈ, ਜਿਸ ਵਿੱਚ 413 ਰੁਪਏ ਦਾ ਵਾਧਾ ਹੈ।ਇਸੇ ਤਰ੍ਹਾਂ ਕੁਸੁੰਭ ਦੀ ਐੱਮ.ਐੱਸ.ਪੀ. 6540 ਰੁਪਏ ਤੋਂ ਵਧਾ ਕੇ 7215 ਰੁਪਏ ਪ੍ਰਤੀ ਕੁਇੰਟਲ ਕਰ ਦਿੱਤੀ ਗਈ ਹੈ।ਕੁਸੁੰਭ ਦੀ ਐੱਮ.ਐੱਸ.ਪੀ. ਵਿੱਚ 675 ਰੁਪਏ ਪ੍ਰਤੀ ਕੁਇੰਟਲ ਦਾ ਸਭ ਤੋਂ ਵੱਧ ਵਾਧਾ ਕੀਤਾ ਗਿਆ ਹੈ।ਇਹ ਸਾਰੇ ਅੰਕੜੇ ਕੇਂਦਰੀ ਸਰਕਾਰ ਦੇ ਅਧਿਕਾਰਤ ਵੇਰਵਿਆਂ ਨਾਲ ਮੇਲ ਖਾਂਦੇ ਹਨ। ਐਡਵੋਕੇਟ ਅਮਿਤ ਅਗਰਵਾਲ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਦਾਲਾਂ ਤੇ ਤੇਲ ਬੀਜਾਂ ਨੂੰ ਵੀ ਉਤਸ਼ਾਹਤ ਕੀਤਾ ਜਾ ਰਿਹਾ ਹੈ ਤਾਂ ਜੁ ਕਿਸਾਨਾਂ ਨੂੰ ਵੱਖ-ਵੱਖ ਫਸਲਾਂ ਦੀ ਕਾਸ਼ਤ ਲਈ ਉਤਸ਼ਾਹ ਮਿਲੇ ਅਤੇ ਦੇਸ਼ ਖੇਤੀਬਾੜੀ ਉਤਪਾਦਨ ਵਿੱਚ ਹੋਰ ਆਤਮਨਿਰਭਰ ਬਣੇ।ਉਨ੍ਹਾਂ ਕਿਹਾ ਕਿ ਸਰਕਾਰ ਨੇ ਐੱਮ.ਐੱਸ.ਪੀ. ਤੈਅ ਕਰਦੇ ਸਮੇਂ ਉਤਪਾਦਨ ਲਾਗਤ ਤੇ ਕਿਸਾਨਾਂ ਨੂੰ ਮਿਲਣ ਵਾਲੇ ਮਾਰਜਨ ਨੂੰ ਵੀ ਧਿਆਨ ਵਿੱਚ ਰੱਖਿਆ ਹੈ।ਸਰਕਾਰੀ ਅੰਕੜਿਆਂ ਅਨੁਸਾਰ ਨਵੀਆਂ ਦਰਾਂ ਵਿੱਚ ਉਤਪਾਦਨ ਲਾਗਤ 'ਤੇ ਅਨੁਮਾਨਤ ਮਾਰਜਿਨ ਕਣਕ ਲਈ 106 ਫ਼ੀਸਦੀ, ਰੇਪਸੀਡ ਤੇ ਸਰ੍ਹੋਂ ਲਈ 96 ਫ਼ੀਸਦੀ ਅਤੇ ਮਸੂਰ ਲਈ 92 ਫ਼ੀਸਦੀ ਹੈ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Executive Editor : **Resham Singh** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਕਾਰਜਕਾਰੀ ਸੰਪਾਦਕ : **ਰੇਸ਼ਮ ਸਿੰਘ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

## ਪੀ. ਡਬਲਯੂ. ਡੀ. ਇੰਜੀਨੀਅਰਜ਼ ਐਸੋਸੀਏਸ਼ਨ ਦੀ ਨਵੀਂ ਕਾਰਜਕਾਰਨੀ ਦੀ ਚੋਣ

**ਤਰਸਿੱਕਾ, ਤਰਸੇਮ ਸਿੰਘ ਸਾਧਪੁਰ**)-ਪੀ. ਡਬਲਯੂ. ਡੀ. ਇੰਜੀਨੀਅਰਜ਼ ਐਸੋਸੀਏਸ਼ਨ ਦੀ ਜੀ. ਐੱਨ. ਈ. ਆਡੀਟੋਰੀਅਮ ਵਿਖੇ ਮੀਟਿੰਗ ਹੋਈ। ਮੀਟਿੰਗ ਦੌਰਾਨ 35 ਮੈਂਬਰੀ ਨਵੀਂ ਕਾਰਜਕਾਰਨੀ ਦੀ ਚੋਣ ਕੀਤੀ ਗਈ।ਇਸ ਮੀਟਿੰਗ ਵਿੱਚ ਪੰਜਾਬ ਭਰ ਤੋਂ ਨਿਗਰਾਨ ਇੰਜੀਨੀਅਰਾਂ, ਕਾਰਜਕਾਰੀ ਇੰਜੀਨੀਅਰਾਂ, ਉਪ ਮੰਡਲ ਇੰਜੀਨੀਅਰਾਂ ਸਮੇਤ ਵੱਖ-ਵੱਖ ਕਾਡਰਾਂ ਨਾਲ ਸਬੰਧਤ ਇੰਜੀਨੀਅਰਾਂ ਨੇ ਸ਼ਮੂਲੀਅਤ ਕੀਤੀ।ਮੀਟਿੰਗ ਦੌਰਾਨ ਇੰਜ. ਨਿਰਮਲ ਸਿੰਘ ਭੰਗੂ, ਐਕਸੀਅਨ ਨੂੰ ਐਸੋਸੀਏਸ਼ਨ ਦਾ ਪ੍ਰਧਾਨ ਅਤੇ ਇੰਜ. ਗੁਰਮੀਤ ਸਿੰਘ, ਐਕਸੀਅਨ ਨੂੰ ਜਨਰਲ ਸਕੱਤਰ ਚੁਣਿਆ ਗਿਆ।ਇਸ ਤੋਂ ਇਲਾਵਾ ਵੱਖ-ਵੱਖ ਅਹੁਦਿਆਂ ਲਈ ਹੋਰ ਅਹੁਦੇਦਾਰਾਂ ਦੀ ਵੀ ਚੋਣ ਕੀਤੀ ਗਈ।ਇਸ ਮੌਕੇ ਇੰਜੀਨੀਅਰਾਂ ਨੇ ਸਰਕਾਰ ਦੇ ਵਿੱਤੀ ਹਿੱਤਾਂ ਦੀ ਰਾਖੀ ਕਰਨ ਦੇ ਨਾਲ-ਨਾਲ ਸੂਬੇ ਦੇ ਲੋਕਾਂ ਨੂੰ ਵਿਸ਼ਵ ਪੱਧਰੀ ਬੁਨਿਆਦੀ ਢਾਂਚਾ ਮੁਹੱਈਆ ਕਰਵਾਉਣ ਲਈ ਆਪਣੀ ਵਚਨਬੱਧਤਾ ਪ੍ਰਗਟਾਈ।ਸਰਕਾਰ ਦੀਆਂ ਵਿਭਾਗ ਨਾਲ ਸਬੰਧਤ ਲੋਕ ਪੱਖੀ ਨੀਤੀਆਂ ਨੂੰ ਹੋਰ ਸੁਚਾਰੂ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਸਬੰਧੀ ਵੀ ਵਿਚਾਰ-ਵਟਾਂਦਰਾ ਕੀਤਾ ਗਿਆ।ਮੀਟਿੰਗ ਦੌਰਾਨ ਇਹ ਵੀ ਫੈਸਲਾ ਕੀਤਾ ਗਿਆ ਕਿ ਵਿਭਾਗ ਦੇ ਮੁਲਾਜ਼ਮਾਂ ਨਾਲ ਸਬੰਧਤ ਲੰਬਿਤ ਜਾਇਜ਼ ਅਤੇ ਹੱਕੀ ਮੰਗਾਂ ਦੇ ਨਿਪਟਾਰੇ ਲਈ ਜਲਦ ਹੀ ਉਚ ਅਧਿਕਾਰੀਆਂ ਨਾਲ ਮੀਟਿੰਗਾਂ ਕੀਤੀਆਂ ਜਾਣਗੀਆਂ।ਮੁਲਾਜ਼ਮਾਂ ਨਾਲ ਸਬੰਧਤ ਮਸਲਿਆਂ ਨੂੰ ਯੋਗ ਪੱਧਰ 'ਤੇ ਉਠਾਉਂਦਿਆਂ ਉਨ੍ਹਾਂ ਦੇ ਹੱਲ ਲਈ ਢੁੱਕਵੇਂ ਉਪਰਾਲੇ ਕਰਨ 'ਤੇ ਵੀ ਜ਼ੋਰ ਦਿੱਤਾ ਗਿਆ।ਐਸੋਸੀਏਸ਼ਨ ਦੇ ਨਵੇਂ ਚੁਣੇ ਅਹੁਦੇਦਾਰਾਂ ਨੇ ਕਿਹਾ ਕਿ ਅਮੀਰ ਵਿਰਾਸਤ ਵਾਲੇ ਪ੍ਰਮੁੱਖ ਇੰਜੀਨੀਅਰਿੰਗ ਵਿਭਾਗ ਵਜੋਂ ਲੋਕ ਨਿਰਮਾਣ ਵਿਭਾਗ ਸਾਰੇ ਵਿੱਤੀ ਨਿਯਮਾਂ ਅਤੇ ਨਿਰਧਾਰਤ ਪ੍ਰਕਿਰਿਆਵਾਂ ਦੀ ਪਾਲਣਾ ਕਰਦਿਆਂ ਸੂਬੇ ਦੇ ਵਿਕਾਸ ਵਿੱਚ ਮੋਹਰੀ ਭੂਮਿਕਾ ਨਿਭਾਏਗਾ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਮਿਆਰੀ ਅਤੇ ਬਿਹਤਰ ਬੁਨਿਆਦੀ ਢਾਂਚਾ ਮੁਹੱਈਆ ਕਰਵਾਉਣ ਲਈ ਵਿਭਾਗ ਦੀ ਕਾਰਗੁਜ਼ਾਰੀ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਵਾਸਤੇ ਹਰ ਸੰਭਵ ਯਤਨ ਕੀਤਾ ਜਾਵੇਗਾ।

## ਦਿੱਲੀ ਪੁਲਸ ਅਧਿਕਾਰੀ ਦਾ ਔਰਤ ਪੱਤਰਕਾਰ 'ਤੇ ਜਿਨਸੀ ਹਮਲਾ ਬੇਹੱਦ ਸ਼ਰਮਨਾਕ: ਤਰਕਸ਼ੀਲ ਸੁਸਾਇਟੀ

### ਮੁਲਜ਼ਮ ਵਿਰੁੱਧ ਅਪਰਾਧਿਕ ਕੇਸ ਦਰਜ ਕਰਨ ਅਤੇ ਮੁਅੱਤਲ ਕਰਨ ਦੀ ਕੀਤੀ ਮੰਗ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਤਰਕਸ਼ੀਲ ਸੁਸਾਇਟੀ ਪੰਜਾਬ ਨੇ ਜੰਤਰ ਮੰਤਰ ਨਵੀਂ ਦਿੱਲੀ ਵਿਖੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫੇ ਦੀ ਮੰਗ ਨੂੰ ਲੈ ਕੇ ਕੀਤੇ ਜਾ ਰਹੇ ਜਨਤਕ ਰੋਸ ਪ੍ਰਦਰਸ਼ਨ ਦੀ ਕਵਰੇਜ ਦੌਰਾਨ ਦਿੱਲੀ ਪੁਲਸ ਦੇ ਸਹਾਇਕ ਪੁਲਸ ਕਮਿਸ਼ਨਰ ਵਿਵੇਕ ਭਗਤ ਵੱਲੋਂ ਇੱਕ ਔਰਤ ਪੱਤਰਕਾਰ ਉਤੇ ਜਾਣ ਬੁੱਝ ਕੇ ਜਿਨਸੀ ਹਮਲਾ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਇਸਨੂੰ ਮੀਡੀਏ ਦੀ ਆਜ਼ਾਦੀ ਉਤੇ ਵੱਡਾ ਹਮਲਾ ਦੱਸਿਆ ਹੈ ਅਤੇ ਉਸ ਖਿਲਾਫ ਅਪਰਾਧਿਕ ਕੇਸ ਦਰਜ ਕਰਕੇ ਅਹੁਦੇ ਤੋਂ ਤੁਰੰਤ ਮੁਅੱਤਲ ਕਰਨ ਦੀ ਮੰਗ ਕੀਤੀ ਹੈ।

ਇਸ ਸ਼ਰਮਨਾਕ ਘਟਨਾ ਨੂੰ ਸਮੁੱਚੇ ਔਰਤ ਵਰਗ ਦੇ ਸਨਮਾਨ ਅਤੇ ਮੀਡੀਏ ਦੀ ਆਜ਼ਾਦੀ ਉਤੇ ਵੱਡਾ ਹਮਲਾ ਕਰਾਰ ਦਿੰਦਿਆਂ ਸੁਸਾਇਟੀ ਦੇ ਸੂਬਾ ਕਮੇਟੀ ਆਗੂਆਂ ਮਾਸਟਰ ਰਾਜਿੰਦਰ ਭਦੌੜ, ਰਾਜਪਾਲ ਬਠਿੰਡਾ, ਸੁਖਵਿੰਦਰ ਬਾਗਪੁਰ, ਰਾਮ ਸਵਰਨ ਲੱਖੇਵਾਲੀ ਅਤੇ ਸੁਮੀਤ ਅੰਮ੍ਰਿਤਸਰ ਨੇ ਦੋਸ਼ ਲਾਇਆ ਕਿ ਇਸ ਔਰਤ ਪੱਤਰਕਾਰ ਸਮੇਤ ਹੋਰਨਾਂ ਪੱਤਰਕਾਰਾਂ



ਵੱਲੋਂ ਉਸੇ ਵਕਤ ਸੰਸਦ ਮਾਰਗ ਪੁਲਸ ਸਟੇਸ਼ਨ ਵਿਖੇ ਪੁਲਸ ਅਧਿਕਾਰੀ ਵਿਵੇਕ ਭਗਤ ਦੇ ਖਿਲਾਫ ਜਿਨਸੀ ਹਮਲਾ ਕਰਨ ਦੀਆਂ ਲਿਖਤੀ ਸ਼ਿਕਾਇਤਾਂ ਅਤੇ ਸੀਸੀਟੀਵੀ ਤਸਵੀਰਾਂ ਸੌਂਪੀਆਂ ਗਈਆਂ ਅਤੇ ਪੁਲਸ ਸਟੇਸ਼ਨ ਦੇ ਬਾਹਰ ਦਿਨ ਰਾਤ ਦਾ ਧਰਨਾ ਵੀ ਲਾਇਆ ਗਿਆ ਪਰ ਦਿੱਲੀ ਪੁਲਸ ਵੱਲੋਂ ਉਸ ਅਧਿਕਾਰੀ ਦੇ ਖਿਲਾਫ ਐੱਫ ਆਈ ਆਰ ਦਰਜ ਕਰਨ ਦੀ ਬਜਾਏ ਉਲਟਾ ਰੋਸ ਪ੍ਰਦਰਸ਼ਨ ਕਰਨ ਵਾਲੇ ਵਿਖਾਵਾਕਾਰੀਆਂ ਅਤੇ ਪੱਤਰਕਾਰਾਂ ਨੂੰ ਹੀ ਗ੍ਰਿਫਤਾਰ ਕੀਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਬੇਟੀ ਬਚਾਓ ਦਾ ਢੰਡੋਰਾ ਪਿੱਟਣ ਵਾਲੀ ਭਾਜਪਾ ਅਤੇ ਮੋਦੀ ਸਰਕਾਰ ਦੇ ਪਿਛਲੇ 12 ਸਾਲਾਂ ਦੇ ਜੰਗਲੀ ਤੇ ਤਾਨਾਸ਼ਾਹੀ ਰਾਜ ਵਿੱਚ ਲੜਕੀਆਂ ਅਤੇ ਔਰਤਾਂ ਨਾਲ ਜਿਨਸੀ ਸ਼ੋਸ਼ਣ ਅਤੇ ਕਤਲ ਦੀਆਂ ਘਟਨਾਵਾਂ ਸ਼ਰੇਆਮ ਵਾਪਰ ਰਹੀਆਂ ਹਨ ਅਤੇ ਭਾਜਪਾ ਦੇ ਕੁਲਦੀਪ ਸੇਂਗਰ ਵਰਗੇ ਵਿਧਾਇਕ ਤੇ ਆਗੂ ਇਨ੍ਹਾਂ ਦੋਸ਼ਾਂ ਹੇਠ ਜੇਲ੍ਹਾਂ ਵਿੱਚ ਸਜ਼ਾਵਾਂ ਵੀ ਭੁਗਤ ਰਹੇ ਹਨ।ਤਰਕਸ਼ੀਲ ਸੁਸਾਇਟੀ ਪੰਜਾਬ ਨੇ ਸੁਪਰੀਮ ਕੋਰਟ ਤੋਂ ਮੰਗ ਕੀਤੀ ਕਿ ਵੋਟਰ ਸੂਚੀਆਂ ਵਿੱਚ ਵਿਆਪਕ ਸੁਧਾਈ (ਐੱਸ ਆਈ ਆਰ) ਦੀ ਆੜ ਹੇਠ ਕਰੋੜਾਂ ਲੋਕਾਂ ਦੀਆਂ ਜਾਇਜ਼ ਵੋਟਾਂ ਕੱਟਣ ਲਈ ਜ਼ਿੰਮੇਵਾਰ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕਰਕੇ ਉਸਨੂੰ ਮੁਅੱਤਲ ਕੀਤਾ ਜਾਵੇ ਅਤੇ ਐੱਸ ਆਈ ਆਰ ਪ੍ਰਕਿਰਿਆ ਦੌਰਾਨ ਨਜਾਇਜ਼ ਕੱਟੀਆਂ ਕਰੋੜਾਂ ਵੋਟਾਂ ਨੂੰ ਬਹਾਲ ਕੀਤਾ ਜਾਵੇ।ਸੁਸਾਇਟੀ ਨੇ ਮੁੱਖ ਚੋਣ ਕਮਿਸ਼ਨਰ ਅਤੇ ਚੋਣ ਕਮਿਸ਼ਨਰਾਂ ਦੀ ਨਿਯੁਕਤੀ ਸਬੰਧੀ 2023 ਵਿੱਚ ਪਾਸ ਕੀਤੇ ਗੈਰ-ਜਮਹੂਰੀ ਕਾਨੂੰਨ ਨੂੰ ਰੱਦ ਕਰਨ ਦੀ ਵੀ ਮੰਗ ਕੀਤੀ।

## ਕਿਸਾਨ ਸਿਖਲਾਈ ਕੈਂਪ ਤੇ ਖੇਤੀ ਪ੍ਰਦਰਸ਼ਨੀਆਂ ਇੰਦਰ ਫਾਰਮ ਜੰਡਿਆਲਾ ਗੁਰੂ ਵਿਖੇ ਭਲਕੇ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਕਿਸਾਨਾਂ ਨੂੰ ਆਧੁਨਿਕ ਖੇਤੀ ਤਕਨੀਕਾਂ, ਨਵੀਂ ਖੇਤੀ ਮਸ਼ੀਨਰੀ ਅਤੇ ਖੇਤੀਬਾੜੀ ਨਾਲ ਸਬੰਧਤ ਨਵੀਨਤਮ ਜਾਣਕਾਰੀ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਅੰਮ੍ਰਿਤਸਰ ਵੱਲੋਂ 8 ਅਕਤੂਬਰ ਨੂੰ ਇੰਦਰ ਫਾਰਮ, ਜੀ. ਟੀ. ਰੋਡ, ਜੰਡਿਆਲਾ ਗੁਰੂ, ਅੰਮ੍ਰਿਤਸਰ ਵਿਖੇ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਅਤੇ ਪ੍ਰਦਰਸ਼ਨੀਆਂ ਆਯੋਜਿਤ ਕੀਤੀਆਂ ਜਾ ਰਹੀਆਂ ਹਨ। ਮੁੱਖ ਖੇਤੀਬਾੜੀ ਅਫਸਰ ਅੰਮ੍ਰਿਤਸਰ ਸ. ਅਮਰਜੀਤ ਸਿੰਘ ਦੁਸਾਂਝ ਨੇ ਦੱਸਿਆ ਕਿ ਕੈਂਪ ਦੌਰਾਨ ਕਿਸਾਨਾਂ ਨੂੰ ਨਵੀਂ ਖੇਤੀ ਮਸ਼ੀਨਰੀ ਅਤੇ ਆਧੁਨਿਕ ਖੇਤੀ ਤਕਨੀਕਾਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਜਾਵੇਗੀ। ਖੇਤੀ ਮਾਹਿਰਾਂ ਵੱਲੋਂ ਵੱਖ-ਵੱਖ ਖੇਤੀ ਵਿਸ਼ਿਆਂ ਸਬੰਧੀ ਵਿਸ਼ੇਸ਼ ਲੈਕਚਰ ਵੀ ਕਰਵਾਏ ਜਾਣਗੇ, ਜਿਨ੍ਹਾਂ ਵਿੱਚ ਕਿਸਾਨਾਂ ਨੂੰ ਆਧੁਨਿਕ ਅਤੇ ਟਿਕਾਊ ਖੇਤੀ ਪ੍ਰਬੰਧਨ, ਫਸਲਾਂ ਦੀ ਰਹਿੰਦ-ਖੂੰਹਦ ਦੀ ਸੁਚੱਜੀ ਸੰਭਾਲ, ਖੇਤੀ ਮਸ਼ੀਨਰੀ ਦੀ ਵਰਤੋਂ ਅਤੇ ਹੋਰ ਮਹੱਤਵਪੂਰਨ ਖੇਤੀਬਾੜੀ ਮੁੱਦਿਆਂ ਬਾਰੇ ਜਾਣਕਾਰੀ ਦਿੱਤੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਇਸ ਕੈਂਪ ਵਿੱਚ ਵੱਖ ਵੱਖ ਵਿਭਾਗਾ, ਖੇਤੀਬਾੜੀ ਨਾਲ ਸਬੰਧਤ ਕੰਪਨੀਆਂ ਅਤੇ ਸੰਸਥਾਵਾਂ, ਸੈਲਫ ਹੈਪ ਗੁਰੱਪਾਂ ਵੱਲੋਂ ਪ੍ਰਦਰਸ਼ਨੀਆਂ ਵੀ ਲਗਾਈਆਂ ਜਾਣਗੀਆਂ। ਇਨ੍ਹਾਂ ਪ੍ਰਦਰਸ਼ਨੀਆਂ ਰਾਹੀਂ ਕਿਸਾਨਾਂ ਨੂੰ ਨਵੀਂ ਖੇਤੀ ਮਸ਼ੀਨਰੀ, ਖੇਤੀ ਇਨਪੁਟਸ, ਤਕਨੀਕੀ ਉਤਪਾਦਾਂ ਅਤੇ ਹੋਰ ਖੇਤੀਬਾੜੀ ਸੇਵਾਵਾਂ ਬਾਰੇ ਮੌਕੇ 'ਤੇ ਜਾਣਕਾਰੀ ਪ੍ਰਾਪਤ ਹੋਵੇਗੀ। ਮੁੱਖ ਖੇਤੀਬਾੜੀ ਅਫਸਰ, ਅੰਮ੍ਰਿਤਸਰ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਇਸ ਜ਼ਿਲ੍ਹਾ ਪੱਧਰੀ ਖੇਤੀਬਾੜੀ ਕੈਂਪ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋ ਕੇ ਖੇਤੀਬਾੜੀ ਨਾਲ ਸਬੰਧਤ ਨਵੀਆਂ ਤਕਨੀਕਾਂ ਅਤੇ ਮਾਹਿਰਾਂ ਪਾਸੋਂ ਜਾਣਕਾਰੀ ਪ੍ਰਾਪਤ ਕਰਕੇ ਲਾਭ ਉਠਾਉਣ।

## ਆਈਸੀਆਈਸੀਆਈ ਲਾਈਫ ਇੰਸ਼ੋਰੈਂਸ ਵੱਲੋਂ ਆਪਣੀ 'ਨਵੀਂ ਬ੍ਰਾਂਡ ਪਛਾਣ' ਲਾਂਚ

**ਅੰਮ੍ਰਿਤਸਰ:** ਆਈਸੀਆਈਸੀਆਈ ਲਾਈਫ ਇੰਸ਼ੋਰੈਂਸ ਲਿਮਟਿਡ ਨੇ ਆਪਣੀ ਨਵੀਂ ਬ੍ਰਾਂਡ ਪਛਾਣ ਅਤੇ ਟੈਗਲਾਈਨ 'ਹਰ ਕਲ ਆਸਾਨ' ਲਾਂਚ ਕਰਨ ਦਾ ਐਲਾਨ ਕੀਤਾ ਹੈ।ਕੰਪਨੀ ਮੁਤਾਬਕ ਨਵੀਂ ਪਛਾਣ ਦਾ ਉਦੇਸ਼ ਭਾਰਤੀ ਗਾਹਕਾਂ ਲਈ ਜੀਵਨ ਬੀਮੇ ਨੂੰ ਸਰਲ, ਪਾਰਦਰਸ਼ੀ, ਲਚਕਦਾਰ ਅਤੇ ਆਸਾਨ ਬਣਾਉਣਾ ਹੈ।ਮਾਰਕੀਟਿੰਗ, ਡਿਜੀਟਲ ਅਤੇ ਬੈਂਕਐਸ਼ੋਰੈਂਸ ਦੇ ਮੁਖੀ ਸ਼੍ਰੀਨਿਵਾਸ ਬਾਲਾਸੁਬਰਾਮਨੀਅਨ ਨੇ ਕਿਹਾ ਕਿ ਕੰਪਨੀ ਨੇ 25 ਸਾਲਾਂ ਵਿੱਚ 200 ਮਿਲੀਅਨ ਤੋਂ ਵੱਧ ਭਾਰਤੀਆਂ ਨੂੰ ਉਨ੍ਹਾਂ ਦੇ ਭਵਿੱਖ ਅਤੇ ਸੁਪਨਿਆਂ ਨੂੰ ਸੁਰੱਖਿਅਤ ਕਰਨ ਵਿੱਚ ਮਦਦ ਕੀਤੀ ਹੈ।ਉਨ੍ਹਾਂ ਕਿਹਾ ਕਿ ਨਵੀਂ ਬ੍ਰਾਂਡ ਪਛਾਣ ਸਿਰਫ਼ ਨਾਮ ਬਦਲਾਅ ਨਹੀਂ, ਸਗੋਂ ਗਾਹਕਾਂ ਲਈ ਬੀਮਾ ਅਨੁਭਵ ਨੂੰ ਹੋਰ ਸੌਖਾ ਬਣਾਉਣ ਦਾ ਵਾਅਦਾ ਹੈ।

## ਏਆਈ ਪਲੱਸ ਸਮਾਰਟਫੋਨ ਨੇ ਉਤਪਾਦ ਰੇਂਜ ਦਾ ਕੀਤਾ ਵਿਸਥਾਰ

**ਲੁਧਿਆਣਾ:** ਤਿਉਹਾਰੀ ਸੀਜ਼ਨ ਤੋਂ ਪਹਿਲਾਂ ਏਆਈ ਪਲੱਸ ਸਮਾਰਟਫੋਨ ਨੇ ਪਲਸ 2 ਐੱਫਈ, ਨੋਵਾ ਟੈਬ ਅਤੇ ਲੈਪ ਟੈਬ ਲਾਂਚ ਕਰਕੇ ਆਪਣੀ ਉਤਪਾਦ ਰੇਂਜ ਦਾ ਵਿਸਥਾਰ ਕੀਤਾ ਹੈ।ਕੰਪਨੀ ਮੁਤਾਬਕ ਪਲਸ 2 ਐੱਫਈ ਪਹਿਲੀ ਵਾਰ ਸਮਾਰਟਫੋਨ ਖਰੀਦਣ ਵਾਲਿਆਂ ਅਤੇ ਅੱਪਗ੍ਰੇਡ ਕਰਨ ਵਾਲਿਆਂ ਨੂੰ ਧਿਆਨ ਵਿੱਚ ਰੱਖ ਕੇ ਪੇਸ਼ ਕੀਤਾ ਗਿਆ ਹੈ।ਨੋਵਾ ਟੈਬ ਰਾਹੀਂ ਕੰਪਨੀ ਨੇ 5ਜੀ ਟੈਬਲੇਟ ਸ਼੍ਰੇਣੀ ਵਿੱਚ ਕਦਮ ਰੱਖਿਆ ਹੈ, ਜਦਕਿ ਲੈਪ ਟੈਬ ਵਿੱਚ 13.2 ਇੰਚ ਡਿਸਪਲੇ, ਸਟਾਈਲਸ ਅਤੇ ਡਿਟੈਚੇਬਲ ਕੀਬੋਰਡ ਦਿੱਤਾ ਗਿਆ ਹੈ।ਤਿੰਨੋਂ ਡਿਵਾਈਸ ਐਂਡਰਾਇਡ 16 ਅਤੇ ਐਨਐਕਸਟ ਕਿਊ ਓਐੱਸ ਨਾਲ ਆਉਣਗੇ। ਕੰਪਨੀ ਦੇ ਸੀਈਓ ਮਾਧਵ ਸੇਠ ਨੇ ਕਿਹਾ ਕਿ ਨਵੇਂ ਉਤਪਾਦ ਵੱਖ-ਵੱਖ ਗਾਹਕ ਲੋੜਾਂ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤੇ ਗਏ ਹਨ। ਤਿੰਨੋਂ ਡਿਵਾਈਸ 7 ਅਕਤੂਬਰ ਨੂੰ ਰਾਤ 11:59 ਵਜੇ ਤੋਂ ਫਲਿੱਪਕਾਰਟ 'ਤੇ ਵਿਕਰੀ ਲਈ ਉਪਲਬਧ ਹੋਣਗੇ।

## ਸਟੱਬਲ ਬਰਨਿੰਗ ਸੰਬੰਧੀ ਜਾਗਰੂਕ ਕਰਨ ਲਈ ਸਕੂਲੀ ਬੱਚਿਆਂ ਲਈ ਕੈਂਪ ਲਗਾਇਆ

**ਘੁਮਾਣ/ਬਟਾਲਾ, (ਡਾ. ਮਲਵਿੰਦਰ ਸਿੰਘ)**-ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ



ਘੁਮਾਣ ਵਿਖੇ ਬੱਚਿਆਂ ਨੂੰ ਸਟੱਬਲ ਬਰਨਿੰਗ ਸੰਬੰਧੀ ਜਾਗਰੂਕ ਕਰਨ ਲਈ ਕੈਂਪ ਲਗਾਇਆ ਗਿਆ।ਕੈਂਪ ਵਿੱਚ ਰਜਿੰਦਰ ਕੁਮਾਰ ਖੇਤੀਬਾੜੀ ਵਿਸਥਾਰ ਅਫਸਰ, ਬਲਾਕ ਇੰਚਾਰਜ ਨੇ ਬੱਚਿਆਂ ਨੂੰ ਪਰਾਲੀ ਨੂੰ ਅੱਗ ਲਗਾਉਣ ਨਾਲ ਹੋਣ ਵਾਲੇ ਨੁਕਸਾਨਾਂ ਦੀ ਵਿਸਥਾਰ ਪੂਰਵਕ ਜਾਣਕਾਰੀ ਦਿੰਦਿਆਂ ਕਿਹਾ ਕਿ ਪਰਾਲੀ ਨੂੰ ਖੇਤਾਂ ਵਿੱਚ ਅੱਗ ਨਹੀਂ ਲਗਾਉਣੀ ਚਾਹੀਦੀ ਸਗੋਂ ਇਸ ਨੂੰ ਖੇਤਾਂ ਵਿੱਚ ਹੀ ਵਾਹ ਕੇ ਕਣਕ ਦੀ ਬਜਾਈ ਕਰਨੀ ਚਾਹੀਦੀ ਹੈ ਜਿਸ ਨਾਲ ਸਾਡੇ ਖੇਤਾਂ ਦੀ ਉਪਜਾਊ ਸ਼ਕਤੀ ਵੱਧਦੀ ਹੈ ਅਤੇ ਵਾਤਾਵਰਨ ਵੀ ਪ੍ਰਦੂਸ਼ਿਤ ਨਹੀਂ ਹੁੰਦਾ।ਉਨ੍ਹਾਂ ਨੇ ਕਿਹਾ ਕਿ ਸਾਰੇ ਬੱਚੇ ਇਹ ਸੰਕਲਪ ਲੈਣ ਤੇ ਇਹ ਸੁਨੇਹਾ ਲੈ ਕੇ ਜਾਣ ਕਿ ਨਾ ਅਸੀਂ ਅੱਗ ਲਗਾਵਾਂਗੇ ਤੇ ਨਾ ਕਿਸੇ ਨੂੰ ਅੱਗ ਲਗਾਉਣ ਦੇਵਾਂਗੇ ਤੇ ਇਹ ਸੁਨੇਹਾ ਸਾਰੇ ਬੱਚੇ ਆਪਣੇ ਪਰਿਵਾਰ, ਰਿਸ਼ਤੇਦਾਰਾਂ ਅਤੇ ਆਂਢ ਗੁਆਂਢ ਵਿੱਚ ਦੇਣ।ਕੈਂਪ ਦੌਰਾਨ ਸਕੂਲ ਵਿੱਚ ਅਲੱਗ ਅਲੱਗ ਪ੍ਰਤੀਯੋਗਤਾਵਾਂ ਵਿੱਚ ਅੱਵਲ ਆਉਣ ਵਾਲਿਆਂ ਵਿਦਿਆਰਥਣਾਂ ਨੂੰ ਟਰਾਫੀਆਂ ਨਾਲ ਸਨਮਾਨਿਤ ਕੀਤਾ ਗਿਆ।ਕੈਂਪ ਵਿੱਚ ਏ. ਐੱਸ. ਆਈ. ਗੁਰਸੇਵਕ ਸਿੰਘ ਨੇ ਸਾਰੇ ਬੱਚਿਆਂ ਨੂੰ ਅਪੀਲ ਕੀਤੀ ਕਿ ਇਸ ਮੁਹਿੰਮ ਵਿੱਚ ਵੱਧ-ਚੜ੍ਹ ਕੇ ਸਾਥ ਦੇਣ।ਕੈਂਪ ਵਿੱਚ ਫੀਡਬੈਕ ਫਾਊਂਡੇਸ਼ਨ ਤੋਂ ਜਗਸੀਰ ਸਿੰਘ ਵੱਲੋਂ ਵੀ ਬੱਚਿਆਂ ਨੂੰ ਸੁਨੇਹਾ ਦਿੱਤਾ ਗਿਆ ਕਿ ਆਪਾਂ ਸਾਰੇ ਰਲ ਕੇ ਕਿਸਾਨ ਵੀਰਾਂ ਤੱਕ ਇਹ ਸੁਨੇਹਾ ਪਹੁੰਚਾਈਏ ਕਿ ਪਰਾਲੀ ਨੂੰ ਅੱਗ ਨਾ ਲਾ ਕੇ ਸਗੋਂ ਇਸ ਨੂੰ ਖੇਤਾਂ ਵਿੱਚ ਹੀ ਵਾਹ ਕੇ ਆਪਣੇ ਵਾਤਾਵਰਨ ਅਤੇ ਮਿੱਟੀ ਦੀ ਸਿਹਤ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਈਏ।ਇਸ ਮੌਕੇ ਪ੍ਰਿੰਸੀਪਲ ਨਿਰਮਲਜੀਤ ਸਿੰਘ, ਸਕੂਲ ਦੇ ਟੀਚਰ ਭੀਮ ਸਿੰਘ, ਪਰਮਿੰਦਰ ਸਿੰਘ, ਰਜਿੰਦਰ ਸਿੰਘ, ਰਣਜੋਤ ਸਿੰਘ, ਸਰਬਜੀਤ ਸਿੰਘ, ਹਰਬੰਥ ਸਿੰਘ ਆਦਿ ਹਾਜ਼ਰ ਹੋਏ।

## ਬਹੁਪੱਖੀ ਜਲ ਸਪਲਾਈ ਸਕੀਮ ਕੰਦੋਵਾਲੀ ਐਂਡ ਮੱਜੂਪੁਰਾ ਦਾ ਉਦਘਾਟਨ

**ਅੰਮ੍ਰਿਤਸਰ, ਚੇਤਨਪੁਰਾ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ, ਸੁਖਵੰਤ ਚੇਤਨਪੁਰੀ)**-)-ਜ਼ਿਲ੍ਹਾ ਅੰਮ੍ਰਿਤਸਰ ਦੇ ਪੇਂਡੂ ਖੇਤਰਾਂ ਵਿੱਚ ਲੋਕਾਂ ਨੂੰ ਸਾਫ਼ ਅਤੇ ਪੀਣ ਯੋਗ ਪਾਣੀ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਸੂਬੇ ਦੇ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਮੰਤਰੀ ਸ. ਹਰਦੀਪ ਸਿੰਘ ਮੁੰਡੀਆਂ ਵੱਲੋਂ ਨਹਿਰੀ ਪਾਣੀ ਆਧਾਰਿਤ ਬਹੁਪੱਖੀ ਜਲ ਸਪਲਾਈ ਸਕੀਮ ਕੰਦੋਵਾਲੀ ਐਂਡ ਮੱਜੂਪੁਰਾ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਵਿਧਾਨ ਸਭਾ ਹਲਕਾ ਅਜਨਾਲਾ ਦੇ ਵਿਧਾਇਕ ਸ. ਕੁਲਦੀਪ ਸਿੰਘ ਧਾਲੀਵਾਲ, ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਸਕੱਤਰ ਪ੍ਰਬੰਧਕੀ ਰਾਮਵੀਰ, ਆਈ. ਏ. ਐੱਸ., ਹਲਕਾ ਮਜੀਠਾ ਤੋਂ ਸ. ਤਲਬੀਰ ਸਿੰਘ ਗਿੱਲ, ਹਲਕਾ ਰਾਜਾਸਾਂਸੀ ਤੋਂ ਮੈਡਮ ਸੋਨੀਆ ਮਾਨ, ਸਮੇਤ ਹੋਰ ਅਧਿਕਾਰੀ ਵੀ ਹਾਜ਼ਰ ਸਨ। ਇਸ ਮੌਕੇ ਹਾਜ਼ਰ ਇਕੱਠ ਨੂੰ ਇਸ ਪ੍ਰੋਜੈਕਟ ਦੀ ਸ਼ੁਰੂਆਤ ਦੀ ਵਧਾਈ ਦਿੰਦਿਆਂ ਉਨ੍ਹਾਂ ਦੱਸਿਆ ਕਿ ਨਹਿਰੀ ਪਾਣੀ ਆਧਾਰਿਤ ਬਹੁਪੱਖੀ ਜਲ ਸਪਲਾਈ ਸਕੀਮ ਤਹਿਤ ਨਹਿਰੀ ਪਾਣੀ ਨੂੰ ਟਰੀਟ ਕਰਕੇ ਪੀਣ ਯੋਗ ਬਣਾਉਣ ਲਈ 39



ਐਮ.ਐਲ.ਡੀ. ਸਮਰੱਥਾ ਵਾਲਾ ਵਾਟਰ ਟ੍ਰੀਟਮੈਂਟ ਪਲਾਂਟ ਅਪਰ ਬਾਰੀ ਦੁਆਬ ਨਹਿਰ ਦੀ ਲਾਹੌਰ ਬਰਾਂਚ ਉੱਪਰ ਕੰਦੋਵਾਲੀ ਐਂਡ ਮਜੂਪੁਰਾ ਵਿਖੇ ਸਥਾਪਿਤ ਕੀਤਾ ਗਿਆ ਹੈ। ਇਸ ਤੋਂ ਇਲਾਵਾ 285.97 ਕਿਲੋਮੀਟਰ ਲੰਬੀ ਪਾਈਪਲਾਈਨ ਵਿਛਾਈ ਜਾ ਰਹੀ ਹੈ ਅਤੇ ਪਿੰਡਾਂ ਵਿੱਚ 20 ਜਲ ਟੈਂਕੀਆਂ ਵੀ ਬਣਾਈਆਂ ਜਾਣੀਆਂ ਹਨ।

## ਸੀਨੀਅਰ ਨਾਗਰਿਕ ਸਮਾਜ ਦਾ ਉਹ ਹਿੱਸਾ ਹਨ ਜਿਨ੍ਹਾਂ ਨੂੰ ਸਭ ਤੋਂ ਵੱਧ ਸਹਾਇਤਾ ਤੇ ਸੁਰੱਖਿਆ ਦੀ ਲੋੜ ਹੁੰਦੀ : ਡਾ. ਸੰਧੂ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਸੰਧੂ ਹਸਪਤਾਲ ਡੱਡੂਆਣਾ ਦੇ ਮੁਖੀ ਅਤੇ ਲਾਇਨਜ਼ ਕਲੱਬ ਅੰਮ੍ਰਿਤਸਰ ਦੇ ਸੀਨੀਅਰ ਮੈਂਬਰ ਲਾਇਨ ਡਾ. ਤੇਜਪਾਲ ਸਿੰਘ ਸੰਧੂ ਨੇ ਕਿਹਾ ਕਿ ਸੀਨੀਅਰ ਨਾਗਰਿਕ ਸਮਾਜ ਦਾ ਉਹ ਹਿੱਸਾ ਹਨ ਜਿਨ੍ਹਾਂ ਨੂੰ ਸਭ ਤੋਂ ਵੱਧ ਸਹਾਇਤਾ, ਸੁਰੱਖਿਆ ਅਤੇ



ਸਹੂਲਤਾਂ ਦੀ ਲੋੜ ਹੁੰਦੀ ਹੈ, ਪਰ ਬਦਕਿਸਮਤੀ ਨਾਲ, ਉਨ੍ਹਾਂ ਨੂੰ ਲਗਾਤਾਰ ਅਣਗਹਿਲੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ. ਸੰਧੂ ਨੇ ਕਿਹਾ ਕਿ ਮਹਿੰਗਾਈ, ਸਿਹਤ ਖਰਚਿਆਂ ਅਤੇ ਸੀਮਤ ਆਮਦਨ ਦੇ ਵਿਚਕਾਰ, ਬਜ਼ੁਰਗਾਂ ਦਾ ਜੀਵਨ ਮੁਸ਼ਕਲ ਹੁੰਦਾ ਜਾ ਰਿਹਾ ਹੈ।ਇਹ ਬਹੁਤ ਚਿੰਤਾਜਨਕ ਹੈ ਕਿ ਸਰਕਾਰ ਹੌਲੀ-ਹੌਲੀ ਪਹਿਲਾਂ ਤੋਂ ਉਪਲਬਧ ਰਿਆਇਤਾਂ ਅਤੇ ਲਾਭਾਂ ਨੂੰ ਖਤਮ ਕਰ ਰਹੀ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਅਤੇ ਨੀਤੀ ਨਿਰਮਾਤਾਵਾਂ ਤੋਂ ਉਮੀਦ ਕੀਤੀ ਜਾਂਦੀ ਹੈ ਕਿ ਉਹ ਸੀਨੀਅਰ ਨਾਗਰਿਕਾਂ ਦੀਆਂ ਅਸਲ ਜ਼ਰੂਰਤਾਂ ਨੂੰ ਸਮਝਣ ਅਤੇ ਉਨ੍ਹਾਂ ਲਈ ਠੋਸ ਨੀਤੀਆਂ ਬਣਾਉਣ। ਸਮਾਂ ਆ ਗਿਆ ਹੈ ਕਿ ਸੀਨੀਅਰ ਨਾਗਰਿਕਾਂ ਨੂੰ ਉਹ ਸਨਮਾਨ, ਸੁਰੱਖਿਆ ਅਤੇ ਉਹ ਸਾਰੇ ਲਾਭ ਪ੍ਰਦਾਨ ਕੀਤੇ ਜਾਣ ਜਿਨ੍ਹਾਂ ਦੇ ਉਹ ਅਸਲ ਵਿੱਚ ਹੱਕਦਾਰ ਹਨ।

## ਪਰਾਲੀ ਦੇ ਸੁਚੱਜੇ ਪ੍ਰਬੰਧਾਂ ਬਾਰੇ ਜਾਗਰੂਕ ਕਰਨ ਲਈ ਪਿੰਡ ਰਿਖੀਆ 'ਚ ਕੈਂਪ ਲੱਗਾ




**ਬਟਾਲਾ, (ਡਾ. ਮਲਵਿੰਦਰ ਸਿੰਘ)**-ਪਿੰਡ ਰਿਖੀਆ ਵਿਖੇ ਝੋਨੇ ਦੀ ਪਰਾਲੀ ਪ੍ਰਬੰਧਾਂ ਲਈ ਪਿੰਡ ਪੱਧਰੀ ਜਾਗਰੂਕਤਾ ਕੈਂਪ ਲਗਾਇਆ ਗਿਆ।ਜਾਗਰੂਕਤਾ ਕੈਂਪ ਦੌਰਾਨ ਸਰਕਲ ਇੰਚਾਰਜ ਸੂਰੂਪਵਾਲੀ ਕੁਲਵਿੰਦਰ ਕੌਰ ਖੇਤੀਬਾੜੀ ਵਿਸਥਾਰ ਅਫਸਰ ਨੇ ਕਿਸਾਨਾਂ ਨੂੰ ਪਿੰਡ ਵਿੱਚ ਗਠਿਤ ਕੀਤੀ ਗਈ ਪਰਾਲੀ ਪ੍ਰੋਟੈਕਸ਼ਨ ਟੀਮ ਬਾਰੇ ਜਾਣਕਾਰੀ ਦਿੱਤੀ ਅਤੇ ਪਰਾਲੀ ਪ੍ਰਬੰਧਨ ਲਈ ਖੇਤੀ ਮਸ਼ੀਨਰੀ ਅਤੇ ਮਸ਼ੀਨਰੀ ਲਈ ਸਰਕਾਰੀ ਸਹਾਇਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਉਨ੍ਹਾਂ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਗਾਉਣ ਨਾਲ ਵਾਤਾਵਰਨ ਅਤੇ ਜ਼ਮੀਨ ਨੂੰ ਹੋਣ ਵਾਲੇ ਨੁਕਸਾਨਾਂ ਬਾਰੇ ਜਾਗਰੂਕ ਕੀਤਾ। ਕਿਸਾਨਾਂ ਕੋਲੋਂ ਪ੍ਰਣ ਲਿਆ ਗਿਆ ਕਿ ਉਹ ਪਰਾਲੀ ਨੂੰ ਅੱਗ ਨਾ ਲਗਾ ਕੇ ਵਾਤਾਵਰਨ ਨੂੰ ਪ੍ਰਦੂਸ਼ਣ ਰਹਿਤ ਬਣਾਉਣ ਅਤੇ ਗੁਰਦਾਸਪੁਰ ਜ਼ਿਲ੍ਹੇ ਨੂੰ ਜ਼ੀਰੋ ਬਰਨਿੰਗ ਵਿੱਚ ਲਿਆ ਕੇ ਪੰਜਾਬ ਸਰਕਾਰ ਦੀ ਇਸ ਮੁਹਿੰਮ ਵਿੱਚ ਆਪਣਾ ਯੋਗਦਾਨ ਪਾਉਣ। ਅਖੀਰ ਵਿੱਚ ਪਿੰਡ ਦੇ ਸਰਪੰਚ ਦਵਿੰਦਰ ਸਿੰਘ ਵੱਲੋਂ ਆਏ ਹੋਏ ਕਿਸਾਨਾਂ ਦਾ ਧੰਨਵਾਦ ਕੀਤਾ ਗਿਆ।ਕੈਂਪ ਵਿੱਚ ਅਗਾਂਹਵਧੂ ਕਿਸਾਨ ਮੌਜੂਦ ਸਨ।

## ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਦੇ ਵਿਦਿਆਰਥੀਆਂ ਦਾ ਵੰਡਰਲੈਂਡ ਵਿਖੇ ਮਨੋਰੰਜਕ ਦੌਰਾ

**ਧਾਰੀਵਾਲ, (ਮਨਦੀਪ ਵਿੱਕੀ)**-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ, ਧਾਰੀਵਾਲ ਵਿਖੇ ਡਾਇਰੈਕਟਰ ਸਰਦਾਰ ਅਮਰਜੀਤ ਸਿੰਘ ਚਾਹਲ, ਸਕੱਤਰ ਮੈਡਮ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰਸੀਪਲ ਹਰਤਾਜ ਸਿੰਘ ਸਿੱਧੂ ਦੀ ਯੋਗ ਅਗਵਾਈ ਹੇਠ ਛੇਵੀਂ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਲਈ ਵੰਡਰਲੈਂਡ, ਜਲੰਧਰ ਵਿਖੇ ਇੱਕ ਮਨੋਰੰਜਕ ਅਤੇ ਯਾਦਗਾਰ ਸਿੱਖਿਆਤਮਕ ਦੌਰੇ ਦਾ ਆਯੋਜਨ ਕੀਤਾ ਗਿਆ।ਇਸ ਦੌਰੇ ਦੌਰਾਨ ਵਿਦਿਆਰਥੀਆਂ ਨੇ ਵੱਖ-ਵੱਖ ਮਨੋਰੰਜਕ ਗਤੀਵਿਧੀਆਂ, ਝੂਲਿਆਂ ਅਤੇ ਖੇਡਾਂ ਦਾ ਖੂਬ ਆਨੰਦ ਮਾਣਿਆ।ਇਸ ਦੌਰੇ ਦਾ ਉਦੇਸ਼ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਮਨੋਰੰਜਨ, ਆਪਸੀ ਸਾਂਝ, ਟੀਮ ਵਰਕ ਅਤੇ ਵਿਹਾਰਕ ਤਜਰਬਾ ਪ੍ਰਦਾਨ ਕਰਨਾ ਸੀ।ਵਿਦਿਆਰਥੀਆਂ ਨੇ ਆਪਣੇ ਅਧਿਆਪਕਾਂ ਦੀ ਰਹਿਨੁਮਾਈ ਹੇਠ ਪੂਰੇ ਉਤਸ਼ਾਹ ਨਾਲ ਦੌਰੇ ਵਿੱਚ ਭਾਗ ਲਿਆ ਅਤੇ ਇਸ ਸੁਹਾਵਣੇ ਦਿਨ ਨੂੰ ਯਾਦਗਾਰ ਬਣਾਇਆ।ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਹਰਤਾਜ





ਸਿੰਘ ਸਿੱਧੂ ਨੇ ਦੱਸਿਆ ਕਿ ਇਨ੍ਹਾਂ ਦੌਰਿਆਂ ਰਾਹੀਂ ਵਿਦਿਆਰਥੀਆਂ ਨੂੰ ਆਪਣੀ ਰੋਜ਼ਾਨਾ ਦੀ ਰੁਟੀਨ ਤੋਂ ਬਾਹਰ ਨਵੀਆਂ ਚੀਜ਼ਾਂ ਸਿੱਖਣ, ਦੋਸਤਾਂ ਨਾਲ ਸਮਾਂ ਬਿਤਾਉਣ ਅਤੇ ਆਪਸੀ ਸਹਿਯੋਗ ਤੇ ਟੀਮ ਭਾਵਨਾ ਨੂੰ ਮਜ਼ਬੂਤ ਕਰਨ ਦਾ ਮੌਕਾ ਮਿਲਦਾ ਹੈ।ਮੈਨੂੰ ਖੁਸ਼ੀ ਹੈ ਕਿ ਸਾਡੇ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ, ਅਨੁਸ਼ਾਸਨ ਅਤੇ ਖੁਸ਼ੀ ਨਾਲ ਇਸ ਦੌਰੇ ਵਿੱਚ ਭਾਗ ਲਿਆ।ਇਸ ਮੌਕੇ ਡਾਇਰੈਕਟਰ ਸ. ਅਮਰਜੀਤ ਸਿੰਘ ਚਾਹਲ ਜੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੈਨੂੰ ਬਹੁਤ ਖੁਸ਼ੀ ਹੈ ਕਿ ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ, ਧਾਰੀਵਾਲ ਦੇ ਵਿਦਿਆਰਥੀਆਂ ਨੇ ਵੰਡਰਲੈਂਡ, ਜਲੰਧਰ ਵਿਖੇ ਆਯੋਜਿਤ ਇਸ ਦੌਰੇ ਦਾ ਭਰਪੂਰ ਆਨੰਦ ਮਾਣਿਆ।

ਬੱਚਿਆਂ ਦੀ ਮੁਸਕਰਾਹਟ ਅਤੇ ਉਨ੍ਹਾਂ ਦਾ ਉਤਸ਼ਾਹ ਹੀ ਇਸ ਦੌਰੇ ਦੀ ਸਫਲਤਾ ਦੀ ਸਭ ਤੋਂ ਵੱਡੀ ਨਿਸ਼ਾਨੀ ਹੈ।ਉਹਨਾਂ ਕਿਹਾ ਕਿ ਸਿੱਖਿਆ ਸਿਰਫ਼ ਕਲਾਸਰੂਮ ਤੱਕ ਸੀਮਿਤ ਨਹੀਂ ਹੁੰਦੀ।ਵਿਦਿਅਕ ਦੌਰੇ, ਖੇਡਾਂ ਅਤੇ ਮਨੋਰੰਜਕ ਗਤੀਵਿਧੀਆਂ ਬੱਚਿਆਂ ਦੇ ਵਿਅਕਤੀਤਵ ਨੂੰ ਨਿਖਾਰਨ ਅਤੇ ਉਨ੍ਹਾਂ ਵਿੱਚ ਆਤਮ-ਵਿਸ਼ਵਾਸ, ਸਹਿਯੋਗ ਅਤੇ ਟੀਮ ਭਾਵਨਾ ਪੈਦਾ ਕਰਨ ਵਿੱਚ ਮਹੱਤਵਪੂਰਨ ਯੋਗਦਾਨ ਪਾਉਂਦੀਆਂ ਹਨ।ਅੰਤ ਵਿੱਚ ਉਨ੍ਹਾਂ ਨੇ ਸਮੂਹ ਵਿਦਿਆਰਥੀਆਂ ਨੂੰ ਅਨੁਸ਼ਾਸਨ ਅਤੇ ਉਤਸ਼ਾਹ ਲਈ ਵਧਾਈ ਦਿੱਤੀ ਅਤੇ ਨਾਲ ਹੀ ਪ੍ਰਿੰਸੀਪਲ ਸਾਹਿਬ, ਸਮੂਹ ਅਧਿਆਪਕਾਂ ਅਤੇ ਸਟਾਫ਼ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਇਸ ਦੌਰੇ ਨੂੰ ਸਫਲ ਅਤੇ ਸੁਚੱਜਾ ਬਣਾਉਣ ਲਈ ਪੂਰੀ ਜ਼ਿੰਮੇਵਾਰੀ ਨਾਲ ਕੰਮ ਕੀਤਾ।

## ਸੰਗਰੂਰ ਰੈਲੀ 'ਚ ਬਿਜਲੀ ਮੁਲਾਜ਼ਮ ਤੇ ਪੈਨਸ਼ਨਰ ਵੱਡੀ ਗਿਣਤੀ 'ਚ ਹੋਣਗੇ ਸ਼ਾਮਲ: ਉਦੀਪੁਰ, ਧਾਲੀਵਾਲ

**ਗੁਰਦਾਸਪੁਰ (ਜਨਕ ਮਹਾਜਨ)**-ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਦੀ ਤਾਲਮੇਲ ਕਮੇਟੀ ਵਲੋਂ ਪੰਜਾਬ ਦੇ ਮੁੱਖ ਮੰਤਰੀ ਜਦੀ ਸ਼ਹਿਰ ਸੰਗਰੂਰ ਵਿੱਖੇ 10 ਅਕਤੂਬਰ ਨੂੰ ਕੀਤੀ ਜਾ ਰਹੀ ਮਹਾਂ ਰੈਲੀ ਵਿੱਚ ਬਿਜਲੀ ਮੁਲਾਜ਼ਮ ਅਤੇ ਪੈਨਸ਼ਨਰ ਵੱਡੀ ਗਿਣਤੀ ਵਿਚ ਸ਼ਮੂਲੀਅਤ ਕਰਨਗੇ। ਇਹ ਜਾਣਕਾਰੀ ਗੁਰਦਾਸਪੁਰ ਮੰਡਲ ਦੀ ਮੀਟਿੰਗ ਦੌਰਾਨ ਦਿੰਦਿਆਂ ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਦੇ ਪ੍ਰਧਾਨ ਸਾਥੀ ਅਮਨਦੀਪ ਸਿੰਘ ਧਾਲੀਵਾਲ, ਪੈਨਸ਼ਨਰਜ਼ ਯੂਨੀਅਨ ਏਟਕ ਦੇ ਆਗੂ ਕਾਮਰੇਡ ਬਲਵਿੰਦਰ ਸਿੰਘ



ਉਦੀਪੁਰ ਨੇ ਦੱਸਿਆ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਨਜ਼ਰਅੰਦਾਜ਼ ਕਰ ਰਹੀ ਹੈ, ਮਹਿਗਾਈ ਭੱਤੇ ਦੀਆਂ ਬਕਾਇਆ ਚਾਰ ਕਿਸ਼ਤਾਂ 10 ਪਰਸੈਂਟ ਜਾਰੀ ਕਰਾਉਣ ਲਈ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਾਉਣ ਲਈ, ਸਰਕਾਰੀ ਅਦਾਰਿਆਂ ਵਿਚ ਹਰ ਤਰਾਂ ਦੇ ਕੱਚੇ ਕਾਮੇ ਪੱਕੇ ਕਰਾਉਣ ਲਈ , ਮੁਲਾਜ਼ਮ ਵਿਰੋਧੀ ਪੱਤਰ ਵਾਪਸ ਕਰਾਉਣ ਲਈ, ਪ੍ਰੋਬੇਸ਼ਨਲ ਪੀਰੀਅਡ ਦੇ ਸਮੇ ਦੌਰਾਨ ਪੂਰੀਆ ਤਨਖਾਹਾਂ ਦਿਵਾਉਣ ਲਈ, ਬੰਦ ਕੀਤੇ ਭਤੇ ਬਹਾਲ ਕਰਾਉਣ ਲਈ ਆਦਿ ਮੰਗਾਂ ਦੀ ਪੂਰਤੀ ਲਈ ਇਹ ਰੈਲੀ ਇਤਿਹਾਸਕ ਹੋਵੇਗੀ ਜਿਸ ਵਿਚ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾਂ ਇੱਕਠ ਪੰਜਾਬ ਸਰਕਾਰ ਦੀਆਂ ਚੂਲਾ ਹਿਲਾ ਦੇਵੇਗਾ ਇਹ ਸੰਘਰਸ਼ ਮੰਗਾਂ ਦੀ ਪ੍ਰਾਪਤੀ ਤੱਕ ਨਿਰੰਤਰ ਜਾਰੀ ਰਹੇਗਾ ਜੇਕਰ ਫਿਰ ਵੀ ਸਰਕਾਰ ਨੇ ਮੰਗਾਂ ਦਾਂ ਨਿਪਟਾਰਾ ਨਾਂ ਕੀਤਾ ਤਾਂ 20, 21 ਅਕਤੂਬਰ ਨੂੰ ਪੰਜਾਬ ਦੇ ਮੁਲਾਜ਼ਮਾਂ ਸਮੂਹਿਕ ਛੁੱਟੀ ਤੇ ਚਲੇ ਜਾਣਗੇ ਮੀਟਿੰਗ ਵਿੱਚ ਜੇ ਪੀ ਜੰਜੂਆ, ਹਰਪ੍ਰੀਤ ਸਿੰਘ ਗਿੱਲ, ਮਲਕੀਤ ਸਿੰਘ ਤਿੱਬੜ, ਅਨਿਲ ਕੁਮਾਰ ਸ਼ਰਮਾ, ਸਤਪਾਲ, ਆਦਿ ਆਗੂ ਹਾਜਰ ਸਨ।

## ਦਿਹਾਤੀ ਮਜ਼ਦੂਰ ਸਭਾ ਨੇ ਕਾਮਰੇਡ ਸ਼ਿੰਦਾ ਛਿੱਤ ਦੀ ਦੂਜੀ ਬਰਸੀ ਮਨਾਈ




**ਬਟਾਲਾ (ਤਰਲੋਕ ਬੱਗਾ)**-ਦਿਹਾਤੀ ਮਜ਼ਦੂਰ ਸਭਾ ਤਹਿਸੀਲ ਬਟਾਲਾ ਦੇ ਲੰਮੇ ਸਮੇਂ ਪ੍ਰਧਾਨ ਰਹੇ ਅਤੇ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਦੇ ਸੀਨੀਅਰ ਆਗੂ ਮਰਹੂਮ ਸਾਥੀ ਸ਼ਿੰਦਾ ਛਿੱਤ ਦੀ ਦੂਜੀ ਬਰਸੀ ਮੌਕੇ ਉਨ੍ਹਾਂ ਦੇ ਪਿੰਡ ਛਿੱਤ ਵਿਖੇ ਕਾਮਰੇਡ ਜਸਵਿੰਦਰ ਸਿੰਘ ਜੱਸਾ ਛਿੱਤ, ਹਰਪਾਲ ਸਿੰਘ,ਸੁਖਵੰਤ ਸਿੰਘ ਸੰਦਲਪੁਰ ਦੀ ਪ੍ਰਧਾਨਗੀ ਹੇਠ ਇਨਕਲਾਬੀ ਸ਼ਰਧਾਂਜਲੀ ਸਮਾਗਮ ਕੀਤਾ ਗਿਆ।ਸ਼ਰਧਾਂਜਲੀ ਸਮਾਗਮ ਨੂੰ ਸੰਬੋਧਨ ਕਰਦਿਆਂ ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਵਿੱਤ ਸਕੱਤਰ ਕਾਮਰੇਡ ਸ਼ਮਸ਼ੇਰ ਸਿੰਘ ਨਵਾਂ ਪਿੰਡ ਨੇ ਕਿਹਾ ਕਿ ਸਾਥੀ ਸ਼ਿੰਦਾ ਛਿੱਤ ਨੇ ਤਾਉਮਰ ਕਮਿਊਨਿਸਟ ਲਹਿਰ ਦੇ ਲੇਖੇ ਲਾਈ ਅਤੇ ਆਪਣੇ ਪਿੰਡ ਛਿੱਤ ਦੇ ਗਰੀਬ ਲੋਕਾਂ ਨੂੰ ਪਲਾਟ ਦਿਵਾਉਣ ਦੀ ਲੜਾਈ ਅਤੇ ਕਬਰਸਤਾਨ ਜ਼ਮੀਨ ਪ੍ਰਾਪਤੀ ਅੰਦੋਲਨ ਦੀ ਅਗਵਾਈ ਬੜੀ ਬਹਾਦਰੀ ਨਾਲ ਕੀਤੀ ਤੇ ਜਿੱਤਾਂ ਪ੍ਰਾਪਤ ਕੀਤੀਆਂ ਅਤੇ ਸਾਥੀ ਸ਼ਿੰਦਾ ਛਿੱਤ ਨੇ ਪਾਰਟੀ ਅਤੇ ਜਨ ਸੰਗਠਨਾਂ ਦੇ ਸੰਘਰਸ਼ ਵਿੱਚ ਮਿਸਾਲੀ ਯੋਗਦਾਨ ਪਾਇਆ ਹੈ। ਸਾਥੀ ਨਵਾਂ ਪਿੰਡ ਨੇ ਮੋਦੀ ਸਰਕਾਰ ਦੇ ਦੋਸ਼ ਲਾਉਂਦਿਆਂ ਕਿਹਾ ਕਿ 2014 ਤੋਂ ਦੇਸ਼ ਅੰਦਰ ਘੱਟ ਗਿਣਤੀਆਂ ਤੇ ਲਗਾਤਾਰ ਹਮਲੇ ਕੀਤੇ ਜਾ ਰਹੇ ਹਨ ਸੰਵਿਧਾਨ ਨੂੰ ਬਦਲ ਕੇ ਇੱਥੇ ਮਨੂਵਾਦੀ ਵਿਵਸਥਾ ਸਥਾਪਤ ਕਰਨ ਲਈ ਭਾਜਪਾ-ਆਰਐੱਸਐੱਸ ਫਿਰਕੂ ਫਾਸ਼ੀ ਨੀਤੀ ਤਹਿਤ ਕੰਮ ਕਰ ਰਹੀ ਹੈ।ਦੇਸ਼ ਦੇ ਗਰੀਬਾਂ, ਘੱਟ ਗਿਣਤੀਆਂ, ਦਲਿਤਾਂ-ਔਰਤਾਂ ਤੇ ਹਾਸ਼ੀਆਗਤ ਵਸੋਂ ਸਮੂਹਾਂ ਨੂੰ ਵੋਟ ਦੇ ਅਧਿਕਾਰ ਤੋਂ ਵਾਂਝੇ ਕਰਨ ਦੀ ਸਾਜਿਸ਼ ਤਹਿਤ ਕੀਤੀ ਜਾ ਰਹੀ ਵੋਟਰ ਸੂਚੀਆਂ ਦੀ ਵਿਸ਼ੇਸ਼ ਡੂੰਘੀ ਸੁਧਾਈ (ਐੱਸ.ਆਈ.ਆਰ.) ਸਰਾਸਰ ਗੈਰ ਕਾਨੂੰਨੀ ਅਤੇ ਸੰਵਿਧਾਨ ਵਿਰੋਧੀ ਕਾਰਵਾਈ ਹੈ। ਉਨ੍ਹਾਂ ਦੋਸ਼ ਲਾਇਆ ਹੈ ਕਿ ਸੀਈਸੀ ਵਲੋਂ ਮੋਦੀ ਸਰਕਾਰ ਦੇ ਥਾਪੜੇ ਨਾਲ ਕੀਤੀ ਜਾ ਰਹੀ ਐੱਸ.ਆਈ.ਆਰ. ਦੇ ਜਰੀਏ ਆਰ.ਐੱਸ.ਐੱਸ., ਭਾਜਪਾ ਦੀ ਲੋਕ-ਰਾਜ ਦੇ ਖਾਤਮੇ ਦੀ ਚਿਰੋਕਣੀ ਸਾਜਿਸ਼ ਸਿਰੇ ਚੜ੍ਹਾਈ ਜਾ ਰਹੀ ਹੈ।ਆਪਣੇ ਗੈਰ-ਕਾਨੂੰਨੀ ਕਾਰਿਆਂ ਰਾਹੀਂ ਲੋਕ-ਰਾਜੀ ਤੇ ਸੰਵਿਧਾਨਕ ਕਦਰਾਂ-ਕੀਮਤਾਂ ਨੂੰ ਤਬਾਹ ਕਰਨ ਵਾਲੇ ਮੁੱਖ ਚੋਣ ਕਮਿਸ਼ਨਰ (ਸੀ.ਈ.ਸੀ.) ਗਿਆਨੇਸ਼ ਕੁਮਾਰ ਨੂੰ ਬਰਖਾਸਤ ਕੀਤਾ ਜਾਵੇ ਤੇ ਉਸ ਨੂੰ ਗ੍ਰਿਫਤਾਰ ਕਰਕੇ ਫੌਰੀ ਜੇਲ੍ਹ 'ਚ ਬੰਦ ਕੀਤਾ ਜਾਵੇ। ਐੱਸ.ਆਈ.ਆਰ. ਤਹਿਤ ਕੱਟੀਆਂ 13 ਕਰੋੜ ਤੋਂ ਵੱਧ ਵੋਟਾਂ ਬਹਾਲ ਕੀਤੇ ਜਾਣ, ਐੱਸ. ਆਈ. ਆਰ. ਤੋਂ ਪਿੱਛੋਂ ਹੋਈਆਂ ਸਾਰੀਆਂ ਚੋਣਾਂ ਰੱਦ ਕੀਤੇ ਜਾਣ ਅਤੇ ਅੱਗੇ ਤੋਂ ਈ.ਵੀ.ਐੱਮ. ਦੀ ਬਜਾਏ ਬੈਲਟ ਪੇਪਰ ਨਾਲ ਵੋਟਾਂ ਪਵਾਈਆਂ ਜਾਣ।ਇਸ ਮੌਕੇ ਹੋਰਨਾਂ ਤੋਂ ਇਲਾਵਾ ਦਿਲਬਾਗ ਸਿੰਘ ਸਰਪੰਚ ਛਿੱਤ, ਤਰਲੋਕ ਸਿੰਘ ਛਿੱਤ ਪੰਚ, ਬੂਟਾ ਮਸੀਹ ਕੋਟਲੀ ਫੱਸੀ, ਅਵਤਾਰ ਸਿੰਘ ਮੁੱਰਗੀ ਮੁਹੱਲਾ ਬਟਾਲਾ, ਨਿਸ਼ਾਨ ਮਸੀਹ ਉਧੋਵਾਲ, ਗੁਰਨਾਮ ਸਿੰਘ ਬਾਉਲੀ ਇੰਦਰਜੀਤ ਬਟਾਲਾ, ਕਸ਼ਮੀਰ ਸਿੰਘ ਛਿੱਤ, ਰਣਜੀਤ ਸਿੰਘ ਫੌਜੀ, ਗੁਰਮੇਜ਼ ਸਿੰਘ ਛਿੱਤ, ਸੁਖਦੇਵ ਸਿੰਘ ਛਿੱਤ, ਰਮਨਦੀਪ ਕੌਰ, ਦਲਬੀਰ ਕੌਰ ਆਦਿ ਹਾਜ਼ਰ ਸਨ।

## ਤੋਲਾ ਨੰਗਲ ਦਾ ਤਿੰਨ ਰੋਜ਼ਾ ਸਾਲਾਨਾ ਜੋੜ ਮੇਲਾ ਸੰਪੰਨ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**-ਪਿੰਡ ਤੋਲਾ ਨੰਗਲ ਵਿਖੇ ਸਮੂਹ ਨਗਰ



ਨਿਵਾਸੀਆਂ ਦੇ ਸਹਿਯੋਗ ਨਾਲ ਸੰਤ ਬਾਬਾ ਮਾਹੀ ਸਿੰਘ ਦੀ ਪਾਵਨ ਯਾਦ ਨੂੰ ਸਮਰਪਿਤ ਤਿੰਨ ਰੋਜ਼ਾ ਸਾਲਾਨਾ ਜੋੜ ਮੇਲਾ ਬੜੀ ਸ਼ਰਧਾ ਤੇ ਭਾਵਨਾ ਨਾਲ ਮਨਾਇਆ ਗਿਆ। ਮੇਲੇ ਦੌਰਾਨ ਇਲਾਕੇ ਭਰ ਵਿੱਚੋਂ ਹਜ਼ਾਰਾਂ ਸੰਗਤਾਂ ਨੇ ਸ਼ਮੂਲੀਅਤ ਕੀਤਾ।ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਜਾਏ ਗਏ ਵਿਸ਼ਾਲ ਦੀਵਾਨ ਵਿੱਚ ਵੱਖ-ਵੱਖ ਕੀਰਤਨੀ, ਕਥਾ, ਢਾਡੀ ਅਤੇ ਕਵੀਸ਼ਰੀ ਜਥਿਆਂ ਨੇ ਸੰਗਤਾਂ ਨੂੰ ਗੁਰ-ਇਤਿਹਾਸ ਨਾਲ ਜੋੜਿਆ।

ਇਸ ਮੌਕੇ ਕੀਰਤਨੀ ਜਥੇ ਭਾਈ ਕਰਦਿਆਂ ਗੁਰਬਾਣੀ ਕੀਰਤਨ, ਕਥਾ ਅਤੇ ਗੁਰ-ਇਤਿਹਾਸ ਦਾ ਸਰਵਣ ਪੂਜਨੀਕ ਸਿੰਘ ਅੰਮ੍ਰਿਤਸਰ, ਭਾਈ ਸੰਤੋਖ ਸਿੰਘ ਤੋਲਾ ਨੰਗਲ, ਕਥਾ ਵਾਚਕ ਭਾਈ ਦਵਿੰਦਰ ਸਿੰਘ ਗੋਇੰਦਵਾਲ ਸਾਹਿਬ, ਭਾਈ ਗੁਰਦੇਵ ਸਿੰਘ ਕੋਮਲ ਸ਼ਾਹਕੋਟੀ, ਕਵੀਸ਼ਰ ਭਾਈ ਪਲਵਿੰਦਰ ਸਿੰਘ ਖਾਸਾ, ਭਾਈ ਗੁਰਭੇਜ ਸਿੰਘ ਚਵਿੰਡਾ, ਭਾਈ ਸੁਰਜੀਤ ਸਿੰਘ ਵਾਰਸ ਦਾ ਢਾਡੀ ਜਥਾ ਅਤੇ ਭਾਈ ਮੱਖਣ ਸਿੰਘ ਦਸ਼ਮੇਸ਼ ਨਗਰ ਦੇ ਕਵੀਸ਼ਰੀ ਜਥੇ ਸਮੇਤ ਹੋਰਨਾਂ ਜਥਿਆਂ ਨੇ ਹਾਜ਼ਰੀ ਭਰੀ।ਸਟੇਜ ਸਕੱਤਰ ਦੀ ਸੇਵਾ ਭਾਈ ਰਸ਼ਪਾਲ ਸਿੰਘ ਤੋਲਾ ਨੰਗਲ ਵੱਲੋਂ ਬਾਖੂਬੀ ਨਿਭਾਈ ਗਈ।ਮੇਲੇ ਵਿੱਚ ਪੁੱਜੀਆਂ ਸੰਗਤਾਂ ਲਈ ਵੱਖ-ਵੱਖ ਪ੍ਰਕਾਰ ਦੇ ਲੰਗਰ ਵੀ ਲਗਾਏ ਗਏ।ਇਸ ਮੌਕੇ ਮੁੱਖ ਸੇਵਾਦਾਰ ਬਾਬਾ ਮੰਗਾ ਸਿੰਘ, ਸਾਬਕਾ ਸਰਪੰਚ ਕਾਰਜ ਸਿੰਘ, ਸਰਪੰਚ ਹਰਪਾਲ ਸਿੰਘ, ਮੁਖਤਾਰ ਸਿੰਘ ਕੈਨੇਡਾ, ਗੁਰਬਾਜ ਸਿੰਘ ਕੈਨੇਡਾ, ਬਾਬਾ ਰਾਮ ਸਿੰਘ, ਰਾਜਬੀਰ ਸਿੰਘ ਤੋਲਾ ਨੰਗਲ, ਅੰਗਰੇਜ਼ ਸਿੰਘ ਛੀਨਾ, ਬਾਬਾ ਹੀਰਾ ਸਿੰਘ ਝੰਜੋਟੀ ਆਦਿ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।

## ਨਾਮ ਅਭਿਆਸ ਕਮਾਈ ਸਮਾਗਮ ਨੂੰ ਲੈ ਕੇ ਸੰਗਤਾਂ 'ਚ ਭਾਰੀ ਉਤਸ਼ਾਹ: ਬਾਬਾ ਹਜ਼ੂਰ ਸਿੰਘ

**ਗੁਰਦਾਸਪੁਰ, (ਜਨਕ ਮਹਾਜਨ)**-ਗੁਰਦੁਆਰਾ ਰਾਮਪੁਰ ਖੇੜਾ ਸਾਹਿਬ ਨਜ਼ਦੀਕ ਗੜ੍ਹਦੀਵਾਲਾ ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਨਾਮ ਅਭਿਆਸ ਕਮਾਈ ਸਮਾਗਮ 8 ਰੋਜ਼ਾ ਚੱਲ ਰਿਹਾ ਹੈ, ਜਿਸ ਵਿਚ ਗੁਰਦਾਸਪੁਰ ਦੀਆਂ ਸੰਗਤਾਂ ਦਾ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਬਾਬਾ ਹਜ਼ੂਰ ਸਿੰਘ ਬਾਗੜੀਆਂ ਨੇ ਦੱਸਿਆ ਕਿ ਜਿਸ ਵਿਚ ਪ੍ਰਸਿੱਧ ਕਥਾਵਾਚਕ ਅਤੇ ਗੁਰੂ ਘਰ ਦੇ ਕੀਰਤਨੀਏ ਹਾਜ਼ਰੀ ਭਰ ਰਹੇ ਹਨ। ਉਨ੍ਹਾਂ



ਦੱਸਿਆ ਕਿ ਇਹ ਸਮਾਗਮ 4 ਅਕਤੂਬਰ ਤੋਂ ਸ਼ੁਰੂ ਹੋਏ ਹਨ ਜੋ 11 ਅਕਤੂਬਰ ਤੱਕ ਜਾਰੀ ਰਹਿਣਗੇ। ਉਨ੍ਹਾਂ ਦੱਸਿਆ ਕਿ ਨਾਮ ਸਿਮਰਨ ਅੰਮ੍ਰਿਤ ਵੇਲੇ 4.30 ਤੋਂ 5.30 ਅਤੇ ਸ਼ਾਮ ਵੇਲੇ 4 ਤੋਂ 5 ਵਜੇ ਤੱਕ, ਸੁਖਮਨੀ ਸਾਹਿਬ ਜੀ ਦੇ ਪਾਠ ਦੁਪਹਿਰ 10.45 ਤੋਂ 12 ਵਜੇ ਤੱਕ, ਕੀਰਤਨ ਸਵੇਰੇ 5.30 ਤੋਂ 7.45 ਤੱਕ, ਅਤੇ ਸ਼ਾਮ ਨੂੰ 5 ਵਜੇ ਤੋਂ 9 ਵਜੇ ਤੱਕ, ਕਥਾ ਸਵੇਰੇ 7.45 ਤੋਂ 8.45 ਤੱਕ ਅਤੇ ਦੁਪਹਿਰ 12 ਤੋਂ 1 ਵਜੇ ਤੱਕ ਹੋ ਰਹੀ ਹੈ। ਉਨ੍ਹਾਂ ਦੱਸਿਆ ਕਿ ਇਹ ਸੇਵਾ ਇਲਾਕੇ ਦੇ ਸਹਿਯੋਗ ਨਾਲ ਅਤੇ ਸੰਤ ਸੇਵਾ ਸਿੰਘ ਗੁਰਦੁਆਰਾ ਰਾਮਪੁਰ ਖੇੜਾ ਵਾਲਿਆਂ ਦੇ ਸਹਿਯੋਗ ਨਾਲ ਕਰਵਾਈ ਜਾ ਰਹੀ ਹੈ।

## ਭਾਜਪਾ ਹਲਕਾ ਇੰਚਾਰਜ ਕਾਹਲੋਂ ਨੇ ਪ੍ਰੇਮ ਸਿੰਘ ਮਾਨ ਨੂੰ ਸਬ-ਸਰਕਲ ਪ੍ਰਧਾਨ ਬਣਾਇਆ

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**-ਫਤਿਹਗੜ੍ਹ ਚੂੜੀਆਂ ਤੋਂ ਭਾਜਪਾ ਦੇ ਹਲਕਾ ਇੰਚਾਰਜ ਰਵੀਕਰਨ ਸਿੰਘ ਕਾਹਲੋਂ ਵੱਲੋਂ ਆਪਣੀਆਂ ਸਿਆਸੀ ਸਰਗਰਮੀਆਂ ਕਾਫੀ ਤੇਜ਼ ਕੀਤੀਆਂ ਹੋਈਆਂ।





ਉਨ੍ਹਾਂ ਵੱਲੋਂ ਹਲਕਾ ਫਤਿਹਗੜ੍ਹ ਤੋਂ ਭਾਜਪਾ ਨੂੰ ਮਜ਼ਬੂਤ ਤੇ ਜਥੇਬੰਦ ਕਰਨ ਲਈ ਉਚੇਚੇ ਯਤਨ ਕੀਤੇ ਜਾ ਰਹੇ ਹਨ।ਇਸਦੇ ਯਤਨ ਵਜੋਂ ਹੀ ਭਾਜਪਾ ਦੇ ਹਲਕਾ ਇੰਚਾਰਜ ਰਵੀਕਰਨ ਸਿੰਘ ਕਾਹਲੋਂ ਵੱਲੋਂ ਪਿੰਡ ਮਾਨ ਸੈਂਡਵਾਲ ਦੇ ਮਿਹਨਤੀ ਤੇ ਅਗਾਂਹਵਧੂ ਸੋਚ ਵਾਲੇ ਨੌਜਵਾਨ ਵਰਕਰ ਪ੍ਰੇਮ ਸਿੰਘ ਮਾਨ ਨੂੰ ਸਰਕਲ ਫਤਿਹਗੜ੍ਹ ਚੂੜੀਆਂ ਦਿਹਾਤੀ ਦਾ ਸਬ ਸਰਕਲ ਪ੍ਰਧਾਨ ਲਗਾਇਆ ਗਿਆ ਹੈ।ਪ੍ਰੇਮ ਸਿੰਘ ਮਾਨ ਨੂੰ ਪਾਰਟੀ ਵੱਲੋਂ 13 ਪਿੰਡਾਂ ਦੀ ਜ਼ਿੰਮੇਵਾਰੀ ਦਿੱਤੀ ਗਈ ਹੈ।ਇਸ ਸੰਬੰਧੀ ਪ੍ਰੇਮ ਸਿੰਘ ਮਾਨ ਨੇ ਗੱਲ ਕਰਦਿਆਂ ਕਿਹਾ ਕਿ ਮੈਂ ਇਸ ਲਈ ਪਾਰਟੀ ਹਾਈਕਮਾਂਡ ਤੇ ਹਲਕਾ ਇੰਚਾਰਜ ਫਤਿਹਗੜ੍ਹ ਚੂੜੀਆਂ ਰਵੀਕਰਨ ਸਿੰਘ ਕਾਹਲੋਂ ਦਾ ਬੇਹੱਦ ਧੰਨਵਾਦੀ ਹਾਂ ਜਿਨ੍ਹਾਂ ਵੱਲੋਂ ਮੈਨੂੰ ਇਹ ਅਹੁਦਾ ਦਿੱਤਾ ਗਿਆ ਹੈ।ਪ੍ਰੇਮ ਸਿੰਘ ਮਾਨ ਨੇ ਕਿਹਾ ਕਿ ਸਾਡੇ ਹਲਕਾ ਇੰਚਾਰਜ ਹਵੀਕਰਨ ਸਿੰਘ ਕਾਹਲੋਂ ਦੀ ਯੋਗ ਅਗਵਾਈ ਵਿੱਚ ਲੋਕ ਵੱਡੀ ਪੱਧਰ 'ਤੇ ਭਾਜਪਾ ਨਾਲ ਜੁੜ ਰਹੇ ਹਨ ਤੇ ਯਕੀਨਨ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿਚ ਭਾਜਪਾ ਸ਼ਾਨਦਾਰ ਜਿੱਤ ਪ੍ਰਾਪਤ ਕਰੇਗੀ।

## ਰਿਆੜਕੀ ਕਾਲਜ ਵਿਖੇ 36ਵਾਂ ਗਿਆਨੀ ਮੇਵਾ ਸਿੰਘ ਗੁਰਮਤਿ ਕੈਂਪ ਸ਼ਰਧਾ ਤੇ ਉਤਸ਼ਾਹ ਨਾਲ ਆਰੰਭ

**ਧਾਰੀਵਾਲ, (ਮਨਦੀਪ ਵਿੱਕੀ)**- ਪੰਜਾਬ ਦੇ 'ਸ਼ਾਂਤੀ ਨਿਕੇਤਨ' ਵਜੋਂ ਜਾਣੇ ਜਾਂਦੇ ਬਾਬਾ ਆਇਆ ਸਿੰਘ ਰਿਆੜਕੀ ਕਾਲਜ, ਤੁਗਲਵਾਲਾ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਦੇ ਸਹਿਯੋਗ ਨਾਲ ਗਿਆਨੀ ਮੇਵਾ ਸਿੰਘ ਦੀ ਯਾਦ ਨੂੰ ਸਮਰਪਿਤ 36ਵਾਂ ਸਾਲਾਨਾ ਗਿਆਨੀ ਮੇਵਾ ਸਿੰਘ ਗੁਰਮਤਿ ਕੈਂਪ ਸ਼ਰਧਾ, ਉਤਸ਼ਾਹ ਅਤੇ ਗੁਰਮਈ ਮਾਹੌਲ ਵਿੱਚ ਆਰੰਭ ਹੋਇਆ। ਕੈਂਪ ਦਾ ਉਦਘਾਟਨ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਨੇ ਕੀਤਾ।ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਸ੍ਰ. ਵਿਜੇ ਸਿੰਘ, ਸਾਬਕਾ ਸਕੱਤਰ ਵਰਿਆਮ ਸਿੰਘ ਅਤੇ ਮਹਿੰਦਰ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਸਮਾਗਮ ਦੀ ਸ਼ੁਰੂਆਤ ਗੁਰਦੁਆਰਾ ਬੁਰਜ ਸਾਹਿਬ ਤੋਂ ਭਾਈ ਅਮਨਦੀਪ ਸਿੰਘ ਦੇ ਕੀਰਤਨੀ ਜਥੇ ਵੱਲੋਂ ਇਲਾਹੀ ਬਾਣੀ ਦੇ ਰਸਭਿੰਨੇ ਕੀਰਤਨ ਨਾਲ ਹੋਈ।ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਸ੍ਰ. ਸਵਰਨ ਸਿੰਘ ਵਿਰਕ ਨੇ ਕਿਹਾ ਕਿ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਆਪਣੇ ਵਿਰਸੇ,



ਇਤਿਹਾਸ ਅਤੇ ਗੁਰਬਾਣੀ ਨਾਲ ਜੋੜਨਾ ਸਮੇਂ ਦੀ ਵੱਡੀ ਲੋੜ ਹੈ।ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਨੇ ਵਿਦਿਆਰਥੀਆਂ ਨਾਲ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਰਿਆੜਕੀ ਕਾਲਜ ਸਚਿਆਰ ਜੀਵਨ ਦੀ ਜੀਵੰਤ ਮਿਸਾਲ ਹੈ। ਉਨ੍ਹਾਂ ਕਿਹਾ ਕਿ ਅਜਿਹੀ ਸੰਸਥਾ ਸ਼ਾਇਦ ਹੀ ਕਿਤੇ ਵੇਖਣ ਨੂੰ ਮਿਲਦੀ ਹੈ, ਜਿੱਥੇ ਵਿਦਿਆਰਥੀ ਸਾਦਗੀ ਨਾਲ ਰਹਿਣ ਦੇ ਨਾਲ-ਨਾਲ ਹੱਥੀਂ ਕਿਰਤ ਕਰਦੇ, ਆਪਣੇ ਕੰਮ ਆਪ ਸੰਭਾਲਦੇ ਅਤੇ ਸੇਵਾ ਨੂੰ ਸਿੱਖਿਆ ਦਾ ਅਨਿੱਖੜਵਾਂ ਅੰਗ ਬਣਾਉਂਦੇ ਹਨ। ਉਨ੍ਹਾਂ ਕਿਹਾ ਕਿ ਰਿਆੜਕੀ ਕਾਲਜ ਦੇ ਵਿਦਿਆਰਥੀਆਂ ਦੀ ਸਾਦਗੀ ਅਤੇ ਹੱਥੀਂ ਕਿਰਤ ਬਾਰੇ ਉਨ੍ਹਾਂ ਪਹਿਲਾਂ ਸੁਣਿਆ ਸੀ, ਪਰ ਅੱਜ ਇਸ ਨੂੰ ਆਪਣੀਆਂ ਅੱਖਾਂ ਨਾਲ ਵੇਖ ਕੇ ਉਹ ਬੇਹੱਦ ਪ੍ਰਭਾਵਿਤ ਹੋਏ ਹਨ। ਉਨ੍ਹਾਂ ਕਾਮਨਾ ਕੀਤੀ ਕਿ ਦੇਸ਼ ਦੀਆਂ ਹੋਰ ਵਿਦਿਅਕ ਸੰਸਥਾਵਾਂ ਵੀ ਅਜਿਹੀ ਸਿੱਖਿਆ ਪ੍ਰਣਾਲੀ ਤੋਂ ਪ੍ਰੇਰਣਾ ਲੈਣ।ਸ੍ਰ. ਵਿਜੇ ਸਿੰਘ ਨੇ ਕਿਹਾ ਕਿ ਰਿਆੜਕੀ ਕਾਲਜ ਸਿਰਫ਼ ਇੱਕ ਵਿਦਿਅਕ ਸੰਸਥਾ ਨਹੀਂ, ਸਗੋਂ ਸਿੱਖੀ ਦੇ ਸਿਧਾਂਤਾਂ ਨੂੰ ਅਮਲੀ ਜੀਵਨ ਵਿੱਚ ਉਤਾਰਨ ਵਾਲੀ ਮਿਸਾਲੀ ਸੰਸਥਾ ਹੈ।ਉਨ੍ਹਾਂ ਕਿਹਾ ਕਿ ਇੱਥੋਂ ਦੇ ਵਿਦਿਆਰਥੀਆਂ ਦਾ ਨਕਲ-ਰਹਿਤ ਸਿੱਖਿਆ ਪ੍ਰਾਪਤ ਕਰਨਾ, ਸਾਦਗੀ ਨਾਲ ਰਹਿਣਾ, ਹੱਥੀਂ ਕਿਰਤ ਕਰਨਾ ਅਤੇ ਮੁਫ਼ਤ ਸਿੱਖਿਆ ਹਾਸਲ ਕਰਨਾ ਆਪਣੇ ਆਪ ਵਿੱਚ ਵਿਲੱਖਣ ਗੱਲ ਹੈ। ਉਨ੍ਹਾਂ ਕਿਹਾ ਕਿ ਗਿਆਨੀ ਮੇਵਾ ਸਿੰਘ ਜੀ ਵੱਲੋਂ ਤੋਰੀ ਧਰਮ ਪ੍ਰਚਾਰ ਦੀ ਲੜੀ ਨੂੰ 36 ਸਾਲਾਂ ਤੋਂ ਗੁਰਮਤਿ ਕੈਂਪਾਂ ਰਾਹੀਂ ਅੱਗੇ ਤੋਰਨ ਵਾਲੇ ਰਿਆੜਕੀ ਕਾਲਜ ਨੂੰ ਨਮਸਕਾਰ ਹੈ।

## ਨਾਜਾਇਜ਼ ਪਿਸਤੌਲਾਂ ਤੇ ਕਾਰਤੂਸਾਂ ਸਮੇਤ ਦੋ ਕਾਬੂ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਪੁਲਸ ਥਾਣਾ ਤਰਸਿੱਕਾ ਦੀ ਟੀਮ ਵੱਲੋਂ ਭੈੜੇ ਅਨਸਰਾਂ ਖਿਲਾਫ ਕਾਰਵਾਈ ਕਰਦਿਆਂ ਦੋ ਨੌਜਵਾਨਾਂ ਨੂੰ ਨਜਾਇਜ਼ ਪਿਸਤੌਲਾਂ ਸਮੇਤ ਗ੍ਰਿਫਤਾਰ ਕੀਤਾ ਗਿਆ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਥਾਣਾ ਤਰਸਿੱਕਾ ਦੀ ਪੁਲਸ ਟੀਮ (ਏ.ਐੱਸ.ਆਈ. ਨਰਿੰਦਰ ਪਾਲ ਸਿੰਘ, ਏ.ਐੱਸ.ਆਈ. ਸੁਰਜੀਤ ਸਿੰਘ, ਸੀ. ਟੀ. ਰਫ਼ੀਕ ਮੁਹੰਮਦ, ਸੀ. ਟੀ. ਹਰਵਿੰਦਰ ਸਿੰਘ, ਪੀ. ਐੱਚ. ਜੀ. ਗੁਰਪ੍ਰੀਤ ਸਿੰਘ) ਇਲਾਕੇ ਵਿੱਚ ਗਸ਼ਤ ਅਤੇ ਚੈਕਿੰਗ ਦੌਰਾਨ ਪਿੰਡ ਮੁੱਛਲ ਤੋਂ ਪੁਲਸ



ਪਾਰਟੀ ਨੈਸ਼ਨਲ ਹਾਈਵੇ ਤੇ ਜਾਂਦਿਆਂ ਸਾਹਮਣੇ ਤੋਂ ਇੱਕ ਮੋਟਰਸਾਈਕਲ (ਸਪਲੈਂਡਰ, ਰੰਗ ਕਾਲਾ, ਨੰਬਰ ਪੀ ਬੀ02-ਏ-7386) ਤੇ ਦੋ ਨੌਜਵਾਨ ਸਵਾਰ ਆਉਂਦੇ ਦਿਖਾਈ ਦਿੱਤੇ।ਪੁਲਸ ਦੀ ਗੱਡੀ ਦੇਖ ਕੇ ਮੋਟਰਸਾਈਕਲ ਸਟਾਰਟ ਕਰਕੇ ਖਿਸਕਣ ਦੀ ਕੋਸ਼ਿਸ਼ ਕਰਨ ਲੱਗੇ।ਪੁਲਸ ਟੀਮ ਨੇ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਦੋਵਾਂ ਨੂੰ ਕਾਬੂ ਕਰ ਲਿਆ।ਪੁੱਛਣ ਤੇ ਨੌਜਵਾਨਾਂ ਦੀ ਪਛਾਣ ਰਵਿੰਦਰ ਸਿੰਘ ਉਰਫ਼ ਹੈਪੀ (ਪੁੱਤਰ ਸਵ: ਸਤਨਾਮ ਸਿੰਘ) ਅਤੇ ਅਰਸ਼ਦੀਪ ਸਿੰਘ ਉਰਫ਼ ਅਰਸ਼ (ਪੁੱਤਰ ਸਵ: ਪੀਰਾ ਸਿੰਘ), ਦੋਵੇਂ ਵਾਸੀ ਗੁਰੂ ਨਾਨਕ ਕਲੋਨੀ, ਨੇੜੇ ਸ਼ਰਮਾ ਡੇਅਰੀ, ਘਣੂਪੁਰ ਕਾਲੇ, ਥਾਣਾ ਛੇਹਰਟਾ (ਜ਼ਿਲ੍ਹਾ ਅੰਮ੍ਰਿਤਸਰ) ਵਜੋਂ ਹੋਈ ਹੈ। ਪੁਲਸ ਟੀਮ ਨੇ ਮੌਕੇ 'ਤੇ ਰਵਿੰਦਰ ਸਿੰਘ ਉਰਫ਼ ਹੈਪੀ ਦੇ ਡੱਬ ਵਿੱਚੋਂ ਇੱਕ .30 ਬੋਰ ਪਿਸਤੌਲ (ਸਿਲਵਰ ਤੇ ਬਲੈਕ ਰੰਗ, ਜਿਸ ਸਮੇਤ ਮੈਗਜ਼ੀਨ ਅਤੇ 2 ਜ਼ਿੰਦਾ ਰੌਂਦ (.30 ਬੋਰ) ਅਤੇ ਅਰਸ਼ਦੀਪ ਸਿੰਘ ਉਰਫ਼ ਅਰਸ਼ ਦੇ ਡੱਬ ਵਿੱਚੋਂ ਵੀ ਇੱਕ ਰੂਗਰ ਪਿਸਤੌਲ (ਸਿਲਵਰ ਤੇ ਬਲੈਕ ਰੰਗ ਸਮੇਤ ਮੈਗਜ਼ੀਨ ਬਰਾਮਦ ਹੋਇਆ।ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਦੋਵਾਂ ਦੋਸ਼ੀਆਂ ਖ਼ਿਲਾਫ਼ ਥਾਣਾ ਤਰਸਿੱਕਾ ਵਿਖੇ ਆਰਮਜ਼ ਐਕਟ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ। ਪੁਲਿਸ ਵੱਲੋਂ ਦੋਸ਼ੀਆਂ ਕੋਲੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਇਹ ਅਸਲਾ ਕਿੱਥੋਂ ਲਿਆਂਦਾ ਗਿਆ ਸੀ ਅਤੇ ਕਿਸ ਵਾਰਦਾਤ ਨੂੰ ਅੰਜਾਮ ਦੇਣ ਦੀ ਯੋਜਨਾ ਸੀ ।

# ਲੇਖਾ-ਜੋਖਾ

ਜਾਪਾਨ ਦੇ ਆਈਚੀ-ਨਾਗੋਆ ਵਿੱਚ ਹਾਲ ਹੀ 'ਚ ਸਮਾਪਤ ਹੋਈਆਂ ਏਸ਼ੀਆਈ ਖੇਡਾਂ ਵਿੱਚ ਭਾਰਤ ਦੇ ਪ੍ਰਦਰਸ਼ਨ ਦਾ ਸਿਰਫ ਮਹਾਂਦੀਪੀ ਪੱਧਰ 'ਤੇ ਮੁਲਾਂਕਣ ਕਰਨਾ ਮਾਇਨੇ ਨਹੀਂ ਰੱਖਦਾ। ਭਾਰਤ ਤਿੰਨ ਸਾਲ ਪਹਿਲਾਂ ਚੀਨ ਦੇ ਹਾਂਗਜ਼ੂ ਵਿੱਚ ਹੋਈਆਂ ਏਸ਼ਿਆਈ ਖੇਡਾਂ 'ਚ ਚੌਥੇ ਸਥਾਨ 'ਤੇ ਰਿਹਾ ਸੀ, ਅਤੇ ਇਸ ਵਾਰ ਵੀ ਚੌਥੇ ਸਥਾਨ 'ਤੇ ਰਿਹਾ। ਸਵਾਲ ਇਹ ਹੈ ਕਿ ਆਈਚੀ-ਨਾਗੋਆ ਵਿੱਚ ਭਾਰਤ ਦਾ ਪ੍ਰਦਰਸ਼ਨ ਲਾਸ ਏਂਜਲਸ ਵਿੱਚ 2028 'ਚ ਹੋਣ ਵਾਲੀਆਂ ਉਲੰਪਿਕ ਖੇਡਾਂ ਵਿਚਲੇ ਪ੍ਰਦਰਸ਼ਨ ਨੂੰ ਕਿਵੇਂ ਪ੍ਰਭਾਵਤ ਕਰੇਗਾ? ਪਿਛਲੀਆਂ ਏਸ਼ਿਆਈ ਖੇਡਾਂ ਦੇ ਮੁਕਾਬਲੇ ਇਸ ਦੇ ਤਮਗਿਆਂ ਦੀ ਗਿਣਤੀ ਵਿੱਚ 106 ਤੋਂ 85 ਤੱਕ ਦੀ ਗਿਰਾਵਟ ਨਿਸਚਤ ਤੌਰ 'ਤੇ ਨਜ਼ਰਸਾਨੀ ਦਾ ਵਿਸ਼ਾ ਹੈ। ਭਾਰਤ ਨੇ ਇਸ ਵਾਰ ਸੱਤ ਘੱਟ ਸੋਨ ਤਮਗੇ ਜਿੱਤੇ ਹਨ। ਇਸ ਦਾ ਇੱਕ ਕਾਰਨ ਇਹ ਦੱਸਿਆ ਜਾ ਸਕਦਾ ਹੈ ਕਿ ਭਾਰਤ ਨੇ ਹਾਂਗਜ਼ੂ (661) ਦੇ ਮੁਕਾਬਲੇ ਆਈਚੀ-ਨਾਗੋਆ ਵਿੱਚ ਘੱਟ ਐਥਲੀਟਾਂ (495) ਨੂੰ ਭੇਜਿਆ।

ਹਾਂਗਜ਼ੂ ਵਿੱਚ ਭਾਰਤ ਨੇ 28 ਸੋਨ ਤਮਗੇ ਜਿੱਤੇ ਸਨ, ਪਰ ਅਗਲੇ ਸਾਲ ਦੀ ਪੈਰਿਸ ਉਲੰਪਿਕ ਵਿੱਚ ਇੱਕ ਵੀ ਨਹੀਂ ਜਿੱਤਿਆ। ਇਸ ਦਾ ਕਾਰਨ ਸਧਾਰਨ ਹੈ-ਉਲੰਪਿਕ 'ਚ ਲੱਗਭੱਗ ਸਾਰੀ ਦੁਨੀਆ ਸ਼ਾਮਲ ਹੁੰਦੀ ਹੈ ਅਤੇ ਮੁਕਾਬਲੇ ਦਾ ਪੱਧਰ ਕਈ ਦਰਜੇ ਵਧ ਜਾਂਦਾ ਹੈ, ਜਿਸ ਨਾਲ ਏਸ਼ਿਆਈ ਪੱਧਰ ਦੇ ਅੰਕ ਵਿਹਾਰਕ ਨਾਲੋਂ ਵਧੇਰੇ ਅਕਾਦਮਿਕ ਬਣ ਜਾਂਦੇ ਹਨ।

ਆਈਚੀ-ਨਾਗੋਆ 'ਚ ਵਿਅਕਤੀਗਤ ਖੇਡਾਂ ਦੇ ਮੁਕਾਬਲੇ ਟੀਮ ਖੇਡਾਂ ਵਿੱਚ ਬਿਹਤਰ ਪ੍ਰਦਰਸ਼ਨ ਰਿਹਾ ਹੈ। ਭਾਰਤ ਦੇ 21 ਸੋਨ ਤਮਗਿਆਂ ਵਿੱਚੋਂ 13 ਟੀਮ ਮੁਕਾਬਲਿਆਂ ਵਿੱਚ ਆਏ ਹਨ। ਹਾਕੀ ਵਿੱਚ ਮਹਿਲਾ ਤੇ ਪੁਰਸ਼ ਟੀਮਾਂ ਨੇ ਨਾ ਸਿਰਫ ਸੋਨੇ ਦੇ ਤਮਗੇ ਜਿੱਤੇ, ਸਗੋਂ ਉਲੰਪਿਕ ਵਿੱਚ ਦਾਖਲਾ ਵੀ ਪੱਕਾ ਕਰ ਲਿਆ। ਇਹ ਟੀਮਾਂ ਲਈ ਇੱਕ ਵੱਡੀ ਰਾਹਤ ਹੈ, ਕਿਉਂਕਿ ਹੁਣ ਇਹ ਉਲੰਪਿਕ ਲਈ ਕੁਆਲੀਫਾਈ ਕਰਨ ਦੇ ਝੰਜਟ ਤੋਂ ਬਚ ਕੇ ਉਲੰਪਿਕ ਲਈ ਯੋਜਨਾਬੰਦੀ 'ਤੇ ਧਿਆਨ ਕੇਂਦਰਤ ਕਰ ਸਕਦੀਆਂ ਹਨ। ਇਸੇ ਤਰ੍ਹਾਂ ਪੁਰਸ਼ ਅਤੇ ਮਹਿਲਾ ਕ੍ਰਿਕਟ ਟੀਮਾਂ ਸੁਨਹਿਰੀ ਉਮੀਦਾਂ ਨਾਲ ਲਾਸ ਏਂਜਲਸ ਜਾਣਗੀਆਂ।

ਸ਼ੂਟਿੰਗ ਵਿੱਚ ਸੁਰੂਚੀ ਸਿੰਘ ਅਤੇ ਕਮਲਜੀਤ ਸਿੰਘ ਦੀ ਮਿਕਸਡ ਜੋੜੀ ਨੇ ਮਹਿਲਾ ਟ੍ਰੈਪ ਚੈਂਪੀਅਨ ਨੀਰੂ ਢਾਂਡਾ ਦੇ ਨਾਲ ਸੋਨ ਤਮਗਾ ਜਿੱਤਿਆ। ਕੁੱਲ ਮਿਲਾ ਕੇ, ਵਿਅਕਤੀਗਤ ਤੌਰ 'ਤੇ ਨਿਰਾਸ਼ਾ ਹੋਈ ਅਤੇ ਇਹ ਦੁਖਦਾਈ ਹੈ। ਪੈਰਿਸ 2024 ਵਿੱਚ ਮਨੂ ਭਾਕਰ ਅਤੇ ਸਵਪਨਿਲ ਕੁਸਾਲੇ ਨੇ ਵਿਅਕਤੀਗਤ ਤਮਗੇ ਜਿੱਤੇ ਸਨ। ਸ਼ੂਟਿੰਗ ਵਿੱਚ ਭਾਰਤ 'ਚ ਪ੍ਰਤਿਭਾ ਦੀ ਕੋਈ ਕਮੀ ਨਹੀਂ ਹੈ ਅਤੇ ਏਸ਼ਆਈ ਖੇਡਾਂ ਦੇ ਫਲਾਪ ਸ਼ੋਅ ਨੂੰ ਯਕੀਨੀ ਤੌਰ 'ਤੇ ਇੱਕ ਮਜ਼ਬੂਤ ਸਮੀਖਿਆ ਦੀ ਲੋੜ ਹੋਵੇਗੀ। ਨਿਸ਼ਾਨੇਬਾਜ਼ੀ ਦੇ ਉਲਟ, ਤੀਰਅੰਦਾਜ਼ਾਂ ਨੇ ਪੰਜ ਸੋਨ ਤਮਗਿਆਂ ਸਮੇਤ ਨੌਂ ਤਮਗੇ ਜਿੱਤੇ ਹਨ। ਉਨ੍ਹਾਂ ਵਿੱਚੋਂ ਸਭ ਤੋਂ ਵੱਧ ਕਮਾਲ ਕੁਮਕੁਮ ਮੋਹੋਦ ਨੇ 17 ਸਾਲ ਦੀ ਛੋਟੀ ਉਮਰ ਵਿੱਚ ਮਹਿਲਾ ਰਿਕਰਵ ਸੋਨ ਤਮਗਾ ਜਿੱਤ ਕੇ ਕੀਤਾ। ਇਸ ਤੋਂ ਵੀ ਮਹੱਤਵਪੂਰਨ ਗੱਲ ਇਹ ਹੈ ਕਿ ਭਾਰਤੀ ਤੀਰਅੰਦਾਜ਼ਾਂ ਨੇ ਦੱਖਣੀ ਕੋਰੀਆਈ ਜਕੜ ਨੂੰ ਸਫਲਤਾਪੂਰਵਕ ਚੁਣੌਤੀ ਦਿੱਤੀ। ਕੀ ਇਹ ਚੁਣੌਤੀ 2028 ਵਿੱਚ ਤੀਰਅੰਦਾਜ਼ੀ ਵਿੱਚ ਪਹਿਲੇ ਉਲੰਪਿਕ ਤਮਗੇ ਤੱਕ ਲਿਜਾਏਗੀ? ਉਮੀਦ ਕਰਨ ਦੇ ਚੰਗੇ ਕਾਰਨ ਹਨ। ਕੁਸ਼ਤੀ ਅਤੇ ਮੁੱਕੇਬਾਜ਼ੀ ਨੇ ਚੰਗੇ ਨਤੀਜੇ ਦਿੱਤੇ ਹਨ, ਹਾਲਾਂਕਿ ਤਮਗਾ ਜੇਤੂਆਂ ਨੂੰ ਉਲੰਪਿਕ ਵਿੱਚ ਜੇਤੂ ਪ੍ਰਦਰਸ਼ਨ ਕਰਨ ਲਈ ਆਪਣੇ ਪੱਧਰ ਨੂੰ ਕਾਫੀ ਉੱਚਾ ਚੁੱਕਣਾ ਪਵੇਗਾ। ਲੜੰਤ ਵਾਲੀਆਂ ਖੇਡਾਂ ਵਿੱਚ ਇਹ ਬਹੁਤ ਮੁਸ਼ਕਲ ਹੈ।

ਟਰੈਕ ਅਤੇ ਫੀਲਡ ਦੇ ਐਥਲੀਟਾਂ ਨੇ ਬਹੁਤ ਮਿਹਨਤ ਕੀਤੀ, ਪਰ ਇੱਕੋ-ਇੱਕ ਸੋਨ ਤਮਗਾ ਔਰਤਾਂ ਦੀ 4×400 ਮੀਟਰ ਰਿਲੇਅ ਵਿੱਚ ਆਇਆ। ਭਾਰਤੀ ਐਥਲੀਟਾਂ ਨੂੰ ਉਲੰਪਿਕ ਮਿਆਰਾਂ ਤੱਕ ਪਹੁੰਚਣ ਲਈ ਲੰਬਾ ਸਫਰ ਤੈਅ ਕਰਨਾ ਪੈਣਾ ਹੈ। ਭਾਰਤ ਸਰਕਾਰ ਖਿਡਾਰੀਆਂ ਦੀ ਸਿਖਲਾਈ ਲਈ ਫੰਡ ਦੇਣ ਲਈ ਆਪਣੀ ਟਾਰਗੈਟ ਉਲੰਪਿਕ ਪੋਡੀਅਮ ਸਕੀਮ (ਟੀ ਓ ਪੀ ਐੱਸ—ਟੌਪਸ) ਰਾਹੀਂ ਕਰੋੜਾਂ ਰੁਪਏ ਖਰਚ ਕਰਦੀ ਹੈ। ਏਸ਼ੀਆਈ ਖੇਡਾਂ ਲਈ ਲੱਗਭੱਗ 100 ਕਰੋੜ ਖਰਚ ਕੀਤੇ। ਇਹ ਬਹਿਸ ਦਾ ਵਿਸ਼ਾ ਹੈ ਕਿ ਕੀ ਇਸ ਦੇ ਨਤੀਜੇ ਤਸੱਲੀਬਖਸ਼ ਤੇ ਉਤਸ਼ਾਹਜਨਕ ਰਹੇ ਹਨ, ਪਰ ਇਸ ਵਿੱਚ ਕੋਈ ਸ਼ੱਕ ਨਹੀਂ ਹੈ ਕਿ ਜੇ ਭਾਰਤ ਨੇ ਵਿਸ਼ਵ ਪੱਧਰ 'ਤੇ ਖੇਡਾਂ ਵਿੱਚ ਉੱਚੀਆਂ ਸਿਖਰਾਂ 'ਤੇ ਪਹੁੰਚਣਾ ਹੈ ਤਾਂ ਹੋਰ ਵੀ ਬਹੁਤ ਕੁਝ ਕਰਨਾ ਬਾਕੀ ਹੈ। ਸਹੀ ਪ੍ਰਤਿਭਾ ਖੋਜ, ਸਹੀ ਕੋਚਿੰਗ, ਉੱਨਤ ਸਿਖਲਾਈ ਅਤੇ ਖਾਸ ਟੀਚਿਆਂ ਲਈ ਵਿਸਤ੍ਰਿਤ ਯੋਜਨਾਬੰਦੀ ਖਰਚ ਕੀਤੇ ਜਾ ਰਹੇ ਕਰੋੜਾਂ ਰੁਪਈਆਂ ਵਾਂਗ ਹੀ ਕੀਮਤੀ ਹਨ। ਜਦੋਂ ਤੱਕ ਅਜਿਹਾ ਨਹੀਂ ਕੀਤਾ ਜਾਂਦਾ, ਟੀਚੇ ਹਕੀਕਤ ਦਾ ਰੂਪ ਨਹੀਂ ਲੈ ਸਕਣਗੇ।

## ਪੰਜਾਬ ਦੇ ਸ਼ੈਲਰ ਮਾਲਕਾਂ ਤੇ ਕਿਸਾਨੀ 'ਤੇ ਸਿੱਧਾ ਹਮਲਾ

**ਕੇ ਐੱਸ ਅਮਰ**

ਭਾਰਤ ਸਰਕਾਰ ਦੇ ਖੁਰਾਕ ਅਤੇ ਜਨਤਕ ਵੰਡ ਵਿਭਾਗ ਵੱਲੋਂ 23 ਸਤੰਬਰ, 2026 ਨੂੰ ਜਾਰੀ ਕੀਤਾ ਗਿਆ ਪੱਤਰ ਇੱਕ ਆਮ ਸਰਕਾਰੀ ਹੁਕਮ ਨਹੀਂ ਹੈ। ਇਹ ਪੱਤਰ ਪੰਜਾਬ ਦੀ ਮੰਡੀ ਪ੍ਰਣਾਲੀ, ਸਾਡੇ ਰਾਈਸ ਮਿਲਰਾਂ ਅਤੇ ਸਭ ਤੋਂ ਵੱਧ ਸਾਡੇ ਅੰਨਦਾਤਾ ਕਿਸਾਨ 'ਤੇ ਇੱਕ ਸੋਚਿਆ-ਸਮਝਿਆ ਸਿੱਧਾ ਹਮਲਾ ਹੈ। ਇਸ ਪੱਤਰ ਵਿੱਚ ਲਿਖੀਆਂ ਚਾਰ ਮੱਦਾਂ - ਦੁੱਗਣੀ ਵਸੂਲੀ, ਬਾਰਾਂ ਫੀਸਦੀ ਵਿਆਜ, ਪੁਲਸ ਕੇਸ ਅਤੇ ਦੋ ਸਾਲ ਦੀ ਕਾਲੀ ਸੂਚੀ - ਪੰਜਾਬ ਦੀ ਕਿਸਾਨੀ ਅਤੇ ਮੰਡੀਆਂ ਨੂੰ ਤਹਿਸ-ਨਹਿਸ ਕਰਨ ਲਈ ਕਾਫੀ ਹਨ।ਪੰਜਾਬ ਵਿੱਚ ਕਿਸਾਨ ਦਾ ਝੋਨਾ ਮੰਡੀ ਵਿੱਚ ਆਉਂਦਾ ਹੈ, ਸਰਕਾਰ ਖਰੀਦਦੀ ਹੈ ਅਤੇ ਫਿਰ ਉਹੀ ਝੋਨਾ ਸ਼ੈਲਰ ਮਾਲਕਾਂ ਨੂੰ ਸੰਭਾਲਣ ਅਤੇ ਚਾਵਲ ਬਣਾਉਣ ਲਈ ਦਿੱਤਾ ਜਾਂਦਾ ਹੈ। ਝੋਨਾ ਕੋਈ ਲੋਹਾ ਨਹੀਂ, ਜੋ ਜਿੰਨਾ ਰੱਖੋ, ਓਨਾ ਹੀ ਰਹੇਗਾ। ਇਸ ਵਿੱਚੋਂ ਨਮੀ ਉੱਡਦੀ ਹੈ, ਭਾਰ ਘਟਦਾ ਹੈ, ਕਈ ਵਾਰ ਖੁੱਲ੍ਹੇ ਵਿੱਚ ਪਿਆ ਝੋਨਾ ਮੀਂਹ ਕਾਰਨ ਖਰਾਬ ਵੀ ਹੋ ਜਾਂਦਾ ਹੈ। ਪਹਿਲਾਂ ਇਸ ਕੁਦਰਤੀ ਘਾਟ ਨੂੰ ਇੱਕ ਜਾਂ ਦੋ ਫੀਸਦੀ ਤੱਕ ਸਰਕਾਰ ਮੰਨ ਲੈਂਦੀ ਸੀ, ਪਰ ਨਵੀਂ ਨੀਤੀ ਕਹਿੰਦੀ ਹੈ ਕਿ ਜਿੰਨਾ ਵੀ ਝੋਨਾ ਘੱਟ ਮਿਲਿਆ, ਉਸ ਨੂੰ ਚੋਰੀ ਹੋਇਆ ਸਮਝਿਆ ਜਾਵੇਗਾ ਅਤੇ ਸ਼ੈਲਰ ਮਾਲਕਾਂ ਤੋਂ ਉਸ ਦੀ ਕੀਮਤ ਦਾ ਦੁੱਗਣਾ ਪੈਸਾ ਵਿਆਜ ਸਮੇਤ ਵਸੂਲਿਆ ਜਾਵੇਗਾ।

ਦੂਜਾ ਵੱਡਾ ਹਮਲਾ ਪੁਲਸ ਕੇਸ ਅਤੇ ਕਾਲੀ ਸੂਚੀ ਦਾ ਹੈ। ਪੰਜਾਬ ਵਿੱਚ ਚਾਰ ਹਜ਼ਾਰ ਤੋਂ ਵੱਧ ਰਾਈਸ ਮਿੱਲਾਂ ਹਨ। ਪੰਜਾਬ ਇਕੱਲਾ ਹੀ ਦੇਸ਼ ਦੇ ਕੇਂਦਰੀ ਭੰਡਾਰ ਵਿੱਚ ਚਾਲੀ ਫ਼ੀਸਦੀ ਤੋਂ ਵੱਧ ਚਾਵਲ ਦਿੰਦਾ ਹੈ। ਜੇ ਸਾਂਝੀ ਪੜਤਾਲ ਵੇਲੇ ਕਿਸੇ ਮਿੱਲ ਵਿੱਚ ਦਸ ਕੁਇੰਟਲ ਝੋਨਾ ਘੱਟ ਗਿਣਿਆ ਗਿਆ ਤਾਂ ਸਿੱਧਾ ਪੁਲਸ ਕੇਸ ਅਤੇ ਦੋ ਸਾਲ ਲਈ ਮਿੱਲ ਬੰਦ ਹੋਵੇਗੀ। ਇੱਕ ਛੋਟੀ ਜਿਹੀ ਗਿਣਤੀ ਦੀ ਗਲਤੀ ਜਾਂ ਅਫਸਰ ਦੀ ਬਦਨੀਅਤੀ ਕਾਰਨ ਇੱਕ ਪਰਵਾਰ ਦੀ ਕਈ ਸਾਲ ਪੁਰਾਣੀ ਮਿੱਲ ਬੰਦ ਹੋ ਸਕਦੀ ਹੈ।ਜਦੋਂ ਮਿੱਲਾਂ ਬੰਦ ਹੋਣਗੀਆਂ ਤਾਂ ਸਰਕਾਰੀ ਝੋਨੇ ਦੀ ਮਿਲਿੰਗ ਕੌਣ ਕਰੇਗਾ? ਮੰਡੀਆਂ ਵਿੱਚ ਝੋਨੇ ਦੀਆਂ ਢੇਰੀਆਂ ਲੱਗ ਜਾਣਗੀਆਂ। ਟਰਾਲੀਆਂ ਦਿਨਾਂ ਬੱਧੀ ਖੜ੍ਹੀਆਂ ਰਹਿਣਗੀਆਂ। ਝੋਨਾ ਖੁੱਲ੍ਹੇ ਅਸਮਾਨ ਹੇਠ ਸੜੇਗਾ ਅਤੇ ਨੁਕਸਾਨ ਕਿਸਾਨ ਦਾ ਹੋਵੇਗਾ। ਪਿਛਲੇ ਵਰ੍ਹੇ ਵੀ ਅਸੀਂ ਇਹ ਨਜ਼ਾਰਾ ਦੇਖਿਆ ਸੀ।

ਤੀਜੀ ਗੱਲ ਸੂਬਿਆਂ ਦੇ ਹੱਕਾਂ ਦੀ ਹੈ। ਪੰਜਾਬ ਹਰ ਸਾਲ ਕੇਂਦਰੀ ਪੂਲ ਅਨੁਸਾਰ 45 ਹਜ਼ਾਰ ਕਰੋੜ ਦਾ ਝੋਨਾ ਅਤੇ 30 ਹਜ਼ਾਰ ਕਰੋੜ ਦੀ ਕਣਕ ਖਰੀਦਦਾ ਹੈ।ਪੰਜਾਬ ਦੀ ਆਪਣੀ ਮਿਲਿੰਗ ਨੀਤੀ ਹੈ ਜੋ ਪੰਜਾਬ ਦੇ ਮੌਸਮ ਅਤੇ ਹਾਲਾਤ ਮੁਤਾਬਕ ਬਣੀ ਹੋਈ ਹੈ। ਕੇਂਦਰ ਨੇ ਇੱਕੋ ਹੁਕਮ ਆਂਧਰਾ ਪ੍ਰਦੇਸ਼ ਤੋਂ ਲੈ ਕੇ ਪੰਜਾਬ ਤੱਕ ਸਭ 'ਤੇ ਥੋਪ ਦਿੱਤਾ। ਪੰਜਾਬ ਦਾ ਝੋਨਾ ਅਤੇ ਦੱਖਣ ਦਾ ਝੋਨਾ ਇੱਕੋ ਜਿਹਾ ਨਹੀਂ ਹੈ। ਇਹ ਸੰਘੀ ਢਾਂਚੇ ਦੇ ਵਿਰੁੱਧ ਹੈ।ਸਭ ਤੋਂ ਖਤਰਨਾਕ ਗੱਲ ਸਟਾਕ ਨੂੰ ਸਰਕਾਰੀ ਖਾਤੇ ਵਿੱਚੋਂ ਕੱਟਣ ਵਾਲੀ ਹੈ। ਘੱਟ ਮਿਲਿਆ ਝੋਨਾ ਕਾਗਜ਼ਾਂ ਵਿੱਚੋਂ ਹੀ ਗਾਇਬ ਕਰ ਦਿੱਤਾ ਜਾਵੇਗਾ, ਇਸ ਨਾਲ ਕਾਲਾ-ਬਾਜ਼ਾਰੀ ਦਾ ਰਸਤਾ ਖੁੱਲ੍ਹੇਗਾ।ਅੱਜ ਪੰਜਾਬ ਦਾ ਕਿਸਾਨ ਪਹਿਲਾਂ ਹੀ ਕਰਜ਼ੇ ਅਤੇ ਘੱਟ ਭਾਅ ਦੀ ਮਾਰ ਹੇਠ ਹੈ। ਅਜਿਹੀ ਸਖਤ ਨੀਤੀ ਉਸ ਦੀ ਰਹਿੰਦੀ-ਖੂੰਹਦੀ ਕਮਰ ਵੀ ਤੋੜ ਦੇਵੇਗੀ। ਇਹ ਨੀਤੀ ਅਸਲ ਵਿੱਚ ਸ਼ੈਲਰ ਮਾਲਕਾਂ ਨੂੰ ਡਰਾ ਕੇ ਕਿਸਾਨ ਨੂੰ ਮੰਡੀ ਵਿੱਚ ਇਕੱਲਾ ਕਰਨ ਦੀ ਨੀਤੀ ਹੈ। ਐੱਫ ਸੀ ਆਈ ਦੇ ਗੁਦਾਮਾਂ ਵਿੱਚ ਅਜੇ ਤੱਕ ਸਾਲ 2025-26 ਦਾ ਪੁਰਾਣਾ ਝੋਨੇ ਦਾ ਸਟਾਕ ਅੱਗੇ ਸਿਫਟ ਨਹੀਂ ਹੋਇਆ, ਜਿਸ ਕਾਰਨ ਨਵੇਂ ਝੋਨੇ ਲਈ ਸਟੋਰੇਜ ਦਾ ਪ੍ਰਬੰਧ ਕਰਨਾ ਅਤੀ ਜ਼ਰੂਰੀ ਹੈ। ਸ਼ੈਲਰ ਮਾਲਕ ਐਸੋਸੀਏਸ਼ਨ ਜ਼ਿਲ੍ਹਾ ਹੁਸ਼ਿਆਰਪੁਰ ਦਾ ਮੰਨਣਾ ਹੈ ਕਿ ਜਦੋਂ ਤੱਕ ਕੇਂਦਰ ਸਰਕਾਰ ਵਿਵਸਥਾ ਠੀਕ ਨਹੀਂ ਕਰਦੀ, ਸ਼ੈਲਰ ਮਾਲਕ ਸਰਕਾਰੀ ਝੋਨੇ ਦੀ ਮਿਲਿੰਗ ਦਾ ਇਕਰਾਰਨਾਮਾ ਸਾਈਨ ਨਹੀਂ ਕਰਨਗੇ। ਜੇਕਰ ਵਿਵਸਥਾ ਖਰਾਬ ਦੀ ਹੈ ਤਾਂ ਮੰਡੀਆਂ ਵਿੱਚ ਕਿਸਾਨਾਂ ਦੀ ਖੱਜਲ-ਖੁਆਰੀ ਹੋਣੀ ਤਹਿ ਹੈ। ਇਹ ਪੰਜਾਬ ਦੇ ਕਿਸਾਨ ਨਾਲ ਬਹੁਤ ਵੱਡਾ ਧੋਖਾ ਹੋਵੇਗਾ। ਪੰਜਾਬ ਦੀ ਕਿਸਾਨੀ ਨੂੰ ਬਚਾਉਣ ਲਈ ਪੰਜਾਬ ਸਰਕਾਰ ਨੂੰ ਵੀ ਇਸ ਦਾ ਤੁਰੰਤ ਵਿਰੋਧ ਕਰਨਾ ਚਾਹੀਦਾ ਹੈ।

# ਸੰਪਰਕ : 94653-69343

# ਪੰਜਾਬ ਦੀ ਮਿੱਟੀ ਪਛਾਣੇ ਕੌਣ?


ਗੁਰਪ੍ਰੀਤ ਲਾਹੌਰੀ

ਪੰਜ ਦਰਿਆਵਾਂ ਦੀ ਧਰਤੀ ਪੰਜਾਬ ਇਸ ਵੇਲੇ ਭਾਵੇਂ ਹੀ ਅਨੇਕਾਂ ਮੁਸ਼ਕਲਾਂ, ਮੁਸੀਬਤਾਂ ਅਤੇ ਪਾਣੀ ਤੋਂ ਇਲਾਵਾ ਧਰਤੀ ਹੇਠਲੇ ਸੰਕਟ ਵਿੱਚ ਘਿਰਿਆ ਹੋਇਆ ਹੈ, ਉੱਥੇ ਹੀ ਦੂਜੇ ਪਾਸੇ ਜੇਕਰ ਨਿਗਾਹ ਪੰਜਾਬ ਦੀ ਅਵਾਮ 'ਤੇ ਮਾਰੀਏ ਤਾਂ ਪੰਜਾਬੀ ਕੌਮ ਜਿੰਨੇ ਮਰਜ਼ੀ ਵੱਡੀ ਸੰਕਟ ਦੇ ਵਿੱਚ ਹੋਵੇ, ਉਹ ਕਦੇ ਹਾਰ ਨਹੀਂ ਮੰਨਦੀ। 2025 ਵਿੱਚ ਆਏ ਹੜ੍ਹਾਂ ਨੇ ਬੇਸ਼ੱਕ ਸਾਰੀ ਜਨਤਾ ਨੂੰ ਉਥਲ-ਪੁਥਲ ਕਰਕੇ ਰੱਖ ਦਿੱਤਾ, ਪਰ ਪੰਜਾਬ ਇੱਕ ਅਜਿਹਾ ਸੂਬਾ ਸੀ, ਜਿਸ ਦਾ ਅਰਬਾਂ ਰੁਪਏ ਦਾ ਨੁਕਸਾਨ ਵੀ ਹੋ ਗਿਆ, ਪਰ ਇੱਕ ਸਾਲ ਮਗਰੋਂ ਵੀ ਪੰਜਾਬ ਅੱਜ ਆਪਣੇ ਪੈਰਾਂ ਸਿਰ ਖੜਾ ਹੈ। ਪੰਜਾਬ ਦੀ ਜਨਤਾ ਭਾਵੇਂ ਹੀ ਸੇਵਾ ਦੇ ਪੱਖੋਂ ਜਾਂ ਲੰਗਰ ਲਾਉਣ ਤੋਂ ਇਲਾਵਾ ਦਵਾਈਆਂ-ਬੂਟੀਆਂ ਦੇ ਪੱਖੋਂ ਹਮੇਸ਼ਾ ਅੱਗੇ ਰਹਿੰਦੀ ਹੈ।

ਪਰ ਪੰਜਾਬ ਦੀ ਜਨਤਾ ਨੂੰ ਹਮੇਸ਼ਾ ਹੀ ਕੁੱਝ ਅਜਿਹੀਆਂ ਧਿਰਾਂ ਮਿਲੀਆਂ ਨੇ, ਜਿਨ੍ਹਾਂ ਨੇ ਇਮੋਸ਼ਨਲ ਤੌਰ 'ਤੇ ਬਲੈਕਮੇਲ ਕਰਕੇ ਪੰਜਾਬ ਦੀ ਜਨਤਾ ਨੂੰ ਆਪਣੇ ਵੱਲ ਖਿੱਚ ਕੇ ਉਨ੍ਹਾਂ ਨੂੰ ਮੂਰਖ ਬਣਾਉਣ ਦੀ ਕੋਸ਼ਿਸ਼ ਕੀਤੀ ਹੈ। ਪਰ, ਜੇਕਰ ਇਸ ਦੇ ਪਿੱਛੇ ਦੀ ਅਸਲੀਅਤ @ਤੇ ਝਾਤ ਮਾਰੀਏ ਤਾਂ ਪੰਜਾਬ ਦੀ ਮਿੱਟੀ ਹੀ ਅਜਿਹੀ ਮਿੱਟੀ ਹੈ, ਜਿਹੜੀ ਹੁਣ ਤੱਕ ਅਨੇਕਾਂ ਪਹਿਲਵਾਨ ਪੈਦਾ ਕਰ ਚੁੱਕੀ ਹੈ, ਉੱਥੇ ਹੀ ਲੱਗਦਾ ਨਹੀਂ ਕਿ ਕਿਸੇ ਵੀ ਖੇਤਰ ਵਿੱਚ ਪੰਜਾਬੀ ਘੱਟ ਜਾਂ ਪਿੱਛੇ ਹੋਣਗੇ; ਹਰ ਖੇਤਰ ਦੇ ਵਿੱਚ ਪੰਜਾਬੀ ਅੱਗੇ ਹਨ, ਪੰਜਾਬ ਦੀ ਮਿੱਟੀ ਅਜਿਹੀ ਹੈ।

ਪੰਜਾਬ ਦੀ ਮਿੱਟੀ ਦੀ ਪਛਾਣ ਕਰਨ ਦੇ ਵਾਸਤੇ ਭਾਵੇਂ ਹੀ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਹੈ। ਪਰ ਪੰਜਾਬ ਦੀ ਮਿੱਟੀ ਨੂੰ ਪਛਾਣਨ ਵਾਸਤੇ ਅੱਜ ਪੰਜਾਬ ਦੇ ਅਸਲ ਲੋਕਾਂ ਨੂੰ ਅੱਗੇ ਆਉਣ ਦੀ ਲੋੜ ਹੈ। ਅਸਲੀਅਤ ਅਤੇ ਸਪਸ਼ਟ ਸ਼ਬਦਾਂ ਵਿੱਚ ਕਹੀਏ ਤਾਂ ਪੰਜਾਬ ਦੀ ਮਿੱਟੀ ਨੂੰ ਕੋਈ ਵੀ ਨਹੀਂ ਪਛਾਣ ਰਿਹਾ। ਪੰਜਾਬ ਦੀ ਜਵਾਨੀ ਲਗਾਤਾਰ ਵਿਦੇਸ਼ਾਂ ਵੱਲ ਰੁੱਖ ਕਰ ਰਹੀ ਹੈ, ਉੱਥੇ ਹੀ ਪੰਜਾਬ ਦੀ ਮਿੱਟੀ ਦੇ ਅੰਦਰ ਅਜਿਹੀਆਂ ਜ਼ਹਿਰਾਂ ਘੋਲੀਆਂ ਜਾ ਰਹੀਆਂ ਨੇ, ਜਿਹੜੀਆਂ ਆਮ ਅਵਾਮ ਦਾ ਤਾਂ ਨੁਕਸਾਨ ਕਰ ਰਹੀਆਂ ਨੇ, ਉੱਥੇ ਹੀ ਕਿਸਾਨ ਨੂੰ ਵੀ ਖ਼ਤਮ ਕਰਨ 'ਤੇ ਰੁੱਝੀਆਂ ਹੋਈਆਂ ਨੇ। ਕਾਰਪੋਰੇਟ ਕੰਪਨੀਆਂ ਦੁਆਰਾ ਬਣਾਈਆਂ ਗਈਆਂ ਇਹਨਾਂ ਪੈਸਟੀਸਾਈਡ ਦਵਾਈਆਂ ਦਾ ਆਮ ਲੋਕਾਂ ਨੂੰ ਲਾਭ ਘੱਟ ਅਤੇ ਨੁਕਸਾਨ ਜ਼ਿਆਦਾ ਹੋ ਰਿਹਾ ਹੈ।

ਕਿਸਾਨਾਂ ਨੂੰ ਜਿੱਥੇ ਪਹਿਲਾਂ ਲਾਲਚ ਦਿੱਤਾ ਜਾਂਦਾ ਹੈ, ਉੱਥੇ ਉਨ੍ਹਾਂ ਦੀ ਮਿੱਟੀ ਨੂੰ ਨਸ਼ਟ ਕਰਨ ਦੇ ਵਾਸਤੇ ਜ਼ਹਿਰੀਲੀਆਂ ਦਵਾਈਆਂ ਦੇ ਦਿੱਤੀਆਂ ਜਾਂਦੀਆਂ ਨੇ। ਲੋੜੋਂ ਵੱਧ ਦਵਾਈਆਂ ਦੀ ਵਰਤੋਂ ਮਿੱਟੀ ਨੂੰ ਖੋਖਲਾ ਕਰ ਰਹੀ ਹੈ, ਕਈ ਜਗ੍ਹਾਵਾਂ 'ਤੇ ਤਾਂ ਅਜਿਹਾ ਮਾਹੌਲ ਪੈਦਾ ਹੋ ਚੁੱਕਿਆ ਹੈ ਕਿ ਪਾਣੀ ਵੀ ਕੈਂਸਰ ਵਾਲਾ ਹੋ ਗਿਆ ਹੈ। ਜ਼ਮੀਨ ਦੇ ਹੇਠਲੇ ਪਾਣੀ ਦਾ ਰਕਬਾ ਲਗਾਤਾਰ ਘੱਟ ਰਿਹਾ ਹੈ, ਜਿਸ ਦੇ ਕਾਰਨ ਪੰਜਾਬ ਭਾਵੇਂ ਹੀ ਅੱਜ ਬੰਜਰ ਸਥਿਤੀ ਵੱਲ ਆਣ ਖੜ੍ਹਾ ਹੈ, ਪਰ ਜੇਕਰ ਦੂਜੇ ਪਾਸੇ ਵੇਖਿਆ ਜਾਵੇ ਤਾਂ ਪੰਜਾਬ ਦੀ ਮਿੱਟੀ ਅਜਿਹੀ ਹੈ, ਜਿੱਥੇ ਤਕਰੀਬਨ ਹਰ ਫ਼ਸਲ ਹੋ ਜਾਂਦੀ ਹੈ। ਪੰਜਾਬ ਦੀ ਮਿੱਟੀ ਉੱਤੇ ਹਰ ਫ਼ਸਲ ਦਾ ਹੋਣਾ ਇਸ ਲਈ ਵੀ ਸੰਭਵ ਹੈ, ਕਿਉਂਕਿ ਇੱਥੇ ਹਰ ਤਰ੍ਹਾਂ ਦਾ ਮੌਸਮ ਆਉਂਦਾ ਹੈ।

ਜਿਸ ਦੇ ਕਾਰਨ ਪੰਜਾਬ ਦੀ ਮਿੱਟੀ ਨੂੰ ਕਦੇ ਵੀ ਇਹ ਸੋਚਣ ਜਾਂ ਫਿਰ ਸਮਝਣ ਦੀ ਲੋੜ ਨਹੀਂ ਪਈ ਕਿ ਉਹ ਇਸ ਧਰਤੀ ਉੱਤੇ ਫਲਾਣੀ ਫ਼ਸਲ ਕਿਵੇਂ ਪੈਦਾ ਕਰੇਗੀ? ਪੰਜਾਬ ਦੀ ਮਿੱਟੀ 'ਤੇ ਬਾਜਰਾ, ਜਵਾਰ, ਸਰੋਂ ਤੋਂ ਇਲਾਵਾ ਮੱਕੀ ਤਾਂ ਆਦਿ ਪਹਿਲਾਂ ਹੁੰਦੀ ਹੀ ਸੀ, ਪਰ ਜਿਵੇਂ-ਜਿਵੇਂ ਸਮਾਂ ਬਦਲਦਾ ਗਿਆ ਅਤੇ ਹਰੀ ਕ੍ਰਾਂਤੀ ਆਈ, ਪੰਜਾਬ ਦੀ ਮਿੱਟੀ ਨੇ ਕਣਕ, ਝੋਨਾ ਵੀ ਪੈਦਾ ਕਰਨਾ ਸ਼ੁਰੂ ਕਰ ਦਿੱਤਾ। ਅੱਜ ਵੱਡੇ ਪੱਧਰ 'ਤੇ ਪੰਜਾਬ ਨੂੰ ਅੰਨ ਭੰਡਾਰ ਦਾ ਇੱਕ ਕੇਂਦਰ ਮੰਨਿਆ ਜਾਂਦਾ ਹੈ; ਦੇਸ਼-ਦੁਨੀਆ ਦੇ ਵਿੱਚ ਪੰਜਾਬ ਤੋਂ ਹੀ ਅਨਾਜ



ਸਪਲਾਈ ਹੁੰਦਾ ਹੈ। ਪਰ ਸਵਾਲ ਇਹ ਪੈਦਾ ਹੁੰਦਾ ਹੈ ਕਿ ਸਮੇਂ ਦੀਆਂ ਸਰਕਾਰਾਂ ਵੱਲੋਂ ਹਰ ਵਾਰ ਆਨੇ-ਬਹਾਨੇ ਪੰਜਾਬ ਦੇ ਨਾਲ ਹੀ ਧੱਕਾ ਕਿਉਂ ਕੀਤਾ ਜਾਂਦਾ ਹੈ? ਜਿਹੜਾ ਪੰਜਾਬ ਹਮੇਸ਼ਾ ਅੰਨ ਉਗਾ ਕੇ ਦੇਸ਼-ਦੁਨੀਆ ਨੂੰ ਖਵਾਉਂਦਾ ਹੈ, ਉਸ ਪੰਜਾਬ ਦੇ ਨਾਲ ਧੱਕਾ ਕਿਉਂ? ਪੰਜਾਬ ਦੀ ਜਨਤਾ ਨੂੰ ਹਮੇਸ਼ਾ ਹੀ ਸਿਆਸੀ ਧਿਰਾਂ ਦੇ ਵੱਲੋਂ ਮੂਰਖ ਬਣਾਇਆ ਜਾਂਦਾ ਹੈ। ਪੰਜਾਬ ਦੀ ਜ਼ਮੀਨ, ਜੋ ਕਿ ਹਮੇਸ਼ਾ ਹੀ ਬਾਗ਼ੀ ਰਹੀ ਹੈ, ਉਸ ਨੂੰ ਪੰਜਾਬ ਰਹਿਣ ਹੀ ਨਹੀਂ ਦਿੱਤਾ ਜਾ ਰਿਹਾ; ਪੰਜਾਬ ਦੀ ਜ਼ਮੀਨ 'ਤੋਂ ਜਿੱਥੇ ਵੱਡੇ ਪੱਧਰ 'ਤੇ ਜੰਗਲਾਂ ਦੀ ਕਟਾਈ ਹੋ ਰਹੀ ਹੈ, ਉੱਥੇ ਹੀ ਪਾਣੀ ਦਾ ਵੀ ਬਰਬਾਦ ਕੀਤਾ ਜਾ ਰਿਹਾ ਹੈ।

ਪੰਜਾਬ ਦੇ ਪਾਣੀਆਂ ਦੀ ਲੁੱਟ ਦੇ ਨਾਲ-ਨਾਲ ਜੰਗਲੀ ਰਕਬੇ ਦਾ ਘਟਣਾ ਉਨਾ ਹੀ ਖ਼ਤਰਨਾਕ ਹੈ ਜਿੰਨਾ ਕਿ ਇੱਕ ਬੇੜੇ ਵਿੱਚ ਲੋੜੋਂ ਵੱਧ ਸਮਰੱਥਾ ਦੇ ਲੋਕਾਂ ਦਾ ਬੈਠ ਜਾਣਾ, ਕਿਉਂਕਿ ਜੇਕਰ ਬੇੜੇ ਵਿੱਚ ਲੋੜੋਂ ਵੱਧ ਲੋਕ ਬੈਠਣਗੇ ਤਾਂ ਬੇੜਾ ਡੁੱਬੇਗਾ ਹੀ। ਪੰਜਾਬ ਦੇ ਨਾਲ ਵੀ ਅਜਿਹਾ ਹੀ ਕੁੱਝ ਹੋ ਰਿਹਾ ਹੈ; ਪੰਜਾਬ ਦੀ ਮਿੱਟੀ ਨੂੰ ਤਰਾਸ਼ਣ ਦੀ ਬਜਾਏ ਪੰਜਾਬ ਨਾਲ ਅਜਿਹਾ ਪੰਗਾ ਲਿਆ ਜਾ ਰਿਹਾ ਹੈ ਜਿਸ ਨਾਲ ਪੰਜਾਬ ਦੀ ਜਨਤਾ ਦੇ ਨਾਲ-ਨਾਲ ਉਨ੍ਹਾਂ ਧਿਰਾਂ ਨੂੰ ਵੀ ਨੁਕਸਾਨ ਹੋ ਰਿਹਾ ਹੈ ਜੋ ਪੰਜਾਬ 'ਤੇ ਕਬਜ਼ਾ ਕਰਨਾ ਚਾਹੁੰਦੀਆਂ ਹਨ। ਅੱਜ ਪੰਜਾਬ ਚਾਰੇ ਪਾਸੋਂ ਘਿਰਿਆ ਪਿਆ ਹੈ।

ਇੱਕ ਪਾਸੇ ਅੰਤਰ-ਰਾਸ਼ਟਰੀ ਸਰਹੱਦ 'ਤੇ ਪਾਕਿਸਤਾਨ ਪਾਸਿਓਂ ਅਤੇ ਦੂਜੇ ਪਾਸੇ ਹੋਰ ਰਾਜ ਜਿਵੇਂ ਹਰਿਆਣਾ, ਹਿਮਾਚਲ, ਰਾਜਸਥਾਨ ਆਦਿ ਹਨ, ਜਿੱਥੇ ਰੁਜ਼ਗਾਰ ਅਤੇ ਖੇਤੀ ਦੇ ਮੌਕੇ ਲਗਾਤਾਰ ਪੈਦਾ ਹੋ ਰਹੇ ਹਨ, ਉੱਥੇ ਹੀ ਪੰਜਾਬ ਵਿੱਚ ਇਹਨਾਂ ਮੌਕਿਆਂ ਨੂੰ ਛੱਡ ਕੇ ਕਿਸਾਨ ਵਿਦੇਸ਼ਾਂ ਵੱਲ ਰੁਖ਼ ਕਰ ਰਹੇ ਹਨ। ਕਿਹਾ ਜਾਂਦਾ ਹੈ ਕਿ ਪੰਜਾਬ ਦਾ ਕਿਸਾਨ ਇਸ ਵੇਲੇ ਖੇਤੀ ਛੱਡਣ ਲਈ ਇਸ ਲਈ ਮਜਬੂਰ ਹੋ ਚੁੱਕਿਆ ਹੈ ਕਿਉਂਕਿ ਪੰਜਾਬ ਦੀ ਜ਼ਮੀਨ ਉਪਜਾਊ ਰਹੀ ਹੀ ਨਹੀਂ।

ਪੰਜਾਬ ਨੂੰ ਆਏ ਦਿਨ ਕੋਈ ਨਾ ਕੋਈ ਇੰਜ ਟੋਹ ਰਿਹਾ ਹੈ, ਜਿਵੇਂ ਸਿਵੇ ਵਿੱਚੋਂ ਮੁਰਦੇ ਨੂੰ ਫਰੋਲਿਆ ਜਾਂਦਾ ਹੋਵੇ; ਜੇਕਰ ਸਿਵੇ ਵਿੱਚੋਂ ਮੁਰਦਾ ਫਰੋਲਿਆ ਜਾਵੇ ਤਾਂ ਉਸ ਵਿੱਚੋਂ ਹੱਡੀਆਂ ਤੋਂ ਸਿਵਾਏ ਕੁੱਝ ਨਹੀਂ ਮਿਲੇਗਾ। ਪੰਜਾਬ ਦੀ ਜਨਤਾ ਦੀ ਨਬਜ਼ ਟੋਹਣ ਲਈ ਸਿਆਸੀ ਧਿਰਾਂ ਵੱਲੋਂ ਹਰ ਹੀਲਾ ਵਰਤਿਆ ਜਾ ਰਿਹਾ ਹੈ, ਪਰ ਪੰਜਾਬ ਦੀ ਜ਼ਮੀਨ, ਪੰਜਾਬ ਦੇ ਲੋਕਾਂ ਅਤੇ ਪੰਜਾਬ ਦੇ ਪਾਣੀਆਂ ਤੋਂ ਇਲਾਵਾ ਪੰਜਾਬ ਦੇ ਜੰਗਲਾਂ ਨੂੰ ਕਿਵੇਂ ਬਚਾਇਆ ਜਾਵੇ, ਇਸ ਵੱਲ ਕੋਈ ਧਿਆਨ ਨਹੀਂ ਦੇ ਰਿਹਾ। ਪੰਜਾਬ ਦੀ ਮਿੱਟੀ ਦਾ ਇਸ ਤਰੀਕੇ ਨਾਲ ਨੁਕਸਾਨ ਕੀਤਾ ਜਾ ਰਿਹਾ ਹੈ ਜਿਸ ਦਾ ਖ਼ਮਿਆਜ਼ਾ ਸਾਡੀ ਆਉਣ ਵਾਲੀ ਪੀੜ੍ਹੀ ਨੂੰ ਭੁਗਤਣਾ ਪਵੇਗਾ। ਸੂਬੇ ਦੇ ਅੱਜ ਮੁੱਖ ਸਰੋਤਾਂ ਉੱਤੇ ਮਾਈਨਿੰਗ ਮਾਫ਼ੀਆ ਤੋਂ ਇਲਾਵਾ ਵਾਟਰ ਮਾਫ਼ੀਆ ਦਾ ਕਬਜ਼ਾ ਹੋ ਚੁੱਕਿਆ ਹੈ, ਜੋ ਸਾਡੀ ਹੀ ਜ਼ਮੀਨ ਵਿੱਚੋਂ ਖਣਿਜ ਪਦਾਰਥ ਕੱਢ ਕੇ ਸਾਨੂੰ ਮਹਿੰਗੇ ਭਾਅ ਵੇਚ ਰਿਹਾ ਹੈ।

ਇਸ ਵੇਲੇ ਪੰਜਾਬ ਦੇ ਅੰਦਰ ਵੱਡੇ ਪੱਧਰ @ਤੇ ਮਾਈਨਿੰਗ ਹੋ ਰਹੀ ਹੈ ਜਿਸ ਦੇ ਕਾਰਨ ਜ਼ਮੀਨ ਖੋਖਲੀ ਹੋ ਰਹੀ ਹੈ ਅਤੇ ਪਾਣੀ ਦਾ ਪੱਧਰ ਨੀਵਾਂ ਹੋ ਰਿਹਾ ਹੈ। ਪਾਣੀ ਮਾਫ਼ੀਆ ਜਿੱਥੇ ਦਰਿਆਵਾਂ @ਤੇ ਕਬਜ਼ਾ ਕਰ ਰਿਹਾ ਹੈ, ਉੱਥੇ ਹੀ ਪਾਣੀਆਂ ਦੀ ਲੁੱਟ ਕਰਕੇ ਜਨਤਾ ਨੂੰ ਮੁਫ਼ਤ ਮਿਲਣ ਵਾਲਾ ਪਾਣੀ ਮਹਿੰਗੇ ਮੁੱਲ ਵੇਚਿਆ ਜਾ ਰਿਹਾ ਹੈ। ਪੰਜਾਬ ਦੇ ਬਹੁਤ ਸਾਰੇ ਹਿੱਸਿਆਂ ਵਿੱਚ ਅੱਜ ਪਾਣੀ ਦੀ ਕਿੱਲਤ ਪੈਦਾ ਹੋ ਚੁੱਕੀ ਹੈ, ਪਰ ਸਵਾਲ ਇਹ ਪੈਦਾ ਹੁੰਦਾ ਹੈ ਕਿ ਕੀ ਉਪਜਾਊ ਜ਼ਮੀਨ ਉੱਪਰ ਅਜਿਹਾ ਵਰਤਾਰਾ ਹੋਣਾ ਚਾਹੀਦਾ ਸੀ?

ਪੰਜਾਬ ਦੀ ਮਿੱਟੀ ਨਾਲ ਖੇਡਣ ਵਾਲੀਆਂ ਤਾਕਤਾਂ ਨੂੰ ਸਮਝ ਲੈਣਾ ਚਾਹੀਦਾ ਹੈ ਕਿ ਜੇਕਰ ਉਨ੍ਹਾਂ ਨੇ ਪੰਜਾਬ ਨਾਲ ਧੱਕਾ ਕਰਨ ਦੀ ਕੋਸ਼ਿਸ਼ ਕੀਤੀ, ਤਾਂ ਖੇਤੀ ਕਾਨੂੰਨਾਂ ਖ਼ਿਲਾਫ਼ ਜਿਵੇਂ ਮੋਰਚੇ ਲੱਗੇ ਸੀ, ਬਿਲਕੁਲ ਓਵੇਂ ਹੀ ਮੋਰਚੇ ਪੰਜਾਬ ਨੂੰ ਬਚਾਉਣ ਲਈ ਵੀ ਲੱਗ ਜਾਣਗੇ। ਪੰਜਾਬ ਦੇ ਪਾਣੀਆਂ ਦੀ ਵੰਡ ਪਹਿਲਾਂ ਹੀ ਬੜੇ ਗ਼ਲਤ ਤਰੀਕੇ ਨਾਲ ਕੀਤੀ ਗਈ ਹੈ ਜਿਸ ਦਾ ਨੁਕਸਾਨ ਪੰਜਾਬ ਦੀ ਅਵਾਮ ਨੂੰ ਹੋ ਰਿਹਾ ਹੈ ਅਤੇ ਪੰਜਾਬ ਨੂੰ ਖੇਤੀ ਕਰਨ ਵਾਸਤੇ ਵੀ ਪੂਰਾ ਪਾਣੀ ਨਹੀਂ ਮਿਲ ਰਿਹਾ। ਕਿਸਾਨ ਕਹਿ ਰਹੇ ਹਨ ਕਿ ਜਿਹੜਾ ਕੰਮ-ਕਾਜ ਅਤੇ ਫ਼ਸਲ ਜ਼ਮੀਨ ਦੇ ਅੰਦਰ ਅੱਜ ਤੋਂ ਦੋ ਦਹਾਕੇ ਪਹਿਲਾਂ ਵਧੀਆ ਹੁੰਦੀ ਸੀ, ਅੱਜਕੱਲ੍ਹ ਭਾਵੇਂ ਹੀ ਫ਼ਸਲ ਚੰਗੇ ਰੂਪ ਵਿੱਚ ਅਤੇ ਵੱਡੇ ਪੱਧਰ @ਤੇ ਝਾੜ ਦੇ ਰੂਪ ਵਿੱਚ ਹੋ ਰਹੀ ਹੈ, ਪਰ ਉਸ ਵਿੱਚ ਉਹ ਤਾਕਤ ਨਹੀਂ ਰਹੀ ਜੋ ਪਹਿਲਾਂ ਹੁੰਦੀ ਸੀ।

ਖ਼ੈਰ, ਅਜੋਕੇ ਸਮੇਂ ਅੰਦਰ ਪੰਜ ਦਰਿਆਵਾਂ ਦੀ ਧਰਤੀ ਅੰਦਰੋਂ ਖੋਖਲੀ ਹੋ ਚੁੱਕੀ ਹੈ। ਪਾਣੀਆਂ ਦੀ ਲੁੱਟ ਹੋਣ ਦੇ ਕਾਰਨ ਪੰਜਾਬ ਦੀ ਮਿੱਟੀ ਇੱਕ ਤਰੀਕੇ ਨਾਲ ਕਹਿ ਲਓ ਕਿ ਜ਼ਹਿਰੀਲੀ ਹੋ ਗਈ ਹੈ, ਵੋਟਾਂ ਲੈਣੀਆਂ ਬਾਅਦ ਦੀ ਗੱਲ ਹੈ, ਪਰ ਪੰਜਾਬ ਨੂੰ ਬਚਾਉਣਾ ਪਹਿਲਾਂ ਹੈ। ਬਾਕੀ ਵੇਖਦੇ ਹਾਂ ਕਿ, ਇਮੋਸ਼ਨਲ ਬਲੈਕਮੇਲਿੰਗ ਛੱਡ ਕੇ ਸੂਬੇ ਦੇ ਵਿਕਾਸ, ਪਾਣੀਆਂ ਨੂੰ ਬਚਾਉਣ, ਧਰਤੀ ਨੂੰ ਬਚਾਉਣ ਤੋਂ ਇਲਾਵਾ ਜ਼ਮੀਨ ਹੇਠਲੇ ਖਣਿੱਜ ਪਦਾਰਥ ਬਚਾਉਣ ਵਾਸਤੇ ਕਿਹੜੀ ਧਿਰ ਅੱਗੇ ਆਉਂਦੀ ਹੈ? ਵੈਸੇ ਆਉਣ ਵਾਲੀਆਂ ਚੋਣਾਂ ਵਿੱਚ ਸਾਰੀਆਂ ਸਿਆਸੀ ਧਿਰਾਂ ਦੀ ਇੱਕੋ ਡਿਮਾਂਡ ਹੀ ਹੋਵੇਗੀ ਕਿ ਉਹ ਪੰਜਾਬ @ਤੇ ਕਾਬਜ਼ ਹੋਣ ਅਤੇ ਪੰਜਾਬ ਦੀ ਲੁੱਟ ਕਰਨ। ਇਸ ਵੇਲੇ ਇਹ ਨਹੀਂ ਲੱਗ ਰਿਹਾ ਕਿ ਪੰਜਾਬ ਦਾ ਕੋਈ ਭਲਾ ਹੋਵੇ; ਹਰ ਕਿਸੇ ਨੂੰ ਆਪਣੀ ਹੀ ਪਰਵਾਹ ਹੈ ਅਤੇ ਸਾਰੇ ਜੇਬਾਂ ਭਰਨ ਵਿੱਚ ਲੱਗੇ ਹੋਏ ਹਨ।

# ਸੰਪਰਕ: 95698-20314

# ਆਸ-ਉਮੀਦ ਦਾ ਜੀਵਨ 'ਚ ਮਹੱਤਵ


ਡਾ. ਗੁਰਤੇਜ ਸਿੰਘ

ਬੱਚੇ ਮਾਪਿਆਂ ਤੋਂ ਉਮੀਦ ਰੱਖਦੇ ਹਨ, ਜਦਕਿ ਮਾਪੇ ਔਲਾਦ ਤੋਂ ਪਿਛਲੀ ਉਮਰੇ ਚੰਗੇਰੀ ਦੇਖਭਾਲ ਦੀ ਆਸ ਕਰਦੇ ਹਨ। ਉਮੀਦ ਟੁੱਟਣ 'ਤੇ ਆਸ ਦੀ ਕਿਰਨ ਜੀਵਨ ਦੀ ਟੇਕ ਬਣ ਨਿੱਬੜਦੀ ਹੈ। ਆਸਾਂ ਦਾ ਮਹਿਲ ਟੁੱਟਦਾ ਨਹੀਂ, ਬਸ ਢਹਿ-ਢੇਰੀ ਹੁੰਦਾ ਹੈ ਤੇ ਜ਼ਿੰਦਗੀ ਨੀਰਸ ਬਣ ਜਾਂਦੀ ਹੈ। ਸਵਾਲ ਇਹ ਨਹੀਂ ਕਿ ਅਸੀਂ ਕਿਸ ਤੋਂ ਉਮੀਦ ਰੱਖਦੇ ਹਾਂ, ਦੇਖਣਾ ਤੇ ਇਹ ਹੁੰਦਾ ਹੈ ਕਿ ਉਸ ਲਈ ਉਸ ਦਾ ਮਾਨਸਿਕ ਪੱਧਰ ਕੀ ਹੈ।

'ਕਰਮ ਕਰ, ਫਲ ਦੀ ਇੱਛਾ ਨਾ ਕਰ' ਇਸ ਕਥਨ ਦੇ ਸੰਦਰਭ 'ਚ ਮੇਰਾ ਮੰਨਣਾ ਉਲਟ ਹੈ, ਖਿਲਾਫ਼ਤ ਹੈ ਮੇਰੇ ਵੱਲੋਂ। ਆਸਾਂ, ਉਮੀਦਾਂ ਨੂੰ ਦੁੱਖ ਦਾ ਕਾਰਨ ਮੰਨਣ ਵਾਲੇ ਲੋਕ, ਇੱਕ ਮਜ਼ਦੂਰ ਨੂੰ ਮਿਲ ਕੇ ਦੇਖਣ। ਦਿਹਾੜੀ ਮਿਲਣ 'ਤੇ ਕਿੰਨੀਆਂ ਆਸਾਂ ਹੁੰਦੀਆਂ ਨੇ ਪਰਵਾਰ ਲਈ। ਕਿਸੇ ਦਿਨ ਦਿਹਾੜੀ ਨਾ ਲੱਗਣ 'ਤੇ ਵੀ ਉਹ ਲੇਬਰ ਚੌਂਕ ਨਹੀਂ ਛੱਡ ਬਹਿੰਦਾ।

ਉਹ ਸਵੇਰੇ ਜਲਦੀ ਉੱਠ ਕੇ, ਸਾਦੇ ਜਿਹੇ ਡੱਬੇ ਵਿੱਚ ਅਚਾਰ ਨਾਲ ਰੋਟੀ ਬੰਨ੍ਹ ਲੇਬਰ ਚੌਂਕ ਵਿੱਚ ਜਾ ਖੜ੍ਹਦਾ ਹੈ। ਉਸ ਨੂੰ ਪਤਾ ਨਹੀਂ ਹੁੰਦਾ ਕਿ ਅੱਜ ਦਿਹਾੜੀ ਮਿਲੇਗੀ ਵੀ ਜਾਂ ਨਹੀਂ। ਕੱਲ੍ਹ ਵੀ ਉਹ ਖਾਲੀ ਹੱਥ ਵਾਪਸ ਆਇਆ ਸੀ। ਫਿਰ ਵੀ ਉਹ ਅੱਜ ਉਥੇ ਹੀ ਖੜ੍ਹਾ ਹੈ। ਕਿਉਂ? ਕਿਉਂਕਿ ਉਸ ਦੇ ਅੰਦਰ ਇੱਕ ਆਸ ਹੈ। ਉਸ ਆਸ ਵਿੱਚ ਉਸ ਦੀ ਪਤਨੀ ਦੀ ਦਵਾਈ ਹੈ, ਬੱਚੇ ਦੀ ਫੀਸ ਹੈ, ਘਰ ਦਾ ਰਾਸ਼ਨ ਹੈ। ਜੇ ਉਹ ਆਸ ਹੀ ਛੱਡ ਦੇਵੇ ਤਾਂ ਉਹ ਮਜ਼ਦੂਰ ਦੂਜੇ ਦਿਨ ਹੀ ਮਰ ਜਾਵੇਗਾ। ਭੁੱਖ ਨਾਲ ਨਹੀਂ, ਨਿਰਾਸ਼ਾ ਨਾਲ।

ਉਸ ਮਜ਼ਦੂਰ ਦੀ ਪਤਨੀ ਨੂੰ ਦੇਖੋ। ਉਹ ਸਾਰਾ ਦਿਨ ਘਰ ਦੀ ਦਹਿਲੀਜ਼ ਵੱਲ ਦੇਖਦੀ ਹੈ। ਉਸ ਨੂੰ ਉਮੀਦ ਨਹੀਂ ਕਿ ਉਸ ਦਾ ਪਤੀ ਹਜ਼ਾਰਾਂ ਰੁਪਏ ਲੈ ਕੇ ਆਵੇਗਾ। ਉਸ ਨੂੰ ਸਿਰਫ ਆਸ ਹੈ ਕਿ ਦਿਹਾੜੀ ਤੋਂ ਮਿਲਣ ਵਾਲੇ ਪੈਸੇ ਲੈ ਕੇ ਸ਼ਾਮ ਨੂੰ ਉਹ ਸਹੀ-ਸਲਾਮਤ ਘਰ ਪਰਤ ਆਵੇਗਾ। ਇਹ ਛੋਟੀ ਜਿਹੀ ਆਸ ਹੀ ਉਸ ਦੇ ਦਿਨ ਨੂੰ ਜਿਉਂਦਾ ਰੱਖਦੀ ਹੈ। ਉਸ ਛੋਟੀ ਜਿਹੀ ਆਸ 'ਤੇ ਹੀ ਉਸ ਦੀ ਵੱਡੀ ਜ਼ਿੰਦਗੀ ਟਿਕੀ ਹੁੰਦੀ ਹੈ।

ਇਮਤਿਹਾਨ ਵਿਦਿਆਰਥੀ ਦਿੰਦਾ ਹੈ, ਪਰ ਨਤੀਜਾ ਉਸ ਦੀ ਉਮੀਦ ਦੇਖਦੀ ਹੈ। ਆਸ-ਉਮੀਦ ਨੇ ਮਨੁੱਖੀ ਸੱਭਿਅਤਾ 'ਚ ਬੇਰੰਗ ਨੂੰ ਰੰਗਦਾਰ ਸਿਰਜਣ 'ਚ ਅਹਿਮ ਭੂਮਿਕਾ ਨਿਭਾਈ ਹੈ। ਇੱਕ ਸਰਜਨ ਲਈ ਅਪਰੇਸ਼ਨ ਉਮੀਦ ਹੁੰਦਾ ਹੈ, ਮਰੀਜ਼ ਲਈ ਆਪਣਾ ਰੋਗ ਖਤਮ ਹੋਣ ਦੀ ਆਸ ਸਿਰਜਦਾ ਹੈ, ਦੋਨੋਂ ਪਾਸੇ ਆਸ-ਉਮੀਦ ਆਪੋ-ਆਪਣਾ ਕੰਮ ਕਰਦੀ ਹੈ।

ਵਿਦਿਆਰਥੀ ਸਾਰੀ ਰਾਤ ਜਾਗ ਕੇ ਪੜ੍ਹਦਾ ਹੈ। ਉਸ ਨੂੰ ਪਤਾ ਨਹੀਂ ਕਿ ਪੇਪਰ ਵਿੱਚ ਕੀ ਆਵੇਗਾ। ਉਸ ਨੂੰ ਪਤਾ ਨਹੀਂ ਕਿ ਨਤੀਜਾ ਕੀ ਹੋਵੇਗਾ, ਪਰ ਉਹ ਪੜ੍ਹਦਾ ਹੈ, ਕਿਉਂਕਿ ਉਸ ਨੂੰ ਆਸ ਹੈ ਕਿ ਇੱਕ ਦਿਨ ਉਹ ਪਾਸ ਹੋਵੇਗਾ, ਨੌਕਰੀ ਲਵੇਗਾ, ਮਾਪਿਆਂ ਦਾ ਨਾਂ ਰੌਸ਼ਨ ਕਰੇਗਾ। ਉਹ ਆਸ ਹੀ ਉਸ ਦੀ ਕਿਤਾਬ ਹੈ।

ਅਕਸਰ ਲੋਕਾਂ ਨੂੰ ਇਹ ਕਹਿੰਦੇ ਸੁਣਦਾ ਹਾਂ ਕਿ ਉਮੀਦ ਦੁੱਖ ਦਾ ਕਾਰਨ ਹੈ। ਧਾਰਮਿਕ ਸਫ਼ਾਂ 'ਚ ਤਾਂ ਇਹੀ ਗੀਤ ਪ੍ਰਚੱਲਤ ਹੈ ਸੰਸਾਰ ਤੋਂ, ਆਪਣੇ ਆਪ ਤੋਂ ਉਮੀਦ ਛੱਡ ਦਿਓ, ਇੱਛਾ ਛੱਡ ਦਿਓ, ਸਿਰਫ਼ ਭਗਵਾਨ ਦੀ ਟੇਕ ਰੱਖੋ। ਮੈਂ ਇਸ ਗੱਲ ਨਾਲ ਸਹਿਮਤ ਨਹੀਂ। ਦੁੱਖ ਦਾ ਕਾਰਨ ਉਮੀਦ ਨਹੀਂ, ਅਯੋਗ ਵਿਅਕਤੀ, ਗਲਤ ਜਗ੍ਹਾ 'ਤੇ ਲਾਈ ਉਮੀਦ ਹੈ। ਸਵਾਲ ਇਹ ਨਹੀਂ ਕਿ ਉਮੀਦ ਰੱਖੀਏ ਜਾਂ ਨਹੀਂ। ਸਵਾਲ ਇਹ ਹੈ ਕਿ ਉਮੀਦ ਕਿਸ ਤੋਂ ਰੱਖੀਏ। ਅਸੀਂ ਦੁੱਖ ਉਦੋਂ ਪਾਉਂਦੇ ਹਾਂ, ਜਦੋਂ ਅਸੀਂ ਆਪਣੀ ਸਾਰੀ ਉਮੀਦ ਕਿਸੇ ਦੂਜੇ ਇਨਸਾਨ 'ਤੇ ਟਿਕਾ ਦਿੰਦੇ ਹਾਂ। ਅਸੀਂ ਸੋਚਦੇ ਹਾਂ ਕਿ ਉਹ ਸਾਨੂੰ ਖੁਸ਼ ਰੱਖੇਗਾ, ਉਹ ਸਾਡੀ ਕਦਰ ਕਰੇਗਾ। ਉਥੇ ਹੀ ਧੋਖਾ ਸ਼ੁਰੂ ਹੁੰਦਾ ਹੈ, ਕਿਉਂਕਿ ਹਰ ਇਨਸਾਨ ਦੀ ਆਪਣੀ ਸੀਮਾ ਹੈ, ਆਪਣਾ ਮਾਨਸਿਕ ਪੱਧਰ ਹੈ। ਇੱਕ 10 ਸਾਲ ਦਾ ਬੱਚਾ ਮਾਪਿਆਂ ਤੋਂ ਸਾਈਕਲ ਦੀ ਉਮੀਦ ਰੱਖ ਸਕਦਾ ਹੈ, ਪਰ ਜੇ ਉਹ ਉਨ੍ਹਾਂ ਤੋਂ ਕਾਰ ਦੀ ਉਮੀਦ ਰੱਖੇਗਾ ਤਾਂ ਦੁੱਖ ਹੀ ਮਿਲੇਗਾ। ਦੋਸ਼ ਬੱਚੇ ਦੀ ਉਮੀਦ ਦਾ ਨਹੀਂ, ਉਮੀਦ ਦੇ ਪੱਧਰ ਦਾ ਹੈ।ਇਸ ਲਈ ਅਗਰ ਮਨੁੱਖ ਫਲ ਦੀ ਆਸ ਹੀ ਛੱਡ ਦੇਵੇਗਾ ਤਾਂ ਕਰਮ ਹੀ ਕਿਉਂ ਕਰੇਗਾ? ਕਿਸਾਨ ਬੀਜ ਕਿਉਂ ਬੀਜੇਗਾ, ਜੇ ਉਸ ਨੂੰ ਫਸਲ ਦੀ ਆਸ ਹੀ ਨਾ ਹੋਵੇ? ਡਾਕਟਰ ਅਪਰੇਸ਼ਨ ਕਿਉਂ ਕਰੇਗਾ ਜੇ ਉਸ ਨੂੰ ਮਰੀਜ਼ ਦੇ ਠੀਕ ਹੋਣ ਦੀ ਉਮੀਦ ਹੀ ਨਾ ਹੋਵੇ? ਉਮੀਦ ਹੀ ਕਰਮ ਦੀ ਮਾਂ ਹੈ।

ਆਸ ਅਤੇ ਉਮੀਦ ਵਿੱਚ ਇੱਕ ਬਹੁਤ ਬਰੀਕ ਫ਼ਰਕ ਵੀ ਹੈ। ਉਮੀਦ ਦਿਮਾਗ ਨਾਲ ਜੁੜੀ ਹੈ, ਆਸ ਦਿਲ ਨਾਲ। ਉਮੀਦ ਕਹਿੰਦੀ ਹੈ, ਹੋ ਸਕਦਾ ਹੈ ਕੱਲ੍ਹ ਕੁਝ ਚੰਗਾ ਹੋਵੇ। ਆਸ ਕਹਿੰਦੀ ਹੈ ਭਾਵੇਂ ਅੱਜ ਸਭ ਕੁਝ ਖਰਾਬ ਹੈ, ਪਰ ਮੈਂ ਜਿਉਂਦਾ ਰਹਾਂਗਾ। ਉਮੀਦ ਟੁੱਟ ਜਾਂਦੀ ਹੈ, ਪਰ ਆਸ ਕਦੇ ਨਹੀਂ ਟੁੱਟਦੀ। ਜਦੋਂ ਵੱਡੀ-ਵੱਡੀ ਉਮੀਦ ਟੁੱਟਦੀ ਹੈ ਤਾਂ ਆਸ ਦੀ ਛੋਟੀ ਜਿਹੀ ਕਿਰਨ ਹੀ ਹਨੇਰੇ ਵਿੱਚੋਂ ਕੱਢਦੀ ਹੈ। ਜਿਵੇਂ ਹਸਪਤਾਲ ਵਿੱਚ ਡਾਕਟਰ ਕਹਿ ਦੇਵੇ ਕਿ ਬਚਣ ਦੀ ਉਮੀਦ ਦਸ ਫ਼ੀਸਦੀ ਹੈ, ਤਾਂ ਵੀ ਮਾਂ ਦੀ ਆਸ ਨਹੀਂ ਟੁੱਟਦੀ।

ਉਹ ਮਾਂ ਡਾਕਟਰ ਦੀ ਰਿਪੋਰਟ ਨਹੀਂ ਪੜ੍ਹਦੀ, ਉਹ ਆਪਣੇ ਬੱਚੇ ਦਾ ਚਿਹਰਾ ਪੜ੍ਹਦੀ ਹੈ। ਦੁਨੀਆਂ ਲਈ ਉਹ 10 ਫੀਸਦੀ ਇੱਕ ਅੰਕੜਾ ਹੈ, ਮਾਂ ਲਈ ਉਹ 10 ਫੀਸਦੀ ਹੀ ਪੂਰੀ ਦੁਨੀਆ ਹੈ। ਉਹੀ 10 ਫੀਸਦੀ ਉਸ ਨੂੰ ਰਾਤ ਭਰ ਜਗਾਈ ਰੱਖਦਾ ਹੈ, ਉਸ ਨੂੰ ਅਰਦਾਸ ਕਰਨੀ ਸਿਖਾਉਂਦਾ ਹੈ। ਇਹੀ ਫਰਕ ਹੈ ਉਮੀਦ ਅਤੇ ਆਸ ਵਿੱਚ। ਉਮੀਦ ਅੰਕੜਿਆਂ 'ਤੇ ਜਿਉਂਦੀ ਹੈ, ਆਸ ਦੁਆਵਾਂ 'ਤੇ।ਜਦੋਂ ਉਮੀਦ ਟੁੱਟਦੀ ਹੈ ਤਾਂ ਲੱਗਦਾ ਹੈ ਸਭ ਖਤਮ ਹੋ ਗਿਆ, ਪਰ ਕੁਝ ਦਿਨਾਂ ਬਾਅਦ ਉਸੇ ਮਲਬੇ ਵਿੱਚੋਂ ਇੱਕ ਨਵੀਂ ਆਸ ਫੁੱਟ ਪੈਂਦੀ ਹੈ। ਤੁਸੀਂ ਫਿਰ ਤੋਂ ਤੁਰਨ ਲੱਗਦੇ ਹੋ। ਇਹੀ ਜੀਵਨ ਹੈ।

ਉਮੀਦ ਰੱਖੋ, ਪਰ ਆਸ ਨੂੰ ਆਪਣੀ ਮਿਹਨਤ ਨਾਲ ਵੀ ਜੋੜੋ। ਕਿਸੇ ਵਿਅਕਤੀ, ਕਿਸੇ ਪਾਰਟੀ, ਕਿਸੇ ਰਿਸ਼ਤੇ ਤੋਂ ਏਨੀ ਉਮੀਦ ਨਾ ਰੱਖੋ ਕਿ ਉਸ ਦੇ ਟੁੱਟਣ 'ਤੇ ਤੁਸੀਂ ਹੀ ਟੁੱਟ ਜਾਓ। ਆਪਣੀ ਉਮੀਦ ਦਾ ਰਿਮੋਟ ਆਪਣੇ ਹੱਥ ਵਿੱਚ ਰੱਖੋ।

ਜਦੋਂ ਉਮੀਦ ਟੁੱਟ ਵੀ ਜਾਵੇ ਤਾਂ ਆਸ ਨੂੰ ਨਾ ਛੱਡੋ, ਕਿਉਂਕਿ ਉਮੀਦ ਇੱਕ ਦਰਵਾਜ਼ਾ ਹੈ, ਜੋ ਬੰਦ ਹੋ ਸਕਦਾ ਹੈ, ਪਰ ਆਸ ਉਹ ਘਰ ਹੈ, ਜਿਸ ਵਿੱਚ ਤੁਸੀਂ ਰਹਿੰਦੇ ਹੋ। ਦਰਵਾਜ਼ਾ ਬੰਦ ਹੋਣ 'ਤੇ ਘਰ ਖਤਮ ਨਹੀਂ ਹੁੰਦਾ, ਦੂਜਾ ਦਰਵਾਜ਼ਾ ਖੁੱਲ੍ਹ ਜਾਂਦਾ ਹੈ।

ਸੰਪਰਕ : 95173-96001

# ਵੋਟਾਂ, ਸੱਤਾ ਅਤੇ ਨਸ਼ਾ ਖ਼ਤਮ ਕਰਨ ਦਾ ਵਾਅਦਾ

**ਡਾ. ਗੁਰਪ੍ਰੀਤ ਕੌਰ**

ਜਿਵੇਂ-ਜਿਵੇਂ ਚੋਣਾਂ ਨੇੜੇ ਆ ਰਹੀਆਂ ਹਨ, ਨਸ਼ਿਆਂ ਦੇ ਖਾਤਮੇ ਦੇ ਵਾਅਦਿਆਂ ਦੀਆਂ ਗੱਲਾਂ ਵੀ ਤੇਜ਼ ਹੋਣ ਲੱਗੀਆਂ ਹਨ।ਇਹ ਮੁੱਦਾ ਹਰ ਸਿਆਸੀ ਪਾਰਟੀ ਦੇ ਚੋਣ ਮਨੋਰਥ ਪੱਤਰ ਵਿੱਚ ਇੱਕ ਮਹੱਤਵਪੂਰਨ ਬਿੰਦੂ ਵਜੋਂ ਸ਼ਾਮਲ ਹੋਣ ਦੀ ਸੰਭਾਵਨਾ ਹੈ।ਸਾਨੂੰ ਸੱਤਾ ਵਿੱਚ ਲਿਆਓ, ਅਸੀਂ ਨਸ਼ਿਆਂ ਦਾ ਖਾਤਮਾ ਕਰਾਂਗੇ। ਪੰਜਾਬ ਵਿੱਚ ਸਿਆਸੀ ਮੁਹਿੰਮਾਂ ਦੌਰਾਨ ਇਹ ਵਾਅਦਾ ਹੁਣ ਕੋਈ ਨਵੀਂ ਗੱਲ ਨਹੀਂ ਰਹੀ। ਪਰ ਸਵਾਲ ਇਹ ਹੈ ਕਿ ਜੇਕਰ ਨਸ਼ਿਆਂ ਦਾ ਖਾਤਮਾ ਸੱਚਮੁੱਚ ਤਰਜੀਹ ਹੈ ਤਾਂ ਵਾਰ-ਵਾਰ ਕੀਤੇ ਜਾ ਰਹੇ ਵਾਅਦਿਆਂ, ਮੁਹਿੰਮਾਂ ਅਤੇ ਸਰਕਾਰੀ ਦਖ਼ਲ-ਅੰਦਾਜ਼ੀ ਦੇ ਬਾਵਜੂਦ ਇਹ ਸੰਕਟ ਕਿਉਂ ਜਾਰੀ ਹੈ? ਕਈ ਦਹਾਕਿਆਂ ਤੋਂ ਸਿਆਸੀ ਪਾਰਟੀਆਂ ਆਪਣੇ ਚੋਣ ਮਨੋਰਥ ਪੱਤਰਾਂ ਵਿੱਚ ਨਸ਼ਿਆਂ ਦੇ ਖਾਤਮੇ ਨੂੰ ਸ਼ਾਮਲ ਕਰਦੀਆਂ ਆ ਰਹੀਆਂ ਹਨ। ਹਰ ਚੋਣ ਦੇ ਨਾਲ ਨਸ਼ਾ ਤਸਕਰੀ ਦੇ ਨੈੱਟਵਰਕ ਨੂੰ ਤੋੜਨ, ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਅਤੇ ਪੰਜਾਬ ਨੂੰ ਨਸ਼ਾ-ਮੁਕਤ ਬਣਾਉਣ ਦੇ ਨਵੇਂ ਵਾਅਦੇ ਸਾਹਮਣੇ ਆਉਂਦੇ ਹਨ, ਪਰ ਚੋਣੀ ਮੁਹਿੰਮਾਂ ਤੋਂ ਬਾਹਰ ਜ਼ਮੀਨੀ ਹਕੀਕਤ ਚਿੰਤਾਜਨਕ ਹੈ। ਅਖ਼ਬਾਰਾਂ ਵਿੱਚ ਲਗਾਤਾਰ ਨਸ਼ਿਆਂ ਨਾਲ ਜੁੜੀਆਂ ਮੌਤਾਂ, ਨਸ਼ਿਆਂ ਕਾਰਨ ਬਰਬਾਦ ਹੋ ਰਹੇ ਪਰਵਾਰਾਂ ਅਤੇ ਇਸ ਸਮੱਸਿਆ ਨਾਲ ਜੂਝ ਰਹੇ ਭਾਈਚਾਰਿਆਂ ਦੀਆਂ ਖ਼ਬਰਾਂ ਸਾਹਮਣੇ ਆ ਰਹੀਆਂ ਹਨ। ਕੁਝ ਮਹੀਨੇ ਪਹਿਲਾਂ ਵਾਪਰੀ ਦੁਖਦਾਈ ਘਟਨਾਵਾਂ ਨੇ ਨਸ਼ਿਆਂ ਦੇ ਸੰਕਟ ਦੀ ਮਨੁੱਖੀ ਕੀਮਤ ਨੂੰ ਹੋਰ ਸਪੱਸ਼ਟ ਕੀਤਾ ਹੈ। ਲੁਧਿਆਣਾ ਵਿੱਚ ਇੱਕ ਪਰਵਾਰ ਦੇ ਕਈ ਮੈਂਬਰਾਂ ਦੀ ਕਥਿਤ ਨਸ਼ੇ ਦੀ ਓਵਰਡੋਜ਼ ਕਾਰਨ ਹੋਈ ਮੌਤ ਅਤੇ ਜਲੰਧਰ ਦੇ ਇੱਕ ਪਿੰਡ ਵਿੱਚ ਵਾਪਰੀ ਦੁਖਦਾਈ ਘਟਨਾ ਨੇ ਨਸ਼ਿਆਂ ਦੀ ਸਮੱਸਿਆ ਦੀ ਗੰਭੀਰਤਾ ਬਾਰੇ ਕਈ ਸਵਾਲ ਖੜ੍ਹੇ ਕੀਤੇ ਹਨ। ਇਹ ਸਿਰਫ਼ ਅੰਕੜੇ ਨਹੀਂ ਹਨ। ਹਰ ਮੌਤ ਦੇ ਪਿੱਛੇ ਇੱਕ ਪਰਵਾਰ ਦਾ ਦੁੱਖ, ਆਰਥਿਕ ਮੁਸ਼ਕਲਾਂ ਅਤੇ ਸਮਾਜਿਕ ਪ੍ਰਭਾਵ ਜੁੜਿਆ ਹੋਇਆ ਹੈ, ਪਰ ਅਸਹਿਜ ਸਵਾਲ ਅਜੇ ਵੀ ਕਾਇਮ ਹੈ—ਜ਼ਿੰਮੇਵਾਰ ਕੌਣ ਹੈ? ਕੀ ਪਰਵਾਰਾਂ ਨੂੰ ਇਸ ਗੱਲ ਲਈ ਜ਼ਿੰਮੇਵਾਰ ਠਹਿਰਾਇਆ ਜਾ ਸਕਦਾ ਹੈ ਕਿ ਉਹ ਆਪਣੇ ਬੱਚਿਆਂ ਅਤੇ ਪਰਵਾਰ ਦੇ ਕਮਾਉਣ ਵਾਲੇ ਮੈਂਬਰਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਵਿੱਚ ਅਸਫਲ ਰਹੇ? ਕੀ ਨਸ਼ਾ ਸਪਲਾਈ ਕਰਨ ਵਾਲੇ ਉਹਨਾਂ ਘਰਾਂ ਨੂੰ ਉਜਾੜਨ ਲਈ ਜ਼ਿੰਮੇਵਾਰ ਹਨ, ਜਿਨ੍ਹਾਂ ਵਿੱਚ ਅੱਜ ਖੁਸ਼ੀਆਂ ਦੀ ਥਾਂ ਮਾਤਮ ਹੈ? ਉਨ੍ਹਾਂ ਲੋਕਾਂ ਦੀ ਕੀ ਭੂਮਿਕਾ ਹੈ, ਜੋ ਕਥਿਤ ਤੌਰ 'ਤੇ ਨਸ਼ਾ ਤਸਕਰੀ ਦੇ ਨੈੱਟਵਰਕ ਨੂੰ ਸਹਾਇਤਾ ਜਾਂ ਸੁਰੱਖਿਆ ਪ੍ਰਦਾਨ ਕਰਦੇ ਹਨ ਅਤੇ ਸਰਕਾਰ ਦੀ ਕੀ ਜ਼ਿੰਮੇਵਾਰੀ ਹੈ, ਜਦੋਂ ਲਗਾਤਾਰ ਵਾਅਦਿਆਂ ਅਤੇ ਕਾਰਵਾਈਆਂ ਦੇ ਬਾਵਜੂਦ ਨਸ਼ਿਆਂ ਦੀ ਉਪਲੱਬਧਤਾ ਨੂੰ ਰੋਕਣਾ ਇੱਕ ਵੱਡੀ ਚੁਣੌਤੀ ਬਣਿਆ ਹੋਇਆ ਹੈ? ਜਦੋਂ ਨਸ਼ਿਆਂ ਨਾਲ ਜੁੜੀਆਂ ਜਾਂਚਾਂ ਵਿੱਚ ਸਿਆਸੀ ਆਗੂਆਂ, ਅਧਿਕਾਰੀਆਂ ਜਾਂ ਪ੍ਰਭਾਵਸ਼ਾਲੀ ਵਿਅਕਤੀਆਂ ਨਾਲ ਸੰਬੰਧਤ ਦੋਸ਼ ਸਾਹਮਣੇ ਆਉਂਦੇ ਹਨ ਤਾਂ ਇਹ ਮੁੱਦਾ ਹੋਰ ਵੀ ਗੁੰਝਲਦਾਰ ਹੋ ਜਾਂਦਾ ਹੈ। ਅਜਿਹੇ ਦੋਸ਼ਾਂ ਦੀ ਪੁਸ਼ਟੀ ਕਾਨੂੰਨੀ ਪ੍ਰਕਿਰਿਆ ਰਾਹੀਂ ਹੋਣੀ ਲਾਜ਼ਮੀ ਹੈ, ਪਰ ਇਸ ਦੇ ਨਾਲ ਹੀ ਇਹ ਸਵਾਲ ਵੀ ਉਠਦਾ ਹੈ ਕਿ ਜਵਾਬਦੇਹੀ ਕਿੰਨੀ ਪ੍ਰਭਾਵਸ਼ਾਲੀ ਹੈ ਅਤੇ ਨਸ਼ਿਆਂ ਖ਼ਿਲਾਫ਼ ਲਾਗੂ ਕੀਤੇ ਜਾ ਰਹੇ ਕਾਨੂੰਨਾਂ ਅਤੇ ਪ੍ਰਬੰਧਾਂ ਦੇ ਨਤੀਜੇ ਕਿੰਨੇ ਪ੍ਰਭਾਵਸ਼ਾਲੀ ਹਨ।

ਪੰਜਾਬ ਵਿੱਚ ਕਈ ਗ੍ਰਿਫ਼ਤਾਰੀਆਂ, ਨਸ਼ੀਲੇ ਪਦਾਰਥਾਂ ਦੀਆਂ ਬਰਾਮਦਗੀਆਂ, ਜਾਗਰੂਕਤਾ ਮੁਹਿੰਮਾਂ ਅਤੇ ਪੁਨਰਵਾਸ ਪ੍ਰੋਗਰਾਮ ਚਲਾਏ ਗਏ ਹਨ, ਪਰ ਸਿਰਫ਼ ਕਾਨੂੰਨੀ ਕਾਰਵਾਈ ਨਸ਼ਿਆਂ ਦੀ ਸਮੱਸਿਆ ਦਾ ਪੂਰਾ ਹੱਲ ਨਹੀਂ ਕਰ ਸਕਦੀ। ਇਹ ਸਮੱਸਿਆ ਸਮਾਜਿਕ, ਆਰਥਿਕ, ਮਨੋਵਿਗਿਆਨਕ ਅਤੇ ਜਨਤਕ ਸਿਹਤ ਨਾਲ ਜੁੜੇ ਕਈ ਪੱਖਾਂ ਵਾਲੀ ਹੈ। ਨਸ਼ੇ ਦੀ ਲਤ ਨਾਲ ਜੂਝ ਰਹੇ ਲੋਕਾਂ ਲਈ ਪੁਨਰਵਾਸ ਬੇਹੱਦ ਜ਼ਰੂਰੀ ਹੈ, ਪਰ ਜਦੋਂ ਕੋਈ ਵਿਅਕਤੀ ਨਸ਼ੇ ਦੀ ਲਤ ਦਾ ਸ਼ਿਕਾਰ ਹੋ ਜਾਂਦਾ ਹੈ, ਉਸ ਤੋਂ ਬਾਅਦ ਇਲਾਜ ਕਰਨਾ ਹੀ ਕਾਫ਼ੀ ਨਹੀਂ। ਨੌਜਵਾਨਾਂ ਨੂੰ ਨਸ਼ਿਆਂ ਦੀ ਲਤ ਵੱਲ ਜਾਣ ਤੋਂ ਪਹਿਲਾਂ ਰੋਕਣਾ ਵੀ ਓਨਾ ਹੀ ਮਹੱਤਵਪੂਰਨ ਹੈ।ਉਪਲੱਬਧ ਅੰਕੜੇ ਵੀ ਇਸ ਸੰਕਟ ਦੀ ਗੰਭੀਰਤਾ ਵੱਲ ਇਸ਼ਾਰਾ ਕਰਦੇ ਹਨ। ਸਰਕਾਰੀ ਅੰਕੜਿਆਂ ਅਤੇ ਰਿਪੋਰਟ ਕੀਤੇ ਗਏ ਅੰਕੜਿਆਂ ਅਨੁਸਾਰ ਨਸ਼ਿਆਂ ਨਾਲ ਸੰਬੰਧਤ ਮੌਤਾਂ ਅਤੇ ਨਾਰਕੋਟਿਕ ਡਰੱਗਜ਼ ਐਂਡ ਸਾਈਕੋਟ੍ਰੋਪਿਕ ਸਬਸਟੈਂਸਿਜ਼ (NDPS) ਐਕਟ ਤਹਿਤ ਦਰਜ ਮਾਮਲਿਆਂ ਦੀ ਗਿਣਤੀ ਚਿੰਤਾਜਨਕ ਰਹੀ ਹੈ। 2015 ਤੋਂ 2024 ਦਰਮਿਆਨ ਪੰਜਾਬ ਵਿੱਚ NDPS ਐਕਟ ਤਹਿਤ 51,000 ਤੋਂ ਵੱਧ ਮਾਮਲੇ ਦਰਜ ਹੋਣ ਦੀ ਰਿਪੋਰਟ ਹੈ। ਨਸ਼ਿਆਂ ਨਾਲ ਸੰਬੰਧਤ ਮੌਤਾਂ ਦੇ ਅੰਕੜਿਆਂ ਵਿੱਚ ਵੀ ਵੱਖ-ਵੱਖ ਸਾਲਾਂ ਦੌਰਾਨ ਕਾਫ਼ੀ ਉਤਾਰ-ਚੜ੍ਹਾਅ ਦੇਖਣ ਨੂੰ ਮਿਲਿਆ ਹੈ। ਇਸ ਲਈ ਵੱਖ-ਵੱਖ ਸਾਲਾਂ ਦੇ ਅੰਕੜਿਆਂ ਦੀ ਤੁਲਨਾ ਕਰਦੇ ਸਮੇਂ ਇਹ ਸਮਝਣਾ ਵੀ ਜ਼ਰੂਰੀ ਹੈ ਕਿ ਮੌਤਾਂ ਨੂੰ ਕਿਵੇਂ ਪਰਿਭਾਸ਼ਿਤ, ਦਰਜ ਅਤੇ ਨਸ਼ਿਆਂ ਨਾਲ ਜੋੜਿਆ ਜਾਂਦਾ ਹੈ। ਯੁੱਧ ਨਸ਼ਿਆਂ ਵਿਰੁੱਧ ਵਰਗੀਆਂ ਮੁਹਿੰਮਾਂ ਨੇ ਨਸ਼ਿਆਂ ਦੇ ਮੁੱਦੇ ਵੱਲ ਧਿਆਨ ਖਿੱਚਣ ਦੀ ਕੋਸ਼ਿਸ਼ ਕੀਤੀ ਹੈ।ਗ੍ਰਿਫ਼ਤਾਰੀਆਂ ਅਤੇ ਨਸ਼ੀਲੇ ਪਦਾਰਥਾਂ ਦੀਆਂ ਬਰਾਮਦਗੀਆਂ ਨੂੰ ਅਕਸਰ ਸਰਕਾਰੀ ਕਾਰਵਾਈ ਦੇ ਸਬੂਤ ਵਜੋਂ ਪੇਸ਼ ਕੀਤਾ ਜਾਂਦਾ ਹੈ, ਪਰ ਸਫਲਤਾ ਦਾ ਮੁਲਾਂਕਣ ਸਿਰਫ਼ ਗ੍ਰਿਫ਼ਤਾਰੀਆਂ ਜਾਂ ਬਰਾਮਦਗੀਆਂ ਦੀ ਗਿਣਤੀ ਨਾਲ ਨਹੀਂ ਹੋਣਾ ਚਾਹੀਦਾ। ਇਹ ਵੀ ਦੇਖਣਾ ਜ਼ਰੂਰੀ ਹੈ ਕਿ ਕੀ ਨਸ਼ਿਆਂ ਦੀ ਉਪਲੱਬਧਤਾ ਘਟ ਰਹੀ ਹੈ, ਕੀ ਨੌਜਵਾਨਾਂ ਨੂੰ ਨਸ਼ਿਆਂ ਦੀ ਲਤ ਵਿੱਚ ਫਸਣ ਤੋਂ ਰੋਕਿਆ ਜਾ ਰਿਹਾ ਹੈ, ਕੀ ਇਲਾਜ ਅਤੇ ਪੁਨਰਵਾਸ ਪ੍ਰੋਗਰਾਮ ਲੰਮੇ ਸਮੇਂ ਲਈ ਪ੍ਰਭਾਵਸ਼ਾਲੀ ਸਾਬਤ ਹੋ ਰਹੇ ਹਨ ਅਤੇ ਕੀ ਨਸ਼ਿਆਂ ਨਾਲ ਸੰਬੰਧਤ ਮੌਤਾਂ ਵਿੱਚ ਕਮੀ ਆ ਰਹੀ ਹੈ। ਨਸ਼ਿਆਂ ਦਾ ਸੰਕਟ ਸਿਰਫ਼ ਇੱਕ ਚੋਣਾਵੀ ਨਾਅਰਾ ਨਹੀਂ ਬਣ ਸਕਦਾ।ਪੰਜਾਬ ਨੂੰ ਨਸ਼ਿਆਂ ਨਾਲ ਨਜਿੱਠਣ ਲਈ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ, ਜਨਤਕ ਸਿਹਤ ਪ੍ਰਣਾਲੀ, ਸਿੱਖਿਆ ਸੰਸਥਾਵਾਂ, ਪੁਨਰਵਾਸ ਕੇਂਦਰਾਂ, ਪਰਵਾਰਾਂ, ਭਾਈਚਾਰਿਆਂ ਅਤੇ ਸੁਤੰਤਰ ਨਿਗਰਾਨੀ ਪ੍ਰਣਾਲੀ ਦੇ ਸਾਂਝੇ ਯਤਨਾਂ ਦੀ ਲੋੜ ਹੈ। ਸਭ ਤੋਂ ਮਹੱਤਵਪੂਰਨ ਗੱਲ ਇਹ ਹੈ ਕਿ ਨਤੀਜਿਆਂ ਬਾਰੇ ਪਾਰਦਰਸ਼ਤਾ ਹੋਣੀ ਚਾਹੀਦੀ ਹੈ।

ਲੋਕਾਂ ਨੂੰ ਸਿਰਫ਼ ਇਹ ਜਾਣਨ ਦੀ ਲੋੜ ਨਹੀਂ ਕਿ ਕਿੰਨੇ ਲੋਕ ਗ੍ਰਿਫ਼ਤਾਰ ਹੋਏ, ਬਲਕਿ ਇਹ ਵੀ ਪਤਾ ਹੋਣਾ ਚਾਹੀਦਾ ਹੈ ਕਿ ਕਿੰਨੇ ਨਸ਼ਾ ਤਸਕਰੀ ਨੈੱਟਵਰਕ ਤੋੜੇ ਗਏ, ਕਿੰਨੇ ਲੋਕਾਂ ਨੂੰ ਪ੍ਰਭਾਵਸ਼ਾਲੀ ਇਲਾਜ ਮਿਲਿਆ, ਕਿੰਨੇ ਲੋਕ ਮੁੜ ਨਸ਼ਿਆਂ ਵੱਲ ਪਰਤੇ, ਕਿੰਨੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਇਆ ਗਿਆ ਅਤੇ ਕੀ ਨਸ਼ਿਆਂ ਨਾਲ ਸੰਬੰਧਤ ਮੌਤਾਂ ਵਿੱਚ ਅਸਲ ਵਿੱਚ ਕਮੀ ਆ ਰਹੀ ਹੈ। ਸਵਾਲ ਹੁਣ ਇਹ ਨਹੀਂ ਰਹਿ ਗਿਆ ਕਿ ਸਿਆਸੀ ਪਾਰਟੀਆਂ ਨਸ਼ੇ ਖ਼ਤਮ ਕਰਨ ਦਾ ਵਾਅਦਾ ਕਰ ਸਕਦੀਆਂ ਹਨ ਜਾਂ ਨਹੀਂ। ਪੰਜਾਬ ਸਾਲਾਂ ਤੋਂ ਇਹ ਵਾਅਦਾ ਸੁਣਦਾ ਆ ਰਿਹਾ ਹੈ। ਅਹਿਮ ਸਵਾਲ ਇਹ ਹੈ ਕਿ ਕੀ ਇਹ ਵਾਅਦੇ ਆਖ਼ਿਰਕਾਰ ਮਾਪਣਯੋਗ, ਲਗਾਤਾਰ ਅਤੇ ਜਵਾਬਦੇਹ ਕਾਰਵਾਈ ਵਿੱਚ ਬਦਲ ਸਕਣਗੇ, ਕਿਉਂਕਿ ਇਹ ਸਿਰਫ਼ ਵੋਟਾਂ ਦੀ ਗੱਲ ਨਹੀਂ। ਇਹ ਸਿਰਫ਼ ਸੱਤਾ ਦੀ ਗੱਲ ਨਹੀਂ ਹੈ। ਇਹ ਜ਼ਿੰਦਗੀਆਂ ਦੀ ਗੱਲ ਹੈ।

# ਸੰਪਰਕ : 98036-16268

# ਸੀ ਪੀ ਆਈ ਵੱਲੋਂ ਰਾਏਕੋਟ ਤੇ ਮਾਲੇਰਕੋਟਲਾ 'ਚ ਰੈਲੀ ਤੇ ਰੋਸ ਪ੍ਰਦਰਸ਼ਨ

## ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਅਹੁਦੇ ਤੋਂ ਹਟਾਉਣ ਦੀ ਮੰਗ



**ਲੁਧਿਆਣਾ (ਐੱਮ ਐੱਸ ਭਾਟੀਆ)**-ਭਾਰਤੀ ਕਮਿਊਨਿਸਟ ਪਾਰਟੀ (ਸੀਪੀਆਈ) ਵੱਲੋਂ ਰਾਏਕੋਟ, ਜ਼ਿਲ੍ਹਾ ਲੁਧਿਆਣਾ ਵਿਖੇ ਰੋਸ ਰੈਲੀ ਤੇ ਪ੍ਰਦਰਸ਼ਨ ਕਰਕੇ ਐੱਸ ਆਈ ਆਰ ਨਾਲ ਵੋਟਰ ਸੂਚੀਆਂ ਦੀ ਸੋਧ ਦੇ ਤਹਿਤ 13 ਕਰੋੜ ਤੋਂ ਵੱਧ ਵੋਟਾਂ ਕੱਟੇ ਜਾਣ ਦੇ ਮਾਮਲੇ ਵਿੱਚ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਕੀਤੀ ਗਈ।ਇਕੱਠ ਨੂੰ ਸੰਬੋਧਨ ਕਰਦਿਆਂ ਸੀਪੀਆਈ ਦੇ ਜ਼ਿਲ੍ਹਾ ਸਹਾਇਕ ਸਕੱਤਰ ਕਾਮਰੇਡ ਚਮਕੌਰ ਸਿੰਘ ਨੇ ਕਿਹਾ ਕਿ 5 ਅਕਤੂਬਰ 2026 ਨੂੰ ਭਾਰਤ ਦੇ ਮੁੱਖ ਨਿਆਂਧੀਸ਼ ਸੂਰਿਆ ਕਾਂਤ ਵੱਲੋਂ ਇਹ ਕਹੇ ਜਾਣ ਤੋਂ ਬਾਅਦ ਗਿਆਨੇਸ਼ ਕੁਮਾਰ ਦੇ ਝੂਠ ਪੂਰੀ ਤਰ੍ਹਾਂ ਬੇਨਕਾਬ ਹੋ ਗਏ ਹਨ ਕਿ ਭਾਰਤ ਦੀ ਸੁਪਰੀਮ ਕੋਰਟ ਨੇ ਚੋਣ ਕਮਿਸ਼ਨ ਆਫ਼ ਇੰਡੀਆ (539) ਵੱਲੋਂ ਫਾਰਮ 6 ਵਿੱਚ ਕੀਤੀਆਂ ਕਿਸੇ ਵੀ ਤਬਦੀਲੀਆਂ ਜਾਂ ਵਾਧੂ ਘੋਸ਼ਣਾਵਾਂ ਨੂੰ ਮਨਜ਼ੂਰੀ ਨਹੀਂ ਦਿੱਤੀ ਸੀ।ਮੁੱਖ ਚੋਣ ਕਮਿਸ਼ਨਰ ਨੂੰ ਹੁਣ ਅਹੁਦੇ 'ਤੇ ਬਣੇ ਰਹਿਣ ਦਾ ਕੋਈ ਨੈਤਿਕ ਹੱਕ ਨਹੀਂ ਹੈ ਤੇ ਉਨ੍ਹਾਂ ਨੂੰ ਤੁਰੰਤ ਅਸਤੀਫ਼ਾ ਦੇ ਦੇਣਾ ਚਾਹੀਦਾ ਹੈ, ਤਾਂ ਜੋ ਨਵਾਂ ਚੋਣ ਕਮਿਸ਼ਨ ਬਣਾਇਆ ਜਾ ਸਕੇ ਜੋ ਸੰਵਿਧਾਨਕ ਪ੍ਰਬੰਧਾਂ ਅਨੁਸਾਰ ਕੰਮ ਕਰੇ।ਸੀਪੀਆਈ ਜ਼ਿਲ੍ਹਾ ਲੁਧਿਆਣਾ ਕਾਰਜਕਾਰਨੀ ਕਮੇਟੀ ਦੇ ਮੈਂਬਰ ਕਾਮਰੇਡ ਕਰਤਾਰ ਰਾਮ ਨੇ ਦੋਸ਼ ਲਾਇਆ ਕਿ ਚੋਣ ਸੂਚੀਆਂ ਵਿੱਚ ਹੇਰਾਫੇਰੀ ਕਰਨ ਤੇ ਖਾਸ ਤੌਰ 'ਤੇ ਘੱਟਗਿਣਤੀਆਂ ਦੀਆਂ ਵੋਟਾਂ ਕੱਟਣ ਦੇ ਉਦੇਸ਼ ਨਾਲ ਕੀਤੀ ਗਈ ਐੱਸ ਆਈ ਆਰ ਦੀ ਕਾਰਵਾਈ ਦੇ ਨਤੀਜੇ ਵਜੋਂ 13 ਕਰੋੜ ਤੋਂ ਵੱਧ ਵੋਟਾਂ ਕੱਟ ਦਿੱਤੀਆਂ ਗਈਆਂ ਹਨ।ਉਨ੍ਹਾਂ ਇਸ ਨੂੰ ਲੋਕਤੰਤਰ 'ਤੇ ਗੰਭੀਰ ਹਮਲਾ ਕਰਾਰ ਦਿੱਤਾ।ਸੀਪੀਆਈ ਜ਼ਿਲ੍ਹਾ ਲੁਧਿਆਣਾ ਦੇ ਜ਼ਿਲ੍ਹਾ ਕੌਂਸਲ ਮੈਂਬਰ ਕਾਮਰੇਡ ਹੁਕਮ ਰਾਜ ਨੇ ਕਿਹਾ ਕਿ ਕੇਂਦਰ ਸਰਕਾਰ ਦਾ ਫਾਸ਼ੀਵਾਦੀ ਚਿਹਰਾ ਪੂਰੀ ਤਰ੍ਹਾਂ ਬੇਨਕਾਬ ਹੋ ਚੁੱਕਾ ਹੈ।ਉਹ ਸੰਵਿਧਾਨ ਵਿੱਚ ਦਰਜ ਲੋਕਤਾਂਤਰਿਕ ਕਦਰਾਂ-ਕੀਮਤਾਂ ਨੂੰ ਸਿੱਧੇ ਤੌਰ 'ਤੇ ਕਮਜ਼ੋਰ ਕਰਨ 'ਤੇ ਤੁਲੇ ਹੋਏ ਹਨ।ਮੌਜੂਦਾ ਮੋਦੀ-ਸ਼ਾਹ ਜੋੜੀ ਦੇ ਢਾਂਚੇ ਤਹਿਤ ਸਾਰੀਆਂ ਸੰਵਿਧਾਨਕ ਸੰਸਥਾਵਾਂ ਦੀ ਦੁਰਵਰਤੋਂ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਰਾਏਕੋਟ ਬਲਾਕ ਸੀਪੀਆਈ ਵੱਲੋਂ 8 ਅਕਤੂਬਰ ਨੂੰ ਲੁਧਿਆਣਾ ਵਿਖੇ ਇੰਡੀਆ ਬਲਾਕ ਵੱਲੋਂ ਕੀਤੇ ਜਾ ਰਹੇ ਰੋਸ ਪ੍ਰਦਰਸ਼ਨ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।ਇਸ ਮੌਕੇ ਕਾਮਰੇਡ ਚਰਨ ਸਿੰਘ, ਅਮਰ ਸਿੰਘ, ਬਲਦੇਵ ਸਿੰਘ ਲਤਾਰਾ, ਮੁਖਤਿਆਰ ਸਿੰਘ, ਹਰਪਾਲ ਸਿੰਘ, ਅਵਤਾਰ ਸਿੰਘ, ਬਲਵਿੰਦਰ ਸਿੰਘ, ਲਖਵੀਰ ਸਿੰਘ, ਗੁਰਮੀਤ ਸਿੰਘ ਤੇ ਹਰਜਿੰਦਰ ਸਿੰਘ ਸਮੇਤ ਹੋਰ ਸਾਥੀਆਂ ਨੇ ਸ਼ਮੂਲੀਅਤ ਕੀਤੀ।

**ਮਾਲੇਰਕੋਟਲਾ (ਅਸਗਰ ਪਰਿਹਾਰ)** : ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਭਰਪੂਰ ਸਿੰਘ ਬੂੱਲਾਪੁਰ ਤੇ ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ) ਦੇ ਜ਼ਿਲ੍ਹਾ ਸਕੱਤਰ ਅਬਦਲ ਸਤਾਰ ਮਾਲੇਰਕੋਟਲਾ ਦੀ ਅਗਵਾਈ ਹੇਠ ਡੀ ਸੀ ਦਫਤਰ ਮਾਲੇਰਕੋਟਲਾ ਅੱਗੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੀ ਅਰਥੀ ਫੂਕ ਕੇ ਧਰਨਾ ਦਿੱਤਾ ਗਿਆ।ਧਰਨੇ ਨੂੰ ਸੰਬੋਧਨ ਕਰਦਿਆਂ ਕਾ. ਭਰਪੂਰ ਸਿੰਘ ਬੂੱਲਾਪੁਰ ਨੇ ਕਿਹਾ ਕਿ ਸਾਲ 2025 ਤੋਂ ਭਾਰਤ ਦੇ ਮੁੱਖ ਚੋਣ ਕਮਿਸ਼ਨਰ ਵੱਲੋਂ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ ਆਈ ਆਰ) ਦੇ ਨਾਂਅ 'ਤੇ ਵੋਟਾਂ ਕੱਟੀਆਂ ਜਾ ਰਹੀਆਂ ਹਨ।ਸਭ ਤੋਂ ਪਹਿਲਾਂ ਬਿਹਾਰ ਵਿੱਚ 65 ਲੱਖ ਵੋਟਾਂ ਕੱਟੀਆਂ ਗਈਆਂ ਹਨ।ਇਸ ਤਰ੍ਹਾਂ ਪੂਰੇ ਭਾਰਤ ਵਿੱਚ 13 ਕਰੋੜ ਲੋਕਾਂ ਦੀਆਂ ਵੋਟਾਂ ਕੱਟੀਆਂ ਜਾ ਚੁੱਕੀਆਂ ਹਨ।ਸੀ ਪੀ ਆਈ ਐੱਮ ਦੇ ਸੂਬਾ ਸਕੱਤਰ ਸੁਖਵਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਪੱਛਮੀ ਬੰਗਾਲ ਵਿੱਚ ਇੱਕ ਫਿਰਕੇ ਤੇ ਦਲਿਤਾਂ, ਗਰੀਬਾਂ ਦੀਆਂ 27 ਲੱਖ ਵੋਟਾਂ ਵੋਟਾਂ ਕੱਟ ਕੇ ਬੀ ਜੇ ਪੀ ਨੇ ਆਪਣੀ ਸਰਕਾਰ ਧੱਕੇਸ਼ਾਹੀ ਨਾਲ ਬਣਾ ਲਈ ਹੈ।ਮੁੱਖ ਚੋਣ ਕਮਿਸ਼ਨਰ ਜੋਂ ਪਹਿਲਾਂ ਗ੍ਰਹਿ ਵਿਭਾਗ ਵਿੱਚ ਤਾਇਨਾਤ ਸੀ, ਉਸ ਦੀ ਨਿਯੁਕਤੀ ਸਮੇਂ ਸੰਵਿਧਾਨ ਵਿੱਚ ਸੋਧ ਕਰਕੇ ਸੁਪਰੀਮ ਕੋਰਟ ਦੇ ਮੁੱਖ ਜੱਜ ਨੂੰ ਨਿਯੁਕਤੀ ਪ੍ਰਕਿਰਿਆ ਵਿੱਚੋਂ ਬਾਹਰ ਕਰਕੇ ਇਹ ਆਪਣੀ ਮਰਜ਼ੀ ਮੁਤਾਬਿਕ ਨਿਯੁਕਤੀ ਕੀਤੀ ਗਈ ਹੈ।ਮੁੱਖ ਚੋਣ ਕਮਿਸ਼ਨਰ ਲੋਕਾਂ ਤੋਂ ਵੋਟ ਪਾਉਣ ਦਾ ਮੌਲਿਕ ਅਧਿਕਾਰ ਖੋ ਰਿਹਾ ਹੈ, ਤਾਂ ਜੋਂ ਬੀ ਜੇ ਪੀ ਸਾਰੇ ਸੂਬਿਆਂ ਵਿੱਚ ਆਪਣੀਆਂ ਸਰਕਾਰਾਂ ਬਣਾ ਸਕੇ।ਅੱਜ ਭਾਰਤ ਦਾ ਲੋਕਤੰਤਰ ਖਤਰੇ ਵਿੱਚ ਹੈ।ਤਾਨਾਸ਼ਾਹੀ ਹਕੂਮਤ ਵੱਲੋਂ ਸੱਚ ਬੋਲਣ ਵਾਲਿਆਂ ਨੂੰ ਜੇਲ੍ਹਾਂ ਵਿੱਚ ਭੇਜਿਆ ਜਾ ਰਿਹਾ ਹੈ।ਪਹਿਲਾਂ ਭਾਰਤ ਦੀ ਗੁੱਟ ਨਿਰਲੇਪ ਵਿਦੇਸ਼ ਨੀਤੀ ਸੀ।ਸਾਲ 2014 ਤੋਂ ਮੋਦੀ ਸਰਕਾਰ ਨੇ ਭਾਰਤ ਦੀ ਵਿਦੇਸ਼ ਨੀਤੀ ਸਾਮਰਾਜੀ ਅਮਰੀਕਾ ਦੇ ਅਧੀਨ ਕਰ ਦਿੱਤੀ ਹੈ।ਉਨ੍ਹਾਂ ਭਾਰਤ ਦੇ ਮੁੱਖ ਚੋਣ ਕਮਿਸ਼ਨਰ ਦਾ ਪੁਤਲਾ ਫੂਕ ਕੇ ਮੰਗ ਕੀਤੀ ਕਿ ਐੱਸ ਆਈ ਆਰ ਨੂੰ ਸ਼ੁਰੂ ਤੋਂ ਰੱਦ ਕੀਤਾ ਜਾਵੇ, ਜਿਨ੍ਹਾਂ ਸੂਬਿਆਂ ਵਿੱਚ ਐੱਸ ਆਈ ਆਰ ਤੋਂ ਪਿੱਛੋਂ ਵੋਟਾਂ ਪਈਆਂ ਹਨ, ਉਹ ਸਰਕਾਰਾਂ ਭੰਗ ਕਰਕੇ ਦੁਬਾਰਾ ਚੋਣਾਂ ਕਰਵਾਈਆਂ ਜਾਣ। ਮੁੱਖ ਚੋਣ ਕਮਿਸ਼ਨਰ ਨੂੰ ਤੁਰੰਤ ਹਟਾਇਆ ਜਾਵੇ ਤੇ ਉਸ ਦੇ ਖਿਲਾਫ ਸਖਤ ਕਾਰਵਾਈ ਕਰਕੇ ਜੇਲ੍ਹ ਭੇਜਿਆ ਜਾਵੇ।ਅੱਜ ਦੇ ਅਰਥੀ ਫੂਕ ਪ੍ਰਦਰਸ਼ਨ ਵਿੱਚ ਸੀ ਪੀ ਆਈ ਸਹਾਇਕ ਸਕੱਤਰ ਮਹੁੰਮਦ ਖਲੀਲ, ਸੀ ਪੀ ਆਈ ਦੇ ਤਹਿਸੀਲ ਅਮਰਗੜ੍ਹ ਦੇ ਸਕੱਤਰ ਕਾ ਸੁਰਿੰਦਰ ਕੁਮਾਰ ਭੈਣੀ ਕਲਾਂ, ਜ਼ਿਲ੍ਹਾ ਕੌਂਸਲ ਮੈਂਬਰ ਜੀਤ ਸਿੰਘ ਬਿੰਝੋਕੀ ਕਲਾਂ, ਨਰਿੰਦਰ ਕੁਮਾਰ, ਚਮਕੌਰ ਸਿੰਘ ਮੁਹਾਲਾ, ਬਲਜੀਤ ਸਿੰਘ ਖੁਰਦ, ਸਰਬਜੀਤ ਸਿੰਘ ਰਾਟੋਲਾ, ਕਰਤਾਰ ਸਿੰਘ ਮਹੋਲੀ, ਅਮਰਜੀਤ ਸਿੰਘ, ਮਹੁੰਮਦ ਸਫੀ, ਮਹੁੰਮਦ ਅਸਲਮ ਆਦਿ ਆਗੂ ਹਾਜ਼ਰ ਸਨ।

# ਭਗਵੰਤ ਮਾਨ ਸਰਕਾਰ ਵੱਲੋਂ ਮੰਡੀਆਂ 'ਚ ਕੀਤੇ ਪ੍ਰਬੰਧਾਂ ਤੋਂ ਕਿਸਾਨ ਖੁਸ਼ : ਕਟਾਰੂ ਚੱਕ

## ਖੁਰਾਕ ਸਪਲਾਈ ਮੰਤਰੀ ਵੱਲੋਂ ਪਟਿਆਲਾ ਦੀ ਮੰਡੀ 'ਚ ਝੋਨੇ ਦੀ ਖਰੀਦ ਦਾ ਜਾਇਜ਼ਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬ ਦੇ ਖੁਰਾਕ, ਸਿਵਲ ਸਪਲਾਈਜ਼ ਤੇ ਖਪਤਕਾਰ ਸੁਰੱਖਿਆ ਮਾਮਲਿਆਂ ਦੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਹੈ ਕਿ ਪੰਜਾਬ ਦੀਆਂ ਮੰਡੀਆਂ 'ਚ ਝੋਨੇ ਦੀ ਫਸਲ ਵੇਚਣ ਲਈ ਪੁੱਜੇ ਕਿਸਾਨ ਖੁਸ਼ ਹੋ ਕੇ ਵਾਪਸ ਜਾ ਰਹੇ ਹਨ।ਅੱਜ ਪਟਿਆਲਾ ਦੀ ਸਰਹਿੰਦ ਰੋਡ 'ਤੇ ਸਥਿਤ ਅਨਾਜ ਮੰਡੀ ਵਿਖੇ ਝੋਨੇ ਦੀ ਖਰੀਦ ਦਾ ਜਾਇਜ਼ਾ ਲੈਂਦਿਆਂ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਮੰਡੀਆਂ 'ਚ ਝੋਨੇ ਦੀ ਖਰੀਦ ਲਈ ਪੁਖ਼ਤਾ ਇੰਤਜਾਮ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਪਿਛਲੇ ਸਾਢੇ ਚਾਰ ਸਾਲਾਂ 'ਚ 9 ਸੀਜ਼ਨ ਬਹੁਤ ਵਧੀਆ ਲੰਘੇ ਹਨ ਅਤੇ ਇਹ 10ਵਾਂ ਖਰੀਦ ਸੀਜ਼ਨ ਵੀ ਸੁਚਾਰੂ, ਨਿਰਵਿਘਨ ਤੇ ਸਫ਼ਲਤਾਪੂਰਵਕ ਨੇਪਰੇ ਚਾੜ੍ਹਿਆ ਜਾਵੇਗਾ।ਇਸ ਮੌਕੇ ਮੀਡੀਆ ਨਾਲ ਗ਼ੈਰ-ਰਸਮੀ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਉਨ੍ਹਾਂ ਦੱਸਿਆ ਕਿ ਕੇਂਦਰੀ 42786.68 ਕਰੋੜ ਰੁਪਏ ਦੀ ਨਗ਼ਦ ਕਰਜ਼ਾ ਹੱਦ (ਸੀਸੀਐੱਲ), ਬਾਰਦਾਨੇ ਦੇ ਲੋੜੀਂਦੇ ਪ੍ਰਬੰਧ ਹਨ ਤੇ ਉਹ ਖ਼ੁਦ ਮੰਡੀਆਂ 'ਚ ਜਾ ਰਹੇ ਹਨ ਅਤੇ ਨਾਲ ਹੀ ਅਧਿਕਾਰੀ ਵੀ ਪ੍ਰਬੰਧਾਂ ਦਾ ਜਾਇਜ਼ਾ ਲਗਾਤਾਰ ਲੈ ਰਹੇ ਹਨ।ਉਨ੍ਹਾਂ ਦੱਸਿਆ ਕਿ ਹੁਣ ਤੱਕ 6.23 ਲੱਖ ਮੀਟ੍ਰਿਕ ਟਨ ਝੋਨਾ ਮੰਡੀਆਂ 'ਚ ਪੁੱਜਾ ਹੈ ਤੇ ਇਸ 'ਚੋਂ 5.70 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ ਤੇ ਖਰੀਦੀ ਫ਼ਸਲ ਦੀ ਕੀਮਤ ਐੱਮ.ਐੱਸ.ਪੀ. ਮੁਤਾਬਕ 781 ਕਰੋੜ ਰੁਪਏ ਕਿਸਾਨਾਂ ਦੇ ਖਾਤਿਆਂ 'ਚ ਪਾਈ ਜਾ ਚੁੱਕੀ ਹੈ।ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ ਸੂਬਾ ਕੇਂਦਰੀ ਪੂਲ ਲਈ ਝੋਨੇ ਦੀ ਖਰੀਦ ਲਈ 180 ਲੱਖ ਮੀਟ੍ਰਿਕ ਟਨ ਦੇ ਮਿਲੇ ਟੀਚੇ ਨੂੰ ਪੂਰਾ ਕਰਨ ਵੱਲ ਵਧ ਰਿਹਾ ਹੈ।ਉਨ੍ਹਾਂ ਕਿਹਾ ਕਿ ਸਾਰੀਆਂ ਨੋਟੀਫਾਈ 1887 ਮੰਡੀਆਂ 'ਚ ਕਿਸਾਨਾਂ ਦੀ ਖਰੀਦੀ ਜਿਣਸ ਦਾ ਤੁਰੰਤ ਤੇ ਨਿਰਵਿਘਨ ਭੁਗਤਾਨ ਯਕੀਨੀ ਬਣਾਇਆ ਜਾ ਰਿਹਾ ਹੈ ਅਤੇ ਸਰਕਾਰ ਦੇ ਪ੍ਰਬੰਧਾਂ ਸਦਕਾ ਕਿਸਾਨਾਂ ਦੀ ਦੁਸ਼ਹਿਰਾ ਤੇ ਦਿਵਾਲੀ ਦੇ ਤਿਉਹਾਰ ਮੰਡੀਆਂ 'ਚ ਮਨਾਉਣ ਦੀ ਪੁਰਾਣੀ ਮਿੱਥ ਵੀ ਤੋੜੀ ਗਈ ਹੈ।

ਲਾਲ ਚੰਦ ਕਟਾਰੂਚੱਕ ਨੇ ਇਸ ਮੌਕੇ ਕਿਸਾਨਾਂ ਤੇ ਆੜ੍ਹਤੀਆਂ ਨਾਲ ਗੱਲਬਾਤ ਕਰਦਿਆਂ ਦੁਹਰਾਇਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਕਿਸਾਨਾਂ ਦੀ ਖ਼ੂਨ-ਪਸੀਨੇ ਨਾਲ ਉਗਾਈ ਫਸਲ ਦੇ ਇੱਕ-ਇੱਕ ਦਾਣੇ ਨੂੰ ਖ਼ਰੀਦਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਕਿਸਾਨਾਂ ਦੇ ਨਾਲ-ਨਾਲ ਆੜ੍ਹਤੀਆਂ ਤੇ ਮਜ਼ਦੂਰਾਂ ਦੇ ਹਿੱਤਾਂ ਦੀ ਵੀ ਰਾਖੀ ਕੀਤੀ ਜਾ ਰਹੀ ਹੈ।ਉਨ੍ਹਾਂ ਨਾਲ ਹੀ ਇਹ ਵੀ ਕਿਹਾ ਕਿ ਬਾਹਰਲੇ ਸੂਬਿਆਂ ਤੋਂ ਝੋਨੇ ਦੀ ਆਮਦ ਰੋਕਣ ਲਈ ਵੀ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ।ਇਸ ਮੌਕੇ ਏ.ਡੀ.ਸੀ. (ਦਿਹਾਤੀ ਵਿਕਾਸ) ਦਮਨਜੀਤ ਸਿੰਘ ਮਾਨ, ਮਾਰਕੀਟ ਕਮੇਟੀ ਦੇ ਚੇਅਰਮੈਨ ਅਸ਼ੋਕ ਸਿਰਸਵਾਲ, ਫੂਡ ਸਪਲਾਈ ਵਿਭਾਗ ਦੇ ਡਿਪਟੀ ਡਾਇਰੈਕਟਰ ਨਵਰੀਤ ਕੌਰ, ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈਜ਼ ਕੰਟਰੋਲਰ ਰਵਿੰਦਰ ਕੌਰ, ਜ਼ਿਲ੍ਹਾ ਮੰਡੀ ਅਫ਼ਸਰ ਅਸਲਮ ਮੁਹੰਮਦ, ਮਾਰਕੀਟ ਕਮੇਟੀ ਸਕੱਤਰ ਜੌਨੀ ਗਰਗ, ਖਰੀਦ ਏਜੰਸੀਆਂ ਦੇ ਡੀ.ਐਮਜ, ਆੜਤੀਆ ਐਸੋਸੀਏਸ਼ਨ ਨਵੀਂ ਅਨਾਜ ਮੰਡੀ ਦੇ ਪ੍ਰਧਾਨ ਇੰਜ. ਸਤਵਿੰਦਰ ਸਿੰਘ ਸੈਣੀ, ਨਰੇਸ਼ ਮਿੱਤਲ ਭੋਲਾ, ਰਤਨ ਗੋਇਲ ਤੇ ਫ਼ਸਲ ਵੇਚਣ ਆਏ ਕਿਸਾਨ ਵੀ ਮੌਜੂਦ ਸਨ।

## ਕਾਤਰਾਂ

### ਕਾਂਗੜ ਵੱਲੋਂ ਕਾਂਗਰਸ ਪ੍ਰਧਾਨ ਪਰਗਟ ਸਿੰਘ ਨਾਲ ਮੁਲਾਕਾਤ



**ਬਠਿੰਡਾ (ਰਾਜੀਵ ਗੋਇਲ)**-ਸੀਨੀਅਰ ਕਾਂਗਰਸੀ ਨੇਤਾ ਤੇ ਸਾਬਕਾ ਵਜ਼ੀਰ ਗੁਰਪ੍ਰੀਤ ਸਿੰਘ ਕਾਂਗੜ ਵੱਲੋਂ ਪੰਜਾਬ ਕਾਂਗਰਸ ਦੇ ਨਵ-ਨਿਯੁਕਤ ਪ੍ਰਧਾਨ ਪਰਗਟ ਸਿੰਘ ਨਾਲ ਮੁਲਾਕਾਤ ਕੀਤੀ ਗਈ। ਦੋਹਾਂ ਆਗੂਆਂ ਵਿਚਕਾਰ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਚਰਚਾ ਹੋਈ, ਉੱਥੇ ਹੀ ਰਾਮਪੁਰਾ ਫੂਲ ਦੇ ਵਿਕਾਸ ਨੂੰ ਲੈ ਕੇ ਵੀ ਗੱਲਬਾਤ ਕੀਤੀ ਗਈ। ਕਾਂਗੜ ਵੱਲੋਂ ਪਰਗਟ ਸਿੰਘ ਨੂੰ ਨਵੀਂ ਜ਼ਿੰਮੇਵਾਰੀ ਦੀਆਂ ਵਧਾਈਆਂ ਤਾਂ ਦਿੱਤੀਆਂ ਹੀ ਗਈਆਂ। ਨਾਲ ਹੀ ਉਨ੍ਹਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ 2027 ਦੀਆਂ ਚੋਣਾਂ ਸਰ ਕਰਨ ਦਾ ਵਾਅਦਾ ਵੀ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਹਰਮਨਵੀਰ ਕਾਂਗੜ ਵੀ ਮੌਜੂਦ ਸਨ।

### ਦਵਿੰਦਰ ਤਖਤੂਪੁਰਾ ਨੂੰ ਡਾਇਰੈਕਟਰ ਬਣਨ 'ਤੇ ਵਿਧਾਇਕ ਨੇ ਦਿੱਤੀ ਵਧਾਈ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਦਵਿੰਦਰ ਸਿੰਘ ਤਖਤੂਪੁਰਾ ਨੂੰ ਡੇਅਰੀ ਡਾਇਰੈਕਟਰ ਬਣਾਏ ਜਾਣ 'ਤੇ ਹਲਕਾ ਨਿਹਾਲ ਸਿੰਘ ਵਾਲਾ ਦੇ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ, ਬਲਾਕ ਪ੍ਰਧਾਨ ਜਸਵਿੰਦਰ ਕੁਮਾਰ ਟੀਨੂੰ, ਰਜਿੰਦਰ ਸਿੰਘ ਕਾਕਾ ਤੇ ਜਗਸੀਰ ਸਿੰਘ ਨਿਹਾਲ ਸਿੰਘ ਵਾਲਾ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਨੂੰ ਵਧਾਈ ਦਿੱਤੀ।ਇਸ ਮੌਕੇ ਆਗੂਆਂ ਨੇ ਕਿਹਾ ਕਿ ਦਵਿੰਦਰ ਸਿੰਘ ਤਖਤੂਪੁਰਾ ਨੂੰ ਮਿਲੀ ਇਹ ਜ਼ਿੰਮੇਵਾਰੀ ਇਲਾਕੇ ਲਈ ਮਾਣ ਵਾਲੀ ਗੱਲ ਹੈ।ਉਨ੍ਹਾਂ ਕਿਹਾ ਕਿ ਦਵਿੰਦਰ ਸਿੰਘ ਤਖਤੂਪੁਰਾ ਆਪਣੀ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਂਦੇ ਹੋਏ ਡੇਅਰੀ ਖੇਤਰ ਨਾਲ ਜੁੜੇ ਲੋਕਾਂ ਦੀਆਂ ਮੁਸ਼ਕਲਾਂ ਨੂੰ ਸਰਕਾਰ ਤੱਕ ਪਹੁੰਚਾਉਣ ਤੇ ਉਨ੍ਹਾਂ ਦੇ ਹਿੱਤਾਂ ਲਈ ਕੰਮ ਕਰਨਗੇ।ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ ਡੇਅਰੀ ਕਾਰੋਬਾਰ ਨੂੰ ਹੋਰ ਉਤਸ਼ਾਹਤ ਕਰਨ ਤੇ ਪਸ਼ੂ ਪਾਲਕਾਂ ਨੂੰ ਸਰਕਾਰੀ ਸਕੀਮਾਂ ਦਾ ਲਾਭ ਦਿਵਾਉਣ ਲਈ ਸਾਰਥਕ ਉਪਰਾਲੇ ਕੀਤੇ ਜਾਣ ਦੀ ਲੋੜ ਹੈ। ਉਨ੍ਹਾਂ ਦਵਿੰਦਰ ਸਿੰਘ ਤਖਤੂਪੁਰਾ ਨੂੰ ਨਵੀਂ ਜ਼ਿੰਮੇਵਾਰੀ ਲਈ ਸ਼ੁੱਭ-ਕਾਮਨਾਵਾਂ ਦਿੰਦਿਆਂ ਉਨ੍ਹਾਂ ਦੇ ਸਫਲ ਕਾਰਜਕਾਲ ਦੀ ਕਾਮਨਾ ਕੀਤੀ।

### ਮੁਫ਼ਤ ਮੈਡੀਕਲ ਕੈਂਪ 9 ਨੂੰ

**ਜਗਰਾਉਂ (ਸੰਜੀਵ ਅਰੋੜਾ)**-ਗੁਰਦੁਆਰਾ ਸਾਹਿਬ ਦਸਮੇਸ਼ ਨਗਰ ਜਗਰਾਉਂ ਦੀ ਪ੍ਰਬੰਧਕ ਕਮੇਟੀ ਵੱਲੋਂ ਸੰਗਤ ਦੇ ਸਹਿਯੋਗ ਨਾਲ 9 ਅਕਤੂਬਰ ਨੂੰ ਸਵੇਰੇ 9 ਵਜੇ ਗੁਰਦੁਆਰਾ ਸਾਹਿਬ ਵਿਖੇ ਮੁਫ਼ਤ ਮੈਡੀਕਲ ਕੈਂਪ ਲਗਾਇਆ ਜਾ ਰਿਹਾ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਰਮਿੰਦਰਜੀਤ ਸਿੰਘ ਗਿੱਲ ਨੇ ਦੱਸਿਆ ਕਿ ਕੈਂਪ ਦੌਰਾਨ ਸ਼ਹੀਦ ਕਰਤਾਰ ਸਿੰਘ ਸਰਾਭਾ ਹਸਪਤਾਲ, ਪਿੰਡ ਸਰਾਭਾ ਦੇ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਮਰੀਜ਼ਾਂ ਦਾ ਮੁਫ਼ਤ ਚੈੱਕਅਪ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ ਦੰਦਾਂ ਤੇ ਜਾੜ੍ਹਾਂ ਨਾਲ ਸਬੰਧਤ ਇਲਾਜ ਦੀਆਂ ਸਹੂਲਤਾਂ ਵੀ ਦਿੱਤੀਆਂ ਜਾਣਗੀਆਂ। ਲੋੜਵੰਦ ਮਰੀਜ਼ਾਂ ਦੇ ਦੰਦ ਜਾਂ ਜਾੜ ਮੌਕੇ 'ਤੇ ਮੁਫ਼ਤ ਕੱਢੇ ਜਾਣਗੇ, ਦੰਦਾਂ ਤੇ ਜਾੜ੍ਹਾਂ ਦੀ ਸਫ਼ਾਈ ਮੁਫ਼ਤ ਕੀਤੀ ਜਾਵੇਗੀ ਤੇ ਨਵੇਂ ਜਾੜ੍ਹੇ ਸਿਰਫ਼ 1000 ਰੁਪਏ ਵਿੱਚ ਲਗਾਏ ਜਾਣਗੇ। ਇਸ ਤੋਂ ਇਲਾਵਾ ਲੋੜ ਅਨੁਸਾਰ ਮੁਫ਼ਤ ਦਵਾਈਆਂ ਵੀ ਮੁਹੱਈਆ ਕਰਵਾਈਆਂ ਜਾਣਗੀਆਂ।ਕਮੇਟੀ ਵੱਲੋਂ ਸੰਗਤਾਂ ਨੂੰ ਅਪੀਲ ਕੀਤੀ ਗਈ ਕਿ ਉਹ ਇਸ ਸਿਹਤ ਕੈਂਪ ਦਾ ਵੱਧ ਤੋਂ ਵੱਧ ਲਾਭ ਲੈਣ।

# ਮੁੱਖ ਚੋਣ ਕਮਿਸ਼ਨਰ ਦੇ ਅੱਜ ਤੇ ਕੱਲ੍ਹ ਸਾੜੇ ਜਾਣਗੇ ਪੁਤਲੇ : ਕੁੱਲ ਹਿੰਦ ਕਿਸਾਨ ਮਹਾਂ ਸਭਾ

**ਮਾਨਸਾ (ਆਤਮਾ ਸਿੰਘ ਪਮਾਰ)**-ਪੰਜ ਰਾਜਾਂ ਦੀਆਂ ਚੋਣਾਂ ਤੋਂ ਪਹਿਲਾਂ ਐੱਸ.ਆਈ.ਆਰ. ਪ੍ਰਕਿਰਿਆ ਨੂੰ ਤੁਰੰਤ ਰੱਦ ਕਰਨ ਤੇ ਵੋਟ-ਚੋਣ ਚੋਰੀ ਦੇ ਦੋਸ਼ ਹੇਠ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਬਰਖ਼ਾਸਤ ਕਰਨ ਤੇ ਗ੍ਰਿਫ਼ਤਾਰੀ ਦੀ ਮੰਗ ਨੂੰ ਲੈ ਕੇ ਆਲ ਇੰਡੀਆ ਕਿਸਾਨ ਮਹਾਂਸਭਾ ਵੱਲੋਂ ਦੇਸ਼ ਵਿਆਪੀ ਸੰਘਰਸ਼ ਦਾ ਐਲਾਨ ਕੀਤਾ ਹੈ।ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਸਾਨ ਮਹਾਂਸਭਾ ਦੇ ਕੇਂਦਰੀ ਆਗੂ ਗੁਰਜੰਟ ਸਿੰਘ ਮਾਨਸਾ, ਜਸਵੀਰ ਕੌਰ ਨੱਤ, ਗੋਰਾ ਸਿੰਘ ਭੈਣੀ ਬਾਘਾ, ਗੁਰਨਾਮ ਸਿੰਘ ਭੀਖੀ ਤੇ ਨਰਿੰਦਰ ਕੌਰ ਬੁਰਜ ਹਮੀਰਾ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਇਸੇ ਸੰਘਰਸ਼ ਤਹਿਤ 7 ਤੇ 8 ਅਕਤੂਬਰ ਨੂੰ ਬਲਾਕ, ਤਹਿਸੀਲ ਤੇ ਜ਼ਿਲ੍ਹਾ ਪੱਧਰ 'ਤੇ ਵਿਰੋਧ ਪ੍ਰਦਰਸ਼ਨ ਕਰਦਿਆਂ ਮੁੱਖ ਚੋਣ ਕਮਿਸ਼ਨਰ ਦੇ ਪੁਤਲੇ ਸਾੜੇ ਜਾਣਗੇ। ?ਕਿਸਾਨ ਆਗੂਆਂ ਨੇ ਦੋਸ਼ ਲਗਾਇਆ ਕਿ ਮੋਦੀ ਸਰਕਾਰ ਵੱਲੋਂ ਸੱਤਾ 'ਚ ਆਉਣ ਤੋਂ ਬਾਅਦ ਕਾਰਪੋਰੇਟ ਘਰਾਣਿਆਂ ਨੂੰ ਲਾਭ ਪਹੁੰਚਾਉਣ ਲਈ ਖੇਤੀ ਖੇਤਰ ਨੂੰ ਤਬਾਹ ਕਰਕੇ ਰੱਖ ਦਿੱਤਾ, ਹੁਣ ਐੱਸ.ਆਈ.ਆਰ. ਪ੍ਰਕਿਰਿਆ ਦੀ ਆੜ 'ਚ ਕਰੋੜਾਂ ਨਾਗਰਿਕਾਂ ਦੇ ਸੰਵਿਧਾਨਕ ਵੋਟ ਦੇ ਅਧਿਕਾਰ 'ਤੇ ਵੱਡਾ ਹਮਲਾ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਦੇਸ਼ ਭਰ 'ਚ ਇਸ ਪ੍ਰਕਿਰਿਆ ਤਹਿਤ ਜਿਨ੍ਹਾਂ ਲੋਕਾਂ ਦੇ ਨਾਂਅ ਕੱਟੇ ਗਏ ਹਨ, ਉਨ੍ਹਾਂ 'ਚ 90 ਪ੍ਰਤੀਸ਼ਤ ਤੋਂ ਵੱਧ ਗ਼ਰੀਬ ਕਿਸਾਨ ਤੇ ਮਜ਼ਦੂਰ ਸ਼ਾਮਲ ਹਨ। ਆਗੂਆਂ ਨੇ ਸਮੂਹ ਦੇਸ਼ ਤੇ ਇਲਾਕੇ ਦੇ ਕਿਸਾਨਾਂ-ਮਜ਼ਦੂਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੀ ਖੇਤੀ, ਜ਼ਮੀਨ ਤੇ ਵੋਟ ਦੇ ਅਧਿਕਾਰ ਦੀ ਰੱਖਿਆ ਲਈ 7-8 ਅਕਤੂਬਰ ਨੂੰ ਹੋਣ ਵਾਲੇ ਰੋਸ ਪ੍ਰਦਰਸ਼ਨਾਂ 'ਚ ਵੱਡੀ ਗਿਣਤੀ ਸ਼ਮੂਲੀਅਤ ਕਰਨ।

## ਰਾਮਪੁਰ 'ਚ ਰੁਪਾਲੋਂ ਦੀ ਅਗਵਾਈ ਹੇਠ ਭਰਵੀਂ ਮੀਟਿੰਗ

**ਦੋਰਾਹਾ (ਹਰਮਿੰਦਰ ਸੇਠ)**-ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਪਿੰਡ ਰਾਮਪੁਰ ਵਿਖੇ ਹਲਕਾ ਪਾਇਲ ਇੰਚਾਰਜ ਤੇ ਮੁੱਖ ਬੁਲਾਰੇ ਸੰਦੀਪ ਸਿੰਘ ਰੁਪਾਲੋਂ ਦੀ ਅਗਵਾਈ ਹੇਠ ਮੀਟਿੰਗ ਕੀਤੀ ਗਈ।ਕਈ ਪਰਵਾਰਾਂ ਨੇ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ।ਰੁਪਾਲੋਂ ਨੇ ਕਿਹਾ ਕਿ ਪਾਰਟੀ ਨੂੰ ਪਿੰਡਾਂ 'ਚ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਉਨ੍ਹਾਂ ਪੰਜਾਬ ਸਰਕਾਰ 'ਤੇ ਪੁਲਸ ਰਾਹੀਂ ਵਰਕਰਾਂ 'ਤੇ ਦਬਾਅ ਬਣਾਉਣ ਦੇ ਦੋਸ਼ ਲਾਉਂਦਿਆਂ ਕਿਹਾ ਕਿ ਉਹ ਕਿਸੇ ਵੀ ਦਬਾਅ ਅੱਗੇ ਨਹੀਂ ਝੁਕਣਗੇ।ਉਨ੍ਹਾਂ ਦਾਅਵਾ ਕੀਤਾ ਕਿ 2027 ਵਿੱਚ ਭਾਈ ਅੰਮ੍ਰਿਤਪਾਲ ਸਿੰਘ ਦੀ ਅਗਵਾਈ ਹੇਠ ਪੰਜਾਬ ਵਿੱਚ ਸਰਕਾਰ ਬਣੇਗੀ।

# ਮਨੁੱਖਤਾ ਲਈ ਪ੍ਰੇਰਨਾ ਸਰੋਤ ਹੈ ਗੁਰੂ ਰਵਿਦਾਸ ਜੀ ਦੀ ਬਾਣੀ : ਸੁਵਰਨ ਸਿੰਘ ਵਿਰਕ

*ਸਰਕਾਰੀ ਕਾਲਜ 'ਚ ਰਾਸ਼ਟਰੀ ਸੈਮੀਨਾਰ 9 ਤੇ 10 ਨੂੰ*



**ਸਿਰਸਾ (ਸੁਰਿੰਦਰਪਾਲ ਸਿੰਘ)**-ਸਰਕਾਰੀ ਕਾਲਜ ਕਾਲਾਂਵਾਲੀ (ਸਿਰਸਾ) ਵਿਖੇ ਸਤਿਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ 9 ਤੇ 10 ਅਕਤੂਬਰ ਦੇ (ਦੋ ਰੋਜ਼ਾ) ਰਾਸ਼ਟਰੀ ਸੈਮੀਨਾਰ "ਰੂ ਰਵਿਦਾਸ ਬਾਣੀ : ਅਤੀਤ ਤੇ ਵਰਤਮਾਨ' ਦੀਆਂ ਤਿਆਰੀਆਂ ਸਬੰਧੀ ਜਾਣਕਾਰੀ ਲੈ ਰਹੇ ਪ੍ਰਮੁੱਖ ਬੁਧੀਜੀਵੀ ਕਾ. ਸੁਵਰਨ ਸਿੰਘ ਵਿਰਕ ਦਾ ਕਹਿਣਾ ਸੀ ਕਿ ਗੁਰੂ ਰਵਿਦਾਸ ਜੀ ਦੀ ਬਾਣੀ ਸਮੁੱਚੀ ਮਾਨਵਤਾ ਲਈ ਪ੍ਰੇਰਨਾ ਸਰੋਤ ਹੈ। ਉਨ੍ਹਾਂ ਕਿਹਾ ਕਿ ਇਹ ਰਾਸ਼ਟਰੀ ਸੈਮੀਨਾਰ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ, ਸਰਕਾਰੀ ਕਾਲਜ ਕਾਲਾਂਵਾਲੀ, ਚੌਧਰੀ ਦੇਵੀ ਲਾਲ ਯੂਨੀਵਰਸਿਟੀ ਸਿਰਸਾ ਤੇ ਪੰਜਾਬੀ ਸਾਹਿਤ ਸਭਾ ਕਾਲਾਂਵਾਲੀ ਦੇ ਸਹਿਯੋਗ ਨਾਲ ਕਰਾਇਆ ਜਾ ਰਿਹਾ ਹੈ। ਸੈਮੀਨਾਰ ਵਿੱਚ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਵਿਦਵਾਨ, ਅਧਿਆਪਕ ਤੇ ਖੋਜਾਰਥੀ ਗੁਰੂ ਰਵਿਦਾਸ ਜੀ ਦੀ ਬਾਣੀ ਦੇ ਸਮਾਜਿਕ, ਦਾਰਸ਼ਨਿਕ, ਸਾਹਿਤਕ, ਭਾਸ਼ਾਈ, ਸੰਗੀਤਕ ਤੇ ਸਮਕਾਲੀ ਪੱਖਾਂ ਬਾਰੇ ਆਪਣੇ ਖੋਜ ਪੱਤਰ ਪੇਸ਼ ਕਰਨਗੇ। ਸੈਮੀਨਾਰ ਕੋਆਰਡੀਨੇਟਰ ਪ੍ਰਿੰਸੀਪਲ ਦਿਲਰਾਜ ਸਿੰਘ ਨੇ ਕਿਹਾ ਕਿ ਇਹ ਰਾਸ਼ਟਰੀ ਸੈਮੀਨਾਰ ਗੁਰੂ ਰਵਿਦਾਸ ਜੀ ਦੀ ਬਾਣੀ ਦੇ ਵੱਖ-ਵੱਖ ਪੱਖਾਂ ਉੱਤੇ ਗੰਭੀਰ ਅਕਾਦਮਿਕ ਵਿਚਾਰ-ਵਟਾਂਦਰੇ ਲਈ ਇੱਕ ਮਹੱਤਵਪੂਰਨ ਮੰਚ ਸਾਬਤ ਹੋਵੇਗਾ। ਸੈਮੀਨਾਰ ਕਨਵੀਨਰ ਪ੍ਰੋ.ਜਸਪਾਲ ਸਿੰਘ ਅਤੇ ਸਹਿ-ਕਨਵੀਨਰ ਪ੍ਰੋ. ਅਮਨਦੀਪ ਕੌਰ ਨੇ ਦੱਸਿਆ ਕਿ ਇਸ ਸੈਮੀਨਾਰ ਵਿੱਚ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਵਿਦਵਾਨ ਸ਼ਮੂਲੀਅਤ ਕਾਲਾਂਵਾਲੀ ਖੇਤਰ ਦਾ ਮਾਣ ਵਧਾਏਗੀ।

# ਪੰਜਾਬ ਦੀਆਂ ਕਈ ਪ੍ਰਾਈਵੇਟ ਤੇ ਸਰਕਾਰੀ ਗਊਸ਼ਾਲਾਵਾਂ ਦੇ 111 ਕਰੋੜ ਦੇ ਬਿਜਲੀ ਬਿੱਲ ਮਾਫ਼ : ਕੀਮਤੀ ਭਗਤ

## ਗਊਸ਼ਾਲਾਵਾਂ ਨੂੰ ਵੰਡੇ ਰਜਿਸਟ੍ਰੇਸ਼ਨ ਸਰਟੀਫਿਕੇਟ



**ਲੰਬੀ/ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**

ਪੰਜਾਬ ਗਊਸ਼ਾਲਾ ਸੇਵਾ ਕਮਿਸ਼ਨ ਦੇ ਉੱਪ ਚੇਅਰਮੈਨ ਸ੍ਰੀ ਕੀਮਤੀ ਭਗਤ ਨੇ ਵਿਧਾਨ ਸਭਾ ਹਲਕੇ ਲੰਬੀ ਦੇ ਪਿੰਡ ਬਾਦਲ ਦੇ ਰੈਸਟ ਹਾਊਸ ਵਿਖੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀਆਂ ਗਊਸ਼ਾਲਾਵਾਂ ਦੇ ਨੁਮਾਇੰਦਿਆਂ ਨਾਲ ਕੀਤੀ ਗਈ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੀਤਾ।ਉੱਪ ਚੇਅਰਮੈਨ ਕੀਮਤੀ ਭਗਤ ਨੇ ਦੱਸਿਆ ਕਿ ਗਊ ਸੇਵਾ ਕਮਿਸ਼ਨ ਵੱਲੋਂ ਗਊਧਨ ਦੀ ਭਲਾਈ ਲਈ ਲਗਾਤਾਰ ਮੀਟਿੰਗਾਂ ਦਾ ਦੌਰ ਜਾਰੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ 518 ਪ੍ਰਾਈਵੇਟ ਗਊਸ਼ਾਲਾਵਾਂ ਤੇ 20 ਸਰਕਾਰੀ ਗਊਸ਼ਾਲਾਵਾਂ ਦੇ ਬਿਜਲੀ ਬਿੱਲ ਮੁਆਫ਼ ਕਰ ਕੇ 111 ਕਰੋੜ ਰੁਪਏ ਦੀ ਰਾਹਤ ਦਿੱਤੀ ਹੈ।ਇਸ ਮੌਕੇ ਜ਼ਿਲ੍ਹੇ ਨਾਲ ਸਬੰਧਤ ਗਊਸ਼ਾਲਾਵਾਂ ਦੇ ਨੁਮਾਇੰਦਿਆਂ ਨੂੰ ਰਜਿਸਟ੍ਰੇਸ਼ਨ ਸਰਟੀਫਿਕੇਟ ਵੀ ਵੰਡੇ ਗਏ।ਉਨ੍ਹਾਂ ਦੱਸਿਆ ਕਿ ਸਰਕਾਰ ਨੇ ਸੂਬੇ ਭਰ ਦੀਆਂ ਗਊਸ਼ਾਲਾਵਾਂ ਨੂੰ 'ਕਾਓ ਲਿਫਟਰ' (ਗਾਵਾਂ ਨੂੰ ਚੁੱਕਣ ਵਾਲੀਆਂ ਮਸ਼ੀਨਾਂ) ਵੀ ਮੁਹੱਈਆ ਕਰਵਾਏ ਹਨ, ਜਿਸ ਨਾਲ ਗਊਧਨ ਦੀ ਢੋਆ ਢੁਆਈ ਆਸਾਨ ਹੋ ਜਾਂਦੀ ਹੈ।ਸਰਕਾਰ ਵੱਲੋਂ 3 ਕਰੋੜ 6 ਲੱਖ ਰੁਪਏ ਦੀ ਲਾਗਤ ਨਾਲ 518 ਗਊਸ਼ਾਲਾਵਾਂ ਲਈ 'ਕਾਓ ਲਿਫਟਰ' ਖਰੀਦ ਕੇ ਮੁਹੱਈਆ ਕਰਵਾ ਦਿੱਤੇ ਗਏ ਹਨ ਤੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀਆਂ ਗਊਸ਼ਾਲਾਵਾਂ ਨੂੰ ਵੀ ਇਹ 'ਕਾਓ ਲਿਫਟਰ' ਮੁਹੱਈਆ ਕਰਵਾਏ ਜਾ ਚੁੱਕੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਨਸਾਨਾਂ ਦੇ ਨਾਲ-ਨਾਲ ਜਾਨਵਰਾਂ ਦੀ ਭਲਾਈ ਲਈ ਵੀ ਕੰਮ ਕੀਤਾ ਜਾ ਰਿਹਾ ਹੈ।ਗਊਸ਼ਾਲਾਵਾਂ ਨੂੰ ਮੁਫ਼ਤ ਬਿਜਲੀ ਦੇਣ ਤੋਂ ਇਲਾਵਾ ਹੁਣ ਸਰਕਾਰ ਵੱਲੋਂ ਗਊਧਨ ਨੂੰ ਡਾਕਟਰੀ ਸਹਾਇਤਾ ਤੇ ਦਵਾਈਆਂ ਦੇਣ ਲਈ ਵੀ ਕੰਮ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਜੋ ਗਊਧਨ ਸੜਕਾਂ 'ਤੇ ਐਕਸੀਡੈਂਟ ਨਾਲ ਫੱਟੜ ਹੋ ਜਾਂਦਾ ਹੈ, ਉਸ ਲਈ ਡਾਕਟਰਾਂ ਦੀਆਂ ਟੀਮਾਂ, ਨਗਰ ਕੌਂਸਲ ਦੀਆਂ ਟੀਮਾਂ ਬਣਾਈਆਂ ਜਾਣਗੀਆਂ ਤੇ ਰਿਕਵਰੀ ਵੈਨ ਲੈਣ ਸਬੰਧੀ ਹਦਾਇਤਾਂ ਜਾਰੀ ਕੀਤੀਆਂ ਜਾਣਗੀਆਂ।ਇਸ ਦੇ ਨਾਲ ਹੀ ਇੱਕ ਟੋਲ ਫ੍ਰੀ ਨੰਬਰ ਵੀ ਜਲਦ ਹੀ ਮੁਹੱਈਆ ਕਰਵਾਇਆ ਜਾਵੇਗਾ। ਉਨ੍ਹਾਂ ਜ਼ਿਲ੍ਹਾ ਵਾਸੀਆਂ ਤੇ ਖਾਸ ਤੌਰ 'ਤੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਬੇਸਹਾਰਾ ਪਸ਼ੂਆਂ ਨੂੰ ਇੱਕ ਪਿੰਡ ਤੋਂ ਦੂਜੇ ਪਿੰਡ ਜਾਂ ਸ਼ਹਿਰਾਂ ਵਿੱਚ ਛੱਡਣ ਦੀ ਬਜਾਏ ਸਰਕਾਰੀ ਤੇ ਪ੍ਰਾਈਵੇਟ ਗਊਸ਼ਾਲਾਵਾਂ ਵਿੱਚ ਹੀ ਛੱਡ ਕੇ ਜ਼ਿਲ੍ਹਾ ਪ੍ਰਸ਼ਾਸਨ ਦਾ ਸਹਿਯੋਗ ਕਰਨ ਤਾਂ ਜੋ ਆਮ ਲੋਕ ਸੜਕੀ ਹਾਦਸਿਆਂ ਤੋਂ ਬਚਣ ਤੇ ਕਿਸਾਨਾਂ ਦੀਆਂ ਫ਼ਸਲਾਂ ਦਾ ਨੁਕਸਾਨ ਨਾ ਹੋਵੇ।ਇਸ ਮੌਕੇ ਐੱਸ.ਡੀ.ਐੱਮ. ਮਲੋਟ ਪੰਕਜ ਕੁਮਾਰ, ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਸੁਖਜਿੰਦਰ ਸਿੰਘ ਕਾਉਣੀ, ਚੇਅਰਮੈਨ ਮਾਰਕੀਟ ਕਮੇਟੀ ਕਿੱਲਿਆਂਵਾਲੀ ਗੁਰਬਾਜ ਸਿੰਘ ਬਣਵਾਲਾ, ਡਿਪਟੀ ਡਾਇਰੈਕਟਰ ਪਸ਼ੂ ਪਾਲਣ ਡਾ. ਗੁਰਦਿੱਤ ਸਿੰਘ ਤੋਂ ਇਲਾਵਾ ਵੱਖ-ਵੱਖ ਗਊਸ਼ਾਲਾਵਾਂ ਦੇ ਨੁਮਾਇੰਦੇ ਆਦਿ ਹਾਜ਼ਰ ਸਨ।

# ਲੜਕੀ ਨੇ ਮੁੰਡਿਆਂ ਤੋਂ ਤੰਗ ਆ ਕੇ ਕੀਤੀ ਖੁਦਕੁਸ਼ੀ, ਕੇਸ ਦਰਜ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਫਰੀਦਕੋਟ ਵਿੱਚ ਇੱਕ 22 ਸਾਲਾ ਬੀ ਏ ਫਾਈਨਲ ਸਾਲ ਦੀ ਵਿਦਿਆਰਥਣ ਨੇ ਕਥਿਤ ਤੌਰ 'ਤੇ ਆਪਣੇ ਪਰਿਵਾਰ ਨੂੰ ਇਹ ਦੱਸਣ ਤੋਂ ਬਾਅਦ ਖੁਦਕੁਸ਼ੀ ਕਰ ਲਈ ਕਿ ਕੁਝ ਮੁੰਡੇ ਉਸ ਨੂੰ ਤੰਗ-ਪ੍ਰੇਸ਼ਾਨ ਕਰ ਰਹੇ ਹਨ।ਪੁਲਸ ਨੇ ਅਣਪਛਾਤੇ ਵਿਅਕਤੀਆਂ ਵਿਰੁੱਧ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।ਮ੍ਰਿਤਕਾ ਦੀ ਪਛਾਣ ਅਦਿੱਤੀ ਵਜੋਂ ਹੋਈ ਹੈ, ਜੋ ਸਰਕਾਰੀ ਬਰਜਿੰਦਰਾ ਕਾਲਜ ਵਿੱਚ ਬੀ ਏ ਦੇ ਅੰਤਿਮ ਸਾਲ ਦੀ ਵਿਦਿਆਰਥਣ ਸੀ।ਇਹ ਘਟਨਾ ਫਰੀਦਕੋਟ ਦੇ ਮੁਹੱਲਾ ਸੇਠੀਆਂ ਵਿੱਚ ਵਾਪਰੀ।ਅਦਿੱਤੀ ਦੇ ਪਿਤਾ ਅਨਿਲ ਜੈਨ ਵੱਲੋਂ ਪੁਲਸ ਨੂੰ ਦਿੱਤੇ ਬਿਆਨ ਅਨੁਸਾਰ, ਉਸ ਨੂੰ ਪਿਛਲੇ ਕੁਝ ਦਿਨਾਂ ਤੋਂ ਤੰਗ ਕੀਤਾ ਜਾ ਰਿਹਾ ਸੀ।ਉਨ੍ਹਾਂ ਕਿਹਾ ਕਿ ਅਦਿੱਤੀ ਨੇ ਪਰਵਾਰ ਨੂੰ ਦੱਸਿਆ ਸੀ ਕਿ ਕੁਝ ਮੁੰਡੇ ਉਸ ਨੂੰ ਪ੍ਰੇਸ਼ਾਨ ਕਰ ਰਹੇ ਹਨ।ਘਟਨਾ ਤੋਂ ਬਾਅਦ, ਪੁਲਸ ਮੌਕੇ 'ਤੇ ਪਹੁੰਚੀ ਤੇ ਲੋੜੀਂਦੀ ਕਾਰਵਾਈ ਸ਼ੁਰੂ ਕਰ ਦਿੱਤੀ।ਅਣਪਛਾਤੇ ਵਿਅਕਤੀਆਂ ਵਿਰੁੱਧ ਮਾਮਲਾ ਦਰਜ ਕਰ ਲਿਆ ਗਿਆ ਹੈ ਤੇ ਵਿਦਿਆਰਥਣ ਦੀ ਮੌਤ ਦੇ ਹਾਲਾਤਾਂ ਦਾ ਪਤਾ ਲਗਾਉਣ ਤੇ ਪ੍ਰੇਸ਼ਾਨੀ ਦੇ ਦੋਸ਼ਾਂ ਦੀ ਜਾਂਚ ਕਰਨ ਲਈ ਅੱਗੇ ਦੀ ਜਾਂਚ ਕੀਤੀ ਜਾ ਰਹੀ ਹੈ।

# ਭੋਲਾ ਸ਼ਰਮਾ ਸ਼ੇਖ ਫ਼ਰੀਦ ਪ੍ਰੈੱਸ ਕਲੱਬ ਦੇ 11ਵੀਂ ਵਾਰ ਪ੍ਰਧਾਨ ਬਣੇ



**ਜੈਤੋ (ਸਤੀਸ਼ ਕੁਮਾਰ ਭੀਰੀ)**

ਸ਼ੇਖ ਫ਼ਰੀਦ ਪ੍ਰੈੱਸ ਕਲੱਬ (ਰਜਿ:) ਦੀ ਹੋਈ ਸਾਲਾਨਾ ਚੋਣ ਦੌਰਾਨ ਸੀਨੀਅਰ ਪੱਤਰਕਾਰ ਭੋਲਾ ਸ਼ਰਮਾ ਨੂੰ ਸਰਬਸੰਮਤੀ ਨਾਲ ਕਲੱਬ ਦਾ ਲਗਾਤਾਰ 11ਵੀਂ ਵਾਰ ਪ੍ਰਧਾਨ ਚੁਣਿਆ ਗਿਆ। ਚੋਣ ਪ੍ਰਕਿਰਿਆ ਦੌਰਾਨ ਕਲੱਬ ਦੇ ਮੈਂਬਰਾਂ ਅਤੇ ਅਹੁਦੇਦਾਰਾਂ ਵੱਲੋਂ ਪ੍ਰਧਾਨ ਭੋਲਾ ਸ਼ਰਮਾ 'ਤੇ ਭਰੋਸਾ ਪ੍ਰਗਟਾਉਂਦਿਆਂ ਕਲੱਬ ਦੇ ਬਾਕੀ ਅਹੁਦੇਦਾਰਾਂ ਦੀ ਨਿਯੁਕਤੀ ਦੇ ਅਧਿਕਾਰ ਵੀ ਉਨ੍ਹਾਂ ਨੂੰ ਸੌਂਪੇ ਗਏ ਸਨ।ਪ੍ਰਧਾਨ ਭੋਲਾ ਸ਼ਰਮਾ ਨੇ ਆਪਣੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਸ਼ੇਖ ਫ਼ਰੀਦ ਪ੍ਰੈੱਸ ਕਲੱਬ (ਰਜਿ:) ਦੀ ਨਵੀਂ ਟੀਮ ਦਾ ਐਲਾਨ ਕਰ ਦਿੱਤਾ।ਨਵੀਂ ਟੀਮ ਵਿੱਚ ਤਜਰਬੇਕਾਰ ਤੇ ਸਰਗਰਮ ਪੱਤਰਕਾਰਾਂ ਨੂੰ ਵੱਖ-ਵੱਖ ਅਹੁਦਿਆਂ ਦੀਆਂ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਹਨ।

ਨਵੀਂ ਟੀਮ ਵਿੱਚ ਭੋਲਾ ਸ਼ਰਮਾ ਨੂੰ ਪ੍ਰਧਾਨ, ਗੁਰਚਰਨ ਸਿੰਘ ਗਾਬੜੀਆ ਨੂੰ ਸਰਪ੍ਰਸਤ, ਹਰਮੇਸ਼ ਚਾਵਲਾ ਨੂੰ ਚੇਅਰਮੈਨ, ਐਡਵੋਕੇਟ ਸਤੀਸ਼ ਕੁਮਾਰ 'ਭੀਰੀ' ਨੂੰ ਵਾਈਸ ਚੇਅਰਮੈਨ ਤੇ ਕਾਨੂੰਨੀ ਸਲਾਹਕਾਰ, ਰਘੂਨੰਦਨ ਪਰਾਸ਼ਰ ਨੂੰ ਸੀਨੀਅਰ ਮੀਤ ਪ੍ਰਧਾਨ, ਕੁਲਦੀਪ ਸਿੰਘ ਖ਼ਾਲਸਾ ਨੂੰ ਮੀਤ ਪ੍ਰਧਾਨ, ਅਵਤਾਰ ਸਿੰਘ ਮੱਲਾ ਨੂੰ ਮੀਤ ਪ੍ਰਧਾਨ, ਜਗਦੀਪ ਸਿੰਘ ਗਿੱਲ ਬਾਜਾਖਾਨਾ ਨੂੰ ਸਲਾਹਕਾਰ, ਗੁਰਪ੍ਰੀਤ ਸਿੰਘ ਸਿੱਧੂ ਵਾੜਾ ਭਾਈਕਾ ਨੂੰ ਮੁੱਖ ਸਲਾਹਕਾਰ, ਰਾਜੀਵ 'ਬੌਬੀ ਜਿੰਦਲ' ਨੂੰ ਕੋਆਰਡੀਨੇਟਰ, ਧਰਮਪਾਲ ਪੁੰਨੀ ਨੂੰ ਜਨਰਲ ਸਕੱਤਰ, ਮਨਜੀਤ ਸਿੰਘ ਢੱਲਾ ਨੂੰ ਸੰਗਠਨ ਸਕੱਤਰ, ਜੋਗਿੰਦਰ ਸਿੰਘ ਪੁੰਨੀ ਨੂੰ ਸਹਾਇਕ ਸਕੱਤਰ, ਜਤਿੰਦਰ ਮਿੱਤਲ ਬਾਜਾਖਾਨਾ ਨੂੰ ਖ਼ਜ਼ਾਨਚੀ ਅਤੇ ਸੰਦੀਪ ਲੂੰਬਾ ਨੂੰ ਪ੍ਰੈੱਸ ਸਕੱਤਰ ਨਿਯੁਕਤ ਕੀਤਾ ਗਿਆ ਹੈ।ਇਸ ਤੋਂ ਇਲਾਵਾ ਜਗਮੀਤ ਸਿੰਘ ਨੀਟਾ, ਗੁਰਦੀਪ ਸਿੰਘ ਢਿੱਲੋਂ ਦਬੜ੍ਹੀਖਾਨਾ ਅਤੇ ਗੌਰਵ ਗੋਇਲ (ਗੋਲਡੀ) ਨੂੰ ਕਾਰਜਕਾਰੀ ਮੈਂਬਰ ਬਣਾਇਆ ਗਿਆ ਹੈ।

ਨਵੀਂ ਟੀਮ ਦੇ ਐਲਾਨ ਮੌਕੇ ਪ੍ਰਧਾਨ ਭੋਲਾ ਸ਼ਰਮਾ ਨੇ ਕਿਹਾ ਕਿ ਸ਼ੇਖ ਫ਼ਰੀਦ ਪ੍ਰੈੱਸ ਕਲੱਬ (ਰਜਿ:) ਜੈਤੋ ਪਿਛਲੇ ਲੰਮੇ ਸਮੇਂ ਤੋਂ ਪੱਤਰਕਾਰ ਭਾਈਚਾਰੇ ਨਾਲ ਜੁੜੇ ਮੁੱਦਿਆਂ ਨੂੰ ਪ੍ਰਮੁੱਖਤਾ ਨਾਲ ਉਠਾਉਂਦਾ ਆ ਰਿਹਾ ਹੈ।ਕਲੱਬ ਦਾ ਮੁੱਖ ਉਦੇਸ਼ ਪੱਤਰਕਾਰਾਂ ਦੀ ਏਕਤਾ ਨੂੰ ਮਜ਼ਬੂਤ ਕਰਨਾ, ਉਨ੍ਹਾਂ ਦੀਆਂ ਮੁਸ਼ਕਲਾਂ ਤੇ ਚੁਣੌਤੀਆਂ ਨੂੰ ਸਬੰਧਤ ਪੱਧਰ ਤੱਕ ਪਹੁੰਚਾਉਣਾ ਅਤੇ ਪੱਤਰਕਾਰਾਂ ਦੇ ਹੱਕਾਂ ਤੇ ਹਿੱਤਾਂ ਦੀ ਰਾਖੀ ਲਈ ਸਾਂਝੇ ਤੌਰ 'ਤੇ ਆਵਾਜ਼ ਬੁਲੰਦ ਕਰਨਾ ਹੈ।ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਵਿੱਚ ਪੱਤਰਕਾਰ ਭਾਈਚਾਰੇ ਨੂੰ ਕਈ ਤਰ੍ਹਾਂ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਅਜਿਹੇ ਹਾਲਾਤ ਵਿੱਚ ਪੱਤਰਕਾਰਾਂ ਵਿੱਚ ਆਪਸੀ ਏਕਤਾ, ਸਹਿਯੋਗ ਤੇ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਕਰਨ ਦੀ ਲੋੜ ਹੈ।ਉਨ੍ਹਾਂ ਆਸ ਪ੍ਰਗਟਾਈ ਕਿ ਕਲੱਬ ਦੀ ਨਵੀਂ ਟੀਮ ਪੂਰੀ ਇਮਾਨਦਾਰੀ, ਤਨਦੇਹੀ ਅਤੇ ਜ਼ਿੰਮੇਵਾਰੀ ਨਾਲ ਆਪਣੀਆਂ ਡਿਊਟੀਆਂ ਨਿਭਾਏਗੀ।ਪ੍ਰਧਾਨ ਭੋਲਾ ਸ਼ਰਮਾ ਨੇ ਨਵ-ਨਿਯੁਕਤ ਅਹੁਦੇਦਾਰਾਂ ਅਤੇ ਕਾਰਜਕਾਰੀ ਮੈਂਬਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਨੂੰ ਜਿਹੜੀਆਂ ਵੀ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਹਨ, ਉਹ ਉਨ੍ਹਾਂ ਨੂੰ ਪੂਰੀ ਗੰਭੀਰਤਾ ਨਾਲ ਨਿਭਾਉਣ।ਉਨ੍ਹਾਂ ਕਿਹਾ ਕਿ ਕਲੱਬ ਵੱਲੋਂ ਪੱਤਰਕਾਰਾਂ ਦੀ ਭਲਾਈ ਦੇ ਨਾਲ-ਨਾਲ ਇਲਾਕੇ ਦੇ ਲੋਕਾਂ ਨਾਲ ਸਬੰਧਤ ਸਮਾਜਿਕ, ਲੋਕਹਿੱਤੀ ਅਤੇ ਜਨਤਕ ਮੁੱਦਿਆਂ ਨੂੰ ਵੀ ਪਹਿਲ ਦੇ ਆਧਾਰ 'ਤੇ ਉਠਾਇਆ ਜਾਂਦਾ ਰਹੇਗਾ।

# ਪਤਨੀ ਦੀ ਯਾਦ 'ਚ ਲਗਾਇਆ ਖ਼ੂਨਦਾਨ ਕੈਂਪ




**ਪਟਿਆਲਾ (ਥਿੰਦ)**-ਅਗਾਂਹਵਧੂ ਵਿਚਾਰਾਂ ਨੂੰ ਪ੍ਰਣਾਏ ਹੋਏ ਸ੍ਰੀ ਹਰਬੰਸ ਲਾਲ ਨੇ ਆਪਣੀ ਮਰਹੂਮ ਪਤਨੀ ਸ੍ਰੀਮਤੀ ਵਿਜੈ ਲਕਸ਼ਮੀ ਦੀ ਯਾਦ ਵਿੱਚ ਆਜ਼ਾਦ ਨਗਰ ਆਪਣੇ ਘਰ ਇਕ ਖ਼ੂਨਦਾਨ ਕੈਂਪ ਦਾ ਪ੍ਰਬੰਧ ਕੀਤਾ, ਜਿਸ ਵਿੱਚ ਉਨ੍ਹਾਂ ਦੇ ਰਿਸ਼ਤੇਦਾਰਾਂ, ਦੋਸਤਾਂ ਤੋਂ ਸਮਾਜਸੇਵੀਆਂ ਨੇ ਸ਼ਮੂਲੀਅਤ ਕੀਤੀ।ਇਸ ਕੈਂਪ ਨੂੰ ਬਰੇਟਾ ਵੈੱਲਫੇਅਰ ਐਸੋਸੀਏਸ਼ਨ ਪਟਿਆਲਾ ਵੱਲੋਂ ਪੂਰਾ ਸਹਿਯੋਗ ਦਿੱਤਾ ਗਿਆ।ਇਸ ਮੌਕੇ ਐਸੋਸੀਏਸ਼ਨ ਦੇ ਪ੍ਰਧਾਨ ਸ੍ਰੀ ਲੇਖ ਰਾਜ ਤੇ ਉਨ੍ਹਾਂ ਦੇ ਸਾਰੇ ਅਹੁਦੇਦਾਰ ਹਾਜ਼ਰ ਸਨ।ਕੈਂਪ ਦੀ ਸ਼ੁਰੂਆਤ ਹਰਬੰਸ ਲਾਲ ਦੇ ਬੇਟੇ ਅਖਿਲ ਕੁਮਾਰ ਤੇ ਨੂੰਹ ਰੂਪਾਂ ਸ਼ੁਕਲਾ ਵੱਲੋਂ ਖ਼ੂਨਦਾਨ ਕਰਕੇ ਕੀਤੀ ਗਈ।ਇਸ ਮੌਕੇ 30 ਯੂਨਿਟ ਖ਼ੂਨ ਰੈੱਡ ਏਡ ਬਲੱਡ ਬੈਂਕ ਖੰਨਾ ਦੀ ਟੀਮ ਦੀ ਨਿਗਰਾਨੀ ਹੇਠ ਇਕੱਤਰ ਹੋਇਆ।ਇਸ ਬੱਲਡ ਡਿਨੋਸ਼ਨ ਕੈਂਪ ਵਿੱਚ ਤਰਕਸ਼ੀਲ ਸੁਸਾਇਟੀ ਪੰਜਾਬ ਦੀ ਪਟਿਆਲਾ ਇਕਾਈ ਨੇ ਵੀ ਸ਼ਮੂਲੀਅਤ ਕੀਤੀ।ਇਸ ਸਮਾਗਮ ਵਿੱਚ ਪਹੁੰਚੇ ਹੋਏ ਇਲਾਕਾ ਨਿਵਾਸੀਆਂ, ਦੋਸਤਾਂ ਤੇ ਰਿਸ਼ਤੇਦਾਰਾਂ ਨੂੰ ਤਰਕਸ਼ੀਲਾਂ ਨੇ ਅੰਧਵਿਸ਼ਵਾਸ ਛੱਡ ਕੇ ਵਿਗਿਆਨਕ ਵਿਚਾਰਧਾਰਾ ਅਪਨਾਉਣ ਦਾ ਸੱਦਾ ਦਿੱਤਾ।ਕੈਂਪ ਦੇ ਸਮਾਪਨ 'ਤੇ ਸ੍ਰੀ ਹਰਬੰਸ ਲਾਲ ਨੇ ਆਪਣੇ ਪਰਵਾਰ ਵੱਲੋਂ ਇਸ ਬੱਲਡ ਡਨੋਸ਼ਨ ਕੈਂਪ 'ਤੇ ਪਹੁੰਚੀਆਂ ਸਾਰੀਆਂ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਸਾਡਾ ਪਰਵਾਰ ਤਰਕਸ਼ੀਲਤਾ ਨੂੰ ਪ੍ਰਣਾਇਆ ਹੋਇਆ ਹੈ, ਜੋ ਬੇਲੋੜੀਆਂ ਧਾਰਮਿਕ ਰਸਮਾਂ ਵਿੱਚ ਵਿਸ਼ਵਾਸ ਨਹੀਂ ਰੱਖਦਾ।ਉਨ੍ਹਾਂ ਅਗੋਂ ਵੀ ਅਜਿਹੇ ਪ੍ਰੋਗਰਾਮ ਕਰਨ ਦਾ ਪ੍ਰਣ ਲਿਆ।

# 'ਰਿਸਰਚ ਟੂਲਕਿੱਟ' ਸੰਬੰਧੀ ਹੱਥੀਂ ਸਿਖਲਾਈ ਵਰਕਸ਼ਾਪ ਸਫਲਤਾਪੂਰਵਕ ਸੰਪੰਨ



**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਗਣਿਤ ਵਿਭਾਗ ਵੱਲੋਂ ਪੋਸਟ ਗ੍ਰੈਜੂਏਟ ਵਿਦਿਆਰਥੀਆਂ ਲਈ ਰਿਸਰਚ ਟੂਲਕਿੱਟ ਫਾਰ ਪੋਸਟਗ੍ਰੈਜੂਏਟ ਸਟੂਡੈਂਟਸ : ਸਾਇੰਟਿਫਿਕ ਰਾਈਟਿੰਗ, ਡਾਟਾ ਵਿਜ਼ੂਅਲਾਈਜ਼ੇਸ਼ਨ ਐਂਡ ਪਬਲੀਕੇਸ਼ਨ ਵਿਸ਼ੇ 'ਤੇ ਕਰਾਈ ਗਈ ਇੱਕ ਹਫ਼ਤੇ ਦੀ ਹੱਥੀਂ ਸਿਖਲਾਈ ਵਰਕਸ਼ਾਪ ਸਫਲਤਾਪੂਰਵਕ ਸੰਪੰਨ ਹੋਈ।ਇਹ ਵਰਕਸ਼ਾਪ ਪ੍ਰੋ. (ਡਾ.) ਪ੍ਰਿਤਪਾਲ ਸਿੰਘ, ਉਪ-ਕੁਲਪਤੀ ਅਤੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ ਦੀ ਅਗਵਾਈ ਹੇਠ ਅਤੇ ਡਾ. ਰਿਚਾ ਬਰਾੜ, ਮੁਖੀ, ਗਣਿਤ ਵਿਭਾਗ ਦੀ ਦੇਖ-ਰੇਖ ਹੇਠ ਕਰਾਈ ਗਈ।ਇਸ ਦਾ ਉਦੇਸ਼ ਪੋਸਟ ਗ੍ਰੈਜੂਏਟ ਵਿਦਿਆਰਥੀਆਂ ਵਿੱਚ ਖੋਜ, ਵਿਗਿਆਨਕ ਲੇਖਨ, ਡਾਟਾ ਵਿਜ਼ੂਅਲਾਈਜ਼ੇਸ਼ਨ, ਦਸਤਾਵੇਜ਼ ਤਿਆਰੀ ਤੇ ਖੋਜ-ਪੱਤਰ ਪ੍ਰਕਾਸ਼ਨ ਨਾਲ ਸੰਬੰਧਿਤ ਹੁਨਰਾਂ ਨੂੰ ਵਿਕਸਿਤ ਕਰਨਾ ਸੀ।ਵਰਕਸ਼ਾਪ ਦੌਰਾਨ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡਾ. ਰਿਚਾ ਬਰਾੜ, ਡਾ. ਬ੍ਰਹਮਿਤ ਕੌਰ, ਡਾ. ਅਰਸ਼ਦੀਪ ਕੌਰ ਅਤੇ ਸ੍ਰੀਮਤੀ ਸਿਮਰਨਜੀਤ ਕੌਰ ਵੱਲੋਂ ਵਿਦਿਆਰਥੀਆਂ ਨੂੰ ਵਿਹਾਰਕ ਅਤੇ ਜਾਣਕਾਰੀ ਭਰਪੂਰ ਸੈਸ਼ਨ ਕਰਵਾਏ ਗਏ। ਇਨ੍ਹਾਂ ਸੈਸ਼ਨਾਂ ਵਿੱਚ ਖੋਜ-ਪੱਤਰ ਤਿਆਰ ਕਰਨ, ਲਾਟੇਕਸ ਰਾਹੀਂ ਖੋਜ ਲੇਖਨ, ਗਣਿਤਕ ਟਾਈਪਸੈਟਿੰਗ, ਟੇਬਲਾਂ ਅਤੇ ਗ੍ਰਾਫਿਕਸ, ਐਕਸਲ ਰਾਹੀਂ ਡਾਟਾ ਵਿਜ਼ੂਅਲਾਈਜ਼ੇਸ਼ਨ, ਜਰਨਲ ਟੈਂਪਲੇਟਸ ਤੇ ਖਰੜੇ ਤੋਂ ਪ੍ਰਕਾਸ਼ਨ ਤੱਕ ਦੀ ਪ੍ਰਕਿਰਿਆ ਬਾਰੇ ਸਿਖਲਾਈ ਦਿੱਤੀ ਗਈ।ਵਰਕਸ਼ਾਪ ਵਿੱਚ ਗਣਿਤ, ਖੇਤੀਬਾੜੀ, ਕਾਮਰਸ ਅਤੇ ਮੈਨੇਜਮੈਂਟ, ਅਰਥਸ਼ਾਸਤਰ ਤੇ ਫੂਡ ਪ੍ਰੋਸੈਸਿੰਗ ਐਂਡ ਟੈਕਨਾਲੋਜੀ ਸਮੇਤ ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ, ਜਿਸ ਨਾਲ ਇੱਕ ਅੰਤਰ-ਵਿਸ਼ਿਆਤਮਕ ਖੋਜ ਮਾਹੌਲ ਸਿਰਜਿਆ ਗਿਆ।ਸਮਾਪਤੀ ਸਮਾਰੋਹ ਦੀ ਸ਼ੁਰੂਆਤ ਸ੍ਰੀਮਤੀ ਪ੍ਰੀਨਾ ਵੱਲੋਂ ਸਵਾਗਤੀ ਭਾਸ਼ਣ ਨਾਲ ਹੋਈ। ਪ੍ਰੋ. (ਡਾ.) ਪ੍ਰਿਤਪਾਲ ਸਿੰਘ ਨੇ ਗਣਿਤ ਵਿਭਾਗ ਵੱਲੋਂ ਕੀਤੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਵਰਕਸ਼ਾਪਾਂ ਵਿਦਿਆਰਥੀਆਂ ਵਿੱਚ ਮਜ਼ਬੂਤ ਖੋਜ ਸੱਭਿਆਚਾਰ ਵਿਕਸਿਤ ਕਰਨ ਵਿੱਚ ਸਹਾਇਕ ਹਨ।ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਖੋਜ ਨੈਤਿਕਤਾ ਤੇ ਇਮਾਨਦਾਰੀ ਨੂੰ ਇੱਕ ਜ਼ਿੰਮੇਵਾਰ ਅਤੇ ਸਫਲ ਖੋਜਕਰਤਾ ਬਣਨ ਲਈ ਜ਼ਰੂਰੀ ਆਧਾਰ ਦੱਸਿਆ।

# ਓ ਐੱਸ ਡੀ ਵੱਲੋਂ ਇਨਡੋਰ ਸਪੋਰਟਸ ਹਾਲ ਦਾ ਉਦਘਾਟਨ

## ਬੈਡਮਿੰਟਨ ਕੋਰਟਾਂ ਨਾਲ ਖਿਡਾਰੀਆਂ ਨੂੰ ਮਿਲੇਗੀ ਬਿਹਤਰ ਸਹੂਲਤ : ਸੁਖਵੀਰ ਸਿੰਘ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)**-ਧੂਰੀ ਸ਼ਹਿਰ ਵਿੱਚ ਖੇਡ ਸਹੂਲਤਾਂ ਦੇ ਵਿਸਥਾਰ ਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੇ ਉਦੇਸ਼ ਨਾਲ ਸਬਜ਼ੀ ਮੰਡੀ ਧੂਰੀ ਵਿਖੇ ਐੱਮ.ਸੀ. ਪਾਰਕ ਨਾਲ ਲੱਗਦੇ ਇਨਡੋਰ ਸਪੋਰਟਸ ਹਾਲ ਦਾ 27.63 ਲੱਖ ਰੁਪਏ ਦੀ ਲਾਗਤ ਨਾਲ ਅਪਗ੍ਰੇਡੇਸ਼ਨ ਕਰਕੇ ਬੈਡਮਿੰਟਨ ਕੋਰਟ ਤਿਆਰ ਕੀਤੇ ਗਏ ਹਨ।ਇਨ੍ਹਾਂ ਦਾ ਉਦਘਾਟਨ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦੇ ਓ.ਐੱਸ.ਡੀ. ਸੁਖਵੀਰ ਸਿੰਘ ਵੱਲੋਂ ਕੀਤਾ ਗਿਆ।ਇਸ ਮੌਕੇ ਓ.ਐੱਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਤੇ ਖਿਡਾਰੀਆਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਧੂਰੀ ਦੇ ਸਰਬਪੱਖੀ ਵਿਕਾਸ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿੱਚ ਵੀ ਲੋੜੀਂਦਾ ਬੁਨਿਆਦੀ ਢਾਂਚਾ ਵਿਕਸਤ ਕੀਤਾ ਜਾ ਰਿਹਾ ਹੈ, ਤਾਂ ਜੋ ਸਥਾਨਕ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਲਈ ਵਧੀਆ ਮਾਹੌਲ ਮਿਲ ਸਕੇ।ਉਨ੍ਹਾਂ ਕਿਹਾ ਕਿ ਨਵੇਂ ਤਿਆਰ ਕੀਤੇ ਬੈਡਮਿੰਟਨ ਕੋਰਟਾਂ ਦਾ ਲਾਭ ਧੂਰੀ ਦੇ ਖਿਡਾਰੀਆਂ, ਬੱਚਿਆਂ ਤੇ ਹੋਰ ਖੇਡ ਪ੍ਰੇਮੀਆਂ ਨੂੰ ਮਿਲੇਗਾ। ਚੈਂਪੀਅਨਸ਼ਿਪਾਂ ਦੀ ਤਿਆਰੀ ਕਰ ਰਹੇ ਬੱਚਿਆਂ ਲਈ ਸਵੇਰ ਤੇ ਸ਼ਾਮ ਦੇ ਸਮੇਂ ਕੋਚਿੰਗ ਦੀ ਸਹੂਲਤ ਮੁਹੱਈਆ ਕਰਵਾਈ ਜਾਵੇਗੀ।ਖਿਡਾਰੀਆਂ ਤੇ ਸਬੰਧਤ ਐਸੋਸੀਏਸ਼ਨ ਦੇ ਮੈਂਬਰਾਂ ਲਈ ਆਈ. ਡੀ. ਤਿਆਰ ਕੀਤੇ ਜਾਣਗੇ।

ਉਨ੍ਹਾਂ ਦੱਸਿਆ ਕਿ ਸੀਨੀਅਰ ਸਿਟੀਜਨਾਂ ਲਈ ਵੀ ਵਿਸ਼ੇਸ਼ ਸਮਾਂ ਨਿਰਧਾਰਤ ਕੀਤਾ ਜਾਵੇਗਾ, ਜਦਕਿ ਮਹਿਲਾਵਾਂ ਲਈ ਸਵੇਰੇ 11 ਵਜੇ ਤੋਂ ਦੁਪਹਿਰ 2 ਵਜੇ ਤੱਕ ਵਿਸ਼ੇਸ਼ ਸਮਾਂ ਰੱਖਿਆ ਜਾਵੇਗਾ।ਨਗਰ ਕੌਂਸਲ ਧੂਰੀ ਦੀ ਪ੍ਰਧਾਨ ਸ੍ਰੀਮਤੀ ਅਮਰਜੋਤ ਕੌਰ ਬਾਜਵਾ ਨੇ ਕਿਹਾ ਕਿ ਬੈਡਮਿੰਟਨ ਕੋਰਟਾਂ ਦੀ ਵਰਤੋਂ ਲਈ ਜਲਦ ਹੀ ਸਮਾਂ-ਸਾਰਣੀ ਤਿਆਰ ਕੀਤੀ ਜਾਵੇਗੀ, ਤਾਂ ਜੋ ਹਰ ਵਰਗ ਦੇ ਲੋਕਾਂ ਨੂੰ ਇਸ ਖੇਡ ਸਹੂਲਤ ਦਾ ਸੁਚੱਜੇ ਢੰਗ ਨਾਲ ਲਾਭ ਮਿਲ ਸਕੇ।ਇਸ ਮੌਕੇ ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁਲੀ, ਮੈਂਬਰ ਵਕਫ ਬੋਰਡ ਡਾ. ਅਨਵਰ ਭਸੌੜ, ਮੈਂਬਰ ਫੂਡ ਕਮਿਸ਼ਨ ਜਸਵੀਰ ਸਿੰਘ ਸੇਖੋਂ, ਐਡਵੋਕੇਟ ਹੈਪੀ ਗਰਗ, ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਰਛਪਾਲ ਸਿੰਘ ਭੁੱਲਰ, ਰੂਬਲ ਬਾਜਵਾ, ਨਰੇਸ਼ ਸਿੰਗਲਾ ਸਮੇਤ ਵੱਡੀ ਗਿਣਤੀ ਨਗਰ ਕੌਂਸਲ ਧੂਰੀ ਦੇ ਮੈਂਬਰ ਵੀ ਮੌਜੂਦ ਸਨ।

# ਗੁਰੂ ਨਾਨਕ ਕਾਲਜ ਸਟਾਫ਼ ਵੱਲੋਂ ਸ਼੍ਰੋਮਣੀ ਕਮੇਟੀ ਪ੍ਰਧਾਨ ਦੀਆਂ ਸੇਵਾਵਾਂ ਦੀ ਸ਼ਲਾਘਾ

## ਐੱਸ.ਜੀ.ਪੀ.ਸੀ. ਪ੍ਰਧਾਨ ਧਾਮੀ ਦੀ ਕਿਰਦਾਰਕੁਸ਼ੀ ਕਰਨੀ ਅਤਿਅੰਤ ਮੰਦਭਾਗਾ : ਪ੍ਰਿੰ. ਭੁੱਲਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਗੁਰੂ ਨਾਨਕ ਕਾਲਜ ਮੋਗਾ ਦੇ ਸਟਾਫ਼ ਦੀ ਮੀਟਿੰਗ ਇੱਥੇ ਕਾਲਜ ਕੰਪਲੈਕਸ ਵਿੱਚ ਅੱਜ ਹੋਈ, ਜਿਸ ਵਿੱਚ ਸਟਾਫ਼ ਵੱਲੋਂ ਸ਼੍ਰੋਮਣੀ ਕਮੇਟੀ ਨਾਲ ਸਬੰਧਤ ਮੌਜੂਦਾ ਸਥਿਤੀ ਤੇ ਮੁੱਦਿਆਂ ਬਾਰੇ ਵਿਸਥਾਰ ਸਹਿਤ ਵਟਾਂਦਰਾ ਕਰਦਿਆਂ ਕਿਹਾ ਗਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਾਰਮਿਕ, ਸਮਾਜਿਕ ਤੇ ਵਿੱਦਿਅਕ ਖੇਤਰ ਵਿੱਚ ਵੱਡਮੁੱਲੀਆਂ ਸੇਵਾਵਾਂ ਨਿਭਾਈਆਂ ਜਾ ਰਹੀਆਂ ਹਨ।ਇਸ ਮੌਕੇ ਮਤਾ ਪਾਸ ਕਰਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਵੱਲੋਂ ਨਿਭਾਈਆਂ ਜਾ ਰਹੀਆਂ ਸੇਵਾਵਾਂ ਦੇ ਸ਼ਲਾਘਾ ਕੀਤੀ ਗਈ।ਕਾਲਜ ਦੇ ਸਟਾਫ਼ ਨੇ ਸ੍ਰ. ਧਾਮੀ ਨੂੰ ਨਿਮਰ, ਸੁਹਿਰਦ ਤੇ ਸਾਊ ਸੁਭਾਅ ਵਾਲੇ ਵਿਅਕਤੀ ਦੱਸਿਆ।ਸਟਾਫ਼ ਦਾ ਕਹਿਣਾ ਹੈ ਕਿ ਸ੍ਰ. ਧਾਮੀ ਆਪਣੇ ਜਨਤਕ ਜੀਵਨ ਵਿੱਚ ਹਮੇਸ਼ਾ ਸਾਦਗੀ ਨਾਲ ਵਿਚਰਦੇ ਹਨ ਤੇ ਸੰਸਥਾਵਾਂ ਨਾਲ ਸਬੰਧਤ ਮਸਲਿਆਂ ਨੂੰ ਧਿਆਨ ਨਾਲ ਸੁਣਦੇ ਹਨ।ਸੰਸਥਾਵਾਂ ਦੇ ਪ੍ਰਬੰਧ ਪ੍ਰਤੀ ਉਨ੍ਹਾਂ ਦੀ ਸਮਰਪਣ ਭਾਵਨਾ, ਜ਼ਿੰਮੇਵਾਰੀ ਤੇ ਪ੍ਰਤੀਬੱਧਤਾ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ।ਸਮੂਹ ਸਟਾਫ਼ ਤੇ ਪ੍ਰਿੰਸੀਪਲ ਨੇ ਉਨ੍ਹਾਂ ਕਾਰਵਾਈਆਂ ਦੀ ਨਿਖੇਧੀ ਕੀਤੀ, ਜਿਹੜੀਆਂ ਸ੍ਰ. ਧਾਮੀ ਦੀ ਨਿੱਜੀ ਕਿਰਦਾਰਕੁਸ਼ੀ ਕਰਨ ਤੇ ਸ਼੍ਰੋਮਣੀ ਕਮੇਟੀ ਦੇ ਅਕਸ ਨੂੰ ਢਾਹ ਲਾਉਣ ਦੀਆਂ ਚੱਲੀਆਂ ਜਾ ਰਹੀਆਂ ਚਾਲਾਂ ਨੂੰ ਇੱਕ ਸਾਜ਼ਿਸ਼ ਕਰਾਰ ਦਿੱਤਾ।ਸਮੂਹ ਸਟਾਫ਼ ਨੇ ਇਸ ਗੱਲ 'ਤੇ ਸਹਿਮਤੀ ਪ੍ਰਗਟਾਈ ਕਿ ਕਿਸੇ ਵਿਅਕਤੀ, ਨੀਤੀ ਜਾਂ ਪ੍ਰਬੰਧਕੀ ਫੈਸਲੇ ਦੀ ਆਲੋਚਨਾ ਕਰਦੇ ਸਮੇਂ ਭਾਸ਼ਾ ਦੀ ਸ਼ਾਲੀਨਤਾ ਤੇ ਮਰਿਆਦਾ ਕਾਇਮ ਰੱਖਣੀ ਲਾਜ਼ਮੀ ਹੋਣੀ ਚਾਹੀਦੀ ਹੈ।

ਪ੍ਰਿੰਸੀਪਲ ਡਾ. ਗੁਰਿੰਦਰ ਜੀਤ ਸਿੰਘ ਭੁੱਲਰ ਨੇ ਦੱਸਿਆ ਕਿ 5 ਅਕਤੂਬਰ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਧੀਨ ਚੱਲ ਰਹੇ ਕਾਲਜਾਂ ਦੇ ਪ੍ਰਿੰਸੀਪਲਾਂ ਦੀ ਇੱਕ ਅਹਿਮ ਮੀਟਿੰਗ ਕਲਗੀਧਰ ਨਿਵਾਸ, ਚੰਡੀਗੜ੍ਹ ਵਿਖੇ ਬੀਬੀ ਹਰਜਿੰਦਰ ਕੌਰ, ਮੈਂਬਰ ਅੰਤ੍ਰਿਮ ਕਮੇਟੀ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਸ਼੍ਰੋਮਣੀ ਕਮੇਟੀ ਦੇ ਸਕੱਤਰ ਵਿੱਦਿਆ ਸ੍ਰ. ਸੁਖਮਿੰਦਰ ਸਿੰਘ ਨੇ ਵੀ ਸ਼ਮੂਲੀਅਤ ਕੀਤੀ।ਇਸ ਦੌਰਾਨ ਕਾਲਜਾਂ ਦੇ ਵਿਕਾਸ ਤੇ ਸ਼੍ਰੋਮਣੀ ਕਮੇਟੀ ਨਾਲ ਸਬੰਧਤ ਮੌਜੂਦਾ ਸਥਿਤੀ ਤੇ ਮੁੱਦਿਆ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ ।ਮੀਟਿੰਗ ਵਿੱਚ ਹਾਜ਼ਰ ਸਕੂਲ ਪ੍ਰਿੰਸੀਪਲਾਂ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ੍ਰ. ਹਰਜਿੰਦਰ ਸਿੰਘ ਧਾਮੀ ਵੱਲੋਂ ਵਿੱਦਿਅਕ ਸੰਸਥਾਵਾਂ ਦੇ ਵਿਕਾਸ ਲਈ ਨਿਭਾਈ ਜਾ ਰਹੀ ਭੂਮਿਕਾ ਦੀ ਭਰਪੂਰ ਸ਼ਲਾਘਾ ਕੀਤੀ।ਮੀਟਿੰਗ ਦੇ ਅੰਤ ਵਿੱਚ ਗੁਰੂ ਨਾਨਕ ਕਾਲਜ ਦੇ ਸਟਾਫ਼ ਨੇ ਸਰਬਸੰਮਤੀ ਨਾਲ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਦੀ ਪ੍ਰਤਿਸ਼ਠਾ ਨੂੰ ਠੇਸ ਪਹੁੰਚਾਉਣ ਵਾਲੀਆਂ ਕਾਰਵਾਈਆਂ ਦੀ ਨਿਖੇਧੀ ਕੀਤੀ।

# ਨਸ਼ਿਆਂ ਦੇ ਮੁੱਦੇ 'ਤੇ ਕਾਂਗਰਸ ਦਾ ਹੱਲਾ ਬੋਲ, ਸਰਕਾਰ ਦੀ ਅਰਥੀ ਫੂਕੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪੰਜਾਬ ਵਿੱਚ ਨਸ਼ਿਆਂ ਦੀ ਕਥਿਤ ਖੁੱਲ੍ਹੀ ਵਿਕਰੀ ਤੇ ਨੌਜਵਾਨਾਂ ਦੀਆਂ ਨਸ਼ਿਆਂ ਕਾਰਨ ਹੋ ਰਹੀਆਂ ਮੌਤਾਂ ਦੇ ਮੁੱਦੇ ਨੂੰ ਲੈ ਕੇ ਕਾਂਗਰਸ ਵੱਲੋਂ ਮਹਿਲ ਕਲਾਂ ਵਿਖੇ ਪੰਜਾਬ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ ਗਿਆ।ਪੰਜਾਬ ਪ੍ਰਦੇਸ਼ ਕਾਂਗਰਸ ਦੇ ਐੱਸ.ਸੀ. ਵਿਭਾਗ ਦੇ ਸੂਬਾ ਕਾਰਜਕਾਰੀ ਚੇਅਰਮੈਨ ਬੰਨੀ ਖਹਿਰਾ ਦੀ ਅਗਵਾਈ ਹੇਠ ਕਾਂਗਰਸੀ ਆਗੂਆਂ ਤੇ ਵਰਕਰਾਂ ਨੇ ਪਹਿਲਾਂ ਧਰਨਾ ਦਿੱਤਾ ਤੇ ਬਾਅਦ ਵਿੱਚ ਰੋਸ ਮਾਰਚ ਕੱਢਦਿਆਂ ਬੱਸ ਸਟੈਂਡ ਮਹਿਲ ਕਲਾਂ ਵਿਖੇ ਪੰਜਾਬ ਸਰਕਾਰ ਦੀ ਅਰਥੀ ਫੂਕੀ।ਇਸ ਦੌਰਾਨ ਕਾਂਗਰਸੀ ਆਗੂਆਂ ਨੇ ਹਲਕਾ ਮਹਿਲ ਕਲਾਂ ਦੇ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਦੀ ਕਾਰਗੁਜ਼ਾਰੀ 'ਤੇ ਵੀ ਸਵਾਲ ਚੁੱਕਦਿਆਂ ਨਸ਼ਿਆਂ ਦੇ ਮਾਮਲੇ ਵਿੱਚ ਹਲਕੇ ਅੰਦਰ ਠੋਸ ਕਾਰਵਾਈ ਨਾ ਹੋਣ ਦਾ ਦੋਸ਼ ਲਗਾਇਆ।ਆਗੂਆਂ ਨੇ ਕਿਹਾ ਕਿ ਵਿਧਾਇਕ ਪੰਡੋਰੀ ਵੱਲੋਂ ਹਲਕੇ ਵਿੱਚ ਨਸ਼ਿਆਂ ਦੀ ਸਮੱਸਿਆ ਨੂੰ ਰੋਕਣ ਲਈ ਪ੍ਰਭਾਵਸ਼ਾਲੀ ਕਦਮ ਚੁੱਕਣ ਦੀ ਲੋੜ ਹੈ, ਜਦਕਿ ਪਿੰਡਾਂ ਵਿੱਚ ਨਸ਼ਿਆਂ ਦਾ ਫੈਲਾਅ ਚਿੰਤਾ ਦਾ ਵਿਸ਼ਾ ਬਣਿਆ ਹੋਇਆ ਹੈ।ਚੇਅਰਮੈਨ ਬੰਨੀ ਖਹਿਰਾ, ਐੱਸ.ਸੀ. ਵਿਭਾਗ ਮਹਿਲ ਕਲਾਂ ਦੇ ਅਬਜ਼ਰਵਰ ਕੁਲਵਿੰਦਰ ਸਿੰਘ ਨਾਭਾ, ਬਲਾਕ ਪ੍ਰਧਾਨ ਪਰਮਿੰਦਰ ਸਿੰਘ ਸੰਮੀ ਠੁੱਲੀਵਾਲ, ਬਲਾਕ ਸ਼ੇਰਪੁਰ ਦੇ ਪ੍ਰਧਾਨ ਜਸਮੇਲ ਸਿੰਘ ਬੜੀ ਤੇ ਦੁਕਾਨਦਾਰ ਯੂਨੀਅਨ ਦੇ ਪ੍ਰਧਾਨ ਗਗਨ ਸਰਾਂ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਨਸ਼ਿਆਂ ਨੂੰ ਖ਼ਤਮ ਕਰਨ ਵਿੱਚ ਬੁਰੀ ਤਰ੍ਹਾਂ ਨਾਕਾਮ ਸਾਬਿਤ ਹੋਈ ਹੈ।ਉਨ੍ਹਾਂ ਸਰਕਾਰ ਤੇ ਹਲਕਾ ਵਿਧਾਇਕ ਤੋਂ ਨਸ਼ਿਆਂ ਦੀ ਸਪਲਾਈ 'ਤੇ ਸਖ਼ਤੀ ਨਾਲ ਰੋਕ ਲਗਾਉਣ ਤੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਬਾਹਰ ਕੱਢਣ ਲਈ ਠੋਸ ਕਦਮ ਚੁੱਕਣ ਦੀ ਮੰਗ ਕੀਤੀ।ਇਸ ਮੌਕੇ ਕਾਂਗਰਸੀ ਆਗੂਆਂ ਵੱਲੋਂ ਡੀਐੱਸਪੀ ਮਹਿਲ ਕਲਾਂ ਸਤਵਿੰਦਰ ਸਿੰਘ ਵਿਰਕ ਨੂੰ ਮੰਗ ਪੱਤਰ ਵੀ ਸੌਂਪਿਆ ਗਿਆ।ਇਸ ਮੌਕੇ ਜ਼ਿਲ੍ਹਾ ਕਿਸਾਨ ਵਿੰਗ ਪ੍ਰਧਾਨ ਸਰਬਜੀਤ ਸਿੰਘ ਸਰਬੀ, ਸਾਬਕਾ ਚੇਅਰਮੈਨ ਬਾਬੂ ਰੋਸ਼ਨ ਲਾਲ ਬਾਂਸਲ, ਬਲਾਕ ਸੰਮਤੀ ਮੈਂਬਰ ਕੁਲਵੰਤ ਸਿੰਘ ਧਨੇਰ, ਦਲਜੀਤ ਸਿੰਘ ਮਾਨ ਗਹਿਲ, ਸਾਬਕਾ ਸਰਪੰਚ ਪਰਮਿੰਦਰ ਸਿੰਘ ਸੱਦੋਵਾਲ, ਸਾਬਕਾ ਸਰਪੰਚ ਸ਼ਿੰਗਾਰਾ ਸਿੰਘ ਵਜੀਦਕੇ, ਜਸਵਿੰਦਰ ਸਿੰਘ ਮਾਂਗਟ ਹਮੀਦੀ, ਯੂਥ ਕਾਂਗਰਸ ਦੇ ਮੀਤ ਪ੍ਰਧਾਨ ਦੀਪਇੰਦਰ ਸਿੰਘ ਧਨੇਰ ਆਦਿ ਹਾਜ਼ਰ ਸਨ।

## 'ਮੇਲਾ ਸੰਗਰੂਰ ਦਾ' 'ਚ ਕਲਾਕਾਰਾਂ ਨੇ ਦਰਸ਼ਕ ਕੀਲੇ



**ਭਵਾਨੀਗੜ੍ਹ (ਰਾਜ ਖੁਰਮੀ)**-ਸੰਗੀਤ ਤੇ ਸੱਭਿਆਚਾਰ ਨੂੰ ਸਮਰਪਤ 'ਮੇਲਾ ਸੰਗਰੂਰ ਦਾ' ਪ੍ਰੋਗਰਾਮ ਸਥਾਨਕ ਪਾਰੁਲ ਪੈਲੇਸ ਵਿਖੇ ਸਰਗਮ ਮਿਊਜ਼ਿਕ ਅਕੈਡਮੀ ਤੇ ਸ੍ਰੀ ਜੈਜ਼ ਰਿਕਾਰਡਜ਼ ਵੱਲੋਂ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਗਿਆ।ਸਵੇਰ ਤੋਂ ਸ਼ਾਮ ਤੱਕ ਚੱਲੇ ਇਸ ਸੱਭਿਆਚਾਰਕ ਮੇਲੇ ਦੌਰਾਨ ਪੰਜਾਬੀ ਸੰਗੀਤ ਨਾਲ ਜੁੜੇ ਨਾਮਵਰ ਕਲਾਕਾਰਾਂ ਨੇ ਆਪਣੀਆਂ ਦਮਦਾਰ ਪੇਸ਼ਕਾਰੀਆਂ ਨਾਲ ਸਰੋਤਿਆਂ ਤੇ ਦਰਸ਼ਕਾਂ ਦਾ ਮਨ ਮੋਹ ਲਿਆ।ਪ੍ਰੋਗਰਾਮ ਦੌਰਾਨ ਪੰਜਾਬੀ ਸੰਗੀਤ ਦੇ ਵੱਖ-ਵੱਖ ਰੰਗ ਪੇਸ਼ ਕਰਦਿਆਂ ਰਾਜ ਢਿੱਲੋਂ, ਸੰਨੀ ਵਿਰਕ, ਕਿਰਨ ਸ਼ਰਮਾ, ਰਵੀ ਦਿਓਲ, ਗੁਲਨਾਜ਼ ਉਗੋਕੇ ਤੇ ਸਿੱਧੂ ਹਸਨਪੁਰੀ ਸਮੇਤ ਹੋਰ ਕਲਾਕਾਰਾਂ ਨੇ ਆਪਣੀ ਕਲਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਕਲਾਕਾਰਾਂ ਦੀਆਂ ਪੇਸ਼ਕਾਰੀਆਂ ਦੌਰਾਨ ਦਰਸ਼ਕਾਂ ਨੇ ਖੂਬ ਆਨੰਦ ਮਾਣਿਆ ਤੇ ਪੂਰਾ ਪੰਡਾਲ ਤਾੜੀਆਂ ਨਾਲ ਗੂੰਜਦਾ ਰਿਹਾ।ਮੇਲੇ ਦੇ ਸਿਖਰਲੇ ਪਲ ਉਸ ਸਮੇਂ ਦੇਖਣ ਨੂੰ ਮਿਲੇ ਜਦੋਂ ਬਲਵਿੰਦਰ ਬੀਬੀ ਤੇ ਕਰੇ ਪੂਜਾ ਦੀ ਜੋੜੀ ਨੇ ਆਪਣੀ ਪੇਸ਼ਕਾਰੀ ਨਾਲ ਦਰਸ਼ਕਾਂ ਨੂੰ ਕੀਲ ਲਿਆ। ਦੋਵਾਂ ਕਲਾਕਾਰਾਂ ਦੀ ਪੇਸ਼ਕਾਰੀ ਨੂੰ ਦਰਸ਼ਕਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ। ਇਸ ਮੌਕੇ ਸੰਬੋਧਨ ਕਰਦਿਆਂ ਉੱਘੇ ਸਮਾਜ ਸੇਵੀ ਰਾਜ ਕੁਮਾਰ ਅਰੋੜਾ ਤੇ ਉੱਭਾਵਾਲ ਦੇ ਸਾਬਕਾ ਸਰਪੰਚ ਮੱਖਣ ਸ਼ਰਮਾ ਨੇ ਕਿਹਾ ਕਿ ਸੱਭਿਆਚਾਰਕ ਮੇਲੇ ਸਾਡੇ ਅਮੀਰ ਪੰਜਾਬੀ ਵਿਰਸੇ ਦੀ ਧਰੋਹਰ ਹਨ। ਨਵੀਂ ਪੀੜ੍ਹੀ ਨੂੰ ਆਪਣੇ ਸੱਭਿਆਚਾਰ ਤੇ ਵਿਰਸੇ ਨਾਲ ਜੋੜਨ ਲਈ ਅਜਿਹੇ ਸਮਾਗਮਾਂ ਦਾ ਆਯੋਜਨ ਸਮੇਂ ਦੀ ਮੁੱਖ ਲੋੜ ਹੈ।ਇਸ ਮੌਕੇ ਮੇਲਾ ਪ੍ਰਬੰਧਕਾਂ ਵੱਲੋਂ ਉੱਘੇ ਸਮਾਜ ਸੇਵੀ ਰਾਜ ਕੁਮਾਰ ਅਰੋੜਾ, ਤੱਬੂ ਮਹੰਤ (ਚੇਲਾ ਪ੍ਰੀਤੀ ਮਹੰਤ), ਪੀ. ਐੱਲ. ਖਾਨ, ਉੱਭਾਵਾਲ ਦੇ ਸਾਬਕਾ ਸਰਪੰਚ ਮੱਖਣ ਸ਼ਰਮਾ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨਤ ਕੀਤਾ ਗਿਆ।

## ਮੰਡੀ ਕਿਲਿਆਂਵਾਲੀ 'ਚ ਦਰਜਨ ਪਰਵਾਰਾਂ ਨੇ ਫੜਿਆ 'ਆਪ' ਦਾ ਪੱਲਾ

### ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕੀਤਾ ਸਵਾਗਤ



**ਸ੍ਰੀ ਮੁਕਤਸਰ ਸਾਹਿਬ/ਲੰਬੀ (ਸ਼ਮਿੰਦਰ ਪਾਲ/ਪ੍ਰਸ਼ਾ)**-ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿਛਲੇ ਦਿਨਾਂ ਤੋਂ ਲਗਾਤਾਰ ਲੰਬੀ 'ਚ ਆਪ ਪਰਵਾਰ ਵਿੱਚ ਵਾਧਾ ਹੋ ਰਿਹਾ ਹੈ।ਵੱਖ-ਵੱਖ ਪਾਰਟੀਆਂ ਦੇ ਆਗੂ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ।ਇਸੇ ਲੜੀ ਤਹਿਤ ਆਮ ਆਦਮੀ ਪਾਰਟੀ ਨੂੰ ਉਸ ਵੇਲੇ ਵੱਡਾ ਫਤਵਾ ਮਿਲਿਆ, ਜਦੋਂ ਮੰਡੀ ਕਿਲਿਆਂਵਾਲੀ ਦੇ ਸਾਬਕਾ ਸਰਪੰਚ ਕਿਸ਼ੋਰ ਚੰਦ ਦੇ ਬੇਟੇ ਅਰੁਣ ਕੁਮਾਰ, ਅਮਿਤ ਕੁਮਾਰ, ਪੋਤਰਾ ਸ਼ਿਵਮ ਕੁਮਾਰ ਲੱਕੂ, ਨੰਬਰਦਾਰ ਮੰਗਤ ਸਿੰਘ, ਅਰੁਣ ਕੁਮਾਰ, ਭਗਵਾਨ ਦਾਸ, ਰੌਸ਼ਨ ਕੁਮਾਰ, ਅਮਿਤ ਕੁਮਾਰ, ਅਨਮੋਲ ਗੋਇਲ, ਵਿਸ਼ਾਲ ਕੁਮਾਰ ਤੇ ਹਰਸ਼ ਕੁਮਾਰ ਨੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੀ ਹਾਜ਼ਰੀ ਵਿੱਚ ਆਪ ਦਾ ਪੱਲਾ ਫੜਿਆ।ਇਸ ਮੌਕੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਸਾਰੇ ਪਰਵਾਰਾਂ ਦਾ ਸਵਾਗਤ ਕੀਤਾ।ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਪਾਰਟੀ ਨਾਲ ਜੁੜਨਾ ਪਾਰਟੀ ਦੀਆਂ ਨੀਤੀਆਂ ਪ੍ਰਤੀ ਭਰੋਸੇ ਨੂੰ ਦਰਸਾਉਂਦਾ ਹੈ ਤੇ ਵਰਕਰਾਂ ਨੂੰ ਪਿੰਡ ਪੱਧਰ 'ਤੇ ਹੋਰ ਮਜ਼ਬੂਤੀ ਨਾਲ ਲੋਕਾਂ ਨਾਲ ਰਾਬਤਾ ਬਣਾਉਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਨਵੇਂ ਸ਼ਾਮਲ ਹੋਏ ਆਗੂਆਂ ਨੇ ਕਿਹਾ ਕਿ ਉਹ ਆਮ ਆਦਮੀ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਤੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਨਾਲ ਜੁੜੇ ਹਨ।ਉਨ੍ਹਾਂ ਪਾਰਟੀ ਦੀ ਮਜ਼ਬੂਤੀ ਲਈ ਤਨਦੇਹੀ ਨਾਲ ਕੰਮ ਕਰਨ ਦਾ ਭਰੋਸਾ ਵੀ ਦਿੱਤਾ।ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਗੁਰਬਾਜ ਸਿੰਘ ਬਣਵਾਲਾ, ਚੇਅਰਮੈਨ ਰਸ਼ਪਾਲ ਸਿੰਘ ਖੁੱਡੀਆਂ, ਚੇਅਰਮੈਨ ਹਿਮਾਂਸ਼ੂ ਬੰਸਲ, ਪ੍ਰਧਾਨ ਰਾਜ ਪਰਚਾ, ਪ੍ਰਧਾਨ ਸੋਮ ਪ੍ਰਕਾਸ਼, ਤੇਜਾ ਸਿੰਘ ਭੁੱਲਰ, ਦੀਪਕ ਕੁਮਾਰ, ਭੁਪਿੰਦਰ ਸਿੰਘ, ਇਸ਼ਾਨ, ਗੁੱਲੂ ਤੇ ਸੁਰੇਸ਼ ਕੁਮਾਰ ਹਾਜ਼ਰ ਰਹੇ।

## ਵਿਸ਼ਵ ਅਧਿਆਪਕ ਦਿਵਸ ਮੌਕੇ ਵਰਲਡ 'ਵਰਸਿਟੀ ਵੱਲੋਂ ਪ੍ਰਿੰਸੀਪਲਾਂ ਦਾ ਸਨਮਾਨ



**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫ਼ਤਿਹਗੜ੍ਹ ਸਾਹਿਬ ਵੱਲੋਂ ਜ਼ਿਲ੍ਹਾ ਸਿੱਖਿਆ ਦਫ਼ਤਰ, ਸੈਕੰਡਰੀ ਸਿੱਖਿਆ ਫ਼ਤਿਹਗੜ੍ਹ ਸਾਹਿਬ ਦੇ ਸਹਿਯੋਗ ਨਾਲ ਵਿਸ਼ਵ ਅਧਿਆਪਕ ਦਿਵਸ ਮੌਕੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸਿੱਖਿਆ ਦੇ ਖੇਤਰ ਵਿੱਚ ਮਹੱਤਵਪੂਰਨ ਯੋਗਦਾਨ ਪਾਉਣ ਵਾਲੇ ਸਕੂਲ ਪ੍ਰਿੰਸੀਪਲਾਂ ਤੇ ਸਿੱਖਿਆਕਾਰਾਂ ਦਾ ਸਨਮਾਨ ਕੀਤਾ ਗਿਆ ਅਤੇ ਯੂਨੀਵਰਸਿਟੀ ਦੀ 'ਸਕੂਲ ਕਨੈਕਟ' ਪਹਿਲਕਦਮੀ ਦੀ ਸ਼ੁਰੂਆਤ ਕੀਤੀ ਗਈ, ਜਿਸ ਦਾ ਉਦੇਸ਼ ਸਕੂਲਾਂ ਤੇ ਉੱਚ ਸਿੱਖਿਆ ਸੰਸਥਾਵਾਂ ਵਿਚਕਾਰ ਸਹਿਯੋਗ ਨੂੰ ਮਜ਼ਬੂਤ ਕਰਨਾ ਹੈ। ਸੋਨਾ ਥਿੰਦ ਡਿਪਟੀ ਕਮਿਸ਼ਨਰ ਫ਼ਤਿਹਗੜ੍ਹ ਸਾਹਿਬ ਨੇ ਪ੍ਰਿੰਸੀਪਲਾਂ, ਮੁਖੀਆਂ ਤੇ ਅਧਿਆਪਕਾਂ ਨੂੰ ਸਨਮਾਨਤ ਕਰਦਿਆਂ ਵਿਦਿਆਰਥੀਆਂ ਦੀ ਸਰਵਪੱਖੀ ਭਲਾਈ ਤੇ ਵਿਕਾਸ ਲਈ ਗੁਣਵੱਤਾਪੂਰਨ ਸਿੱਖਿਆ 'ਤੇ ਜ਼ੋਰ ਦਿੱਤਾ।ਉਨ੍ਹਾਂ ਜ਼ਿਲ੍ਹੇ ਵਿੱਚ ਸਿੱਖਿਆ ਨੂੰ ਹੋਰ ਮਜ਼ਬੂਤ ਕਰਨ ਲਈ ਹਰ ਸੰਭਵ ਪ੍ਰਸ਼ਾਸਨਕ ਸਹਾਇਤਾ ਦਾ ਭਰੋਸਾ ਦਿੱਤਾ।ਪ੍ਰੋ. (ਡਾ.) ਪਰਿਤ ਪਾਲ ਸਿੰਘ ਵਾਈਸ ਚਾਂਸਲਰ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਨੇ ਕਿਹਾ ਕਿ ਗੁਣਵੱਤਾਪੂਰਨ ਸਿੱਖਿਆ ਲਈ ਸਕੂਲਾਂ, ਯੂਨੀਵਰਸਿਟੀਆਂ ਤੇ ਪ੍ਰਸ਼ਾਸਨ ਵਿਚਕਾਰ ਨਿਰੰਤਰ ਸਹਿਯੋਗ ਜ਼ਰੂਰੀ ਹੈ।ਉਨ੍ਹਾਂ ਆਸ ਪ੍ਰਗਟਾਈ ਕਿ 'ਸਕੂਲ ਕਨੈਕਟ' ਵਿਦਿਆਰਥੀਆਂ ਲਈ ਨਵੇਂ ਅਕਾਦਮਿਕ ਤੇ ਵਿਕਾਸਮੁਖੀ ਮੌਕੇ ਪੈਦਾ ਕਰੇਗਾ।ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਡੀਨ ਅਕਾਦਮਿਕ ਮਾਮਲੇ ਨੇ ਸਵਾਗਤੀ ਭਾਸ਼ਣ ਦਿੰਦਿਆਂ ਸਿੱਖਿਆਕਾਰਾਂ ਦੇ ਯੋਗਦਾਨ ਦੀ ਸ਼ਲਾਘਾ ਕੀਤੀ ਤੇ ਸਕੂਲਾਂ ਤੇ ਯੂਨੀਵਰਸਿਟੀ ਵਿਚਕਾਰ ਨਜ਼ਦੀਕੀ ਸਹਿਯੋਗ ਦੀ ਲੋੜ 'ਤੇ ਜ਼ੋਰ ਦਿੱਤਾ।ਸ੍ਰੀਮਤੀ ਰਵਿੰਦਰ ਕੌਰ ਡਿਪਟੀ ਐਜੂਕੇਸ਼ਨ ਅਫ਼ਸਰ (ਸੈਕੰਡਰੀ ਸਿੱਖਿਆ) ਨੇ ਜ਼ਿਲ੍ਹੇ ਦੇ ਵਿਦਿਆਰਥੀਆਂ ਦੀ ਜੇਈਈ ਤੇ ਨੀਟ ਵਿੱਚ ਸ਼ਾਨਦਾਰ ਕਾਰਗੁਜ਼ਾਰੀ ਤੇ ਸਕੂਲਾਂ ਦੇ 100 ਫ਼ੀਸਦੀ ਨਤੀਜਿਆਂ ਨੂੰ ਉਜਾਗਰ ਕੀਤਾ।ਡਾ. ਹਰਨੀਤ ਬਿਲਿੰਗ ਡੀਨ ਫੈਕਲਟੀ ਆਫ਼ ਐਜੂਕੇਸ਼ਨ ਐਂਡ ਇਨਫਰਮੇਸ਼ਨ ਸਾਇੰਸਿਜ਼ ਨੇ ਦੱਸਿਆ ਕਿ 'ਸਕੂਲ ਕਨੈਕਟ' ਦੇ ਪੰਜ ਮੁੱਖ ਵਰਟੀਕਲ—ਸਕੂਲ ਕਨੈਕਟ, ਟੀਚਰ ਕਨੈਕਟ, ਰਿਸਰਚ ਕਨੈਕਟ, ਕੈਂਪਸ ਕਨੈਕਟ ਤੇ ਕਲਾਸ ਨੌਵੀਂ ਤੋਂ ਬਾਰ੍ਹਵੀਂ ਲਈ ਐਡ-ਆਨ ਸਰਟੀਫਿਕੇਟ ਕੋਰਸ ਹਨ।ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀ ਅਕਾਦਮਿਕ ਉੱਤਮਤਾ, ਅਧਿਆਪਕ ਵਿਕਾਸ, ਖੋਜ, ਨਵੀਨਤਾ ਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ 'ਤੇ ਕੇਂਦਰਿਤ ਹੋਵੇਗੀ।ਸਮਾਗਮ 'ਚ ਯੂਨੀਵਰਸਿਟੀ ਦੇ ਸੀਨੀਅਰ ਅਧਿਕਾਰੀਆਂ, ਸਿੱਖਿਆ ਵਿਭਾਗ ਦੇ ਨੁਮਾਇੰਦਿਆਂ, ਸਕੂਲ ਪ੍ਰਿੰਸੀਪਲਾਂ, ਅਧਿਆਪਕਾਂ ਤੇ ਵਿਦਿਆਰਥੀਆਂ ਨੇ ਭਾਗ ਲਿਆ।

## ਬਿਰਧ ਆਸ਼ਰਮ ਸਤੀ ਮਾਤਾ ਮੰਦਰ ਵਿਖੇ ਮੈਡੀਕਲ ਕੈਂਪ



**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)**-ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਵੱਲੋਂ ਮਾਨਯੋਗ ਜੱਜ ਸ੍ਰੀ ਅਸ਼ੋਕ ਕੁਮਾਰ ਚੌਹਾਨ, ਸੀ.ਜੇ.ਐੱਮ.-ਕਮ-ਸੈਕਟਰੀ (ਐਡੀਸ਼ਨਲ ਚਾਰਜ) ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਦੇ ਦਿਸ਼ਾ-ਨਿਰਦੇਸ਼ਾਂ ਤੇ ਮਾਨਯੋਗ ਸ੍ਰੀ ਮਨਦੀਪ ਸਿੰਘ ਐੱਸ.ਡੀ.ਜੇ.ਐੱਮ. ਸਮਾਣਾ ਦੀ ਅਗਵਾਈ ਹੇਠ ਅੰਤਰਰਾਸ਼ਟਰੀ ਬਜ਼ੁਰਗ ਦਿਵਸ ਦੇ ਸਬੰਧ ਵਿੱਚ ਬਿਰਧ ਆਸ਼ਰਮ ਸਤੀ ਮਾਤਾ ਮੰਦਰ ਸਮਾਣਾ ਵਿਖੇ ਮੈਡੀਕਲ ਚੈੱਕਅਪ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਬਿਰਧ ਆਸ਼ਰਮ ਸਤੀ ਮਾਤਾ ਮੰਦਿਰ ਦੇ ਪ੍ਰਧਾਨ ਸ੍ਰੀ ਪਵਨ ਸ਼ਾਸਤਰੀ ਦੀ ਦੇਖ-ਰੇਖ ਹੇਠ ਡਾ. ਜਿਤੇਨ ਡਾਹਰਾ ਤੇ ਉਨ੍ਹਾਂ ਦੀ ਮੈਡੀਕਲ ਟੀਮ ਵੱਲੋਂ ਆਸ਼ਰਮ ਵਿੱਚ ਰਹਿ ਰਹੇ ਬਜ਼ੁਰਗਾਂ ਤੇ ਹੋਰ ਲੋੜਵੰਦ ਵਿਅਕਤੀਆਂ ਦੀ ਸਿਹਤ ਦੀ ਜਾਂਚ ਕੀਤੀ ਗਈ।ਜਾਂਚ ਉਪਰੰਤ ਲੋੜ ਅਨੁਸਾਰ ਉਨ੍ਹਾਂ ਨੂੰ ਡਾਕਟਰੀ ਸਲਾਹ ਦੇਣ ਦੇ ਨਾਲ-ਨਾਲ ਦਵਾਈਆਂ ਵੀ ਮੁਹੱਈਆ ਕਰਵਾਈਆਂ ਗਈਆਂ।ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਵੱਲੋਂ ਐਡਵੋਕੇਟ ਸ੍ਰੀ ਬਾਲ ਕ੍ਰਿਸ਼ਨ ਸ਼ਰਮਾ ਤੇ ਪੀ.ਐੱਲ.ਵੀ. ਮੋਨਿਕਾ ਪਹੂਜਾ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਉਨ੍ਹਾਂ ਆਸ਼ਰਮ 'ਚ ਰਹਿ ਰਹੇ ਬਜ਼ੁਰਗਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦਾ ਹਾਲ-ਚਾਲ ਪੁੱਛਿਆ ਤੇ ਉਨ੍ਹਾਂ ਨੂੰ ਮੁਫ਼ਤ ਕਾਨੂੰਨੀ ਸਹਾਇਤਾ ਬਾਰੇ ਜਾਣਕਾਰੀ ਦਿੱਤੀ।ਇਸ ਮੌਕੇ ਪਵਨ ਸ਼ਾਸਤਰੀ ਨੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਡਾ. ਜਿਤੇਨ ਡਾਹਰਾ ਤੇ ਸਮੁੱਚੀ ਮੈਡੀਕਲ ਟੀਮ ਦਾ ਕੈਂਪ ਲਗਾਉਣ ਲਈ ਧੰਨਵਾਦ ਕੀਤਾ।

## ਸੇਖੋਂ ਤੇ ਡੀ ਸੀ ਚਾਬਾ ਨੇ ਝੋਨੇ ਦੀ ਖਰੀਦ ਸ਼ੁਰੂ ਕਰਵਾਈ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਝੋਨੇ ਦੀ ਸਰਕਾਰੀ ਖਰੀਦ ਸੀਜ਼ਨ-2026 ਦੀ ਸ਼ੁਰੂਆਤ ਫ਼ਰੀਦਕੋਟ ਦੀ ਅਨਾਜ ਮੰਡੀ ਵਿਖੇ ਕੀਤੀ ਗਈ।ਇਸ ਮੌਕੇ ਹਲਕਾ ਫ਼ਰੀਦਕੋਟ ਦੇ ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ ਤੇ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਚਾਬਾ ਨੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਦੀ ਹਾਜ਼ਰੀ ਵਿੱਚ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ।ਇਸ ਮੌਕੇ ਵਿਧਾਇਕ ਸੇਖੋਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀ ਫ਼ਸਲ ਦੀ ਨਿਰਵਿਘਨ ਤੇ ਸੁਚਾਰੂ ਖਰੀਦ ਨੂੰ ਯਕੀਨੀ ਬਣਾਉਣ ਲਈ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਕਿਸਮ ਦੀ ਦਿੱਕਤ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ ਤੇ ਖਰੀਦ, ਲਿਫਟਿੰਗ ਅਤੇ ਅਦਾਇਗੀ ਦੀ ਪ੍ਰਕਿਰਿਆ ਨੂੰ ਸਮੇਂ ਸਿਰ ਮੁਕੰਮਲ ਕਰਨ ਲਈ ਸਬੰਧਤ ਵਿਭਾਗਾਂ ਵੱਲੋਂ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਝੋਨੇ ਦੀ ਫ਼ਸਲ ਨੂੰ ਮੰਡੀਆਂ ਵਿੱਚ ਸੁੱਕਾ ਕੇ ਤੇ ਸਰਕਾਰੀ ਨਿਯਮਾਂ ਅਨੁਸਾਰ ਲੈ ਕੇ ਆਉਣ, ਤਾਂ ਜੋ ਖਰੀਦ ਪ੍ਰਕਿਰਿਆ ਸੁਚਾਰੂ ਢੰਗ ਨਾਲ ਨੇਪਰੇ ਚੜ੍ਹ ਸਕੇ।ਉਨ੍ਹਾਂ ਕਿਹਾ ਜਿਵੇਂ ਜਿਵੇਂ ਝੋਨੇ ਦੀ ਖਰੀਦ ਕੀਤੀ ਜਾਵੇਗੀ, ਨਾਲ ਦੀ ਨਾਲ ਝੋਨੇ ਦੀ ਲਿਫਟਿੰਗ ਕਰਵਾ ਦਿੱਤੀ ਜਾਵੇਗੀ, ਤਾਂ ਜੋ ਮੰਡੀਆਂ ਵਿੱਚ ਕਿਸੇ ਕਿਸਮ ਦੀ ਕੋਈ ਸਮੱਸਿਆਵਾਂ ਨਾ ਪੇਸ਼ ਆਵੇ।ਡੀ ਸੀ ਨੇ ਕਿਹਾ ਕਿ ਕਿਸਾਨਾਂ ਦੀ ਸਹੂਲਤ ਲਈ ਮੰਡੀਆਂ ਵਿੱਚ ਬੁਨਿਆਦੀ ਸਹੂਲਤਾਂ, ਬਾਰਦਾਨਾ, ਪੀਣ ਵਾਲਾ ਪਾਣੀ, ਸਫ਼ਾਈ, ਰੌਸ਼ਨੀ ਤੇ ਹੋਰ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਗਏ ਹਨ।ਇਸ ਮੌਕੇ ਚੇਅਰਮੈਨ ਮਾਰਕਿਟ ਕਮੇਟੀ ਫਰੀਦਕੋਟ ਅਮਨਦੀਪ ਬਾਬਾ, ਵਧੀਕ ਡਿਪਟੀ ਕਮਿਸ਼ਨਰ (ਜ) ਕੇਸ਼ਵ ਗੋਇਲ, ਨਗਰ ਕੌਂਸਲ ਪ੍ਰਧਾਨ ਬਲਜਿੰਦਰ ਸਿੰਘ ਅਹੂਜਾ, ਗੁਰਜੀਤ ਸਿੰਘ ਦਿਓਲ ਡੀ.ਐੱਫ.ਐੱਸ.ਸੀ, ਸ੍ਰੀ ਵਰਿੰਦਰ ਸਿੰਘ ਸਕੱਤਰ ਮਾਰਕਿਟ ਕਮੇਟੀ, ਸੁਖਜਿੰਦਰ ਕੌਰ ਡੀ.ਐੱਮ. ਮਾਰਕਫੈੱਡ, ਐੱਚ. ਐੱਸ. ਔਲਖ ਡੀ. ਐੱਮ. ਵੇਅਰਹਾਊਸ, ਮਨੀਸ਼ ਕੁਮਾਰ ਜ਼ਿਲ੍ਹਾ ਮੰਡੀ ਅਫ਼ਸਰ, ਗੁਰਚਰਨਪਾਲ ਡੀ.ਐੱਫ.ਐੱਸ.ਓ, ਮਨਤੇਜ ਸਿੰਘ ਮੰਡੀ ਸੁਪਰਵਾਈਜ਼ਰ, ਵਰਿੰਦਰ ਸਿੰਘ ਸਕੱਤਰ ਆਦਿ ਹਾਜ਼ਰ ਸਨ।

## ਨਾਮਧਾਰੀ ਪੰਥ ਦੀਆਂ ਪੰਜ ਜਗਤ ਮਾਤਾਵਾਂ ਦੀ ਯਾਦ 'ਚ ਸਮਾਗਮ



**ਸਮਰਾਲਾ (ਸੁਰਜੀਤ ਸਿੰਘ)**-ਨਾਮਧਾਰੀ ਸੰਪਰਦਾਇ ਵੱਲੋਂ ਪੰਥ ਮੁਖੀ ਸ੍ਰੀ ਉਦੇ ਸਿੰਘ ਦੀ ਹਜ਼ੂਰੀ ਵਿੱਚ ਨਾਮਧਾਰੀ ਪੰਥ ਦੀਆਂ ਜਗਤ ਮਾਤਾਵਾਂ, ਜਿਨ੍ਹਾਂ ਵਿੱਚ ਪੂਜਨੀਕ ਮਾਤਾ ਜੀਵਨ ਕੌਰ ਜੀ, ਸ੍ਰੀ ਮਾਤਾ ਫਤਹਿ ਕੌਰ ਜੀ, ਸ੍ਰੀ ਮਾਤਾ ਭੁਪਿੰਦਰ ਕੌਰ ਜੀ, ਸ੍ਰੀ ਮਾਤਾ ਚੰਦ ਕੌਰ ਜੀ ਤੇ ਸ੍ਰੀ ਬੇਬੇ ਮਾਤਾ ਦਲੀਪ ਕੌਰ ਜੀ ਦੀ ਨਿੱਘੀ ਯਾਦ ਨੂੰ ਸਮਰਪਤ ਪ੍ਰਤਾਪ ਮੰਦਰ ਭੈਣੀ ਸਾਹਿਬ ਵਿਖੇ ਸਮਾਗਮ ਕੀਤਾ ਗਿਆ, ਜਿਸ ਵਿੱਚ ਵੱਡੀ ਗਿਣਤੀ 'ਚ ਸੰਗਤਾਂ ਨਤਮਸਤਕ ਹੋਈਆਂ।ਇਸ ਮੌਕੇ ਡਾ. ਗੁਰਲਾਲ ਸਿੰਘ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਸਤਿਗੁਰ ਹਰਿ ਸਿੰਘ ਜੀ ਦੇ ਮਹਿਲ ਤੇ ਸਤਿਗੁਰੂ ਪ੍ਰਤਾਪ ਸਿੰਘ ਜੀ ਦੇ ਮਾਤਾ ਜੀ, ਮਾਤਾ ਜੀਵਨ ਕੌਰ ਜੀ ਸੇਵਾ ਦੀ ਮੂਰਤ ਸਨ, ਜਿਨ੍ਹਾਂ ਨੂੰ ਮਾਤਾ ਖੀਵੀ ਜੀ ਵੀ ਆਖਿਆ ਜਾਂਦਾ ਹੈ।ਮਾਤਾ ਫਤਹਿ ਕੌਰ ਜੀ ਹਮੇਸ਼ਾ ਨਾਮ ਸਿਮਰਨ ਵਿੱਚ ਲੀਨ ਰਹਿੰਦੇ ਸਨ।ਸੰਤ ਨਿਸ਼ਾਨ ਸਿੰਘ ਜੀ ਨੇ ਸਤਿਗੁਰੂ ਜਗਜੀਤ ਸਿੰਘ ਜੀ ਦੇ ਮਾਤਾ ਜੀ ਮਾਤਾ ਭੁਪਿੰਦਰ ਕੌਰ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ।ਸੇਵਕ ਹਰਪਾਲ ਸਿੰਘ ਨੇ ਸਤਿਗੁਰੂ ਜਗਜੀਤ ਸਿੰਘ ਜੀ ਦੇ ਮਹਿਲ ਪੂਜਨੀਕ ਮਾਤਾ ਚੰਦ ਕੌਰ ਜੀ ਬਾਰੇ ਦੱਸਿਆ ਕਿ ਉਹ ਹਮੇਸ਼ਾ ਨਾਮ ਸਿਮਰਨ ਕਰਦਿਆਂ ਸਾਧ ਸੰਗਤ ਦੀ ਸੇਵਾ ਵਿਚ ਲੀਨ ਰਹਿੰਦੇ ਸਨ।ਸ੍ਰੀ ਭੈਣੀ ਸਾਹਿਬ ਦੀਆਂ ਨਵੀਆਂ ਇਮਾਰਤਾਂ ਬਣਵਾਉਣ ਵਿੱਚ ਮਾਤਾ ਜੀ ਦਾ ਵੱਡਾ ਯੋਗਦਾਨ ਹੈ।ਮੌਜੂਦਾ ਨਾਮਧਾਰੀ ਮੁਖੀ ਸ੍ਰੀ ਸਤਿਗੁਰੂ ਉਦੇ ਸਿੰਘ ਜੀ ਦੇ ਮਾਤਾ ਜੀ ਬੇਬੇ ਦਲੀਪ ਕੌਰ ਜੀ ਨੇ ਜੀਵਨ ਨਗਰ ਇਲਕੇ ਦੀ ਕਾਇਆ ਕਲਪ ਕੀਤੀ ਤੇ ਉਹ ਹਮੇਸ਼ਾ ਦੀਨ ਦੁਖੀਆਂ ਦੀ ਸੇਵਾ ਕਰਦੇ ਰਹਿੰਦੇ ਸਨ।ਦੁਪਹਿਰ ਦੇ ਕੀਰਤਨ ਦੌਰਾਨ ਰਾਗੀ ਹਰਬੰਸ ਸਿੰਘ ਘੁੱਲਾ ਦੇ ਜਥੇ ਨੇ ਸ਼ਬਦ 'ਧੰਨ ਧੰਨ ਤੂੰ ਮਾਤਾ ਦੇਵਕੀ' ਤੇ 'ਪੂਤਾ ਮਾਤਾ ਕੀ ਆਸੀਸ' ਪੜ੍ਹ ਕੇ ਸੰਗਤਾਂ ਨੂੰ ਨਿਹਾਲ ਕੀਤਾ।ਇਸ ਮੌਕੇ ਸਰਬੱਤ ਦੇ ਭਲੇ ਲਈ ਸ੍ਰੀ ਸਹਿਜ ਪਾਠ ਦੇ ਭੋਗ ਪਾਏ ਗਏ।ਵਿਸ਼ਵ ਸ਼ਾਂਤੀ ਦੀ ਅਰਦਾਸ ਸੂਬਾ ਬਲਵਿੰਦਰ ਸਿੰਘ ਝੱਲ ਨੇ ਕੀਤੀ।ਇਸ ਮੌਕੇ ਪੂਜਨੀਕ ਮਾਤਾ ਗੁਰਸ਼ਰਨ ਕੌਰ ਜੀ, ਸੇਵਕ ਕਰਤਾਰ ਸਿੰਘ, ਸੇਵਕ ਆਸਾ ਸਿੰਘ ਮਾਨ ਤੇ ਪ੍ਰੈੱਸ ਸਕੱਤਰ ਲਖਵੀਰ ਸਿੰਘ ਬੱਦੋਵਾਲ ਹਾਜ਼ਰ ਸਨ।

## ਸੰਗਰੂਰ ਰੈਲੀ ਦੀਆਂ ਤਿਆਰੀਆਂ ਸੰਬੰਧੀ ਮੀਟਿੰਗ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਾਂਝੀ ਤਾਲਮੇਲ ਕਮੇਟੀ ਦੇ ਸੱਦੇ 'ਤੇ 10 ਅਕਤੂਬਰ ਨੂੰ ਸੰਗਰੂਰ ਵਿੱਚ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ। ਇਸ ਰੈਲੀ ਦੀਆਂ ਤਿਆਰੀਆਂ ਸਬੰਧੀ ਸਟੇਟ ਕਰਮਚਾਰੀ ਦਲ ਜ਼ਿਲ੍ਹਾ ਫਿਰੋਜ਼ਪੁਰ ਵੱਲੋਂ ਯੂਨੀਅਨ ਦਫਤਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਮੀਟਿੰਗ ਕੀਤੀ। ਮੀਟਿੰਗ ਵਿੱਚ ਵੱਖ-ਵੱਖ ਵਿਭਾਗਾਂ ਦੇ ਮੁਲਾਜ਼ਮ ਤੇ ਪੈਨਸ਼ਨਰ ਸ਼ਾਮਲ ਹੋਏ। ਮੀਟਿੰਗ ਵਿੱਚ ਵੱਖ-ਵੱਖ ਆਗੂਆਂ ਬਲਵੀਰ ਸਿੰਘ ਕੰਬੋਜ ਸੀਨੀਅਰ ਮੀਤ ਪ੍ਰਧਾਨ ਪੰਜਾਬ, ਤਰਸੇਮ ਬੇਦੀ ਜ਼ਿਲ੍ਹਾ ਪ੍ਰਧਾਨ ਸਟੇਟ ਕਦਮਚਾਰੀ ਦਲ, ਕਿਸ਼ਨ ਚੰਦ ਜਾਗੋਵਾਲੀਆ ਜ਼ਿਲ੍ਹਾ ਪ੍ਰਧਾਨ ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਂਡਰੇਸਨ, ਡਾ. ਪ੍ਰਦੀਪ ਰਾਣਾ ਸੀਨੀਅਰ ਮੀਤ ਪ੍ਰਧਾਨ, ਨਰੇਸ਼ ਸੈਣੀ ਸਾਬਕਾ ਪ੍ਰਧਾਨ ਖੇਤੀਬਾੜੀ, ਖਜਾਨ ਸਿੰਘ, ਗਿਆਨ ਸਿੰਘ ਨੇ ਸਰਕਾਰ ਦੀਆਂ ਮੁਲਾਜ਼ਮ ਤੇ ਪੈਨਸ਼ਨਰਜ਼ ਮਾਰੂ ਨੀਤੀਆਂ ਦੀ ਨਿਖੇਧੀ ਕੀਤੀ ਤੇ ਕਿਹਾ ਕਿ ਆਪ ਸਰਕਾਰ ਨੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਵਿਧਾਨ ਸਭਾ ਚੋਣਾਂ ਮੌਕੇ ਕੀਤੇ ਵਾਅਦੇ ਪੂਰੇ ਨਹੀਂ ਕੀਤੇ, ਜਿਸ ਕਾਰਨ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਿੱਚ ਸਰਕਾਰ ਪ੍ਰਤੀ ਭਾਰੀ ਨਿਰਾਸ਼ਾ ਪਾਈ ਜਾ ਰਹੀ ਹੈ। ਉਨ੍ਹਾਂ ਇਕ ਮਤੇ ਰਾਹੀਂ ਸਰਕਾਰ ਤੋਂ ਮੰਗ ਕੀਤੀ ਕਿ ਫੂਡ ਇੰਸਪੈਕਟਰ ਅਭਿਨਵ ਖੋਸਲਾ ਦੇ ਸਸਪੈਨਸ਼ਨ ਆਰਡਰ ਰੱਦ ਕਰਕੇ ਬਹਾਲ ਕੀਤਾ ਜਾਵੇ ਤੇ ਫਿਰੋਜ਼ਪੁਰ ਜ਼ਿਲ੍ਹੇ ਵਿੱਚ ਨਿਯੁਕਤ ਕੀਤਾ ਜਾਵੇ। ਇਸ ਸਮੇਂ ਰਣਬੀਰ ਸਿੰਘ ਕੁੱਕੂ, ਸੁਖਦੇਵ ਸਿੰਘ, ਰਾਜੇਸ਼ ਕੁਮਾਰ, ਜਸਪਾਲ ਸਿੰਘ, ਅਰਜਨ ਪ੍ਰਸਾਦ, ਚੰਦਰ ਮੋਹਨ, ਮਲੂਕਾ, ਸਵਰਨ ਸਿੰਘ, ਰਘਬੀਰ ਸਿੰਘ, ਜੀਤ ਸਿੰਘ, ਗੁਰਮੇਲ ਸਿੰਘ ਆਦਿ ਹਾਜ਼ਰ ਸਨ।

## ਸੰਤ ਨਿਰੰਕਾਰੀ ਮਿਸ਼ਨ ਦਾ ਸਾਲਾਨਾ ਸਮਾਗਮ 23 ਤੋਂ 26 ਤੱਕ

**ਸਮਾਣਾ/ਦਿੱਲੀ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਸੰਤ ਨਿਰੰਕਾਰੀ ਮਿਸ਼ਨ ਪਟਿਆਲਾ ਜ਼ੋਨ ਦੇ ਜ਼ੋਨਲ ਇੰਚਾਰਜ ਡਾਕਟਰ ਵੀ ਸੀ ਲੂਥਰਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਤਿਗੁਰੂ ਮਾਤਾ ਸੁਦੀਕਸ਼ਾ ਮਹਾਰਾਜ ਅਤੇ ਨਿਰੰਕਾਰੀ ਰਾਜ ਪਿਤਾ ਰਮਿਤ ਪਾਵਨ ਦੀ ਛਤਰ ਛਾਇਆ ਹੇਠ ਸੰਤ ਨਿਰੰਕਾਰੀ ਮਿਸ਼ਨ ਦਾ 79 ਵਾਂ ਸਾਲਾਨਾ ਸੰਤ ਸਮਾਗਮ 23 ਤੋਂ 26 ਅਕਤੂਬਰ, 2026 ਤੱਕ ਸਮਾਲਖਾ ਸਥਿਤ ਸੰਤ ਨਿਰੰਕਾਰੀ ਆਧਿਆਤਮਿਕ ਸਥੱਲ 'ਤੇ ਆਯੋਜਿਤ ਕੀਤਾ ਜਾਵੇਗਾ। ਇਹ ਸੰਤ ਸਮਾਗਮ ਮਹਿਜ਼ ਇੱਕ ਆਯੋਜਨ ਨਹੀਂ, ਸਗੋਂ ਮਾਨਵਤਾ, ਅਤੇ ਏਕਤਾ ਦਾ ਇੱਕ ਅਨੋਖਾ ਤਿਉਹਾਰ ਹੈ। ਵੱਖ-ਵੱਖ ਸਭਿਆਚਾਰਾਂ ਅਤੇ ਪਿਛੋਕੜਾਂ ਤੋਂ ਆਏ ਸ਼ਰਧਾਲੂ ਇੱਥੇ ਪੂਰੀ ਸ੍ਰਿਸ਼ਟੀ ਇੱਕ ਪਰਿਵਾਰ ਦੀ ਭਾਵਨਾ ਨੂੰ ਸਾਕਾਰ ਕਰਦਿਆਂ ਸਤਿਗੁਰੂ ਦੀ ਅੰਮ੍ਰਿਤਬਾਣੀ ਨਾਲ ਆਪਣੇ ਅੰਤਰਮਨ ਨੂੰ ਰੋਸ਼ਨ ਕਰਦੇ ਹਨ।

## 'ਬੇਟੀ ਬਚਾਓ, ਬੇਟੀ ਪੜ੍ਹਾਓ' ਫ਼ੰਡਾਂ ਦੇ ਬਾਵਜੂਦ ਸਵਾਲਾਂ ਦੇ ਘੇਰੇ 'ਚ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕੌਮੀ ਔਸਤ ਨੂੰ ਪਛਾੜਦੇ ਹੋਏ ਪੰਜਾਬ ਦੀਆਂ ਕੁੜੀਆਂ ਦੀ ਸੈਕੰਡਰੀ ਪੱਧਰ 'ਤੇ ਦਾਖਲਾ ਦਰ 96.5 ਫੀਸਦੀ ਤੱਕ ਪਹੁੰਚ ਗਈ ਹੈ। ਬੇਟੀ ਬਚਾਓ ਬੇਟੀ ਪੜ੍ਹਾਓ ਯੋਜਨਾ ਤਹਿਤ 100 ਫੀਸਦੀ ਫੰਡਾਂ ਦੇ ਬਾਵਜੂਦ ਸੂਬੇ ਅੰਦਰ ਪ੍ਰਸ਼ਾਨਿਕ ਕਾਰਵਾਈ ਤੇ ਜ਼ਮੀਨੀ ਹਕੀਕਤ ਸਵਾਲਾਂ ਦੇ ਘੇਰੇ ਵਿੱਚ ਹੈ। ਪੰਜਾਬ ਅੰਦਰ ਕੰਨਿਆ ਭਰੂਣ ਹੱਤਿਆ, ਲਿੰਗ ਅਨੁਪਾਤ ਅਤੇ ਕੁੜੀਆਂ ਦੀ ਸਿੱਖਿਆ ਨੂੰ ਲੈ ਕੇ ਕੇਂਦਰ ਤੇ ਸੂਬਾ ਸਰਕਾਰ ਦੇ ਦਾਅਵਿਆਂ ਦੀ ਅਸਲੀਅਤ ਇਕ ਸਰਕਾਰੀ ਦਸਤਾਵੇਜ਼ ਰਾਹੀਂ ਸਾਹਮਣੇ ਆਈ ਹੈ।31 ਜੁਲਾਈ 2026 ਨੂੰ ਕੇਂਦਰੀ ਮੰਤਰਾਲੇ ਵਲੋਂ ਜਾਰੀ ਕੀਤੇ ਗਏ ਦਸਤਾਵੇਜ਼ ਅਨੁਸਾਰ ਸਰਕਾਰ ਨੇ ਪੰਜਾਬ ਵਿਚ ਕੁੜੀਆਂ ਦੀ ਸਥਿਤੀ ਸੁਧਰਨ ਦੇ ਵੱਡੇ ਦਾਅਵੇ ਕੀਤੇ ਹਨ, ਪਰ ਜਦੋਂ ਇਸ ਰਿਪੋਰਟ ਦਾ ਬਰੀਕੀ ਨਾਲ ਅਧਿਐਨ ਕੀਤਾ ਜਾਂਦਾ ਹੈ, ਤਾਂ ਪ੍ਰਸ਼ਾਸਨਿਕ ਪੱਧਰ 'ਤੇ ਕਈ ਵਿਰੋਧਾਭਾਸ ਅਤੇ ਸਵਾਲ ਉੱਭਰ ਕੇ ਸਾਹਮਣੇ ਆਉਂਦੇ ਹਨ।ਸੂਤਰਾਂ ਅਨੁਸਾਰ ਪੰਜਾਬ ਦੇ ਮੌਜੂਦਾ ਹਾਲਾਤ ਅਤੇ ਧੀਆਂ ਦੀ ਸੁਰੱਖਿਆ ਦੇ ਮੁੱਦੇ 'ਤੇ ਅਸਲੀਅਤ ਨੂੰ ਛੁਪਾਇਆ ਜਾ ਰਿਹਾ ਹੈ।ਪੰਜਾਬ ਦੇ ਕੁਝ ਜ਼ਿਲ੍ਹਿਆਂ ਵਿਚ ਕੰਨਿਆ ਭਰੂਣ ਹੱਤਿਆ, ਡਿੱਗਦਾ ਬਾਲ ਲਿੰਗ ਅਨੁਪਾਤ ਤੇ ਕੁੜੀਆਂ ਦੀ ਸਿੱਖਿਆ ਵਿਚ ਅਸਮਾਨਤਾ ਅਜੇ ਵੀ ਗੰਭੀਰ ਹੋਣਾ ਚਿੰਤਾ ਦਾ ਵਿਸ਼ਾ ਬਣੇ ਹੋਏ ਹਨ।ਮਹਿਲਾ ਤੇ ਬਾਲ ਵਿਕਾਸ ਮੰਤਰਾਲੇ ਦੇ ਰਾਜ ਮੰਤਰੀ ਸ੍ਰੀਮਤੀ ਸਾਵਿਤਰੀ ਠਾਕੁਰ ਵਲੋਂ ਪੇਸ਼ ਰਿਪੋਰਟ ਵਿਚ ਕਈ ਪ੍ਰਸ਼ਾਸਨਿਕ ਕਮੀਆਂ ਸਾਫ਼ ਦਿਖਾਈ ਦਿੰਦੀਆਂ ਹਨ।ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਦੇ ਹੈਲਥ ਮੈਨੇਜਮੈਂਟ ਇਨਫੋਰਮੇਸ਼ਨ ਸਿਸਟਮ ਦੀ ਤਾਜ਼ਾ ਰਿਪੋਰਟ ਦੇ ਹਵਾਲੇ ਨਾਲ ਸਰਕਾਰ ਨੇ ਦਾਅਵਾ ਕੀਤਾ ਹੈ ਕਿ ਲਿੰਗ ਅਨੁਪਾਤ ਵਿਚ ਭਾਰੀ ਸੁਧਾਰ ਹੋਇਆ ਹੈ।ਰਿਪੋਰਟ ਮੁਤਾਬਿਕ, ਰਾਸ਼ਟਰੀ ਪੱਧਰ 'ਤੇ ਜਨਮ ਸਮੇਂ ਲਿੰਗ ਅਨੁਪਾਤ (ਐਸ ਆਰ ਬੀ) 2014-ਅ 15 ਦੇ 98 ਤੋਂ ਵਧ ਕੇ 2025-25 (ਆਰਜ਼ੀ) ਵਿਚ 929 ਹੋ ਗਿਆ ਹੈ।

## ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਵੱਲੋਂ ਐੱਸ ਡੀ ਐੱਮ ਨੂੰ ਮੰਗ ਪੱਤਰ

### ਪੱਤਰਕਾਰਾਂ ਦੀ ਸੁਰੱਖਿਆ ਲਈ ਕੇਂਦਰੀ ਕਾਨੂੰਨ ਬਣਾਉਣ ਦੀ ਮੰਗ



**ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ/ਬਲਵਿੰਦਰ ਸਿੰਘ)**-ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਜਲਾਲਾਬਾਦ ਵੱਲੋਂ ਇੰਡੀਅਨ ਜਰਨਲਿਸਟ ਯੂਨੀਅਨ ਦੇ ਸੱਦੇ 'ਤੇ ਪੱਤਰਕਾਰਾਂ ਦੀਆਂ ਮੰਗਾਂ ਤੇ ਸਮੱਸਿਆਵਾਂ ਨੂੰ ਲੈ ਕੇ ਡਿਮਾਂਡ ਡੇ ਮਨਾਇਆ ਗਿਆ।ਇਸ ਮੌਕੇ ਜਲਾਲਾਬਾਦ ਦੇ ਪੱਤਰਕਾਰਾਂ ਨੇ ਇਕੱਠੇ ਹੋ ਕੇ ਐੱਸ ਡੀ ਐੱਮ ਦਫ਼ਤਰ ਪਹੁੰਚ ਕੀਤੀ ਤੇ ਪੱਤਰਕਾਰਾਂ ਦੀਆਂ ਵੱਖ-ਵੱਖ ਮੰਗਾਂ ਸਬੰਧੀ ਰਾਸ਼ਟਰਪਤੀ ਦੇ ਨਾਮ ਮੰਗ ਪੱਤਰ ਸੌਂਪਿਆ।ਐੱਸ ਡੀ ਐੱਮ ਦੇ ਮੀਟਿੰਗ ਵਿੱਚ ਜਾਣ ਕਾਰਨ ਯੂਨੀਅਨ ਵੱਲੋਂ ਦਿੱਤਾ ਗਿਆ ਮੰਗ ਪੱਤਰ ਉਨ੍ਹਾਂ ਦੇ ਸੁਪਰਡੈਂਟ ਰਾਮ ਰਤਨ ਨੇ ਪ੍ਰਾਪਤ ਕੀਤਾ।ਮੰਗ ਪੱਤਰ ਵਿੱਚ ਨਵੇਂ ਮੀਡੀਆ ਕਮਿਸ਼ਨ ਬੋਰਡ ਦਾ ਗਠਨ ਕਰਨ, ਪੱਤਰਕਾਰਾਂ ਦੀ ਸੁਰੱਖਿਆ ਲਈ ਕੇਂਦਰੀ ਪੱਧਰ 'ਤੇ ਕਾਨੂੰਨ ਬਣਾਉਣ ਤੇ ਰੱਦ ਕੀਤੇ ਵਰਕਿੰਗ ਜਰਨਲਿਸਟ ਐਕਟ ਅਧੀਨ ਪੱਤਰਕਾਰਾਂ ਦੇ ਕਾਨੂੰਨੀ ਹੱਕ ਬਹਾਲ ਕਰਨ ਦੀ ਮੰਗ ਕੀਤੀ ਗਈ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਮਲਕੀਤ ਸਿੰਘ ਟੋਨੀ ਛਾਬੜਾ ਤੇ ਕੁਲਦੀਪ ਸਿੰਘ ਬਰਾੜ ਨੇ ਕਿਹਾ ਕਿ ਡਿਜੀਟਲ ਪੱਤਰਕਾਰਾਂ 'ਤੇ ਵਧ ਰਹੀ ਸਰੀਰਕ ਹਿੰਸਾ ਤੇ ਕੰਮ ਦੌਰਾਨ ਪੇਸ਼ ਆ ਰਹੀਆਂ ਮੁਸ਼ਕਲਾਂ ਨੂੰ ਰੋਕਣ ਲਈ ਕੇਂਦਰੀ ਸੁਰੱਖਿਆ ਕਾਨੂੰਨ ਬਣਾਉਣਾ ਜ਼ਰੂਰੀ ਹੈ।ਉਨ੍ਹਾਂ ਗਰਾਊਂਡ ਪੱਧਰ 'ਤੇ ਕੰਮ ਕਰਦੇ ਪੱਤਰਕਾਰਾਂ ਨੂੰ ਮੁਫ਼ਤ ਬੱਸ ਸਫ਼ਰ ਦੀ ਸਹੂਲਤ ਦੇਣ ਤੇ ਸਰਕਾਰੀ ਰੇਟਾਂ 'ਤੇ ਰਿਹਾਇਸ਼ੀ ਪਲਾਟ ਮੁਹੱਈਆ ਕਰਵਾਉਣ ਦੀ ਮੰਗ ਵੀ ਕੀਤੀ।ਆਗੂਆਂ ਨੇ ਕਿਹਾ ਕਿ ਪੱਤਰਕਾਰਾਂ ਦੀ ਸੁਰੱਖਿਆ ਤੇ ਭਲਾਈ ਨਾਲ ਸਬੰਧਤ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਦਾ ਜਲਦ ਹੱਲ ਕੀਤਾ ਜਾਣਾ ਚਾਹੀਦਾ ਹੈ।ਇਸ ਮੌਕੇ ਹਰਪ੍ਰੀਤ ਮਹਿਮੀ, ਹੈਪੀ ਕਾਠਪਾਲ, ਬੰਪਲ ਭਟੇਜਾ ਤੇ ਡਾ. ਰਕੇਸ਼ ਉਤਰੇਜਾ ਸਮੇਤ ਹੋਰ ਪੱਤਰਕਾਰ ਹਾਜ਼ਰ ਸਨ।

## 10 ਦੀ ਸੰਗਰੂਰ ਰੈਲੀ ਲਈ ਪੈਨਸ਼ਨਰਾਂ ਨੇ ਕੱਸਿਆ ਕਮਰਕੱਸਾ

### ਸਰਕਾਰ ਦੇ ਮੁਲਾਜ਼ਮ-ਪੈਨਸ਼ਨਰ ਮੰਗਾਂ ਪ੍ਰਤੀ ਰਵੱਈਏ ਦੀ ਕੀਤੀ ਨਿੰਦਾ



**ਭਵਾਨੀਗੜ੍ਹ (ਰਾਜ ਖੁਰਮੀ)**-ਗੌਰਮਿੰਟ ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਭਵਾਨੀਗੜ੍ਹ ਦੀ ਇੱਕ ਹੰਗਾਮੀ ਮੀਟਿੰਗ ਪੈਨਸ਼ਨਰ ਦਫ਼ਤਰ ਵਿਖੇ ਐਸੋਸੀਏਸ਼ਨ ਦੇ ਪ੍ਰਧਾਨ ਸਤਨਾਮ ਸਿੰਘ ਸੰਧੂ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਸਾਂਝਾ ਮੁਲਾਜ਼ਮ ਪੈਨਸ਼ਨਰ ਫਰੰਟ ਵੱਲੋਂ 10 ਅਕਤੂਬਰ ਨੂੰ ਸੰਗਰੂਰ ਵਿਖੇ ਮੁੱਖ ਮੰਤਰੀ ਦੀ ਰਿਹਾਇਸ਼ ਅੱਗੇ ਕੀਤੀ ਜਾ ਰਹੀ ਰੈਲੀ ਦੀਆਂ ਤਿਆਰੀਆਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਮੀਟਿੰਗ ਵਿੱਚ ਹਾਜ਼ਰ ਪੈਨਸ਼ਨਰ ਆਗੂਆਂ ਤੇ ਮੈਂਬਰਾਂ ਵਿੱਚ ਰੈਲੀ ਨੂੰ ਲੈ ਕੇ ਭਾਰੀ ਉਤਸ਼ਾਹ ਪਾਇਆ ਗਿਆ।ਬੁਲਾਰਿਆਂ ਨੇ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਪ੍ਰਤੀ ਅਪਣਾਏ ਜਾ ਰਹੇ ਕਥਿਤ ਹਠਧਰਮੀ ਵਾਲੇ ਰਵੱਈਏ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ।ਮੀਟਿੰਗ ਦੌਰਾਨ ਸਮੂਹ ਹਾਜ਼ਰੀਨ ਨੇ 10 ਅਕਤੂਬਰ ਦੀ ਸੰਗਰੂਰ ਰੈਲੀ ਵਿੱਚ ਵੱਧ ਤੋਂ ਵੱਧ ਪੈਨਸ਼ਨਰ ਸਾਥੀਆਂ ਦੀ ਸ਼ਮੂਲੀਅਤ ਯਕੀਨੀ ਬਣਾਉਣ ਦਾ ਅਹਿਦ ਕੀਤਾ।ਆਗੂਆਂ ਨੇ ਕਿਹਾ ਕਿ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਸਰਕਾਰ ਤੱਕ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਦੀ ਆਵਾਜ਼ ਪਹੁੰਚਾਈ ਜਾਵੇਗੀ।ਮੀਟਿੰਗ ਦਾ ਸੰਚਾਲਨ ਐਸੋਸੀਏਸ਼ਨ ਦੇ ਜਨਰਲ ਸਕੱਤਰ ਕੇਵਲ ਸਿੰਘ ਸਿੱਧੂ ਨੇ ਕੀਤਾ।ਇਸ ਮੌਕੇ ਪ੍ਰਧਾਨ ਸਤਨਾਮ ਸਿੰਘ ਸੰਧੂ ਤੋਂ ਇਲਾਵਾ ਜ਼ਿਲ੍ਹਾ ਸਕੱਤਰ ਜਨਰਲ ਸੁਖਦੇਵ ਸਿੰਘ, ਮੁੱਖ ਸਰਪ੍ਰਸਤ ਚਰਨ ਸਿੰਘ ਚੋਪੜਾ ਤੇ ਵਿੱਤ ਸਕੱਤਰ ਬਲਕਾਰ ਸਿੰਘ ਨੇ ਵੀ ਸੰਬੋਧਨ ਕੀਤਾ।

## ਗੋਪੀ ਰਾਊਕੇ ਨੂੰ ਗਹਿਰਾ ਸਦਮਾ, ਜੀਜੇ ਦਾ ਦਿਹਾਂਤ



**ਮੋਗਾ (ਇਕਬਾਲ ਸਿੰਘ ਖਹਿਰਾ)**-ਅਦਾਰਾ 'ਜਗ ਬਾਣੀ-ਪੰਜਾਬ ਕੇਸਰੀ' ਜ਼ਿਲ੍ਹਾ ਮੋਗਾ ਦੇ ਇੰਚਾਰਜ ਗੋਪੀ ਰਾਊਕੇ ਨੂੰ ਉਸ ਵੇਲੇ ਗਹਿਰਾ ਸਦਮਾ ਪੁੱਜਾ, ਜਦੋਂ ਉਨ੍ਹਾਂ ਦੇ ਜੀਜਾ ਬਲਜੀਤ ਸਿੰਘ ਦਾ ਭਰ ਜਵਾਨੀ ਵਿੱਚ ਦਿਹਾਂਤ ਹੋ ਗਿਆ।ਉਹ ਆਪਣੇ ਪਿੱਛੇ ਅਧਿਆਪਕਾ ਪਤਨੀ ਜਸਪ੍ਰੀਤ ਕੌਰ ਅਤੇ ਦੋ ਬੱਚਿਆਂ ਅਰਮਾਨ ਸਿੰਘ ਤੇ ਧੀ ਮਨਵੀਰ ਕੌਰ ਨੂੰ ਛੱਡ ਗਏ।ਇਸ ਦੁੱਖ ਦੀ ਘੜੀ ਵਿੱਚ ਮਾਸਟਰ ਪਵਿੱਤਰ ਸਿੰਘ ਤੇ ਸਮੂਹ ਪਰਿਵਾਰ ਨਾਲ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਰਣਵਿੰਦਰ ਸਿੰਘ ਪੱਪੂ ਰਾਮੂੰਵਾਲਾ, ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਭੁੱਲਰ ਤਲਵੰਡੀ ਭੰਗੇਰੀਆਂ, ਐਡਵੋਕੇਟ ਰਮੇਸ਼ ਗਰੋਵਰ, ਕਾਂਗਰਸ ਹਲਕਾ ਮੋਗਾ ਦੀ ਇੰਚਾਰਜ ਮਾਲਵਿਕਾ ਸੂਦ, ਭੁਪਿੰਦਰ ਸਿੰਘ ਸਾਹੋਕੇ ਹਲਕਾ ਇੰਚਾਰਜ ਨਿਹਾਲ ਸਿੰਘ ਵਾਲਾ, ਐਡਵੋਕੇਟ ਪਰਮਪਾਲ ਸਿੰਘ ਤਖ਼ਤੂਪੁਰਾ ਮੈਂਬਰ ਪੀ. ਪੀ. ਸੀ. ਸੀ., ਸਾਬਕਾ ਮੰਤਰੀ ਡਾ. ਮਾਲਤੀ ਥਾਪਰ, ਡਾ. ਪਵਨ ਥਾਪਰ, ਸੀਨੀਅਰ ਭਾਜਪਾ ਆਗੂ ਡਾ. ਸਿਮਾਂਤ ਗਰਗ, ਪ੍ਰਵੀਨ ਗਰਗ ਚੇਅਰਮੈਨ ਆਈ. ਐੱਸ. ਐੱਫ. ਕਾਲਜ, ਪ੍ਰਧਾਨ ਰਿਸ਼ੂ ਅਗਰਵਾਲ, ਸਰਪੰਚ ਜਸਪ੍ਰੀਤ ਸਿੰਘ ਵਿੱਕੀ ਸੰਤ ਨਗਰ, ਲਾਭ ਸਿੰਘ ਆਹਲੂਵਾਲੀਆਂ ਸੇਵਾਦਾਰ ਹਲਕਾ ਮੋਗਾ, ਜ਼ਿਲ੍ਹਾ ਪ੍ਰਧਾਨ ਕਾਂਗਰਸ ਹਰੀ ਸਿੰਘ ਖਾਈ, ਜਗਸੀਰ ਸਿੰਘ ਕਾਲੇਕੇ ਸੇਵਾਦਾਰ ਹਲਕਾ ਬਾਘਾ ਪੁਰਾਣਾ, ਅਕਾਲੀ ਦਲ ਦੇ ਜ਼ਿਲ੍ਹਾ ਸ਼ਹਿਰੀ ਪ੍ਰਧਾਨ ਖਣਮੁੱਖ ਭਾਰਤੀ ਪੱਤੋਂ, ਥਾਣੇਦਾਰ ਕਮਲਜੀਤ ਸਿੰਘ ਰਣਸੀਂਹ, ਹਰਦੀਪ ਸਿੰਘ ਰਾਊਕੇ, ਅੰਮ੍ਰਿਤਪਾਲ ਸਿੰਘ ਗਿੱਲ, ਸਾਬਕਾ ਚੇਅਰਮੈਨ ਵਿਨੋਦ ਬਾਂਸਲ, ਪ੍ਰਧਾਨ ਪ੍ਰਮਿੰਦਰ ਡਿੰਪਲ, ਦਵਿੰਦਰਪਾਲ ਸਿੰਘ ਰਿੰਪੀ ਚੇਅਰਮੈਨ ਕੈਂਬ੍ਰਿਜ ਸਕੂਲ, ਐਡਵੋਕੇਟ ਰਵਿੰਦਰ ਸਿੰਘ ਰਵੀ ਗਰੇਵਾਲ, ਪ੍ਰਧਾਨ ਇੰਦਰਪ੍ਰੀਤ ਸਿੰਘ ਬੰਟੀ, ਸੀਨੀਅਰ ਪੱਤਰਕਾਰ ਓ. ਪੀ. ਆਜ਼ਾਦ, ਪੱਤਰਕਾਰ ਸੁਰਿੰਦਰ ਸਿੰਘ ਮਾਨ, ਭੁਪਿੰਦਰ ਸਿੰਘ ਜੌੜਾ, ਸਰਪੰਚ ਪੱਪੂ ਜੋਸ਼ੀ ਹਿੰਮਤਪੁਰਾ, ਦਲਜੀਤ ਮੌਂਟੀ, ਵਿਪਨ ਗਰੋਵਰ, ਆਸ਼ੂ ਹਾਂਡਾ ਤੋਂ ਇਲਾਵਾ ਵੱਖ-ਵੱਖ ਰਾਜਸੀ, ਸਮਾਜਿਕ ਤੇ ਧਾਰਮਿਕ ਸ਼ਖਸੀਅਤਾਂ ਨੇ ਵੀ ਵਿੱਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਹੈ।ਬਲਜੀਤ ਸਿੰਘ ਕਲਾਲ ਮਾਜਰਾ ਨਮਿੱਤ ਰਖਾਏ ਗਏ ਪਾਠ ਦਾ ਭੋਗ ਤੇ ਅੰਤਿਮ ਅਰਦਾਸ 8 ਅਕਤੂਬਰ ਨੂੰ 12 ਤੋਂ 2 ਤੱਕ ਪਿੰਡ ਕਲਾਲ ਮਾਜਰਾ ਗੁਰਦੁਆਰਾ ਸਾਹਿਬ ਨੇੜੇ ਮਹਿਲ ਕਲਾਂ ਵਿਖੇ ਹੋਵੇਗੀ।

## ਬਾਬਾ ਸ਼ੇਖ ਫਰੀਦ ਕੁਸ਼ਤੀ ਅਖਾੜੇ ਨੇ ਜਿੱਤੇ 15 ਸੋਨ ਤਮਗੇ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਬੀਤੇ ਦਿਨੀਂ ਮੋਗਾ ਵਿਖੇ ਕਰਵਾਈਆਂ ਗਈਆਂ ਜ਼ਿਲ੍ਹਾ ਪੱਧਰੀ 'ਖੇਡਾਂ ਵਤਨ ਪੰਜਾਬ ਦੀਆਂ' ਵਿੱਚ ਹਲਕਾ ਨਿਹਾਲ ਸਿੰਘ ਵਾਲਾ ਦੇ ਪਿੰਡ ਧੂੜਕੋਟ ਰਣਸੀਂਹ ਸਥਿਤ ਬਾਬਾ ਸ਼ੇਖ ਫਰੀਦ ਕੁਸ਼ਤੀ ਅਖਾੜੇ ਦੇ ਪਹਿਲਵਾਨ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਵੱਖ-ਵੱਖ ਭਾਰ ਵਰਗਾਂ ਵਿੱਚ ਲੜਕੇ ਤੇ ਲੜਕੀਆਂ ਦੋਵਾਂ ਸ਼੍ਰੇਣੀਆਂ ਵਿੱਚ 15 ਸੋਨ ਤਮਗੇ ਜਿੱਤ ਕੇ ਆਪਣੇ ਅਖਾੜੇ, ਕੋਚ, ਪਿੰਡ, ਹਲਕੇ ਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ।

ਇਨ੍ਹਾਂ ਜ਼ਿਲ੍ਹਾ ਪੱਧਰੀ ਖੇਡਾਂ ਦੌਰਾਨ ਅਖਾੜੇ ਦੇ ਖਿਡਾਰੀਆਂ ਨੇ 8 ਚਾਂਦੀ ਦੇ ਤਮਗੇ ਵੀ ਆਪਣੇ ਨਾਮ ਕੀਤੇ।ਖਿਡਾਰੀਆਂ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਬਾਬਾ ਸ਼ੇਖ ਫਰੀਦ ਕੁਸ਼ਤੀ ਅਖਾੜੇ ਦੇ ਜਨਰਲ ਸਕੱਤਰ ਛਿੰਦਰ ਸਿੰਘ ਧੂੜਕੋਟ, ਸਰਪ੍ਰਸਤ ਬਾਬਾ ਚਮਕੌਰ ਸਿੰਘ, ਮੀਤ ਪ੍ਰਧਾਨ ਮਾਸਟਰ ਰਵਿੰਦਰ ਸਿੰਘ, ਬਲਾਕ ਸੰਮਤੀ ਮੈਂਬਰ ਮੁਖਤਿਆਰ ਸਿੰਘ, ਬੂਟਾ ਸਿੰਘ ਜੈਲਦਾਰ, ਐਡਵੋਕੇਟ ਦਲਜੀਤ ਸਿੰਘ, ਡਾਕਟਰ ਫਕੀਰ ਮੁਹੰਮਦ ਤੇ ਡਾਕਟਰ ਸ਼ਿਵਦੇਵ ਸਿੰਘ ਨੇ ਕੋਚ ਰੁਪਿੰਦਰ ਕੌਰ, ਖਿਡਾਰੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ।

## ਤੀਰਥ ਯਾਤਰਾ ਦੇ ਨਾਂ 'ਤੇ ਪੰਜਾਬ ਦੇ ਲੋਕਾਂ ਨਾਲ ਠੱਗੀ : ਹਰਿਆਊ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਵਿਧਾਨ ਸਭਾ ਹਲਕਾ ਸ਼ੁਤਰਾਣਾ ਤੋਂ ਕਾਂਗਰਸ ਪਾਰਟੀ ਦੀ ਸੰਭਾਵੀ ਉਮੀਦਵਾਰ ਪਲਵਿੰਦਰ ਕੌਰ ਹਰਿਆਊ ਨੇ ਮੁਫ਼ਤ ਤੀਰਥ ਯਾਤਰਾ ਸਕੀਮ ਤੇ ਸਵਾਲ ਚੁਕਦਿਆਂ ਕਿਹਾ ਹੈ ਕਿ ਦੂਜੇ ਸੂਬਿਆਂ ਤੋਂ ਕਰਾਏਂ ਤੇ ਬੱਸਾਂ ਮੰਗਵਾਉਣ ਕੇ 'ਆਪ' ਸਰਕਾਰ ਪੰਜਾਬ ਦਾ ਸਰਮਾਇਆ ਬਰਬਾਦ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਵੱਡੀ ਗਿਣਤੀ ਵਿੱਚ ਟਰਾਂਸਪੋਰਟਰ ਤੇ ਬੱਸ ਮਾਲਕਾਂ ਅਤੇ ਬੇਰੁਜ਼ਗਾਰ ਨੌਜਵਾਨਾਂ ਨੂੰ ਇਸ ਯੋਜਨਾ ਤਹਿਤ ਰੁਜ਼ਗਾਰ ਦਿੱਤਾ ਜਾ ਸਕਦਾ ਸੀ, ਪੰਜਾਬ ਸਰਕਾਰ ਨੇ ਸੂਬੇ ਦੇ ਟਰਾਂਸਪੋਰਟਰਾਂ ਨੂੰ ਕਥਿਤ ਤੌਰ 'ਤੇ ਅਣਗੌਲਿਆ ਕਰਕੇ ਆਪਣਿਆਂ ਨੂੰ ਲਾਭ ਪਹੁੰਚਾਇਆ ਹੈ। ਉਨ੍ਹਾਂ ਕਿਹਾ ਕਿ 'ਆਪ' ਨੇ ਸੱਤਾ ਸੰਭਾਲਣ ਤੋਂ ਪਹਿਲਾਂ ਪੰਜਾਬ ਨੂੰ ਕਰਜ਼ਾ ਮੁਕਤ ਕਰਨ ਤੇ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਦੇ ਵਾਅਦੇ ਕੀਤੇ ਸਨ।ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਆਪਣੇ ਵਾਅਦਿਆਂ 'ਤੇ ਖਰੀ ਨਹੀਂ ਉੱਤਰੀ।ਉਨ੍ਹਾਂ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਤੇ ਟਰਾਂਸਪੋਰਟਰਾਂ ਦੇ ਹਿੱਤਾਂ ਨੂੰ ਧਿਆਨ 'ਚ ਰੱਖਦਿਆਂ ਬਾਹਰਲੇ ਸੂਬਿਆਂ ਤੋਂ ਮੰਗਵਾਈਆਂ ਬੱਸਾਂ ਨੂੰ ਤੁਰੰਤ ਵਾਪਸ ਭੇਜ ਕੇ ਸੂਬੇ ਦੇ ਟਰਾਂਸਪੋਰਟਰਾਂ ਨੂੰ ਮੌਕਾ ਦਿੱਤਾ ਜਾਵੇ।ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਬੇਰੁਜ਼ਗਾਰਾਂ ਤੇ ਟਰਾਂਸਪੋਰਟਰਾਂ ਦੇ ਹੱਕ ਵਿੱਚ ਆਵਾਜ਼ ਉਠਾਉਣ, ਕਾਂਗਰਸ ਉਨ੍ਹਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਸੰਘਰਸ਼ ਕਰੇਗੀ।

## ਰਾਮਪੁਰ ਮੰਡੇਰ 'ਚ ਹੈੱਲਥ ਐਂਡ ਵੈੱਲਨੈੱਸ ਸੈਂਟਰ ਦਾ ਉਦਘਾਟਨ



**ਬੋਹਾ (ਨਿਰੰਜਣ ਬੋਹਾ)**

ਹਲਕਾ ਬੁਢਲਾਡਾ ਦੇ ਪਿੰਡ ਰਾਮਪੁਰ ਮੰਡੇਰ ਵਿਖੇ ਤਿਆਰ ਕੀਤੇ ਗਏ ਹੈਲਥ ਐਂਡ ਵੈੱਲਨੈੱਸ ਸੈਂਟਰ ਦਾ ਉਦਘਾਟਨ ਹਲਕਾ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਵੱਲੋਂ ਕੀਤਾ ਗਿਆ।ਇਸ ਮੌਕੇ ਉਨ੍ਹਾਂ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਮਿਆਰੀ ਤੇ ਮੁਫ਼ਤ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾ ਕਿਹਾ ਕਿ ਰਾਮਪੁਰ ਮੰਡੇਰ ਵਿਖੇ ਬਣੇ ਇਸ ਸਿਹਤ ਕੇਂਦਰ ਵਿੱਚ ਲੋਕਾਂ ਲਈ ਮੁਫ਼ਤ ਦਵਾਈਆਂ ਤੇ ਬਿਹਤਰ ਸਿਹਤ ਸੇਵਾਵਾਂ ਉਪਲਬਧ ਕਰਵਾਈਆਂ ਜਾਣਗੀਆਂ।ਉਨ੍ਹਾਂ ਦੱਸਿਆ ਕਿ ਕੇਂਦਰ ਲਈ ਦਵਾਈਆਂ ਵੀ ਪਹੁੰਚ ਚੁੱਕੀਆਂ ਹਨ, ਜਿਸ ਨਾਲ ਇਲਾਕੇ ਦੇ ਲੋਕਾਂ ਨੂੰ ਇਲਾਜ ਲਈ ਦੂਰ-ਦੁਰਾਡੇ ਜਾਣ ਦੀ ਲੋੜ ਨਹੀਂ ਪਵੇਗੀ।ਉਨ੍ਹਾਂ ਦੱਸਿਆ ਕਿ ਇਲਾਕੇ ਵਿੱਚ 6.30 ਕਰੋੜ ਰੁਪਏ ਦੀ ਲਾਗਤ ਨਾਲ 18 ਸਿਹਤ ਕੇਂਦਰਾਂ ਦੀਆਂ ਇਮਾਰਤਾਂ ਦੀ ਉਸਾਰੀ ਕੀਤੀ ਗਈ ਹੈ।ਵਿਧਾਇਕ ਨੇ ਦੱਸਿਆ ਕਿ ਜਿੱਥੇ ਬੋਹਾ ਖੇਤਰਾਂ ਦੀਆਂ ਸੜਕਾਂ ਦੇ ਨਿਰਮਾਣ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ, ਉੱਥੇ 22 ਕਰੋੜ ਰੁਪਏ ਦੀ ਲਾਗਤ ਨਾਲ ਨਵੀਂ ਨਹਿਰ ਦਾ ਨਿਰਮਾਣ ਕਰਕੇ ਹਾਕਮਵਾਲਾ ਤੇ ਭੀਮੜਾ ਨੂੰ ਵੱਧ ਨਹਿਰੀ ਪਾਣੀ ਮੁਹੱਈਆ ਕਰਵਾਇਆ ਗਿਆ ਹੈ।ਉਨ੍ਹਾਂ ਭਰੋਸਾ ਦਿੱਤਾ ਕਿ ਝੋਨੇ ਦੇ ਦਾਣੇ-ਦਾਣੇ ਦੀ ਖਰੀਦ ਕੀਤੀ ਜਾਵੇਗੀ ਤੇ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਵਿੱਚ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਬੋਹਾ ਦੇ ਹਸਪਤਾਲ ਨੂੰ ਅੱਪਗ੍ਰੇਡ ਕੀਤਾ ਜਾ ਰਿਹਾ ਹੈ, ਜਦਕਿ ਬੋਹਾ ਵਿਖੇ 50 ਲੱਖ ਰੁਪਏ ਦੀ ਲਾਗਤ ਨਾਲ ਖੇਡ ਸਟੇਡੀਅਮ ਵੀ ਬਣਾਇਆ ਜਾ ਰਿਹਾ ਹੈ।ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਹਲਕੇ ਦੇ 41 ਪਿੰਡਾਂ ਵਿੱਚ ਲਗਭਗ 15 ਕਰੋੜ ਰੁਪਏ ਦੀ ਲਾਗਤ ਨਾਲ ਖੇਡ ਸਟੇਡੀਅਮ ਬਣਾਏ ਗਏ ਹਨ।ਇਸ ਮੌਕੇ ਸਰਪੰਚ ਭੋਲਾ ਸਿੰਘ ਤੇ ਮਾਸਟਰ ਪਰਮਿੰਦਰ ਸਿੰਘ ਵੱਲੋਂ ਪਿੰਡ ਵਾਸੀਆਂ ਵੱਲੋਂ ਪ੍ਰਿੰਸੀਪਲ ਬੁੱਧ ਰਾਮ ਦਾ ਧੰਨਵਾਦ ਕੀਤਾ ਗਿਆ।

## ਨੇਤਰਹੀਣ ਯੁਵਕ ਐਸੋਸੀਏਸ਼ਨ ਵੱਲੋਂ ਅਣਮਿੱਥੇ ਸਮੇਂ ਦਾ ਧਰਨਾ



**ਰਾਏਕੋਟ (ਸੰਤੋਖ ਗਿੱਲ)**

ਪੰਜਾਬ ਨੇਤਰਹੀਣ ਯੁਵਕ ਐਸੋਸੀਏਸ਼ਨ ਵੱਲੋਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਪ੍ਰਤੀ ਪੰਜਾਬ ਸਰਕਾਰ ਦੀ ਟਾਲਮਟੋਲ ਦੀ ਨੀਤੀ ਖ਼ਿਲਾਫ਼ ਦੇਰ ਸ਼ਾਮ ਲੁਧਿਆਣਾ-ਬਠਿੰਡਾ ਰਾਜ ਮਾਰਗ 'ਤੇ ਸਥਿਤ ਸਰਕਾਰੀ ਹਸਪਤਾਲ ਸੁਧਾਰ ਦੇ ਸਾਹਮਣੇ ਅਣਮਿੱਥੇ ਸਮੇਂ ਲਈ ਧਰਨਾ ਸ਼ੁਰੂ ਕਰ ਦਿੱਤਾ ਗਿਆ।ਐਸੋਸੀਏਸ਼ਨ ਦੀ ਜਨਰਲ ਸਕੱਤਰ ਗੁਰਪਿੰਦਰ ਕੌਰ ਅਤੇ ਚੇਅਰਮੈਨ ਕੁਲਦੀਪ ਸਿੰਘ ਦੀ ਅਗਵਾਈ ਹੇਠ ਧਰਨਾਕਾਰੀਆਂ ਨੇ ਪੰਜਾਬ ਸਰਕਾਰ ਵਿਰੁੱਧ ਨਾਅਰੇਬਾਜ਼ੀ ਕਰਦਿਆਂ ਤੁਰੰਤ ਮੰਗਾਂ ਪੂਰੀਆਂ ਕਰਨ ਦੀ ਮੰਗ ਕੀਤੀ ਹੈ।ਐਸੋਸੀਏਸ਼ਨ ਆਗੂਆਂ ਨੇ ਕਿਹਾ ਕਿ ਪਿਛਲੇ ਚਾਰ ਸਾਲਾਂ ਦੌਰਾਨ ਪੰਜਾਬ ਸਰਕਾਰ ਨਾਲ ਕਈ ਵਾਰ ਮੀਟਿੰਗਾਂ ਹੋਣ ਦੇ ਬਾਵਜੂਦ ਦਿਵਿਆਂਗ ਵਰਗ ਦੀਆਂ ਮੰਗਾਂ ਦਾ ਠੋਸ ਹੱਲ ਨਹੀਂ ਹੋ ਸਕਿਆ। ਉਨ੍ਹਾਂ ਮੰਗ ਕੀਤੀ ਕਿ ਦਿਵਿਆਂਗਾਂ ਲਈ ਬੈਕਲਾਗ ਦੀਆਂ 1666 ਅਸਾਮੀਆਂ ਵਿਸ਼ੇਸ਼ ਭਰਤੀ ਮੇਲਾ ਲਗਾ ਕੇ ਤੁਰੰਤ ਭਰੀਆਂ ਜਾਣ।ਉਨ੍ਹਾਂ ਕਿਹਾ ਕਿ ਸਿੱਖਿਆ ਵਿਭਾਗ ਵੱਲੋਂ ਕੱਢੀਆਂ ਗਈਆਂ 2000 ਪੀ.ਟੀ.ਆਈ ਅਸਾਮੀਆਂ ਵਿੱਚ ਦਿਵਿਆਂਗ ਕੋਟੇ ਦੀਆਂ 80 ਅਸਾਮੀਆਂ ਵਿੱਚੋਂ ਨੇਤਰਹੀਣਾਂ ਲਈ ਰਾਖਵੀਆਂ 20 ਅਸਾਮੀਆਂ ਨੂੰ ਬਰੇਲ ਲਿਪੀ ਦੇ ਆਧਾਰ 'ਤੇ ਤਬਦੀਲ ਕਰਕੇ ਉਨ੍ਹਾਂ ਨੂੰ ਰੋਜ਼ਗਾਰ ਦਾ ਮੌਕਾ ਦਿੱਤਾ ਜਾਵੇ।ਇਸ ਤੋਂ ਇਲਾਵਾ ਦਿਵਿਆਂਗ ਪੈਨਸ਼ਨ 1500 ਰੁਪਏ ਤੋਂ ਵਧਾ ਕੇ 5000 ਰੁਪਏ ਪ੍ਰਤੀ ਮਹੀਨਾ ਕਰਨ ਅਤੇ ਸਿਹਤ ਵਿਭਾਗ ਵਿੱਚ ਲੰਮੇ ਸਮੇਂ ਤੋਂ ਸੇਵਾਵਾਂ ਨਿਭਾ ਰਹੇ ਦਿਵਿਆਂਗ ਕ੍ਰਮਚਾਰੀਆਂ ਦੀਆਂ ਰੋਕੀਆਂ ਗਈਆਂ ਤਰੱਕੀਆਂ ਤੁਰੰਤ ਕਰਨ ਦੀ ਮੰਗ ਵੀ ਕੀਤੀ ਗਈ।

ਆਗੂਆਂ ਅਨੁਸਾਰ ਐਸੋਸੀਏਸ਼ਨ ਦਾ ਵਫ਼ਦ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨਾਲ ਮੁਲਾਕਾਤ ਕਰਕੇ ਆਪਣੀਆਂ ਮੰਗਾਂ ਰੱਖ ਚੁੱਕਾ ਹੈ ਅਤੇ ਮੰਗਾਂ ਜਲਦ ਪੂਰੀਆਂ ਕਰਨ ਦਾ ਭਰੋਸਾ ਵੀ ਮਿਲਿਆ ਸੀ, ਪਰ ਅਮਲੀ ਕਾਰਵਾਈ ਨਾ ਹੋਣ ਕਾਰਨ ਉਨ੍ਹਾਂ ਨੂੰ ਮੁੜ ਸੰਘਰਸ਼ ਦਾ ਰਾਹ ਅਖ਼ਤਿਆਰ ਕਰਨਾ ਪਿਆ। ਧਰਨਾਕਾਰੀਆਂ ਵੱਲੋਂ ਆਪਣਾ ਮੰਗ ਪੱਤਰ ਐੱਸ ਐੱਮ ਓ ਸੁਧਾਰ ਡਾ. ਦਵਿੰਦਰ ਕੁਮਾਰ ਸੰਧੂ ਨੂੰ ਸੌਂਪਿਆ ਗਿਆ।ਐਸੋਸੀਏਸ਼ਨ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਮੰਗਾਂ ਦਾ ਜਲਦ ਨਿਪਟਾਰਾ ਨਾ ਕੀਤਾ ਤਾਂ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ।

## ਕਿਸਾਨਾਂ ਵੱਲੋਂ ਦੂਜੇ ਦਿਨ ਵੀ ਡੀ ਸੀ ਦਫਤਰਾਂ ਦਾ ਮੁਕੰਮਲ ਘਿਰਾਓ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਕਿਸਾਨਾਂ ਮਜ਼ਦੂਰਾਂ ਦੀਆਂ ਬੁਨਿਆਦੀ 13 ਮੰਗਾਂ ਨੂੰ ਲੈ ਕੇ ਕੱਲ੍ਹ ਤੋਂ ਚੱਲ ਰਹੇ ਡੀ ਸੀ ਦਫਤਰ ਦੇ ਘਿਰਾਓ ਦੌਰਾਨ ਮੰਗਲਵਾਰ ਦੂਜੇ ਦਿਨ ਕਿਸਾਨਾਂ ਨੇ ਸਵੇਰ ਤੋਂ ਹੀ ਸਾਰੇ ਗੇਟਾਂ ਦਾ ਮੁਕੰਮਲ ਘਿਰਾਓ ਕਰ ਲਿਆ ਤੇ ਕਿਸੇ ਵੀ ਅਧਿਕਾਰੀ ਜਾਂ ਮੁਲਾਜ਼ਮ ਨੂੰ ਅੰਦਰ ਜਾਣ ਨਹੀਂ ਦਿੱਤਾ।ਇਸ ਦੌਰਾਨ ਰਾਤ ਨੂੰ ਵੱਡੀ ਗਿਣਤੀ ਵਿੱਚ ਔਰਤਾਂ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਪੁਤਲੇ ਫੂਕ ਕੇ ਪੰਜਾਬ ਸਰਕਾਰ ਦੇ ਪਿੱਟ ਸਿਆਪੇ ਕੀਤੇ ਤੇ ਡੀ ਸੀ ਦੀ ਰਿਹਾਇਸ਼ ਅੱਗੇ ਜਗਰਾਤਾ ਕਰਦਿਆਂ ਪੰਜਾਬ ਤੇ ਕੇਂਦਰ ਸਰਕਾਰ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਸੂਬਾ ਸੀਨੀਅਰ ਮੀਤ ਪ੍ਰਧਾਨ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇੱਕ ਵਾਰ ਪੰਜਾਬ ਦੇ ਤਿੰਨ ਕੈਬਨਿਟ ਮੰਤਰੀਆਂ ਅਮਨ ਅਰੋੜਾ, ਹਰਪਾਲ ਸਿੰਘ ਚੀਮਾ ਤੇ ਗੁਰਮੀਤ ਸਿੰਘ ਖੁੱਡੀਆਂ ਨਾਲ 13 ਅਕਤੂਬਰ ਨੂੰ ਮੀਟਿੰਗ ਦਾ ਲਿਖਤੀ ਸੱਦਾ ਪੱਤਰ ਰਾਹੀਂ ਭਰੋਸਾ ਦਿੱਤਾ ਹੈ, ਉਦੋਂ ਤੱਕ ਅਗਲੇ ਐਲਾਨ ਤੇ ਐਕਸ਼ਨ ਨੂੰ ਰੋਕਿਆ ਗਿਆ ਹੈ ਅਤੇ ਚੱਲ ਰਿਹਾ ਧਰਨਾ ਸਮਾਪਤ ਕਰ ਦਿੱਤਾ ਹੈ।ਕਿਸਾਨ ਆਗੂਆਂ ਨੇ ਕਿਹਾ ਕਿ ਮੀਟਿੰਗ ਦੌਰਾਨ ਜੇਕਰ ਕਿਸਾਨਾਂ ਦੀਆਂ ਮੰਗਾਂ ਦਾ ਸਰਕਾਰ ਨੇ ਤਸੱਲੀਬਖਸ਼ ਹੱਲ ਨਾ ਕੀਤਾ ਤਾਂ ਫੌਰੀ ਅਗਲੇ ਤਿੱਖੇ ਐਲਾਨ ਕੀਤਾ ਜਾਵੇਗਾ।ਬੁਲਾਰਿਆਂ ਨੇ ਇੱਕ ਮੱਤ ਹੋ ਕੇ ਕਿਹਾ ਕਿ ਸਰਕਾਰ ਟਾਲ ਮਟੋਲ ਦੀ ਨੀਤੀ ਰਾਹੀਂ ਸਮਾਂ ਲੰਘਾਉਣਾ ਚਾਹੁੰਦੀ ਹੈ, ਜਿਸ ਸੰਬੰਧੀ ਉਨ੍ਹਾਂ ਸਖਤ ਲਹਿਜੇ ਵਿੱਚ ਕਿਹਾ ਕਿ ਸਰਕਾਰ ਇਨ੍ਹਾਂ ਮੰਗਾਂ ਨੂੰ ਫੌਰੀ ਹੱਲ ਕਰੇ ਨਹੀਂ ਕਿਸਾਨਾਂ ਦੇ ਤਿੱਖੇ ਰੋਹ ਦਾ ਸਾਹਮਣਾ ਕਰਨ ਲਈ ਤਿਆਰ ਰਹੇ।ਉਨ੍ਹਾਂ ਸਮੂਹ ਕਿਸਾਨਾਂ ਮਜ਼ਦੂਰਾਂ ਨੂੰ ਅਪੀਲ ਕੀਤੀ ਕਿ ਆਪਣੀਆਂ ਮੰਗਾਂ ਮਨਵਾਉਣ ਲਈ ਉਹ ਪਰਿਵਾਰਾਂ ਸਮੇਤ ਸੰਘਰਸ਼ਾਂ ਦੇ ਮੈਦਾਨ 'ਚ ਆਉਣ ਲਈ ਤਿਆਰ ਰਹਿਣ।ਅੱਜ ਦੇ ਇਕੱਠਾਂ ਨੂੰ ਸੂਬਾ ਸਕੱਤਰ ਸ਼ਿੰਗਾਰਾ ਸਿੰਘ ਮਾਨ, ਔਰਤ ਆਗੂ ਹਰਿੰਦਰ ਬਿੰਦੂ ਕਰਮਜੀਤ ਕੌਰ ਲਹਿਰਾਖਾਨਾ, ਮਾਲਣ ਕੌਰ ਕੋਠਾ ਗੁਰੂ, ਹਰਪ੍ਰੀਤ ਕੌਰ ਜੇਠੂ ਕੇ, ਪਰਮਜੀਤ ਕੌਰ ਪਿੱਥੋ, ਹਰਜਿੰਦਰ ਸਿੰਘ ਬੱਗੀ ਜਗਸੀਰ ਸਿੰਘ ਝੁੰਬਾ ਸਮੇਤ ਬਲਾਕਾਂ ਦੇ ਪ੍ਰਧਾਨ ਸਕੱਤਰਾਂ ਨੇ ਸੰਬੋਧਨ ਕੀਤਾ।

**ਮੋਗਾ (ਇਕਬਾਲ ਸਿੰਘ ਖਹਿਰਾ)** : ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਕਮੇਟੀ ਮੋਗਾ ਵੱਲੋਂ ਸੂਬਾ ਕਮੇਟੀ ਦੇ ਫੈਸਲੇ ਨੇ ਫੈਸਲੇ ਅਨੁਸਾਰ ਅੱਜ ਫਿਰ ਡਿਪਟੀ ਕਮਿਸ਼ਨਰ ਮੋਗਾ ਦੇ ਦਫਤਰ ਦੇ ਦੋਨਾਂ ਗੇਟਾਂ ਦਾ ਮੁਕੰਮਲ ਘਿਰਾਓ ਕੀਤਾ ਗਿਆ। ਧਰਨੇ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਜਨਰਲ ਸੱਕਤਰ ਗੁਰਮੀਤ ਸਿੰਘ ਕਿਸ਼ਨਪੁਰਾ, ਜ਼ਿਲ੍ਹਾ ਵਿੱਤ ਸਕੱਤਰ ਬਲੌਰ ਸਿੰਘ ਘੱਲਕਲਾਂ, ਜ਼ਿਲ੍ਹਾ ਮੀਤ ਪ੍ਰਧਾਨ ਕੁਲਦੀਪ ਕੌਰ ਕੁੱਸਾ ਤੇ ਬਲਾਕ ਮੋਗਾ ਦੋ ਦੇ ਪ੍ਰਧਾਨ ਇਕਬਾਲ ਸਿੰਘ ਸਿਘਾਂਵਾਲਾ ਨੇ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਹੋਵੇ ਜਾਂ ਕੇਂਦਰ ਦੀ ਮੋਦੀ ਸਰਕਾਰ, ਦੋਵੇਂ ਸਰਕਾਰਾਂ ਵਿੱਚ ਕੋਈ ਫਰਕ ਨਹੀਂ ਹੈ, ਦੋਵੇਂ ਹੀ ਸਰਕਾਰਾਂ ਕਿਸਾਨਾਂ ਦੇ ਮੰਗਾਂ ਮਸਲਿਆਂ ਨੂੰ ਮੰਨਣ ਦੀ ਬਜਾਏ ਘੇਸਲ ਮਾਰ ਕੇ ਬੈਠੀਆਂ ਹਨ। ਕਿਸਾਨਾਂ ਦੀ ਮੰਗ ਹੈ ਕਿ ਵਿਧਾਨ ਸਭਾ ਦਾ ਸੈਸ਼ਨ ਬੁਲਾ ਕੇ ਸਰਕਾਰ ਲੈਂਡ ਪੋਲਿੰਗ ਨੀਤੀ ਰੱਦ ਕਰੇ, ਡਰੋਨਾਂ ਰਾਹੀਂ ਕੀਤੇ ਜਾ ਰਹੇ ਸਰਵੇ ਬੰਦ ਕੀਤੇ ਜਾਣ, ਆਬਾਦਕਾਰਾਂ ਤੇ ਜ਼ਮੀਨਾਂ ਦੇ ਮਾਲਕ ਕਿਸਾਨਾਂ ਮਜ਼ਦੂਰਾਂ ਨੂੰ ਮਾਲਕੀ ਦੇਣ ਦਾ ਕਾਨੂੰਨ ਬਣਾਇਆ ਜਾਵੇ, ਕਿਸਾਨਾਂ ਮਜ਼ਦੂਰਾਂ ਸਿਰ ਚੜ੍ਹੇ ਕਰਜ਼ੇ ਖਤਮ ਕੀਤੇ ਜਾਣ ਤੇ ਸੂਦਖੋਰੀ ਨੂੰ ਨੱਥ ਪਾਉਣ ਦਾ ਕਿਸਾਨ ਮਜ਼ਦੂਰ ਪੱਖੀ ਕਾਨੂੰਨ ਬਣਾਇਆ ਜਾਵੇ, ਕਰਜ਼ੇ ਤੇ ਆਰਥਿਕ ਤੰਗੀਆਂ ਤੋਂ ਪੀੜਤ ਖੁਦਕੁਸ਼ੀਆਂ ਕਰ ਚੁੱਕੇ ਮੈਂਬਰਾਂ ਦੇ ਪਰਿਵਾਰਾਂ ਨੂੰ 10 ਲੱਖ ਪ੍ਰਤੀ ਪਰਿਵਾਰ ਮੁਆਵਜ਼ਾ ਦੇਣ ਦਾ ਕਾਨੂੰਨ ਬਣਾਇਆ ਜਾਵੇ। ਆਗੂਆਂ ਨੇ ਕਿਹਾ ਕਿ ਦਰਿਆਈ ਪਾਣੀਆਂ ਦੀ ਵੰਡ ਦੇ ਮੁੱਦੇ ਨੂੰ ਭੜਕਾ ਕੇ ਦੇਸ਼ ਦੇ ਕਿਸਾਨਾਂ ਨੂੰ ਆਪਸ ਵਿੱਚ ਲੜਾਉਣ ਦੀ ਬਜਾਏ ਆਪਸੀ ਭਾਈਚਾਰਕ ਸਾਂਝ ਕਾਇਮ ਰੱਖਦੇ ਹੋਏ ਰੀਪੇਰੀਅਨ ਕਾਨੂੰਨ ਤੇ ਬੇਸਣ ਸਿਧਾਂਤ ਮੁਤਾਬਕ ਨਿਰਪੱਖ ਮਾਹਰਾਂ ਵੱਲੋਂ ਹੱਲ ਕੀਤਾ ਜਾਵੇ। ਆਗੂਆਂ ਨੇ ਕਿਹਾ ਕਿ ਡਿਪਟੀ ਕਮਿਸ਼ਨਰ ਮੋਗਾ ਦੇ ਦਫਤਰ ਦੇ ਦੋਨਾਂ ਗੇਟਾਂ ਦਾ ਘਿਰਾਓ ਅਣਮਿੱਥੇ ਸਮੇਂ ਲਈ ਜਾਰੀ ਰਵੇਗਾ। ਅੱਜ ਦੇ ਧਰਨੇ ਨੂੰ ਉਪਰੋਕਤ ਤੋਂ ਬਿਨਾਂ ਹੋਰਨਾਂ ਨੇ ਵੀ ਸੰਬੋਧਨ ਕੀਤਾ।

## ਮਿਲਾਵਟਖੋਰ ਬਖ਼ਸ਼ੇ ਨਹੀਂ ਜਾਣਗੇ : ਡਾ. ਗੁਰਪ੍ਰੀਤ ਕੌਰ



**ਨਾਭਾ (ਅਮਨ ਗਰਗ)**-ਤਿਉਹਾਰੀ ਸੀਜ਼ਨ ਤੋਂ ਪਹਿਲਾਂ ਮਿਲਾਵਟਖੋਰਾਂ ਵੱਲੋਂ ਲੋਕਾਂ ਦੀ ਸਿਹਤ ਨਾਲ ਖਿਲਵਾੜ ਨਾ ਕੀਤਾ ਜਾ ਸਕੇ, ਇਸ ਸਬੰਧੀ ਸ਼ਹਿਰ ਅੰਦਰ ਦੁੱਧ ਨਾਲ ਬਣੀਆਂ ਚੀਜ਼ਾਂ ਦੀ ਮਿਲ ਰਹੀ ਸ਼ਿਕਾਇਤਾਂ ਦੇ ਮੱਦੇਨਜ਼ਰ ਫੂਡ ਸੇਫਟੀ ਅਫ਼ਸਰ ਡਾਕਟਰ ਗੁਰਪ੍ਰੀਤ ਕੌਰ ਦੀ ਅਗਵਾਈ ਹੇਠ ਸਿਹਤ ਵਿਭਾਗ ਦੀ ਟੀਮ ਨੇ ਦੁੱਧ ਦੀਆਂ ਡੇਅਰੀਆਂ 'ਤੇ ਰੇਡ ਮਾਰੀ। ਫੂਡ ਸੇਫਟੀ ਅਫਸਰ ਡਾਕਟਰ ਗੁਰਪ੍ਰੀਤ ਕੌਰ ਨੇ ਮਹੈਸ ਗੇਟ ਆਸੂ ਡੇਅਰੀ ਤੇ ਨਵੇਂ ਫੋਕਲ ਪੁਆਇੰਟ ਵਿਖੇ ਡੇਅਰੀ ਉੱਪਰ ਰੇਡ ਮਾਰ ਕੇ ਦੁੱਧ, ਪਨੀਰ ਤੇ ਦੁੱਧ ਨਾਲ ਬਣੇ ਪਦਾਰਥਾਂ ਦੇ ਸੈਂਪਲ ਭਰੇ। ਕੁੱਝ ਦਿਨ ਪਹਿਲਾਂ ਵੀ ਸਿਹਤ ਵਿਭਾਗ ਦੀ ਟੀਮ ਨੇ ਰੇਡ ਮਾਰੀ ਸੀ, ਪਰ ਇਸ ਦੌਰਾਨ ਜਿਹੜੀਆਂ ਦੁਕਾਨਾਂ ਉਸ ਸਮੇਂ ਬੰਦ ਕਰਕੇ ਚਲੇ ਗਏ ਸਨ, ਸਿਹਤ ਵਿਭਾਗ ਦੀ ਟੀਮ ਨੇ ਅੱਜ ਛਾਪੇਮਾਰੀ ਦੌਰਾਨ ਉਨ੍ਹਾਂ ਦੁਕਾਨਾਂ 'ਤੇ ਹੀ ਨਜ਼ਰ ਰੱਖੀ। ਸਿਹਤ ਵਿਭਾਗ ਦੀ ਟੀਮ ਨੇ ਦੁਕਾਨਦਾਰਾਂ ਨੂੰ ਚੇਤਾਵਨੀ ਦਿੱਤੀ ਕਿ ਕਿਸੇ ਵੀ ਮਿਲਾਵਟਖੋਰ ਨੂੰ ਬਖਸ਼ਿਆ ਨਹੀਂ ਜਾਵੇਗਾ। ਇਸ ਕਰਕੇ ਲੋਕਾਂ ਤੱਕ ਸਹੀ ਖਾਣ ਦੀਆਂ ਚੀਜ਼ਾਂ ਪੁਚਾਈਆਂ ਜਾਣ। ਜੇਕਰ ਦੁੱਧ ਤੇ ਦੁੱਧ ਦੇ ਨਾਲ ਬਣੀਆਂ ਹੋਈਆਂ ਚੀਜ਼ਾਂ ਵਿੱਚ ਕੋਈ ਮਿਲਾਵਟ ਕਰਦਾ ਹੈ ਤਾਂ ਉਸ ਦੇ ਖਿਲਾਫ ਕਾਨੂੰਨ ਅਨੁਸਾਰ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਆਉਣ ਵਾਲੇ ਤਿਉਹਾਰੀ ਸੀਜ਼ਨ ਵਿੱਚ ਮਠਿਆਈਆਂ ਅਤੇ ਹੋਰ ਖਾਣ ਵਾਲੀਆਂ ਚੀਜ਼ਾਂ ਜਿਸ ਵਿੱਚ ਸਟਰੀਟ ਫੂਡ ਵੇਚਣ ਵਾਲੇ ਰੇਹੜੀ ਚਾਲਕਾਂ ਨੂੰ ਵੀ ਚੇਤਾਵਨੀ ਜਾਰੀ ਕੀਤੀ ਗਈ ਹੈ।

## ਪੱਤਰ ਲੇਖਨ ਮੁਕਾਬਲੇ 'ਚ ਲਾਵਨਿਆ ਭੰਡਾਰੀ ਨੇ ਤੀਜਾ ਸਥਾਨ ਕੀਤਾ ਹਾਸਲ



ਦੋਰਾਹਾ, (ਹਰਮਿੰਦਰ ਸੇਠ) ਮਾਊਂਟ ਇੰਟਰਨੈਸ਼ਨਲ ਸਕੂਲ, ਲੁਧਿਆਣਾ ਦੀ ਹੋਣਹਾਰ ਵਿਦਿਆਰਥਣ ਲਾਵਨਿਆ ਭੰਡਾਰੀ ਪੁੱਤਰੀ ਸ੍ਰੀ ਅਰਵਿੰਦ ਸਿੰਘ ਭੰਡਾਰੀ ਨੇ ਅੰਤਰਰਾਸ਼ਟਰੀ ਡਾਕ ਸੇਵਾ ਵੱਲੋਂ ਕਰਾਏ ਪੱਤਰ ਲੇਖਨ ਮੁਕਾਬਲੇ-2026 ਵਿੱਚ ਲੁਧਿਆਣਾ ਸਰਕਲ ਵੱਲੋਂ ਭਾਗ ਲੈਂਦਿਆਂ ਤੀਜਾ ਸਥਾਨ ਹਾਸਲ ਕਰਕੇ ਸਕੂਲ ਤੇ ਪਰਿਵਾਰ ਦਾ ਨਾਂਅ ਰੌਸ਼ਨ ਕੀਤਾ। ਜਾਣਕਾਰੀ ਅਨੁਸਾਰ ਉਸ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਪ੍ਰਮਾਣ ਪੱਤਰ ਅਤੇ 5,000 ਰੁਪਏ ਦੀ ਇਨਾਮੀ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ। ਜ਼ਿਕਰਯੋਗ ਹੈ ਕਿ ਲਾਵਨਿਆ ਭੰਡਾਰੀ ਸੇਵਾਮੁਕਤ ਵਾਈਸ ਪ੍ਰਿੰਸੀਪਲ ਅਤੇ ਉੱਘੇ ਹਿੰਦੀ ਪ੍ਰੋਫੈਸਰ ਮਦਨ ਸਿੰਘ ਭੰਡਾਰੀ ਦੀ ਪੋਤਰੀ ਹੈ। ਉਸਦੀ ਇਸ ਪ੍ਰਾਪਤੀ 'ਤੇ ਪਰਿਵਾਰ ਅਤੇ ਸਕੂਲ ਪ੍ਰਬੰਧਕਾਂ ਵੱਲੋਂ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਉਸਨੂੰ ਵਧਾਈ ਦਿੱਤੀ ਗਈ।

## ਮਾਲਵਾ ਕਾਲਜ ਸਮਰਾਲਾ ਵਿਖੇ ਚਾਰ ਰੋਜ਼ਾ ਯੁਥ ਮੇਲੇ ਦਾ ਆਗਾਜ਼




**ਕਪੂਰਥਲਾ (ਮਨਜੀਤ ਮਾਨ)**-ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ, ਕਪੂਰਥਲਾ, ਨੇੜੇ ਨਵੀਂ ਦਾਣਾ ਮੰਡੀ ਵਿਖੇ 8 ਤੋਂ 14 ਅਕਤੂਬਰ ਤੱਕ ਬੇਕਿੰਗ ਅਤੇ ਕਾਰਬੋਨੇਟ ਬਣਾਉਣ ਸੰਬੰਧੀ ਕਿੱਤਾ-ਮੁਖੀ ਸਿਖਲਾਈ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਿਖਲਾਈ ਦਾ ਮੁੱਖ ਉਦੇਸ਼ ਸਿਖਿਆਰਥੀਆਂ ਨੂੰ ਪੌਸ਼ਟਿਕ ਬੇਕਰੀ ਉਤਪਾਦ ਤਿਆਰ ਕਰਨ ਦੇ ਹੁਨਰ ਨਾਲ ਜੋੜਨਾ ਅਤੇ ਉਨ੍ਹਾਂ ਨੂੰ ਸਵੈ-ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨਾ ਹੈ। ਅੱਜ ਦੇ ਤੇਜ਼ ਰਫ਼ਤਾਰ ਜੀਵਨ ਅਤੇ ਰੁਝੇਵਿਆਂ ਕਾਰਨ ਲੋਕਾਂ ਦੀਆਂ ਖਾਣ-ਪੀਣ ਦੀਆਂ ਆਦਤਾਂ ਵਿੱਚ ਕਾਫ਼ੀ ਬਦਲਾਅ ਆਇਆ ਹੈ। ਫਾਸਟ ਫੂਡ ਅਤੇ ਬਾਜ਼ਾਰ ਵਿੱਚ ਉਪਲਬਧ ਤਿਆਰ ਭੋਜਨ ਦੀ ਵਰਤੋਂ ਵਧ ਰਹੀ ਹੈ। ਬੱਚਿਆਂ ਦੇ ਟਿਫਨ ਵਿੱਚ ਵੀ ਅਕਸਰ ਕੇਕ, ਬਿਸਕੁਟ ਅਤੇ ਕੂਕੀਜ਼ ਆਦਿ ਸ਼ਾਮਲ ਕੀਤੇ ਜਾਂਦੇ ਹਨ। ਇਨ੍ਹਾਂ ਵਿੱਚੋਂ ਬਹੁਤ ਸਾਰੇ ਉਤਪਾਦ ਮੈਦੇ ਤੋਂ ਤਿਆਰ ਕੀਤੇ ਜਾਂਦੇ ਹਨ, ਜਦਕਿ ਇਨ੍ਹਾਂ ਦੀ ਥਾਂ ਆਟੇ ਅਤੇ ਮੋਟੇ ਅਨਾਜਾਂ ਦੀ ਵਰਤੋਂ ਕਰਕੇ ਵਧੇਰੇ ਪੌਸ਼ਟਿਕ ਉਤਪਾਦ ਤਿਆਰ ਕੀਤੇ ਜਾ ਸਕਦੇ ਹਨ। ਇਸ ਸਿਖਲਾਈ ਕੈਂਪ ਦੌਰਾਨ ਸਿਖਿਆਰਥੀਆਂ ਨੂੰ ਆਟੇ ਅਤੇ ਮੋਟੇ ਅਨਾਜਾਂ ਦੀ ਵਰਤੋਂ ਨਾਲ ਪੌਸ਼ਟਿਕ ਕੇਕ, ਬਿਸਕੁਟ, ਕੂਕੀਜ਼ ਅਤੇ ਬਰੈੱਡ ਆਦਿ ਤਿਆਰ ਕਰਨ ਦੀ ਸਿਖਲਾਈ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਵੱਖ-ਵੱਖ ਤਰੀਕਿਆਂ ਨਾਲ ਪੌਸ਼ਟਿਕ ਚਾਕਲੇਟ ਬਣਾਉਣ ਦਾ ਹੁਨਰ ਵੀ ਸਿਖਾਇਆ ਜਾਵੇਗਾ। ਇਹ ਸਿਖਲਾਈ ਸਿਖਿਆਰਥੀਆਂ ਲਈ ਘਰੇਲੂ ਪੱਧਰ 'ਤੇ ਪੌਸ਼ਟਿਕ ਬੇਕਰੀ ਉਤਪਾਦ ਤਿਆਰ ਕਰਨ ਦੇ ਨਾਲ-ਨਾਲ ਛੋਟੇ ਪੱਧਰ 'ਤੇ ਆਪਣਾ ਕੰਮ ਸ਼ੁਰੂ ਕਰਨ ਲਈ ਵੀ ਲਾਹੇਵੰਦ ਸਾਬਤ ਹੋ ਸਕਦੀ ਹੈ।ਸਿਖਲਾਈ ਕੈਂਪ ਲਈ ਮਹਿਲਾ ਸਿਖਿਆਰਥੀਆਂ ਦੀ ਫੀਸ 50 ਰੁਪਏ ਅਤੇ ਪੁਰਸ਼ ਸਿਖਿਆਰਥੀਆਂ ਦੀ ਫੀਸ 100 ਰੁਪਏ ਹੈ। ਸੀਟਾਂ ਸੀਮਿਤ ਹਨ ਅਤੇ ਰਜਿਸਟਰੇਸ਼ਨ ਪਹਿਲਾਂ ਆਓ, ਪਹਿਲਾਂ ਪਾਓ ਦੇ ਆਧਾਰ 'ਤੇ ਕੀਤੀ ਜਾਵੇਗੀ।

# ਧਾਰਮਿਕ ਡੇਰੇ 'ਚ ਲਾਸ਼ ਦਫ਼ਨਾਉਣ ਨੂੰ ਲੈ ਕੇ ਭਖਿਆ ਵਿਵਾਦ ਪ੍ਰਸ਼ਾਸਨ ਨੇ ਸੁਲਝਾਇਆ

### ਪਿੰਡ ਵਾਸੀਆਂ ਦੇ ਵਿਰੋਧ ਮਗਰੋਂ ਦਫ਼ਨ ਕੀਤੀ ਮ੍ਰਿਤਕ ਦੇਹ ਕਢਵਾ ਕੇ ਹੋਰ ਥਾਂ ਭੇਜੀ



**ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)**-ਕਪੂਰਥਲਾ ਜ਼ਿਲ੍ਹੇ ਦੇ ਸੁਲਤਾਨਪੁਰ ਲੋਧੀ ਹਲਕੇ ਅਧੀਨ ਪੈਂਦੇ ਪਿੰਡ ਦੁਲੋਵਾਲ ਵਿੱਚ ਵਾਲਮੀਕਿ ਸਮਾਜ ਨਾਲ ਸਬੰਧਤ ਬਾਬਾ ਗਿਆਨ ਨਾਥ ਦੇ ਧਾਰਮਿਕ ਡੇਰੇ ਵਿੱਚ ਇੱਕ ਵਿਅਕਤੀ ਦੀ ਮ੍ਰਿਤਕ ਦੇਹ ਦਫ਼ਨਾਉਣ ਨੂੰ ਲੈ ਕੇ ਪੈਦਾ ਹੋਇਆ ਵਿਵਾਦ ਆਖ਼ਰਕਾਰ ਪ੍ਰਸ਼ਾਸਨ ਦੀ ਦਖ਼ਲਅੰਦਾਜ਼ੀ ਨਾਲ ਸ਼ਾਂਤੀਪੂਰਵਕ ਹੱਲ ਹੋ ਗਿਆ। ਪ੍ਰਸ਼ਾਸਨ ਦੀ ਮੌਜੂਦਗੀ ਵਿੱਚ ਦਫ਼ਨ ਕੀਤੀ ਮ੍ਰਿਤਕ ਦੇਹ ਨੂੰ ਕਢਵਾ ਕੇ ਹੋਰ ਥਾਂ ਭੇਜ ਦਿੱਤਾ ਗਿਆ। ਜਾਣਕਾਰੀ ਅਨੁਸਾਰ ਲੋਹੀਆਂ ਖ਼ਾਸ ਦੇ ਰਹਿਣ ਵਾਲੇ ਇੱਕ ਵਿਅਕਤੀ ਜੋ ਡੇਰੇ ਵਿੱਚ ਸੇਵਾਦਾਰ ਵਜੋਂ ਰਹਿੰਦਾ ਸੀ। ਉਸ ਦੀ ਮੌਤ ਤੋਂ ਬਾਅਦ ਉਸ ਦੀ ਮ੍ਰਿਤਕ ਦੇਹ ਨੂੰ ਲੋਹੀਆਂ ਖ਼ਾਸ ਤੋਂ ਲਿਆ ਕੇ ਦੁਲੋਵਾਲ ਡੇਰੇ ਵਿੱਚ ਹੀ ਦਫ਼ਨਾ ਦਿੱਤਾ ਗਿਆ। ਜਦੋਂ ਇਸ ਦੀ ਜਾਣਕਾਰੀ ਪਿੰਡ ਵਾਸੀਆਂ ਨੂੰ ਹੋਈ ਤਾਂ ਉਨ੍ਹਾਂ ਵੱਲੋਂ ਇਸ 'ਤੇ ਇਤਰਾਜ਼ ਜਤਾਇਆ ਗਿਆ।ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਕੇ 'ਤੇ ਇਕੱਠੇ ਹੋ ਗਏ ਅਤੇ ਉਨ੍ਹਾਂ ਨੇ ਧਾਰਮਿਕ ਅਸਥਾਨ ਵਿੱਚ ਮ੍ਰਿਤਕ ਦੇਹ ਦਫ਼ਨਾਉਣ ਦਾ ਵਿਰੋਧ ਕੀਤਾ। ਪਿੰਡ ਵਾਸੀਆਂ ਦਾ ਕਹਿਣਾ ਸੀ ਕਿ ਧਾਰਮਿਕ ਅਸਥਾਨ ਦੀ ਜਗ੍ਹਾ 'ਤੇ ਮ੍ਰਿਤਕ ਦੇਹ ਦਫ਼ਨਾਉਣ ਤੋਂ ਪਹਿਲਾਂ ਪਿੰਡ ਵਾਸੀਆਂ ਦੀ ਸਹਿਮਤੀ ਨਹੀਂ ਲਈ ਗਈ। ਇਸ ਕਾਰਨ ਮਾਮਲਾ ਗੰਭੀਰ ਹੋ ਗਿਆ ਅਤੇ ਮੌਕੇ 'ਤੇ ਤਣਾਅ ਵਾਲੀ ਸਥਿਤੀ ਬਣ ਗਈ। ਕੁਝ ਲੋਕਾਂ ਵੱਲੋਂ ਮ੍ਰਿਤਕ ਦੀ ਪਛਾਣ ਅਤੇ ਉਸ ਨੂੰ ਡੇਰੇ ਵਿੱਚ ਦਫ਼ਨਾਉਣ ਸਬੰਧੀ ਵੀ ਸਥਿਤੀ ਸਪੱਸ਼ਟ ਕਰਨ ਦੀ ਮੰਗ ਕੀਤੀ ਗਈ। ਮਾਮਲੇ ਦੀ ਸੂਚਨਾ ਮਿਲਣ 'ਤੇ ਥਾਣਾ ਤਲਵੰਡੀ ਚੌਧਰੀਆਂ ਦੀ ਪੁਲਸ ਅਤੇ ਪ੍ਰਸ਼ਾਸਨਿਕ ਅਧਿਕਾਰੀ ਮੌਕੇ 'ਤੇ ਪਹੁੰਚੇ। ਪੁਲਸ ਵੱਲੋਂ ਲੋਕਾਂ ਨੂੰ ਸ਼ਾਂਤੀ ਬਣਾਈ ਰੱਖਣ ਅਤੇ ਕਾਨੂੰਨ ਆਪਣੇ ਹੱਥ ਵਿੱਚ ਨਾ ਲੈਣ ਦੀ ਅਪੀਲ ਕੀਤੀ ਗਈ। ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਪ੍ਰਸ਼ਾਸਨ ਵੱਲੋਂ ਧਾਰਾ 145 ਤਹਿਤ ਕਾਰਵਾਈ ਦੀ ਗੱਲ ਵੀ ਸਾਹਮਣੇ ਆਈ ਸੀ। ਪ੍ਰਸ਼ਾਸਨ ਵੱਲੋਂ ਦੋਵੇਂ ਧਿਰਾਂ ਨਾਲ ਗੱਲਬਾਤ ਕੀਤੀ ਗਈ ਅਤੇ ਮਾਮਲੇ ਦਾ ਸ਼ਾਂਤੀਪੂਰਵਕ ਹੱਲ ਕੱਢਣ ਲਈ ਸਹਿਮਤੀ ਬਣਾਈ ਗਈ। ਇਸ ਤੋਂ ਬਾਅਦ ਪ੍ਰਸ਼ਾਸਨ ਦੀ ਮੌਜੂਦਗੀ ਵਿੱਚ ਡੇਰੇ ਵਿੱਚ ਦਫ਼ਨ ਕੀਤੀ ਮ੍ਰਿਤਕ ਦੇਹ ਨੂੰ ਕਢਵਾਇਆ ਗਿਆ ਅਤੇ ਉਸ ਨੂੰ ਹੋਰ ਥਾਂ ਭੇਜ ਦਿੱਤਾ ਗਿਆ। ਐੱਸ ਡੀ ਐੱਮ ਸੁਲਤਾਨਪੁਰ ਲੋਧੀ ਨੇ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਮਾਮਲੇ ਦੀ ਸੰਵੇਦਨਸ਼ੀਲਤਾ ਨੂੰ ਦੇਖਦਿਆਂ ਦੋਵੇਂ ਪੱਖਾਂ ਨਾਲ ਗੱਲਬਾਤ ਕੀਤੀ ਗਈ। ਆਪਸੀ ਸਹਿਮਤੀ ਬਣਨ ਤੋਂ ਬਾਅਦ ਮਾਮਲੇ ਨੂੰ ਸ਼ਾਂਤੀਪੂਰਵਕ ਹੱਲ ਕਰ ਲਿਆ ਗਿਆ ਹੈ।ਉਨ੍ਹਾਂ ਕਿਹਾ ਕਿ ਇਲਾਕੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਬਰਕਰਾਰ ਰੱਖਣ ਲਈ ਪ੍ਰਸ਼ਾਸਨ ਵੱਲੋਂ ਪੂਰੀ ਸਾਵਧਾਨੀ ਵਰਤੀ ਗਈ। ਪਿੰਡ ਵਾਸੀਆਂ ਅਤੇ ਸਰਪੰਚ ਨੇ ਵੀ ਪ੍ਰਸ਼ਾਸਨ ਦੀ ਦਖ਼ਲਅੰਦਾਜ਼ੀ ਤੋਂ ਬਾਅਦ ਮਾਮਲਾ ਸੁਲਝਣ ਦੀ ਪੁਸ਼ਟੀ ਕੀਤੀ। ਮ੍ਰਿਤਕ ਦੇਹ ਨੂੰ ਹੋਰ ਥਾਂ ਭੇਜੇ ਜਾਣ ਤੋਂ ਬਾਅਦ ਪਿੰਡ ਵਿੱਚ ਪੈਦਾ ਹੋਇਆ ਤਣਾਅ ਵੀ ਖ਼ਤਮ ਹੋ ਗਿਆ।

## ਖਟਕੜ ਕਲਾਂ ਵਿਖੇ 'ਪੁਸਤਕ ਮਿੱਤਰ' ਲੋਕ ਅਰਪਣ



**ਬੰਗਾ (ਅਵਤਾਰ ਕਲੇਰ)**-ਬੰਗਾ-ਚੰਡੀਗੜ੍ਹ ਰੋਡ ਤੇ ਸ਼ਹੀਦ ਭਗਤ ਸਿੰਘ ਯਾਦਗਾਰੀ ਮਿਊਜ਼ੀਅਮ ਖਟਕੜ ਕਲਾਂ ਦੇ ਗੁਆਂਢ ਵਿੱਚ ਪੁਸਤਕ ਪ੍ਰੇਮੀਆਂ ਲਈ ਮਿਲਣੀ ਅਤੇ ਵਿਚਾਰ ਚਰਚਾ ਕੇਂਦਰ ਵਜੋਂ ਨਿਵੇਕਲਾ ਉਦਘਾਟਨ ਕੀਤਾ ਗਿਆ। ਇਸ ਵਿਲੱਖਣ 'ਪੁਸਤਕ ਮਿੱਤਰ' ਦੇ ਸੰਚਾਲਕ ਮਾਸਟਰ ਹਰਜਿੰਦਰ ਸਿੰਘ ਨੇ ਕਿਹਾ ਕਿ ਇਹ ਵਿਸ਼ੇਸ਼ ਕਰਕੇ ਬਾਲ ਅਤੇ ਨੌਜਵਾਨ ਪਾਠਕਾਂ ਲਈ ਇੱਕ ਨਵੀਂ ਪਿਰਤ ਪਾਉਣ ਦਾ ਯਤਨ ਕੀਤਾ ਹੈ ਤਾਂ ਜੋ ਉਹ ਹਨੇਰੇ 'ਚ ਅੰਨ੍ਹੇ ਦੌੜ ਦੌੜਨ ਦੀ ਬਜਾਏ ਰੌਸ਼ਨੀ ਦੇ ਹਮਸਫ਼ਰ ਬਣਨ ਅਤੇ ਪੁਸਤਕ ਸੱਭਿਆਚਾਰ ਨੂੰ ਗਲੇ ਲਗਾਉਣ।ਮਾਸਟਰ ਹਰਜਿੰਦਰ ਨੇ ਇਸ 'ਪੁਸਤਕ ਮਿੱਤਰ' ਘਰ ਦੇ ਉਦਘਾਟਨ ਮੌਕੇ ਬੋਲਦਿਆਂ ਕਿਹਾ ਕਿ ਕਿਤਾਬਾਂ ਮਨੁੱਖ ਦੀਆਂ ਸਭ ਤੋਂ ਗੂੜ੍ਹੀਆਂ ਮਿੱਤਰ ਹੁੰਦੀਆਂ ਹਨ ਉਹਨਾਂ ਕਿਹਾ ਕਿ ਪ੍ਰਕਾਸ਼ਨ ਸਿਧਾਂਤਕ, ਵਿਗਿਆਨਕ ਅਤੇ ਮਿਆਰੀ ਕਿਤਾਬਾਂ ਬਾਲ ਮਨਾਂ ਅਤੇ ਚੜ੍ਹਦੀ ਜੁਆਨੀ ਨੂੰ ਹਨੇਰੇ ਦਲਦਲ ਵਿਚੋਂ ਬਾਹਰ ਕੱਢ ਸਕਦੀਆਂ ਹਨ। ਇਸ ਲਈ ਇਹ ਵਿਸ਼ੇਸ਼ ਉੱਦਮ ਕੀਤਾ ਗਿਆ ਹੈ ਉਹਨਾਂ ਦੱਸਿਆ ਕਿ ਪੁਸਤਕ ਮਿੱਤਰ ਸੰਸਥਾ ਦਾ ਮੁੱਖ ਮੰਤਵ ਵਿਦਿਆਰਥੀ ਨੌਜਵਾਨਾਂ ਨੂੰ ਖਾਸ ਕਰਕੇ ਇਸ ਰੌਸ਼ਨ ਮੀਨਾਰ ਨਾਲ ਜੋੜਨ ਲਈ ਸਕੂਲਾਂ,ਕਾਲਜਾਂ, ਯੂਨੀਵਰਸਿਟੀਆਂ ਅਤੇ ਪਿੰਡਾਂ ਤੱਕ ਵਿਸ਼ੇਸ਼ ਉੱਦਮ ਵੀ ਕੀਤਾ ਜਾਏਗਾ ਅਤੇ ਉਹਨਾਂ ਲਈ ਇਸ ਘਰ ਦੇ ਦੁਆਰ ਸਦਾ ਖੁੱਲ੍ਹੇ ਰਹਿਣਗੇ। ਇਸ ਮੌਕੇ ਸੰਬੋਧਨ ਕਰਦਿਆਂ ਪੰਜਾਬ ਲੋਕ ਸੱਭਿਆਚਾਰਕ ਮੰਚ (ਪਲਸ ਮੰਚ) ਦੇ ਪ੍ਰਧਾਨ ਅਮੋਲਕ ਸਿੰਘ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਨੇ ਲਾਹੌਰ ਕੇਂਦਰੀ ਜੇਲ੍ਹ ਅੰਦਰ ਫਾਂਸੀ ਦੇ ਤਖ਼ਤੇ ਵੱਲ ਜਾਂਦੇ ਸਮੇਂ ਆਖਰੀ ਕਿਤਾਬ ਦਾ ਵਰਕਾ ਮੋੜਿਆ ਸੀ ਉਹ ਵਰਕਾ ਖੋਲ੍ਹ ਕੇ ਅੱਗੇ ਤੋਰਨ ਲਈ ਜਿਹੜਾ ਸੁਨੇਹਾ ਨੌਜਵਾਨਾਂ ਨੂੰ ਦੇ ਗਏ ਉਸ ਸੁਨੇਹੇ ਨੂੰ ਸਮਝਦਿਆਂ 'ਪੁਸਤਕ ਮਿੱਤਰ' ਉਸਾਰ ਕੇ ਹਰਜਿੰਦਰ ਨੇ ਨੌਜਵਾਨ ਪੀੜ੍ਹੀ ਅਤੇ ਭਗਤ ਸਿੰਘ ਦੇ ਪੁਸਤਕ ਸੱਭਿਆਚਾਰ ਬਾਰੇ ਮਹੱਤਵ ਅਤੇ ਮੁਹੱਬਤ ਲਈ ਪੁਸਤਕ ਸਭਿਆਚਾਰ ਦਾ ਪੁਲ ਉਸਾਰਨ ਦੀ ਭੂਮਿਕਾ ਅਦਾ ਕੀਤੀ ਹੈ। ਇਹ ਪੁਸਤਕ ਮਿੱਤਰ ਕੇਂਦਰ ਖਟਕੜ ਕਲਾਂ ਤੱਕ ਹੀ ਸੀਮਤ ਨਾ ਰਹੇ ਸਗੋਂ ਪੰਜਾਬ ਦੀ ਨੌਜਵਾਨ ਪੀੜ੍ਹੀ ਦੇ ਵਿਸ਼ਾਲ ਪਰਿਵਾਰ ਦੀ ਜ਼ਿੰਮੇਵਾਰੀ ਹੈ ਕਿ ਉਹ ਇਸਦੀ ਬੁੱਕਲ ਵਿਸ਼ਾਲ ਕਰਨ ਵਿਚ ਮਦਦਗਾਰ ਹੋਣ ਤਾਂ ਜੋ ਉਦਾਸੀ, ਦਿਸ਼ਾਹੀਣਤਾ ਅਤੇ ਨਸ਼ਿਆਂ ਦੇ ਆਲਮ ਵਿਚ ਗੁਆਚਣ ਦੀ ਬਜਾਏ ਜੁਆਨੀ ਨੂੰ ਨਵੇਂ ਨਰੋਏ ਰੌਸ਼ਨ ਮਾਰਗ ਤੇ ਸਾਬਤ ਕਦਮੀਂ ਤੁਰਨ ਲਈ ਸੇਧ ਦਿੱਤੀ ਜਾ ਸਕੇ।ਨਾਮਵਰ ਕਹਾਣੀਕਾਰ ਅਜਮੇਰ ਸਿੰਘ ਸਿੱਧੂ ਨੇ ਇਸ ਮੌਕੇ ਆਪਣੇ ਸੰਬੋਧਨ 'ਚ ਕਿਹਾ ਕਿ ਪੁਸਤਕ ਦੇ ਸ਼ਬਦਾਂ ਵਿੱਚ ਅਥਾਹ ਸ਼ਕਤੀ ਹੁੰਦੀ ਹੈ।

## ਐੱਨ ਪੀ ਐੱਸ ਮੁਲਾਜ਼ਮਾਂ ਨੂੰ ਹਿਰਾਸਤ 'ਚ ਲੈਣ ਦੀ ਕਾਰਵਾਈ ਦੀ ਨਿਖੇਧੀ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਪੁਰਾਣੀ ਪੈਨਸ਼ਨ ਬਹਾਲੀ ਸਾਂਝਾ ਮੰਚ, ਪੰਜਾਬ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਮਾਨਸਾ ਫੇਰੀ ਤੋਂ ਪਹਿਲਾਂ ਪੁਲਸ ਵੱਲੋਂ ਐੱਨਪੀਐੱਸ ਕਮੇਟੀ ਦੇ ਸਥਾਨਕ ਆਗੂਆਂ ਨੂੰ ਹਿਰਾਸਤ 'ਚ ਲੈਣ ਦੀ ਸਖ਼ਤ ਸ਼ਬਦਾਂ 'ਚ ਨਿਖੇਧੀ ਕੀਤੀ ਹੈ। ਸਾਂਝਾ ਮੰਚ ਦੇ ਸੂਬਾਈ ਆਗੂ ਜਸਵੀਰ ਤਲਵਾੜਾ, ਗੁਰਜੰਟ ਸਿੰਘ ਕੋਕਰੀ, ਸੁਖਜੀਤ ਸਿੰਘ, ਵਰਿੰਦਰ ਵਿੱਕੀ, ਆਈ ਟੀ ਇੰਚਾਰਜ ਸਤ ਪ੍ਰਕਾਸ਼ ਆਦਿ ਨੇ ਸਾਂਝਾ ਬਿਆਨ ਜਾਰੀ ਕਰਕੇ ਦੱਸਿਆ ਕਿ ਮਾਨਸਾ ਪੁਲਸ ਨੇ ਸੰਘਰਸ਼ ਕਮੇਟੀ ਦੇ ਸੂਬਾ ਕਨਵੀਨਰ ਕਰਮਜੀਤ ਤਾਮਕੋਟ, ਜ਼ਿਲ੍ਹਾ ਕਨਵੀਨਰ ਦਰਸ਼ਨ ਸਿੰਘ ਅਲੀਸ਼ੇਰ, ਲਖਵਿੰਦਰ ਮਾਨ, ਅੰਗਰੇਜ਼ ਸਿੰਘ ਸਾਹਨੇਵਾਲੀ, ਧਰਮਿੰਦਰ ਸਿੰਘ ਹੀਰੇਵਾਲਾ, ਰਾਜੇਸ਼ ਬੁਢਲਾਡਾ ਅਤੇ ਨਵਨੀਤ ਬੋਹਾ ਨੂੰ ਮੁੱਖ ਮੰਤਰੀ ਪੰਜਾਬ ਦੀ ਆਮਦ ਤੋਂ ਪਹਿਲਾਂ ਘਰਾਂ ਤੋਂ ਹਿਰਾਸਤ 'ਚ ਲੈ ਲਿਆ। ਮਿਲੀਆਂ ਰਿਪੋਰਟਾਂ ਮੁਤਾਬਕ ਮਾਨਸਾ ਪੁਲਸ ਨੇ ਇੱਕ ਦਰਜਨ ਦੇ ਕਰੀਬ ਐੱਨ ਪੀ ਐੱਸ ਮੁਲਾਜ਼ਮਾਂ ਨੂੰ ਹਿਰਾਸਤ 'ਚ ਲਿਆ ਹੈ। ਜਦਕਿ ਇੱਕ ਦਰਜਨ ਦੇ ਕਰੀਬ ਮੁਲਾਜ਼ਮ ਘਰ ਛੱਡ ਕੇ ਚਲੇ ਗਏ ਹਨ।ਆਗੂਆਂ ਨੇ ਕਿਹਾ ਕਿ ਐੱਨ ਪੀ ਐੱਸ ਮੁਲਾਜ਼ਮਾਂ ਨੇ ਮੁੱਖ ਮੰਤਰੀ ਪੰਜਾਬ ਦਾ ਕਾਲੀਆਂ ਝੰਡੀਆਂ ਨਾਲ ਸਵਾਗਤ ਕਰਨ ਦਾ ਐਲਾਨ ਕੀਤਾ ਹੋਇਆ ਹੈ।

## ਸਵਰਗ ਧਾਮ ਦਸੂਹਾ ਵਿਖੇ ਪੌਦੇ ਲਗਾਏ



**ਦਸੂਹਾ (ਭਾਰਦਵਾਜ)** ਸੇਵ ਸ਼ਿਵਾਲਕ ਸੇਵ ਮਦਰ ਅਰਥ ਸਮਾਜਿਕ ਵਾਤਾਵਰਨ ਸੰਸਥਾ ਵੱਲੋਂ ਸਵਰਗਧਾਮ ਦਸੂਹਾ ਵਿਖੇ ਵਾਤਾਵਰਨ ਦੀ ਸ਼ੁੱਧਤਾ ਲਈ ਹਰਬਲ ਪੌਦੇ ਤੇ ਫੁੱਲਦਾਰ ਪੌਦੇ ਲਗਾਏ ਗਏ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸੇਵ ਸ਼ਿਵਾਲਕ ਸੇਵ ਮਦਰ ਅਰਥ ਸੰਸਥਾ ਦੇ ਪ੍ਰਧਾਨ ਗੁਰਕਿਰਪਾਲ ਸਿੰਘ ਬੋਦਲ, ਸਕੱਤਰ ਗੁਰਿੰਦਰ ਸਫ਼ਰੀ, ਪ੍ਰਬੰਧਕ ਪਰਵੀਨ ਮਾਂਗਟ ਨੇ ਦੱਸਿਆ ਕਿ ਸਵਰਗਧਾਮ ਦੇ ਸੁੰਦਰੀਕਰਨ ਅਤੇ ਨਵੀਨੀਕਰਨ ਲਈ ਜੋ ਵੱਡੇ ਪੱਧਰ ਤੇ ਕੰਮ ਚੱਲ ਰਿਹਾ ਹੈ, ਇਸ ਦੀ ਲੜੀ ਹੇਠ ਹਰਬਲ ਤੇ ਫੁੱਲਦਾਰ ਪੌਦੇ ਵਾਤਾਵਰਣ ਸ਼ੁੱਧਤਾ ਅਤੇ ਹਰਿਆਲੀ ਲਈ ਲਗਾਏ ਗਏ ਹਨ। ਇਸ ਸੰਬੰਧੀ ਹੋਰ ਜਾਣਕਾਰੀ ਦਿੰਦਿਆਂ ਸਵਰਗਧਾਮ ਦੇ ਮੈਨੇਜਰ ਐਡਵੋਕੇਟ ਪੁਨੀਤ ਬੱਸੀ ਨੇ ਦੱਸਿਆ ਕਿ ਆਰੀਆ ਸਮਾਜ ਐਜੂਕੇਸ਼ਨਲ ਟਰੱਸਟ ਦੇ ਪ੍ਰਧਾਨ ਐਡਵੋਕੇਟ ਵਿਜੇ ਬੱਸੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਵਰਗ ਧਾਮ ਵਿਖੇ ਸੁੰਦਰੀਕਰਨ ਦੇ ਪ੍ਰੋਜੈਕਟ ਦਾ ਕੰਮ ਵੱਡੇ ਪੱਧਰ ਤੇ ਚੱਲ ਰਹੇ। ਉਨ੍ਹਾਂ ਕਿਹਾ ਕਿ ਸ਼ਹਿਰ ਤੇ ਇਲਾਕੇ ਦੇ ਲੋਕ ਵੀ ਇਸ ਸੰਬੰਧੀ ਪੂਰਾ ਸਮਰਥਨ ਦੇ ਰਹੇ ਹਨ। ਇਸ ਮੌਕੇ ਤੇ ਸਵਰਗਧਾਮ ਦੇ ਮੈਨੇਜਰ ਐਡਵੋਕੇਟ ਪੁਨੀਤ ਬੱਸੀ ਨੇ ਸੇਵ ਸ਼ਿਵਾਲਕ ਸੇਵ ਮਦਰ ਅਰਥ ਸੰਸਥਾ ਦੇ ਅਹੁਦੇਦਾਰਾਂ ਤੇ ਮੈਂਬਰਾਂ ਦਾ ਧੰਨਵਾਦ ਵੀ ਕੀਤਾ ਤੇ ਉਨਾਂ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਤੇ ਸੱਭਿਆਚਰਕ ਸੱਥ ਦੇ ਚੇਅਰਮੈਨ ਬਾਬਾ ਬੋਹੜ, ਸੱਥ ਦੇ ਵਾਈਸ ਪ੍ਰਧਾਨ ਦਵਿੰਦਰ ਰੋਜੀ, ਸੱਥ ਦੇ ਸਕੱਤਰ ਮਾਸਟਰ ਗੁਰਮੀਤ ਲਾਲ, ਗੁਰਿੰਦਰ ਸਫਰੀ ਬੋਦਲ , ਪਰਵੀਨ ਮਾਂਗਟ, ਬਾਬਾ ਕਸ਼ਮੀਰਾ ਸਿੰਘ, ਅਰਜਨ ਸਿੰਘ ,ਠੇਕੇਦਾਰ ਅਮਿਤ ਬੱਸੀ, ਪ੍ਰਿੰਸਪਲ ਰਜੇਸ਼ ਗੁਪਤਾ, ਅਰਜੁਨ ਕੁਮਾਰ ਤੇ ਹੋਰ ਹਾਜ਼ਰ ਸਨ।

## ਕਬੱਡੀ ਖਿਡਾਰੀ ਏਕਮ ਨੂੰ ਕੌਮੀ ਰਤਨ ਐਵਾਰਡ ਨਾਲ ਸਨਮਾਨਿਤ ਕੀਤਾ ਜਾਵੇਗਾ : ਤੇਜੀ



**ਦਸੂਹਾ (ਕਰਨੈਲ ਮਾਂਗਟ )** ਕਮਲੇਸ਼ਵਰ ਵਾਲਮੀਕੀ ਐਜੂਨੇਸਨਲ ਟਰੱਸਟ ਭਾਰਤ ਦੀ ਇੱਕ ਮੀਟਿੰਗ ਬਲਾਕ ਦਸੂਹਾ ਦੇ ਪਿੰਡ ਲਮੀਣ ਦੇ ਭਗਵਾਨ ਵਾਲਮੀਕੀ ਮੰਦਿਰ ਵਿਖੇ ਟਰੱਸਟ ਤੇ ਸੰਸਥਾਪਕ ਰਾਜ ਆਦਿਵੰਸੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਟਰੱਸਟ ਦੇ ਜਿਲਾ ਪ੍ਰਧਾਨ ਨੰਬਰਦਾਰ ਭੁੱਲਾ ਰਾਮ ਤੇਜੀ ਲਮੀਣ ਦੀ ਮੁੱਖ ਅਗਵਾਈ ਹੇਠ ਹੋਈ। ਇਸ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਕਮਲੇਸਵਰ ਵਾਲਮੀਕੀ ਐਜੂਕੇਸਨਲ ਟਰੱਸਟ ਵੱਲੋ ਵਾਲਮੀਕ ਤੀਰਥ ਸਥਾਨ ਅੰਮ੍ਰਿਤਸਰ ਵਿੱਚ 18 ਤੇ 19 ਨਵੰਬਰ ਨੂੰ ਜੋ ਰਾਸਟਰੀ ਪੱਧਰ ਦਾ ਸਿੱਖਿਆ ਚੇਤਨਾ ਸੈਮੀਨਾਰ ਹੋ ਰਿਹਾ ਹੈ, ਜਿਸ ਵਿੱਚ ਪੰਜਾਬ ਅਤੇ ਹੋਰ ਸੂਬਿਆ ਤੋ ਡੈਲੀਗੇਟ ਪਹੁੰਚ ਰਹੇ ਹਨ, ਜਦੋ ਕਿ ਟਰੱਸਟ ਦੇ ਰਾਸਟਰੀ ਪ੍ਰਧਾਨ ਕਮਲ ਖੋਸਲਾ ਦੀਆ ਹਦਾਇਤਾਂ ਅਨੁਸਾਰ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਟਰੱਸਟ ਦੇ ਸਿੱਖਿਆ ਚੇਤਨਾ ਸੈਮੀਨਾਰ ਵਿੱਚ ਖੇਡਾਂ, ਸਿੱਖਿਆ, ਸੱਭਿਆਚਰਕ ਖੇਤਰ ਵਿੱਚ ਉਪਲੱਬਧੀਆ ਪ੍ਰਾਪਤ ਕਰਨ ਵਾਲੀਆ ਪ੍ਰਮੁੱਖ ਸ਼ਖਸ਼ੀਅਤਾਂ ਜਿਨਾਂ ਵਿੱਚ ਵਾਲਮੀਕ ਮਜਬੀ ਸਿੱਖ ਇੰਟਰਨੈਸਨਲ ਕਬੱਡੀ ਖਿਡਾਰੀ ਏਕਮ ਫਤਾਪੁਰੀਏ ਨੂੰ ਕੌਮੀ ਰਤਨ ਅਵਾਰਡ ਦੇ ਕੇ ਸਨਮਾਨਤ ਕੀਤਾ ਜਾਵੇਗਾ ਅਤੇ ਹੋਰ ਸ਼ਖਸ਼ੀਅਤਾਂ ਨੂੰ ਵੀ ਅਵਾਰਡ ਦਿੱਤੇ ਜਾਣਗੇ। ਇਸ ਮੌਕੇ ਤੇ ਮਾਸਟਰ ਅਮਰਜੀਤ, ਸਾਹਿਬ ਸਿੰਘ, ਇੰਦਰਜੀਤ ਸਿੰਘ, ਦਰਸਨ ਸਿੰਘ, ਮਨਜੀਤ ਮਾਂਗਟ, ਸਲੀਮ ਸਿੰਘ, ਬਾਬਾ ਜੋਗਿੰਦਰ ਸਿੰਘ, ਸਾਬਕਾ ਸਰਪੰਚ ਆਸਾ ਰਾਣੀ, ਬਰਿੰਦਰ ਖੇੜਾ, ਜੈਪਾਲ, ਪ੍ਰਧਾਨ ਹਰੀ ਰਾਮ, ਬਿਸਨ ਦਾਸ ਆਦਿ ਹਾਜਰ ਸਨ।

# ਪਾਸ਼ ਦੀ ਯਾਦਗਾਰ ਨਾਲ ਛੇੜਛਾੜ ਕਰਨ ਵਾਲਿਆਂ ਨੂੰ ਸਖ਼ਤ ਸਜ਼ਾ ਮਿਲੇ : ਹੀਰ



**ਮਾਹਿਲਪੁਰ (ਸਫਰੀ)**-ਪੰਜਾਬੀ ਦੇ ਨਾਮਵਰ ਲੋਕ ਕਵੀ ਅਵਤਾਰ ਪਾਸ਼ ਦੇ ਜੱਦੀ ਪਿੰਡ ਤਲਵੰਡੀ ਸਲੇਮ ਵਿੱਚ ਇਸ ਵਾਰ 9 ਸਤੰਬਰ ਨੂੰ ਜਨਮ ਦਿਵਸ ਮਨਾਉਣ ਲਈ ਜਦੋਂ ਸੂਬਾ ਪੱਧਰੀ ਮਜ਼ਦੂਰ ਆਗੂ ਹਰਮੇਸ਼ ਮਾਲੜੀ ਤਿਆਰੀਆਂ 'ਚ ਰੁੱਝੇ ਹੋਏ ਸਨ ਤਾਂ ਪਿੰਡ ਦੇ ਸਰਪੰਚ ਨੇ ਸਾਥੀਆਂ ਸਮੇਤ ਅਚਾਨਕ ਉਨ੍ਹਾਂ ਤੇ ਧਾਵਾ ਬੋਲ ਦਿੱਤਾ ਤੇ ਸ਼ਰੇਆਮ ਜਾਤੀਸੂਚਕ ਸ਼ਬਦ ਵਰਤ ਕੇ ਅਪਮਾਨਿਤ ਕੀਤਾ।ਇਸ ਮੰਦਭਾਗੀ ਘਟਨਾ ਵਿਰੁੱਧ ਰੋਸ ਪ੍ਰਗਟ ਕਰਦਿਆਂ ਭਾਕਿਯੂ ਏਕਤਾ ਉਗਰਾਹਾਂ ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਚਾਰ ਸਕੱਤਰ ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ ਨੇ ਦੁਖੀ ਮਨ ਨਾਲ ਕਿਹਾ ਕਿ ਇਸ ਤੋਂ ਪਹਿਲਾਂ ਵੀ ਸਰਪੰਚ ਤੇ ਉਸ ਦੀ ਜੁੰਡਲੀ ਨੇ ਪਾਸ਼ ਯਾਦਗਾਰੀ ਟਰੱਸਟ ਵਲੋਂ ਉਸਾਰੇ ਯਾਦਗਾਰੀ ਕੰਪਲੈਕਸ ਤੇ ਸੋਚੀ ਸਮਝੀ ਸਾਜ਼ਿਸ਼ ਤਹਿਤ ਜ਼ਬਰੀ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਗਈ।ਜਦੋਂ ਕਿ 28 ਸਾਲ ਪਹਿਲਾਂ ਉਸਾਰੇ ਪਾਸ਼ ਯਾਦਗਾਰੀ ਕੰਪਲੈਕਸ ਨੂੰ ਪਹਿਲੀਆਂ ਸਾਰੀਆਂ ਪੰਚਾਇਤਾਂ ਨੇ ਪੂਰਨ ਮਾਨਤਾ ਦਿੱਤੀ ਤੇ ਉਸ ਦੇ ਯਾਦ ਵਿੱਚ ਮਨਾਏ ਜਾਣ ਵਾਲੇ ਪ੍ਰੋਗਰਾਮਾਂ ਵਿੱਚ ਪੂਰੇ ਪਿੰਡ ਵਾਸੀ ਤੇ ਪੰਚਾਇਤਾਂ ਟਰੱਸਟ ਦਾ ਪੂਰਾ ਸਾਥ ਨਿਭਾਉਂਦੇ ਰਹੇ ਨੇ।ਇਸ ਵਾਰ ਵੀ ਬਹੁਗਿਣਤੀ ਪਿੰਡ ਵਾਸੀਆਂ ਨੇ ਪਾਸ਼ ਦਾ ਜਨਮ ਦਿਨ ਮਨਾਉਣ ਵਿੱਚ ਤਨ ਮਨ ਧਨ ਨਾਲ ਸਹਿਯੋਗ ਪਾਇਆ।ਪਰ ਸਰਪੰਚ ਨੇ ਸਾਥੀਆਂ ਸਮੇਤ ਵਿਘਨ ਪਾਉਣ ਲਈ ਪੂਰਾ ਜ਼ੋਰ ਲਾਇਆ ਗਿਆ।ਪਰ ਲੋਕਪੱਖੀ ਇਨਸਾਫ਼ਪਸੰਦ ਜਥੇਬੰਦੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਸਾਰੀਆਂ ਔਕੜਾਂ ਨੂੰ ਉਲੰਘ ਕੇ ਆਪਣੇ ਮਹਾਨ ਸ਼ਾਇਰ ਦਾ ਜਨਮ ਦਿਨ ਮਨਾਇਆ ਗਿਆ।ਜਿਸ ਵਿੱਚ ਪੂਰੇ ਪੰਜਾਬ ਦੇ ਇਨਸਾਫ਼ਪਸੰਦ ਲੋਕਾਂ ਨੇ ਪਹੁੰਚ ਕੇ ਕਿਰਤੀ ਲੋਕਾਂ ਦੇ ਸੱਚੇ ਸੁੱਚੇ ਸ਼ਾਇਰ ਅਵਤਾਰ ਪਾਸ਼ ਨੂੰ ਸ਼ਰਧਾਂਜਲੀ ਭੇਂਟ ਕੀਤੀ।

ਉਸੇ ਦਿਨ ਹਰਮੇਸ਼ ਮਾਲੜੀ ਨਾਲ ਦੁਰਵਿਵਹਾਰ ਕਰਨ ਵਾਲੇ ਸਰਪੰਚ ਵਿਰੁੱਧ ਕੇਸ ਦਰਜ ਕਰਨ ਦੀ ਮੰਗ ਰੱਖੀ ਸੀ।ਪਰ ਇੱਕ ਮਹੀਨੇ ਦੇ ਲਗਭਗ ਸਮਾਂ ਬੀਤਣ ਤੇ ਵੀ ਪੰਜਾਬ ਪੁਲਿਸ ਨੇ ਦੋਸ਼ੀ ਸਰਪੰਚ ਵਿਰੁੱਧ ਕੋਈ ਕਾਰਵਾਈ ਨਹੀਂ ਕੀਤੀ। ਇਸ ਤਰ੍ਹਾਂ ਦੀਆਂ ਘਟਨਾਵਾਂ ਰੋਕਣ ਤੇ ਧੱਕੇਸ਼ਾਹੀ ਕਰਨ ਵਾਲਿਆਂ ਵਿਰੁੱਧ ਕਾਨੂੰਨੀ ਕਾਰਵਾਈ ਕਰਵਾਉਣ ਤੇ ਯਾਦਗਾਰੀ ਕੰਪਲੈਕਸ ਨੂੰ ਪਹਿਲਾਂ ਦੀ ਤਰ੍ਹਾਂ ਪੂਰਨ ਮਾਨਤਾ ਦਿਵਾਉਣ ਲਈ 9 ਅਕਤੂਬਰ ਨੂੰ ਡੀ ਐਸ ਪੀ ਦਫ਼ਤਰ ਨਕੋਦਰ ਮੂਹਰੇ ਧਰਨੇ ਦਾ ਪ੍ਰੋਗਰਾਮ ਰੱਖਿਆ ਗਿਆ ਹੈ ਜਿਸ ਵਿਚ ਲੇਖਕਾਂ,ਕਵੀਆਂ ਤੇ ਇਨਸਾਫ਼ਪਸੰਦ ਲੋਕਾਂ ਨੂੰ ਪਹੁੰਚਣ ਲਈ ਬੇਨਤੀ ਕੀਤੀ ਗਈ ਹੈ।ਇਸ ਮੌਕੇ ਇਨਕਲਾਬੀ ਲੋਕ ਕਵੀ ਪ੍ਰੀਤ ਨੀਤਪੁਰੀ,ਜੁਗਿੰਦਰ ਕੁੱਲੇਵਾਲ,ਪਰਵਿੰਦਰ ਕਿੱਤਣਾਂ, ਅਵਤਾਰ ਲੰਗੇਰੀ, ਜਗਤਾਰ ਬਾਹੋਵਾਲ, ਬਲਵਿੰਦਰ ਕੁਮਾਰ, ਮਲਕੀਤ ਸਿੰਘ ਬਾਹੋਵਾਲ ਨੇ ਪਾਸ਼ ਦੀ ਯਾਦਗਾਰ ਨਾਲ ਛੇੜਛਾੜ ਕਰਨ ਵਾਲਿਆਂ ਦੀ ਕਰੜੇ ਸ਼ਬਦਾਂ ਵਿੱਚ ਨਿੰਦਿਆ ਕਰਦਿਆਂ ਇਨਸਾਫ਼ ਦੀ ਮੰਗ ਕੀਤੀ।

# ਅਮਰੀਕੀ ਆਵਾਜਾਈ ਮੰਤਰੀ ਦਰਸ਼ਨ ਸਿੰਘ ਧਾਲੀਵਾਲ ਦੇ ਗ੍ਰਹਿ ਪਹੁੰਚੇ



**ਮੀਕਨ, ਵਿਸਕਾਨਸਿਨ (ਅਮਰੀਕਾ)/ ਚੰਡੀਗੜ੍ਹ (ਗੁਰਜੀਤ ਬਿੱਲਾ)**- ਅਮਰੀਕੀ ਆਵਾਜਾਈ ਮੰਤਰੀ ਸ਼ੌਨ ਡਫੀ ਬੀਤੇ ਦਿਨੀਂ ਮਿਲਵਾਕੀ ਨੇੜੇ ਮੀਕਨ ਸਥਿਤ ਉੱਘੇ ਪੰਜਾਬੀ ਕਾਰੋਬਾਰੀ ਅਤੇ ਸਮਾਜ ਸੇਵੀ ਦਰਸ਼ਨ ਸਿੰਘ ਧਾਲੀਵਾਲ ਦੇ ਗ੍ਰਹਿ ਵਿਖੇ ਪਹੁੰਚੇ। ਇਸ ਮੌਕੇ ਦਰਸ਼ਨ ਸਿੰਘ ਧਾਲੀਵਾਲ ਅਤੇ ਉਨ੍ਹਾਂ ਦੇ ਛੋਟੇ ਭਰਾ, ਪੰਜਾਬ ਸਾਈਕਲਿੰਗ ਐਸੋਸੀਏਸ਼ਨ ਦੇ ਪ੍ਰਧਾਨ ਚਰਨਜੀਤ ਸਿੰਘ ਧਾਲੀਵਾਲ ਨੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ। ਮੁਲਾਕਾਤ ਦੌਰਾਨ ਅਮਰੀਕਾ ਵਿੱਚ ਪੰਜਾਬੀ ਟਰੱਕ ਡਰਾਈਵਰਾਂ, ਟਰਾਂਸਪੋਰਟ ਸੰਚਾਲਕਾਂ ਅਤੇ ਸੰਬੰਧਿਤ ਕਾਰੋਬਾਰੀਆਂ ਨੂੰ ਦਰਪੇਸ਼ ਚੁਣੌਤੀਆਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਹੋਇਆ। ਧਾਲੀਵਾਲ ਭਰਾਵਾਂ ਨੇ ਅਮਰੀਕੀ ਆਵਾਜਾਈ ਖੇਤਰ ਵਿੱਚ ਪੰਜਾਬੀ ਭਾਈਚਾਰੇ ਦੇ ਮਹੱਤਵਪੂਰਨ ਯੋਗਦਾਨ ਨੂੰ ਉਜਾਗਰ ਕਰਦਿਆਂ ਆਵਾਜਾਈ ਨਿਯਮਾਂ, ਕਾਰੋਬਾਰੀ ਸੰਚਾਲਨ ਅਤੇ ਇਸ ਕਿੱਤੇ ਨਾਲ ਜੁੜੀਆਂ ਵਿਹਾਰਕ ਮੁਸ਼ਕਲਾਂ ਵੱਲ ਮੰਤਰੀ ਦਾ ਧਿਆਨ ਦਿਵਾਇਆ। ਉਨ੍ਹਾਂ ਜ਼ੋਰ ਦਿੱਤਾ ਕਿ ਇਨ੍ਹਾਂ ਮਸਲਿਆਂ ਦੇ ਹੱਲ ਲਈ ਨੀਤੀ ਨਿਰਧਾਰਕਾਂ ਅਤੇ ਪੰਜਾਬੀ ਭਾਈਚਾਰੇ ਵਿਚਾਲੇ ਨਿਰੰਤਰ ਤੇ ਸਾਰਥਿਕ ਸੰਵਾਦ ਜ਼ਰੂਰੀ ਹੈ। ਉਨ੍ਹਾਂ ਦੱਸਿਆ ਕਿ ਅਮਰੀਕਾ ਵਿੱਚ ਵੱਸਦੇ ਵੱਡੀ ਗਿਣਤੀ ਪੰਜਾਬੀ ਪਰਵਾਰਾਂ ਦੀ ਰੋਜ਼ੀ-ਰੋਟੀ ਸਿੱਧੇ ਜਾਂ ਅਸਿੱਧੇ ਤੌਰ 'ਤੇ ਟਰੱਕਿੰਗ ਅਤੇ ਆਵਾਜਾਈ ਖੇਤਰ ਨਾਲ ਜੁੜੀ ਹੋਈ ਹੈ।ਪੰਜਾਬੀ ਡਰਾਈਵਰਾਂ ਅਤੇ ਉੱਦਮੀਆਂ ਨੇ ਆਪਣੀ ਮਿਹਨਤ ਤੇ ਕਾਰੋਬਾਰੀ ਉਪਰਾਲਿਆਂ ਨਾਲ ਅਮਰੀਕੀ ਅਰਥਚਾਰੇ ਵਿੱਚ ਅਹਿਮ ਯੋਗਦਾਨ ਪਾਇਆ ਹੈ। ਇਸ ਲਈ ਇਸ ਖੇਤਰ ਨਾਲ ਸੰਬੰਧਿਤ ਨੀਤੀਗਤ ਵਿਚਾਰ-ਵਟਾਂਦਰੇ ਦੌਰਾਨ ਉਨ੍ਹਾਂ ਦੀਆਂ ਚਿੰਤਾਵਾਂ ਅਤੇ ਕਾਰੋਬਾਰੀ ਲੋੜਾਂ ਨੂੰ ਬਣਦਾ ਮਹੱਤਵ ਦਿੱਤਾ ਜਾਣਾ ਚਾਹੀਦਾ ਹੈ।ਇਹ ਮੁਲਾਕਾਤ ਪੰਜਾਬ ਨਾਲ ਵੀ ਵਿਸ਼ੇਸ਼ ਸਰੋਕਾਰ ਰੱਖਦੀ ਹੈ, ਕਿਉਂਕਿ ਸੂਬੇ ਦੇ ਅਨੇਕਾਂ ਪਰਿਵਾਰਾਂ ਦੇ ਮੈਂਬਰ ਅਮਰੀਕਾ ਵਿੱਚ ਟਰੱਕਿੰਗ ਦੇ ਕਿੱਤੇ ਨਾਲ ਜੁੜੇ ਹੋਏ ਹਨ। ਅਮਰੀਕੀ ਆਵਾਜਾਈ ਮੰਤਰੀ ਨਾਲ ਸਿੱਧੀ ਗੱਲਬਾਤ ਰਾਹੀਂ ਧਾਲੀਵਾਲ ਭਰਾਵਾਂ ਨੂੰ ਇਨ੍ਹਾਂ ਪੇਸ਼ੇਵਰਾਂ ਦੀਆਂ ਮੁਸ਼ਕਲਾਂ ਅਤੇ ਉਮੀਦਾਂ ਪ੍ਰਸ਼ਾਸਨ ਦੇ ਸੀਨੀਅਰ ਪੱਧਰ ਤੱਕ ਪਹੁੰਚਾਉਣ ਦਾ ਮੌਕਾ ਮਿਲਿਆ।ਜ਼ਿਕਰਯੋਗ ਹੈ ਕਿ ਧਾਲੀਵਾਲ ਪਰਿਵਾਰ ਨੇ ਅਮਰੀਕਾ ਵਿੱਚ ਸੈਂਕੜੇ ਗੈਸ ਸਟੇਸ਼ਨਾਂ ਸਮੇਤ ਵਿਆਪਕ ਕਾਰੋਬਾਰ ਸਥਾਪਿਤ ਕੀਤਾ ਹੈ। ਕਾਰੋਬਾਰੀ ਸਫ਼ਲਤਾ ਦੇ ਨਾਲ-ਨਾਲ ਦਰਸ਼ਨ ਸਿੰਘ ਧਾਲੀਵਾਲ ਅਤੇ ਚਰਨਜੀਤ ਸਿੰਘ ਧਾਲੀਵਾਲ ਸਮਾਜ ਸੇਵਾ ਅਤੇ ਭਾਈਚਾਰਕ ਉਪਰਾਲਿਆਂ ਲਈ ਵੀ ਜਾਣੇ ਜਾਂਦੇ ਹਨ।

**● ਪੰਜਾਬੀ ਟਰੱਕਿੰਗ ਭਾਈਚਾਰੇ ਦੇ ਮਸਲਿਆਂ 'ਤੇ ਅਹਿਮ ਚਰਚਾ**

## ਅਕਾਲੀ ਦਲ ਬਾਦਲ ਨੇ ਸ਼ੁਰੂ ਕੀਤੀ ਡੋਰ-ਟੂ-ਡੋਰ ਮੁਹਿੰਮ



**ਗੁਰਾਇਆ (ਬਿੰਦਰ ਸੁੰਮਨ)**-ਸ਼੍ਰੋਮਣੀ ਅਕਾਲੀ ਦਲ ਬਾਦਲ ਪੰਜਾਬ ਵਲੋਂ ਪੂਰੇ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਡੋਰ ਟੂ ਡੋਰ ਮੁਹਿੰਮ ਤਹਿਤ ਵਿਧਾਨ ਸਭਾ ਹਲਕਾ ਫਿਲੌਰ ਦੇ ਸਰਕਲ ਪ੍ਰਧਾਨ ਗੁਰਾਇਆ ਅਮਰਜੀਤ ਸਿੰਘ ਢੇਸੀ ਦੀ ਅਗਵਾਈ ਹੇਠ ਬਲਾਕ ਰੁੜਕਾ ਕਲਾਂ ਦੇ ਵੱਖ ਵੱਖ ਪਿੰਡਾਂ ਵਿੱਚ ਡੋਰ ਟੂ ਡੋਰ ਜਾ ਕੇ ਬਾਦਲ ਸਰਕਾਰ ਸਮੇਂ ਲੋਕ ਭਲਾਈ ਸਕੀਮਾਂ ਦਾ ਪ੍ਰਚਾਰ ਕੀਤਾ ਗਿਆ। ਉਨਾਂ ਕਿਹਾ ਕਿ ਪੰਜਾਬ ਦੀ ਮੌਜੂਦਾ ਸਰਕਾਰ ਨੇ ਬਾਦਲ ਸਰਕਾਰ ਸਮੇਂ ਚਲਾਈਆਂ ਸਕੀਮਾਂ ਨੂੰ ਬੰਦ ਕਰ ਦਿੱਤਾ। ਉਨਾਂ 2027 ਦੀਆਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰਾਂ ਨੂੰ ਵੱਧ ਤੋ ਵੱਧ ਵੋਟਾਂ ਪਾ ਕੇ ਕਾਮਯਾਬ ਕਰਨ ਦੀ ਅਪੀਲ ਕੀਤੀ। ਇਸ ਮੌਕੇ ਅਜਮੇਰ ਸਿੰਘ ਢਿਲੋ ਸਰਪੰਚ, ਗੁਰਪ੍ਰੀਤ ਸਿੰਘ, ਸੁਖਵਿੰਦਰ ਸਿੰਘ, ਬਲਿਹਾਰ ਢੀਡਸਾ, ਤਰਸੇਮ ਸਿੰਘ ਢੀਡਸਾ, ਕੁਲਵੰਤ ਸਿੰਘ, ਮੇਜਰ ਸਿੰਘ, ਮੋਹਨ ਲਾਲ ਤੋਂ ਇਲਾਵਾ ਅਕਾਲੀ ਵਰਕਰ ਹਾਜ਼ਰ ਸਨ।

## ਰਿਸ਼ਵਤ ਲੈਂਦਾ ਸਬ-ਡਿਵੀਜ਼ਨਲ ਇੰਜੀਨੀਅਰ ਵਿਜੀਲੈਂਸ ਬਿਊਰੋ ਨੇ ਕੀਤਾ ਕਾਬੂ



**ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)**-ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ, ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ, ਕਪੂਰਥਲਾ ਵਿਖੇ ਤਾਇਨਾਤ ਸਬ-ਡਿਵੀਜ਼ਨਲ ਇੰਜੀਨੀਅਰ (ਐੱਸ ਡੀ ਈ) ਅਗਮਜੋਤ ਸਿੰਘ ਨੂੰ 1,25,000 ਰੁਪਏ ਦੀ ਰਿਸ਼ਵਤ ਦੀ ਮੰਗ ਕਰਨ ਅਤੇ ਬਤੌਰ ਪਹਿਲੀ ਕਿਸ਼ਤ 30,000 ਰੁਪਏ ਲੈਂਦਿਆਂ ਉਸ ਨੂੰ ਰੰਗੇ ਹੱਥੀਂ ਕਾਬੂ ਕੀਤਾ ਗਿਆ ਹੈ।ਇਹ ਜਾਣਕਾਰੀ ਸਾਂਝੀ ਕਰਦਿਆਂ ਸੂਬਾ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਅਧਿਕਾਰੀ ਨੂੰ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ, ਸਬ-ਡਿਵੀਜ਼ਨ ਨੰਬਰ 2, ਕਪੂਰਥਲਾ ਵਿਖੇ ਤਾਇਨਾਤ ਇੱਕ ਸਬ-ਡਿਵੀਜ਼ਨਲ ਕਲਰਕ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤਕਰਤਾ ਦਾ ਤਬਾਦਲਾ ਮੁਲਜ਼ਮ ਐੱਸ ਡੀ ਈ ਅਗਮਜੋਤ ਸਿੰਘ ਵੱਲੋਂ 5 ਅਕਤੂਬਰ 2026 ਨੂੰ ਪਿੰਡ ਚੱਕੋਕੀ, ਜ਼ਿਲ੍ਹਾ ਕਪੂਰਥਲਾ ਦੀ ਜਲ ਸਪਲਾਈ ਸਕੀਮ ਵਿਖੇ ਕਰ ਦਿੱਤਾ ਗਿਆ ਸੀ। ਜ਼ਿਕਰਯੋਗ ਹੈ ਕਿ ਸ਼ਿਕਾਇਤ ਕਰਤਾ ਦਾ ਘਰ ਤਾਇਨਾਤੀ ਵਾਲੀ ਥਾਂ ਤੋਂ ਕਾਫ਼ੀ ਦੂਰ ਸੀ, ਇਸ ਲਈ ਉਸਨੇ ਮੁਲਜ਼ਮ ਅਗਮਜੋਤ ਸਿੰਘ ਨੂੰ ਆਪਣਾ ਤਬਾਦਲਾ ਰੱਦ ਕਰਨ ਜਾਂ ਰੋਕਣ ਲਈ ਜ਼ੁਬਾਨੀ ਬੇਨਤੀ ਕੀਤੀ।ਇਸ ਤੋਂ ਬਾਅਦ ਸ਼ਿਕਾਇਤਕਰਤਾ ਦੇ ਸਾਥੀ ਕਰਮਚਾਰੀ ਅਤੇ ਫਿਟਰ ਹੈਲਪਰ ਅਮਰਿੰਦਰ ਸਿੰਘ ਨੇ ਉਸ ਨੂੰ ਦੱਸਿਆ ਕਿ ਅਗਮਜੋਤ ਸਿੰਘ ਨੇ ਤਬਾਦਲਾ ਰੋਕਣ ਲਈ ਰਿਸ਼ਵਤ ਦੀ ਮੰਗ ਕੀਤੀ ਹੈ। ਬਾਅਦ ਵਿੱਚ ਅਮਰਿੰਦਰ ਸਿੰਘ ਨੇ ਅਗਮਜੋਤ ਸਿੰਘ ਨਾਲ ਫੋਨ 'ਤੇ ਸੰਪਰਕ ਕੀਤਾ, ਜਿਸ ਨੇ 1,25,000 ਰੁਪਏ ਦੀ ਮੰਗ ਕੀਤੀ, ਜੋ ਕਿ ਕਿਸ਼ਤਾਂ ਵਿੱਚ ਦਿੱਤੇ ਜਾਣੇ ਸਨ। ਬੁਲਾਰੇ ਨੇ ਦੱਸਿਆ ਕਿ ਨਾਜਾਇਜ਼ ਰਕਮ ਦੀ ਮੰਗ ਬਾਰੇ ਗੱਲਬਾਤ ਅਮਰਿੰਦਰ ਸਿੰਘ ਨੇ ਆਪਣੇ ਮੋਬਾਈਲ ਫੋਨ 'ਤੇ ਰਿਕਾਰਡ ਕਰ ਲਈ ਸੀ।ਰਿਸ਼ਵਤ ਦੇਣ ਤੋਂ ਇਨਕਾਰੀ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਰੇਂਜ ਜਲੰਧਰ ਨਾਲ ਸੰਪਰਕ ਕੀਤਾ। ਉਸ ਦੀ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਵਿਜੀਲੈਂਸ ਬਿਊਰੋ ਦੀ ਟੀਮ ਨੇ ਦੋਸ਼ੀ ਸਬ-ਡਿਵੀਜ਼ਨਲ ਇੰਜੀਨੀਅਰ ਅਗਮਜੋਤ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ 30,000 ਰੁਪਏ ਰਿਸ਼ਵਤ ਦੀ ਪਹਿਲੀ ਕਿਸ਼ਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ ਅਤੇ ਰਿਸ਼ਵਤ ਦੀ ਰਕਮ (30,000 ਰੁਪਏ) ਬਰਾਮਦ ਕਰ ਲਈ ਗਈ ਹੈ।ਇਸ ਸੰਬੰਧ ਵਿੱਚ ਮੁਲਜ਼ਮ ਵਿਰੁੱਧ ਵਿਜੀਲੈਂਸ ਬਿਊਰੋ ਦੇ ਜਲੰਧਰ ਰੇਂਜ ਥਾਣੇ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ ਤੇ ਮਾਮਲੇ ਦੀ ਅਗਲੇਰੀ ਜਾਂਚ ਚੱਲ ਰਹੀ ਹੈ।

## ਡਾ. ਸਾਹਿਲ ਦਾ ਨਾਵਲ 'ਮੋਰ ਨਾਚ' ਅੱਜ ਲਾਂਚ ਕੀਤਾ ਜਾਵੇਗਾ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਪ੍ਰਸਿੱਧ ਹੁਸ਼ਿਆਰਪੁਰ ਨਿਵਾਸੀ ਡਾ. ਧਰਮਪਾਲ ਸਾਹਿਲ ਦੁਆਰਾ ਡਾ. ਧਰਮਪਾਲ ਸਾਹਿਲ ਦੇ ਨਵੇਂ ਪ੍ਰਕਾਸ਼ਿਤ 14ਵੇਂ ਨਾਵਲ 'ਮੋਰ ਨਾਚ' ਦਾ ਲਾਂਚ ਅਤੇ ਚਰਚਾ ਸੰਵਾਦ ਸਾਹਿਤ ਮੰਚ, ਚੰਡੀਗੜ੍ਹ ਦੁਆਰਾ 7 ਅਕਤੂਬਰ ਨੂੰ ਪੰਜਾਬ ਯੂਨੀਵਰਸਿਟੀ ਵਿਖੇ ਆਯੋਜਿਤ ਕੀਤੀ ਜਾ ਰਹੀ ਹੈ। ਸੰਸਥਾ ਦੇ ਪ੍ਰਧਾਨ ਪ੍ਰੇਮ ਵਿਜ ਦੁਆਰਾ ਜਾਰੀ ਜਾਣਕਾਰੀ ਅਨੁਸਾਰ, ਇਸ ਸਾਹਿਤਕ ਸਮਾਗਮ ਦੇ ਮੁੱਖ ਮਹਿਮਾਨ ਪਦਮਸ਼੍ਰੀ ਪ੍ਰੋ. ਡਾ. ਹਰਮੋਹੇਂਦਰ ਸਿੰਘ ਬੇਦੀ (ਵਾਈਸ ਚਾਂਸਲਰ, ਕੇਂਦਰੀ ਯੂਨੀਵਰਸਿਟੀ ਆਫ਼ ਹਿਮਾਚਲ ਪ੍ਰਦੇਸ਼) ਹੋਣਗੇ। ਡਾ. ਸ਼ਸ਼ੀ ਪ੍ਰਭਾ, ਕੁਲਦੀਪ ਸ਼ਰਮਾ, ਰਤਨਾ ਚੰਦ ਰਤਨੇਸ਼ ਅਤੇ ਪ੍ਰੇਮ ਵਿਜ ਪੁਸਤਕ ਚਰਚਾ ਵਿੱਚ ਮੁੱਖ ਬੁਲਾਰੇ ਹੋਣਗੇ। ਸੇਵਾਮੁਕਤ ਪ੍ਰਿੰਸੀਪਲ ਡਾ. ਗੁਰਨਾਮ ਕੌਰ ਬੇਦੀ ਪ੍ਰਧਾਨਗੀ ਕਰਨਗੇ, ਡਾ. ਵਿਨੋਦ ਸ਼ਰਮਾ ਅਤੇ ਅਸ਼ੋਕ ਨਾਦਿਰ ਵਿਸ਼ੇਸ਼ ਮਹਿਮਾਨ ਹੋਣਗੇ। ਚੰਡੀਗੜ੍ਹ ਦੀਆਂ ਪ੍ਰਸਿੱਧ ਸਾਹਿਤਕ ਹਸਤੀਆਂ ਵੀ ਇਸ ਸਮਾਗਮ ਵਿੱਚ ਸ਼ਾਮਲ ਹੋ ਰਹੀਆਂ ਹਨ।

---

**ਫਾਰਮ ਨੰ: 3 [ ਦੇਖੋ ਰੈਗੂਲੇਸ਼ਨ-13 (1) (ਏ)**
**ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 1)**
**ਦੂਜੀ ਮੰਜ਼ਲ, ਐੱਸ ਸੀ ਓ 33-34-35,**
**ਸੈਕਟਰ 17 ਏ, ਚੰਡੀਗੜ੍ਹ**

ਕੇਸ ਨੰ. ਓ ਏ/1269/2025 — ਈ ਐੱਕਸ ਐੱਚ ਨੰ. 35183

ਕਰਜ਼ਾ ਵਸੂਲੀ ਟ੍ਰਿਬਿਊਨਲ (ਵਿਧੀ) ਰੂਲਜ਼, 1993 ਦੇ ਰੂਲ 5 ਦੇ ਸਬ-ਰੂਲ (2 ਏ) ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਤਹਿਤ ਸੰਮਨ

ਯੈੱਸ ਬੈਂਕ ਬਨਾਮ ਮਨਪ੍ਰੀਤ ਸਿੰਘ

ਸੇਵਾ 'ਚ, (1) ਮਨਪ੍ਰੀਤ ਸਿੰਘ ਪੁੱਤਰ ਰਤਨ ਸਿੰਘ ਵਾਸੀ ਪਿੰਡ ਤੇ ਡਾਕ. ਨੜਾਂਵਾਲੀ, ਗੁਰਦਾਸਪੁਰ, ਅੰਮ੍ਰਿਤਸਰ, ਪੰਜਾਬ-143512
(2) ਜਸਵੀਰ ਕੌਰ ਪਿੰਡ ਤੇ ਡਾਕ. ਨੜਾਂਵਾਲੀ, ਬਿਸ਼ਨਕੋਟ, ਗੁਰਦਾਸਪੁਰ, ਅੰਮਿਤਸਰ, ਪੰਜਾਬ-143512

**ਸੰਮਨ**

ਜਦੋਂ ਕਿ ਓ ਏ/1269/2025 ਮਾਣਯੋਗ ਪ੍ਰੀਜ਼ਾਇਡਿੰਗ ਅਫਸਰ/ਰਜਿਸਟਰਾਰ ਸਨਮੁੱਖ 16/07/2026 ਨੂੰ ਸੂਚੀਬੱਧ ਕੀਤਾ ਗਿਆ ਸੀ। ਜਦੋਂ ਕਿ ਇਸ ਮਾਣਯੋਗ ਟ੍ਰਿਬਿਊਨਲ ਨੂੰ ਤੁਹਾਡੇ ਵਿਰੁੱਧ ਰੁ. 3621041.8/- (ਅਰਜ਼ੀ ਸਮੇਤ ਦਸਤਾਵੇਜ਼ਾਂ ਆਦਿ ਦੀਆਂ ਨਕਲਾਂ ਨਾਲ ਨੱਥੀ) ਕਰਜ਼ਾ ਵਸੂਲੀ ਲਈ ਦਾਇਰ ਉਕਤ ਅਰਜ਼ੀ 'ਤੇ ਐਕਟ ਦੇ ਸੈਕਸ਼ਨ 19 (4), ਓ ਏ ਤਹਿਤ ਸੰਮਨ/ਨੋਟਿਸ ਜਾਰੀ ਕਰਨ 'ਤੇ ਪ੍ਰਸੰਨਤਾ ਹੋ ਰਹੀ ਹੈ। ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਦੇ ਅਨੁਸਾਰ ਤੁਹਾਨੂੰ ਜਵਾਬਦੇਹਾਂ ਨੂੰ ਹੇਠਾਂ ਦਰਸਾਏ ਨਿਰਦੇਸ਼ ਦਿੱਤੇ ਜਾਂਦੇ ਹਨ :- **(i)** ਸੰਮਨਾਂ ਦੀ ਤਾਮੀਲ ਤੋਂ 30 ਦਿਨਾਂ ਦੇ ਅੰਦਰ ਕਾਰਨ ਦੱਸਿਆ ਜਾਵੇ ਕਿ ਮੰਗੀ ਗਈ ਰਾਹਤ ਕਿਉਂ ਮਨਜ਼ੂਰ ਨਾ ਕੀਤੀ ਜਾਵੇ। **(ii)** ਬਿਨੈਕਾਰ ਵੱਲੋਂ ਅਸਲ ਅਰਜ਼ੀ ਦੇ ਨਾਲ ਲੜੀ ਨੰ. 3 ਏ ਤਹਿਤ ਦਰਸਾਈਆਂ ਜਾਇਦਾਦਾਂ ਅਤੇ ਐੱਸਟਸ ਤੋਂ ਇਲਾਵਾ ਹੋਰ ਜਾਇਦਾਦਾਂ ਅਤੇ ਐੱਸਟਸ ਦੇ ਵੇਰਵੇ ਦਾ ਖੁਲਾਸਾ ਕਰਨਾ। **(iii)**ਅਸਲ ਅਰਜ਼ੀ ਦੀ ਲੜੀ ਨੰ. 3 ਏ ਤਹਿਤ ਦਰਸਾਈਆਂ ਜਾਇਦਾਦਾਂ ਅਤੇ ਐੱਸਟਸ ਜਾਂ ਸਕਿਉਰਡ ਐੱਸਟਸ ਜਿਨ੍ਹਾਂ ਵਿਰੁੱਧ ਸੁਣਵਾਈ ਲੰਬਿਤ ਹੈ ਅਤੇ ਜਾਇਦਾਦਾਂ ਦੀ ਅਟੈਚਮੈਂਟ ਵਾਸਤੇ ਅਰਜ਼ੀ ਦੇ ਨਿਪਟਾਰੇ ਸੰਬੰਧੀ ਸੌਦੇਬਾਜ਼ੀ ਜਾਂ ਨਿਪਟਾਰੇ ਲਈ ਤੁਹਾਡੇ 'ਤੇ ਪਾਬੰਦੀ ਹੈ। **(iv)** ਕਿਸੇ ਵੀ ਐੱਸਟਸ ਜਿਸ 'ਤੇ ਸੁਰੱਖਿਆ ਹਿੱਤ ਰੱਖਿਆ ਹੈ ਅਤੇ/ਜਾਂ ਅਸਲ ਅਰਜ਼ੀ ਦੀ ਲੜੀ ਨੰ. 3 ਏ ਅਧੀਨ ਦਰਸਾਈਆਂ ਵਿਸ਼ੇਸ਼ ਜਾਇਦਾਦਾਂ ਅਤੇ ਐੱਸਟਸ ਕਾਰੋਬਾਰ ਦੇ ਆਮ ਸਰੋਤ ਤੋਂ ਇਲਾਵਾ ਟ੍ਰਿਬਿਊਨਲ ਦੀ ਪਹਿਲਾਂ ਮਨਜ਼ੂਰੀ ਲੈਣ ਤੋਂ ਬਿਨਾਂ ਵਿਕਰੀ, ਲੀਜ਼ ਜਾਂ ਹੋਰ ਤਰੀਕੇ ਨਾਲ ਤਬਦੀਲ ਨਹੀਂ ਕਰ ਸਕੋਗੇ। **(v)** ਸਕਿਉਰਡ ਐੱਸਟਸ ਜਾਂ ਹੋਰ ਐੱਸਟਸ ਅਤੇ ਜਾਇਦਾਦਾਂ ਦੀ ਬਿਜ਼ਨੈੱਸ ਦੇ ਆਮ ਸਰੋਤਾਂ ਲਈ ਵਿਕਰੀ ਅਮਲ ਲਈ ਤੁਸੀਂ ਉੱਤਰਦਾਈ ਹੋਵੋਗੇ ਅਤੇ ਇਸ ਵਿਕਰੀ ਅਮਲ ਦਾ ਡਿਪਾਜ਼ਟ ਅਜਿਹੇ ਐੱਸਟਸ 'ਤੇ ਸੁਰੱਖਿਆ ਹਿੱਤ ਰੱਖਣ ਵਾਲੇ ਬੈਂਕ ਖਾਤੇ ਜਾਂ ਵਿੱਤੀ ਸੰਸਥਾਵਾਂ 'ਚ ਜਮ੍ਹਾਂ ਕਰਵਾਉਣਾ ਹੋਵੇਗਾ। ਤੁਹਾਨੂੰ ਲਿਖਤੀ ਬਿਆਨ ਦਾਇਰ ਕਰਨ ਅਤੇ ਇਸ ਦੀ ਨਕਲ ਬਿਨੈਕਾਰ ਨੂੰ ਦੇਣ ਅਤੇ ਰਜਿਸਟਰਾਰ ਸਨਮੁੱਖ 12/10/2026 ਨੂੰ ਸਵੇਰੇ 10.30 ਵਜੇ ਪੇਸ਼ ਹੋਣ ਦੇ ਵੀ ਆਦੇਸ਼ ਹਨ, ਅਸਫਲ ਰਹਿਣ 'ਤੇ ਤੁਹਾਡੀ ਗੈਰ-ਹਾਜ਼ਰੀ 'ਚ ਅਰਜ਼ੀ 'ਤੇ ਸੁਣਵਾਈ ਕੀਤੀ ਜਾਵੇਗੀ ਅਤੇ ਫ਼ੈਸਲਾ ਲਿਆ ਜਾਵੇਗਾ। ਮੇਰੇ ਦਸਤਖਤਾਂ ਅਤੇ ਟ੍ਰਿਬਿਊਨਲ ਦੀ ਮੋਹਰ ਨਾਲ ਮਿਤੀ 17/07/2026 ਨੂੰ ਜਾਰੀ ਕੀਤਾ ਗਿਆ।

ਸੰਮਨ ਜਾਰੀ ਕਰਨ ਵਾਲੇ ਅਧਿਕਾਰਤ ਅਫਸਰ ਦੇ ਦਸਤਖਤ-ਡੀ ਆਰ ਟੀ-1

---

## ਉੱਤਰ ਰੇਲਵੇ

### ਈ-ਟੈਂਡਰ ਸੂਚਨਾ

ਸੀਨੀ.ਮੰਡਲ ਬਿਜਲੀ ਇੰਜੀਨੀਅਰ/ਸਮਾਨਯ, ਉੱਤਰ ਰੇਲਵੇ ਫ਼ਿਰੋਜ਼ਪੁਰ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਈ ਟੈਂਡਰਾ (www.ireps.gov.in) ਮੰਗ ਕੀਤੀ ਜਾਂਦੀ ਹੈ। ਟੈਂਡਰਕਾਰ ਅਪਣੇ ਮੂਲ/ਸੰਸ਼ੋਧਿਤ ਟੈਂਡਰਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅਨੁਮਾਨਿਤ ਲਾਗਤ (ਰੁ:) | ਬਿਆਨਾ ਰਾਸ਼ੀ (ਰੁ:) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੇਬਸਾਈਟ |
|---|---|---|---|---|---|---|
| 251-Elect-T-08-R1-2026-27 | ਫ਼ਿਰੋਜ਼ਪੁਰ ਡਵੀਜਨ ਵਿਚ ਟੀਵੀਯ> 20000 ਅਤੇ <50000 ਵਾਲੇ 74 ਨੰ: (ਐਫਜੇਡਆਰ ਡਵੀਜਨ ਦੇ 55 ਨੰ:) ਨਾਨ ਇੰਟਰਲਾਕਡ-ਐਲਸੀ ਗੇਟਾਂ ਦੀ ਇੰਟਰਲਾਕਿੰਗ ਦੇ ਪ੍ਰਾਵਧਾਨ ਦੇ ਸਬੰਧ ਵਿਚ ਬਿਜਲੀ ਦਾ ਕੰਮ। | Rs. 88,51,499.99/- | Rs. 177000.00/- | 06 ਮਹੀਨੇ | 27.10.2026 15:00 ਵਜੇ ਦੇ ਬਾਦ | www.ireps.gov.in |

ਨੰ:-251-ਬਿਜਲੀ-ਟੈਂਡਰ ਨੋਟਿਸ ਨੰ: 08-R1-ਵਿਦਯੁ/2026-27 ਮਿਤੀ- 06.10.2026

3456/26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

---

## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਨਿਵਿਦਾ ਸੂਚਨਾ ਪੱਤਰ ਨੰ.:– 170 & 171-2026-27-ADEN-LDH — ਤਾਰੀਕ : 05.10.2026

ਸੀਨੀਅਰ ਮੰਡਲ ਇੰਜੀਨੀਅਰ-ਫਸਟ, ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਟਾਈਟਲ ਵਾਲੀ ਈ-ਟੈਂਡਰਾਂ ਦੀ ਮੰਗ ਕਰਦੇ ਹਨ ਜੋ www.ireps.gov.in 'ਤੇ ਉਪਲਬਧ ਹਨ ਅਤੇ ਜਿਨ੍ਹਾਂ ਦੇ ਬੰਦ ਹੋਣ ਦੀ ਮਿਤੀ 26.10.2026 ਦੁਪਹਿਰ15:00 ਵਜੇ ਤਕ ਹੈ।ਨਿਵਿਦਾਕਰਤਾ ਕੇਵਲ ਨਿਵਿਦਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਹੀ ਆਪਣੇ ਮੂਲ/ਸੰਸ਼ੋਧਿਤ ਨਿਵਿਦਾਵਾਂ ਪੇਸ਼ ਕਰ ਸਕਦੇ ਹਨ।। ਇਸ ਨਿਵਿਦਾ ਦੇ ਵਿਰੁਧ ਮੈਨੂੰਅਲ ਪ੍ਰਸਤਾਵ ਦੀ ਇਜਾਜਤ ਨਹੀਂ ਹੈ ਅਤੇ ਪ੍ਰਾਪਤ ਹੋਣ ਵਾਲੇ ਐਸੇ ਕਿਸੇ ਵੀ ਮੈਨੂੰਅਲ ਪ੍ਰਸਤਾਵ ਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰਾਂ ਇਸ ਨਿਵਿਦਾ ਦੇ ਲਈ ਨਿਵਿਦਾ ਫਾਰਮ ਫੀਸ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਭੁਗਤਾਨ ਮੋਡ ਦੇ ਮਾਧਿਅਮ ਨਾਲ ਕਰਨ ਦੀ ਇਜਾਜਤ ਹੈ। ਨੈਟ ਬੈਕਿੰਗ, ਡੇਬਿਟ ਕਾਰਡ ਤੇ ਕਰੈਡਿਟ ਕਾਰਡ ਆਦਿ ਜਿਵੇਂ ਪੋਰਟਲ, ਡਿਮਾਂਡ ਡ੍ਰਾਫਟ ਬੈਂਕਰ ਚੈਕ, ਜਮ੍ਹਾ ਰਸੀਦਾਂ, ਐਫਡੀਆਰ ਆਦਿ ਦੇ ਮਾਧਿਅਮ ਨਾਲ ਮੈਨੂੰਅਲ ਭੁਗਤਾਨ ਦੀ ਇਜਾਜਤ ਨਹੀਂ ਹੈ। ਵਧੇਰੇ ਜਾਣਕਾਰੀ ਦੇ ਲਈ www.ireps.gov.in. ਲਾਗ ਇਨ ਕਰੋ

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ |
| 01.10.2026 | 12.10.2026 | 26.10.2026 / 15:00 ਵਜੇ |

| ਲ. | ਨਿਵਿਦਾ ਸੰਖਿਆ | ਨਿਵਿਦਾ ਦਾ ਵੇਰਵਾ | | | |
|---|---|---|---|---|---|
| 1 | 170-2026-27-ADEN-LDH | ਸਹਾਇਕ ਮੰਡਲ ਇੰਜੀਨੀਅਰ/ਲੁਧਿਆਣਾ ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ਪੀ.ਵੇ/ਲੁਧਿਆਣਾ ਸੈਕਸ਼ਨ ਵਿਚ ਵਖ-ਵਖ ਥਾਵਾਂ ਤੇ ਸੇਸ (CESS) ਨੂੰ ਮਜਬੂਤ ਕਰਨ/ਮੁਰੰਮਤ ਕਰਨ ਅਤੇ ਹੋਰ ਵਖ-ਵਖ ਕੰਮ। | | | |
| | | ਵਿਗਿਆਪਨ ਮੂਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | | 69314796.50 | 1386300.00 | 60 ਦਿਨ | 10 ਮਹੀਨੇ |
| | | ਸਮਾਨ ਨੇਚਰ ਦਾ ਕੰਮ: "ਟ੍ਰੈਕ ਦੇ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" | | | |
| 2 | 171-2026-27-ADEN-LDH | ਸਹਾਇਕ ਮੰਡਲ ਇੰਜੀਨੀਅਰ/ਲੁਧਿਆਣਾ ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ਪੀ.ਵੇ/ਨਵਾਂਸ਼ਹਿਰ ਸੇਕਸ਼ਨ ਵਿਚ ਵਖ-ਵਖ ਥਾਵਾਂ ਤੇ ਸੇਸ (CESS) ਨੂੰ ਮਜਬੂਤ ਕਰਨ/ਮੁਰੰਮਤ ਕਰਨ ਅਤੇ ਹੋਰ ਵਖ-ਵਖ ਕੰਮ। | | | |
| | | ਵਿਗਿਆਪਨ ਮੂਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | | 12186931.99 | 243700.00 | 60 ਦਿਨ | 08 ਮਹੀਨੇ |
| | | ਸਮਾਨ ਨੇਚਰ ਦਾ ਕੰਮ: "ਟ੍ਰੈਕ ਦੇ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" | | | |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ।

3449/26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

---

## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਸੀਨੀਅਰ ਮੰਡਲ ਸੰਕੇਤ ਅਤੇ ਦੂਰਸੰਚਾਰ ਇੰਜੀਨੀਅਰ, ਉਤਰ ਰੇਲਵੇ, ਫਿਰੋਜਪੁਰ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਟੈਂਡਰ ਨੰ. 433-Sig-T-52-26-27 ਈ ਟੈਂਡਰਿੰਗ ਦੇ ਮਾਧਿਅਮ ਨਾਲ ਮਿਤੀ **29.10.2026** ਨੂੰ 15:00 ਵਜੇ ਤਕ ਵੈਬਸਾਈਟ https://www.ireps.gov.in'ਤੇ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਆਪਣੇ ਟੈਂਡਰ ਅਸਲੀ/ਸੰਸ਼ੋਧਿਤ ਤੈਅ ਕੀਤੇ ਗਏ ਸਮੇਂ ਅਤੇ ਮਿਤੀ ਤਕ ਜਰੂਰ ਜਮ੍ਹਾ ਕਰਾਉਣ ਇਸ ਟੈਂਡਰ ਦੇ ਤਹਿਤ ਮੈਨੂੰਅਲ ਟੈਂਡਰ ਵਰਜਿਤ ਹੈ ਅਤੇ ਜੇਕਰ ਕੋਈ ਮੈਨੂੰਅਲ ਟੈਂਡਰ ਪ੍ਰਾਪਤ ਹੋਵੇਗੀ ਤਾਂ ਉਹ ਮਾਨਯ ਨਹੀਂ ਹੋਵੇਗੀ।

ਠੇਕੇਦਾਰਾਂ ਦੁਆਰਾ ਟੈਂਡਰ ਡਾਕੂਮੈਂਟ ਦੀ ਕੀਮਤ ਅਤੇ ਬਿਆਨਾ ਰਾਸ਼ੀ ਜੋ ਕਿ ਇਸ ਟੈਂਡਰ ਦੇ ਲਈ ਮਾਨਯ ਹੈ ਉਹ ਕੇਵਲ ਆਈਆਰਈਪੀਐਸ ਪੋਰਟਲ ਜਿਵੇਂ ਕਿ ਨੈਟ ਬੈਕਿੰਗ, ਡੈਬਿਟ ਕਾਰਡ, ਕਰੈਡਿਟ ਕਾਰਡ ਆਦਿ ਦੁਆਰਾ ਸਵੀਕ੍ਰਿਤ ਕੀਤੀ ਜਾਵੇਗੀ ਇਸ ਦੇ ਇਲਾਵਾ ਡਿਮਾਂਡ ਡ੍ਰਾਫਟ, ਬੈਂਕਰ ਚੈਕ, ਡਿਪੋਜਿਟ ਰਸੀਦ, ਐਫਡੀਆਰ ਆਦਿ ਦੇ ਮਾਧਿਅਮ ਦੁਆਰਾ ਜਮ੍ਹਾ ਕਰਵਾਈ ਗਈ ਰਾਸ਼ੀ ਮਾਨਯ ਨਹੀਂ ਹੋਵੇਗੀ।
ਐਨ।ਆਈ।ਟੀ।

| | | | |
|---|---|---|---|
| ਕੰਮ ਦਾ ਨਾਮ | S&T ਦਾ ਨਾਮ: (1) ਜਾਲੰਧਰ ਸਿਟੀ-ਅੰਮ੍ਰਿਤਸਰ ਸੈਕਸ਼ਨ ਤੇ ਬ੍ਰਿਜ ਨੰਬਰ 102 UP&DN 111 UP&DN 119 UP ਅੰਮ੍ਰਿਤਸਰ-ਅਟਾਰੀ ਸੈਕਸ਼ਨ ਉਤੇ ਬ੍ਰਿਜ ਨੰਬਰ 180; ਅਤੇ VKADBNK ਸੈਕਸ਼ਨ ਤੇ ਬ੍ਰਿਜ ਨੰਬਰ 103 ਦੇ ਸਟੀਲ ਗਡ਼ਰ ਨੂੰ RCC ਸਲੈਬ ਨਾਲ ਬਦਲਣਾ। (ii) ਫਿਰੋਜਪੁਰ ਡਵੀਜਨ ਦੇ ADEN -ਜਾਲੰਧਰ ਸਿਟੀ ਦੇ ਤਹਿਤ ਜਾਲੰਧਰ ਸਿਟੀ-ਨਕੋਦਰ ਸੈਕਸ਼ਨ ਉਤੇ Km 4/13-14 ਉਤੇ LC C-7 ਦੀ ਥਾਂ 5 m X 3.5 m ਸਾਈਜ ਦਾ LHS ਬਨਾਉਣਾ। (iii) ADEN-I ਅੰਮ੍ਰਿਤਸਰ ਦੇ ਤਹਿਤ VKADBNK ਸੈਕਸ਼ਨ ਉਤੇ ਮੈਨ ਵਾਲੇ ਐਲ-ਕ੍ਰਾਸਿੰਗ ਨੰਬਰ ਏ-5 ਤੇ ਪੁਸ਼ਿੰਗ ਮੇਥਡ ਤੋਂ 5.0X5.0 m ਸਾਈਜ ਦਾ LHS ਬਨਾਉਣਾ। (iv) ਫਿਲੌਰ-ਲੋਹਿਯਾਂ ਖਾਸ ਸੈਕਸ਼ਨ ਵਿਚ ਸਟੀਲ ਟ੍ਰਫ ਬ੍ਰਿਜ ਨੰਬਰ 158 ਦੀ ਥਾਂ ਆਰਸੀਸੀ ਬਾਕਸ (2 ਟਵਿਨ ਬਾਕਸ) ਬ੍ਰਿਜ ਬਨਾਉਣ ਦਾ ਕੰਮ। | | |
| ਟੈਂਡਰ ਬੰਦ ਕਰਨ ਦੀ ਮਿਤੀ ਅਤੇ ਸਮਾਂ | 29.10.2026 15:00 | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 05.10.2026 19:14 |
| ਅੰਦਾਜਨ ਕੀਮਤ | 10311974.40 | ਬਿਡਿੰਗ ਸ਼ੁਰੂ ਦੀ ਮਿਤੀ (ਆਈ.ਆਰ.ਈ.ਪੀ.ਐਸ) | 15.10.2026 |
| ਬਿਆਨਾ ਰਾਸ਼ੀ (ਰੁ.) | 206200.00 | ਕੰਮ ਪੂਰਾ ਕਰਨ ਦਾ ਸਮਾਂ | 6 Months |
| ਨੋਟ: | ਨਿਵਿਦਾਕਰਤਾ ਰੈਗੂਲਰ ਤੌਰ ਤੇ ਵੈਬਸਾਈਟ ਦੇ ਸੰਪਰਕ ਵਿਚ ਰਹਿ ਕੇ ਨਿਵਿਦਾ ਸੰਸ਼ੋਧਨਾਂ, ਸੋਧ ਪੱਤਰ ਆਦਿ ਦੇ ਬਾਰੇ ਵਿਚ ਖੁਦ ਨੂੰ ਅਪਡੇਟ ਰਖਣ। | | |

ਨਿਵਿਦਾ ਸੂਚਨਾ ਨੰ. 433-Sig-T-52-26-27 ਮਿਤੀ: 06.10.2026 ਬੰਦ ਹੋਣ ਦੀ ਮਿਤੀ/ਸਮਾਂ: 29.10.2026 15:00 ਵਜੇ

3451/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

---

## ਉੱਤਰ ਰੇਲਵੇ

### ਟੈਂਡਰ ਸੂਚਨਾ

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਇਲੈਕਟ੍ਰਿਕ ਲੋਕੋ ਸ਼ੈਡ, ਉੱਤਰ ਰੇਲਵੇ, ਲੁਧਿਆਣਾ ਦੇ ਲਈ ਅਤੇ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਈ-ਟੈਂਡਰਾ ਨੰ: 2026-27-08 ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਅਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ 30.10.2026 ਨੂੰ 15.00 ਵਜੇ ਤਕ ਪੇਸ਼ ਕਰ ਸਕਦੇ ਹਨ। ਇਨ੍ਹਾਂ ਟੈਂਡਰਾਂ ਦੇ ਲਈ ਮੈਨੂੰਅਲ ਪ੍ਰਸਤਾਵ ਮਾਨਯ ਨਹੀਂ ਹੈ ਅਤੇ ਐਸੇ ਕਿਸੀ ਵੀ ਮੈਨੂੰਅਲ ਪ੍ਰਾਪਤ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਟੈਂਡਰਕਰਤਾ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਦੇ ਭੁਗਤਾਨ ਕਰਨ ਦੇ ਲਈ ਕੇਵਲ ਆਈ.ਆਰ.ਈ.ਪੀ.ਐਸ. ਪੋਰਟਲ ਉਤੇ ਉਪਲਬਧ ਆਨਲਾਈਨ ਸਾਧਨਾਂ ਦੇ ਦੁਆਰਾ ਜਿਸ ਤਰ੍ਹਾਂ ਨੇਟ ਬੈਕਿੰਗ, ਡੇਬਿਟ ਕਾਰਡ ਤੇ ਕ੍ਰੇਡਿਟ ਕਾਰਡ ਤੋਂ ਭੁਗਤਾਨ ਕਰ ਸਕਦੇ ਹਨ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅਨੁਮਾਨਿਤ ਲਾਗਤ (₹) | ਟੈਂਡਰ ਦੀ ਕੀਮਤ (₹) | ਟੈਂਡਰ ਦੀ ਸਮਾਪਨ ਮਿਤੀ ਤੇ ਸਮਾਂ | ਬਿਆਨਾ ਰਾਸ਼ੀ (₹) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੇਬਸਾਈਟ |
|---|---|---|---|---|---|---|---|---|
| 2026-27-08 | 3-ਫੇਜ ਇਲੈਕਟ੍ਰਿਕ ਲੋਕੋ-ਮੋਟਿਵ ਵਿਚ CCB ਬ੍ਰੇਕ ਸਿਸਟਮ ਦੀ ਪੂਰੀ ਮੁਰੰਮਤ / ਨਵੀਨੀਕਰਣ। | ₹ 37444909.92/- | ਸਿਫ਼ਰ | 30.10.2026 15:00 ਵਜੇ ਤਕ | 748900/- | 24 ਮਹੀਨੇ | 30.10.2026 15:00 ਵਜੇ ਦੇ ਬਾਦ | www.ireps.gov.in |

Tender Notice No. 230-Elect/TRS/LDH/WC/CCB/2026-27/08
ਮਿਤੀ : 06-10-2026

3463/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

---

## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਨਿਵਿਦਾ ਨੰ.:- 166-2026-27-Sr.DEN-III-FZR — ਤਾਰੀਕ : 06.10.2026

ਸੀਨੀਅਰ ਮੰਡਲ ਇੰਜੀਨੀਅਰ-ਤੀਜਾ/ ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਟਾਈਟਲ ਵਾਲੀ ਖੁਲ੍ਹੀ ਈ-ਟੈਂਡਰਾਂ ਦੀ ਮੰਗ ਕਰਦੇ ਹਨ ਜੋ www.ireps.gov.in 'ਤੇ ਉਪਲਬਧ ਹਨ ਅਤੇ ਜਿਨ੍ਹਾਂ ਦੇ ਬੰਦ ਹੋਣ ਦੀ ਮਿਤੀ 27.10.2026 ਦੁਪਹਿਰ15:00 ਵਜੇ ਤਕ ਹੈ।ਨਿਵਿਦਾਕਰਤਾ ਕੇਵਲ ਨਿਵਿਦਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਹੀ ਆਪਣੇ ਮੂਲ/ਸੰਸ਼ੋਧਿਤ ਨਿਵਿਦਾਵਾਂ ਪੇਸ਼ ਕਰ ਸਕਦੇ ਹਨ।। ਇਸ ਨਿਵਿਦਾ ਦੇ ਵਿਰੁਧ ਮੈਨੂੰਅਲ ਪ੍ਰਸਤਾਵ ਦੀ ਇਜਾਜਤ ਨਹੀਂ ਹੈ ਅਤੇ ਪ੍ਰਾਪਤ ਹੋਣ ਵਾਲੇ ਐਸੇ ਕਿਸੇ ਵੀ ਮੈਨੂੰਅਲ ਪ੍ਰਸਤਾਵ ਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰਾਂ ਇਸ ਨਿਵਿਦਾ ਦੇ ਲਈ ਨਿਵਿਦਾ ਫਾਰਮ ਫੀਸ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਭੁਗਤਾਨ ਮੋਡ ਦੇ ਮਾਧਿਅਮ ਨਾਲ ਕਰਨ ਦੀ ਇਜਾਜਤ ਹੈ। ਨੈਟ ਬੈਕਿੰਗ, ਡੇਬਿਟ ਕਾਰਡ ਤੇ ਕਰੈਡਿਟ ਕਾਰਡ ਆਦਿ ਜਿਵੇਂ ਪੋਰਟਲ, ਡਿਮਾਂਡ ਡ੍ਰਾਫਟ ਬੈਂਕਰ ਚੈਕ, ਜਮ੍ਹਾ ਰਸੀਦਾਂ, ਐਫਡੀਆਰ ਆਦਿ ਦੇ ਮਾਧਿਅਮ ਨਾਲ ਮੈਨੂੰਅਲ ਭੁਗਤਾਨ ਦੀ ਇਜਾਜਤ ਨਹੀਂ ਹੈ। ਵਧੇਰੇ ਜਾਣਕਾਰੀ ਦੇ ਲਈ www.ireps.gov.in. ਲਾਗ ਇਨ ਕਰੋ

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ |
| 05.10.2026 | 13.10.2026 | 27.10.2026 15:00 ਵਜੇ |

| ਲ.ਨੰ. | ਨਿਵਿਦਾ ਨੰ. | ਨਿਵਿਦਾ ਦਾ ਵੇਰਵਾ | | | |
|---|---|---|---|---|---|
| 1 | 166-2026-27-SrDEN-III-FZR | ਸੀਨੀਅਰ ਮੰਡਲ ਇੰਜੀਨੀਅਰ-ਤੀਜਾ/ਫਿਰੋਜਪੁਰ ਸੈਕਸ਼ਨ ਵਿਚ 76 ਲੇਵਲ ਕ੍ਰਾਸਿੰਗ ਤੇ ਰਬਰ ਲਗਾਉਣ ਦੇ ਕੰਮ ਦੇ ਨਾਲ-ਨਾਲ 55 ਲੇਵਲ ਕ੍ਰਾਸਿੰਗ ਤੇ ਵੀ ਰਬਰ ਲਗਾਉਣ ਦਾ ਕੰਮ। | | | |
| | | ਵਿਗਿਆਪਨ ਮੂੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
| | | 54558932.70 | 1091200.00 | 60 ਦਿਨ | 12 ਮਹੀਨੇ |
| | | ਸਮਾਨ ਨੇਚਰ ਦਾ ਕੰਮ: "ਸੜਕ ਦਾ ਕੰਮ ਜਾਂ ਐਲਸੀ ਗੇਟ ਰੋਡ ਜਾਂ ਪੇਵਿੰਗ ਦਾ ਕੰਮ"। | | | |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ।
2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ।

3466/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

---

**ਜਨਤਕ ਨੋਟਿਸ**

ਮੈਸਰਜ਼ ਚਾਰ ਚਿਨਾਰ ਡਿਪਾਜ਼ਿਟਸ ਐਂਡ ਹਾਇਰ ਪ੍ਰਚੇਜ਼ ਪ੍ਰਾਈਵੇਟ ਲਿਮਟਿਡ ("ਦਾ ਕੰਪਨੀ") (ਪਹਿਲਾਂ ਚਾਰ ਚਿਨਾਰ ਡਿਪਾਜ਼ਿਟਸ ਐਂਡ ਹਾਇਰ ਪ੍ਰਚੇਜ਼ ਲਿਮਟਿਡ), ਜਿਸ ਦਾ ਰਜਿਸਟਰਡ ਦਫਤਰ 67, ਅਮਰ ਗਾਰਡਨ, ਅਮਰ ਨਗਰ, ਰਾਈਸ ਸ਼ੈਲਰ ਦੇ ਪਿਛਲੇ ਪਾਸੇ, ਜਲੰਧਰ, ਪੰਜਾਬ-144004 ਵੱਲੋਂ ਨੋਟਿਸ ਦਿੱਤਾ ਜਾਂਦਾ ਹੈ ਕਿ ਭਾਰਤੀ ਰਿਜ਼ਰਵ ਬੈਂਕ ਦੀ ਇਜਾਜ਼ਤ ਅਨੁਸਾਰ ਪੱਤਰ ਨੰ. ਡੀ ਈ ਐੱਲ. ਡੀ ਓ ਆਰ, ਐਡਮਿਨ ਨੰ. ਐੱਸ 826/24-04-001/2026-2027 ਮਿਤੀ 18 ਸਤੰਬਰ 2026 ਹੇਠ ਲਿਖੇ ਅਨੁਸਾਰ ਇਕੁਇਟੀ ਸ਼ੇਅਰ ਪੂੰਜੀ ਦੇ ਨਿਵੇਸ਼ ਦੁਆਰਾ ਕੰਪਨੀ ਦੇ ਪ੍ਰਬੰਧਨ ਅਤੇ ਕੰਟਰੋਲ ਵਿੱਚ ਬਦਲਾਅ ਕੀਤਾ ਗਿਆ ਹੈ।
(1) ਇਕੁਇਟੀ ਪੂੰਜੀ 'ਚ ਵਾਧਾ (ਰੁਪਏ 'ਚ)

| ਲੜੀ ਨੰ. | ਪ੍ਰਸਤਾਵਿਤ ਪ੍ਰਾਪਤ ਕਰਤਾ ਨਿਵੇਸ਼ਕ ਦਾ ਨਾਂਅ | ਆਰ ਬੀ ਆਈ ਦੀ ਪ੍ਰਵਾਨਗੀ ਤੋਂ ਬਾਅਦ ਜਾਰੀ ਕੀਤੇ ਜਾਣ ਵਾਲੇ ਇਕੁਇਟੀ ਸ਼ੇਅਰਾਂ ਦੀ ਗਿਣਤੀ | ਪ੍ਰਤੀ ਸ਼ੇਅਰ ਜਾਰੀ ਮੁੱਲ (ਪ੍ਰਤੀ ਸ਼ੇਅਰ 15/- ਰੁਪਏ ਦੇ ਪ੍ਰੀਮੀਅਮ ਸਮੇਤ) | ਰਕਮ | ਪੂੰਜੀ ਨਿਵੇਸ਼ ਤੋਂ ਬਾਅਦ ਸ਼ੇਅਰ ਹੋਲਡਿੰਗ ਦਾ ਪ੍ਰਤੀਸ਼ਤ |
|---|---|---|---|---|---|
| 1 | ਆਦੀਵਾਰਾਹ ਵਸੁੰਧਰਾ ਪ੍ਰਾਈਵੇਟ ਲਿਮਟਿਡ (ਏ ਵੀ ਪੀ ਐੱਲ) | 2,00,000 | 125/- | 2,50,00,000/- | 49.67% |
| | ਕੁੱਲ | 2,00,000 | 125/- | 2,50,00,000/- | |

ਉਪਰੋਕਤ ਗਾਹਕਾਂ ਦੀ ਹਿੱਸੇਦਾਰੀ ਅਤੇ ਹੋਰ ਗਾਹਕਾਂ, ਜੋ ਕਿ ਇਕੱਠੇ ਕੰਮ ਕਰ ਰਹੇ ਹਨ, ਕੰਪਨੀ ਦੀ ਅਦਾਇਗੀ ਪੂੰਜੀ ਦੇ 26% ਤੋਂ ਵੱਧ ਦਾ ਵਾਧਾ ਕੀਤਾ ਜਾਵੇਗਾ। ਕੰਪਨੀ ਅਧਿਆਇ II ਦੀਆਂ ਵਿਵਸਥਾਵਾਂ ਦੀ ਪਾਲਣਾ ਕਰੇਗੀ, ਜੋ ਕਿ ਭਾਰਤੀ ਰਿਜ਼ਰਵ ਬੈਂਕ (ਗੈਰ-ਬੈਂਕਿੰਗ ਵਿੱਤੀ ਕੰਪਨੀਆਂ-ਸ਼ੇਅਰ ਹੋਲਡਿੰਗ ਜਾਂ ਕੰਟਰੋਲ ਦੀ ਪ੍ਰਾਪਤੀ) ਨਿਰਦੇਸ਼, 2025 ਮਿਤੀ 28 ਨਵੰਬਰ 2025 ਜਿਵੇਂ ਕਿ ਅੱਜ ਤੱਕ ਦੀ ਮਿਤੀ ਤੱਕ ਸੋਧਿਆ ਗਿਆ ਹੈ । ਇਸ ਕਾਰਵਾਈ ਦਾ ਉਦੇਸ਼ ਕੰਪਨੀ ਦੀ ਪਹੁੰਚ ਨੂੰ ਵਧਾ ਕੇ, ਨਵੇਂ ਉਤਪਾਦਾਂ ਅਤੇ ਬਜ਼ਾਰਾਂ ਵਿੱਚ ਵਿਭਿੰਨਤਾ ਲਿਆ ਕੇ ਅਤੇ ਇਸ ਦੀਆਂ ਸਮੁੱਚੀਆਂ ਵਪਾਰਕ ਸੰਭਾਵਨਾਵਾਂ ਨੂੰ ਬਿਹਤਰ ਬਣਾ ਕੇ ਇਸ ਦੇ ਵਪਾਰਕ ਕਾਰਜਾਂ ਨੂੰ ਮਜ਼ਬੂਤ ਅਤੇ ਵਿਸ਼ਾਲ ਕਰਨਾ ਹੈ।

ਕੰਪਨੀ ਦੇ ਨਿਯੰਤਰਣ ਜਾਂ ਪ੍ਰਬੰਧਨ ਵਿੱਚ ਪ੍ਰਸਤਾਵਿਤ ਤਬਦੀਲੀ ਸੰਬੰਧੀ ਕੋਈ ਵੀ ਵਿਅਕਤੀ, ਜਿਸ ਨੂੰ ਕੋਈ ਇਤਰਾਜ਼ ਹੈ, ਉਹ ਇਸ ਜਨਤਕ ਨੋਟਿਸ ਦੀ ਮਿਤੀ ਤੋਂ 30 ਦਿਨਾਂ ਦੇ ਅੰਦਰ-ਅੰਦਰ ਕੰਪਨੀ ਦੇ ਰਜਿਸਟਰਡ ਦਫਤਰ ਜਾਂ ਰੈਗੂਲੇਸ਼ਨ ਵਿਭਾਗ (ਡੀ ਓ ਆਰ), ਭਾਰਤੀ ਰਿਜ਼ਰਵ ਬੈਂਕ, ਖੇਤਰੀ ਦਫਤਰ, 6, ਸੰਸਦ ਮਾਰਗ, ਨਵੀਂ ਦਿੱਲੀ-110001 ਨੂੰ ਲਿਖ ਸਕਦਾ ਹੈ।

ਉਪਰੋਕਤ ਨੋਟਿਸ ਅਧਿਆਇ II ਦੇ ਸੰਦਰਭ 'ਚ ਦਿੱਤਾ ਜਾ ਰਿਹਾ ਹੈ, ਜੋ ਕਿ ਮਾਸਟਰ ਡਾਇਰੈਕਸ਼ਨ-ਰਿਜ਼ਰਵ ਬੈਂਕ ਆਫ ਇੰਡੀਆ (ਗੈਰ-ਬੈਂਕਿੰਗ ਵਿੱਤੀ ਕੰਪਨੀਜ਼-ਸ਼ੇਅਰ ਹੋਲਡਿੰਗ ਜਾਂ ਕੰਟਰੋਲ ਦੀ ਪ੍ਰਾਪਤੀ) ਨਿਰਦੇਸ਼ 2025 ਮਿਤੀ 28 ਨਵੰਬਰ 2025 ਨੂੰ ਜਾਰੀ ਕੀਤੇ ਗਏ ਸਰਕੂਲਰ ਨੰ. ਆਰ ਬੀ ਆਈ/ਡੀ ਓ ਆਰ/2025-26/340 ਡੀ ਓ ਆਰ, ਐੱਚ ਓ ਐੱਲ. ਆਰ ਈ ਸੀ 259/16.13.100/2025-26 ਮਿਤੀ 28 ਨਵੰਬਰ 2025, ਜੋ ਕਿ ਜਾਰੀ ਕਰਨ ਵਾਲੀ ਕੰਪਨੀ ਅਤੇ ਨਿਵੇਸ਼ਕਾਂ ਦੁਆਰਾ ਸਾਂਝੇ ਤੌਰ 'ਤੇ ਅਪਡੇਟ ਕੀਤਾ ਗਿਆ, ਦੇ ਸ਼ੇਅਰ ਹੋਲਡਿੰਗ ਜਾਂ ਕੰਟਰੋਲ (ਭਾਗ-ਸੀ) ਦੀ ਪ੍ਰਾਪਤੀ ਵੱਲੋਂ ਸਾਂਝੇ ਤੌਰ 'ਤੇ ਜਾਰੀ ਕੀਤਾ ਗਿਆ।

ਮੈਸਰਜ਼ ਚਾਰ ਚਿਨਾਰ ਡਿਪਾਜ਼ਿਟਸ ਐਂਡ ਹਾਇਰ ਪ੍ਰਚੇਜ਼ ਪ੍ਰਾਈਵੇਟ ਲਿਮਟਿਡ ("ਦਾ ਕੰਪਨੀ")
(ਪਹਿਲਾਂ ਚਾਰ ਚਿਨਾਰ ਡਿਪਾਜ਼ਿਟਸ ਐਂਡ ਹਾਇਰ ਪ੍ਰਚੇਜ਼ ਲਿਮਟਿਡ (ਜਾਰੀ ਕਰਨ ਵਾਲੀ ਕੰਪਨੀ)
ਮਿਤੀ :6 ਅਕਤੂਬਰ 2026 — ਸ੍ਰੀ ਵਰਿੰਦਰ ਪ੍ਰਸਾਦ ਤ੍ਰਿਵੇਦੀ ਆਦੀਵਾਰਾਹ ਡਾਇਰੈਕਟਰ ਵਸੁੰਧਰਾ ਪ੍ਰਾਈਵੇਟ ਲਿਮਟਿਡ (ਨਿਵੇਸ਼ਕ) ਦੀ ਤਰਫੋਂ

---

**AXIS BANK LTD.** ਰਿਟੇਲ ਐੱਸਟ ਸੈਂਟਰ :ਦੂਜੀ ਅਤੇ ਤੀਜੀ ਮੰਜ਼ਲ, ਜਾਇਦਾਦ ਨੰ. 17-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001

ਕਾਰਪੋਰੇਟ ਦਫਤਰ : "ਐਕਸਿਸ ਹਾਊਸ", ਸੀ-2 ਵਾਡੀਆ ਇੰਟਰਨੈਸ਼ਨਲ ਸੈਂਟਰ, ਪਾਂਡੁਰੰਗ ਬੁਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ : "ਤ੍ਰਿਸ਼ੂਲ" ਤੀਸਰੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਮੰਦਰ ਲਾਅ ਗਾਰਡਨ, ਐਲਿਸਬਰਿਜ, ਅਹਿਮਦਾਬਾਦ-380006

**ਅਚੱਲ ਜਾਇਦਾਦ ਦੀ ਵਿਕਰੀ ਲਈ ਈ-ਨਿਲਾਮੀ ਵਿਕਰੀ ਨੋਟਿਸ**

ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲ 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਤਹਿਤ ਅਚੱਲ ਐੱਸਟਸ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ

ਆਮ ਜਨਤਾ ਅਤੇ ਖਾਸ ਕਰ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਈ ਅਚੱਲ ਜਾਇਦਾਦ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜ਼ਡ ਹੈ, ਜਿਸ ਦਾ ਭੌਤਿਕ ਕਬਜ਼ਾ ਐਕਸਿਸ ਬੈਂਕ ਦੇ ਅਧਿਕਾਰਤ ਅਫ਼ਸਰ ਸਕਿਉਰਡ ਕ੍ਰੈਡਿਟਰ ਵੱਲੋਂ ਪ੍ਰਾਪਤ ਕਰ ਲਿਆ ਗਿਆ ਹੈ, ਦੀ ਵਿਕਰੀ (1) ਸ੍ਰੀ ਦਮਨਜੀਤ ਸਿੰਘ ਪੁੱਤਰ ਸ੍ਰੀ ਬਰਿੰਦਰਜੀਤ ਸਿੰਘ (2) ਸ੍ਰੀਮਤੀ ਕੁਲਜੀਤ ਕੌਰ ਪਤਨੀ ਸ੍ਰੀ ਬਰਿੰਦਰਜੀਤ ਸਿੰਘ ਸਕਿਉਰਡ ਕ੍ਰੈਡਿਟਰ ਦੀ 13.06.2025 ਨੂੰ ਬਕਾਇਆ ਰਕਮ ਰੁਪਏ 2158332/-(ਇੱਕੀ ਲੱਖ ਅਠਵੰਜਾ ਹਜ਼ਾਰ ਤਿੰਨ ਸੌ ਬੱਤੀ ਰੁਪਏ ਕੇਵਲ) ਜਮ੍ਹਾਂ ਅਣ-ਲਾਗੂ ਵਿਆਜ ਅਤੇ ਹੋਰ ਚਾਰਜਿਜ਼ ਦੀ ਵਸੂਲੀ ਲਈ "ਜਿਵੇਂ ਹੈ ਜਿੱਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਉੱਥੇ ਜੋ ਵੀ ਹੈ" ਦੇ ਅਧਾਰ 'ਤੇ 23 ਅਕਤੂਬਰ 2026 ਨੂੰ ਕੀਤੀ ਜਾਵੇਗੀ। ਜ਼ਰੂਰੀ ਵੇਰਵਿਆਂ ਲਈ ਕਿਰਪਾ ਕਰਕੇ ਨਿਲਾਮੀ ਸਾਰਣੀ ਦਾ ਹਵਾਲਾ ਲਿਆ ਜਾਵੇ।

| | |
|---|---|
| ਜਾਣਕਾਰੀ 'ਚ ਜੋਖਮ (ਜੇਕਰ ਕੋਈ ਹੈ) | ਕੋਈ ਨਹੀਂ |
| ਰਾਖਵੀਂ ਕੀਮਤ (ਰੁਪਏ 'ਚ) | 35,73, 428/- (ਪੈਂਤੀ ਲੱਖ ਤਿਹੱਤਰ ਹਜ਼ਾਰ ਚਾਰ ਸੌ ਅਠਾਈ ਰੁਪਏ ਕੇਵਲ) |
| ਬਿਆਨਾ ਰਕਮ ਡਿਪਾਜ਼ਟ (ਰੁਪਏ 'ਚ) | ਰੁਪਏ 3,57,342/- (ਤਿੰਨ ਲੱਖ ਸਤਵੰਜਾ ਹਜ਼ਾਰ ਤਿੰਨ ਸੌ ਬਤਾਲੀ ਰੁਪਏ ਕੇਵਲ) ਡੀ ਡੀ/ ਪੀ ਓ ਰਾਹੀਂ ਐਕਸਿਸ ਬੈਂਕ ਲਿਮਟਿਡ ਦੇ ਪੱਖ 'ਚ ਲੁਧਿਆਣਾ ਵਿਖੇ ਅਦਾਇਗੀਯੋਗ। |
| ਬੋਲੀ ਵਾਧਾ ਰਕਮ | 20,000/- (ਵੀਹ ਹਜ਼ਾਰ ਰੁਪਏ ਕੇਵਲ) |
| ਈ ਐੱਮ ਡੀ ਸਮੇਤ ਬੋਲੀਆਂ/ਟੈਂਡਰ ਜਮ੍ਹਾਂ ਕਰਵਾਉਣ ਲਈ ਅੰਤਮ ਮਿਤੀ, ਸਮਾਂ ਅਤੇ ਸਥਾਨ | ਐਕਸਿਸ ਬੈਂਕ ਲਿਮਟਿਡ ਰਿਟੇਲ ਐਸਟ ਸੈਂਟਰ, ਦੂਜੀ ਅਤੇ ਤੀਜੀ ਮੰਜ਼ਲ ਜਾਇਦਾਦ ਨੰ. 7 ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001 ਵਿਖੇ 22 ਅਕਤੂਬਰ 2026 ਨੂੰ 05.00 ਵਜੇ ਸ਼ਾਮ ਤੱਕ। |
| ਜਨਤਕ ਈ-ਨੀਲਾਮੀ ਲਈ ਮਿਤੀ, ਸਮਾਂ ਅਤੇ ਸਥਾਨ | ਵੈੱਬ ਪੋਰਟਲ https://BidDeal.in 'ਤੇ 23 ਅਕਤੂਬਰ, 2026 ਨੂੰ ਸਵੇਰੇ 11.00 ਵਜੇ ਤੋਂ ਦੁਪਹਿਰ 12.00 ਵਜੇ ਦਰਮਿਆਨ, ਹਰੇਕ 5 ਮਿੰਟਾਂ ਦੇ ਅਸੀਮਤ ਵਾਧਿਆਂ ਨਾਲ। ਈ-ਨਿਲਾਮੀ ਬੋਲੀ ਫਾਰਮ, ਘੋਸ਼ਣਾ ਆਦਿ ਰੱਖਦੇ ਈ-ਨਿਲਾਮੀ ਟੈਂਡਰ ਦਸਤਾਵੇਜ਼ ਉਪਰੋਕਤ ਦਰਸਾਏ ਸਰਵਿਸ ਪ੍ਰੋਵਾਈਡਰ ਦੀ ਵੈੱਬਸਾਈਟ 'ਤੇ ਉਪਲੱਬਧ ਹਨ। |

**ਸਾਰਣੀ-ਜਾਇਦਾਦ ਦਾ ਵੇਰਵਾ:** ਮਕਾਨ ਰਕਬਾ 0 ਬੀ-14 ਬੀ-6 ਬੀ 372 ਬੀ-8 ਬੀ ਦਾ 143/74480 ਹਿੱਸਾ, ਖੱਤਾ ਨੰ: 74/135 ਤੋਂ 151 ਖਸਰਾ ਨੰ: 357(6-5), 352(6-5), 358/1(3-3), 307(6-5), 308(6-5), 309(6-5), 310(6-5), 319(6-5), 320(6-5), 322(6-5), 324(5-17), 325(6-2), 326(6-5), 327(6-5), 328(6-5), 329(6-5), 330(6-5), 331(7-18), 333(1-16), 337(6-5), 338(6-5), 176(0-4), 332(8-9), 335(6-5), 336(6-5), 325/1m(0-5), 358/2(0-10), 414/321(3-3), 415/321(3-2), 353(6-5), 355(2-6), 356(5-18), 349(3-18), 350(3-18), 385/346(1-16), 388/361(0-18), 318(6-5), 317(6-5), 311(6-15), 195(3-18), 196(1-17), 300m(2-15), 302(4-0), 383/295(1-12), 301(6-5), 344m(4-14), 342/1(2-17), 343(6-5), 344m(1-19),345(3-15),299(2-16),300m(3-10), 303(4-0), 304(4-0), 305(4-0), 306(4-0), 251(3-3), 252(3-3), 253(3-3), 260/1(2-9), 260/2(0-14), 340(6-5), 341(6-5), 339(6-5), 342/2(3-8), 387/347(1-0), 348(6-5),351(6-5), 384/346(2-2),386/347(5-5), 290(6-18),291(5-8), 292(5-6), 296(6-5), 297(6-5), 298(3-5), 382/295(4-13), 294(6-5), 312(3-10), , 313(3-10), 293(6-5), ਪਿੰਡ ਨੂਰਪੁਰਾ ਫਰਾਂਸਵਾਲਾ ਵਿਖੇ ਸਥਿਤ, ਤਹਿਸੀਲ ਦੂਧਨ ਸਾਧਾਂ, ਜ਼ਿਲ੍ਹਾ ਪਟਿਆਲਾ, ਜਮ੍ਹਾਂਬੰਦੀ ਸਾਲ-2017-18, ਸ੍ਰੀਮਤੀ ਕੁਲਜੀਤ ਕੌਰ ਦੇ ਨਾਂਅ ਰਜਿਸਟਰਡ, ਤਬਾਦਲਾ ਬੈਨਾਮਾ ਨੰ: 647, ਸਬ-ਰਜਿਸਟਰਾਰ ਪਟਿਆਲਾ ਕੋਲ ਮਿਤੀ 23.11.2021 ਨੂੰ ਦਰਜ। ਹੱਦਾਂ: ਪੂਰਬ: ਮਨਿੰਦਰਜੀਤ ਸਿੰਘ ਦਾ ਮਕਾਨ ਹੁਣ ਦਮਨਜੀਤ ਸਿੰਘ (118'-0") ਉੱਤਰ: ਯੁਵਜੀਤ ਸਿੰਘ ਦਾ ਮਕਾਨ (45'-4*), ਪੱਛਮ: ਅੰਗਰੇਜ਼ ਸਿੰਘ ਦਾ ਨਿਰਮਤ ਮਕਾਨ (158'-0*), ਦੱਖਣ: ਸੜਕ (63'-0*)

ਵਿਕਰੀ ਦੀਆਂ ਵਿਸਥਾਰਤ ਸ਼ਰਤਾਂ ਅਤੇ ਨਿਯਮਾਂ ਲਈ ਕ੍ਰਿਪਾ ਕਰਕੇ ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ **https://www.axisbank.com/auction-retail** ਦਾ ਹਵਾਲਾ ਲਿਆ ਜਾਵੇ।
ਨਿਲਾਮੀ ਬੈਂਕ ਦੇ ਅਧਿਕਾਰਤ ਸਰਵਿਸ ਪ੍ਰੋਵਾਈਡਰ ਵੈਲਯੂ ਟਰੱਸਟ ਕੈਪੀਟਲ ਸਰਵਿਸਜ਼ ਪ੍ਰਾਈਵੇਟ ਲਿਮਟਿਡ ਸਹਿਯੋਗੀ ਬੈਂਕ ਅਤੇ ਇਸ ਦੇ ਬੋਲੀਕਾਰ ਰਾਹੀਂ ਆਨਲਾਈਨ ਨਿਲਾਮੀ ਪ੍ਰਕਿਰਿਆ ਰਾਹੀਂ ਕੀਤੀ ਜਾਵੇਗੀ। ਹੋਰ ਸਹਾਇਤਾ ਲਈ ਚਾਹਵਾਨ ਬੋਲੀਕਾਰ ਸ੍ਰੀ ਸੁਮਿਤ ਕੁਮਾਰ ਮੋਬਾਇਲ ਨੰ: 98769-88348 ਬੈਂਕ ਦੇ ਵਿਕਰੀ ਮੈਨੇਜਰ ਨਾਲ ਦਫਤਰੀ ਸਮੇਂ ਸਵੇਰੇ 10.00 ਵਜੇ ਤੋਂ ਸ਼ਾਮ ਦੇ 5.00 ਵਜੇ ਤੱਕ ਸੰਪਰਕ ਕਰ ਸਕਦੇ ਹਨ। ਇਸ ਨੋਟਿਸ ਨੂੰ ਕਰਜ਼ਦਾਰਾਂ ਲਈ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲ, 2002 ਦੇ ਰੂਲ 8 (6) ਤਹਿਤ 15 ਦਿਨਾਂ ਦਾ ਨੋਟਿਸ ਮੰਨਿਆ ਜਾਵੇ।
ਮਿਤੀ : 17.10.2026, ਸਥਾਨ : ਪਟਿਆਲਾ — ਸਹੀ/-, (ਅਧਿਕਾਰਤ ਅਫਸਰ), ਐਕਸਿਸ ਬੈਂਕ ਲਿਮਟਿਡ

## ਆਗਾਮੀ ਚੋਣਾਂ ਦੇ ਮੱਦੇਨਜ਼ਰ ਨੈਕਸਟਜੈਨ ਡਾਇਸ ਵੈੱਬ ਪੋਰਟਲ ਬਾਰੇ ਟ੍ਰੇਨਿੰਗ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਆਗਾਮੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਨੈਸ਼ਨਲ ਇਨਫਰਮੈਟਿਕਸ ਸੈਂਟਰ ਵੱਲੋਂ ਤਿਆਰ ਕੀਤੇ ਨੈਕਸਟਜੈਨ ਡਾਇਸ ਪੋਰਟਲ ਬਾਰੇ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਮੂਹ ਵਿਭਾਗਾਂ ਦੇ ਮੁਖੀਆਂ ਨੂੰ ਟ੍ਰੇਨਿੰਗ ਦਿੰਦਿਆਂ ਜ਼ਿਲ੍ਹਾ ਚੋਣ ਦਫ਼ਤਰ ਵੱਲੋਂ ਜ਼ਿਲ੍ਹੇ ਦੇ ਸੰਬੰਧਤ ਵਿਭਾਗਾਂ ਨੂੰ 21 ਅਕਤੂਬਰ ਤੱਕ ਸਟਾਫ਼ ਦੇ ਵੇਰਵੇ ਅਪਲੋਡ ਕਰਨ ਲਈ ਕਿਹਾ ਗਿਆ। ਟ੍ਰੇਨਿੰਗ ਦੌਰਾਨ ਮਾਹਰਾਂ ਵੱਲੋਂ ਨੈਕਸਟਜੈਨ ਡਾਇਸ ਵੈੱਬ ਪੋਰਟਲ, ਜੋ ਐਨ.ਆਈ.ਸੀ. ਵੱਲੋਂ ਤਿਆਰ ਕੀਤਾ ਗਿਆ ਹੈ, ਰਾਹੀਂ ਚੋਣ ਅਮਲੇ ਦਾ ਡਾਟਾ ਅਪਲੋਡ ਕਰਨ ਬਾਰੇ ਤਕਨੀਕ ਨੂੰ ਸਾਂਝਾ ਕੀਤਾ ਗਿਆ। ਜ਼ਿਲ੍ਹਾ ਇਨਫਰਮੈਟਿਕਸ ਅਫ਼ਸਰ ਰਿੰਕੀ ਅਤੇ ਚੋਣ ਤਹਿਸੀਲਦਾਰ ਰਮਨਦੀਪ ਕੌਰ ਨੇ ਵਿਭਾਗਾਂ ਦੇ ਅਧਿਕਾਰੀਆਂ ਨੂੰ ਦੱਸਿਆ ਕਿ ਪੋਰਟਲ 'ਤੇ ਡਾਟਾ ਦਰਜ ਕਰਨ ਉਪਰੰਤ ਚੋਣ ਅਮਲੇ ਦੀ ਰੈਂਡੇਮਾਈਜੇਸ਼ਨ ਪੋਰਟਲ ਰਾਹੀਂ ਹੋਵੇਗੀ ਅਤੇ ਚੋਣ ਅਮਲੇ ਨੂੰ ਰਿਹਰਸਲਾਂ, ਟ੍ਰੇਨਿੰਗਾਂ ਅਤੇ ਚੋਣ ਡਿਊਟੀ ਬਾਰੇ ਸਮੇਂ-ਸਮੇਂ ਸਿਰ ਜਾਣੂ ਕਰਵਾਇਆ ਜਾਵੇਗਾ। ਚੋਣ ਤਹਿਸੀਲਦਾਰ ਨੇ ਦੱਸਿਆ ਕਿ ਜ਼ਿਲ੍ਹਾ ਚੋਣ ਦਫ਼ਤਰ ਵੱਲੋਂ ਐਨ.ਆਈ.ਸੀ. ਨੂੰ ਪੋਰਟਲ ਰਾਹੀਂ ਸਮੁੱਚਾ ਡਾਟਾ ਮੁਹੱਈਆ ਕਰਵਾਇਆ ਜਾਵੇ ਤਾਂ ਜੋ ਚੋਣ ਅਮਲੇ ਨਾਲ ਸੰਬੰਧਤ ਪ੍ਰਕਿਰਿਆਵਾਂ ਨੂੰ ਸਮੇਂ-ਸਮੇਂ ਸਿਰ ਸੁਚੱਜੇ ਢੰਗ ਨਾਲ ਅਮਲੀ ਜਾਮਾ ਪਹਿਨਾਇਆ ਜਾ ਸਕੇ। ਉਨ੍ਹਾਂ ਦੱਸਿਆ ਕਿ ਇਸ ਵੈੱਬ ਪੋਰਟਲ ਰਾਹੀਂ ਚੋਣ ਅਮਲੇ ਨਾਲ ਸਬੰਧਤ ਸਮੁੱਚੀ ਪ੍ਰਕਿਰਿਆ ਨੂੰ ਅੰਤਿਮ ਰੂਪ ਦਿੱਤਾ ਜਾਵੇਗਾ ਜਿਸ ਵਿਚ ਡਿਊਟੀਆਂ ਲਾਉਣਾ, ਰੈਂਡਮਾਈਜੇਸ਼ਨ, ਗਿਣਤੀ ਲਈ ਪਾਰਟੀਆਂ ਤਾਇਨਾਤ ਕਰਨੀਆਂ, ਮਾਈਕ੍ਰੋ ਆਬਜ਼ਰਵਰਾਂ ਦੀ ਤਾਇਨਾਤੀ, ਡਿਊਟੀ ਆਰਡਰ ਤਿਆਰ ਕਰਨੇ, ਹਾਜ਼ਰੀ ਰਿਪੋਰਟਾਂ, ਫੋਟੋ ਆਈ.ਡੀ. ਬਣਾਉਣਾ ਆਦਿ ਸ਼ਾਮਲ ਹੈ। ਰਮਨਦੀਪ ਕੌਰ ਨੇ ਸਮੂਹ ਵਿਭਾਗਾਂ ਦੇ ਮੁਖੀਆਂ ਨੂੰ ਅਪੀਲ ਕੀਤੀ ਕਿ ਐਨ.ਆਈ.ਸੀ. ਦੇ ਪੋਰਟਲ 'ਤੇ ਨਿਰਧਾਰਤ 21 ਅਕਤੂਬਰ ਤੱਕ ਆਪਣੇ ਸਟਾਫ਼ ਦੇ ਵੇਰਵੇ ਅਪਲੋਡ ਕਰਨ ਨੂੰ ਯਕੀਨੀ ਬਣਾਇਆ ਜਾਵੇ।




## ਡਿਪਟੀ ਕਮਿਸ਼ਨਰ ਨੇ ਭਗਵਾਨ ਵਾਲਮੀਕਿ ਪ੍ਰਗਟ ਉਤਸਵ ਸਮਾਗਮਾਂ ਦੀਆਂ ਤਿਆਰੀਆਂ ਦਾ ਲਿਆ ਜਾਇਜ਼ਾ

**ਜਲੰਧਰ ( ਸ਼ੈਲੀ ਐਲਬਰਟ)**- ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਅਤੇ ਪੁਲਸ ਕਮਿਸ਼ਨਰ ਸਤਿੰਦਰ ਸਿੰਘ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਉਤਸਵ ਸਮਾਗਮਾਂ ਲਈ ਪੁਖ਼ਤਾ ਪ੍ਰਬੰਧ ਯਕੀਨੀ ਬਣਾਏ ਜਾਣਗੇ ਤਾਂ ਜੋ ਸਮਾਗਮਾਂ ਦੌਰਾਨ ਸ਼ਾਮਲ ਹੋਣ ਵਾਲੇ ਸ਼ਰਧਾਲੂਆਂ ਨੂੰ ਕੋਈ ਦਿੱਕਤ ਪੇਸ਼ ਨਾ ਆਵੇ। ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਧਾਰਮਿਕ ਜਥੇਬੰਦੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਅਤੇ ਪੁਲਿਸ ਕਮਿਸ਼ਨਰ ਨੇ ਭਰੋਸਾ ਦਿੱਤਾ ਕਿ 26 ਅਕਤੂਬਰ ਨੂੰ ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਉਤਸਵ ਅਤੇ ਇਸ ਤੋਂ ਪਹਿਲਾਂ 18 ਅਕਤੂਬਰ ਨੂੰ ਤੀਰਥ ਯਾਤਰਾ ਅਤੇ 24 ਅਕਤੂਬਰ ਨੂੰ ਕੱਢੀ ਜਾਣ ਵਾਲੀ ਸ਼ੋਭਾ ਯਾਤਰਾ ਦੇ ਮੱਦੇਨਜ਼ਰ ਵਿਆਪਕ ਪ੍ਰਬੰਧ ਕੀਤੇ ਜਾਣਗੇ, ਜਿਸ ਦੇ ਲਈ ਅਧਿਕਾਰੀਆਂ/ਕਰਮਚਾਰੀਆਂ ਦੀਆਂ ਡਿਊਟੀਆਂ ਲਗਾਈਆਂ ਜਾ ਰਹੀਆਂ ਹਨ। ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਭਰੋਸਾ ਦਿਵਾਇਆ ਕਿ ਸਮਾਗਮਾਂ ਨੂੰ ਪੂਰੀ ਧਾਰਮਿਕ ਮਰਿਆਦਾ ਅਤੇ ਸੁਚੱਜੇ ਢੰਗ ਨਾਲ ਕਰਵਾਉਣ ਲਈ ਪ੍ਰਸ਼ਾਸਨ ਵੱਲੋਂ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ ਅਤੇ ਸ਼ਰਧਾਲੂਆਂ ਦੀ ਸੁਵਿਧਾ ਦੇ ਮੱਦੇਨਜ਼ਰ ਸਾਰੇ ਲੋੜੀਂਦੇ ਪ੍ਰਬੰਧ ਕੀਤੇ ਜਾਣਗੇ।

ਉਨ੍ਹਾਂ ਕਿਹਾ ਕਿ ਸ਼ੋਭਾ ਯਾਤਰਾ ਦੌਰਾਨ ਟ੍ਰੈਫਿਕ ਦੇ ਬਦਲਵੇਂ ਰੂਟ, ਸ਼ੋਭਾ ਯਾਤਰਾ ਦੇ ਰੂਟ 'ਤੇ ਸਾਫ-ਸਫ਼ਾਈ, ਸਜਾਵਟ, ਢੁੱਕਵੀਆਂ ਮੈਡੀਕਲ ਟੀਮਾਂ ਦੀ ਤਾਇਨਾਤੀ ਸਮੇਤ ਹੋਰ ਲੋੜੀਂਦੇ ਇੰਤਜ਼ਾਮ ਕੀਤੇ ਜਾਣਗੇ, ਤਾਂ ਜੋ ਸ਼ਰਧਾਲੂਆਂ ਨੂੰ ਕੋਈ ਅਸੁਵਿਧਾ ਨਾ ਹੋਵੇ। ਪੁਲਸ ਕਮਿਸ਼ਨਰ ਸਤਿੰਦਰ ਸਿੰਘ ਨੇ ਕਿਹਾ ਕਿ ਸਮਾਗਮਾਂ ਦੌਰਾਨ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਕੀਤੇ ਜਾਣਗੇ।

ਇਸ ਦੌਰਾਨ ਵੱਖ-ਵੱਖ ਧਾਰਮਿਕ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਵੀ ਆਪਣੇ ਵਡਮੁੱਲੇ ਸੁਝਾਅ ਦਿੱਤੇ। ਮੀਟਿੰਗ ਵਿੱਚ ਕਮਿਸ਼ਨਰ ਨਗਰ ਨਿਗਮ ਸੁਰਿੰਦਰ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਜ) ਅਮਨਿੰਦਰ ਕੌਰ, ਡੀ.ਸੀ.ਪੀ. ਪਰਮਿੰਦਰ ਸਿੰਘ, ਐਸ.ਡੀ.ਐਮ. ਸ਼ੁਭੀ ਆਂਗਰਾ ਅਤੇ ਵੱਖ-ਵੱਖ ਧਾਰਮਿਕ ਜਥੇਬੰਦੀਆਂ ਦੇ ਨੁਮਾਇੰਦੇ ਵੀ ਮੌਜੂਦ ਸਨ।




## ਝੋਨੇ ਦੀ ਸਰਕਾਰੀ ਖਰੀਦ ਦੌਰਾਨ ਕਿਸਾਨਾਂ, ਆੜ੍ਹਤੀਆਂ ਨੂੰ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾ ਰਹੀ : ਕਟਾਰੂ ਚੱਕ

**ਬੰਗਾ (ਅਵਤਾਰ ਕਲੇਰ)**-ਪੰਜਾਬ ਦੇ ਖੁਰਾਕ, ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਵਿਧਾਇਕ ਬੰਗਾ ਡਾ. ਸੁਖਵਿੰਦਰ ਕੁਮਾਰ ਸੁੱਖੀ ਦੀ ਮੌਜੂਦਗੀ ਵਿੱਚ ਬੰਗਾ ਦਾਣਾ ਮੰਡੀ ਦਾ ਦੌਰਾ ਕਰਕੇ ਝੋਨੇ ਦੀ ਚੱਲ ਰਹੀ ਸਰਕਾਰੀ ਖਰੀਦ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਨੇ ਕਿਸਾਨਾਂ, ਆੜ੍ਹਤੀਆਂ ਅਤੇ ਖਰੀਦ ਪ੍ਰਕਿਰਿਆ ਨਾਲ ਜੁੜੇ ਹੋਰ ਧਿਰਾਂ ਨਾਲ ਗੱਲਬਾਤ ਕਰਕੇ ਮੰਡੀ ਵਿੱਚ ਮੁਹੱਈਆ ਕਰਵਾਈਆਂ ਜਾ ਰਹੀਆਂ ਸਹੂਲਤਾਂ ਅਤੇ ਖਰੀਦ ਪ੍ਰਬੰਧਾਂ ਬਾਰੇ ਜਾਣਕਾਰੀ ਹਾਸਲ ਕੀਤੀ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਮੰਡੀਆਂ ਵਿੱਚ ਖਰੀਦ ਲਈ ਲੋੜੀਂਦੇ ਸਾਰੇ ਪ੍ਰਬੰਧ ਪਹਿਲਾਂ ਹੀ ਯਕੀਨੀ ਬਣਾਏ ਗਏ ਹਨ, ਤਾਂ ਜੋ ਕਿਸਾਨਾਂ, ਆੜ੍ਹਤੀਆਂ ਅਤੇ ਮਿਲਰਾਂ ਨੂੰ ਕਿਸੇ ਵੀ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਪੰਜਾਬ ਸਰਕਾਰ ਵੱਲੋਂ ਕਣਕ ਅਤੇ ਝੋਨੇ ਦੇ ਖਰੀਦ ਸੀਜ਼ਨ ਦੌਰਾਨ ਮੰਡੀਆਂ ਵਿੱਚ ਖਰੀਦ ਪ੍ਰਬੰਧਾਂ ਨੂੰ ਸੁਚਾਰੂ ਬਣਾਈ ਰੱਖਣ ਲਈ ਲਗਾਤਾਰ ਪ੍ਰਭਾਵਸ਼ਾਲੀ ਕਦਮ ਚੁੱਕੇ ਗਏ ਹਨ।ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ ਇਸ ਸਾਲ ਪੰਜਾਬ ਨੂੰ 180 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਦਾ ਟੀਚਾ ਮਿਲਿਆ ਹੈ। ਇਸ ਮੌਕੇ ਬੰਗਾ ਦੇ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਨੇ ਵੀ ਦਾਣਾ ਮੰਡੀ ਵਿੱਚ ਝੋਨੇ ਦੀ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਕਿਸਾਨਾਂ, ਆੜ੍ਹਤੀਆਂ ਅਤੇ ਮਿਲਰਾਂ ਨੂੰ ਭਰੋਸਾ ਦਿਵਾਇਆ ਕਿ ਮੰਡੀ ਵਿੱਚ ਉਨ੍ਹਾਂ ਨੂੰ ਕਿਸੇ ਕਿਸਮ ਦੀ ਕਮੀ ਜਾਂ ਪ੍ਰੇਸ਼ਾਨੀ ਦਾ ਸਾਹਮਣਾ ਨਹੀਂ ਕਰਨ ਦਿੱਤਾ ਜਾਵੇਗਾ।ਇਸ ਮੌਕੇ ਮਾਰਕਿਟ ਕਮੇਟੀ ਬੰਗਾ ਦੇ ਚੇਅਰਮੈਨ ਬਲਵੀਰ ਕਤਨਾਵਾ, ਪਵਨਜੀਤ ਸਿੰਘ ਸਿੱਧੂ, ਸੋਹਣ ਲਾਲ, ਇੰਦਰਜੀਤ ਮਾਨ, ਜ਼ਿਲ੍ਹਾ ਮੰਡੀ ਅਫ਼ਸਰ ਰੁਪਿੰਦਰ ਮਿਨਹਾਸ, ਜ਼ਿਲ੍ਹਾ ਖੁਰਾਕ ਸਪਲਾਈ ਕੰਟਰੋਲਰ ਸੰਯੋਗਿਤਾ, ਡੀ ਐੱਮ ਮਾਰਕਫੈੱਡ ਜਸਬੀਰ ਸਿੰਘ ਰਕੜ, ਸਕੱਤਰ ਮਾਰਕਿਟ ਕਮੇਟੀ ਬੰਗਾ ਸੰਜੀਵ ਕੁਮਾਰ, ਪ੍ਰਧਾਨ ਆੜ੍ਹਤੀ ਐਸੋਸੀਏਸ਼ਨ ਗੁਰਚਰਨ ਸਿੰਘ, ਸੰਜੀਵ ਜੈਨ, ਕਮਲ ਚੋਪੜਾ ਤੋਂ ਇਲਾਵਾ ਹੋਰ ਪਤਵੰਤੇ ਵੀ ਹਾਜ਼ਰ ਸਨ।



## ਬਰਸਟ ਵੱਲੋਂ ਅਰਵਿੰਦ ਕੇਜਰੀਵਾਲ ਨਾਲ ਵਿਸ਼ੇਸ਼ ਮੁਲਾਕਾਤ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਦਿੱਲੀ ਵਿਖੇ ਆਮ ਆਦਮੀ ਪਾਰਟੀ (ਆਪ) ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਇਸ ਮੌਕੇ ਬਰਸਟ ਨੇ ਕੇਜਰੀਵਾਲ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕੀਤਾ ਅਤੇ ਪੰਜਾਬ ਦੀ ਮੌਜੂਦਾ ਸਿਆਸੀ ਸਥਿਤੀ, ਪਾਰਟੀ ਗਤੀਵਿਧੀਆਂ ਅਤੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਸੰਬੰਧੀ ਕੀਤੇ ਜਾ ਰਹੇ ਕਾਰਜਾਂ ਬਾਰੇ ਵਿਚਾਰ-ਵਟਾਂਦਰਾ ਕੀਤਾ।

ਇਸ ਅਹਿਮ ਮੁਲਾਕਾਤ ਦੌਰਾਨ ਪੰਜਾਬ ਦੇ ਮੌਜੂਦਾ ਰਾਜਨੀਤਿਕ ਹਾਲਾਤ ਅਤੇ ਆਗਾਮੀ ਚੋਣਾਂ ਦੇ ਮੱਦੇਨਜ਼ਰ ਬਣਾਈਆਂ ਜਾ ਰਹੀਆਂ ਰਣਨੀਤੀਆਂ ਅਤੇ ਯੋਜਨਾਵਾਂ ਸੰਬੰਧੀ ਵੀ ਅਹਿਮ ਚਰਚਾ ਹੋਈ। ਬਰਸਟ ਨੇ ਕੌਮੀ ਕਨਵੀਨਰ ਕੇਜਰੀਵਾਲ ਨੂੰ ਜਾਣੂ ਕਰਵਾਇਆ ਕਿ ਪੰਜਾਬ ਵਿੱਚ ਪਾਰਟੀ ਦੇ ਆਗੂ ਅਤੇ ਵਰਕਰ ਪੂਰੀ ਤਨਦੇਹੀ ਨਾਲ ਜ਼ਮੀਨੀ ਪੱਧਰ 'ਤੇ ਸਰਗਰਮ ਹਨ ਅਤੇ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਅਤੇ ਲੋਕ ਭਲਾਈ ਕਾਰਜਾਂ ਨੂੰ ਘਰ-ਘਰ ਤੱਕ ਪਹੁੰਚਾ ਰਹੇ ਹਨ। ਬਰਸਟ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕਾਂ ਦੀ ਭਲਾਈ ਅਤੇ ਸੂਬੇ ਦੀ ਤਰੱਕੀ ਨੂੰ ਮੁੱਖ ਤਰਜੀਹ ਦਿੰਦਿਆਂ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ।ਪੰਜਾਬ ਦੀ ਲੀਡਰਸ਼ਿਪ ਅਤੇ ਪਾਰਟੀ ਵਰਕਰ ਆਗਾਮੀ ਚੋਣਾਂ ਲਈ ਪੂਰੀ ਤਰ੍ਹਾਂ ਤਿਆਰ ਹਨ ਅਤੇ ਮੁੱਖ ਮੰਤਰੀ ਮਾਨ ਦੀ ਅਗਵਾਈ ਹੇਠ ਪੰਜਾਬ ਦੇ ਵਿਕਾਸ ਅਤੇ ਲੋਕਾਂ ਦੀ ਭਲਾਈ ਲਈ ਵਚਨਬੱਧ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਪਾਰਟੀ ਸੂਬੇ ਵਿੱਚ ਹੋਰ ਵੀ ਵੱਡੀ ਇਤਿਹਾਸਕ ਜਿੱਤ ਦਰਜ ਕਰੇਗੀ।



## ਨਸ਼ੇ ਤੋਂ ਬਚਣ ਲਈ ਨੌਜਵਾਨ ਗੁਰਬਾਣੀ, ਸਿਮਰਨ ਨਾਲ ਜੁੜਨ : ਦਲ ਖਾਲਸਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਚਿੱਟੇ ਦਾ ਨਸ਼ਾ ਅੱਜ ਨੌਜਵਾਨ ਪੀੜ੍ਹੀ ਲਈ ਬੇਹੱਦ ਖ਼ਤਰਨਾਕ, ਘਾਤਕ ਅਤੇ ਜਾਨਲੇਵਾ ਸਾਬਤ ਹੋ ਰਿਹਾ ਹੈ। ਇਸ ਦੀ ਲਪੇਟ ਵਿੱਚ ਆਉਣ ਵਾਲਾ ਵਿਅਕਤੀ ਸਿਰਫ਼ ਆਪਣੀ ਸਿਹਤ ਹੀ ਨਹੀਂ ਗੁਆਉਂਦਾ, ਸਗੋਂ ਉਸ ਦਾ ਅਸਰ ਪੂਰੇ ਪਰਵਾਰ ਅਤੇ ਸਮਾਜ 'ਤੇ ਪੈਂਦਾ ਹੈ। ਇਹਨਾਂ ਗੱਲਾਂ ਦਾ ਪ੍ਰਗਟਾਵਾ ਆਯੂਰ ਜੀਵਨ ਆਯੁਰਵੈਦਿਕ ਰਿਸਰਚ ਸੈਂਟਰ ਦੇ ਐੱਮ ਡੀ ਅਤੇ ਦਲ ਖਾਲਸਾ ਦੇ ਜ਼ਿਲ੍ਹਾ ਪ੍ਰਧਾਨ ਬਲਜਿੰਦਰ ਸਿੰਘ ਖਾਲਸਾ ਨੇ ਕਰਦਿਆਂ ਕਿਹਾ ਕਿ ਚਿੱਟੇ ਕਾਰਨ ਨਸ਼ਿਆਂ ਦੀ ਵਧ ਰਹੀ ਵਰਤੋਂ ਨੌਜਵਾਨੀ ਤੇ ਪਰਵਾਰਾਂ ਲਈ ਗੰਭੀਰ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਚਿੱਟੇ ਦੀ ਸ਼ੁਰੂਆਤ ਕਈ ਵਾਰ ਸ਼ੌਕ, ਸਾਥੀਆਂ ਦੇ ਪ੍ਰਭਾਵ ਜਾਂ ਨਸ਼ੇ ਨੂੰ ਅਜ਼ਮਾਉਣ ਦੀ ਸੋਚ ਤੋਂ ਹੁੰਦੀ ਹੈ, ਪਰ ਹੌਲੀ-ਹੌਲੀ ਇਹ ਮਨੁੱਖ ਦੀ ਜ਼ਿੰਦਗੀ ਨੂੰ ਆਪਣੀ ਗ੍ਰਿਫ਼ਤ ਵਿੱਚ ਲੈ ਲੈਂਦਾ ਹੈ। ਨਸ਼ੇ ਦੀ ਲਤ ਕਾਰਨ ਸਰੀਰਕ ਅਤੇ ਮਾਨਸਿਕ ਸਿਹਤ 'ਤੇ ਮਾੜੇ ਪ੍ਰਭਾਵ ਪੈਂਦੇ ਹਨ, ਮਿਹਨਤ ਦੀ ਕਮਾਈ ਨਸ਼ੇ ਦੀ ਭੇਟ ਚੜ੍ਹ ਜਾਂਦੀ ਹੈ ਤੇ ਪਰਵਾਰਕ ਰਿਸ਼ਤਿਆਂ ਵਿੱਚ ਤਣਾਅ ਤੇ ਬੇਚੈਨੀ ਵਧਣ ਲੱਗਦੀ ਹੈ। ਬਲਜਿੰਦਰ ਸਿੰਘ ਖਾਲਸਾ ਨੇ ਕਿਹਾ ਕਿ ਚਿੱਟਾ ਕੋਈ ਸਹਾਰਾ ਨਹੀਂ, ਸਗੋਂ ਮਨੁੱਖ ਨੂੰ ਹੌਲੀ-ਹੌਲੀ ਤਬਾਹੀ ਵੱਲ ਲਿਜਾਣ ਵਾਲਾ ਨਸ਼ਾ ਹੈ। ਨੌਜਵਾਨਾਂ ਨੂੰ ਖੇਡਾਂ, ਸਿੱਖਿਆ, ਰੋਜ਼ਗਾਰ ਅਤੇ ਉਸਾਰੂ ਗਤੀਵਿਧੀਆਂ ਨਾਲ ਜੋੜਨ ਦੇ ਨਾਲ-ਨਾਲ ਗੁਰਬਾਣੀ, ਸੰਗਤ, ਸਿਮਰਨ ਅਤੇ ਸੇਵਾ ਨਾਲ ਜੋੜਨਾ ਵੀ ਸਮੇਂ ਦੀ ਲੋੜ ਹੈ।



## ਜਾਤੀਸੂਚਕ ਦੁਰਵਿਹਾਰ ਵਿਰੁੱਧ 9 ਨੂੰ ਡੀ ਐੱਸ ਪੀ ਦਫ਼ਤਰ ਅੱਗੇ ਧਰਨੇ ਦੀ ਡਟਵੀਂ ਹਮਾਇਤ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.) ਨੇ ਪਿੰਡ ਤਲਵੰਡੀ ਸਲੇਮ ਵਿੱਚ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾਈ ਵਿੱਤ ਸਕੱਤਰ ਹਰਮੇਸ਼ ਮਾਲੜੀ ਨਾਲ ਕਥਿਤ ਜਾਤੀਸੂਚਕ ਦੁਰਵਿਹਾਰ ਅਤੇ ਪਾਸ਼-ਹੰਸ ਰਾਜ ਸ਼ਹੀਦੀ ਯਾਦਗਾਰੀ ਕੰਪਲੈਕਸ ਦੇ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ 9 ਅਕਤੂਬਰ ਨੂੰ ਡੀ.ਐੱਸ.ਪੀ. ਨਕੋਦਰ ਦੇ ਦਫ਼ਤਰ ਅੱਗੇ ਦਿੱਤੇ ਜਾ ਰਹੇ ਧਰਨੇ ਦੀ ਡਟਵੀਂ ਹਮਾਇਤ ਕੀਤੀ ਹੈ। ਸਭਾ ਨੇ ਸਮੂਹ ਲੇਖਕ ਭਾਈਚਾਰੇ ਨੂੰ ਇਸ ਧਰਨੇ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਹੈ। ਕੇਂਦਰੀ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਜਨਰਲ ਸਕੱਤਰ ਸੁਸ਼ੀਲ ਦੁਸਾਂਝ, ਸੀਨੀਅਰ ਮੀਤ ਪ੍ਰਧਾਨ ਮੱਖਣ ਸਿੰਘ ਕੁਹਾੜ ਅਤੇ ਦਫ਼ਤਰ ਸਕੱਤਰ ਦੀਪ ਦੇਵਿੰਦਰ ਸਿੰਘ ਨੇ ਸਾਂਝੇ ਬਿਆਨ ਵਿੱਚ ਕਿਹਾ ਕਿ ਜਾਤੀ ਦੇ ਨਾਂ 'ਤੇ ਕਿਸੇ ਮਨੁੱਖ ਦੀ ਬੇਇੱਜ਼ਤੀ ਸਿਰਫ਼ ਇੱਕ ਵਿਅਕਤੀ ਦੀ ਬੇਇੱਜ਼ਤੀ ਨਹੀਂ, ਸਗੋਂ ਸਮਾਜ ਦੀ ਜ਼ਮੀਰ ਨੂੰ ਚੁਣੌਤੀ ਹੈ। ਉਨ੍ਹਾਂ ਕਿਹਾ ਕਿ 7 ਸਤੰਬਰ ਨੂੰ ਪਾਸ਼-ਹੰਸ ਰਾਜ ਸ਼ਹੀਦੀ ਯਾਦਗਾਰੀ ਕੰਪਲੈਕਸ ਵਿੱਚ ਮਜ਼ਦੂਰ ਆਗੂ ਹਰਮੇਸ਼ ਮਾਲੜੀ ਆਪਣੇ ਸਾਥੀਆਂ ਸਮੇਤ ਸਫ਼ਾਈ ਕਰਵਾ ਰਹੇ ਸਨ ਤਾਂ ਪਿੰਡ ਦੇ ਸਰਪੰਚ ਅਤੇ ਉਸ ਦੇ ਸਮਰਥਕਾਂ ਵੱਲੋਂ ਗਾਲ਼ੀ-ਗਲੋਚ ਕਰਨ ਅਤੇ ਕਥਿਤ ਤੌਰ 'ਤੇ ਜਾਤੀਸੂਚਕ ਸ਼ਬਦ ਵਰਤਣ ਦੀ ਘਟਨਾ ਵਾਪਰੀ। ਇਸ ਸੰਬੰਧੀ 8 ਸਤੰਬਰ ਨੂੰ ਡੀ.ਐੱਸ.ਪੀ. ਅਤੇ ਥਾਣਾ ਸਦਰ ਨਕੋਦਰ ਦੇ ਮੁਖੀ ਨੂੰ ਲਿਖਤੀ ਸ਼ਿਕਾਇਤ ਦਿੱਤੀ ਗਈ, ਪਰ ਇੱਕ ਮਹੀਨਾ ਬੀਤਣ ਦੇ ਬਾਵਜੂਦ ਕਾਰਵਾਈ ਨਾ ਹੋਣਾ ਚਿੰਤਾ ਦਾ ਵਿਸ਼ਾ ਹੈ। ਲੇਖਕ ਸਭਾ ਦੇ ਆਗੂਆਂ ਨੇ ਕਿਹਾ ਕਿ ਅਵਤਾਰ ਪਾਸ਼ ਦਾ ਨਾਂ ਲੋਕਾਂ ਦੀ ਆਵਾਜ਼ ਨਾਲ ਜੁੜਿਆ ਹੈ ਅਤੇ ਪਾਸ਼ ਤੇ ਹੰਸ ਰਾਜ ਦੀ ਸ਼ਹਾਦਤ ਪੰਜਾਬ ਦੀ ਲੋਕ-ਚੇਤਨਾ ਦਾ ਹਿੱਸਾ ਹੈ। ਉਨ੍ਹਾਂ ਨਾਲ ਜੁੜੀਆਂ ਯਾਦਗਾਰਾਂ ਲੋਕਾਂ ਦੀ ਸਾਂਝੀ ਵਿਰਾਸਤ ਹਨ। ਇਸ ਲਈ ਇਨ੍ਹਾਂ ਦੀ ਮਰਿਆਦਾ ਅਤੇ ਪਹਿਲਾ ਰੁਤਬਾ ਬਹਾਲ ਰਹਿਣਾ ਚਾਹੀਦਾ ਹੈ। ਉਨ੍ਹਾਂ ਮੰਗ ਕੀਤੀ ਕਿ ਹਰਮੇਸ਼ ਮਾਲੜੀ ਦੀ ਸ਼ਿਕਾਇਤ 'ਤੇ ਤੁਰੰਤ ਅਤੇ ਨਿਰਪੱਖ ਕਾਨੂੰਨੀ ਕਾਰਵਾਈ ਕੀਤੀ ਜਾਵੇ, ਕਥਿਤ ਤੌਰ 'ਤੇ ਜਾਤੀਸੂਚਕ ਸ਼ਬਦ ਵਰਤਣ ਵਾਲਿਆਂ ਖ਼ਿਲਾਫ਼ ਬਣਦੀ ਕਾਰਵਾਈ ਹੋਵੇ ਅਤੇ ਪਾਸ਼-ਹੰਸ ਰਾਜ ਯਾਦਗਾਰੀ ਕੰਪਲੈਕਸ ਦਾ ਪਹਿਲਾ ਰੁਤਬਾ ਬਹਾਲ ਕੀਤਾ ਜਾਵੇ।

ਜਦੋਂ ਕਿਸੇ ਮਜ਼ਦੂਰ ਦੀ ਜਾਤ ਦੇ ਨਾਂ 'ਤੇ ਬੇਇੱਜ਼ਤੀ ਹੁੰਦੀ ਹੈ ਤਾਂ ਲੇਖਕ ਭਾਈਚਾਰਾ ਉਸ ਨੂੰ ਸਿਰਫ਼ ਖ਼ਬਰ ਵਾਂਗ ਦੇਖ ਕੇ ਅੱਗੇ ਨਹੀਂ ਲੰਘ ਸਕਦਾ। ਇਹ ਧਰਨਾ ਬਰਾਬਰੀ, ਮਨੁੱਖੀ ਸਨਮਾਨ ਅਤੇ ਲੋਕ-ਵਿਰਾਸਤ ਦੀ ਰਾਖੀ ਦਾ ਸਵਾਲ ਹੈ। ਕੇਂਦਰੀ ਪੰਜਾਬੀ ਲੇਖਕ ਸਭਾ ਨੇ ਪੰਜਾਬ ਦੇ ਸਮੂਹ ਲੇਖਕਾਂ, ਕਵੀਆਂ, ਸਾਹਿਤਕਾਰਾਂ, ਕਲਾਕਾਰਾਂ ਅਤੇ ਇਨਸਾਫ਼ਪਸੰਦ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ 9 ਅਕਤੂਬਰ ਨੂੰ ਡੀ.ਐੱਸ.ਪੀ. ਨਕੋਦਰ ਦੇ ਦਫ਼ਤਰ ਅੱਗੇ ਹੋ ਰਹੇ ਧਰਨੇ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ।

## ਵਪਾਰੀਆਂ ਦੀਆਂ ਸਮੱਸਿਆਵਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਯਕੀਨੀ ਬਣਾਏਗਾ ਜ਼ਿਲ੍ਹਾ ਪ੍ਰਸ਼ਾਸਨ : ਡਿਪਟੀ ਕਮਿਸ਼ਨਰ

**ਨਵਾਂਸ਼ਹਿਰ (ਮਨੋਜ ਲਾਡੀ)**-ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਟਰੇਡਰਜ਼ ਕਮਿਸ਼ਨ, ਸ਼ਹੀਦ ਭਗਤ ਸਿੰਘ ਨਗਰ ਦੀ ਅਹਿਮ ਮੀਟਿੰਗ ਹੋਈ। ਮੀਟਿੰਗ ਦੌਰਾਨ ਜ਼ਿਲ੍ਹੇ ਦੇ ਵਪਾਰੀਆਂ ਨਾਲ ਸਬੰਧਤ ਵੱਖ-ਵੱਖ ਸਮੱਸਿਆਵਾਂ, ਮੰਗਾਂ ਅਤੇ ਹਿੱਤਾਂ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਡਿਪਟੀ ਕਮਿਸ਼ਨਰ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਵਪਾਰੀਆਂ ਅਤੇ ਆਮ ਲੋਕਾਂ ਦੀਆਂ ਸਮੱਸਿਆਵਾਂ ਦਾ ਪਹਿਲ ਦੇ ਅਧਾਰ 'ਤੇ ਹੱਲ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵਪਾਰੀਆਂ ਨੂੰ ਸੁਚਾਰੂ ਅਤੇ ਸੁਖਾਵੇਂ ਕਾਰੋਬਾਰੀ ਮਾਹੌਲ ਲਈ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਨਵਾਂਸ਼ਹਿਰ, ਬੰਗਾ ਅਤੇ ਬਲਾਚੌਰ ਸਬ-ਡਵੀਜ਼ਨਾਂ ਵਿੱਚ ਵਪਾਰੀਆਂ ਅਤੇ ਆਮ ਲੋਕਾਂ ਨੂੰ ਬਾਜ਼ਾਰਾਂ ਨਾਲ ਸਬੰਧਤ ਕਿਸੇ ਵੀ ਤਰ੍ਹਾਂ ਦੀ ਬੇਲੋੜੀ ਮੁਸ਼ਕਲ ਪੇਸ਼ ਨਾ ਆਵੇ, ਇਸ ਲਈ ਸਬੰਧਤ ਵਿਭਾਗ ਆਪਸੀ ਤਾਲਮੇਲ ਨਾਲ ਕੰਮ ਕਰਨ। ਉਨ੍ਹਾਂ ਟਰੇਡਰਜ਼ ਕਮਿਸ਼ਨ ਦੇ ਚੇਅਰਪਰਸਨਾਂ ਅਤੇ ਮੈਂਬਰਾਂ ਨੂੰ ਭਰੋਸਾ ਦਿਵਾਇਆ ਕਿ ਵਪਾਰੀਆਂ ਵੱਲੋਂ ਉਠਾਏ ਜਾਣ ਵਾਲੇ ਜਾਇਜ਼ ਮਸਲਿਆਂ ਅਤੇ ਸ਼ਿਕਾਇਤਾਂ ਦਾ ਨਿਯਮਾਂ ਅਨੁਸਾਰ ਜਲਦ ਹੱਲ ਕਰਵਾਇਆ ਜਾਵੇਗਾ।

## 38 ਸਾਲ ਦੀ ਬੇਦਾਗ ਸੇਵਾ ਮਗਰੋਂ ਨੀਰਜ ਕੁਮਾਰ ਪਰਾਸ਼ਰ ਸੇਵਾਮੁਕਤ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਭਾਈ ਜੈਤਾ ਜੀ ਸਿਵਲ ਹਸਪਤਾਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੀਨੀਅਰ ਫਾਰਮੇਸੀ ਅਫ਼ਸਰ ਵਜੋਂ 38 ਸਾਲ ਤੋਂ ਵੱਧ ਸਮੇਂ ਤੱਕ ਇਮਾਨਦਾਰੀ, ਮਿਹਨਤ ਅਤੇ ਪੂਰੀ ਤਨਦੇਹੀ ਨਾਲ ਸੇਵਾਵਾਂ ਨਿਭਾਉਣ ਵਾਲੇ ਨੀਰਜ ਕੁਮਾਰ ਪਰਾਸ਼ਰ ਸਰਕਾਰੀ ਸੇਵਾ ਤੋਂ ਸੇਵਾਮੁਕਤ ਹੋ ਗਏ। ਉਨ੍ਹਾਂ ਦੀ ਸੇਵਾਮੁਕਤੀ ਮੌਕੇ ਸਿਹਤ ਵਿਭਾਗ ਨਾਲ ਸਬੰਧਤ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਉਨ੍ਹਾਂ ਨੂੰ ਨਿੱਘੀਆਂ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਨੀਰਜ ਕੁਮਾਰ ਪਰਾਸ਼ਰ ਨੇ ਆਪਣੇ ਲੰਮੇ ਸੇਵਾ ਕਾਲ ਦੌਰਾਨ ਸਿਹਤ ਵਿਭਾਗ ਵਿੱਚ ਪੂਰੀ ਇਮਾਨਦਾਰੀ, ਅਨੁਸ਼ਾਸਨ ਅਤੇ ਸਮਰਪਣ ਭਾਵਨਾ ਨਾਲ ਆਪਣੀ ਡਿਊਟੀ ਨਿਭਾਈ। ਉਨ੍ਹਾਂ ਵੱਲੋਂ ਮਰੀਜ਼ਾਂ ਅਤੇ ਆਮ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਪ੍ਰਦਾਨ ਕਰਨ ਵਿੱਚ ਨਿਭਾਈ ਗਈ ਭੂਮਿਕਾ ਅਤੇ ਸਹਿਕਰਮੀਆਂ ਨਾਲ ਉਨ੍ਹਾਂ ਦਾ ਮਿਲਾਪੜਾ ਤੇ ਸਹਿਯੋਗੀ ਵਤੀਰਾ ਹਮੇਸ਼ਾ ਯਾਦ ਰੱਖਿਆ ਜਾਵੇਗਾ। ਇਸ ਮੌਕੇ ਪੰਜਾਬ ਰਾਜ ਫਾਰਮੇਸੀ ਆਫ਼ੀਸਰਜ਼ ਐਸੋਸੀਏਸ਼ਨ ਦੇ ਜਨਰਲ ਸਕੱਤਰ ਸੁਨੀਲ ਦੱਤ ਸ਼ਰਮਾ ਨੇ ਨੀਰਜ ਕੁਮਾਰ ਪਰਾਸ਼ਰ ਨੂੰ ਸੇਵਾਮੁਕਤੀ ਦੀਆਂ ਹਾਰਦਿਕ ਵਧਾਈਆਂ ਦਿੱਤੀਆਂ। ਇਸ ਮੌਕੇ ਜ਼ਿਲ੍ਹਾ ਸਕੱਤਰ ਸੁਰਿੰਦਰ ਮੋਹਨ ਮੰਨਣ, ਕੁਲਬੀਰ ਸੈਣੀ, ਡਾ. ਸ਼ਿਵਾਨੀ, ਮੋਨਿਕਾ ਸ਼ਰਮਾ, ਸੀਨੀਅਰ ਫਾਰਮੇਸੀ ਅਫ਼ਸਰ ਗੁਰਵਿੰਦਰ ਸਿੰਘ, ਜੋਤੀ ਸ਼ਰਮਾ, ਅਰੁਣਾ ਕੁਮਾਰੀ, ਸ਼ਾਮ ਲਾਲ ਅਤੇ ਅਮਿਤ ਕੁਮਾਰ ਸਮੇਤ ਸਿਹਤ ਵਿਭਾਗ ਨਾਲ ਸਬੰਧਤ ਹੋਰ ਸ਼ਖ਼ਸੀਅਤਾਂ ਹਾਜ਼ਰ ਸਨ। ਸਾਰਿਆਂ ਵੱਲੋਂ ਨੀਰਜ ਕੁਮਾਰ ਪਰਾਸ਼ਰ ਨੂੰ ਸੇਵਾਮੁਕਤੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।



## ਪ੍ਰਗਟ ਸਿੰਘ ਨੂੰ ਪ੍ਰਦੇਸ਼ ਕਾਂਗਰਸ ਦਾ ਪ੍ਰਧਾਨ ਨਿਯੁਕਤ ਕਰਨ ਤੇ ਵਰਕਰਾਂ 'ਚ ਭਾਰੀ ਉਤਸਾਹ

**ਦਸੂਹਾ (ਕਰਨੈਲ ਮਾਂਗਟ)**-ਕਾਂਗਰਸ ਹਾਈ ਕਮਾਂਡ ਵੱਲੋਂ ਪਰਗਟ ਸਿੰਘ ਨੂੰ ਪ੍ਰਦੇਸ਼ ਕਾਂਗਰਸ ਪੰਜਾਬ ਦਾ ਪ੍ਰਧਾਨ ਨਿਯੁਕਤ ਕੀਤੇ ਜਾਣ ਤੇ ਪੰਜਾਬ ਦੇ ਕਾਂਗਰਸੀ ਵਰਕਰਾਂ ਵਿੱਚ ਭਾਰੀ ਉਤਸਾਹ ਦੇਖਿਆ ਗਿਆ ਹੈ। ਇਸ ਸੰਬੰਧੀ ਗੱਲਬਾਤ ਕਰਦਿਆਂ ਜਿਲਾ ਕਾਂਗਰਸ ਹੁਸ਼ਿਆਰਪੁਰ ਦੇ ਸਕੱਤਰ ਮਾਸਟਰ ਗੁਰਮੀਤ ਲਾਲ ਅਤੇ ਸਾਬਕਾ ਨਗਰ ਕੌਂਸਲਰ ਨਿਰਮਲਾ ਦੇਵੀ ਨੇ ਗੱਲਬਾਤ ਕਰਦਿਆਂ ਕਿਹਾ ਕਿ ਰਾਹੁਲ ਗਾਂਧੀ ਐੱਮ ਪੀ ਅਤੇ ਕਾਂਗਰਸ ਪਾਰਟੀ ਦੇ ਕੌਮੀ ਪ੍ਰਧਾਨ ਮਲਿਕ ਅਰਜਨ ਖੜਗੇ ਤੇ ਪ੍ਰਦੇਸ਼ ਕਾਂਗਰਸ ਦੇ ਇੰਚਾਰਜ ਸਚਿਨ ਪਾਇਲਟ ਦੁਆਰਾ ਜੋ ਇਹ ਫੈਸਲਾ ਕੀਤਾ ਗਿਆ ਹੈ, ਇਸ ਨਾਲ ਪੰਜਾਬ ਦੇ ਸਮੂਹ ਕਾਂਗਰਸ ਨੇਤਾਵਾਂ ਤੇ ਕਾਂਗਰਸੀ ਵਰਕਰਾਂ ਨੇ ਸਵਾਗਤ ਕੀਤਾ ਹੈ ।ਉਨਾਂ ਕਿਹਾ ਕਿ ਹੁਣ ਕਾਂਗਰਸ ਆਉਣ ਵਾਲੀਆਂ ਵਿਧਾਨ ਸਭਾ 2027 ਦੀਆਂ ਚੋਣਾਂ ਜਿੱਤ ਕੇ ਕਾਂਗਰਸ ਸੱਤਾ ਵਿੱਚ ਆਵੇਗੀ।



## ਕੁਲ ਹਿੰਦ ਇਸਤਰੀ ਸਭਾ ਨੇ ਗਾਂਧੀ ਜਯੰਤੀ ਮਨਾਈ



**ਮਾਹਿਲਪੁਰ (ਸਫਰੀ)**-ਡਾ. ਭਾਗ ਸਿੰਘ ਹਾਲ ਗੜ੍ਹਸ਼ੰਕਰ ਵਿਖੇ ਫਿਰਕਾਪ੍ਰਸਤੀ ਅਤੇ ਸਾਮਰਾਜ ਵਿਰੁੱਧ ਗਾਂਧੀ ਜਯੰਤੀ ਬੀਬੀ ਸੁਰਿੰਦਰ ਕੌਰ ਚੁੰਬਰ ਦੀ ਅਗਵਾਈ ਹੇਠ ਮਨਾਈ ਗਈ। ਇਸ ਮੌਕੇ ਜਨਵਾਦੀ ਇਸਤਰੀ ਸਭਾ ਦੀ ਸੂਬਾ ਪ੍ਰਧਾਨ ਬੀਬੀ ਸੁਭਾਸ਼ ਮੱਟੂ ਨੇ ਕਿਹਾ ਕਿ ਮਹਾਤਮਾ ਗਾਂਧੀ ਨੇ ਉੱਚ ਸਿੱਖਿਆ ਹਾਸਲ ਕਰਕੇ ਅਵਾਮ ਨੂੰ ਨਾਲ ਲੈਕੇ ਬ੍ਰਿਟਿਸ਼ ਸਰਕਾਰ ਵਿਰੁੱਧ ਲੜਦੇ ਰਹੇ ਅਤੇ ਉਨ੍ਹਾਂ ਨੇ ਦੇਸ਼ ਦੇ ਲੋਕਾਂ ਨੂੰ ਵਿਦੇਸ਼ੀ ਵਸਤਾਂ ਦਾ ਬਾਈਕਾਟ ਕਰਕੇ ਸਵਦੇਸ਼ੀ ਵਸਤਾਂ ਵਰਤਣ ਦਾ ਸੱਦਾ ਦਿੱਤਾ ਜਿਸ ਤੋਂ ਬਾਅਦ ਅੰਗਰੇਜ਼ਾਂ ਨੂੰ 15 ਅਗਸਤ 1947 ਨੂੰ ਭਾਰਤ ਛੱਡਣਾ ਪਿਆ। ਬੀਬੀ ਸੁਭਾਸ਼ ਮੱਟੂ ਨੇ ਕਿਹਾ ਕਿ ਮਹਾਤਮਾ ਗਾਂਧੀ ਦਾ ਦੇਸ਼ ਦੀ ਆਜ਼ਾਦੀ ਵਿੱਚ ਵਡਮੁੱਲਾ ਯੋਗਦਾਨ ਰਿਹਾ ਸੀ। ਇਸ ਲਈ ਸਾਨੂੰ ਸਾਰਿਆਂ ਨੂੰ ਆਪਸੀ ਭਾਈਚਾਰਕ ਸਾਂਝ ਬਣਾਈ ਰੱਖਣੀ ਚਾਹੀਦੀ ਹੈ। ਇਸ ਮੌਕੇ ਨੀਲਮ ਵੱਡੋਆਨ ਨੇ ਬਾਖ਼ੂਬੀ ਸਟੇਜ ਚਲਾਈ ਅਤੇ ਜਨਵਾਦੀ ਇਸਤਰੀ ਸਭਾ ਨੂੰ ਮਜ਼ਬੂਤ ਕਰਕੇ ਜਮੂਹਰੀਅਤ ਬਚਾਉਣ ਦਾ ਸੱਦਾ ਦਿੱਤਾ। ਇਸ ਮੌਕੇ ਜ਼ਿਲੇ ਦੀ ਆਗੂ ਬੀਬੀ ਪ੍ਰੇਮ ਲਤਾ, ਸੁਰਿੰਦਰ ਕੌਰ, ਰਸ਼ਪਾਲ ਕੌਰ, ਕਸ਼ਮੀਰ ਕੌਰ, ਜਸਵਿੰਦਰ ਕੌਰ, ਸੁਨੀਤਾ ਰਾਣੀ, ਮਨਪ੍ਰੀਤ ਕੌਰ, ਤਜਿੰਦਰ ਕੌਰ, ਮਹਿੰਦਰ ਕੌਰ, ਰੁਬੀਨਾ ਤੇ ਕਮਲੇਸ਼ ਕੌਰ ਆਦਿ ਹਾਜ਼ਰ ਸਨ।

## ਸ਼ਾਮ 6 ਤੋਂ ਸਵੇਰੇ 10 ਵਜੇ ਤੱਕ ਕੰਬਾਈਨ ਨਾਲ ਝੋਨੇ ਦੀ ਕਟਾਈ 'ਤੇ ਪਾਬੰਦੀ

**ਕਪੂਰਥਲਾ (ਮਨਜੀਤ ਮਾਨ)**- ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸ਼ਾਮ 6 ਵਜੇ ਤੋਂ ਸਵੇਰੇ 10 ਵਜੇ ਤੱਕ ਕੰਬਾਈਨ ਹਾਰਵੈਸਟਰਾਂ ਨਾਲ ਝੋਨੇ ਦੀ ਕਟਾਈ 'ਤੇ ਪੂਰਨ ਪਾਬੰਦੀ ਲਗਾਈ ਗਈ ਹੈ। ਇਸ ਤੋਂ ਇਲਾਵਾ, 'ਸੁਪਰ ਸਟਰਾਅ ਮੈਨੇਜਮੈਂਟ ਸਿਸਟਮ' (ਐੱਸ ਐੱਸ ਐੱਮ ਐੱਸ) ਤੋਂ ਬਿਨਾਂ ਕਿਸੇ ਵੀ ਕੰਬਾਈਨ ਹਾਰਵੈਸਟਰ ਨੂੰ ਚਲਾਉਣ 'ਤੇ ਵੀ ਸਖ਼ਤ ਰੋਕ ਲਗਾਈ ਗਈ ਹੈ। ਡਿਪਟੀ ਕਮਿਸ਼ਨਰ ਅਕਾਸ਼ ਬਾਂਸਲ ਨੇ ਦੱਸਿਆ ਕਿ ਰਾਤ ਸਮੇਂ ਝੋਨੇ ਦੀ ਕਟਾਈ 'ਤੇ ਪਾਬੰਦੀ ਇਸ ਲਈ ਲਗਾਈ ਗਈ ਹੈ ਕਿਉਂਕਿ ਰਾਤ ਸਮੇਂ ਪੈਣ ਵਾਲੀ ਤ੍ਰੇਲ ਕਾਰਨ ਝੋਨੇ ਵਿੱਚ ਨਮੀ ਦੀ ਮਾਤਰਾ ਵੱਧ ਜਾਂਦੀ ਹੈ, ਜਿਸ ਨਾਲ ਝੋਨੇ ਦੀ ਖਰੀਦ ਪ੍ਰਕਿਰਿਆ ਪ੍ਰਭਾਵਿਤ ਹੋ ਸਕਦੀ ਹੈ ਅਤੇ ਕਿਸਾਨਾਂ ਨੂੰ ਅਨਾਜ ਮੰਡੀਆਂ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਉਨ੍ਹਾਂ ਕਿਹਾ ਕਿ ਨਿਰਧਾਰਤ ਸਮੇਂ ਅਨੁਸਾਰ ਝੋਨੇ ਦੀ ਕਟਾਈ ਕਰਨ ਨਾਲ ਮੰਡੀਆਂ ਵਿੱਚ ਲਿਆਂਦੇ ਜਾਣ ਵਾਲੇ ਝੋਨੇ ਦੀ ਗੁਣਵੱਤਾ ਨਿਰਧਾਰਤ ਮਾਪਦੰਡਾਂ ਅਨੁਸਾਰ ਬਣੀ ਰਹੇਗੀ ਅਤੇ ਝੋਨੇ ਦੀ ਨਿਰਵਿਘਨ ਖਰੀਦ ਨੂੰ ਯਕੀਨੀ ਬਣਾਉਣ ਵਿੱਚ ਸਹਾਇਤਾ ਮਿਲੇਗੀ। ਉਨ੍ਹਾਂ ਕੰਬਾਈਨ ਮਾਲਕਾਂ ਅਤੇ ਆਪਰੇਟਰਾਂ ਨੂੰ ਨਿਰਧਾਰਤ ਸਮੇਂ ਦੀ ਸਖ਼ਤੀ ਨਾਲ ਪਾਲਣਾ ਕਰਨ ਅਤੇ ਕੰਬਾਈਨਾਂ ਵਿੱਚ 'ਸੁਪਰ ਸਟਰਾਅ ਮੈਨੇਜਮੈਂਟ ਸਿਸਟਮ' ਲੱਗਾ ਹੋਣਾ ਯਕੀਨੀ ਬਣਾਉਣ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਪਾਬੰਦੀਸ਼ੁਦਾ ਸਮੇਂ ਦੌਰਾਨ ਚੱਲਦੀ ਪਾਈ ਗਈ ਜਾਂ ਨਿਰਧਾਰਤ 'ਸੁਪਰ ਸਟਰਾਅ ਮੈਨੇਜਮੈਂਟ ਸਿਸਟਮ' ਤੋਂ ਬਿਨਾਂ ਚੱਲਣ ਵਾਲੀ ਕਿਸੇ ਵੀ ਕੰਬਾਈਨ ਹਾਰਵੈਸਟਰ ਖ਼ਿਲਾਫ਼ ਲਾਗੂ ਨਿਯਮਾਂ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਮੁੜ ਦੁਹਰਾਇਆ ਕਿ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ 'ਤੇ ਪੂਰਨ ਪਾਬੰਦੀ ਹੈ। ਉਨ੍ਹਾਂ ਕਿਹਾ ਕਿ ਪਰਾਲੀ ਸਾੜਨ ਨਾਲ ਹਵਾ ਵਿੱਚ ਗੰਭੀਰ ਪ੍ਰਦੂਸ਼ਣ ਫੈਲਦਾ ਹੈ ਅਤੇ ਸਾਹ ਸਬੰਧੀ ਸਮੱਸਿਆਵਾਂ ਸਮੇਤ ਕਈ ਹੋਰ ਸਿਹਤ ਸਮੱਸਿਆਵਾਂ ਪੈਦਾ ਹੋ ਸਕਦੀਆਂ ਹਨ। ਇਸ ਨਾਲ ਮਿੱਟੀ ਦੀ ਸਿਹਤ 'ਤੇ ਵੀ ਮਾੜਾ ਪ੍ਰਭਾਵ ਪੈਂਦਾ ਹੈ ਕਿਉਂਕਿ ਅੱਗ ਲੱਗਣ ਕਾਰਨ ਮਿੱਟੀ ਵਿੱਚ ਮੌਜੂਦ ਲਾਭਦਾਇਕ ਸੂਖਮ ਜੀਵ ਅਤੇ ਪੋਸ਼ਕ ਤੱਤ ਨਸ਼ਟ ਹੋ ਜਾਂਦੇ ਹਨ, ਜਿਸ ਨਾਲ ਸਮੇਂ ਦੇ ਨਾਲ ਮਿੱਟੀ ਦੀ ਉਪਜਾਊ ਸ਼ਕਤੀ ਘਟ ਸਕਦੀ ਹੈ।



## ਜਸਵੀਰ ਸਿੰਘ ਰੱਕੜ ਨੇ ਸੰਭਾਲਿਆ ਮਾਰਕਫੈੱਡ ਦੇ ਜ਼ਿਲ੍ਹਾ ਮੈਨੇਜਰ ਦਾ ਅਹੁਦਾ

**ਪੋਜੇਵਾਲ (ਰਾਮ ਲਾਲ)**- ਪਿਛਲੇ ਦਿਨੀ ਪਦਉੱਨਤ ਹੋਏ ਜ਼ਿਲ੍ਹਾ ਮੈਨੇਜਰ (ਡੀ ਐਮ) ਜਸਵੀਰ ਸਿੰਘ ਰੱਕੜ ਨੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਮਾਰਕਫੈਡ ਦੇ ਜ਼ਿਲ੍ਹਾ ਮੈਨੇਜਰ ਵਜੋਂ ਅਹੁਦਾ ਸੰਭਾਲਿਆ। ਅਹੁਦਾ ਸੰਭਾਲਣ ਉਪਰੰਤ ਉਨ੍ਹਾਂ ਕਿਹਾ ਕਿ ਜੇਕਰ ਕਿਸੇ ਮੁਲਾਜ਼ਿਮ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਸਮੱਸਿਆ ਆਉਂਦੀ ਹੈ ਤਾਂ ਉਹ ਸਿੱਧੇ ਤੌਰ ਤੇ ਉਨ੍ਹਾਂ ਨਾਲ ਸੰਪਰਕ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਉਨ੍ਹਾਂ ਵੱਲੋਂ ਗੜ੍ਹਸ਼ੰਕਰ ਵਿਖੇ ਮਾਰਕਫੈਡ ਨੂੰ ਉਚਾਈਆਂ ਤੱਕ ਪਹੁੰਚਾਇਆ ਹੈ ਉਸੇ ਤਰਾਂ ਉਨ੍ਹਾਂ ਦਾ ਮੁੱਖ ਟੀਚਾ ਨਵਾਂਸ਼ਹਿਰ ਵਿਖੇ ਵੀ ਮਾਰਕਫੈਡ ਨੂੰ ਉਚਾਈਆਂ ਤੱਕ ਪਹੁੰਚਾਉਣ ਦਾ ਹੋਵੇਗਾ। ਉਨ੍ਹਾਂ ਸਮੁੱਚੇ ਸਟਾਫ ਦਾ ਸਹਿਯੋਗ ਮੰਗਿਆ ਤਾਂ ਜੋ ਦਫਤਰੀ ਕਾਰਜ ਵਿੱਚ ਪਾਰਦਰਸ਼ਤਾ ਲਿਆਂਦੀ ਜਾ ਸਕੇ। ਇਸ ਤੋਂ ਪਹਿਲਾਂ ਨਵਾਂਸ਼ਹਿਰ ਦਫਤਰ ਦੇ ਸਮੁੱਚੇ ਸਟਾਫ ਵੱਲੋਂ ਨਵ ਨਿਯੁਕਤ ਜ਼ਿਲ੍ਹਾ ਮੈਨੇਜਰ ਜਸਵੀਰ ਸਿੰਘ ਰੱਕੜ ਦਾ ਨਿੱਘਾ ਸਵਾਗਤ ਕੀਤਾ ਗਿਆ। ਸਟਾਫ ਵੱਲੋਂ ਉਨ੍ਹਾਂ ਨੂੰ ਪੂਰਨ ਵਿਸ਼ਵਾਸ ਦਵਾਇਆ ਗਿਆ ਕਿ ਉਹ ਸਮੁੱਚੇ ਕਾਰਜਾਂ ਨੂੰ ਪੂਰੀ ਮਿਹਨਤ ਅਤੇ ਲਗਨ ਨਾਲ ਕਰਨਗੇ। ਇਸ ਮੌਕੇ ਜਸਮਨਦੀਪ ਸਿੰਘ ਤਕਨੀਕੀ ਅਫ਼ਸਰ, ਹਰਭਜਨ ਸਿੰਘ ਐੱਫ ਐੱਸ ਓ, ਪਰਮਿੰਦਰ ਗੁੱਜਰ ਐੱਸ ਬੀ ਓ ਬਲਾਚੌਰ, ਬਲਜੀਤ ਸਿੰਘ ਬੀ ਆਈ ਨਵਾਂਸ਼ਹਿਰ, ਚਰਨਜੀਵ ਸੰਧੂ ਬੀ ਆਈ ਬੰਗਾ, ਪਰਮਿੰਦਰ ਸਿੰਘ ਜੌਹਲ ਐੱਸ. ਏ. ਓ, ਮਨਦੀਪ ਸਿੰਘ ਬੀ.ਆਈ. ਖੰਨਾ, ਸੰਜੀਵ ਸ਼ਰਮਾ ਸਾਬਕਾ ਜ਼ਿਲ੍ਹਾ ਪ੍ਰਬੰਧਕ, ਨਵਪ੍ਰੀਤ ਗੁਲਾਟੀ ਐੱਸ ਬੀ ਓ ਜਲੰਧਰ, ਸੁਖਪਾਲ ਸਿੰਘ ਤਨੇਜਾ, ਤਨੁਜ ਜੀਦ, ਕਰਨ ਬਾਠ, ਹਰਨੇਕ ਸਿੰਘ ਏ ਐਸ ਆਈ, ਗੜ੍ਹਸ਼ੰਕਰ ਬ੍ਰਾਂਚ ਦੇ ਮੁਲਾਜਮ, ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ਦੀ ਸ਼ੈਲਰ ਐਸੋਸੀਏਸ਼ਨ, ਆੜਤੀ ਐਸੋਸੀਏਸ਼ਨ ਦੇ ਅਹੁਦੇਦਾਰ ਅਤੇ ਹੋਰ ਵੱਖ-ਵੱਖ ਸ਼ਖਸੀਅਤਾਂ ਹਾਜ਼ਰ ਸਨ।



## ਡਗਾਣਾ ਕਲਾਂ ਵਿਖੇ ਗੁਰਮਤਿ ਸਮਾਗਮ ਕਰਵਾਏ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਡਗਾਣਾ ਕਲਾਂ ਵਿਖੇ ਗੁਰਦੁਆਰਾ ਸ਼ਹੀਦ ਗੰਜ ਡਗਾਣਾ ਕਲਾਂ ਹਰਗੜ੍ਹ ਰੋਡ, ਹੁਸ਼ਿਆਰਪੁਰ ਵਿਖੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਐਨ ਆਰ ਆਈ ਵੀਰਾਂ ਅਤੇ ਇਲਾਕੇ ਦੇ ਸਹਿਯੋਗ ਨਾਲ ਸ੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਅਤੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ 108 ਸੰਤ ਬਾਬਾ ਸਤਪਾਲ ਸਿੰਘ ਸਾਹਰੀ ਵਾਲਿਆਂ ਦੀ ਸਲਾਨਾ ਦੂਜੀ ਬਰਸੀ ਮੌਕੇ ਅਤੇ ਸਮੂਹ ਸੰਤ ਮਹਾਂਪੁਰਸ਼ਾਂ ਦੀ ਯਾਦ ਵਿੱਚ ਮਹਾਨ ਗੁਰਮਤਿ ਸਮਾਗਮ ਸ਼ਰਧਾ ਭਾਵਨਾ ਨਾਲ ਕਰਵਾਏ ਗਏ।

ਇਸ ਮੌਕੇ ਮੁੱਖ ਸੇਵਾਦਾਰ ਸੰਤ ਬਾਬਾ ਪਰਮਿੰਦਰ ਸਿੰਘ ਡਗਾਣਾ ਕਲਾਂ ਨੇ ਪੱਤਰਕਾਰਾਂ ਨੂੰ ਕਿ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਜਥੇਦਾਰ ਬਾਬਾ ਗੁਰਦੇਵ ਸਿੰਘ ਤਰਨਾ ਦਲ ਬਜਵਾੜਾ ਕਲਾਂ, ਸੰਤ ਬਾਬਾ ਹਰਪ੍ਰੀਤ ਸਿੰਘ ਸ਼ੇਰਪੁਰ ਖਾਮ, ਸੰਤ ਬੀਬੀ ਹਰਜੀਤ ਕੌਰ ਹੁਸ਼ਿਆਰਪੁਰ, ਸਤਵਿੰਦਰ ਸਿੰਘ ਸਾਹਰੀ, ਸੰਤ ਬਾਬਾ ਰਣਜੀਤ ਸਿੰਘ ਡਗਾਣਾ ਕਲਾਂ, ਸੰਤ ਬਾਬਾ ਜਸਵਿੰਦਰ ਸਿੰਘ ਬਡਿਆਲ, ਸੰਤ ਬਾਬਾ ਯੁਗਰਾਜ ਸਿੰਘ ਸ਼ੇਰਪੁਰ, ਸੰਤ ਬਾਬਾ ਸਤਰੰਜਨ ਸਿੰਘ ਧੁੱਗਾ, ਸੰਤ ਬਾਬਾ ਰਣਜੀਤ ਸਿੰਘ ਸੂਸਾਂ, ਸੰਤ ਬਾਬਾ ਜਤਿੰਦਰ ਸਿੰਘ ਪਿੱਪਲੀ ਸਾਹਿਬ, ਸੰਤ ਬਾਬਾ ਮਹਾਂਵੀਰ ਸਿੰਘ ਤਾਜੇਵਾਲ, ਸੰਤ ਬਾਬਾ ਕਰਮਜੀਤ ਸਿੰਘ ਟਿੱਬਾ ਸਾਹਿਬ ਹੁਸ਼ਿਆਰਪੁਰ, ਸੰਤ ਬਾਬਾ ਸ਼ੀਤਲ ਸਿੰਘ ਸ਼ੇਰਪੁਰ ਗਲਿਡ, ਸੰਤ ਬਾਬਾ ਜੋਗਿੰਦਰ ਸਿੰਘ ਬਡਾਲਾ, ਸੰਤ ਬਾਬਾ ਸੁਰਜਨ ਸਿੰਘ, ਬੀਬੀ ਸ਼ਰੀਫਾਂ ਦਰਬਾਰ ਤੋਂ ਭਾਈ ਗੁਰਨਾਮ ਸਿੰਘ, ਬੀਬੀ ਸੋਨੂੰ, ਭਾਈ ਸਤਿੰਦਰ ਸਿੰਘ ਆਲਮ ਹੁਸ਼ਿਆਰਪੁਰ, ਭਾਈ ਜਸਵਿੰਦਰ ਸਿੰਘ ਪਰਮਾਰ ਹੁਸ਼ਿਆਰਪੁਰ, ਭਾਈ ਦਰਸ਼ਨ ਸਿੰਘ ਪਲਾਹਾ, ਹਰਜੀਤ ਸਿੰਘ ਨੰਗਲ ਪਿੰਡ, ਸੰਤ ਬਾਬਾ ਸੁਰਿੰਦਰ ਸਿੰਘ ਕੰਦੋਲਾ, ਸੰਤ ਬਾਬਾ ਜਨਕ ਸਿੰਘ ਜੱਬੜ ਮਾਣਕੋ, ਸੰਤ ਬਾਬਾ ਸਰਵਣ ਸਿੰਘ ਮਾਣਕੋ ਜੱਬੜ ਮਾਣਕੋ ਆਦਿ ਨੇ ਗੁਰਬਾਣੀ ਗੁਰਇਤਿਹਾਸ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।

ਇਸ ਮੌਕੇ ਸਮਾਗਮ ਦੌਰਾਨ ਸੰਤ ਬਾਬਾ ਪਰਮਿੰਦਰ ਸਿੰਘ ਡਗਾਣਾ ਕਲਾਂ ਨੇ ਆਏ ਹੋਏ ਰਾਗੀ ਜੱਥੇ, ਪ੍ਰਮੁੱਖ ਸ਼ਖਸੀਅਤਾਂ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ। ਸਲਾਨਾ ਸਮਾਗਮ ਦੌਰਾਨ ਚਾਹ ਪਕੌੜੇ ਅਤੇ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਗਏ।



## ਸਿਲਵਰ ਓਕ ਸਕੂਲ 'ਚ ਬੱਚਿਆਂ ਨੂੰ ਆਨਲਾਈਨ ਵੈਬਨਾਰ ਦਾ ਸਿੱਧਾ ਪ੍ਰਸਾਰਨ ਦਿਖਾਇਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਹਿਬਾਜ਼ਪੁਰ ਵਿੱਚ ਪ੍ਰੋਜੈਕਟ ਵੀਰ ਗਾਥਾ 6.0 ਦੇ ਤਹਿਤ ਰੱਖਿਆ ਮੰਤਰਾਲੇ ਵੱਲੋਂ ਆਯੋਜਿਤ ਕੀਤਾ ਗਿਆ ਆਨਲਾਈਨ ਵੈਬਨਾਰ ਦਾ ਸਿੱਧਾ ਪ੍ਰਸਾਰਣ ਵਿਦਿਆਰਥੀਆਂ ਨੂੰ ਦਿਖਾਇਆ ਗਿਆ। ਇਸ ਵੈਬਨਾਰ ਦੇ ਅਧੀਨ ਦੇਸ਼ ਦੇ ਅਲੱਗ ਅਲੱਗ ਖਿੱਤਿਆਂ ਵਿੱਚੋਂ ਬੱਚਿਆਂ ਨੇ ਵੀਰਤਾ ਪੁਰਸਕਾਰ ਜੇਤੂ ਸ਼ਖਸੀਅਤਾਂ ਨਾਲ ਗੱਲਬਾਤ ਕੀਤੀ। ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਹੇਠ ਬੱਚਿਆਂ ਨੇ ਪ੍ਰੋਜੈਕਟ ਵੀਰ ਗਾਥਾ 6.0 ਦੇ ਬਾਰੇ ਜਾਣਕਾਰੀ ਹਾਸਲ ਕੀਤੀ। ਪ੍ਰਿੰਸੀਪਲ ਸੰਗਰ ਨੇ ਬੱਚਿਆਂ ਨੂੰ ਜਾਣਕਾਰੀ ਦਿੰਦਿਆਂ ਕਿਹਾ ਕਿ ਸਾਡੇ ਦੇਸ਼ ਦੇ ਵਿੱਚ ਆਰਮੀ ਅਤੇ ਆਮ ਨਾਗਰਿਕਾਂ ਨੂੰ ਉਹਨਾਂ ਦੀ ਅਦੁੱਤੀ ਬਹਾਦਰੀ ਦੇ ਸਨਮਾਨ ਵਜੋਂ ਵੀਰਤਾ ਪੁਰਸਕਾਰ ਦਿੱਤੇ ਜਾਂਦੇ ਹਨ। ਪ੍ਰੋਜੈਕਟ ਵੀਰ ਗਾਥਾ ਇਹਨਾਂ ਵੀਰਤਾ ਪੁਰਸਕਾਰ ਜੇਤੂਆਂ ਦੀ ਜ਼ਿੰਦਗੀ ਅਤੇ ਬਹਾਦਰੀ ਦੇ ਬਾਰੇ ਜਾਣਨਾ ਅਤੇ ਉਹਨਾਂ ਦੇ ਸਨਮਾਨ ਦੇ ਵਿੱਚ ਆਪਣੇ ਮਨ ਦੇ ਭਾਵ ਅਲੱਗ ਅਲੱਗ ਤਰੀਕੇ ਨਾਲ ਵਿਅਕਤ ਕਰਨੇ ਜਿਵੇਂ ਕਿ ਕਵਿਤਾ, ਲੇਖ ਜਾਂ ਪੇਂਟਿੰਗ ਰਾਹੀਂ ਬੱਚੇ ਇਹਨਾਂ ਦੇ ਪ੍ਰਤੀ ਆਪਣਾ ਸਨਮਾਨ ਪੇਸ਼ ਕਰ ਸਕਦੇ ਹਨ। ਚੇਅਰਮੈਨ ਤਰਲੋਚਨ ਸਿੰਘ ਨੇ ਦੱਸਿਆ ਕਿ ਪ੍ਰੋਜੈਕਟ ਵੀਰ ਗਾਥਾ 6.0 ਦਾ ਮੁੱਖ ਮਕਸਦ ਬੱਚਿਆਂ ਨੂੰ ਆਪਣੇ ਦੇਸ਼ ਦੇ ਬਹਾਦਰ ਸੂਰਵੀਰਾਂ ਦੀ ਜ਼ਿੰਦਗੀ ਦੇ ਬਾਰੇ ਜਾਣੂ ਕਰਵਾਉਣਾ ਹੈ। ਜਿਨ੍ਹਾਂ ਨੇ ਆਪਣੀ ਜਾਨ ਦੀ ਪਰਵਾਹ ਨਾ ਕਰਦਿਆਂ ਹੋਇਆ ਆਪਣੇ ਦੇਸ਼ ਨੂੰ ਮਾਣ ਮਹਿਸੂਸ ਕਰਵਾਇਆ ਅਤੇ ਵੱਡੀਆਂ ਕੁਰਬਾਨੀਆਂ ਦਿੱਤੀਆਂ। ਇਸ ਮੌਕੇ ਮੈਨੇਜਰ ਗਜਿੰਦਰ ਪਾਲ ਸਿੰਘ ਤਰਨ ਸੈਣੀ, ਰਿਸੋਰਸ ਕੋਆਰਡੀਨੇਟਰ ਬਿਕਰਮਜੀਤ ਸਿੰਘ ਭੇਲਾ, ਅਮਰਜੀਤ ਕੌਰ ਸੈਣੀ, ਸੁਮਨ, ਤਨੀਸ਼ਾ, ਗੁਰਪ੍ਰੀਤ, ਅਰਚਨਾ, ਅਰਸ਼, ਇਕਬਾਲ, ਵਿਸ਼ਾਲੀ, ਸੋਨੂ, ਵਿਨੇ, ਕੁਲਬੀਰ, ਬਲਦੇਵ, ਸੁਸ਼ੀਲ, ਪੰਕਜ, ਗੀਤਿਕਾ, ਰਾਜਵਿੰਦਰ ਪਰਮਜੀਤ ਅਮਨ ਅਤੇ ਹੋਰ ਸਟਾਫ ਮੌਜੂਦ ਸੀ।



## ਪੰਜਾਬੀ ਸਾਹਿਤ ਸਭਾ ਡੇਰਾਬੱਸੀ ਦੀ ਨਵੀਂ ਕਮੇਟੀ ਦਾ ਗਠਨ

### ਜ਼ੈਲਦਾਰ ਸਿੰਘ ਹਸਮੁੱਖ ਮੁੜ ਪ੍ਰਧਾਨ ਤੇ ਲੈਕਚਰਾਰ ਜੈਪਾਲ ਜਨਰਲ ਸਕੱਤਰ ਚੁਣੇ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਪੰਜਾਬੀ ਸਾਹਿਤ ਸਭਾ ਡੇਰਾਬੱਸੀ ਦੀ ਨਵੀਂ ਕਮੇਟੀ ਦੀ ਚੋਣ ਸਭਾ ਦੇ ਸਭਾ ਦੇ ਸਰਪ੍ਰਸਤ ਗੁਰਬਚਨ ਸਿੰਘ ਆਜ਼ਾਦ ਦੇ ਪਿੰਡ ਦੇਵੀਨਗਰ ਉਹਨਾਂ ਦੇ ਗ੍ਰਹਿ ਵਿਖੇ ਹੋਈ। ਸਭਾ ਆਪਣੇ 21 ਸਾਲ ਪੂਰੇ ਕਰ ਚੁੱਕੀ ਹੈ।ਨਵੀਂ ਕਮੇਟੀ ਦੀ ਚੋਣ ਸਰਬ ਸੰਮਤੀ ਨਾਲ ਹੋਈ ਜਿਸ ਵਿੱਚ ਜ਼ੈਲਦਾਰ ਹਸਮੁੱਖ ਸਿੰਘ ਨੂੰ ਪ੍ਰਧਾਨ, ਲੈਕਚਰਾਰ ਜੈ ਪਾਲ ਨੂੰ ਜਨਰਲ ਸਕੱਤਰ, ਗਿਆਨੀ ਧਰਮ ਸਿੰਘ ਭੰਖਰਪੁਰ ਨੂੰ ਸੀਨੀਅਰ ਮੀਤ ਪ੍ਰਧਾਨ, ਸ਼ਾਮ ਸਿੰਘ ਸੰਧੂ ਨੂੰ ਪ੍ਰੈੱਸ ਸਕੱਤਰ, ਪ੍ਰੋਫੈਸਰ ਰਵਿੰਦਰ ਸਿੰਘ ਨੂੰ ਖਜ਼ਾਨਚੀ, ਗੁਰਮੁਖ ਸਿੰਘ ਪਰਾਗਪੁਰੀ, ਜਸਵੀਰ ਪਰਾਗਪੁਰੀ, ਅਨਿਲ ਚੌਹਾਨ, ਐਡਵੋਕੇਟ ਕਵਲਜੀਤ ਸਿੰਘ, ਮਾਸਟਰ ਸਤਿਗੁਰ ਸਿੰਘ ਅਤੇ ਅਮਰੀਕ ਸਿੰਘ ਪੂਨੀਆ ਨੂੰ ਮੀਤ ਪ੍ਰਧਾਨ, ਸਟੇਟ ਐਵਾਰਡੀ ਸੰਜੀਵ ਸੈਣੀ ਨੂੰ ਪ੍ਰਚਾਰ ਸਕੱਤਰ ਨੈਸ਼ਨਲ ਅਤੇ ਰਾਜ ਪੁਰਸਕਾਰ ਜੇਤੂ ਭਜਨਬੀਰ ਸਿੰਘ, ਗੁਰਜਿੰਦਰ ਸਿੰਘ ਬੜਾਣਾ ਅਤੇ ਗੁਰਬਖਸ਼ ਸਿੰਘ ਮੋਗਾ ਨੂੰ ਸਕੱਤਰ, ਜਸਪਾਲ ਸਿੰਘ ਜੌਲੀ, ਸੰਤੋਸ਼ ਕੌਰ, ਹਰਜੀਤ ਸਿੰਘ ਦਰਦੀ, ਰਾਮ ਲਾਲ ਅਸਤ, ਅਤਰ ਸਿੰਘ, ਐਡਵੋਕੇਟ ਅਨਮੋਲ ਸਿੰਘ, ਭਾਗ ਸਿੰਘ ਘੋੜੇਵਾਲ, ਮਾਮਰਾਜ ਸਿੰਘ ਅਤੇ ਗੁਰਦਾਸ ਸਿੰਘ ਨੂੰ ਕਾਰਜਕਾਰੀ ਮੈਂਬਰ ਚੁਣਿਆ ਗਿਆ।ਸਭਾ ਦੇ ਸੀਨੀਅਰ ਮੀਤ ਪ੍ਰਧਾਨ ਗਿਆਨੀ ਧਰਮ ਸਿੰਘ ਭੰਖਰਪੁਰ ਨੇ ਗੁਰਬਚਨ ਸਿੰਘ ਆਜ਼ਾਦ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਗੁਰਬਚਨ ਸਿੰਘ ਅਜ਼ਾਦ ਦੇ ਪਰਵਾਰ ਵੱਲੋਂ ਪੰਜਾਬੀ ਸਾਹਿਤ ਸਭਾ ਨੂੰ 11 000 ਦੀ ਸਹਿਯੋਗ ਰਾਸ਼ੀ ਵੀ ਪ੍ਰਦਾਨ ਕੀਤੀ ਗਈ। ਇਸ ਮੌਕੇ ਸਭਾ ਦੇ ਸਰਪ੍ਰਸਤ ਗੁਰਬਚਨ ਸਿੰਘ ਆਜ਼ਾਦ ਦੇ ਦੋਨੋਂ ਪੁੱਤਰ ਸਟੇਟ ਐਵਾਰਡੀ ਅਤੇ ਐੱਮ.ਸੀ ਭੁਪਿੰਦਰ ਸੈਣੀ ਅਤੇ ਸਮਾਜ ਸੇਵੀ ਹਰਨੇਕ ਸਿੰਘ ਸੈਣੀ ਹਾਜ਼ਰ ਸਨ।ਇਸ ਮੌਕੇ ਕਵੀ ਦਰਬਾਰ ਵੀ ਕਰਵਾਇਆ ਗਿਆ ਜਿਸ ਵਿੱਚ ਜੈਲਦਾਰ ਸਿੰਘ ਹਸਮੁਖ ਨੇ ਰੰਗਲਾ ਪੰਜਾਬ, ਗਿਆਨੀ ਧਰਮ ਸਿੰਘ ਭੰਖਰਪੁਰ ਨੇ ਸਿਰ ਗੁੰਮ ਨਗਰੀ, ਜਸਵੀਰ ਪਰਾਗਪੁਰੀ ਨੇ ਕਵਿਤਾ ਭੁੱਲੇ ਰਾਹ ਪੈ ਜਾਂਦੇ ਨੇ, ਗੁਰਜਿੰਦਰ ਸਿੰਘ ਬੜਾਣਾ ਨੇ ਹਿੰਦੀ ਤੋਂ ਅਨੁਵਾਦਿਤ ਕਵਿਤਾ ਜਿਸ ਨੇ ਬੰਦੂਕ ਬਣਾਈ, ਗੁਰਮੁਖ ਸਿੰਘ ਪਰਾਗਪੁਰੀ ਨੇ ਕਵਿਤਾ ਗਿਰਕਟ ਵਾਂਗ ਰੰਗ ਬਦਲਦੇ ਅਤੇ ਲੈਕਚਰਾਰ ਜੈ ਪਾਲ ਨੇ ਪਹਿਲੇ ਵਿਸ਼ਵਯੁੱਧ ਸਮੇਂ ਦੇ ਫੌਜੀਆਂ ਵੱਲੋਂ ਗਾਏ ਜਾਂਦੇ ਖਾਈ ਗੀਤ( ਟਰੈਂਚ ਸੌਂਗ) ਸੁਣਾ ਕੇ ਸਭਾ ਵਿੱਚ ਹਾਜ਼ਰੀ ਲਵਾਈ।ਇਸ ਤੋਂ ਇਲਾਵਾ ਸਭਾ ਵੱਲੋਂ ਆਉਂਦੇ ਦਿਨਾਂ ਵਿੱਚ ਕੀਤੇ ਜਾਣ ਵਾਲੇ ਕੰਮਾਂ ਬਾਰੇ ਵੀ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਤੇ ਐਡਵੋਕੇਟ ਅਨਮੋਲ ਸਿੰਘ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।



## ਜ਼ਿਲ੍ਹਾ ਕਪੂਰਥਲਾ 'ਚ ਐੱਸ ਆਈ ਆਰ ਦਾ ਕੰਮ 100 ਫੀਸਦੀ ਮੁਕੰਮਲ

**ਕਪੂਰਥਲਾ (ਮਨਜੀਤ ਮਾਨ)**- ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਅਨੁਸਾਰ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰਾਈ ਸੁਧਾਈ (ਐੱਸ ਆਈ ਆਰ) ਤਹਿਤ 13-08-2026 ਤੋਂ 08-10-2026 ਤੱਕ ਚੋਣਕਾਰ ਰਜਿਸਟ੍ਰੇਸ਼ਨ ਅਫਸਰਾਂ ਵੱਲੋਂ ਅਨਮੈਪਡ ਵੋਟਰਾਂ ਅਤੇ ਲਾਜ਼ੀਕਲ ਡਿਸਕ੍ਰਿਪੈਂਸੀਜ਼ ਨਾਲ ਸਬੰਧਤ ਮਾਮਲਿਆਂ ਵਿੱਚ ਨੋਟਿਸ ਜਾਰੀ ਕਰਕੇ ਸੁਣਵਾਈ ਦੀ ਪ੍ਰਕਿਰਿਆ ਕੀਤੀ ਗਈ। ਇਸ ਸਬੰਧੀ ਜ਼ਿਲ੍ਹਾ ਕਪੂਰਥਲਾ ਦੇ ਸਮੂਹ ਵਿਧਾਨ ਸਭਾ ਚੋਣ ਹਲਕਿਆਂ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰਾਈ ਸੁਧਾਈ ਦਾ ਕੰਮ 100 ਫੀਸਦੀ ਮੁਕੰਮਲ ਹੋ ਗਿਆ ਹੈ। ਇਸ ਕਾਰਜ ਨੂੰ ਸੁਚਾਰੂ ਅਤੇ ਸਮਾਂਬੱਧ ਢੰਗ ਨਾਲ ਨੇਪਰੇ ਚਾੜ੍ਹਨ ਲਈ ਚੋਣ ਅਮਲੇ ਵੱਲੋਂ ਜ਼ਮੀਨੀ ਪੱਧਰ 'ਤੇ ਲਗਾਤਾਰ ਤਾਲਮੇਲ ਨਾਲ ਕੰਮ ਕੀਤਾ ਗਿਆ। ਜਿਨ੍ਹਾਂ ਮਾਮਲਿਆਂ ਵਿੱਚ ਨੋਟਿਸ ਜਾਰੀ ਹੋਏ ਸਨ ਅਤੇ ਦਸਤਾਵੇਜ਼ ਜਾਂ ਹੋਰ ਕਾਰਵਾਈ ਬਕਾਇਆ ਸੀ, ਉੱਥੇ ਸਬੰਧਤ ਬੂਥ ਲੈਵਲ ਅਫਸਰਾਂ ਅਤੇ ਹੋਰ ਅਧਿਕਾਰੀਆਂ ਵੱਲੋਂ ਵੋਟਰਾਂ ਨਾਲ ਸਿੱਧਾ ਸੰਪਰਕ ਕਰਕੇ ਲੋੜੀਂਦੇ ਦਸਤਾਵੇਜ਼ ਪ੍ਰਾਪਤ ਕੀਤੇ ਗਏ। ਇਸ ਉਪਰਾਲੇ ਦਾ ਮੁੱਖ ਉਦੇਸ਼ ਹਰ ਇੱਕ ਯੋਗ ਵੋਟਰ ਦਾ ਨਾਮ ਵੋਟਰ ਸੂਚੀ ਵਿੱਚ ਦਰਜ ਹੋਣਾ ਯਕੀਨੀ ਬਣਾਉਣਾ ਰਿਹਾ। ਇਨ੍ਹਾਂ ਪ੍ਰਬੰਧਾਂ ਸਦਕਾ ਵੋਟਰਾਂ ਨੂੰ ਦਸਤਾਵੇਜ਼ ਜਮ੍ਹਾਂ ਕਰਵਾਉਣ ਜਾਂ ਨਿੱਜੀ ਸੁਣਵਾਈ ਲਈ ਬਿਨਾਂ ਲੋੜ ਦਫ਼ਤਰਾਂ ਦੇ ਚੱਕਰ ਲਗਾਉਣ ਤੋਂ ਵੀ ਰਾਹਤ ਮਿਲੀ।

ਵੋਟਰ ਸੂਚੀਆਂ ਨਾਲ ਸਬੰਧਤ ਸਵਾਲਾਂ ਅਤੇ ਮਾਮਲਿਆਂ ਦੇ ਨਿਪਟਾਰੇ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜ਼ਿਲ੍ਹਾ ਚੋਣ ਅਫ਼ਸਰ ਅਤੇ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਦੇ ਦਫ਼ਤਰਾਂ ਵਿੱਚ ਹੈਲਪ ਡੈਸਕ ਵੀ ਸਥਾਪਤ ਕੀਤੇ ਗਏ। ਇਸ ਮਹੱਤਵਪੂਰਨ ਪ੍ਰਾਪਤੀ ਦਾ ਸਿਹਰਾ ਜ਼ਿਲ੍ਹੇ ਦੇ ਸਮੂਹ ਯੋਗ ਵੋਟਰਾਂ, ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ, ਬੂਥ ਲੈਵਲ ਅਫਸਰਾਂ, ਡਾਕੂਮੈਂਟ ਵੈਰੀਫਿਕੇਸ਼ਨ ਟੀਮ ਅਤੇ ਸਮੁੱਚੇ ਚੋਣ ਅਮਲੇ ਦੇ ਸਰਗਰਮ ਅਤੇ ਸਕਾਰਾਤਮਕ ਸਹਿਯੋਗ ਨੂੰ ਜਾਂਦਾ ਹੈ। ਇਨ੍ਹਾਂ ਸਾਰੀਆਂ ਧਿਰਾਂ ਦੇ ਸਹਿਯੋਗ ਅਤੇ ਆਪਸੀ ਤਾਲਮੇਲ ਸਦਕਾ ਇਹ ਮਹੱਤਵਪੂਰਨ ਕਾਰਜ ਨਿਰਧਾਰਤ ਸਮੇਂ ਤੋਂ ਪਹਿਲਾਂ ਮੁਕੰਮਲ ਕੀਤਾ ਜਾ ਸਕਿਆ ਹੈ।

## ਸਤਨਾਮ ਜਲਾਲਪੁਰ ਨੇ ਪੁਰਾਣਾ ਪਿੰਡ ਰੱਤੇਵਾਲਾ ਵਿਖੇ ਇਕੱਠ ਨੂੰ ਕੀਤਾ ਸੰਬੋਧਨ

**ਬਲਾਚੌਰ (ਜਸਵਿੰਦਰ ਬੈਂਸ)**- ਸਾਬਕਾ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਅਤੇ ਸਾਬਕਾ ਜ਼ਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ ਸ਼ਹੀਦ ਭਗਤ ਸਿੰਘ ਨਗਰ ਨੇ ਪੁਰਾਣਾ ਪਿੰਡ ਰੱਤੇਵਾਲ ਵਿਖੇ ਸਰਪੰਚ ਰਕੇਸ਼ ਕੁਮਾਰ ਦੇ ਨਿਵਾਸ ਅਸਥਾਨ 'ਤੇ ਲੋਕ ਮਿਲਣ ਕੀਤੀ, ਜਿੱਥੇ ਲੋਕਾਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਇਸ ਸਮੇਂ ਉਹਨਾਂ ਨਾਲ ਪਾਰਟੀ ਦੇ ਆਗੂ ਰਿਟਾਇਰਡ ਇੰਸਪੈਕਟਰ ਬਲਦੇਵ ਰਾਜ, ਬਲਾਕ ਪ੍ਰਧਾਨ ਬਲਵੀਰ ਮਿਲੂ ਅਤੇ ਦਵਿੰਦਰ ਪਾਲ ਥਾਨ ਵਾਲਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸਤਨਾਮ ਜਲਾਲਪੁਰ ਅਤੇ ਬਲਦੇਵ ਰਾਜ ਨੇ ਪਾਰਟੀ ਦੇ ਕੀਤੇ ਹੋਏ ਕੰਮਾਂ ਦਾ ਵੇਰਵਾ ਸਾਂਝਾ ਕੀਤਾ ਅਤੇ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੀਆਂ ਦਿੱਤੀਆਂ ਹੋਈਆਂ ਸਾਰੀਆਂ ਗਰੰਟੀਆਂ ਪੂਰੀਆਂ ਕੀਤੀਆਂ। ਉਹਨਾਂ ਕਿਹਾ ਕਿ ਹੁਣ ਫੈਸਲਾ ਲੋਕਾਂ ਨੇ ਕਰਨਾ ਹੈ। ਇੱਕ ਪਾਸੇ ਉਹ ਸਰਕਾਰ ਜਿਸ ਨੇ ਸਾਰੇ ਵਾਅਦੇ ਪੂਰੇ ਕੀਤੇ ਅਤੇ ਇੱਕ ਉਹ ਪਿਛਲੀਆਂ ਸਰਕਾਰਾਂ ਜਿਨ੍ਹਾਂ ਨੇ ਲੋਕਾਂ ਨਾਲ ਝੂਠੇ ਵਾਅਦੇ ਕਰਕੇ ਵੋਟਾਂ ਲਈਆਂ ਪਰ ਕੀਤਾ ਕੁਝ ਨਹੀਂ। ਉਹਨਾਂ ਦੱਸਿਆ ਕਿਵੇਂ ਸਿੱਖਿਆ ਖੇਤਰ ਵਿੱਚ ਪੰਜਾਬ ਨੂੰ 27ਵੇਂ ਨੰਬਰ ਤੋਂ ਪਹਿਲੇ ਨੰਬਰ 'ਤੇ ਲਿਆਂਦਾ ਅਤੇ ਨਹਿਰਾਂ ਦਾ ਪਾਣੀ (ਜਿਸ ਦੀ ਵਰਤੋਂ ਸਿਰਫ 22% ਹੁੰਦੀ ਸੀ) ਨੂੰ 80% ਤੋਂ ਵੱਧ ਵਰਤੋਂ ਤੱਕ ਪਹੁੰਚਾਇਆ। ਰੱਤੇਵਾਲ ਵਾਸੀਆਂ ਨੇ ਜਿੱਥੇ ਆਗੂਆਂ ਦਾ ਸਵਾਗਤ ਕੀਤਾ ਉੱਥੇ ਵਾਅਦਾ ਵੀ ਕੀਤਾ ਕਿ ਆਉਣ ਵਾਲੇ ਸਮੇਂ ਵਿੱਚ ਉਹ ਮਾਨ ਸਰਕਾਰ ਨੂੰ ਦੁਬਾਰਾ ਪੰਜਾਬ ਵਿੱਚ ਲਿਆਉਣਗੇ। ਇਸ ਸਮੇਂ ਬਲਦੇਵ ਰਾਜ ਬਜਾੜ, ਡਾ. ਪਰੇਮ ਚੰਦ, ਲਾਲ ਚੰਦ, ਜੀਤ ਰਾਮ, ਦੁਰਗਾ ਦਾਸ, ਮਦਨ ਲਾਲ, ਦਰਸ਼ਨ ਲਾਲ, ਜੋਗਾ ਸਿੰਘ, ਤੇਜਾ ਸਿੰਘ, ਮਦਨ ਲਾਲ, ਰਮਨ ਕੁਮਾਰ ਤੋਂ ਇਲਾਵਾ ਬਹੁਤ ਸਾਰੇ ਪਿੰਡ ਵਾਸੀ ਹਾਜ਼ਰ ਸਨ।



## ਜਾਲ੍ਹੀ ਡਿਗਰੀ ਵਾਲੀ ਪ੍ਰਿੰਸੀਪਲ ਦੇ ਪਤੀ ਨੂੰ ਅਦਾਲਤ ਵੱਲੋਂ ਸਜ਼ਾ

**ਮੋਹਾਲੀ (ਗੁਰਜੀਤ ਬਿੱਲਾ)**- ਐਸ ਏ ਐਸ ਨਗਰ ਮੋਹਾਲੀ ਦੇ ਫੇਸ 11 ਵਿਖੇ ਨਿਯੁਕਤ ਰਹੀ ਐਮ ਕਾਮ ਦੀ ਜਾਅਲੀ ਡਿਗਰੀ ਵਾਲੀ ਸਾਬਕਾ ਪ੍ਰਿੰਸੀਪਲ ਪਰਮਜੀਤ ਕੌਰ ਦੇ ਪਤੀ ਜਗਮੋਹਨ ਸਿੰਘ ਬਰਾੜ ਨੂੰ ਚੌਕਸੀ ਵਿਭਾਗ ਦੀ ਤਫਤੀਸ਼ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਦੇ ਦੋਸ਼ਾਂ ਤਹਿਤ ਭਾਰਤੀ ਦੰਡ ਪ੍ਰਣਾਲੀ ਦੀਆਂ ਧਾਰਾਵਾਂ ਕ੍ਰਮਵਾਰ ਧਾਰਾ 452 ਅਧੀਨ 1 ਸਾਲ,ਧਾਰਾ 214 ਅਧੀਨ 1 ਸਾਲ, ਧਾਰਾ 186 ਅਧੀਨ 9 ਮਹੀਨੇ ਅਤੇ ਧਾਰਾ 189 ਤਹਿਤ 3 ਮਹੀਨੇ ਦੀ ਸਜ਼ਾ ਨਿਆਂਇਕ ਮੈਜਿਸਟਰੇਟ ਐਸ ਏ ਐਸ ਨਗਰ ਮੋਹਾਲੀ ਦੀ ਅਦਾਲਤ ਵੱਲੋਂ ਸੁਣਾ ਦਿੱਤੀ ਗਈ ਹੈ। ਜਾਅਲੀ ਡਿਗਰੀਆਂ ਵਾਲੇ ਅਧਿਆਪਕਾਂ ਪ੍ਰਤੀ ਵਿਭਾਗੀ ਅਵੇਸਲਾਪਣ, ਸਮਾਜ ਲਈ ਅਤਿ ਘਾਤਕ ਹੈ, ਇਸ ਨਾਲ ਵਿਦਿਆਰਥੀਆਂ, ਯੋਗ ਉਮੀਦਵਾਰਾਂ ਅਤੇ ਸਰਕਾਰੀ ਖਜ਼ਾਨੇ ਦਾ ਤਿਕੋਣਾ ਨੁਕਸਾਨ ਹੁੰਦਾ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਇੱਥੇ ਜਾਰੀ ਲਿਖਤੀ ਪ੍ਰੈਸ ਬਿਆਨ ਰਾਹੀਂ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸਾਬਕਾ ਸੂਬਾਈ ਪ੍ਰੈਸ ਸਕੱਤਰ ਹਰਨੇਕ ਸਿੰਘ ਮਾਵੀ ਨੇ ਕੀਤਾ। ਸਾਬਕਾ ਅਧਿਆਪਕ ਆਗੂ ਨੇ ਦੱਸਿਆ ਕਿ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਫੇਸ-11 ਦੀ ਸਾਬਕਾ ਪ੍ਰਿੰਸੀਪਲ ਪਰਮਜੀਤ ਕੌਰ ਬਰਾੜ ਦੀ ਐਮ ਕਾਮ ਦੀ ਜਾਅਲੀ ਡਿਗਰੀ ਸੰਬੰਧੀ ਸ਼ਿਕਾਇਤ ਕਰਤਾ ਜਸਵਿੰਦਰ ਸਿੰਘ ਮਾਵੀ ਵੱਲੋਂ ਬਾਕਾਇਦਾ ਅੱਠ ਸਾਲ ਪਹਿਲਾਂ ਲਿਖਤੀ ਸ਼ਿਕਾਇਤ ਕਰਕੇ ਮਾਮਲਾ ਸਾਹਮਣੇ ਲਿਆਂਦਾ ਗਿਆ ਸੀ। ਪ੍ਰੰਤੂ ਇਸ ਉਪਰੰਤ ਸਿੱਖਿਆ ਵਿਭਾਗ ਵੱਲੋਂ ਭਾਵੇਂ ਸ਼ਿਕਾਇਤ ਕਰਤਾ ਦੀ ਲਗਾਤਾਰ ਪਹਿਰੇਦਾਰੀ ਕਾਰਨ ਸੰਬੰਧਤ ਦੋਸ਼ੀ ਪ੍ਰਿੰਸੀਪਲ ਨੂੰ ਦੋ ਵਾਰ ਮੁਅੱਤਲ ਤਾਂ ਕੀਤਾ ਗਿਆ, ਪ੍ਰੰਤੂ ਹਰ ਵਾਰ ਵਿਭਾਗੀ ਢਿੱਲੀ ਤੇ ਮਾਮਲਾ ਠੰਢੇ ਬਸਤੇ ਵਿੱਚ ਪਾਉਣ ਦੀ ਡੰਗ ਟਪਾਊ ਨੀਤੀ ਕਾਰਨ ਦੋਸ਼ੀ ਪ੍ਰਿੰਸੀਪਲ ਆਪਣੀ ਸੇਵਾਮੁਕਤੀ ਲੈਣ ਵਿੱਚ ਅਸਾਨੀ ਨਾਲ ਸਫਲ ਹੋ ਗਈ। ਸ਼ਿਕਾਇਤ ਕਰਤਾ ਵੱਲੋਂ ਮਾਮਲਾ ਚੌਕਸੀ ਵਿਭਾਗ ਦੇ ਧਿਆਨ ਵਿੱਚ ਲਿਆਉਣ ਦੇ ਬਾਵਜੂਦ ਸਿੱਖਿਆ ਵਿਭਾਗ ਵੱਲੋਂ ਆਖਰੀ ਸਮੇਂ ਤੱਕ ਚੌਕਸੀ ਵਿਭਾਗ ਨੂੰ ਕਾਰਵਾਈ ਕਰਨ ਦੀ ਮਨਜ਼ੂਰੀ ਦੇਣ ਤੋਂ ਟਾਲਾ ਵੱਟਣਾ ਵੀ ਵਿਭਾਗੀ ਬਦਨੀਤੀ ਨੂੰ ਭਲੀਭਾਂਤ ਜ਼ਾਹਰ ਕਰਦਾ ਹੈ। ਮਾਮਲੇ ਨੂੰ ਆਪਣੇ ਅਖੀਰੀ ਅੰਜਾਮ ਤੱਕ ਪਹੁੰਚਦਾ ਕਰਨ ਲਈ ਸ਼ਿਕਾਇਤ ਕਰਤਾ ਨੂੰ ਥੱਕ ਹਾਰ ਕੇ ਸਿੱਖਿਆ ਵਿਭਾਗ ਵਲੋਂ ਮੁਕੱਦਮਾ ਚਲਾਉਣ ਦੀ ਪ੍ਰਵਾਨਗੀ ਜਾਰੀ ਕਰਵਾਉਣ ਲਈ ਵੀ ਪੰਜਾਬ ਤੇ ਹਰਿਆਣਾ ਹਾਈਕੋਰਟ ਦਾ ਦਰਵਾਜ਼ਾ ਖੜਕਾਉਣ ਪਿਆ ਹੈ ।ਇਸ ਸਮੁੱਚੀ ਪ੍ਰਕਿਰਿਆ 'ਤੇ ਟਿੱਪਣੀ ਕਰਦਿਆਂ ਹਰਨੇਕ ਸਿੰਘ ਮਾਵੀ ਨੇ ਕਿਹਾ ਕਿ ਜਿੱਥੇ ਜਾਅਲੀ ਡਿਗਰੀ ਨਾਲ ਨੌਕਰੀ ਹਾਸਲ ਕਰਕੇ ਸੰਬੰਧਤ ਦੋਸ਼ੀ ਪ੍ਰਿੰਸੀਪਲ ਵੱਲੋਂ ਆਪਣੇ ਕੋਲ ਪੜ੍ਹੇ ਹਜ਼ਾਰਾਂ ਦੀ ਗਿਣਤੀ ਵਿੱਚ ਵਿਦਿਆਰਥੀਆਂ ਨਾਲ ਨਾਇਨਸਾਫੀ ਕੀਤੀ ਗਈ ਹੈ, ਉੱਥੇ ਇਕ ਯੋਗ ਉਮੀਦਵਾਰਾਂ ਦੇ ਹੱਕਾਂ ਦੇ ਨਾਲ ਨਾਲ ਸਰਕਾਰੀ ਖਜ਼ਾਨੇ ਉੱਤੇ ਵੀ ਨੰਗਾ ਚਿੱਟਾ ਡਾਕਾ ਮਾਰਿਆ ਗਿਆ ਹੈ। ਉਹਨਾਂ ਪੰਜਾਬ ਸਰਕਾਰ ਤੋਂ ਜ਼ੋਰਦਾਰ ਮੰਗ ਕੀਤੀ ਹੈ ਕਿ ਵਿਦਿਆਰਥੀਆਂ ਦੇ ਭਵਿੱਖ ਨਾਲ ਸੰਬੰਧਤ ਅਹਿਮ ਭੂਮਿਕਾ ਨਿਭਾਉਂਦੇ ਸਿੱਖਿਆ ਵਿਭਾਗ ਅੰਦਰ ਅਜਿਹੇ ਅਯੋਗ ਉਮੀਦਵਾਰਾਂ ਤੇ ਉਹਨਾਂ ਦੀ ਪੁਸ਼ਤ ਪਨਾਹੀ ਕਰਨ ਵਾਲੇ ਵਿਭਾਗੀ ਅਧਿਕਾਰੀਆਂ ਦੀ ਨਿਸ਼ਾਨਦੇਹੀ ਕਰਕੇ ਮਿਸਾਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ।



## ਦਸਵੀਂ ਤੇ ਬਾਰ੍ਹਵੀਂ ਸ਼੍ਰੇਣੀ ਦੀ ਪ੍ਰੀਖਿਆ ਫੀਸ ਪ੍ਰਾਪਤ ਕਰਨ ਸੰਬੰਧੀ ਸ਼ਡਿਊਲ ਜਾਰੀ

**ਮੁਹਾਲੀ (ਗੁਰਜੀਤ ਬਿੱਲਾ)**- ਦਸਵੀਂ ਅਤੇ ਬਾਰ੍ਹਵੀਂ ਸ਼੍ਰੇਣੀ ਪ੍ਰੀਖਿਆ ਫਰਵਰੀ/ਮਾਰਚ 2027 (ਰੈਗੂਲਰ) ਸਕੂਲਾਂ ਲਈ ਪਰੀਖਿਆ ਫਾਰਮ ਭਰਨ ਅਤੇ ਫੀਸ ਪ੍ਰਾਪਤ ਕਰਨ ਸਬੰਧੀ ਸ਼ਡਿਊਲ ਬੋਰਡ ਦਫਤਰ ਜਾਰੀ ਕਰ ਦਿੱਤਾ ਗਿਆ ਹੈ, ਜੋ ਸਬੰਧਤ ਸਕੂਲਾਂ ਦੀ ਲਾਗ-ਇਨ ਆਈ ਤੇ ਉਪਲੱਬਧ ਹੈ। ਜੇਕਰ ਕਿਸੇ ਸੰਸਥਾ/ਸਕੂਲ ਵੱਲੋਂ ਜਾਰੀ ਸ਼ਡਿਊਲ ਅਨੁਸਾਰ ਸਮੇਂ ਸਿਰ ਕਾਰਵਾਈ ਨਹੀਂ ਕੀਤੀ ਜਾਂਦੀ ਤਾਂ ਇਸ ਸਬੰਧੀ ਸਮੁੱਚੀ ਜ਼ਿੰਮੇਵਾਰੀ ਸਕੂਲ ਮੁਖੀ ਦੀ ਹੋਵੇਗੀ ।

ਅਜਿਹੀ ਸੂਰਤ ਵਿੱਚ ਬੋਰਡ ਨਾਲ ਸਬੰਧਤ ਐਸੋਸੀਏਟਡ/ਐਫੀਲਿਏਟਡ ਸੰਸਥਾਵਾਂ ਵਿਰੁੱਧ ਐਫੀਲਿਏਸ਼ਨ ਵਿਨਿਯਮਾਂ ਅਧੀਨ ਵਿਧੀ ਅਨੁਸਾਰ ਕਾਰਵਾਈ ਕੀਤੀ ਜਾਵੇਗੀ।ਇਸੇ ਤਰ੍ਹਾਂ ਸਰਕਾਰੀ ਸਕੂਲਾਂ ਦੇ ਕੇਸਾਂ ਵਿੱਚ ਸੰਬੰਧਤ ਸਕੂਲਾਂ ਦੇ ਪ੍ਰਿੰਸੀਪਲ ਮੁੱਖ ਅਧਿਆਪਕ ਵਿਰੁੱਧ ਵਿਨਿਯਮਾਂ ਅਧੀਨ ਵਿਧੀ ਅਨੁਸਾਰ ਕਾਰਵਾਈ ਕਰਨ ਲਈ ਡਾਇਰੈਕਟਰ,ਸਿੱਖਿਆ ਵਿਭਾਗ (ਐਲੀਮੈਂਟਰੀ/ ਸੈਕੰਡਰੀ ) ਨੂੰ ਲਿਖ ਕੇ ਭੇਜਿਆ ਜਾਵੇਗਾ।

## ਡਾ. ਅਰੋੜਾ ਨੇ ਕਰਵਾਈ ਝੋਨੇ ਦੀ ਖਰੀਦ ਸ਼ੁਰੂ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਦਾਣਾ ਮੰਡੀ ਵਿੱਚ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਝੋਨੇ ਦੀ ਖਰੀਦ ਸ਼ੁਰੂ ਕਰਵਾਈ।ਇਸ ਮੌਕੇ ਉਨ੍ਹਾਂ ਮੰਡੀ ਵਿੱਚ ਪਹੁੰਚੇ ਕਿਸਾਨਾਂ ਨਾਲ ਮੁਲਾਕਾਤ ਕੀਤੀ ਤੇ ਝੋਨੇ ਦੀ ਖਰੀਦ ਪ੍ਰਕਿਰਿਆ ਸਬੰਧੀ ਜਾਣਕਾਰੀ ਹਾਸਲ ਕੀਤੀ।ਉਨ੍ਹਾਂ ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਖਰੀਦ ਦੌਰਾਨ ਉਨ੍ਹਾਂ ਨੂੰ ਹਰ ਸੰਭਵ ਸਹਿਯੋਗ ਪ੍ਰਦਾਨ ਕੀਤਾ ਜਾਵੇਗਾ।ਇਸ ਮੌਕੇ [illegible] ਮੌਜੂਦ ਰਹੇ।ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਕਿਸਾਨਾਂ ਦੀ ਮਿਹਨਤ ਦਾ ਪੂਰਾ ਮੁੱਲ ਦਿਵਾਉਣਾ ਤੇ ਝੋਨੇ ਦੀ ਸੁਚੱਜੀ, ਨਿਰਵਿਘਨ ਤੇ ਪਾਰਦਰਸ਼ੀ ਖਰੀਦ ਯਕੀਨੀ ਬਣਾਉਣਾ ਸਰਕਾਰ ਦੀ ਪਹਿਲੀ ਤਰਜੀਹ ਹੈ।ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ ਤੇ ਖਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਦਿੱਤੇ ਗਏ ਹਨ।

## ਵਿਦਿਆਰਥੀਆਂ ਨੂੰ ਨੈਤਿਕ ਕਦਰਾਂ-ਕੀਮਤਾਂ ਬਾਰੇ ਦਿੱਤੀ ਸਿੱਖਿਆ



**ਜਲਾਲਾਬਾਦ (ਜੀਤ ਕੁਮਾਰ)**-ਅਰੋੜਵੰਸ਼ ਸਭਾ ਜਲਾਲਾਬਾਦ ਦੇ ਉੱਘੇ ਮੈਂਬਰਾਂ ਨੇ ਪਿੰਡ [illegible] ਸਥਿਤ ਦਿ ਸਪਰਿੰਗ ਡੇਲਜ਼ ਸਕੂਲ ਦਾ ਦੌਰਾ ਕੀਤਾ ਤੇ ਵਿਦਿਆਰਥੀਆਂ ਨੂੰ ਨੈਤਿਕ ਕਦਰਾਂ-ਕੀਮਤਾਂ, [illegible], ਸਮਰਪਣ, ਵਿਗਿਆਨਕ ਨਵੀਨਤਾ, ਯੋਗ ਤੇ ਧਿਆਨ ਵਰਗੇ ਵਿਸ਼ਿਆਂ 'ਤੇ ਸੰਬੋਧਨ ਕੀਤਾ।ਇਸ ਵਫ਼ਦ ਵਿੱਚ ਪ੍ਰਧਾਨ ਅਸ਼ਵਨੀ ਮਦਾਨ, ਰਾਜੇਸ਼ ਕੁਮਾਰ ਛਾਬੜਾ, ਮਦਨ ਲਾਲ, ਰਾਜ ਕੁਮਾਰ ਸਿਡਾਨਾ ਤੇ ਰਮੇਸ਼ ਵਧਵਾ ਸ਼ਾਮਲ ਸਨ। ਆਪਣੇ ਪ੍ਰੇਰਨਾਦਾਇਕ ਭਾਸ਼ਣਾਂ ਵਿੱਚ ਮੁੱਖ ਮਹਿਮਾਨਾਂ ਨੇ ਜ਼ੋਰ ਦਿੱਤਾ ਕਿ ਇਮਾਨਦਾਰੀ ਹੀ ਸੱਚੀ ਸਫਲਤਾ ਦੀ ਨੀਂਹ ਹੈ ਤੇ ਸੁਪਨੇ ਲਗਾਤਾਰ ਸਖ਼ਤ ਮਿਹਨਤ ਤੇ ਸਮਰਪਣ ਨਾਲ ਹੀ ਸਾਕਾਰ ਹੁੰਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਉਤਸੁਕ ਰਹਿਣ ਤੇ ਵਿਗਿਆਨਕ ਨਵੀਨਤਾ ਨੂੰ ਅਪਣਾਉਣ ਲਈ ਉਤਸ਼ਾਹਤ ਕੀਤਾ। ਉਨ੍ਹਾਂ ਨੇ ਸਿਹਤਮੰਦ ਸਰੀਰ, ਸ਼ਾਂਤ ਮਨ ਤੇ ਇਕਾਗਰਤਾ ਵਧਾਉਣ ਲਈ ਯੋਗ ਤੇ ਧਿਆਨ ਦੀ ਮਹੱਤਤਾ 'ਤੇ ਵੀ ਚਾਨਣਾ ਪਾਇਆ। ਉਨ੍ਹਾਂ ਵਿਦਿਆਰਥੀਆਂ ਨੂੰ ਉਦੇਸ਼ ਤੇ ਇਮਾਨਦਾਰੀ ਦੀ ਭਾਵਨਾ ਨਾਲ ਉੱਤਮਤਾ ਪ੍ਰਾਪਤ ਕਰਨ ਲਈ ਯਤਨਸ਼ੀਲ ਰਹਿਣ ਲਈ ਪ੍ਰੇਰਿਤ ਕੀਤਾ। ਮਹਿਮਾਨਾਂ ਨੇ ਸਕੂਲ ਦੇ ਬੁਨਿਆਦੀ ਢਾਂਚੇ, ਸਹੂਲਤਾਂ ਤੇ ਵਿੱਦਿਅਕ ਪ੍ਰਣਾਲੀ ਦੀ ਵੀ ਸ਼ਲਾਘਾ ਕੀਤੀ। ਸਕੂਲ ਦੇ ਚੇਅਰਮੈਨ ਧੀਰਜ ਵਾਟਸ ਤੇ ਮੈਨੇਜਿੰਗ ਡਾਇਰੈਕਟਰ ਦੀਪਕ ਨਾਗਪਾਲ, ਵਿਕਾਸ ਨਾਗਪਾਲ ਤੇ ਸੰਚਿਤ ਰਹੇਜਾ ਨੇ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ। ਪ੍ਰਿੰਸੀਪਲ ਨੀਰਜ ਕੁਮਾਰ ਨੇ ਅਰੋੜਵੰਸ਼ ਸਭਾ ਦਾ ਦਿਲੋਂ ਧੰਨਵਾਦ ਪ੍ਰਗਟਾਇਆ।

## ਸ੍ਰੀ ਗੁਰੂ ਰਵਿਦਾਸ ਜੀ ਦੇ ਦਰਸਾਏ ਮਾਰਗ 'ਤੇ ਚੱਲਣ ਦੀ ਲੋੜ : ਕੁਲਵੰਤ ਸਿੰਘ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਇਲਾਕੇ ਦੀਆਂ ਸਮੂਹ ਸ੍ਰੀ ਗੁਰੂ ਰਵਿਦਾਸ ਪ੍ਰਬੰਧਕ ਕਮੇਟੀਆਂ ਵੱਲੋਂ ਪਾਤੜਾਂ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਛੇਵਾਂ ਮਹਾਨ ਸੰਤ ਸਮਾਗਮ ਕਰਵਾਇਆ।ਇਸ ਦੌਰਾਨ ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਕੇ ਸਮਾਗਮ ਵਿੱਚ ਪਹੁੰਚੇ ਸੰਤਾਂ ਮਹਾਂਪੁਰਸ਼ਾਂ ਦਾ ਅਸ਼ੀਰਵਾਦ ਪ੍ਰਾਪਤ ਕੀਤਾ।ਸਮਾਗਮ ਦੌਰਾਨ ਸੰਗਤਾਂ ਨੂੰ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਸਾਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਦਰਸਾਏ ਮਾਰਗ 'ਤੇ ਚੱਲਣ ਦੀ ਲੋੜ ਹੈ ਤੇ ਉਨ੍ਹਾਂ ਵੱਲੋਂ ਦਿੱਤੀ ਸਿੱਖਿਆ ਨੂੰ ਆਪਣੇ ਜੀਵਨ ਵਿੱਚ ਅਪਣਾਉਣਾ ਚਾਹੀਦਾ ਹੈ।ਇਸ ਗੁਰਮਤਿ ਸਮਾਗਮ ਵਿੱਚ 108 ਸੰਤ ਸ੍ਰੀ ਨਿਰਮਲ ਦਾਸ ਬਾਬਾ ਜੋੜੇ ਪ੍ਰਧਾਨ ਗੁਰੂ ਰਵਿਦਾਸ ਸਾਧੂ ਸੰਪ੍ਰਦਾਇ ਸੁਸਾਇਟੀ, ਪੰਜਾਬ ਤੇ ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਧਰਮ ਮਿਸ਼ਨ ਭਾਰਤ ਪਹੁੰਚੇ।ਇਸ ਮੌਕੇ ਮੁੱਖ ਕੀਰਤਨੀ ਜਥੇ ਗਿਆਨ ਚੰਦ ਰੰਗੜ ਲੁਧਿਆਣਾ ਵਾਲਿਆਂ ਨੇ ਸੰਗਤਾਂ ਨੂੰ ਗੁਰੂ ਦੀ ਬਾਣੀ ਨਾਲ ਜੋੜਿਆ ਤੇ ਗੁਰੂ ਸਾਹਿਬ ਦੇ ਜੀਵਨ ਬਾਰੇ ਚਾਨਣਾ ਪਾਇਆ।ਇਸ ਮੌਕੇ ਪ੍ਰਬੰਧਕ ਕਮੇਟੀ ਦੇ ਸਮੂਹ ਮੈਂਬਰਾਂ ਵੱਲੋਂ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਤੇ ਹੋਰ ਆਗੂਆਂ ਦਾ ਸਨਮਾਨ ਕੀਤਾ ਗਿਆ।ਇਸ ਮੌਕੇ ਹਰਿੰਦਰ ਸਿੰਘ ਪ੍ਰਧਾਨ, ਸਰਪੰਚ ਤਲਵਿੰਦਰ ਸਿੰਘ, ਸਰਪੰਚ ਕਰਨੈਲ ਸਿੰਘ, ਸਰਪੰਚ ਮਹਿੰਗਾ ਸਿੰਘ ਬੋਹੜਵਾਲਾ, ਹਰਜੀਤ ਸਿੰਘ, ਸਰਪੰਚ ਭੋਲਾ ਸਿੰਘ, ਬਾਬਾ ਬੀਰਾ ਸਿੰਘ ਦੁਗਾਲ, ਲਾਭ ਸਿੰਘ ਡਰੌਲੀ, ਰਣਜੀਤ ਸਿੰਘ ਵਿਰਕ, ਕੇ ਪੀ ਸ਼ਰਮਾ, ਸਰਪੰਚ ਠੰਡੂ ਰਾਮ ਖਾਨੇਵਾਲ ਆਦਿ ਮੌਜੂਦ ਸਨ।

## ਬਿਨਾਂ ਕੋਚਿੰਗ ਸਫ਼ਲਤਾ ਹਾਸਲ ਕਰਨ ਵਾਲੀ ਨਬੀਆ ਨੂਰ ਰੋਟਰੀ ਕਲੱਬ ਵੱਲੋਂ ਸਨਮਾਨਤ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਰੋਟਰੀ ਕਲੱਬ ਮਾਲੇਰਕੋਟਲਾ ਦੇ ਪ੍ਰਧਾਨ ਐਡਵੋਕੇਟ ਇਕਬਾਲ ਅਹਿਮਦ ਨੇ ਕਿਹਾ ਕਿ ਨਬੀਆ ਨੂਰ ਨੇ ਇੰਗਲਿਸ਼ ਵਿਸ਼ੇ 'ਚ ਯੂਜੀਸੀ ਨੈੱਟ ਵਿੱਚ ਉੱਚਾ ਰੈਂਕ ਹਾਸਲ ਕਰਕੇ ਆਪਣੀ ਪ੍ਰਤਿਭਾ, ਮਿਹਨਤ ਅਤੇ ਲਗਨ ਦਾ ਸ਼ਾਨਦਾਰ ਪ੍ਰਮਾਣ ਦਿੱਤਾ ਹੈ। ਉਨ੍ਹਾਂ ਕਿਹਾ ਕਿ ਖ਼ਾਸ ਤੌਰ 'ਤੇ ਇਹ ਗੱਲ ਪ੍ਰੇਰਨਾਦਾਇਕ ਹੈ ਕਿ ਨਬੀਆ ਨੂਰ ਨੇ ਯੂਜੀਸੀ ਨੈੱਟ ਦੀ ਤਿਆਰੀ ਬਿਨਾਂ ਕਿਸੇ ਕੋਚਿੰਗ ਦੇ ਸਵੈ-ਅਧਿਐਨ ਰਾਹੀਂ ਕੀਤੀ ਹੈ।ਐਡਵੋਕੇਟ ਇਕਬਾਲ ਅਹਿਮਦ ਨੇ ਕਿਹਾ ਕਿ ਨਬੀਆ ਨੂਰ ਦੀ ਇਹ ਉਪਲਬਧੀ ਉਨ੍ਹਾਂ ਵਿਦਿਆਰਥੀਆਂ ਲਈ ਪ੍ਰੇਰਨਾ ਹੈ, ਜੋ ਸੀਮਤ ਸਾਧਨਾਂ ਦੇ ਬਾਵਜੂਦ ਵੱਡੇ ਸੁਪਨੇ ਦੇਖਦੇ ਹਨ। ਉਨ੍ਹਾਂ ਕਿਹਾ ਕਿ ਮੰਜ਼ਿਲ ਹਾਸਲ ਕਰਨ ਲਈ ਸਭ ਤੋਂ ਵੱਡੀ ਤਾਕਤ ਮਹਿੰਗੀ ਕੋਚਿੰਗ ਨਹੀਂ, ਸਗੋਂ ਮਿਹਨਤ, ਅਨੁਸ਼ਾਸਨ ਅਤੇ ਆਪਣੇ ਟੀਚੇ ਪ੍ਰਤੀ ਸਮਰਪਣ ਹੈ।ਉਨ੍ਹਾਂ ਕਿਹਾ ਕਿ ਰੋਟਰੀ ਕਲੱਬ ਮਾਲੇਰਕੋਟਲਾ ਵੱਲੋਂ ਨਬੀਆ ਨੂਰ ਦਾ ਸਨਮਾਨ ਕਰਨਾ ਪੂਰੇ ਕਲੱਬ ਲਈ ਮਾਣ ਦੀ ਗੱਲ ਹੈ। ਅਜਿਹੇ ਹੋਣਹਾਰ ਵਿਦਿਆਰਥੀਆਂ ਦੀ ਹੌਸਲਾ-ਅਫ਼ਜ਼ਾਈ ਨਾਲ ਹੋਰ ਨੌਜਵਾਨਾਂ ਨੂੰ ਵੀ ਸਿੱਖਿਆ ਦੇ ਖੇਤਰ ਵਿੱਚ ਅੱਗੇ ਵਧਣ ਲਈ ਉਤਸ਼ਾਹ ਮਿਲਦਾ ਹੈ। ਉਨ੍ਹਾਂ ਨਬੀਆ ਨੂਰ ਅਤੇ ਉਸ ਦੇ ਪਰਿਵਾਰ ਨੂੰ ਇਸ ਸ਼ਾਨਦਾਰ ਪ੍ਰਾਪਤੀ 'ਤੇ ਮੁਬਾਰਕਬਾਦ ਦਿੰਦਿਆਂ ਉਸ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

## ਸੇਖੋਂ ਨੇ ਸੜਕ ਬਣਾਉਣ ਦਾ ਕੰਮ ਸ਼ੁਰੂ ਕਰਵਾਇਆ



**ਮੱਖੂ (ਰਛਪਾਲ ਸਿੰਘ ਸੰਧੂ)**-ਜੱਲਾ ਚੌਕੀ ਤੋਂ ਗੁਰਦੁਆਰਾ ਸਾਹਿਬ ਬਾਬਾ ਮਸਤ ਕਰਮ ਚੰਦ ਬਾਠਾਂ ਵਾਲੀ ਸੜਕ ਜੋ ਕਿ ਖਸਤਾ ਹਾਲਤ ਵਿੱਚ ਹੋਣ ਕਾਰਨ ਜਦ ਵੀ ਮੀਂਹ ਪੈਂਦਾ ਸੀ ਤਾਂ ਇਹ ਸੜਕ ਦਲਦਲ ਦਾ ਰੂਪ ਧਾਰਨ ਕਰ ਜਾਂਦੀ ਸੀ, ਜਿਸ ਕਾਰਨ ਸ਼ਹਿਰ ਤੇ ਇਲਾਕਾ ਨਿਵਾਸੀਆਂ ਨੂੰ ਗੁਰਦੁਆਰਾ ਸਾਹਿਬ ਵਿਖੇ ਆਉਣ-ਜਾਣ ਲਈ ਭਾਰੀ ਦਿੱਕਤ ਦਾ ਸਾਹਮਣਾ ਕਰਨਾ ਪੈਂਦਾ ਸੀ, ਪਰ ਇਸ ਸੜਕ ਨੂੰ ਬਣਾਉਣ ਲਈ ਕਿਸੇ ਵੀ ਸਰਕਾਰੀ ਅਧਿਕਾਰੀ ਤੇ ਸਿਆਸੀ ਲੀਡਰਾਂ ਵੱਲੋਂ ਇਸ ਵੱਲ ਖਾਸ ਧਿਆਨ ਨਹੀਂ ਦਿੱਤਾ ਗਿਆ ਸੀ।ਅੱਜ ਆਮ ਆਦਮੀ ਪਾਰਟੀ ਦੇ ਆਗੂ ਗੁਰਪ੍ਰੀਤ ਸਿੰਘ ਸੇਖੋਂ ਵੱਲੋਂ ਇਸ ਖਸਤਾ ਹਾਲਤ ਵਿੱਚ ਸੜਕ ਨੂੰ ਬਣਾਉਣ ਦਾ ਕੰਮ ਸ਼ੁਰੂ ਕਰਵਾਇਆ ਗਿਆ, ਜਿਸ ਨਾਲ ਸ਼ਹਿਰ ਤੇ ਇਲਾਕਾ ਨਿਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ।ਇਸ ਮੌਕੇ 'ਆਪ' ਆਗੂ ਗੁਰਪ੍ਰੀਤ ਸਿੰਘ ਸੇਖੋਂ ਨੇ ਕਿਹਾ ਕਿ ਸ਼ਹਿਰ ਵਿੱਚ ਜੋ ਵੀ ਵਿਕਾਸ ਕਾਰਜ ਅਧੂਰੇ ਪਏ, ਉਨ੍ਹਾਂ ਨੂੰ ਪਹਿਲ ਦੇ ਅਧਾਰ 'ਤੇ ਕਰਵਾਏ ਜਾਣਗੇ।ਸ਼ਹਿਰ ਤੇ ਇਲਾਕਾ ਨਿਵਾਸੀਆਂ ਨੂੰ ਕਿਸੇ ਤਰ੍ਹਾਂ ਦੀ ਕੋਈ ਵੀ ਪ੍ਰੇਸ਼ਾਨੀ ਦਾ ਸਾਹਮਣਾ ਨਹੀਂ ਕਰਨ ਦਿੱਤਾ ਜਾਵੇਗਾ। ਇਸ ਮੌਕੇ ਫੁਰਮਾਨ ਸਿੰਘ ਸੰਧੂ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਪੰਜਾਬ, ਵਰਿੰਦਰ ਠੁਕਰਾਲ ਸਾਬਕਾ ਪ੍ਰਧਾਨ ਨਗਰ ਪੰਚਾਇਤ ਮਖੂ, ਕੈਪਟਨ ਨਛੱਤਰ ਸਿੰਘ ਚੇਅਰਮੈਨ ਮਾਰਕਿਟ ਕਮੇਟੀ ਮਖੂ, ਮੋਹਨ ਸਿੰਘ ਚੱਕੀਆਂ ਸਾਬਕਾ ਚੇਅਰਮੈਨ ਮਾਰਕਿਟ ਕਮੇਟੀ ਮਖੂ, ਮਨਜਿੰਦਰ ਸਿੰਘ ਕੌਂਸਲਰ, ਪਵਨ ਕਟਾਰੀਆ ਯੂਥ ਆਗੂ, ਰਾਜੀਵ ਠੁਕਰਾਲ ਸਾਬਕਾ ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ ਮਖੂ, ਕਰਨ ਠੁਕਰਾਲ ਆਦਿ ਹਾਜ਼ਰ ਸਨ।

## ਨਵ ਪੰਜਾਬੀ ਸਾਹਿਤ ਸਭਾ ਦੀ ਮੀਟਿੰਗ ਤੇ ਕਵੀ ਦਰਬਾਰ



**ਕੋਟ ਈਸੇ ਖਾਂ (ਅਰੋੜਾ)**-ਪੰਜਾਬੀ ਮਾਂ ਬੋਲੀ ਦੇ ਪ੍ਰਚਾਰ ਤੇ ਪ੍ਰਸਾਰ ਲਈ ਯਤਨਸ਼ੀਲ ਸਾਹਿਤਕ ਸੰਸਥਾ ਨਵ ਪੰਜਾਬੀ ਸਾਹਿਤ ਸਭਾ ਕੋਟ ਈਸੇ ਖਾਂ ਵੱਲੋਂ ਮਹੀਨਾਵਾਰ ਮੀਟਿੰਗ ਤੇ ਕਵੀ ਦਰਬਾਰ ਮਾਸਟਰ ਸ਼ਮਸ਼ੇਰ ਸਿੰਘ ਦੀ ਪ੍ਰਧਾਨਗੀ ਹੇਠ ਸਰਕਾਰੀ ਹਾਈ ਸਕੂਲ ਕੋਟ ਈਸੇ ਖਾਂ ਵਿਖੇ ਕਰਵਾਇਆ ਗਿਆ।ਕਵੀ ਦਰਬਾਰ ਸ਼ੁਰੂ ਕਰਨ ਤੋਂ ਪਹਿਲਾਂ ਪੰਜਾਬੀ ਮਾਂ ਬੋਲੀ ਦੇ ਉੱਘੇ ਵਿਅੰਗਕਾਰ ਕੇ ਐੱਲ ਗਰਗ ਦੀ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਤੇ ਉਨ੍ਹਾਂ ਦੀ ਯਾਦ ਵਿੱਚ ਹਾਜ਼ਰ ਮੈਂਬਰਾਂ ਵੱਲੋਂ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਭੇਟ ਕੀਤੀ ਗਈ।ਸਟੇਜ ਦੀ ਕਾਰਵਾਈ ਸਭਾ ਦੇ ਸੀਨੀਅਰ ਮੀਤ ਪ੍ਰਧਾਨ ਪ੍ਰੋਫੈਸਰ ਗੁਰਦੀਪ ਖਿੰਡਾ ਨੇ ਚਲਾਈ।ਕਵੀ ਦਰਬਾਰ ਵਿੱਚ ਸਭ ਤੋਂ ਪਹਿਲਾਂ ਰੱਬੀ ਸ਼ਾਇਰ ਨੇ ਕਵਿਤਾ, ਦਿਲ ਦਿਲਜੀਤ ਨੇ ਦਸਮਪਿਤਾ 'ਤੇ ਕਵਿਤਾ, ਹਰਬੰਸ ਸਿੰਘ ਗੈਦੂ ਨੇ ਮਾਂ 'ਤੇ ਕਵਿਤਾ, ਉੱਘੇ ਸ਼ਾਇਰ ਜੀਵਨ ਸਿੰਘ ਹਾਨੀ ਨੇ ਗਜ਼ਲ, ਉੱਘੇ ਸ਼ਾਇਰ ਕੁਲਵੰਤ ਜੀਰਾ ਨੇ ਗਜ਼ਲ, ਵਰਿੰਦਰ ਜ਼ੀਰਾ ਨੇ ਮੈਕਸਮ ਗੋਰਕੀ ਦੇ ਵਿਚਾਰ, ਆਰਟਿਸਟ ਗੁਰਪ੍ਰੀਤ ਕੈਲਵੀ ਨੇ ਜ਼ਿੰਦਗੀ 'ਤੇ ਕਵਿਤਾ, ਮਾਸਟਰ ਸ਼ਮਸ਼ੇਰ ਸਿੰਘ ਨੇ ਗਜ਼ਲ, ਪ੍ਰੋ: ਗੁਰਦੀਪ ਖਿੰਡਾ ਨੇ ਗਜ਼ਲ ਰਾਹੀਂ ਆਪਣੀ ਹਾਜ਼ਰੀ ਲਗਵਾਈ।ਸਭਾ ਦੇ ਅਖੀਰ 'ਚ ਪਵਨ ਅਰੋੜਾ ਨੇ ਆਏ ਸਾਹਿਤਕ ਸਾਥੀਆਂ ਦਾ ਧੰਨਵਾਦ ਕੀਤਾ।

## 10 ਦੀ ਮਹਾਂ ਰੈਲੀ 'ਚ ਵੱਡੀ ਗਿਣਤੀ ਪੈਨਸ਼ਨਰ ਸ਼ਾਮਲ ਹੋਣਗੇ : ਜਵੰਧਾ

**ਧੂਰੀ ([illegible])**-ਗੌਰਮਿੰਟ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਧੂਰੀ ਦੀ ਹੰਗਾਮੀ ਮੀਟਿੰਗ ਪੈਨਸ਼ਨਰ ਦਫ਼ਤਰ ਵਿਖੇ ਸੀਨੀਅਰ ਮੀਤ ਪ੍ਰਧਾਨ ਜਗਤਾਰ ਸਿੰਘ [illegible] ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਆਗੂਆਂ ਨੇ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ ਦੀਆਂ ਮੰਗਾਂ ਪ੍ਰਤੀ ਧਾਰੀ ਚੁੱਪ 'ਤੇ ਰੋਸ ਪ੍ਰਗਟ ਕੀਤਾ।[illegible] ਨੇ ਕਿਹਾ ਕਿ ਮੰਗਾਂ ਦੀ ਪੂਰਤੀ ਲਈ ਸਾਂਝੀ ਤਾਲਮੇਲ ਕਮੇਟੀ ਵੱਲੋਂ 10 ਅਕਤੂਬਰ ਨੂੰ ਸੰਗਰੂਰ ਵਿਖੇ ਕੀਤੀ ਜਾ ਰਹੀ ਮਹਾਂ ਰੋਸ ਰੈਲੀ ਵਿੱਚ ਧੂਰੀ ਤੋਂ ਵੱਡੀ ਗਿਣਤੀ ਪੈਨਸ਼ਨਰ ਸ਼ਾਮਲ ਹੋਣਗੇ।ਉਨ੍ਹਾਂ 18 ਫ਼ੀਸਦੀ ਡੀ ਏ ਜਾਰੀ ਕਰਨ, 2.59 ਦੇ ਫੈਕਟਰ ਅਨੁਸਾਰ ਪੈਨਸ਼ਨ ਫਿਕਸ ਕਰਨ ਤੇ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਦੀ ਮੰਗ ਕੀਤੀ।ਮੀਟਿੰਗ ਵਿੱਚ ਆਉਣ ਵਾਲੇ ਪੈਨਸ਼ਨ ਦਿਹਾੜੇ ਦੀਆਂ ਤਿਆਰੀਆਂ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ।

## ਓ ਐੱਸ ਡੀ ਵੱਲੋਂ 1.17 ਕਰੋੜ ਤੋਂ ਵੱਧ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ



**ਧੂਰੀ ([illegible])**-ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਹੋਰ ਬਿਹਤਰ ਬਣਾਉਣ ਲਈ ਵਿਕਾਸ ਕਾਰਜਾਂ ਨੂੰ ਲਗਾਤਾਰ ਅੱਗੇ ਵਧਾਇਆ ਜਾ ਰਿਹਾ ਹੈ।ਵਾਰਡ ਨੰਬਰ 7 ਅਤੇ 8 ਵਿੱਚ ਕੁੱਲ 97.78 ਲੱਖ ਰੁਪਏ ਦੀ ਲਾਗਤ ਵਾਲੇ ਵੱਖ-ਵੱਖ ਵਿਕਾਸ ਕਾਰਜਾਂ ਦੀ ਸ਼ੁਰੂਆਤ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ ਕਰਵਾਈ ਗਈ। ਇਸ ਦੇ ਨਾਲ ਹੀ ਕੰਸਟਰਕਸ਼ਨ ਵਰਕਰਾਂ ਲਈ 20 ਲੱਖ ਰੁਪਏ ਦੀ ਮੁੱਖ ਮੰਤਰੀ ਗ੍ਰਾਂਟ ਨਾਲ ਸ਼ੈੱਡ ਬਣਾਉਣ ਦਾ ਕੰਮ ਵੀ ਸ਼ੁਰੂ ਕੀਤਾ ਗਿਆ।ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ਼ਹਿਰਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਾਉਣ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਧੂਰੀ ਦੇ ਸਰਬਪੱਖੀ ਵਿਕਾਸ ਲਈ ਲੋੜ ਅਨੁਸਾਰ ਵੱਖ-ਵੱਖ ਖੇਤਰਾਂ ਵਿੱਚ ਵਿਕਾਸ ਕਾਰਜ ਕਰਦੇ ਜਾ ਰਹੇ ਹਨ ਅਤੇ ਲੋਕਾਂ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦਿਆਂ ਵਿਕਾਸ ਦੀ ਗਤੀ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਵਾਰਡ ਨੰਬਰ 7 ਵਿੱਚ ਸੜਕਾਂ ਦੀ ਮੁਰੰਮਤ ਤੇ ਨਵੀਨੀਕਰਨ, ਪੀ.ਵੀ.ਸੀ. ਪਾਈਪਾਂ ਤੇ ਰੋਡ ਗਲੀ ਚੈਂਬਰਾਂ ਨਾਲ ਸਬੰਧਤ ਕੰਮ 31.57 ਲੱਖ ਰੁਪਏ ਦੀ ਮੁੱਖ ਮੰਤਰੀ ਗ੍ਰਾਂਟ ਨਾਲ ਕਰਾਏ ਜਾਣਗੇ।ਇਸ ਤੋਂ ਇਲਾਵਾ ਇੰਟਰਲਾਕਿੰਗ ਟਾਈਲਾਂ, ਪੀ.ਵੀ.ਸੀ. ਪਾਈਪਾਂ ਅਤੇ ਰੋਡ ਗਲੀ ਚੈਂਬਰਾਂ ਦਾ ਕੰਮ 38.81 ਲੱਖ ਰੁਪਏ ਦੀ ਲਾਗਤ ਨਾਲ ਐੱਮ.ਡੀ.ਐੱਫ.-3 ਤਹਿਤ ਸ਼ੁਰੂ ਕੀਤਾ ਗਿਆ ਹੈ।ਵਾਰਡ ਨੰਬਰ 8 ਵਿੱਚ ਸੜਕਾਂ ਦੀ ਮੁਰੰਮਤ ਅਤੇ ਪਾਈਪਾਂ ਨਾਲ ਸਬੰਧਤ ਕੰਮ 19.32 ਲੱਖ ਰੁਪਏ ਦੀ ਮੁੱਖ ਮੰਤਰੀ ਗ੍ਰਾਂਟ ਨਾਲ ਕਰਾਇਆ ਜਾਵੇਗਾ।ਇਸ ਤੋਂ ਇਲਾਵਾ ਇੰਟਰਲਾਕਿੰਗ ਟਾਈਲਾਂ, ਪੀ.ਵੀ.ਸੀ. ਪਾਈਪਾਂ ਤੇ ਰੋਡ ਗਲੀ ਚੈਂਬਰਾਂ ਦਾ ਕੰਮ 8.08 ਲੱਖ ਰੁਪਏ ਦੀ ਲਾਗਤ ਨਾਲ ਐੱਮ.ਡੀ.ਐੱਫ.-3 ਤਹਿਤ ਸ਼ੁਰੂ ਕੀਤਾ ਗਿਆ ਹੈ।ਕੰਸਟਰਕਸ਼ਨ ਲੇਬਰ ਯੂਨੀਅਨ ਦੇ ਸ਼ੈੱਡ ਲਈ ਮੁੱਖ ਮੰਤਰੀ ਗ੍ਰਾਂਟ ਤਹਿਤ 20 ਲੱਖ ਰੁਪਏ ਦੀ ਲਾਗਤ ਨਾਲ ਕੰਮ ਸ਼ੁਰੂ ਕਰਵਾਇਆ ਗਿਆ ਹੈ।ਇਸ ਨਾਲ ਕੰਸਟਰਕਸ਼ਨ ਵਰਕਰਾਂ ਨੂੰ ਆਪਣੇ ਕੰਮ ਨਾਲ ਸਬੰਧਤ ਗਤੀਵਿਧੀਆਂ ਲਈ ਬਿਹਤਰ ਸਹੂਲਤ ਮਿਲ ਸਕੇਗੀ। ਓ.ਐਸ.ਡੀ. ਨੇ ਕਿਹਾ ਕਿ ਵਿਕਾਸ ਕਾਰਜਾਂ ਦੀ ਗੁਣਵੱਤਾ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਨਹੀਂ ਕੀਤਾ ਜਾਵੇਗਾ ਤੇ ਸਾਰੇ ਕੰਮ ਨਿਰਧਾਰਤ ਮਾਪਦੰਡਾਂ ਅਨੁਸਾਰ ਸਮੇਂ ਸਿਰ ਮੁਕੰਮਲ ਕਰਾਉਣ ਨੂੰ ਯਕੀਨੀ ਬਣਾਇਆ ਜਾਵੇਗਾ।

## ਸੁਤੰਤਰਤਾ ਸੈਨਾਨੀ ਮਾਸਟਰ ਸੁੰਦਰ ਸਿੰਘ ਲਾਇਲਪੁਰੀ ਦਾ ਜਨਮ ਦਿਨ ਮਨਾਇਆ



**ਦੇਵੀਗੜ੍ਹ/ਸਨੌਰ (ਰਾਜਿੰਦਰ ਸਿੰਘ ਥਿੰਦ)**-ਗਲੋਬਲ ਕੰਬੋਜ ਐਜੂਕੇਸ਼ਨ ਐਂਡ ਵੈਲਫੇਅਰ ਆਰਗੇਨਾਈਜ਼ਰ ਵੱਲੋਂ ਅਕਾਲੀ ਲਹਿਰ ਦੇ ਮੋਢੀ ਮਾਸਟਰ ਸੁੰਦਰ ਸਿੰਘ ਲਾਇਲਪੁਰੀ ਦਾ ਜਨਮ ਦਿਨ ਉਨ੍ਹਾਂ ਦੇ ਜੱਦੀ ਪਿੰਡ ਸੁੰਦਰ ਸਿੰਘ ਵਾਲਾ (ਨੇੜੇ ਦੇਵੀਗੜ੍ਹ) ਵਿਖੇ ਵੱਡੀ ਧੂਮਧਾਮ ਨਾਲ ਮਨਾਇਆ ਗਿਆ।ਸਮਾਗਮ ਦੀ ਅਗਵਾਈ ਸੂਬਾ ਪ੍ਰਧਾਨ ਭੁਪਿੰਦਰ ਸਿੰਘ ਨੇ ਕੀਤੀ ਜਦੋਂਕਿ ਕਾਮਰੇਡ ਰਾਮੇਸ਼ ਅਜ਼ਾਦ ਤੇ ਪਿੰਡ ਵਾਸੀਆਂ ਨੇ ਭਰਪੂਰ ਸਹਿਯੋਗ ਦਿੱਤਾ।ਲਾਇਲਪੁਰੀ ਦੀ ਪੋਤਰੀ ਬੀਬੀ ਜਸਵੀਰ ਕੌਰ ਅਤੇ ਉਹਨਾਂ ਦੇ ਪਤੀ ਲਖਵਿੰਦਰ ਸਿੰਘ ਥਿੰਦ,ਵਿਸ਼ੇਸ਼ ਤੌਰ 'ਤੇ ਪਹੁੰਚੇ। ਆਗੂਆਂ ਵੱਲੋਂ ਉਨ੍ਹਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ ਤੇ ਉਨ੍ਹਾਂ ਨੂੰ ਯਾਦਗਾਰੀ ਤੋਹਫ਼ੇ ਭੇਂਟ ਕੀਤੇ ਗਏ।ਸਮਾਗਮ ਵਿਚ ਸਾਬਕਾ ਵਿਧਾਇਕ ਸਮਾਣਾ ਰਾਜਿੰਦਰ ਸਿੰਘ ਹਰਿੰਦਰਪਾਲ ਸਿੰਘ ਚੰਦੂਮਾਜਰਾ, ਜਥੇਦਾਰ ਜਰਨੈਲ ਸਿੰਘ ਕਰਤਾਰਪੁਰ, ਚੇਅਰਮੈਨ ਇੰਦਰਜੀਤ ਸਿੰਘ ਸੰਧੂ, ਪ੍ਰੋਫੈਸਰ ਜਸਪਾਲ ਕੌਰ ਧੰਜੂ, ਕਾਮਰੇਡ ਨਿਰਮਲ ਸਿੰਘ ਧਾਲੀਵਾਲ, ਜਸਵਿੰਦਰ ਸਿੰਘ ਰਾਣਾ, ਜਨਕ ਰਾਜ ਕਲਵਾਣੂ, ਜੋਗਿੰਦਰ ਸਿੰਘ, ਸਰਪੰਚ ਗੁਰਵਿੰਦਰ ਕੌਰ, ਸਾਬਕਾ ਸਰਪੰਚ ਭੁਪਿੰਦਰ ਸਿੰਘ ਪ੍ਰਿਥੀਪਾਲ ਸਿੰਘ ਧਾਂਦੀਆਂ, ਰਾਜਾ ਧੰਜੂ ਸਰਪੰਚ ਅਤੇ ਪ੍ਰਮਜੀਤ ਸਿੰਘ ਮਹਿਮੂਦਪੁਰ ਸਮੇਤ ਵੱਡੀ ਗਿਣਤੀ ਵਿਚ ਲੋਕਾਂ ਨੇ ਹਿੱਸਾ ਲਿਆ।

ਆਗੂਆਂ ਨੇ ਕਿਹਾ ਕਿ ਮਾਸਟਰ ਸੁੰਦਰ ਸਿੰਘ ਲਾਇਲਪੁਰੀ ਨਾ ਸਿਰਫ਼ ਸੁਤੰਤਰਤਾ ਸੈਨਾਨੀ ਸਨ, ਬਲਕਿ ਉਹ ਪੰਥਕ ਚੇਤਨਾ ਅਤੇ ਰਾਸ਼ਟਰੀ ਜਾਗਰੂਕਤਾ ਦੀ ਜਿਉਂਦੀ ਜਾਗਦੀ ਮਿਸਾਲ ਸਨ।ਉਨ੍ਹਾਂ ਨੇ ਅਕਾਲੀ ਅਖ਼ਬਾਰ ਚਲਾ ਕੇ ਅਤੇ ਗੁਰਦੁਆਰਾ ਸੁਧਾਰ ਲਹਿਰ ਵਿਚ ਮੋਹਰੀ ਭੂਮਿਕਾ ਨਿਭਾ ਕੇ ਸਿੱਖ ਕੌਮ ਨੂੰ ਜਾਗ੍ਰਿਤ ਕੀਤਾ। ਨੌਜਵਾਨ ਪੀੜ੍ਹੀ ਨੂੰ ਉਨ੍ਹਾਂ ਦੀਆਂ ਕੁਰਬਾਨੀਆਂ ਤੋਂ ਸਿੱਖਿਆ ਲੈਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਲਾਇਲਪੁਰੀ ਨੇ ਹਿੰਦੁਸਤਾਨ ਟਾਈਮਜ਼ ਅਖ਼ਬਾਰ ਦੀ ਨੀਂਹ ਵੀ ਰੱਖੀ ਸੀ ਤੇ ਆਨੰਦ ਮੈਰਿਜ ਐਕਟ ਤਿਆਰ ਕਰਨ ਵਿਚ ਵੀ ਯੋਗਦਾਨ ਪਾਇਆ ਸੀ।ਅਜਿਹੇ ਮਹਾਨ ਨਾਇਕਾਂ ਨੂੰ ਯਾਦ ਰੱਖਣਾ ਸਾਡੀ ਰਾਸ਼ਟਰੀ ਫਰਜ਼ਮੰਦੀ ਹੈ।ਮਾਸਟਰ ਸੁੰਦਰ ਸਿੰਘ ਲਾਇਲਪੁਰੀ ਅਕਾਲੀ ਲਹਿਰ ਦੇ ਬਾਨੀ ਮੰਨੇ ਜਾਂਦੇ ਹਨ।ਉਨ੍ਹਾਂ ਨੇ 1920 ਵਿਚ ਰੋਜ਼ਾਨਾ ਅਖ਼ਬਾਰ 'ਅਕਾਲੀ' ਸ਼ੁਰੂ ਕੀਤਾ, ਗੁਰਦੁਆਰਾ ਸੁਧਾਰ ਲਹਿਰ ਵਿਚ ਅਹਿਮ ਭੂਮਿਕਾ ਨਿਭਾਈ ਤੇ ਦੇਸ਼ ਦੀ ਆਜ਼ਾਦੀ ਲਈ ਅਨੇਕਾਂ ਕੁਰਬਾਨੀਆਂ ਦਿੱਤੀਆਂ।

## ਮਨੀਸ਼ ਸਿਸੋਦੀਆ ਬਲਾਕ ਪ੍ਰਧਾਨਾਂ ਤੇ ਬੂਥ ਇੰਚਾਰਜਾਂ ਨਾਲ ਕਰਨਗੇ ਮੀਟਿੰਗ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਆਮ ਆਦਮੀ ਪਾਰਟੀ ਦੇ ਸੰਗਠਨ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਦੇ ਮੰਤਵ ਨਾਲ ਪਾਰਟੀ ਦੇ ਪੰਜਾਬ ਪ੍ਰਭਾਰੀ ਸ੍ਰੀ ਮਨੀਸ਼ ਸਿਸੋਦੀਆ 6 ਅਕਤੂਬਰ ਨੂੰ ਬਾਅਦ ਦੁਪਹਿਰ 3 ਵਜੇ ਟੂਰਨਾ ਪੈਲਸ, ਨੇੜੇ ਜੋੜੀਆਂ ਸੜਕਾਂ, ਵਿਖੇ ਹਲਕਾ ਸਨੌਰ ਦੇ ਸਮੂਹ ਬਲਾਕ ਪ੍ਰਧਾਨਾਂ ਤੇ ਬੂਥ ਇੰਚਾਰਜਾਂ ਨਾਲ ਇੱਕ ਵਿਸ਼ੇਸ਼ ਅਹਿਮ ਮੀਟਿੰਗ ਕਰਨਗੇ।ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਨੇ ਦੱਸਿਆ ਕਿ ਮੀਟਿੰਗ ਦੌਰਾਨ ਮੁੱਖ ਤੌਰ 'ਤੇ ਸੰਗਠਨ ਦੀ ਮਜ਼ਬੂਤੀ ਅਤੇ ਬੂਥ ਪੱਧਰ 'ਤੇ ਪਾਰਟੀ ਦੇ ਢਾਂਚੇ ਨੂੰ ਹੋਰ ਸਰਗਰਮ ਕਰਨ 'ਤੇ ਵਿਸ਼ੇਸ਼ ਚਰਚਾ ਕੀਤੀ ਜਾਵੇਗੀ।ਉਨ੍ਹਾਂ ਅੱਗੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਅਸਲ ਤਾਕਤ ਇਸ ਦੇ ਜ਼ਮੀਨੀ ਪੱਧਰ ਤੇ ਡਟੇ ਰਹਿਣ ਵਾਲੇ ਮਿਹਨਤੀ ਵਰਕਰ ਤੇ ਅਹੁਦੇਦਾਰ ਹਨ, ਜਿਨ੍ਹਾਂ ਦੀ ਬਦੌਲਤ ਪਾਰਟੀ ਦੀਆਂ ਨੀਤੀਆਂ ਘਰ-ਘਰ ਤੱਕ ਪਹੁੰਚ ਰਹੀਆਂ ਹਨ।ਉਨ੍ਹਾਂ ਕਿਹਾ ਕਿ ਇਸ ਮੀਟਿੰਗ ਦੌਰਾਨ ਪੰਜਾਬ ਪ੍ਰਭਾਰੀ ਸ੍ਰੀ ਮਨੀਸ਼ ਸਿਸੋਦੀਆ ਵਰਕਰਾਂ ਨਾਲ ਸਿੱਧਾ ਰਾਬਤਾ ਕਾਇਮ ਕਰਕੇ ਸੰਗਠਨਾਤਮਕ ਸੁਝਾਅ ਸੁਣਨਗੇ ਤੇ ਆਉਣ ਵਾਲੇ ਸਿਆਸੀ ਪ੍ਰੋਗਰਾਮਾਂ ਲਈ ਇੱਕ ਠੋਸ ਰੂਪ-ਰੇਖਾ ਉਲੀਕਣਗੇ।ਹਡਾਣਾ ਨੇ ਸਮੂਹ ਬਲਾਕ ਪ੍ਰਧਾਨਾਂ, ਬੂਥ ਇੰਚਾਰਜਾਂ ਅਤੇ ਮੋਹਤਬਰ ਸਾਥੀਆਂ ਨੂੰ ਅਪੀਲ ਕੀਤੀ ਕਿ ਉਹ ਭਲਕੇ ਸਮੇਂ ਸਿਰ ਟੂਰਨਾ ਪੈਲੇਸ ਵਿਖੇ ਪਹੁੰਚ ਕੇ ਮੀਟਿੰਗ ਨੂੰ ਸਫ਼ਲ ਬਣਾਉਣ।

## ਸਹਿਕਾਰੀ ਬੈਂਕਿੰਗ ਗਿਆਨ ਨੂੰ ਉਤਸ਼ਾਹਤ ਕਰਨ ਲਈ ਕੁਇੱਜ਼ ਮੁਕਾਬਲਾ



**ਬਠਿੰਡਾ (ਪਰਵਿੰਦਰਜੀਤ ਸਿੰਘ)**-ਸਹਿਕਾਰੀ ਬੈਂਕਿੰਗ ਖੇਤਰ ਨਾਲ ਸਬੰਧਤ ਗਿਆਨ ਤੇ ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਏ.ਸੀ.ਐਸ.ਟੀ.ਆਈ. ਜਲੰਧਰ ਵੱਲੋਂ ਸਵੇਰੇ 11 ਵਜੇ ਡੀ.ਸੀ.ਸੀ.ਬੀ. ਬਠਿੰਡਾ ਵਿਖੇ ਕੁਇਜ਼ ਮੁਕਾਬਲੇ ਦਾ ਆਯੋਜਨ ਕੀਤਾ ਗਿਆ।ਮੁਕਾਬਲੇ ਵਿੱਚ ਪੰਜਾਬ ਦੇ ਪੰਜ ਜ਼ਿਲ੍ਹਾ ਕੇਂਦਰੀ ਸਹਿਕਾਰੀ ਬੈਂਕਾਂ ਦੀਆਂ ਟੀਮਾਂ ਨੇ ਉਤਸ਼ਾਹ ਨਾਲ ਭਾਗ ਲਿਆ।ਮੁਕਾਬਲੇ ਵਿੱਚ ਡੀ.ਸੀ.ਸੀ.ਬੀ. ਬਠਿੰਡਾ, ਮਾਨਸਾ, ਫਾਜ਼ਿਲਕਾ, ਸ੍ਰੀ ਮੁਕਤਸਰ ਸਾਹਿਬ ਤੇ ਫ਼ਰੀਦਕੋਟ ਦੀਆਂ ਟੀਮਾਂ ਨੇ ਆਪਣੀ ਜਾਣਕਾਰੀ ਅਤੇ ਹੁਨਰ ਦਾ ਪ੍ਰਦਰਸ਼ਨ ਕੀਤਾ।ਕੁਇਜ਼ ਦੌਰਾਨ ਸਹਿਕਾਰੀ ਬੈਂਕਿੰਗ, ਬੈਂਕਿੰਗ ਪ੍ਰਕਿਰਿਆਵਾਂ ਤੇ ਆਮ ਗਿਆਨ ਨਾਲ ਸਬੰਧਤ ਵੱਖ-ਵੱਖ ਸਵਾਲ ਪੁੱਛੇ ਗਏ, ਜਿਨ੍ਹਾਂ ਦੇ ਜਵਾਬ ਭਾਗੀਦਾਰ ਟੀਮਾਂ ਵੱਲੋਂ ਦਿੱਤੇ ਗਏ।ਮੁਕਾਬਲੇ ਵਿੱਚ ਡੀ.ਸੀ.ਸੀ.ਬੀ. ਦੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ।ਪ੍ਰਬੰਧਕਾਂ ਵੱਲੋਂ ਜੇਤੂ ਟੀਮ ਨੂੰ ਵਧਾਈ ਦਿੱਤੀ ਗਈ ਤੇ ਉਸ ਦੇ ਪ੍ਰਦਰਸ਼ਨ ਦੀ ਸ਼ਲਾਘਾ ਕੀਤੀ ਗਈ।ਡੀ.ਸੀ.ਸੀ.ਬੀ. ਬਠਿੰਡਾ ਦੇ ਚੇਅਰਮੈਨ ਸ੍ਰੀ ਅਮਰਦੀਪ ਸਿੰਘ ਰਾਜਨ ਨੇ ਕਿਹਾ ਕਿ ਅਜਿਹੇ ਗਿਆਨਵਰਧਕ ਮੁਕਾਬਲੇ ਬੈਂਕ ਕ੍ਰਮਚਾਰੀਆਂ ਦੇ ਗਿਆਨ ਵਿੱਚ ਵਾਧਾ ਕਰਨ ਦੇ ਨਾਲ-ਨਾਲ ਉਨ੍ਹਾਂ ਵਿੱਚ ਮੁਕਾਬਲੇ ਦੀ ਭਾਵਨਾ, ਟੀਮ ਵਰਕ ਤੇ ਪੇਸ਼ੇਵਰ ਹੁਨਰ ਨੂੰ ਵੀ ਮਜ਼ਬੂਤ ਕਰਦੇ ਹਨ।ਉਨ੍ਹਾਂ ਕਿਹਾ ਕਿ ਸਹਿਕਾਰੀ ਬੈਂਕਿੰਗ ਖੇਤਰ ਨਾਲ ਜੁੜੇ ਅਧਿਕਾਰੀਆਂ ਤੇ ਕ੍ਰਮਚਾਰੀਆਂ ਲਈ ਅਜਿਹੀਆਂ ਗਤੀਵਿਧੀਆਂ ਲਾਹੇਵੰਦ ਸਾਬਤ ਹੁੰਦੀਆਂ ਹਨ। ਕੁਇਜ਼ ਮੁਕਾਬਲਾ ਉਤਸ਼ਾਹਪੂਰਨ ਤੇ ਸਕਾਰਾਤਮਕ ਮਾਹੌਲ ਵਿੱਚ ਕਰਾਇਆ ਗਿਆ।

ਇਸ ਦੌਰਾਨ ਸਾਰੀਆਂ ਭਾਗੀਦਾਰ ਟੀਮਾਂ ਦੀ ਹੌਸਲਾ-ਅਫ਼ਜ਼ਾਈ ਕੀਤੀ ਗਈ ਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀਆਂ ਗਿਆਨਵਰਧਕ ਗਤੀਵਿਧੀਆਂ ਕਰਵਾਉਣ ਦੀ ਲੋੜ 'ਤੇ ਜ਼ੋਰ ਦਿੱਤਾ ਗਿਆ।ਅੰਤ ਵਿੱਚ ਬਠਿੰਡਾ ਸੈਂਟਰਲ ਕੋਆਪ੍ਰੇਟਿਵ ਬੈਂਕ ਲਿਮਟਿਡ ਦੇ ਪ੍ਰਧਾਨ ਸ੍ਰੀ ਹਰਪ੍ਰੀਤ ਸਿੰਘ ਨੇ ਸਮਾਗਮ ਵਿੱਚ ਸ਼ਾਮਲ ਸਾਰੇ ਅਧਿਕਾਰੀਆਂ ਅਤੇ ਕ੍ਰਮਚਾਰੀਆਂ ਦਾ ਧੰਨਵਾਦ ਕੀਤਾ।

## ਪਿੰਡ ਕਾਲੀਆਂ 'ਚ ਗੁਰੂ ਰਵਿਦਾਸ ਧਰਮਸ਼ਾਲਾ ਦਾ ਉਦਘਾਟਨ



**ਲਹਿਰਾਗਾਗਾ (ਪੱਤਰ ਪ੍ਰੇਰਕ)**

ਕੈਬਨਿਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਪਿੰਡ ਕਾਲੀਆਂ ਵਿਖੇ ਸ੍ਰੀ ਗੁਰੂ ਰਵਿਦਾਸ ਧਰਮਸ਼ਾਲਾ ਦਾ ਉਦਘਾਟਨ ਕਰਕੇ ਇਹ ਸਹੂਲਤ ਪਿੰਡ ਵਾਸੀਆਂ ਨੂੰ ਸਮਰਪਤ ਕੀਤੀ।ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ ਤੇ ਕੈਬਨਿਟ ਮੰਤਰੀ ਨੇ ਸੰਗਤ ਨਾਲ ਸਮਾਗਮ ਵਿੱਚ ਸ਼ਿਰਕਤ ਕੀਤੀ।ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਸ੍ਰੀ ਗੋਇਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਿੰਡਾਂ ਦੇ ਸਰਬਪੱਖੀ ਵਿਕਾਸ ਤੇ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜ ਕਰਵਾਉਣਾ ਅਤੇ ਇਨ੍ਹਾਂ ਦਾ ਲਾਭ ਹਰ ਵਰਗ ਤੱਕ ਪੁਚਾਉਣਾ ਉਨ੍ਹਾਂ ਦੀ ਮੁੱਖ ਤਰਜੀਹ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਧਰਮਸ਼ਾਲਾਵਾਂ ਪਿੰਡਾਂ ਦੇ ਸਮਾਜਿਕ ਤੇ ਭਾਈਚਾਰਕ ਜੀਵਨ ਦਾ ਅਹਿਮ ਹਿੱਸਾ ਹਨ।ਸ੍ਰੀ ਗੁਰੂ ਰਵਿਦਾਸ ਧਰਮਸ਼ਾਲਾ ਨਾਲ ਪਿੰਡ ਵਾਸੀਆਂ ਨੂੰ ਸਮਾਜਿਕ ਤੇ ਧਾਰਮਿਕ ਸਮਾਗਮ ਕਰਾਉਣ ਲਈ ਢੁੱਕਵੀਂ ਥਾਂ ਮਿਲੇਗੀ।ਉਨ੍ਹਾਂ ਪਿੰਡ ਵਾਸੀਆਂ ਨੂੰ ਇਸ ਸਾਂਝੀ ਇਮਾਰਤ ਦੀ ਸੁਚੱਜੀ ਵਰਤੋਂ ਅਤੇ ਸਾਂਭ-ਸੰਭਾਲ ਲਈ ਆਪਸੀ ਸਹਿਯੋਗ ਨਾਲ ਕੰਮ ਕਰਨ ਦੀ ਅਪੀਲ ਕੀਤੀ।ਸ੍ਰੀ ਗੋਇਲ ਨੇ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਬਰਾਬਰੀ, ਮਨੁੱਖੀ ਸਤਿਕਾਰ ਤੇ ਭਾਈਚਾਰੇ ਦਾ ਸੁਨੇਹਾ ਸਮਾਜ ਨੂੰ ਜੋੜਨ ਦਾ ਰਾਹ ਦਿਖਾਉਂਦਾ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾ ਕੇ ਆਪਸੀ ਪਿਆਰ ਅਤੇ ਸਾਂਝ ਨੂੰ ਹੋਰ ਮਜ਼ਬੂਤ ਕੀਤਾ ਜਾ ਸਕਦਾ ਹੈ।

ਇਸ ਮੌਕੇ ਬਲਾਕ ਸੰਮਤੀ ਮੈਂਬਰ ਅਜੀਤ ਸਿੰਘ ਤੇ ਹੋਰ ਪਿੰਡ ਵਾਸੀਆਂ ਨੇ ਪਿੰਡ ਵਿੱਚ ਹੋ ਰਹੇ ਵਿਕਾਸ ਕਾਰਜਾਂ ਲਈ ਕੈਬਨਿਟ ਮੰਤਰੀ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਸ੍ਰੀ ਬਰਿੰਦਰ ਕੁਮਾਰ ਗੋਇਲ ਦੇ ਯਤਨਾਂ ਸਦਕਾ ਪਿੰਡ ਕਾਲੀਆਂ ਨੇ ਵਿਕਾਸ ਪੱਖੋਂ ਮੋਹਰੀ ਸਥਾਨ ਹਾਸਲ ਕੀਤਾ ਹੈ।ਉਨ੍ਹਾਂ ਕਿਹਾ ਕਿ ਪਿਛਲੇ ਆਗੂਆਂ ਨੇ ਪਿੰਡ ਦੀਆਂ ਲੋੜਾਂ ਵੱਲ ਲੋੜੀਂਦਾ ਧਿਆਨ ਨਹੀਂ ਦਿੱਤਾ, ਜਦਕਿ ਹੁਣ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਨਾਲ ਪਿੰਡ ਵਾਸੀਆਂ ਨੂੰ ਬਿਹਤਰ ਸਹੂਲਤਾਂ ਮਿਲ ਰਹੀਆਂ ਹਨ। ਪਿੰਡ ਵਾਸੀਆਂ ਵੱਲੋਂ ਪ੍ਰਗਟਾਏ ਭਰੋਸੇ ਲਈ ਧੰਨਵਾਦ ਕਰਦਿਆਂ ਸ੍ਰੀ ਗੋਇਲ ਨੇ ਕਿਹਾ ਕਿ ਲੋਕਾਂ ਦਾ ਸਹਿਯੋਗ ਉਨ੍ਹਾਂ ਨੂੰ ਹੋਰ ਸਮਰਪਣ ਨਾਲ ਕੰਮ ਕਰਨ ਦੀ ਪ੍ਰੇਰਨਾ ਦਿੰਦਾ ਹੈ।

## ਲਾਇਸੰਸੀ ਅਸਲਾ ਚੋਰੀ ਹੋ ਜਾਣ ਦੇ ਮਾਮਲੇ 'ਚ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਕਰੀਬ ਤਿੰਨ ਸਾਲ ਪਹਿਲਾਂ ਇਸ ਸੰਸਾਰ ਨੂੰ ਛੱਡ ਕੇ ਜਾ ਚੁੱਕੇ ਪਿੰਡ ਮਾਧੋਪੁਰ ਦੇ ਇੱਕ ਵਿਅਕਤੀ ਦਾ ਲਾਇਸੰਸੀ ਰਿਵਾਲਵਰ ਅਤੇ ਦੋਨਾਲੀ ਗੰਨ ਚੋਰੀ ਹੋ ਜਾਣ ਦੇ ਕਥਿਤ ਮਾਮਲੇ ਵਿੱਚ ਸਰਹਿੰਦ ਪੁਲਿਸ ਵੱਲੋਂ ਕੇਸ ਦਰਜ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਪੁਲਿਸ ਨੂੰ ਦਿੱਤੇ ਬਿਆਨਾਂ ਵਿੱਚ ਜਗਦੀਸ਼ ਸਿੰਘ ਟਿਵਾਣਾ ਵਾਸੀ ਮਾਧੋਪੁਰ ਨੇ ਦੱਸਿਆ ਕਿ ਅਗਸਤ 2023 ਵਿੱਚ ਉਸ ਦੇ ਲੜਕੇ ਖੁਸ਼ਦੀਪ ਸਿੰਘ ਦੀ ਮੌਤ ਹੋ ਗਈ ਸੀ।ਜਿਸ ਕੋਲ ਦੋ ਲਾਇਸੰਸੀ ਹਥਿਆਰ ਜਿਹਨਾਂ ਵਿੱਚ ਇੱਕ ਡਬਲ ਬੈਰਲ ਗੰਨ ਅਤੇ ਇੱਕ .32 ਬੋਰ ਰਿਵਾਲਵਰ ਸੀ।ਜੋ ਉਸ ਦੀ ਮੌਤ ਤੋਂ ਬਾਅਦ ਕਿਤੇ ਨਹੀਂ ਮਿਲੇ ਤੇ ਉਕਤ ਲਾਇਸੰਸੀ ਹਥਿਆਰ ਕਿਸੇ ਨਾਮਾਲੂਮ ਵਿਅਕਤੀ/ਵਿਅਕਤੀਆਂ ਨੇ ਚੋਰੀ ਕਰ ਲਏ ਹਨ।ਜਗਦੀਸ਼ ਸਿੰਘ ਦੇ ਬਿਆਨਾਂ 'ਤੇ ਥਾਣਾ ਸਰਹਿੰਦ ਵਿਖੇ ਨਾਮਾਲੂਮ ਵਿਅਕਤੀ/ਵਿਅਕਤੀਆਂ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ।

## ਚੈਕਿੰਗ ਮੁਹਿੰਮ ਦੌਰਾਨ ਸਤੰਬਰ ਮਹੀਨੇ 22,855 ਯਾਤਰੀ ਬਿਨਾਂ ਟਿਕਟ ਯਾਤਰਾ ਕਰਦੇ ਫੜੇ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਮੰਡਲ ਦੇ ਟਿਕਟ ਚੈਕਿੰਗ ਦਲ ਵੱਲੋਂ ਰੇਲਾਂ ਵਿਚ ਅਣ-ਅਧਿਕਾਰਤ/ਬਿਨਾਂ ਟਿਕਟ ਯਾਤਰਾ 'ਤੇ ਰੋਕ ਲਗਾਉਣ ਲਈ ਟਰੇਨਾਂ ਵਿੱਚ ਲਗਾਤਾਰ ਟਿਕਟ ਚੈਕਿੰਗ ਕੀਤੀ ਜਾ ਰਹੀ ਹੈ। ਮੰਡਲ ਦੇ ਟਿਕਟ ਚੈਕਿੰਗ ਸਟਾਫ਼ ਵੱਲੋਂ ਸਤੰਬਰ 2026 ਦੌਰਾਨ ਟਰੇਨਾਂ ਵਿਚ ਟਿਕਟ ਚੈਕਿੰਗ ਦੌਰਾਨ ਕੁੱਲ 22,855 ਯਾਤਰੀ ਬਿਨਾਂ ਟਿਕਟ ਜਾਂ ਅਨਿਯਮਿਤ ਯਾਤਰਾ ਕਰਦੇ ਹੋਏ ਫੜੇ ਗਏ ਤੇ ਉਨ੍ਹਾਂ ਤੋਂ ਜੁਰਮਾਨੇ ਵਜੋਂ 2 ਕਰੋੜ ਰੁਪਏ ਤੋਂ ਵੱਧ ਦਾ ਮਾਲੀਆ ਵਸੂਲ ਕੀਤਾ ਗਿਆ। ਮੰਡਲ ਦੇ ਰੇਲਵੇ ਸਟੇਸ਼ਨਾਂ ਨੂੰ ਸਾਫ਼-ਸੁਥਰਾ ਬਣਾਏ ਰੱਖਣ ਤੇ ਆਮ ਜਨਤਾ ਨੂੰ ਸਟੇਸ਼ਨਾਂ 'ਤੇ ਗੰਦਗੀ ਫੈਲਾਉਣ ਤੋਂ ਰੋਕਣ ਤੇ ਉਨ੍ਹਾਂ ਨੂੰ ਸਾਫ਼-ਸਫ਼ਾਈ ਪ੍ਰਤੀ ਜਾਗਰੂਕ ਕਰਨ ਲਈ ਮੰਡਲ ਦੇ ਮੁੱਖ ਸਟੇਸ਼ਨਾਂ 'ਤੇ ਨਿਯਮਿਤ ਜਾਂਚ ਕੀਤੀ ਜਾਂਦੀ ਹੈ। ਇਸ ਦੇ ਸਿੱਟੇ ਵਜੋਂ, ਸਤੰਬਰ ਮਹੀਨੇ ਵਿੱਚ 202 ਯਾਤਰੀਆਂ ਤੋਂ ਸਟੇਸ਼ਨ ਪਰਿਸਰ ਵਿੱਚ ਗੰਦਗੀ ਫੈਲਾਉਣ ਦੇ ਦੋਸ਼ ਹੇਠ (ਐਂਟੀ ਲਿਟਰਿੰਗ ਐਕਟ ਤਹਿਤ) 81 ਹਜ਼ਾਰ ਰੁਪਏ ਤੋਂ ਵੱਧ ਵਸੂਲ ਕੀਤੇ ਗਏ। ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ ਨੇ ਦੱਸਿਆ ਕਿ ਫਿਰੋਜ਼ਪੁਰ ਮੰਡਲ ਵਿੱਚ ਟਿਕਟ ਚੈਕਿੰਗ ਮੁਹਿੰਮਾਂ ਜਾਰੀ ਰਹਿਣਗੀਆਂ। ਬਸੰਤ ਕੁਮਾਰ ਸੀਨੀਅਰ ਮੰਡਲ ਵਪਾਰਕ ਪ੍ਰਬੰਧਕ ਨੇ ਦੱਸਿਆ ਕਿ ਟਿਕਟ ਚੈਕਿੰਗ ਦਾ ਮੁੱਖ ਮਨੋਰਥ ਜਾਇਜ਼ ਯਾਤਰੀਆਂ ਨੂੰ ਸੁਰੱਖਿਅਤ ਤੇ ਸੁਖਾਵੀਂ ਯਾਤਰਾ ਦੀ ਸੁਵਿਧਾ ਪ੍ਰਦਾਨ ਕਰਨਾ ਹੈ। ਟਿਕਟ ਚੈਕਿੰਗ ਰਾਹੀਂ ਇਹ ਯਕੀਨੀ ਬਣਾਇਆ ਜਾਂਦਾ ਹੈ ਕਿ ਅਣ-ਅਧਿਕਾਰਤ ਜਾਂ ਬਿਨਾਂ ਟਿਕਟ ਯਾਤਰਾ ਕਰਨ ਵਾਲੇ ਯਾਤਰੀਆਂ ਕਰਕੇ ਜਾਇਜ਼ ਯਾਤਰੀਆਂ ਨੂੰ ਕਿਸੇ ਕਿਸਮ ਦੀ ਅਸੁਵਿਧਾ ਨਾ ਹੋਵੇ।

## ਖੇਤੀਬਾੜੀ ਮੁਲਾਜ਼ਮਾਂ ਦੀਆਂ ਮੰਗਾਂ ਲਈ ਸੰਘਰਸ਼ ਤੇਜ਼ ਕਰਨ ਦਾ ਐਲਾਨ



**ਬਠਿੰਡਾ (ਬਖਤੌਰ ਢਿੱਲੋਂ)**

ਪਲਾਂਟ ਡਾਕਟਰਜ਼ ਸਰਵਿਸਿਜ਼ ਐਸੋਸੀਏਸ਼ਨ ਰਜਿ: ਪੰਜਾਬ ਵੱਲੋਂ ਲੰਮੇ ਸਮੇਂ ਤੋਂ ਲਟਕਦੀਆਂ ਹੱਕੀ ਮੰਗਾਂ ਹਾਸਲ ਕਰਨ ਲਈ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ ਵਿਰੁੱਧ ਸੰਘਰਸ਼ ਤੇਜ ਕਰਨ ਦਾ ਐਲਾਨ ਕਰ ਦਿੱਤਾ ਗਿਆ ਹੈ। ਐਸੋਸੀਏਸ਼ਨ ਦੇ ਫੈਸਲੇ ਮੁਤਾਬਕ ਮੁੱਖ ਖੇਤੀਬਾੜੀ ਅਫ਼ਸਰ ਦੇ ਦਫ਼ਤਰ ਮੂਹਰੇ ਰੋਸ ਧਰਨਾ ਦਿੱਤਾ ਗਿਆ। ਧਰਨੇ ਨੂੰ ਸੰਬੋਧਨ ਕਰਨ ਤੋਂ ਪਹਿਲਾਂ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਡਾ: ਹਰਮਨਦੀਪ ਸਿੰਘ ਘੁੰਮਣ, ਜਨਰਲ ਸਕੱਤਰ ਡਾ: ਮਨਜਿੰਦਰ ਸਿੰਘ ਅਤੇ ਸੀਨੀਅਰ ਮੀਤ ਪ੍ਰਧਾਨ ਡਾ: ਸਤਵਿੰਦਰਬੀਰ ਸਿੰਘ ਨੇ ਦੱਸਿਆ ਕਿ ਵਿਭਾਗ ਵੱਲੋਂ ਪਲਾਂਟ ਡਾਕਟਰਾਂ ਦੀਆਂ ਜਾਇਜ਼ ਤੇ ਹੱਕੀ ਮੰਗਾਂ ਪ੍ਰਵਾਨ ਕਰਨ ਤੋਂ ਟਾਲਾ ਵੱਟਿਆ ਜਾ ਰਿਹਾ ਹੈ। ਵਿਭਾਗ ਵੱਲੋਂ ਸੁਣਵਾਈ ਨਾ ਹੋਣ ਸਦਕਾ ਹੁਣ ਮੁਲਾਜ਼ਮਾਂ ਨੂੰ ਸੰਘਰਸ਼ ਦਾ ਰਾਹ ਅਖ਼ਤਿਆਰ ਕਰਨਾ ਪਿਆ ਹੈ। ਧਰਨੇ 'ਚ ਬਠਿੰਡਾ, ਫਰੀਦਕੋਟ, ਮੁਕਤਸਰ, ਮਾਨਸਾ, ਫਾਜਿਲਕਾ, ਬਰਨਾਲਾ ਜਿਲ੍ਹਿਆਂ ਚੋਂ ਡਾਕਟਰਾਂ ਤੇ ਮੁਲਾਜਮਾਂ ਨੇ ਸਿਰਕਤ ਕੀਤੀ। ਮੰਗਾਂ ਦਾ ਵੇਰਵਾ ਦਿੰਦਿਆਂ ਉਨ੍ਹਾਂ ਦੱਸਿਆ ਕਿ ਖੇਤੀਬਾੜੀ ਵਿਕਾਸ ਅਫ਼ਸਰਾਂ ਲਈ ਲੋੜੀਂਦੇ ਛੇ ਸਾਲ ਦੇ ਤਜਰਬੇ ਦੀ ਬਜਾਏ ਚੌਦਾਂ ਚੌਦਾਂ ਸਾਲਾਂ ਤੋਂ ਉਹ ਇੱਕੋ ਅਹੁਦੇ 'ਤੇ ਕੰਮ ਕਰਨ ਲਈ ਮਜਬੂਰ ਹਨ ਤੇ ਤਰੱਕੀ ਨੂੰ ਉਡੀਕ ਰਹੇ ਹਨ। ਖੇਤੀ ਟੈਕਨੋਕਰੇਟਸ ਦੇ 1986 ਤੋਂ ਵੈਟਨਰੀ ਅਫ਼ਸਰਾਂ ਦੇ ਬਰਾਬਰ ਚੱਲੇ ਆ ਰਹੇ ਵੇਤਨ ਸਕੇਲ ਨੂੰ ਵਿਤ ਵਿਭਾਗ ਦੇ 4 ਮਾਰਚ 2022 ਦੇ ਪੱਤਰ ਦਾ ਹਵਾਲਾ ਦੇ ਕੇ ਘੱਟ ਕਰ ਦਿੱਤਾ ਗਿਆ ਹੈ, ਜੋ ਸਰਾਸਰ ਧੱਕਾ ਹੈ। ਵਿਭਾਗ ਵਿੱਚ ਵੱਡੇ ਪੱਧਰ ਤੇ ਅਸਾਮੀਆਂ ਖਾਲੀ ਹੋਣ ਤੇ ਬਾਵਜੂਦ ਤਰੱਕੀਆਂ ਨਹੀਂ ਕੀਤੀਆਂ ਜਾ ਰਹੀਆਂ, ਇਸਦੇ ਉਲਟ ਖਾਲੀ ਅਸਾਮੀਆਂ ਦੇ ਚਾਰਜ ਲਿੰਕ ਅਫ਼ਸਰਾਂ ਨੂੰ ਸੌਂਪੇ ਜਾ ਰਹੇ ਹਨ। ਤਕਨੀਕੀ ਅਧਿਕਾਰੀਆਂ ਤੇ ਕਿਸਾਨਾਂ ਦੇ ਖੇਤੀ ਤਕਨੀਕੀ ਅਦਾਰਿਆਂ ਨੂੰ ਕਮਜ਼ੋਰ ਕੀਤਾ ਜਾ ਰਿਹਾ ਹੈ। ਜੁਆਇੰਟ ਡਾਇਰੈਕਟਰ ਖੇਤੀਬਾੜੀ ਇਨਪੁਟਸ ਦੀ ਅਹਿਮ ਅਸਾਮੀ ਦਾ ਚਾਰਜ ਖੇਤੀ ਟੈਕਨੋਕਰੇਟਸ ਨੂੰ ਦੇਣ ਦੀ ਬਜਾਏ ਕਿਸੇ ਹੋਰ ਕੇਡਰ ਦੇ ਅਧਿਕਾਰੀ ਨੂੰ ਦੇ ਦਿੱਤਾ ਗਿਆ ਹੈ। ਸੇਵਾਮੁਕਤ ਮੈਂਬਰਾਂ ਦੀਆਂ ਲੰਬਿਤ ਮੰਗਾਂ ਦਾ ਨਿਪਟਾਰਾ ਨਹੀਂ ਕੀਤਾ ਜਾ ਰਿਹਾ। ਐਸੋਸੀਏਸ਼ਨ ਦੇ ਆਗੂਆਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਇਹਨਾਂ ਹੱਕੀ ਤੇ ਜਾਇਜ਼ ਮੰਗਾਂ ਅਤੇ ਇਹਨਾਂ ਨਾਲ ਜੁੜੇ ਹੋਰ ਮਸਲਿਆਂ ਦਾ ਜਲਦੀ ਨਿਪਟਾਰਾ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਪ੍ਰਚੰਡ ਕਰਦਿਆਂ 14 ਅਕਤੂਬਰ ਨੂੰ ਲੁਧਿਆਣਾ ਵਿਖੇ ਜ਼ੋਨ ਪੱਧਰੀ ਤੇ 19 ਅਕਤੂਬਰ ਨੂੰ ਮੁੱਖ ਦਫ਼ਤਰ ਖੇਤੀ ਭਵਨ ਮੁਹਾਲੀ ਵਿਖੇ ਸੂਬਾਈ ਪੱਧਰੀ ਪ੍ਰੋਗਰਾਮ ਉਲੀਕੇ ਜਾਣਗੇ।

## ਸਰਕਾਰ ਨੂੰ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਪੰਗਾ ਲੈਣਾ ਮਹਿੰਗਾ ਪਵੇਗਾ : ਭਰਪੂਰ ਸਿੰਘ/ਸਿਕੰਦਰ ਸਿੰਘ



**ਸਮਰਾਲਾ (ਸੁਰਜੀਤ ਸਿੰਘ)**-ਜੇਕਰ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਵਿੱਚ ਅਗਲੀ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਮੁੜ ਸਰਕਾਰ ਬਣਾਉਣ ਦੀ ਸੋਚ ਰਹੀ ਹੈ ਤਾਂ ਉਹ ਭੁੱਲ ਜਾਵੇ, ਕਿਉਂਕਿ [illegible] ਹੈ, ਜਿਸ ਵਿਚ ਹਰ ਵਰਗ ਦੇ ਮੁਲਾਜ਼ਮ ਅਤੇ ਪੈਨਸ਼ਨਰਜ਼ ਤਾਂ ਸ਼ਾਮਲ ਹੋਣਗੇ ਹੀ ਨਾਲ ਹੀ ਉਹ ਲੋਕ ਵੀ ਸਰਕਾਰ ਦੇ ਖਿਲਾਫ ਇਸ ਮੁਜ਼ਾਹਰੇ ਵਿੱਚ ਸ਼ਾਮਲ ਹੋਣ ਜਾ ਰਹੇ ਹਨ, ਜਿਨ੍ਹਾਂ ਨੂੰ ਸਰਕਾਰ ਨਪੀੜ ਰਹੀ ਹੈ।ਇਹ ਪਰਦਰਸ਼ਨ ਪਿਛਲੇ ਸਾਰੇ ਰਿਕਾਰਡ ਤੋੜ ਦੇਵੇਗਾ।ਆਗੂਆਂ ਨੇ ਕਿਹਾ ਕਿ ਪੰਜਾਬ ਦੀ ਗੂੰਗੀ ਬੋਲੀ ਸਰਕਾਰ ਜੋ ਆਪਣੇ ਆਖਰੀ ਸਾਹਾਂ 'ਤੇ ਹੈ। ਉਹ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਮੰਨਣ ਤੋਂ ਵੀ ਇਨਕਾਰੀ ਹੈ ਅਤੇ ਮਾਨਯੋਗ ਹਾਈਕੋਰਟ ਦੇ ਹੁਕਮਾਂ ਦੀ ਵੀ ਤੌਹੀਨ ਕਰ ਰਹੀ ਹੈ, ਅਜਿਹੀ ਸਰਕਾਰ ਨੂੰ ਪੰਜਾਬ ਦੇ ਪੈਨਸ਼ਨਰਜ਼ ਅਤੇ ਮੁਲਾਜਮ ਪੂਰੀ ਤਰ੍ਹਾਂ ਸਬਕ ਸਿਖਾਉਣ ਦੇ ਰੌਂਅ ਵਿੱਚ ਹਨ।

## ਪ੍ਰਦੂਸ਼ਣ 'ਤੇ ਪ੍ਰਸਿੱਧ ਸਮਾਜ ਸੇਵੀ ਬਿੱਟੂ ਨੇ ਪ੍ਰਗਟਾਈ ਡੂੰਘੀ ਚਿੰਤਾ

**ਕੋਟਕਪੂਰਾ (ਰਛਪਾਲ ਭੁੱਲਰ)**-ਜਿਸ ਵਾਤਾਵਰਣ ਦੀ ਸੰਭਾਲ ਕਰਨਾ ਸਾਡਾ ਸਭ ਦਾ ਪਹਿਲਾ ਨੈਤਿਕ ਫ਼ਰਜ਼ ਅਤੇ ਮੁੱਖ ਉਦੇਸ਼ ਹੋਣਾ ਚਾਹੀਦਾ ਹੈ, ਉਸ ਨੂੰ ਅਸੀਂ ਆਪਣੀਆਂ ਸੁਆਰਥੀ ਲੋੜਾਂ ਕਰਕੇ ਦਿਨੋਂ-ਦਿਨ ਤਬਾਹੀ ਵੱਲ ਧੱਕ ਰਹੇ ਹਾਂ।ਜੇਕਰ ਅਸੀਂ ਹੁਣ ਵੀ ਨਾ ਸੰਭਲੇ ਤਾਂ ਆਉਣ ਵਾਲੇ ਸਮੇਂ ਵਿੱਚ ਵਾਤਾਵਰਣ ਦੀ ਸਥਿਤੀ ਹੋਰ ਵੀ ਗੰਭੀਰ ਤੇ ਚਿੰਤਾਜਨਕ ਹੋ ਜਾਵੇਗੀ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਮਾਜ ਸੇਵੀ ਵਿਪਨ ਕੁਮਾਰ ਬਿੱਟੂ ਪ੍ਰਧਾਨ ਜਨਰਲ ਮਰਚੇਂਟਸ ਐਸੋਸੀਏਸ਼ਨ ਕੋਟਕਪੂਰਾ ਨੇ ਦਿਨੋਂ-ਦਿਨ ਗੰਧਲੇ ਹੋ ਰਹੇ ਵਾਤਾਵਰਣ 'ਤੇ ਡੂੰਘੀ ਚਿੰਤਾ ਦਾ ਪ੍ਰਗਟਾਵਾ ਕਰਦਿਆਂ ਕੀਤਾ।ਵਿਪਨ ਬਿੱਟੂ ਨੇ ਕਿਹਾ ਕਿ ਅੱਜ ਮਨੁੱਖ ਕੁਦਰਤ ਨਾਲ ਖਿਲਵਾੜ ਕਰ ਰਿਹਾ ਹੈ, ਜਿਸ ਦੇ ਭਿਆਨਕ ਨਤੀਜੇ ਬੀਮਾਰੀਆਂ ਅਤੇ ਮੌਸਮੀ ਤਬਦੀਲੀਆਂ ਦੇ ਰੂਪ ਵਿੱਚ ਸਾਡੇ ਸਾਹਮਣੇ ਆ ਰਹੇ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜਿਸ ਤਰ੍ਹਾਂ ਸਾਨੂੰ ਆਪਣੇ ਸਰੀਰ ਨੂੰ ਜਿਊਂਦਾ ਰੱਖਣ ਲਈ ਭੋਜਨ ਦੀ ਲੋੜ ਪੈਂਦੀ ਹੈ, ਬਿਲਕੁਲ ਉਸੇ ਤਰ੍ਹਾਂ ਸਾਹ ਲੈਣ ਲਈ ਸ਼ੁੱਧ ਆਕਸੀਜਨ ਦੀ ਲੋੜ ਹੁੰਦੀ ਹੈ, ਜੋ ਸਾਨੂੰ ਸਿਰਫ਼ ਅਤੇ ਸਿਰਫ਼ ਰੁੱਖਾਂ ਤੋਂ ਹੀ ਮਿਲ ਸਕਦੀ ਹੈ।

## ਕੋਲਿਆਂਵਾਲੀ ਦੇ 34 ਪਰਵਾਰ 'ਆਪ' 'ਚ ਸ਼ਾਮਲ



**ਲੰਬੀ/ਗਿੱਦੜਬਾਹਾ (ਜਸਵੰਤ ਗਿੱਲ ਛਤਿਆਣਾ)**-ਪਿੰਡ ਕੋਲਿਆਂਵਾਲੀ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਮਜ਼ਬੂਤੀ ਮਿਲੀ ਜਦੋਂ ਪਿੰਡ ਦੇ 34 ਪਰਿਵਾਰਾਂ ਨੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੀ ਹਾਜ਼ਰੀ ਵਿੱਚ ਆਮ ਆਦਮੀ ਪਾਰਟੀ ਦਾ ਪੱਲਾ ਫੜ ਲਿਆ।ਇਨ੍ਹਾਂ ਪਰਿਵਾਰਾਂ ਦੇ 'ਆਪ' ਵਿੱਚ ਸ਼ਾਮਲ ਹੋਣ ਨਾਲ ਅਕਾਲੀ ਦਲ ਅਤੇ ਕਾਂਗਰਸ ਨੂੰ ਵੱਡਾ ਝਟਕਾ ਲੱਗਾ ਹੈ।ਖੁੱਡੀਆਂ ਨੇ ਆਪ 'ਚ ਸ਼ਾਮਲ ਹੋਏ ਸਾਰੇ ਪਰਿਵਾਰਾਂ ਦਾ ਸਵਾਗਤ ਕੀਤਾ।ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਪਾਰਟੀ ਨਾਲ ਜੁੜਨਾ ਪਾਰਟੀ ਦੀਆਂ ਨੀਤੀਆਂ ਪ੍ਰਤੀ ਭਰੋਸੇ ਨੂੰ ਦਰਸਾਉਂਦਾ ਹੈ ਅਤੇ ਵਰਕਰਾਂ ਨੂੰ ਪਿੰਡ ਪੱਧਰ 'ਤੇ ਹੋਰ ਮਜ਼ਬੂਤੀ ਨਾਲ ਲੋਕਾਂ ਨਾਲ ਰਾਬਤਾ ਬਣਾਉਣ ਲਈ ਪ੍ਰੇਰਿਤ ਕੀਤਾ।'ਆਪ' ਆਗੂਆਂ ਨੇ ਕਿਹਾ ਕਿ ਪਿੰਡ ਕੋਲਿਆਂਵਾਲੀ ਵਿੱਚ 34 ਪਰਵਾਰਾਂ ਦੇ ਪਾਰਟੀ ਨਾਲ ਜੁੜਨ ਨਾਲ ਪਾਰਟੀ ਦੀ ਜਥੇਬੰਦਕ ਪਕੜ ਨੂੰ ਹੋਰ ਮਜ਼ਬੂਤੀ ਮਿਲੀ ਹੈ ਤੇ ਆਉਣ ਵਾਲੇ ਸਮੇਂ ਵਿੱਚ ਪਿੰਡ ਪੱਧਰ 'ਤੇ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਤੇਜ਼ ਕੀਤਾ ਜਾਵੇਗਾ।

## ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ



**ਧੂਰੀ (ਸੁਖਦੇਵ ਧੂਰੀ)**-ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਰਜਿ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਸੁਖਦੇਵ ਸ਼ਰਮਾ ਦੀ ਅਗਵਾਈ ਹੇਠ ਸਥਾਨਕ ਮਾਲਵਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦੇ ਹਾਲ ਵਿੱਚ ਹੋਈ।ਪ੍ਰਧਾਨਗੀ ਮੰਡਲ ਵਿੱਚ ਸੁਖਦੇਵ ਸ਼ਰਮਾ ਦੇ ਨਾਲ ਕਾਰਜਕਾਰੀ ਪ੍ਰਧਾਨ ਜਸਦੇਵ ਸਿੰਘ, ਜਨਰਲ ਸਕੱਤਰ ਡਾਕਟਰ ਅਮਰਜੀਤ ਸਿੰਘ, ਸੀਨੀਅਰ ਆਗੂ ਘਮੰਡ ਸਿੰਘ ਸੋਹੀ, ਵਿੱਤ ਸਕੱਤਰ ਰਤਨ ਸਿੰਘ ਭੰਡਾਰੀ ਹਾਜ਼ਰ ਸਨ।ਮੀਟਿੰਗ ਦੀ ਸ਼ੁਰੂਆਤ ਮੌਕੇ ਪ੍ਰਿੰਸੀਪਲ ਸੁਖਵੀਰ ਸਿੰਘ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਡੀ.ਏ ਬਾਰੇ ਸਰਕਾਰ ਅੱਧ-ਪਚੱਧ ਦੇ ਕੇ ਨਿਬੇੜਾ ਕਰਨ ਦੇ ਰੌਂਅ ਵਿੱਚ ਹੈ, ਜਿਸ ਨੂੰ ਮੁਲਾਜ਼ਮ ਤੇ ਪੈਨਸ਼ਨਰ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ।ਸੀਨੀਅਰ ਆਗੂ ਚਰਨਜੀਤ ਸਿੰਘ ਕੈਂਥ ਨੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਇਕਜੁਟ ਹੋ ਕੇ ਸੰਘਰਸ਼ ਕਰਨ ਦੀ ਅਪੀਲ ਕੀਤੀ ਤਾਂ ਜੁ ਹੁਣ ਚੋਣਾਂ ਦੇ ਸਾਲ ਵਿੱਚ ਸਰਕਾਰ ਨੂੰ ਮੰਗਾਂ ਮੰਨਣ ਲਈ ਮਜ਼ਬੂਰ ਕੀਤਾ ਜਾ ਸਕੇ।ਮੀਟਿੰਗ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਸੁਖਦੇਵ ਸ਼ਰਮਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਭਰਮ ਪਾਲ ਲਿਆ ਸੀ ਕਿ ਉਹ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਫੁਸਲਾ ਕੇ ਕੰਮ ਸਾਰ ਲਵੇਗੀ ਪਰ ਉਹ ਵੱਡੇ ਭੁਲੇਖੇ ਦਾ ਸ਼ਿਕਾਰ ਹੋ ਗਈ ਸੀ।ਉਨ੍ਹਾਂ ਅੱਗੇ ਕਿਹਾ ਕਿ ਸਾਂਝੀ ਤਾਲਮੇਲ ਕਮੇਟੀ ਦੇ ਸੱਦੇ ਤੇ 10 ਅਕਤੂਬਰ ਦੀ ਸੰਗਰੂਰ ਵਿਖੇ ਹੋਣ ਵਾਲੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀ ਸੂਬਾ ਪੱਧਰੀ ਰੈਲੀ ਸਰਕਾਰ ਦੇ ਸਾਰੇ ਭਰਮ ਭੁਲੇਖੇ ਦੂਰ ਕਰ ਦੇਵੇਗੀ।

## ਘੁਡਾਣੀ ਕਲਾਂ 'ਚ ਡਾਕਟਰ ਅੰਬੇਡਕਰ ਦਾ ਵੱਡਾ ਬੁੱਤ ਸਥਾਪਤ



**ਦੋਰਾਹਾ (ਹਰਮਿੰਦਰ ਸੇਠ)**-ਡਾਕਟਰ ਬੀ ਆਰ ਅੰਬੇਡਕਰ ਸੇਵਾ ਸੁਸਾਇਟੀ ਘੁਡਾਣੀ ਕਲਾ ਵੱਲੋਂ ਪਿੰਡ ਦੀ ਪੰਚਾਇਤ, ਪਿੰਡ ਨਿਵਾਸੀਆਂ, ਡਾਕਟਰ ਅੰਬੇਡਕਰ ਨਵਯੁਵਕ ਦਲ ਪੰਜਾਬ, ਵੱਖ ਵੱਖ ਨਿਹੰਗ ਜਥੇਬੰਦੀਆਂ ਤੇ ਵੱਖ ਵੱਖ ਅੰਬੇਡਕਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਪਿੰਡ ਦੇ ਗੁਰੂ ਰਵਿਦਾਸ ਚੌਂਕ ਵਿੱਚ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦਾ ਵੱਡਾ ਬੁੱਤ ਸਥਾਪਤ ਕੀਤਾ ਗਿਆ। ਇਸ ਮੌਕੇ ਸੰਸਥਾ ਵੱਲੋਂ ਇੱਕ ਫਰੀ ਮੈਡੀਕਲ ਕੈਂਪ ਤੇ ਖ਼ੂਨਦਾਨ ਕੈਂਪ ਵੀ ਲਗਾਇਆ ਗਿਆ। ਖ਼ੂਨਦਾਨ ਕੈਂਪ ਦਾ ਉਦਘਾਟਨ ਬਾਬਾ ਪ੍ਰਗਟ ਸਿੰਘ ਅਰਬਾਂ ਖਰਬਾਂ ਦਲ, ਮੈਡੀਕਲ ਕੈਂਪ ਦਾ ਉਦਘਾਟਨ ਹਰਨੂਰ ਕੌਰ ਪੁੱਤਰੀ ਗੁਰਦੀਪ ਸਿੰਘ ਕਾਲੀ ਨੇ ਕੀਤਾ। ਡਾਕਟਰ ਅੰਬੇਡਕਰ ਸਾਹਿਬ ਦੇ ਬੁੱਤ ਤੋਂ ਪਰਦਾ ਚੁੱਕਣ ਦੀ ਰਸਮ ਵੱਖ ਵੱਖ ਰਾਜਨੀਤਕ ਪਾਰਟੀਆਂ, ਪਿੰਡ ਦੀ ਪੰਚਾਇਤ ਤੇ ਜਥੇਬੰਦੀ ਵੱਲੋਂ ਸਾਂਝੇ ਤੌਰ 'ਤੇ ਕੀਤੀ ਗਈ, ਨਾਲ ਹੀ ਆਈਆਂ ਸੰਗਤਾਂ ਵਾਸਤੇ ਕੇਂਦਰੀ ਮਨੁੱਖੀ ਅਧਿਕਾਰ ਸੰਗਠਨ ਪੰਜਾਬ ਪ੍ਰਧਾਨ ਡਾਕਟਰ ਰਵਿੰਦਰਪਾਲ ਸ਼ਰਮਾ ਵੱਲੋਂ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।ਉੱਘੇ ਸਮਾਜ ਸੇਵੀ ਗੁਰਦੀਪ ਸਿੰਘ ਕਾਲੀ ਨੇ ਆਪਣੀ ਬੇਟੀ ਦੇ ਜਨਮ ਦਿਨ 'ਤੇ 5100 ਤੇ ਜਗਤਾਰ ਸਿੰਘ ਤਾਰੀ ਨੇ 45 ਹਜ਼ਾਰ ਅਤੇ ਸਾਬਕਾ ਐੱਮ ਐੱਲ ਏ ਲਖਵੀਰ ਸਿੰਘ ਲੱਖਾ 5100 ਰੁਪਏ ਬੁੱਤ ਦੀ ਸਥਾਪਨਾ ਲਈ ਦਿੱਤੇ। ਇਸ ਮੌਕੇ ਬਹੁਜਨ ਸਮਾਜ ਪਾਰਟੀ ਤੋਂ ਬਲਜੀਤ ਸਿੰਘ ਸਲਾਣਾ, ਗੁਰਭਜਨ ਸਿੰਘ ਤੇ ਹਲਕੇ ਦੀ ਸਮੂਚੀ ਟੀਮ, ਅਕਾਲੀ ਦਲ ਅੰਮ੍ਰਿਤਸਰ ਹਲਕਾ ਇੰਚਾਰਜ ਕੁਲਜਿੰਦਰ ਦੀਪ ਸਿੰਘ ਲਹਿਲ, ਸੰਸਥਾਪਕ ਬਾਂਸੀ ਲਾਲ ਪ੍ਰੇਮੀ, ਚੇਅਰਮੈਨ ਜਗਤਾਰ ਸਿੰਘ ਤਾਰੀ, ਪ੍ਰਧਾਨ ਰਣਜੀਤ ਸਿੰਘ, ਕੈਸ਼ੀਅਰ ਗਗਨਦੀਪ ਸਿੰਘ, ਸੈਕਟਰੀ ਜਗਤਾਰ ਸਿੰਘ ਜੱਗੀ, ਸਲਾਹਕਾਰ ਜਤਿੰਦਰ ਸਿੰਘ ਖਾਲਸਾ, ਅਮ੍ਰਿਤਪਾਲ ਸਿੰਘ, ਗੁਰਜੰਟ ਸਿੰਘ, ਰਣਜੀਤ ਸਿੰਘ, ਜਸਪ੍ਰੀਤ ਸਿੰਘ, ਬਲਜਿੰਦਰ ਸਿੰਘ ਸੋਨੂੰ ਆਦਿ ਹਾਜ਼ਰ ਸਨ।

## ਘੱਗਾ ਨੇ ਹਨੀ ਨੂੰ ਸੌਂਪਿਆ ਨਿਯੁਕਤੀ ਪੱਤਰ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਵਾਤਾਵਰਣ ਪ੍ਰੇਮੀ ਅਤੁਲ ਸ਼ਰਮਾ ਹਨੀ ਨੂੰ ਜ਼ਿਲ੍ਹਾ ਕਾਂਗਰਸ ਕਮੇਟੀ ਦਿਹਾਤੀ ਦਾ ਸੈਕਟਰੀ ਨਿਯੁਕਤ ਕੀਤਾ ਗਿਆ ਹੈ।ਉਨ੍ਹਾਂ ਨੂੰ ਨਿਯੁਕਤੀ ਪੱਤਰ ਜ਼ਿਲ੍ਹਾ ਕਾਂਗਰਸ ਦਿਹਾਤੀ ਦੇ ਮੀਤ ਪ੍ਰਧਾਨ ਅਮਰਜੀਤ ਸਿੰਘ ਘੱਗਾ ਵੱਲੋਂ ਸੌਂਪਿਆ ਗਿਆ।ਅਮਰਜੀਤ ਸਿੰਘ ਘੱਗਾ ਨੇ ਕਿਹਾ ਕਿ ਅਤੁਲ ਸ਼ਰਮਾ ਹਨੀ ਵਾਤਾਵਰਣ ਦੀ ਸੰਭਾਲ ਤੇ ਸਮਾਜਿਕ ਗਤੀਵਿਧੀਆਂ ਵਿੱਚ ਸਰਗਰਮ ਹਨ।ਪਾਰਟੀ ਵੱਲੋਂ ਉਨ੍ਹਾਂ ਨੂੰ ਜ਼ਿੰਮੇਵਾਰੀ ਸੌਂਪਣ ਦਾ ਮਕਸਦ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਮਜ਼ਬੂਤ ਕਰਨਾ ਹੈ।ਉਨ੍ਹਾਂ ਆਸ ਪ੍ਰਗਟਾਈ ਕਿ ਅਤੁਲ ਸ਼ਰਮਾ ਹਨੀ ਪਾਰਟੀ ਵਰਕਰਾਂ ਨੂੰ ਨਾਲ ਲੈ ਕੇ ਜਥੇਬੰਦੀ ਦੀ ਮਜ਼ਬੂਤੀ ਲਈ ਕੰਮ ਕਰਨਗੇ।ਅਤੁਲ ਸ਼ਰਮਾ ਹਨੀ ਨੇ ਨਿਯੁਕਤੀ ਲਈ ਪਾਰਟੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਮਿਲੀ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਪਾਰਟੀ ਦੀ ਬਿਹਤਰੀ ਲਈ ਭੂਮਿਕਾ ਨਿਭਾਉਣਗੇ।

## ਰਹੌਣ ਕੋ-ਆਪ੍ਰੇਟਿਵ ਸੋਸਾਇਟੀ ਦੀ ਨਵੀਂ ਟੀਮ ਨੂੰ ਦਿੱਤੀ ਵਧਾਈ



**ਖੰਨਾ (ਸੁਖਵਿੰਦਰ ਸਿੰਘ ਭਾਦਲਾ)**-ਖੰਨਾ ਦੀ ਜੂਹ ਵਿੱਚ ਵਸਦੇ ਪਿੰਡ ਰਹੌਣ ਵਿਖੇ ਹੋਈ ਕੋ-ਆਪ੍ਰੇਟਿਵ ਸੋਸਾਇਟੀ ਦੀ ਚੋਣ ਵਿੱਚ ਬਲਵਿੰਦਰ ਸਿੰਘ ਗਰੇਵਾਲ ਦੇ ਕੋ-ਆਪ੍ਰੇਟਿਵ ਸੋਸਾਇਟੀ ਦੇ ਪ੍ਰਧਾਨ ਬਣਨ 'ਤੇ ਸਾਬਕਾ ਮੰਤਰੀ ਗੁਰਕੀਰਤ ਸਿੰਘ ਵੱਲੋਂ ਉਨ੍ਹਾਂ ਨੂੰ ਦਿਲੋਂ ਮੁਬਾਰਕਬਾਦ ਦਿੱਤੀ ਗਈ। ਇਸ ਮੌਕੇ ਉਨ੍ਹਾਂ ਵੱਲੋਂ ਸੋਸਾਇਟੀ ਦੇ ਮੈਂਬਰ ਜਗਤਾਰ ਸਿੰਘ ਗਿੱਲ, ਕੁਲਜੀਤ ਸਿੰਘ ਗਰੇਵਾਲ, ਗੁਰਿੰਦਰ ਸਿੰਘ ਗਰੇਵਾਲ, ਪ੍ਰਭਦੀਪ ਸਿੰਘ ਗਰੇਵਾਲ ਤੇ ਬੀਬੀ ਰਾਜਵੀਰ ਕੌਰ ਗਿੱਲ ਨੂੰ ਵੀ ਵਧਾਈਆਂ ਦਿੱਤੀਆਂ ਗਈਆਂ। ਸ੍ਰ. ਗੁਰਕੀਰਤ ਸਿੰਘ ਨੇ ਕਿਹਾ ਕਿ ਕੋ-ਆਪ੍ਰੇਟਿਵ ਸੋਸਾਇਟੀਆਂ ਪਿੰਡਾਂ ਦੀ ਆਰਥਿਕਤਾ ਤੇ ਕਿਸਾਨੀ ਨਾਲ ਜੁੜੇ ਲੋਕਾਂ ਲਈ ਮਹੱਤਵਪੂਰਨ ਸੰਸਥਾਵਾਂ ਹਨ।ਨਵੀਂ ਟੀਮ 'ਤੇ ਹੁਣ ਸੰਸਥਾ ਦੇ ਮੈਂਬਰਾਂ ਦੇ ਹਿੱਤਾਂ ਨੂੰ ਤਰਜੀਹ ਦਿੰਦਿਆਂ ਪਾਰਦਰਸ਼ੀ ਤੇ ਜ਼ਿੰਮੇਵਾਰ ਢੰਗ ਨਾਲ ਕੰਮ ਕਰਨ ਦੀ ਵੱਡੀ ਜ਼ਿੰਮੇਵਾਰੀ ਹੈ। ਇਸ ਮੌਕੇ ਗੁਰਕੀਰਤ ਸਿੰਘ ਵੱਲੋਂ ਨਵ-ਨਿਯੁਕਤ ਪ੍ਰਧਾਨ ਤੇ ਮੈਂਬਰਾਂ ਦਾ ਮੂੰਹ ਮਿੱਠਾ ਕਰਵਾਇਆ ਗਿਆ ਤੇ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

# ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਗੁਰਦਾਸਪੁਰ ਦੀ ਜ਼ਿਲ੍ਹਾ ਪੱਧਰੀ ਇਕੱਤਰਤਾ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਗੁਰਦਾਸਪੁਰ ਦੀ ਜ਼ਿਲ੍ਹਾ ਪੱਧਰੀ ਇਕੱਤਰਤਾ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਸ਼ਹੀਦ ਬਲਜੀਤ ਸਿੰਘ ਯਾਦਗਾਰੀ ਹਾਲ ਗੁਰਦਾਸਪੁਰ ਵਿਖੇ ਹੋਈ।ਇਸ ਇਕੱਤਰਤਾ ਦੌਰਾਨ ਮੌਜੂਦਾ ਭਖਦੇ ਮਸਲੇ 10 ਅਕਤੂਬਰ ਦੀ ਮੁਲਾਜ਼ਮ-ਪੈਨਸ਼ਨਰਜ਼ ਦੀ ਸਾਂਝੀ ਰੈਲੀ ਜੋ ਸੰਗਰੂਰ ਵਿਖੇ ਰੱਖੀ ਗਈ ਹੈ, ਸਬੰਧੀ ਵਿਚਾਰ ਚਰਚਾ ਹੋਈ ਅਤੇ ਇਸ ਰੈਲੀ ਵਿੱਚ ਸ਼ਾਮਲ ਹੋਣ ਦਾ ਫੈਸਲਾ ਲਿਆ ਗਿਆ ਅਤੇ ਸਮੂਹ ਪੈਨਸ਼ਨਰ ਸਾਥੀਆਂ ਨੂੰ ਸੰਘਰਸ਼ ਵਿੱਚ ਵਧ ਚੜ੍ਹ ਕੇ ਸ਼ਾਮਲ ਹੋਣ ਦਾ ਸੱਦਾ ਦਿੱਤਾ ਗਿਆ।ਇਸ ਤੋਂ ਮਗਰੋਂ ਪੈਨਸ਼ਨਰਾਂ ਦੇ ਮੈਡੀਕਲ ਕਲੇਮ ਬਿੱਲ ਜਿਨ੍ਹਾਂ ਦੀਆਂ ਮਨਜ਼ੂਰੀਆਂ ਅਤੇ ਬਜਟ ਸਬੰਧੀ ਬੀ. ਪੀ. ਈ. ਓ. ਦਫ਼ਤਰਾਂ ਵਿੱਚ ਮਈ ਮਹੀਨੇ ਦੀਆਂ ਪਹੁੰਚ ਚੁੱਕੀਆਂ ਹਨ ਪਰ ਕੁਝ ਨੂੰ ਛੱਡ ਕੇ ਬਹੁਤੇ ਦਫ਼ਤਰਾਂ ਵੱਲੋਂ ਪੇਮੈਂਟ ਨਹੀਂ ਕਢਵਾਈਆਂ ਜਾ ਰਹੀਆਂ ਅਤੇ ਜੇ ਚਾਲ ਇਹ ਹੀ ਰਹੀ ਤਾਂ ਮਨਜ਼ੂਰੀਆਂ ਵੀ ਟਾਈਮ-ਬਾਰਡ ਹੋ ਸਕਦੀਆਂ ਹਨ ਜਿਸ ਸਬੰਧੀ ਚਿੰਤਾ ਦਾ ਪ੍ਰਗਟਾਵਾ ਕੀਤਾ ਗਿਆ। 1/1/16 ਤੋਂ ਮਗਰੋਂ ਰਿਟਾਇਰ ਹੋਏ ਪੈਨਸ਼ਨਰਾਂ ਦੇ ਪੇ-ਕਮਿਸ਼ਨ ਦੇ ਬਕਾਏ ਜੋ 1/4/26 ਤੋਂ ਕਿਸ਼ਤਾਂ ਵਿੱਚ ਕਢਵਾਏ ਜਾਣੇ ਸਨ ਉਹ ਵੀ ਨਹੀਂ ਕਢਵਾਏ ਜਾ ਰਹੇ।ਸਬੰਧਤ ਮਸਲਿਆਂ ਸਬੰਧੀ ਜਥੇਬੰਦੀ ਨੇ ਚਿੰਤਾ ਜਾਹਿਰ ਕਰਦਿਆਂ ਸਬੰਧਤ ਹਾਇਰ ਅਥਾਰਟੀਜ਼ ਨੂੰ ਉਪਰੋਕਤ ਮਸਲਿਆਂ ਦਾ ਨਿੱਜੀ ਤੌਰ ਤੇ ਨੋਟਿਸ ਲੈ ਕੇ ਪੈਨਸ਼ਨਰਾਂ ਨੂੰ ਖੱਜਲ-ਖੁਆਰ ਹੋਣ ਤੋਂ ਬਚਾਉਣ ਦੀ ਜ਼ਰੂਰਤ ਬਾਰੇ ਅਪੀਲ ਕੀਤੀ ਗਈ।ਇਸ ਇਕੱਤਰਤਾ ਵਿੱਚ ਜਵੰਦ ਸਿੰਘ ਪ੍ਰਧਾਨ, ਸਵਿੰਦਰ ਸਿੰਘ ਅਲੈਕ ਜਨਰਲ ਸਕੱਤਰ, ਅਵਿਨਾਸ਼ ਸਿੰਘ ਬਲਾਕ ਪ੍ਰਧਾਨ, ਪ੍ਰਕਾਸ਼ ਚੰਦ ਬਲਾਕ ਪ੍ਰਧਾਨ, ਵਿਨੋਦ ਕੁਮਾਰ ਸ਼ਰਮਾ, ਅਮਰਜੀਤ ਸਿੰਘ ਸੈਣੀ,ਪਿਆਰਾ ਸਿੰਘ ਡਡਵਾਂ, ਰੂਪ ਚੰਦ ਸ਼ਰਮਾ, ਸਵਿੰਦਰ ਸਿੰਘ ਕਲਸੀ, ਪ੍ਰੇਮ ਨਾਥ, ਦਰਬਾਰ ਲਾਲ, ਨਰਿੰਦਰ ਸਿੰਘ, ਜਗਦੀਪ ਸਿੰਘ, ਸੇਵਾ ਸਿੰਘ, ਗੁਰਦੀਪ ਸਿੰਘ ਢੇਗੂ, ਗੁਰਪਾਲ ਸਿੰਘ, ਸੇਵਾ ਸਿੰਘ ਅਤੇ ਗੁਰਦੀਪ ਸਿੰਘ ਆਦਿ ਹਾਜ਼ਰ ਸਨ।

# ਸੀ ਟੀ ਯੂ ਪੰਜਾਬ ਜ਼ਿਲ੍ਹਾ ਪਠਾਨਕੋਟ ਦੀ ਹੋਈ ਜਨਰਲ ਬਾਡੀ ਮੀਟਿੰਗ



ਪਠਾਨਕੋਟ (ਦਵਿੰਦਰ ਸਿੰਘ)-ਮਜ਼ਦੂਰਾਂ ਦੀਆਂ ਮੁੱਖ ਮੰਗਾਂ ਨੂੰ ਲੈ ਕੇ ਸੈਂਟਰ ਆਫ ਟਰੇਡ ਯੂਨੀਅਨਜ਼ (ਸੀ ਟੀ ਯੂ) ਪੰਜਾਬ ਦੀ 25 ਅਕਤੂਬਰ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਸੂਬਾਈ ਕਨਵੈਨਸ਼ਨ ਵਿੱਚ ਜ਼ਿਲ੍ਹਾ ਪਠਾਨਕੋਟ ਤੋਂ ਡੇਢ ਸੌ ਦੇ ਕਰੀਬ ਮਜ਼ਦੂਰ ਸ਼ਾਮਲ ਹੋਣਗੇ।ਸ਼ਹੀਦ ਰਾਮ ਸਿੰਘ ਪਠਾਨੀਆ ਕਿਰਤੀ ਕੇਂਦਰ ਸ਼ਾਹਪੁਰ ਕੰਢੀ ਵਿਖੇ ਕਨਵੈਨਸ਼ਨ ਦੀ ਤਿਆਰੀ ਲਈ ਸੀ ਟੀ ਯੂ ਪੰਜਾਬ ਜ਼ਿਲ੍ਹਾ ਪਠਾਨਕੋਟ ਦੀ ਜਨਰਲ ਬਾਡੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੀ ਟੀ ਯੂ ਪੰਜਾਬ ਦੇ ਪ੍ਰਧਾਨ ਕਾਮਰੇਡ ਜਗਦੀਸ਼ ਚੰਦਰ ਲੁਧਿਆਣਾ ਅਤੇ ਜਨਰਲ ਸਕੱਤਰ ਕਾਮਰੇਡ ਹਰਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਕਨਵੈਨਸ਼ਨ ਦੇ ਮੁੱਖ ਮਕਸਦ ਮੋਦੀ ਸਰਕਾਰ ਵੱਲੋਂ ਮਜ਼ਦੂਰ ਜਮਾਤ ਤੇ ਥੋਪੇ ਚਾਰ ਲੇਬਰ ਕੋਡ, ਪੰਜਾਬ ਸਰਕਾਰ ਵਲੋਂ ਪਹਿਲੀ ਸਤੰਬਰ 2026 ਤੋਂ ਜਾਰੀ ਹੋਣ ਵਾਲੀ ਮਿਨੀਮਮ ਵੇਜ ਨੋਟੀਫਿਕੇਸ਼ਨ ਰੋਕੇ ਜਾਣ ਖਿਲਾਫ, ਨਿਰਮਾਣ ਮਜ਼ਦੂਰਾਂ ਦੀ ਨਵੀਂ ਰਜਿਸਟ੍ਰੇਸ਼ਨ, ਨਵੀਨੀਕਰਨ ਤੇ ਮਜ਼ਦੂਰ ਭਲਾਈ ਸਕੀਮਾਂ ਵਿੱਚ ਲਾਈਆਂ ਬੇਲੋੜੀਆਂ ਸ਼ਰਤਾਂ ਜੋ ਮਜ਼ਦੂਰਾਂ ਦੀ ਖੱਜਲ ਖੁਆਰੀ ਦਾ ਕਾਰਨ ਬਣੀਆਂ ਹਨ ਨੂੰ ਦੂਰ ਕਰਨ, ਭੱਠਿਆਂ ਸਮੇਤ ਸਾਰੇ ਉਦਯੋਗਿਕ ਕੇਂਦਰਾਂ ਅੰਦਰ ਕਿਰਤ ਕਾਨੂੰਨ ਸਖ਼ਤੀ ਨਾਲ ਲਾਗੂ ਕਰਾਉਣ ਸਮੇਤ ਮਜ਼ਦੂਰਾਂ ਦੀਆਂ ਹਾਲਤਾਂ ਨੂੰ ਬੇਹਤਰ ਬਣਾਉਣ ਲਈ ਕਨਵੈਨਸ਼ਨ ਵਿੱਚ ਵਿਚਾਰ ਵਟਾਂਦਰੇ ਤੋਂ ਬਾਅਦ ਅਗਲੇ ਸੰਘਰਸ਼ ਦਾ ਸੱਦਾ ਦਿੱਤਾ ਜਾਵੇਗਾ।ਟਰੇਡ ਯੂਨੀਅਨ ਦੇ ਉੱਘੇ ਆਗੂ ਕਾਮਰੇਡ ਨੱਥਾ ਸਿੰਘ ਢਡਵਾਲ ਨੇ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਚਾਰ ਲੇਬਰ ਕੋਡ ਲਾਗੂ ਕਰਕੇ ਮਜ਼ਦੂਰਾਂ ਤੋਂ ਉਨ੍ਹਾਂ ਦਾ ਯੂਨੀਅਨ ਬਣਾਉਣ ਦਾ ਅਧਿਕਾਰ ਖੋਹ ਕੇ, ਕੰਮ ਦਿਹਾੜੀ ਬਾਰਾਂ ਘੰਟੇ ਕਰਕੇ, ਹਾਇਰ ਐਂਡ ਫਾਇਰ ਦੀ ਨੀਤੀ ਲਾਗੂ ਕਰਕੇ ਮਜ਼ਦੂਰਾਂ ਨੂੰ ਗੁਲਾਮ ਬਣਾਉਣ ਦੀ ਕੋਸ਼ਿਸ਼ ਵਿਚ ਹੈ ਜਿਸ ਨੂੰ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਨੱਥਾ ਸਿੰਘ ਤੇ ਸ਼ਿਵ ਕੁਮਾਰ ਨੇ ਕਿਹਾ ਕਿ ਮਜ਼ਦੂਰਾਂ ਨੂੰ ਆਪਣੀਆਂ ਆਰਥਿਕ ਤੇ ਸਮਾਜਿਕ ਸੁਰੱਖਿਆ ਦੀਆਂ ਮੰਗਾਂ ਦੇ ਨਾਲ ਨਾਲ ਮੋਦੀ ਸਰਕਾਰ ਖਿਲਾਫ ਦਿੱਲੀ ਜੰਤਰ-ਮੰਤਰ ਸਮੇਤ ਦੇਸ਼ ਭਰ ਵਿਚ ਜਾਰੀ ਵੋਟ ਅਧਿਕਾਰ, ਜਮਹੂਰੀਅਤ ਤੇ ਫੈਡਰਲ ਢਾਂਚੇ ਦੀ ਰੱਖਿਆ ਲਈ ਚੱਲ ਰਹੇ ਅੰਦੋਲਨ ਦੀ ਹਮਾਇਤ ਕਰਨ ਅਤੇ ਪੰਜਾਬ ਅੰਦਰ ਭਗਵੰਤ ਮਾਨ ਸਰਕਾਰ ਦੇ ਦਿਸ਼ਾ-ਨਿਰਦੇਸ਼ ਤਹਿਤ ਰੇਤਾ ਨਾਂ ਹੇਠ ਹੋ ਰਹੇ ਪੁਲਸ ਤਸ਼ੱਦਦ ਦਾ ਵਿਰੋਧ ਕਰਨ ਦਾ ਸੱਦਾ ਦਿੱਤਾ।ਬੀਨ ਡੈਮ ਵਰਕਰਜ਼ ਯੂਨੀਅਨ ਦੇ ਪ੍ਰਧਾਨ ਸਾਥੀ ਜਸਵੰਤ ਸਿੰਘ ਸੰਧੂ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿਚ ਉਪਰੋਕਤ ਤੋਂ ਇਲਾਵਾ ਪੰਜਾਬ ਨਿਰਮਾਣ ਮਜ਼ਦੂਰ ਯੂਨੀਅਨ ਦੇ ਆਗੂ ਤਿਲਕ ਰਾਜ ਜਿਆਣੀ, ਰਾਮ ਬਿਲਾਸ ਠਾਕੁਰ, ਸੋਹਨ ਲਾਲ, ਰਘਬੀਰ ਚੰਦ ਦੇਵ ਰਾਜ, ਨਰੋਤਮ ਸਿੰਘ, ਕੁਲਦੀਪ ਰਾਜ, ਯਸ਼ਪਾਲ, ਬੀਨ ਡੈਮ ਵਰਕਰਜ਼ ਯੂਨੀਅਨ ਦੇ ਆਗੂ ਸਕੱਤਰ ਸਿੰਘ ਜਨਕ ਰਾਜ ਰਣਜੀਤ ਸਿੰਘ ਅਵਤਾਰ ਸਿੰਘ ਵਿਜੇ ਕੁਮਾਰ, ਨਰਿੰਦਰ ਵਿਰਕ ਤੋਂ ਲੱਖਾ ਸਿੰਘ, ਵੱਸਣ ਸਿੰਘ ਦਰਸ਼ਨ ਸਿੰਘ, ਜੰਗਲਾਤ ਵਰਕਰਜ਼ ਯੂਨੀਅਨ ਦੇ ਅਸ਼ੋਕ ਕੁਮਾਰ ਤੇ ਬਲਵਿੰਦਰ ਕੁਮਾਰ, ਲਾਲ ਝੰਡਾ ਪੰਜਾਬ ਭੱਠਾ ਲੇਬਰ ਯੂਨੀਅਨ ਦੇ ਆਗੂ ਮਨਹਰਨ ਅਤੇ ਹੋਰ ਆਗੂ ਹਾਜ਼ਰ ਸਨ।

# ਏਸ਼ਿਆਈ ਖੇਡਾਂ 'ਚ ਸੋਨ ਤਮਗਾ ਜਿੱਤਣ ਵਾਲੀ ਬਲਜੀਤ ਕੌਰ 'ਤੇ ਪੰਜਾਬ ਤੇ ਦੇਸ਼ ਨੂੰ ਮਾਣ : ਸੰਧੂ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਤਰਨਤਾਰਨ ਦੇ ਪਿੰਡ ਕੱਕਾ ਕੰਡਿਆਲਾ ਦੀ ਮਾਣਮੱਤੀ ਧੀ ਬਲਜੀਤ ਕੌਰ ਨੇ ਏਸ਼ੀਆਈ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੋਨ ਤਮਗਾ ਜਿੱਤ ਕੇ ਨਾ ਸਿਰਫ਼ ਆਪਣੇ ਪਿੰਡ ਅਤੇ ਜ਼ਿਲ੍ਹੇ ਦਾ, ਸਗੋਂ ਪੂਰੇ ਪੰਜਾਬ ਅਤੇ ਦੇਸ਼ ਦਾ ਨਾਮ ਰੌਸ਼ਨ ਕੀਤਾ ਹੈ।ਬਲਜੀਤ ਕੌਰ ਦੀ ਇਸ ਇਤਿਹਾਸਕ ਅਤੇ ਮਾਣਮੱਤੀ ਪ੍ਰਾਪਤੀ ਤੋਂ ਇਲਾਕੇ ਵਿੱਚ ਖੁਸ਼ੀ ਅਤੇ ਮਾਣ ਦਾ ਮਾਹੌਲ ਹੈ।ਇਸ ਮਾਣਮੱਤੀ ਉਪਲਬਧੀ ਲਈ ਬਲਜੀਤ ਕੌਰ ਨੂੰ ਦਿਲੋਂ ਵਧਾਈ ਦੇਣ ਅਤੇ ਸਨਮਾਨਿਤ ਕਰਨ ਲਈ ਭਾਰਤੀ ਜਨਤਾ ਪਾਰਟੀ ਦੇ ਇੰਚਾਰਜ ਸ਼ਾਹ ਹਲਕਾ ਤਰਨਤਾਰਨ ਦੇ ਇੰਚਾਰਜ ਅਤੇ ਸਾਬਕਾ ਜ਼ਿਲ੍ਹਾ ਪ੍ਰਧਾਨ ਸ. ਹਰਜੀਤ ਸਿੰਘ ਸੰਧੂ ਆਪਣੇ ਸਾਥੀਆਂ ਸਮੇਤ ਪਿੰਡ ਕੱਕਾ ਕੰਡਿਆਲਾ ਵਿਖੇ ਬਲਜੀਤ ਕੌਰ ਦੇ ਨਿਵਾਸ ਸਥਾਨ 'ਤੇ ਪਹੁੰਚੇ।ਇਸ ਮੌਕੇ ਉਨ੍ਹਾਂ ਨੇ ਬਲਜੀਤ ਕੌਰ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਮੁਬਾਰਕਬਾਦ ਦਿੱਤੀ ਅਤੇ ਇਸ ਸ਼ਾਨਦਾਰ ਪ੍ਰਾਪਤੀ ਲਈ ਸਨਮਾਨਿਤ ਕੀਤਾ।ਇਸ ਮੌਕੇ ਵਿਸ਼ੇਸ਼ ਤੌਰ ਤੇ ਜ਼ਿਲ੍ਹਾ ਪ੍ਰਧਾਨ ਤਰਨਤਾਰਨ ਸਿੰਘ ਢੋਟ, ਜ਼ਿਲ੍ਹਾ ਮਹਾਂ ਮੰਤਰੀ ਹਰਪ੍ਰੀਤ ਸਿੰਘ ਸਿੰਦਵਾਂ, ਐਸਸੀ ਮੋਰਚਾ ਪ੍ਰਧਾਨ ਅਵਤਾਰ ਸਿੰਘ ਵੀ ਮੌਜੂਦ ਰਹੇ। ਇਸ ਮੌਕੇ ਸ. ਹਰਜੀਤ ਸਿੰਘ ਸੰਧੂ ਨੇ ਕਿਹਾ ਕਿ ਬਲਜੀਤ ਕੌਰ ਨੇ ਆਪਣੀ ਕਠਿਨ ਮਿਹਨਤ, ਲਗਨ, ਅਨੁਸ਼ਾਸਨ ਅਤੇ ਦ੍ਰਿੜ੍ਹ ਇਰਾਦੇ ਨਾਲ ਇਹ ਸਾਬਤ ਕਰ ਦਿੱਤਾ ਹੈ ਕਿ ਪੰਜਾਬ ਦੀਆਂ ਧੀਆਂ ਕਿਸੇ ਵੀ ਖੇਤਰ ਵਿੱਚ ਆਪਣੀ ਕਾਬਲੀਅਤ ਦਾ ਲੋਹਾ ਮਨਵਾ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਬਲਜੀਤ ਕੌਰ ਦੀ ਇਹ ਜਿੱਤ ਸਿਰਫ਼ ਇੱਕ ਖਿਡਾਰਨ ਦੀ ਜਿੱਤ ਨਹੀਂ, ਬਲਕਿ ਹਰ ਉਸ ਧੀ ਦੀ ਜਿੱਤ ਹੈ ਜੋ ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਦਿਨ-ਰਾਤ ਮਿਹਨਤ ਕਰ ਰਹੀ ਹੈ।ਇਸ ਮੌਕੇ ਤੇ ਵੱਖ-ਵੱਖ ਸਮਾਜਿਕ ਲੋਕਾਂ ਤੋਂ ਇਲਾਵਾ ਮੰਗਲ ਸਿੰਘ, ਜਸਵਿੰਦਰ ਮਸੀਹ, ਅਮਾਨਤ ਮਸੀਹ ਅਤੇ ਹੋਰ ਮੋਹਤਬਰ ਲੋਕ ਹਾਜ਼ਰ ਸਨ।

# ਡੀ ਓ ਏ ਸੀ ਐੱਨ ਆਈ ਨੇ ਅਖੌਤੀ 'ਐਂਗਲਿਕਨ ਚਰਚ ਆਫ਼ ਇੰਡੀਆ' ਦੇ ਝੂਠੇ ਦਾਅਵਿਆਂ ਨੂੰ ਨਕਾਰਿਆ



ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਅੰਮ੍ਰਿਤਸਰ ਡਾਇਓਸੀਸਨ ਟਰੱਸਟ ਐਸੋਸੀਏਸ਼ਨ (ਏਡੀਟੀਏ), ਡਾਇਓਸਿਸ ਆਫ਼ ਅੰਮ੍ਰਿਤਸਰ (ਡੀਓਏ), ਚਰਚ ਆਫ਼ ਨੌਰਥ ਇੰਡੀਆ (ਸੀਐਨਆਈ) ਨੇ ਆਪਣੀਆਂ ਜਾਇਦਾਦਾਂ 'ਤੇ ਹੋਂਦ-ਰਹਿਤ 'ਐਂਗਲੀਕਨ ਚਰਚ ਆਫ਼ ਇੰਡੀਆ' ਦੁਆਰਾ ਕੀਤੇ ਗਏ ਦਾਅਵਿਆਂ ਨੂੰ ਪੂਰੀ ਤਰ੍ਹਾਂ ਰੱਦ ਕਰ ਕੇ ਉਨ੍ਹਾਂ ਨੂੰ 'ਝੂਠੇ ਅਤੇ ਗੁੰਮਰਾਹਕੁੰਨ' ਕਰਾਰ ਦਿੱਤਾ ਹੈ। ਪ੍ਰੈੱਸ ਨੂੰ ਜਾਰੀ ਇੱਕ ਬਿਆਨ ਵਿੱਚ ਦਿ ਰਾਈਟ ਰੈਵਰੈਂਡ ਮਨੋਜ ਚਰਨ, ਬਿਸ਼ਪ, ਡਾਇਓਸਿਸ ਆਫ਼ ਅੰਮ੍ਰਿਤਸਰ ਅਤੇ ਐਕਸ-ਆਫੀਸ਼ਿਓ ਚੇਅਰਮੈਨ, ਅੰਮ੍ਰਿਤਸਰ ਡਾਇਓਸੀਸਨ ਟਰੱਸਟ ਐਸੋਸੀਏਸ਼ਨ (ਏਡੀਟੀਏ) ਅਤੇ ਡੈਨੀਅਲ ਬੀ ਦਾਸ, ਸਕੱਤਰ, ਅੰਮ੍ਰਿਤਸਰ ਡਾਇਓਸੀਸਨ ਟਰੱਸਟ ਐਸੋਸੀਏਸ਼ਨ (ਏਡੀਟੀਏ) ਨੇ ਕਿਹਾ ਕਿ 30 ਸਤੰਬਰ 2013 ਦੇ ਸੁਪਰੀਮ ਕੋਰਟ ਦੇ ਆਦੇਸ਼ ਦਾ ਹਵਾਲਾ ਦੇਣ ਤੋਂ ਪਹਿਲਾਂ ਅਖੌਤੀ ਐਂਗਲੀਕਨ ਚਰਚ ਆਫ਼ ਇੰਡੀਆ ਦੇ ਕਾਰਕੁੰਨਾਂ ਨੂੰ ਇਹ ਯਾਦ ਰੱਖਣਾ ਚਾਹੀਦਾ ਹੈ ਕਿ ਇਲਾਹਾਬਾਦ ਹਾਈਕੋਰਟ ਅਤੇ ਭਾਰਤ ਦੀ ਸੁਪਰੀਮ ਕੋਰਟ ਦੋਵਾਂ ਨੇ ਦੋ ਵਾਰ ਸਪੱਸ਼ਟ ਕੀਤਾ ਹੈ ਕਿ ਇਹ ਫੈਸਲਾ ਚਰਚ ਆਫ਼ ਇੰਡੀਆ ਪਾਕਿਸਤਾਨ ਬਰਮਾ ਐਂਡ ਸੀਲੋਨ (ਸੀਆਈਪੀਬੀਸੀ), ਜਿਸ ਦਾ ਜਾਇਜ਼ ਅਤੇ ਕਾਨੂੰਨੀ ਉੱਤਰਾਧਿਕਾਰੀ ਚਰਚ ਆਫ਼ ਨਾਰਥ ਇੰਡੀਆ ਹੈ, 'ਤੇ ਲਾਗੂ ਨਹੀਂ ਹੁੰਦਾ, ਜਿਸ ਨੂੰ ਕਈ ਅਦਾਲਤਾਂ ਨੇ ਆਪਣੇ ਵੱਲੋਂ ਸੁਣਾਏ ਗਏ ਫੈਸਲਿਆਂ ਵਿੱਚ ਐਲਾਨ ਕੀਤਾ ਹੈ।

# ਡਰੋਨਾਂ ਦੇ ਸ਼ਾਨਦਾਰ ਸ਼ੋਅ ਨੇ ਸੰਗਤਾਂ ਨੂੰ ਗੁਰੂ ਰਵਿਦਾਸ ਜੀ ਦੇ ਜੀਵਨ, ਬਾਣੀ ਤੇ ਫ਼ਲਸਫ਼ੇ ਤੋਂ ਕਰਵਾਇਆ ਜਾਣੂ



ਅੰਮ੍ਰਿਤਸਰ, (ਜਗਦੀਸ਼ ਕਮਲੇਸ਼)-ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਕਰਵਾਏ ਜਾ ਰਹੇ ਵਿਸ਼ੇਸ਼ ਸਮਾਗਮਾਂ ਦੀ ਲੜੀ ਤਹਿਤ ਬੀਤੀ ਸ਼ਾਮ ਸਰਕਾਰੀ ਆਈਟੀਆਈ ਬਾਬਾ ਬਕਾਲਾ ਸਾਹਿਬ ਵਿਖੇ 500 ਡਰੋਨਾਂ ਦੇ ਸ਼ਾਨਦਾਰ ਸ਼ੋਅ ਨੇ ਸੰਗਤਾਂ ਨੂੰ ਗੁਰੂ ਰਵਿਦਾਸ ਜੀ ਦੇ ਜੀਵਨ, ਬਾਣੀ ਤੇ ਫ਼ਲਸਫ਼ੇ ਤੋਂ ਜਾਣੂ ਕਰਵਾਇਆ ਗਿਆ।ਇਸ ਮੌਕੇ ਬਾਬਾ ਬਕਾਲਾ ਸਾਹਿਬ ਦੇ ਵਿਧਾਇਕ ਸ. ਦਲਬੀਰ ਸਿੰਘ ਟੌਂਗ, ਐੱਸ. ਡੀ. ਐੱਮ. ਬਾਬਾ ਬਕਾਲਾ ਸਾਹਿਬ ਸ਼੍ਰੀ ਜਸ਼ਨਜੀਤ ਸਿੰਘ, ਸਾਹਿਬ, ਨਾਇਬ ਤਹਿਸੀਲਦਾਰ ਬਲਜੀਤ ਸਿੰਘ ਗੁਰਾਇਆ, ਨਾਇਬ ਤਹਿਸੀਲਦਾਰ ਰੁਸਤਮ ਕੁਮਾਰ, ਜਗਰੂਪ ਸਿੰਘ ਆਰ. ਸੀ. ਅਤੇ ਹਲਕਾ ਬਾਬਾ ਬਕਾਲਾ ਸਾਹਿਬ 'ਚੋਂ ਵੱਡੀ ਗਿਣਤੀ ਪੁੱਜੀ ਸੰਗਤ ਨੇ ਇਸ ਦਿਲਕਸ਼ ਡਰੋਨ ਸ਼ੋਅ ਦਾ ਬੜੀ ਸ਼ਰਧਾ ਭਾਵਨਾ ਨਾਲ ਅਨੰਦ ਮਾਣਿਆ।ਇਸ ਮੌਕੇ ਵਿਧਾਇਕ ਸ. ਦਲਬੀਰ ਸਿੰਘ ਟੌਂਗ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਗੁਰੂ ਸਾਹਿਬ ਵੱਲੋਂ ਦਰਸਾਏ ਮਾਰਗ 'ਤੇ ਚੱਲਕੇ ਸਭ ਵਰਗਾਂ ਦੀ ਭਲਾਈ ਲਈ ਵਚਨਬੱਧ ਹੈ।ਆਈਟੀਆਈ ਬਾਬਾ ਬਕਾਲਾ ਸਾਹਿਬ ਵਿਖੇ ਅਸਮਾਨ ਵਿੱਚ ਰਾਤ ਦੇ ਹਨੇਰੇ 'ਚ ਇਕੱਠੇ ਉਡਦੇ ਸੈਂਕੜੇ ਡਰੋਨਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਜੀਵਨੀ ਅਤੇ ਵਿਚਾਰਧਾਰਾ ਨੂੰ ਦਰਸਾਉਂਦੇ ਦਿਲਕਸ਼ ਦ੍ਰਿਸ਼ ਪੇਸ਼ ਕੀਤੇ ਗਏ।ਸ਼ੋਅ ਦੀ ਪੇਸ਼ਕਾਰੀ ਤੋਂ ਪ੍ਰਭਾਵਿਤ ਸੰਗਤਾਂ ਨੇ ਪੰਜਾਬ ਸਰਕਾਰ ਦੇ ਉਪਰਾਲੇ ਦੀ ਜਿੱਥੇ ਸ਼ਲਾਘਾ ਕੀਤੀ ਉਥੇ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ।ਸਮਾਗਮ ਮੌਕੇ ਪ੍ਰਸਿੱਧ ਰਾਗੀ ਜਥੇ ਭਾਈ ਜਸਵੀਰ ਸਿੰਘ ਜਲੰਧਰ ਵਾਲੇ ਅਤੇ ਉਨ੍ਹਾਂ ਦੇ ਸਾਥੀਆਂ ਨੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਇਲਾਹੀ ਬਾਣੀ ਦਾ ਗੁਣਗਾਨ ਕੀਤਾ।ਇਨ੍ਹਾਂ ਸਮਾਗਮਾਂ ਦੀ ਨੋਡਲ ਅਫ਼ਸਰ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਪਲਵੀ ਮਿਸ਼ਰਾ ਨੇ ਦੱਸਿਆ ਕਿ 7 ਅਕਤੂਬਰ ਦੀ ਸ਼ਾਮ ਨੂੰ ਅਗਲਾ ਡਰੋਨ ਸ਼ੋਅ ਰਣਜੀਤ ਐਵੇਨਿਊ ਅੰਮ੍ਰਿਤਸਰ ਦੇ ਮੈਦਾਨ ਵਿਖੇ ਦਿਖਾਇਆ ਜਾਵੇਗਾ।ਇਸ ਤੋਂ ਬਾਅਦ 8 ਅਕਤੂਬਰ ਸ਼ਾਮ ਨੂੰ ਸ਼ਹੀਦ ਮੇਵਾ ਸਿੰਘ ਸਟੇਡੀਅਮ ਲੋਪੋਕੇ ਵਿਖੇ ਅਤੇ 9 ਅਕਤੂਬਰ ਦੀ ਸ਼ਾਮ ਨੂੰ ਦਵਿੰਦਰਾ ਇੰਟਰਨੈਸ਼ਨਲ ਸਕੂਲ, ਅਜਨਾਲਾ ਦੇ ਮੈਦਾਨ ਵਿੱਚ ਡਰੋਨ ਸ਼ੋਅ ਹੋਵੇਗਾ।ਵਧੀਕ ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਡਰੋਨ ਸ਼ੋਅ ਦੇ ਇਨ੍ਹਾਂ ਸਮਾਗਮਾਂ ਵਿੱਚ ਵੱਧ-ਚੜ੍ਹ ਕੇ ਸ਼ਾਮਲ ਹੋਣ ਅਤੇ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਉਤਸਵ ਨੂੰ ਸਮਰਪਿਤ ਇਸ ਸਮਾਗਮ ਦਾ ਹਿੱਸਾ ਬਣਨ।

# ਡੀ ਸੀ ਵੱਲੋਂ ਟਰੇਡਰਜ਼ ਕਮਿਸ਼ਨ ਨਾਲ ਸੰਬੰਧਤ ਮੁਸ਼ਕਲਾਂ ਦੇ ਹੱਲ ਲਈ ਅਧਿਕਾਰੀਆਂ ਨਾਲ ਰੀਵਿਊ ਮੀਟਿੰਗ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸ੍ਰੀ ਆਦਿਤਿਆ ਉੱਪਲ, ਡਿਪਟੀ ਕਮਿਸ਼ਨਰ ਗੁਰਦਾਸਪੁਰ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਾਨਫਰੰਸ ਹਾਲ ਵਿਖੇ ਟਰੇਡਰਜ਼ ਕਮਿਸ਼ਨ ਨਾਲ ਸਬੰਧਤ ਮੁਸ਼ਕਲਾਂ ਦੇ ਹੱਲ ਲਈ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਰੀਵਿਊ ਮੀਟਿੰਗ ਕਰਕੇ ਅਧਿਕਾਰੀਆਂ ਕੋਲੋਂ ਵਿਸਥਾਰ ਵਿੱਚ ਜਾਣਕਾਰੀ ਲਈ ਅਤੇ ਪੈਂਡਿੰਗ ਮੁਸ਼ਕਲਾਂ ਨੂੰ ਨਿਸ਼ਚਿਤ ਸਮੇਂ ਅੰਦਰ ਹੱਲ ਕਰਨ ਲਈ ਦਿਸ਼ਾ-ਨਿਰਦੇਸ਼ ਦਿੱਤੇ ਗਏ।ਇਸ ਮੌਕੇ ਚਰਨਜੀਤ ਸਿੰਘ ਪਾਰੋਵਾਲ, ਜ਼ਿਲ੍ਹਾ ਇੰਚਾਰਜ ਟਰੇਡਰਜ਼ ਕਮਿਸ਼ਨ ਗੁਰਦਾਸਪੁਰ, ਗੁਰਸਿਮਰਨ ਸਿੰਘ ਢਿੱਲੋਂ ਵਧੀਕ ਡਿਪਟੀ ਕਮਿਸ਼ਨਰ (ਜ) ਗੁਰਦਾਸਪੁਰ, ਨਵਜੋਤ ਸਿੰਘ ਸੰਧੂ ਐੱਸ. ਪੀ. ਬਟਾਲਾ ਸਮੇਤ ਹਲਕਿਆਂ ਦੇ ਚੇਅਰਮੈਨ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਵੱਲੋਂ ਹਲਕਾ ਵਾਈਜ਼ ਪੋਰਟਲ 'ਤੇ ਪ੍ਰਾਪਤ ਸਮੱਸਿਆਵਾਂ ਸਬੰਧੀ ਵੱਖ ਵੱਖ ਵਿਭਾਗਾਂ ਵਲੋਂ ਕੀਤੇ ਗਏ ਕੰਮਾਂ ਅਤੇ ਜਿਨ੍ਹਾਂ ਮੁਸ਼ਕਿਲਾਂ ਦਾ ਨਿਪਟਾਰਾ ਨਹੀ ਕੀਤਾ ਗਿਆ ਸਬੰਧੀ ਵਿਸਥਾਰ ਵਿੱਚ ਜਾਣਕਾਰੀ ਲਈ ਗਈ।ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਰਹਿੰਦੀਆਂ ਮੁਸ਼ਕਿਲਾਂ ਦਾ ਜਲਦ ਹੱਲ ਕਰਨ ਲਈ ਦਿਸ਼ਾ ਨਿਰਦੇਸ਼ ਦਿੱਤੇ।ਮੀਟਿੰਗ ਦੌਰਾਨ ਅਧਿਕਾਰੀਆਂ ਦੱਸਿਆ ਕਿ ਟਰੇਡਰਜ਼ ਕਮਿਸ਼ਨ ਨਾਲ ਸਬੰਧਤ ਮੁਸ਼ਕਿਲਾਂ ਦਾ ਨਿਪਟਾਰਾ ਕੀਤਾ ਜਾ ਰਿਹਾ ਹੈ ਅਤੇ ਪੈਂਡਿੰਗ ਮੁਸ਼ਕਿਲਾਂ ਨੂੰ ਵੀ ਜਲਦ ਹੱਲ ਕਰ ਦਿੱਤਾ ਜਾਵੇਗਾ।ਮੀਟਿੰਗ ਵਿੱਚ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਵਲੋਂ ਵੱਖ ਵੱਖ ਮੁਸ਼ਕਿਲਾਂ ਦੱਸੀਆਂ ਗਈਆਂ ਜਿਵੇਂ ਬਿਜਲੀ ਦੀਆਂ ਤਾਰਾਂ ਉੱਚੀਆਂ ਕਰਨ ਸਬੰਧੀ, ਸੀਵਰੇਜ ਦੀ ਸਮੱਸਿਆ, ਸਫਾਈ ਸਬੰਧੀ, ਬਾਜਾਰਾਂ ਵਿੱਚ ਸੀ. ਸੀ. ਟੀ. ਵੀ. ਕੈਮਰੇ ਲਗਾਉਣ ਸਬੰਧੀ, ਨਾਲਿਆਂ ਦੀ ਸਫਾਈ ਕਰਵਾਉਣ ਆਦਿ ਸਬੰਧੀ ਮੁਸ਼ਕਿਲਾਂ ਦੱਸੀਆਂ ਗਈਆਂ।ਇਸ ਮੌਕੇ ਡਿਪਟੀ ਕਮਿਸ਼ਨਰ ਵੱਲੋਂ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਸ਼ਿਕਾਇਤਾਂ ਦੇ ਤੁਰੰਤ ਹੱਲ ਕਰਨ ਦੇ ਨਿਰਦੇਸ਼ ਦਿੱਤੇ ਗਏ।ਇਸ ਮੌਕੇ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਗੁਰਦਾਸਪੁਰ ਦੇ ਜ਼ਿਲ੍ਹਾ ਇੰਚਾਰਜ ਚਰਨਜੀਤ ਸਿੰਘ ਪਾਰੋਵਾਲ ਨੇ ਸਮੂਹ ਅਧਿਕਾਰੀਆਂ ਨੂੰ ਕਿਹਾ ਕਿ ਉਹ ਆਪਣੇ-ਆਪਣੇ ਹਲਕੇ ਦੇ ਟਰੇਡਰਜ਼ ਕਮਿਸ਼ਨ ਦੇ ਚੇਅਰਮੈਨ ਨਾਲ ਰਾਬਤਾ ਕਰਕੇ ਸਮੱਸਿਆਵਾਂ ਦਾ ਹੋਰ ਤੇਜ਼ੀ ਨਾਲ ਨਿਪਟਾਰਾ ਕਰਨ ਨੂੰ ਯਕੀਨੀ ਬਣਾਉਣ।ਇਸ ਮੌਕੇ ਸਹਾਇਕ ਕਮਿਸ਼ਨਰ (ਜ) ਕੁਲਦੀਪ ਚੰਦ, ਐੱਸ. ਡੀ. ਐੱਮ. ਦੀਨਾਨਗਰ ਜਗਨਦੀਪ ਸਿੰਘ, ਐੱਸ. ਡੀ. ਐੱਮ. ਡੇਰਾ ਬਾਬਾ ਨਾਨਕ ਲਛਮਣ ਸਿੰਘ, ਐੱਸ. ਡੀ. ਐੱਮ ਫਤਿਹਗੜ੍ਹ ਚੂੜੀਆਂ ਸੁਖਜਿੰਦਰ ਸਿੰਘ ਟਿਵਾਣਾ, ਐੱਸ. ਡੀ. ਐੱਮ ਬਟਾਲਾ ਸਾਰੰਗਪ੍ਰੀਤ ਸਿੰਘ ਔਜਲਾ, ਚੇਅਰਮੈਨ ਕਿਰਪਾਲ ਸਿੰਘ ਵਪਾਰ ਕਮਿਸ਼ਨ ਹਲਕਾ ਬਟਾਲਾ, ਚੇਅਰਮੈਨ ਵਿਪਨ ਸੈਣੀ ਹਲਕਾ ਡੇਰਾ ਬਾਬਾ ਨਾਨਕ, ਚੇਅਰਮੈਨ ਰਾਜੀਵ ਸੈਣੀ ਹਲਕਾ ਦੀਨਾਨਗਰ, ਚੇਅਰਮੈਨ ਰਜਿੰਦਰ ਨੰਦਾ ਹਲਕਾ ਗੁਰਦਾਸਪੁਰ, ਚੇਅਰਮੈਨ ਰੁਪਿੰਦਰ ਸਿੰਘ ਰੋਮੀ ਹਲਕਾ ਸ਼੍ਰੀ ਹਰਗੋਬਿੰਦਪੁਰ ਸਾਹਿਬ, ਚੇਅਰਮੈਨ ਅਸ਼ਵਨੀ ਦੁੱਗਲ ਹਲਕਾ ਕਾਦੀਆਂ, ਚੇਅਰਮੈਨ ਗੁਰਪ੍ਰੀਤ ਸਿੰਘ ਹਲਕਾ ਫਤਹਿਗੜ੍ਹ ਚੂੜੀਆਂ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਜੀ ਦੇ ਸਾਲਾਨਾ ਜੋੜ ਮੇਲੇ ਸੰਬੰਧੀ ਨਗਰ ਕੀਰਤਨ ਸਜਾਏ



ਝਬਾਲ (ਹਰਜਿੰਦਰ ਸਿੰਘ ਸੋਨੀ)-ਬਾਬਾ ਬੁੱਢਾ ਸਾਹਿਬ ਜੀ ਦੇ ਤੱਪ ਅਸਥਾਨ ਗੁਰਦੁਆਰਾ ਬੀੜ ਬਾਬਾ ਬੁੱਢਾ ਜੀ ਵਿਖੇ ਪੰਜਵੇਂ ਪਾਤਿਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਮਹਿਲ ਸਤਿਕਾਰਯੋਗ ਮਾਤਾ ਗੰਗਾ ਜੀ ਨੂੰ ਪੁੱਤਰ ਪ੍ਰਾਪਤੀ ਲਈ ਵਰ ਦੇਣ ਦੀ ਖੁਸ਼ੀ ਵਿਚ ਹਰ ਸਾਲ ਦੀ ਤਰ੍ਹਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅਗਵਾਈ ਹੇਠ ਪ੍ਰਬੰਧਕਾਂ ਵਲੋਂ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਸਦਕਾ ਮਨਾਏ ਜਾ ਰਹੇ ਸਾਲਾਨਾ ਜੋੜ ਮੇਲਾ 'ਤੇ ਵਿਸ਼ਾਲ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਵਿਚ ਕੱਢਿਆ ਗਿਆ। ਜਿਸ ਦੇ ਅਰੰਭ ਦੀ ਅਰਦਾਸ ਹੈੱਡ ਗ੍ਰੰਥੀ ਗਿਆਨੀ ਨਿਸ਼ਾਨ ਸਿੰਘ ਗੰਡੀਵਿੰਡ ਨੇ ਕੀਤੀ।ਉਪਰੰਤ ਪੰਜਾਬ ਪੁਲਸ ਦੀ ਅਗਵਾਈ ਵਿਚ ਪੰਜਾਬ ਪੁਲਸ ਦੇ ਜਵਾਨਾਂ ਵੱਲੋਂ ਡੀ ਐੱਸ ਪੀ ਜਗਜੀਤ ਸਿੰਘ ਦੀ ਅਗਵਾਈ ਵਿਚ ਸਲਾਮੀ ਦਿੱਤੀ ਗਈ। ਇਸ ਸਮੇਂ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਮਨਜੀਤ ਸਿੰਘ ਭੂਰਾ ਕੋਹਨਾ,ਅੰਤ੍ਰਿੰਗ ਕਮੇਟੀ ਮੈਂਬਰ ਮਗਵਿੰਦਰ ਸਿੰਘ ਖਾਪੜਖੇੜੀ ਤੇ ਮੈਨੇਜਰ ਧਰਵਿੰਦਰ ਸਿੰਘ ਮਾਣੋਚਾਹਲ ਨੇ ਸੰਤਾਂ ਮਹਾਂਪੁਰਸ਼ਾ ਤੇ ਹੋਰ ਪੁੱਜੇ ਪ੍ਰਮੁੱਖ ਆਗੂਆਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਬਾਬਾ ਅਵਤਾਰ ਸਿੰਘ ਸੁਰਸਿੰਘ ਵਾਲੇ,ਸ਼੍ਰੋਮਣੀ ਅਕਾਲੀ ਦੀ ਹਲਕਾ ਇੰਚਾਰਜ ਕੰਚਨਪਰੀਤ ਕੌਰ, ਸਕੱਤਰ ਸ਼੍ਰੋਮਣੀ ਕਮੇਟੀ ਗੁਰਨਾਮ ਸਿੰਘ, ਚੀਫ ਗੁਰਦੁਆਰਾ ਇੰਸਪੈਕਟਰ ਜਗਦੀਸ਼ ਸਿੰਘ, ਗੁਰਦੁਆਰਾ ਇੰਸ ਹਰਪ੍ਰੀਤ ਸਿੰਘ,ਗੁਰਦੁਆਰਾ ਇੰਸ ਦਿਲਬਾਗ ਸਿੰਘ,ਗੁਰਬਲਿਹਾਰ ਸਿੰਘ, ਸਾਬਕਾ ਮੀਤ ਸਕੱਤਰ ਹਰਜੀਤ ਸਿੰਘ ਲਾਲੂਘੁੰਮਣ, ਚੇਅਰਮੈਨ ਕਸ਼ਮੀਰ ਸਿੰਘ ਮੰਨਣ,ਮੈਨੇਜਰ ਸਤਨਾਮ ਸਿੰਘ ਝਬਾਲ, ਕਾਰਸੇਵਾ ਵਾਲੇ ਬਾਬਾ ਸੁਬੇਗ ਸਿੰਘ ਜੀ ਕਾਰਸੇਵਾ ਗੁਰਦੁਆਰਾ ਡੇਰਾ ਚਰਨ ਬਾਗ ਗੋਇੰਦਵਾਲ ਸਾਹਿਬ ਵਾਲੇ , ਬਾਬਾ ਹਰਜਿੰਦਰ ਸਿੰਘ ਕਾਰ ਸੇਵਾ ਵਾਲੇ, ਬਾਬਾ ਹੀਰਾ ਸਿੰਘ ਠੱਠੀਖਾਰਾ, ਸਰਪੰਚ ਸਤਨਾਮ ਸਿੰਘ ਮੀਆਂਪੁਰ, ਸਾਬਕਾ ਸਰਪੰਚ ਜਰਨੈਲ ਸਿੰਘ ਪੰਡੋਰੀ, ਰਵੇਲ ਸਿੰਘ ਜੌਹਲ, ਸਾਬਕਾ ਮੈਨੇਜਰ ਜਗਜੀਤ ਸਿੰਘ ਸਾਂਘਣਾ, ਚੇਅਰਮੈਨ ਗੁਰਸੇਵਕ ਸਿੰਘ ਸੇਖ, ਸਾਬਕਾ ਸਰਪੰਚ ਪਰਮਜੀਤ ਸਿੰਘ ਗੱਗੋਬੂਹਾ, ਸਾਬਕਾ ਸਰਪੰਚ ਹਰਦਿਆਲ ਸਿੰਘ ਝਬਾਲ,ਚੇਅਰਮੈਨ ਹਰਵੰਤ ਸਿੰਘ ਝਬਾਲ,ਸਾਬਕਾ ਸਰਪੰਚ ਅਜਮੇਰ ਸਿੰਘ ਕਾਕਾ ਛਾਪਾ, ਜਥੇ: ਵਰਿੰਦਰ ਸਿੰਘ ਠੱਠਾ, ਬਲਦੇਵ ਸਿੰਘ ਫੌਜੀ, ਪ੍ਰਿੰਸੀਪਲ ਜਗਰੂਪ ਕੌਰ, ਪ੍ਰਿੰਸੀਪਲ ਸਰਬਜੀਤ ਕੌਰ ਜਫਰਵਾਲ, ਦਲਜੀਤ ਸਿੰਘ ਐਮਾ, ਮਨਜੀਤ ਸਿੰਘ ਝਬਾਲ, ਮੈਨੇਜਰ ਨਵਤੇਜ ਸਿੰਘ ਠੱਠਾ, ਸਾਬਕਾ ਸਰਪੰਚ ਮਨਜਿੰਦਰ ਸਿੰਘ ਐਮਾਂ, ਸੁਖਦੇਵ ਸਿੰਘ ਖਾਲਸਾ, ਵਰਿੰਦਰ ਸਿੰਘ ਸੇਠ, ਨਿਸ਼ਾਨ ਸਿੰਘ ਦੋਦੇ, ਸਾਬਕਾ ਚੇਅਰਮੈਨ ਗੁਰਬੀਰ ਸਿੰਘ ਝਬਾਲ, ਜਥੇ: ਤੇਗਾ ਸਿੰਘ ਸੋਹਲ, ਸੁਰਿੰਦਰ ਸਿੰਘ ਚੂਸਲੇਵੜ, ਬਿਕਰਮ ਸਿੰਘ ਸੁਰਸਿੰਘ, ਗੁਰਜੀਤ ਸਿੰਘ ਪੰਜਵੜ ਪ੍ਰਚਾਰਕ ਭਾਈ ਗੁਰਲਾਲ ਸਿੰਘ,ਭਾਈ ਗੁਰਬਚਨ ਸਿੰਘ,ਭਾਈ ਰਾਜਬੀਰ ਸਿੰਘ,ਭਾਈ ਲਖਬੀਰ ਸਿੰਘ, ਪੀ ਏ ਗੋਪੀ ਸੋਹਲ ਤੋਂ ਇਲਾਵਾ ਵੱਡੀ ਗਿਣਤੀ 'ਚ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮ, ਪ੍ਰਮੁੱਖ ਸ਼ਖਸੀਅਤਾਂ ਤੇ ਸੰਗਤਾਂ ਹਾਜ਼ਰ ਸਨ।

ਰਸਤੇ ਵਿੱਚ ਵੱਖ ਵੱਖ ਥਾਵਾਂ ਤੇ ਸੰਗਤਾਂ ਨੇ ਨਗਰ ਕੀਰਤਨ ਦਾ ਸ਼ਾਨਦਾਰ ਸੁਆਗਤ ਕੀਤਾ ਅਤੇ ਨਗਰ ਕੀਰਤਨ ਵਿੱਚ ਹਾਜ਼ਰ ਸੰਗਤ ਲਈ ਠੰਡੇ ਮਿੱਠੇ ਜਲ ਅਤੇ ਚਾਹ ਪਕੌੜਿਆਂ ਦੇ ਲੰਗਰ ਤੋਂ ਇਲਾਵਾ ਫਲ ਵੀ ਵੰਡੇ।

# ਵਾਰਡ ਨੰਬਰ 18 'ਚ ਕਾਂਗਰਸ ਨੂੰ ਛੱਡ ਕਈ ਪਰਵਾਰ ਆਮ ਆਦਮੀ ਪਾਰਟੀ 'ਚ ਸ਼ਾਮਲ



ਬਟਾਲਾ, (ਤਰਲੋਕ ਬੱਗਾ)-ਵਾਰਡ ਨੰਬਰ 13 ਤੋਂ ਕਾਂਗਰਸੀ ਪਾਰਟੀ ਦੇ ਵੱਖ-ਵੱਖ ਪਰਿਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ।ਵਿਧਾਇਕ ਸ਼ੈਰੀ ਕਲਸੀ ਨੇ ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ ਵਾਲਿਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਲੋਕਾਂ ਦਾ ਵਧਦਾ ਵਿਸ਼ਵਾਸ ਸੂਬੇ ਵਿੱਚ ਆਮ ਆਦਮੀ ਪਾਰਟੀ ਦੀਆਂ ਮਜ਼ਬੂਤ ਹੋ ਰਹੀਆਂ ਨੀਤੀਆਂ ਅਤੇ ਲੋਕਪੱਖੀ ਕਾਰਜਾਂ ਦੀ ਗਵਾਹੀ ਭਰਦਾ ਹੈ, ਜਿਸ ਸਦਕਾ ਆਪ ਪਰਿਵਾਰ ਦਾ ਕਾਫਲਾ ਦਿਨੋ ਦਿਨ ਵੱਧ ਰਿਹਾ ਹੈ।ਗੱਲਬਾਤ ਦੌਰਾਨ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਕਰੀਬ ਸਾਢੇ ਚਾਰ ਸਾਲਾਂ ਦੇ ਅੰਦਰ ਬਟਾਲਾ ਸ਼ਹਿਰ ਸਮੇਤ ਸਮੁੱਚੇ ਹਲਕੇ ਵਿੱਚ ਪਾਰਦਰਸ਼ੀ ਢੰਗ ਨਾਲ ਵਿਕਾਸ ਕੰਮ ਕਰਵਾਏ ਗਏ ਹਨ।ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਹਲਕਾ ਬਟਾਲਾ ਵਿੱਚ ਖੁੱਲ੍ਹੀਆਂ ਤੇ ਨਵੀਆਂ ਸੜਕਾਂ, ਪੱਕੀਆਂ ਗਲੀਆਂ, ਸੁੰਦਰ ਅਤੇ ਖੁੱਲ੍ਹੇ ਚੌਕ, ਸੀ. ਸੀ. ਟੀ. ਵੀ. ਕੈਮਰੇ, ਸੁੰਦਰ ਐਂਟਰੀ ਗੇਟ, ਟ੍ਰੈਫਿਕ ਲਾਈਟਾਂ, ਸਟ੍ਰੀਟ ਲਾਈਟਾਂ ਅਤੇ ਹਾਈ-ਮਾਸਟ ਲਾਈਟਾਂ, ਮੁਫ਼ਤ ਮੈਡੀਕਲ ਸਹੂਲਤ ਲਈ ਪਿੰਡਾਂ ਅਤੇ ਸ਼ਹਿਰਾਂ ਵਿੱਚ ਬਣੇ ਮੁਹੱਲਾ ਕਲੀਨਿਕ ਸਫਲਤਾਪੂਰਵਕ ਚੱਲ ਰਹੇ ਹਨ।ਉਨ੍ਹਾਂ ਦੱਸਿਆ ਕਿ ਟ੍ਰੈਫਿਕ ਦੀ ਸਮੱਸਿਆ ਨੂੰ ਦੇਖਦੇ ਅਤੇ ਲੋਕਾਂ ਦੀਆਂ ਜ਼ਰੂਰਤਾਂ ਨੂੰ ਇੱਕ ਥਾਂ 'ਤੇ ਹੀ ਪੂਰਾ ਕਰਨ ਲਈ ਤੰਗ ਜਗ੍ਹਾ ਤੋਂ ਬਾਹਰ ਕੱਢ ਕੇ ਬਣਾਈ ਨਵੀਂ ਤਹਿਸੀਲ ਬਣਾਈ ਗਈ, ਨਾਲ ਹੀ ਬਣ ਰਿਹਾ ਨਵਾਂ ਐੱਸ ਐੱਸ ਪੀ ਦਫ਼ਤਰ ਦੀ ਉਸਾਰੀ ਦਾ ਕੰਮ ਚੱਲ ਰਿਹਾ ਹੈ।ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਇਸੇ ਤਰ੍ਹਾਂ ਪਿੰਡਾਂ ਵਿੱਚ ਪੱਕੀਆਂ ਸੜਕਾਂ, ਪੱਕੇ ਸੂਏ, ਨੌਜਵਾਨਾਂ ਲਈ ਵਧੀਆ ਖੇਡ ਮੈਦਾਨ, ਨਵੇਂ ਜਿੰਮ ਅਤੇ ਖੇਡਾਂ ਨਾਲ ਜੁੜੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ ਹਨ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਵਲੋਂ ਹਰ ਵਰਗ ਦੀ ਭਲਾਈ ਲਈ ਲੋਕਪੱਖੀ ਨੀਤੀਆਂ ਲਾਗੂ ਕੀਤੀਆਂ ਗਈਆਂ ਹਨ।ਹਰ ਵਰਗ ਨੂੰ 600 ਯੂਨਿਟ ਮੁਫ਼ਤ ਬਿਜਲੀ, ਮਹਿਲਾਵਾਂ ਨੂੰ 1000-1500 ਰੁਪਏ ਮਹੀਨਾਵਾਰ ਸਹਾਇਤਾ, ਸਿੱਖਿਆ ਦੇ ਖੇਤਰ ਵਿੱਚ ਸੁਧਾਰ, ਸਕੂਲ ਆਫ਼ ਐਮੀਨੈਂਸ ਅਤੇ 10 ਲੱਖ ਦੇ ਮੈਡੀਕਲ ਕਾਰਡ ਵਰਗੀਆਂ ਸਰਕਾਰੀ ਸਹੂਲਤਾਂ, ਸ਼ਰਧਾਲੂਆਂ ਲਈ ਮੁਫ਼ਤ ਤੀਰਥ ਯਾਤਰਾ ਬੱਸਾਂ ਵੀ ਲੋਕਾਂ ਦੀ ਰੋਜ਼ਾਨਾ ਜ਼ਿੰਦਗੀ ਨਾਲ ਸਿੱਧੇ ਤੌਰ 'ਤੇ ਜੁੜੀਆਂ ਹਨ ਅਤੇ ਵਿਕਾਸ ਕਾਰਜ ਨਿਰੰਤਰ ਜਾਰੀ ਹਨ।

# ਕਰਾਟੇ 'ਚ ਅਰਜੁਨ ਸ਼ਰਮਾ ਨੇ ਜ਼ਿਲ੍ਹਾ ਤੇ ਪੰਜਾਬ ਪੱਧਰ 'ਤੇ ਮਾਰੀਆਂ ਮੱਲਾਂ



ਧਾਰੀਵਾਲ, (ਮਨਦੀਪ ਵਿੱਕੀ)-ਸ੍ਰੀ ਗੁਰੂ ਅਰਜਨ ਦੇਵ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਬੁਰਜ ਸਾਹਿਬ ਧਾਰੀਵਾਲ ਦੇ ਹੋਣਹਾਰ ਵਿਦਿਆਰਥੀ ਅਰਜੁਨ ਸ਼ਰਮਾ ਨੇ ਕਰਾਟੇ ਖੇਡ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਜ਼ਿਲ੍ਹਾ ਪੱਧਰ ਗੋਲਡ ਮੈਡਲ ਅਤੇ ਪੰਜਾਬ ਪੱਧਰੀ ਖੇਡਾਂ ਵਿੱਚ ਬਰੌਂਜ਼ ਮੈਡਲ ਜਿੱਤ ਕੇ ਆਪਣੇ ਸਕੂਲ ਅਤੇ ਮਾਤਾ ਪਿਤਾ ਦਾ ਨਾਮ ਰੌਸ਼ਨ ਕੀਤਾ।

ਜੇਤੂ ਖਿਡਾਰੀ ਅਰਜਨ ਸ਼ਰਮਾ ਦਾ ਸਕੂਲ ਪਹੁੰਚਣ ਪ੍ਰਿੰਸਪਲ ਅਨੂਪ ਸਿੰਘ ਅਤੇ ਸਾਰੇ ਸਟਾਫ ਨੇ ਨਿੱਘਾ ਸਵਾਗਤ ਕੀਤਾ।ਇਸ ਮੌਕੇ ਖੁਸ਼ੀ ਪ੍ਰਗਟ ਕਰਦਿਆਂ ਪ੍ਰਿੰਸੀਪਲ ਅਨੂਪ ਸਿੰਘ ਨੇ ਇਸ ਸ਼ਾਨਦਾਰ ਪ੍ਰਾਪਤੀ ਲਈ ਕਰਾਟੇ ਖਿਡਾਰੀ ਅਰਜੁਨ ਸ਼ਰਮਾ ਤੇ ਉਸ ਦੇ ਸਮੁੱਚੇ ਪਰਿਵਾਰ ਅਤੇ ਉਸ ਦੇ ਕੋਚ ਨੂੰ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਅੱਗੇ ਵਧਣ ਲਈ ਹੋਰ ਸਖਤ ਮਿਹਨਤ ਕਰਨ ਅਤੇ ਹੋਣ ਵਾਲੇ ਨੈਸ਼ਨਲ ਪੱਧਰੀ ਮੁਕਾਬਲੇ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਮ ਰੋਸ਼ਨ ਕਰਨ ਲਈ ਉਤਸ਼ਾਹਿਤ ਕੀਤਾ।ਇਸ ਮੌਕੇ ਸਮੂਹ ਸਟਾਫ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।

# ਲਖਵਿੰਦਰ ਸਿੰਘ ਪ੍ਰਿੰਗੜੀ ਪ੍ਰਧਾਨ ਤੇ ਬਿੱਲਾ ਸਿੰਘ ਦਿਹਾਤੀ ਮਜ਼ਦੂਰ ਸਭਾ ਦੇ ਸਕੱਤਰ ਨਿਯੁਕਤ



ਪੱਟੀ, (ਬਲਦੇਵ ਸਿੰਘ ਸੰਧੂ ਕਿਰਤੋਵਾਲ)-ਦਿਹਾਤੀ ਮਜ਼ਦੂਰ ਸਭਾ ਵਲੋਂ ਪਿੰਡ ਪ੍ਰਿੰਗੜੀ ਵਿਖੇ ਮਜ਼ਦੂਰਾਂ ਦੀ ਭਰਵੀਂ ਮੀਟਿੰਗ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਲਖਵਿੰਦਰ ਸਿੰਘ ਨੇ ਕੀਤੀ। ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਮਜ਼ਦੂਰ ਔਰਤਾਂ ਤੇ ਮਰਦ ਸ਼ਾਮਲ ਹੋਏ। ਮੀਟਿੰਗ ਨੂੰ ਸੰਬੋਧਨ ਕਰਦਿਆਂ ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲਾ ਸਕੱਤਰ ਚਮਨ ਲਾਲ ਦਰਾਜਕੇ ਨੇ ਪੰਜਾਬ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ ਗਰੀਬ ਲੋਕਾਂ ਨੂੰ ਪੰਚਾਇਤੀ ਜ਼ਮੀਨ ਵਿੱਚੋਂ ਦਸ ਦਸ ਮਰਲਿਆਂ ਦੇ ਪਲਾਟ ਅਲਾਟ ਕਰਕੇ ਦਿੱਤੇ ਜਾਣ ਅਤੇ ਘਰ ਬਣਾਉਣ ਲਈ ਪੰਜ ਲੱਖ ਦੀ ਗਰਾਂਟ ਦਿੱਤੀ ਜਾਵੇ, ਬੁਢਾਪਾ, ਅੰਗਹੀਣ, ਵਿਧਵਾ ਪੈਨਸ਼ਨ ਘੱਟੋ ਘੱਟ ਪੰਜ ਹਜ਼ਾਰ ਕੀਤੀ ਜਾਵੇ ਅਤੇ ਨਾਲ ਹੀ ਉਮਰ ਦੀ ਹੱਦ ਮਰਦ ਦੀ ਪੈਂਹਠ ਸਾਲ ਤੋਂ ਘਟਾ ਕੇ ਅਠਵੰਜਾ ਸਾਲ ਅਤੇ ਔਰਤ ਦੀ ਸੱਠ ਤੋਂ ਘਟਾ ਕੇ ਪਚਵੰਜਾ ਸਾਲ ਕੀਤੀ ਜਾਵੇ। ਮਨਰੇਗਾ ਸਕੀਮ ਤਹਿਤ ਸਾਰੇ ਪਰਿਵਾਰ ਨੂੰ ਸਾਰੇ ਸਾਲ ਕੰਮ ਦਿੱਤਾ ਜਾਵੇ ਅਤੇ ਦਿਹਾੜੀ ਸੱਤ ਸੌ ਰੁਪਿਆ ਦਿੱਤੀ ਜਾਵੇ ਅਤੇ ਇਕਵੰਜਾ ਹਜ਼ਾਰ ਸ਼ਗਨ ਸਕੀਮ ਲੜਕੀ ਦੇ ਵਿਆਹ ਵੇਲੇ ਦਿੱਤੀ ਜਾਂਦੀ ਹੈ ਉਹ ਰਕਮ ਲੜਕੀ ਦੇ ਜਨਮ ਵੇਲੇ ਦਿੱਤੀ ਜਾਵੇ।

ਜੇਕਰ ਪੰਜਾਬ ਸਰਕਾਰ ਨੇ ਮਜ਼ਦੂਰਾਂ ਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਦਿਹਾਤੀ ਮਜ਼ਦੂਰ ਸਭਾ ਵੱਲੋਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਮੀਟਿੰਗ ਦੇ ਅੰਤ ਵਿੱਚ ਦਿਹਾਤੀ ਮਜ਼ਦੂਰ ਸਭਾ ਵੱਲੋਂ ਬਰਾਂਚ ਪ੍ਰਿੰਗੜੀ ਦੀ ਚੋਣ ਕੀਤੀ ਗਈ ਜਿਸ ਵਿੱਚ ਲਖਵਿੰਦਰ ਸਿੰਘ ਪ੍ਰਧਾਨ, ਬਿੱਲਾ ਸਿੰਘ ਸਕੱਤਰ ਚੁਣੇ ਜਾਣ ਤੋਂ ਇਲਾਵਾ ਇੱਕੀ ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ।

ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਜਥੇਬੰਦੀ ਦੇ ਸੀਨੀਅਰ ਆਗੂ ਜਸਵੰਤ ਸਿੰਘ ਭੀਖੀਵਿੰਡ ਅਤੇ ਸੰਤੋਖ ਸਿੰਘ ਮਖੀਕਲਾਂ ਆਦਿ ਆਗੂ ਸ਼ਾਮਲ ਸਨ ।

# ਨਹੀਂ ਰਹੇ ਪੁੰਨਿਆ 'ਤੇ ਲੰਗਰ ਲਾਉਣ ਵਾਲੇ ਬਾਬਾ ਬਚਨ ਸਿੰਘ ਬੱਚੋ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਕਸਬਾ ਫਤਿਹਾਬਾਦ ਦੇ ਬਰਫ਼ ਵਾਲੇ ਕਾਰਖਾਨੇ ਨਜ਼ਦੀਕ ਲੰਮੇ ਸਮੇਂ ਤੋਂ ਪੁੰਨਿਆ ਦੇ ਦਿਹਾੜੇ ਮੌਕੇ ਲੰਗਰ ਦੀ ਸੇਵਾ ਕਰਨ ਵਾਲੇ ਬਾਬਾ ਬਚਨ ਸਿੰਘ ਬੱਚੋ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ।ਉਨ੍ਹਾਂ ਵਲੋਂ ਲੰਮੇ ਸਮੇਂ ਤੋਂ ਕੀਤੀ ਜਾ ਰਹੀ ਇਸ ਸੇਵਾ ਕਰਕੇ ਕਸਬਾ ਫਤਿਹਾਬਾਦ ਦਾ ਹਰ ਘਰ ਉਨ੍ਹਾਂ ਦੀ ਸੇਵਾ ਭਾਵਨਾ ਨੂੰ ਜਾਣਦਾ ਸੀ।ਸਮਾਜਸੇਵੀ ਡਾਕਟਰ ਸੁਖਵੰਤ ਸਿੰਘ ਭੱਪੀ ਨੇ ਉਨਾਂ ਦੇ ਪੁੱਤਰ ਗੁਰਦਿਆਲ ਸਿੰਘ, ਹਰਦਿਆਲ ਸਿੰਘ ਅਤੇ ਉਨ੍ਹਾਂ ਦੀ ਸੁਪਤਨੀ ਸਤਿੰਦਰ ਕੌਰ ਨਾਲ ਉਨ੍ਹਾਂ ਦੀ ਬੇਵਕਤੀ ਮੌਤ ਤੇ ਡੂੰਗੇ ਦੁੱਖ ਦਾ ਪ੍ਰਗਟਾਵਾ ਕੀਤਾ।ਡਾ. ਭੱਪੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਾਬਾ ਬਚਨ ਸਿੰਘ ਨਮਿਤ ਅੰਤਿਮ ਅਰਦਾਸ 14 ਅਕਤੂਬਰ ਦਿਨ ਬੁੱਧਵਾਰ ਨੂੰ ਗੁਰੂ ਅਮਰਦਾਸ ਲੰਗਰ ਹਾਲ ਫਤਿਹਾਬਾਦ ਵਿਖੇ ਹੋਵੇਗੀ ਜਿਥੇ ਸੰਗਤਾਂ ਨੂੰ ਪਹੁੰਚਣ ਦੀ ਬੇਨਤੀ ਹੈ ਅਤੇ ਜਿਥੋਂ ਤੱਕ ਹੋ ਸਕੇ ਪਰਿਵਾਰ ਦੀ ਮਾਲੀ ਸਹਾਇਤਾ ਕਰਨ ਦੀ ਬੇਨਤੀ ਕੀਤੀ ਜਾਂਦੀ ਹੈ।

# ਖੇਡਾਂ ਵਤਨ ਪੰਜਾਬ ਦੀਆਂ 'ਚ ਅਕਾਲ ਅਕੈਡਮੀ ਰਸੂਲਪੁਰ ਬੇਟ ਦਾ ਸ਼ਾਨਦਾਰ ਪ੍ਰਦਰਸ਼ਨ



ਧਾਰੀਵਾਲ, (ਮਨਦੀਪ ਵਿੱਕੀ)-ਕਲਗੀਧਰ ਟਰੱਸਟ ਬੜੂ ਸਾਹਿਬ ਦੁਆਰਾ ਸੰਚਾਲਿਤ ਅਕਾਲ ਅਕੈਡਮੀ ਰਸੂਲਪੁਰ ਬੇਟ ਦੇ ਵਿਦਿਆਰਥੀਆਂ ਨੇ 'ਖੇਡਾਂ ਵਤਨ ਪੰਜਾਬ ਦੀਆਂ' ਦੇ ਵੱਖ-ਵੱਖ ਗੱਤਕਾ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਈ ਮਾਣਮੱਤੀਆਂ ਪ੍ਰਾਪਤੀਆਂ ਹਾਸਲ ਕੀਤੀਆਂ ਅਤੇ ਸਟੇਟ ਪੱਧਰੀ ਮੁਕਾਬਲਿਆਂ ਲਈ ਚੋਣ ਹਾਸਲ ਕੀਤੀ। ਵਿਦਿਆਰਥੀਆਂ ਦੀ ਇਸ ਸ਼ਾਨਦਾਰ ਪ੍ਰਾਪਤੀ ਨਾਲ ਅਕੈਡਮੀ ਦਾ ਨਾਮ ਰੌਸ਼ਨ ਹੋਇਆ ਅਤੇ ਉਨ੍ਹਾਂ ਦੀ ਮਿਹਨਤ, ਅਨੁਸ਼ਾਸਨ ਅਤੇ ਖੇਡ ਭਾਵਨਾ ਦੀ ਝਲਕ ਦੇਖਣ ਨੂੰ ਮਿਲੀ।ਅੰਡਰ-14 ਲੜਕੀਆਂ ਦੇ ਵਰਗ ਵਿੱਚ ਨਵਜੀਤ ਕੌਰ, ਨਵਨੀਤ ਕੌਰ ਅਤੇ ਗੁਰਪ੍ਰੀਤ ਕੌਰ ਨੇ ਸਿੰਗਲ ਸੋਟੀ ਟੀਮ ਮੁਕਾਬਲੇ ਵਿੱਚ ਦੂਜਾ ਸਥਾਨ ਹਾਸਲ ਕੀਤਾ।ਇਸੇ ਮੁਕਾਬਲੇ ਵਿੱਚ ਨਵਜੀਤ ਕੌਰ ਨੇ ਵਿਅਕਤੀਗਤ ਵਰਗ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ।ਅੰਡਰ-14 ਫਰੀ ਸੋਟੀ ਟੀਮ ਮੁਕਾਬਲੇ ਵਿੱਚ ਕਮਲਪ੍ਰੀਤ ਕੌਰ, ਤਰਨਬੀਰ ਕੌਰ ਅਤੇ ਮਹਿਕ ਨੇ ਦੂਜਾ ਸਥਾਨ ਹਾਸਲ ਕੀਤਾ।ਤਰਨਬੀਰ ਕੌਰ ਨੇ ਵਿਅਕਤੀਗਤ ਵਰਗ ਵਿੱਚ ਵੀ ਦੂਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਸੁਪ੍ਰੀਤ ਕੌਰ ਅਤੇ ਪਲਵਿੰਦਰ ਕੌਰ ਨੇ ਫਰੀ ਸੋਟੀ ਟੀਮ ਮੁਕਾਬਲੇ ਵਿੱਚ ਦੂਜਾ ਸਥਾਨ ਹਾਸਲ ਕੀਤਾ, ਜਦਕਿ ਸੁਪ੍ਰੀਤ ਕੌਰ ਨੇ ਵਿਅਕਤੀਗਤ ਵਰਗ ਵਿੱਚ ਵੀ ਦੂਜਾ ਸਥਾਨ ਪ੍ਰਾਪਤ ਕੀਤਾ।ਅੰਡਰ-14 ਲੜਕਿਆਂ ਦੇ ਵਰਗ ਵਿੱਚ ਪਵਿੱਤਰ ਸਿੰਘ ਨੇ ਫਰੀ ਸੋਟੀ ਟੀਮ ਮੁਕਾਬਲੇ ਵਿੱਚ ਤੀਜਾ ਸਥਾਨ ਹਾਸਲ ਕੀਤਾ।ਜਸਕਰਨ ਸਿੰਘ ਅਤੇ ਸੰਦੀਪ ਸਿੰਘ ਨੇ ਟੀਮ ਡੈਮੋ ਮੁਕਾਬਲੇ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦਕਿ ਕਮਲਪ੍ਰੀਤ ਸਿੰਘ ਨੇ ਫਰੀ ਸੋਟੀ ਟੀਮ ਮੁਕਾਬਲੇ ਵਿੱਚ ਤੀਜਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ ਨਵਜੋਤ ਸਿੰਘ ਅਤੇ ਅਵਤਾਰ ਸਿੰਘ ਨੇ ਟੀਮ ਡੈਮੋ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਅਕੈਡਮੀ ਦਾ ਮਾਣ ਵਧਾਇਆ। ਵਿਦਿਆਰਥੀਆਂ ਦੀ ਇਹ ਸ਼ਾਨਦਾਰ ਕਾਰਗੁਜ਼ਾਰੀ ਉਨ੍ਹਾਂ ਦੀ ਸਖ਼ਤ ਮਿਹਨਤ, ਅਨੁਸ਼ਾਸਨ, ਟੀਮ ਵਰਕ ਅਤੇ ਗੱਤਕੇ ਪ੍ਰਤੀ ਸਮਰਪਣ ਨੂੰ ਦਰਸਾਉਂਦੀ ਹੈ।ਉਨ੍ਹਾਂ ਦੀਆਂ ਇਨ੍ਹਾਂ ਪ੍ਰਾਪਤੀਆਂ ਨਾਲ ਅਕਾਲ ਅਕੈਡਮੀ ਰਸੂਲਪੁਰ ਬੇਟ ਵਿੱਚ ਖੁਸ਼ੀ ਅਤੇ ਮਾਣ ਦਾ ਮਾਹੌਲ ਬਣਿਆ ਹੋਇਆ ਹੈ। ਅਕੈਡਮੀ ਦੀ ਪ੍ਰਿੰਸੀਪਲ ਅਮਨਦੀਪ ਕੌਰ ਭੰਗੂ ਨੇ ਜੇਤੂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਕੋਚ ਪ੍ਰਦੀਪ ਸਿੰਘ ਸੇਵਕ ਨੂੰ ਇਹ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ ਅਤੇ ਆਉਣ ਵਾਲੇ ਸਟੇਟ ਪੱਧਰੀ ਮੁਕਾਬਲਿਆਂ ਲਈ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਪੂਰੀ ਮਿਹਨਤ ਅਤੇ ਲਗਨ ਨਾਲ ਖੇਡਾਂ ਵਿੱਚ ਅੱਗੇ ਵਧਣ ਅਤੇ ਖੇਡ ਭਾਵਨਾ ਨੂੰ ਕਾਇਮ ਰੱਖਣ ਲਈ ਪ੍ਰੇਰਿਤ ਕੀਤਾ ਗਿਆ।

# ਸੰਤ ਬਾਬਾ ਸੁਖਬੀਰ ਸਿੰਘ ਕਾਰ ਸੇਵਾ ਵਾਲੇ ਕੋਟਲਾ ਭਰਾਵਾਂ ਦੇ ਗ੍ਰਹਿ ਪਹੁੰਚੇ



ਤ ਰ ਸਿ ੱ ਕ ਾ , (ਤਰਸੇਮ ਸਿੰਘ ਸਾਧਪੁਰ)-ਅਕਾਲੀ ਦਲ ਵਾਰਸ ਪੰਜਾਬ ਦੇ ਸੀਨੀਅਰ ਆਗੂ ਭਾਈ ਬਿਕਰਮਜੀਤ ਸਿੰਘ ਕੋਟਲਾ ਅਤੇ ਸਾਬਕਾ ਵਿਧਾਇਕ ਡਾਕਟਰ ਦਲਬੀਰ ਸਿੰਘ ਵੇਰਕਾ ਦੇ ਗ੍ਰਹਿ ਵਿਖੇ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਮੱਖਣਵਿੰਡੀ ਨਾਲ ਸਬੰਧਤ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਮੱਖਣ ਵਿੰਡੀ ਦੇ ਬਾਬਾ ਸੁਖਬੀਰ ਸਿੰਘ ਕਾਰ ਸੇਵਾ ਵਾਲੇ ਕੋਟਲਾ ਭਰਾਵਾਂ ਨੂੰ ਅਸ਼ੀਰਵਾਦ ਦੇਣ ਲਈ ਪਹੁੰਚੇ ਜਿਨਾਂ ਨੂੰ ਜੀ ਆਇਆ ਕਹਿੰਦਿਆਂ ਸਾਬਕਾ ਵਿਧਾਇਕ ਡਾਕਟਰ ਦਲਬੀਰ ਸਿੰਘ ਵੇਰਕਾ ਵੱਲੋਂ ਸਰੋਪੇ ਪਾ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਡਾਕਟਰ ਵੇਰਕਾ ਨੇ ਕਿਹਾ ਕਿ ਪੰਜਾਬ ਵਿੱਚ ਬਾਗ ਰਹੇ ਨਸ਼ਿਆਂ ਦੇ ਛੇਵੇਂ ਦਰਿਆ ਨੂੰ ਠੱਲ੍ਹ ਪਾਉਣ ਵਿੱਚ ਪੰਜਾਬ ਸਰਕਾਰ ਨਾਕਾਮ ਰਹੀ ਹੈ। ਪੰਜਾਬ ਬੇਰੁਜ਼ਗਾਰੀ, ਲੁੱਟ ਖੋਹਾਂ, ਕਤਲੋਗਾਰਤ ਦਾ ਸ਼ਿਕਾਰ ਹੁੰਦਾ ਜਾ ਰਿਹਾ ਹੈ ਜਿਸ ਤੋਂ ਬਚਣ ਲਈ ਪੰਜਾਬ ਦੇ ਲੋਕ ਭਾਈ ਅੰਮ੍ਰਿਤਪਾਲ ਸਿੰਘ ਅਤੇ ਉਨ੍ਹਾਂ ਦੀ ਪਾਰਟੀ ਅਕਾਲੀ ਦਲ ਵਾਰਸ ਪੰਜਾਬ ਦੇ ਨਾਲ ਜੁੜ ਰਹੇ ਹਨ ਕਿਉਂਕਿ ਉਨ੍ਹਾਂ ਨੂੰ ਇਸ ਗੱਲ ਦਾ ਪਤਾ ਹੈ ਕਿ ਪੰਜਾਬ ਵਿੱਚੋਂ ਇਹਨਾਂ ਬੁਰਾਈਆਂ ਨੂੰ ਸਿਰਫ ਤੇ ਸਿਰਫ ਅਕਾਲੀ ਦਲ ਵਾਰਸ ਪੰਜਾਬ ਹੀ ਖਤਮ ਕਰ ਸਕਦਾ ਹੈ। ਇਸ ਮੌਕੇ ਮਨਜੀਤ ਸਿੰਘ, ਜਸਵੰਤ ਸਿੰਘ, ਹਰਜੀਤ ਸਿੰਘ, ਧਿਆਨ ਸਿੰਘ ਛੀਨਾ, ਸੁਖਵਿੰਦਰ ਸਿੰਘ, ਲਖਬੀਰ ਸਿੰਘ ਸੋਢੀ, ਲਖਵਿੰਦਰ ਸਿੰਘ ਜੌਹਲ, ਅਵਤਾਰ ਸਿੰਘ ਆਦਿ ਆਗੂ ਵੀ ਹਾਜ਼ਰ ਸਨ ।



*ਸ਼੍ਰੀ ਰਾਮ ਭਗਤ ਸੁਗ੍ਰੀਵ ਹਨੂੰਮਾਨ ਸੈਨਾ ਵੱਲੋਂ ਸ਼ਕਤੀ ਨਗਰ ਵਿਚ ਨਰਾਤਿਆਂ ਸੰਬੰਧੀ ਕਰਵਾਏ ਜਾ ਰਹੇ ਸਮਾਗਮਾਂ ਲਈ ਸਮਾਜ ਸੇਵਕ ਤੇ ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਪੰਜਾਬ ਮੁਖੀ ਅਨੁਜ ਖੇਮਕਾ ਨੂੰ ਸੱਦਾ ਪੱਤਰ ਭੇਟ ਕਰਦੇ ਹੋਏ ਸਾਹਿਲ ਮੱਟੂ, ਗੌਰਵ ਕੱਕੜ, ਰੋਹਨ ਤੇ ਹੋਰ। (ਤਸਵੀਰ ਤੇ ਵੇਰਵਾ : ਮਨੋਜ ਕੁਮਾਰ, ਛੇਹਰਟਾ।)*

# ਮਲਕੀਤ ਸਿੰਘ ਫੌਜੀ ਨੂੰ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ



ਮੋਗਾ, (ਇਕਬਾਲ ਸਿੰਘ ਖਹਿਰਾ)-ਪੱਤਰਕਾਰ ਸਰਬਜੀਤ ਸਿੰਘ ਰੌਲੀ ਦੇ ਪਿਤਾ 83 ਸਾਲਾ ਸਰਦਾਰ ਮਲਕੀਤ ਸਿੰਘ ਫੌਜੀ ਸੰਖੇਪ ਬਿਮਾਰੀ ਉਪਰੰਤ ਪਰਿਵਾਰ ਨੂੰ ਸਦੀਵੀ ਵਿਛੋੜਾ ਦੇ ਗਏ ਸਨ।ਉਨ੍ਹਾਂ ਦਾ ਅੰਤਿਮ ਸੰਸਕਾਰ ਉਨ੍ਹਾਂ ਦੇ ਜੱਦੀ ਪਿੰਡ ਰੌਲੀ ਵਿਖੇ ਸਰਕਾਰੀ ਸਨਮਾਨ ਨਾਲ ਕੀਤਾ ਗਿਆ।ਇਸ ਮੌਕੇ ਫੌਜ ਦੇ ਅਧਿਕਾਰੀਆਂ ਵੱਲੋਂ ਉਨ੍ਹਾਂ ਨੂੰ ਰੀਥ ਭੇਟ ਕਰਕੇ ਅੰਤਿਮ ਸ਼ਰਧਾਂਜਲੀ ਦਿੱਤੀ ਗਈ।ਚਿਤਾ ਨੂੰ ਅਗਨੀ ਉਨ੍ਹਾਂ ਦੇ ਸਪੁੱਤਰਾਂ ਪੱਤਰਕਾਰ ਸਰਬਜੀਤ ਸਿੰਘ ਰੌਲੀ, ਗੁਰਮੀਤ ਸਿੰਘ ਅਤੇ ਸੁਖਵਿੰਦਰ ਸਿੰਘ ਵੱਲੋਂ ਦਿੱਤੀ ਗਈ।ਇਸ ਦੁੱਖ ਦੀ ਘੜੀ ਵਿੱਚ ਬਾਬਾ ਗੁਰਮੀਤ ਸਿੰਘ ਖੋਸਾ ਕੋਟਲਾ ਵਾਲੇ, ਬਾਬਾ ਹਰਵਿੰਦਰ ਸਿੰਘ ਖਾਲਸਾ ਰੌਲੀ ਵਾਲੇ, ਸੀਨੀਅਰ ਅਕਾਲੀ ਆਗੂ ਦਲਜੀਤ ਸਿੰਘ ਚੀਮਾ, ਸਾਬਕਾ ਪੰਜਾਬ ਰਾਜ ਸੂਚਨਾ ਕਮਿਸ਼ਨਰ ਤੇ ਸੀਨੀਅਰ ਭਾਜਪਾ ਆਗੂ ਨਿੱਧੜਕ ਸਿੰਘ ਬਰਾੜ, ਸ਼੍ਰੋਮਣੀ ਅਕਾਲੀ ਦਲ ਹਲਕਾ ਨਿਹਾਲ ਸਿੰਘ ਵਾਲਾ ਦੇ ਇੰਚਾਰਜ ਰਾਜਵਿੰਦਰ ਸਿੰਘ ਧਰਮਕੋਟ, ਕਾਂਗਰਸ ਹਲਕਾ ਮੋਗਾ ਦੀ ਇੰਚਾਰਜ ਮਾਲਵਿਕਾ ਸੂਦ, ਸਰਪੰਚ ਅਜੀਤ ਪਾਲ ਰਣੀਆ, ਸਰਪੰਚ ਜਗਰਾਜ ਸਿੰਘ ਰਾਜਾ ਰੌਲੀ, ਸਰਪੰਚ ਜੋਗਿੰਦਰ ਸਿੰਘ ਗਿੱਲ ਰੌਲੀ, ਕੌਂਸਲਰ ਮਨਜੀਤ ਧੰਮੂ, ਸੁਖਰਾਜ ਸਿੰਘ, ਡਾ ਬਰਜਿੰਦਰ ਸਿੰਘ, ਡਾ. ਖੁਸ਼ਦੀਪ ਸਿੰਘ, ਡਾ. ਗੁਰਲਵਨੀਨ ਸਿੰਘ, ਅੰਗਰੇਜ਼ ਸਿੰਘ ਸੰਘਾ ਸੀਨੀਅਰ ਕਾਂਗਰਸੀ ਆਗੂ, ਐਡਵੋਕੇਟ ਰਵਿੰਦਰ ਸਿੰਘ, ਰਵੀ ਗਰੇਵਾਲ, ਸੀਨੀਅਰ ਕਾਂਗਰਸੀ ਆਗੂ ਇੰਦਰਜੀਤ ਸਿੰਘ ਤਲਵੰਡੀ ਭੰਗੇਰੀਆਂ, ਸੀਨੀਅਰ ਅਕਾਲੀ ਆਗੂ ਚਰਨਜੀਤ ਸਿੰਘ ਝਾਲਾ, ਜੱਗਾ ਪੰਡਤ, ਇੰਦਰਜੀਤ ਸਿੰਘ ਬੁੱਧ ਸਿੰਘ ਵਾਲਾ, ਜਗਦੀਪ ਸਿੰਘ ਬਰਾੜ, ਅੰਗਰੇਜ਼ ਸੰਘਾ, ਰਾਜਵੀਰ ਸਿੰਘ ਮੰਤਰੀ, ਲਕਸ਼ਿਤ ਐਰਨ, ਪੱਤਰਕਾਰ ਸੁਰਿੰਦਰ ਪਾਲ ਸਿੰਘ, ਪੱਤਰਕਾਰ ਨਵਦੀਪ ਮਹੇਸਰੀ, ਪੱਤਰਕਾਰ ਜਸਪਾਲ ਸਿੰਘ ਬੱਬੀ, ਪੱਤਰਕਾਰ ਵਿਪਨ ਓਕਾੜਾ, ਪੱਤਰਕਾਰ ਦੀਪਕ ਸਿੰਗਲਾ, ਪੱਤਰਕਾਰ ਲਛਮਣਜੀਤ ਸਿੰਘ ਪੁਰਬਾ, ਪੱਤਰਕਾਰ ਗੁਰਦੇਵ ਸਿੰਘ ਭੰਮ, ਨਵਦੀਪ ਸਿੰਗਲਾ, ਪੱਤਰਕਾਰ ਸੰਜੀਵ ਅਰੋੜਾ, ਹਰਪਾਲ ਸਿੰਘ ਸਹਾਰਨ, ਵਿਪਨ ਓਕਾੜਾ, ਡਾ. ਸੰਦੀਪ ਕੁਮਾਰ, ਤਨਮਯ ਮਹੰਤਾ, ਰਾਜੂ ਪਾਸੀ, ਨਿਸਾਰ ਸੇਠੀ ਤੋਂ ਇਲਾਵਾ ਵੱਖ-ਵੱਖ ਪਿੰਡਾਂ ਦੇ ਪੰਚ, ਸਰਪੰਚ ਅਤੇ ਵੱਡੀ ਗਿਣਤੀ ਵਿੱਚ ਪਿੰਡ ਦੇ ਪਤਵੰਤੇ ਹਾਜ਼ਰ ਸਨ।ਸਰਦਾਰ ਮਲਕੀਤ ਸਿੰਘ ਫੌਜੀ ਦੇ ਫੁੱਲਾਂ ਦੀ ਰਸਮ 7 ਅਕਤੂਬਰ ਦਿਨ ਬੁੱਧਵਾਰ ਸਵੇਰੇ 9 ਵਜੇ ਹੋਵੇਗੀ।

# ਅੰਤਰਰਾਸ਼ਟਰੀ ਕਵੀ ਦਰਬਾਰ, ਪੁਸਤਕ ਲੋਕ-ਅਰਪਣ ਤੇ ਸਨਮਾਨ ਸਮਾਰੋਹ



ਜੈਂਤੀਪੁਰ, ਬਟਾਲਾ (ਸੁਖਬੀਰ ਸਿੱਧੂ, ਤਰਲੋਕ ਬੱਗਾ)-ਵਿਸ਼ਵ ਪੰਜਾਬੀ ਸਭਾ ਕੈਨੇਡਾ ਦੀ ਭਾਰਤ ਇਕਾਈ ਦੇ ਪ੍ਰਧਾਨ ਸਤਬੀਰ ਸਿੰਘ ਸਿਫ਼ਰ ਵੱਲੋਂ ਔਰਾ ਵਰਲਡਵਾਈਡ ਐਂਟਰਪ੍ਰਾਈਜ਼ਜ਼ ਦੇ ਪ੍ਰਧਾਨ ਡਾ. ਨਿਧੀ ਪਾਠਕ ਦੇ ਸਹਿਯੋਗ ਨਾਲ ਅਮੀਰਾ ਫ਼ਾਰਮ, ਏਅਰਪੋਰਟ ਰੋਡ, ਅੰਮ੍ਰਿਤਸਰ ਵਿਖੇ ਅੰਤਰਰਾਸ਼ਟਰੀ ਕਵੀ ਦਰਬਾਰ, ਪੁਸਤਕ ਲੋਕ-ਅਰਪਣ ਅਤੇ ਸਨਮਾਨ ਸਮਾਰੋਹ ਕਰਵਾਇਆ ਗਿਆ। ਸਮਾਗਮ ਵਿੱਚ ਪੰਜਾਬੀ ਸਾਹਿਤ, ਕਵਿਤਾ ਅਤੇ ਸੱਭਿਆਚਾਰ ਨਾਲ ਜੁੜੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ।ਸਮਾਗਮ ਦੀ ਮੁੱਖ ਮਹਿਮਾਨ ਅੰਤਰਰਾਸ਼ਟਰੀ ਸ਼ਾਇਰਾ ਕੁਲਵੰਤ ਕੌਰ ਚੰਨ (ਫ਼ਰਾਂਸ) ਸਨ।ਮਹਿਮਾਨ-ਏ-ਖ਼ਾਸ ਵਜੋਂ ਸਤਬੀਰ ਸਿੰਘ, ਪ੍ਰਧਾਨ ਵਿਸ਼ਵ ਪੰਜਾਬੀ ਸਭਾ ਕੈਨੇਡਾ-ਭਾਰਤ ਇਕਾਈ ਅਤੇ ਸਰਦਾਰਨੀ ਜਾਗੀਰ ਕੌਰ ਮੀਰਾਂ ਕੋਟ ਨੇ ਸ਼ਿਰਕਤ ਕੀਤੀ।ਸਮਾਗਮ ਦੀ ਪ੍ਰਧਾਨਗੀ ਨੈਸ਼ਨਲ ਐਵਾਰਡੀ ਡਾ. ਪਰਮਜੀਤ ਸਿੰਘ ਕਲਸੀ, ਜ਼ਿਲ੍ਹਾ ਭਾਸ਼ਾ ਅਫ਼ਸਰ (ਸਾ.), ਗੁਰਦਾਸਪੁਰ ਤੇ ਅੰਮ੍ਰਿਤਸਰ ਵੱਲੋਂ ਕੀਤੀ ਗਈ।ਇਸ ਮੌਕੇ ਵਿਸ਼ੇਸ਼ ਮਹਿਮਾਨਾਂ ਵਿੱਚ ਨਾਮੀ ਸ਼ਾਇਰ ਤੇ ਵਿਦਵਾਨ ਆਲੋਚਕ ਡਾ. ਸੋਹਿੰਦਰਬੀਰ ਸਿੰਘ, ਕਮੇਡੀਅਨ ਘੁੱਲੇ ਸ਼ਾਹ, ਫ਼ਿਲਮੀ ਆਰਟਿਸਟ ਚਾਚਾ ਬਿਸ਼ਨਾ ਅਤੇ ਡਾ. ਨਿਧੀ ਪਾਠਕ, ਪ੍ਰਧਾਨ ਔਰਾ ਵਰਲਡਵਾਈਡ ਐਂਟਰਪ੍ਰਾਈਜ਼ਜ਼, ਡਾਕਟਰ ਪ੍ਰਭਜੋਤ ਕੌਰ ਸਟੇਟ ਲਾਇਬਰੇਰੀਨ, ਰਣਜੀਤ ਸਿੰਘ ਚੰਨ (ਫ਼ਰਾਂਸ) ਸ਼ਾਮਲ ਸਨ। ਇਸ ਤੋਂ ਇਲਾਵਾ ਪੰਜਾਬੀ ਲੋਕ-ਗਾਇਕਾ ਗਲੋਰੀ ਬਾਵਾ, ਅਰਵਿੰਦ ਭੁੱਲਰ (ਨਾਚੀਜ਼ ਸ਼ਾਇਰਾ), ਮੈਨੇਜਰ ਅਤਰ ਸਿੰਘ ਅਤੇ ਔਜਲਾ ਬਰਦਰਜ਼ ਨੇ ਵਿਸ਼ੇਸ਼ ਆਮਦ ਨਾਲ ਸਮਾਗਮ ਦੀ ਰੌਣਕ ਵਧਾਈ।ਸਮਾਗਮ ਦੌਰਾਨ ਤਿੰਨ ਪੁਸਤਕਾਂ ਦਾ ਲੋਕ-ਅਰਪਣ ਵੀ ਕੀਤਾ ਗਿਆ।ਇਨ੍ਹਾਂ ਵਿੱਚ 'ਲਫ਼ਜ਼ਾਂ ਦੀ ਮਰਹਮ' (ਸੰਪਾਦਕਾ: ਗਲੋਰੀ ਬਾਵਾ, ਕਵਿਤਰੀ: ਅਰਵਿੰਦ ਭੁੱਲਰ), 'ਆਤਿਸ਼-ਏ-ਗੁਲ' (ਮੈਨੇਜਰ ਅਤਰ ਸਿੰਘ) ਅਤੇ 'ਥਾਈਲੈਂਡ ਦੀ ਯਾਤਰਾ' (ਅਸਪਾਲ) ਸ਼ਾਮਲ ਸਨ।ਇਸ ਮੌਕੇ ਕਵੀਆਂ ਅਤੇ ਲੇਖਕਾਂ ਵੱਲੋਂ ਆਪਣੀਆਂ ਰਚਨਾਵਾਂ ਦੀ ਪੇਸ਼ਕਾਰੀ ਕੀਤੀ ਗਈ ਅਤੇ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਦੇ ਪ੍ਰਚਾਰ-ਪ੍ਰਸਾਰ ਸਬੰਧੀ ਵਿਚਾਰ-ਵਟਾਂਦਰਾ ਵੀ ਕੀਤਾ ਗਿਆ।ਸਮਾਗਮ ਦੌਰਾਨ ਸਾਹਿਤਕ ਅਤੇ ਸੱਭਿਆਚਾਰਕ ਖੇਤਰ ਵਿੱਚ ਯੋਗਦਾਨ ਪਾਉਣ ਵਾਲੀਆਂ ਸ਼ਖ਼ਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਗਿਆ।ਪ੍ਰਬੰਧਕਾਂ ਵੱਲੋਂ ਸਮੂਹ ਕਵੀਆਂ, ਲੇਖਕਾਂ, ਸਾਹਿਤ ਪ੍ਰੇਮੀਆਂ ਅਤੇ ਪੰਜਾਬੀ ਮਾਂ-ਬੋਲੀ ਨਾਲ ਪਿਆਰ ਕਰਨ ਵਾਲਿਆਂ ਦਾ ਹਾਰਦਿਕ ਧੰਨਵਾਦ ਕੀਤਾ ਗਿਆ।ਸਮਾਗਮ ਦੇ ਕੋਆਰਡੀਨੇਟਰ ਅਤੇ ਸੰਚਾਲਕ ਡਾ. ਜਸਵਿੰਦਰ ਕੌਰ ਨੇ ਮੰਚ ਸੰਚਾਲਨ ਕੀਤਾ।ਇਸ ਸਮਾਰੋਹ ਵਿੱਚ ਹੋਰਨਾਂ ਤੋਂ ਇਲਾਵਾ ਰਾਜਬੀਰ ਕੌਰ ਬੀਰ ਗਰੇਵਾਲ, ਸਰਵਣ ਸਿੰਘ ਔਜਲਾ, ਨਰਮਲ ਕੌਰ ਕੋਟਲਾ, ਹਰਪ੍ਰੀਤ ਕੌਰ ਰੀਤ, ਜਸਬੀਰ ਕੌਰ ਜੱਸ, ਕੰਵਲਪ੍ਰੀਤ ਕੌਰ ਥਿੰਦ,ਬਲਵਿੰਦਰ ਕੌਰ ਪੰਧੇਰ, ਸਤਿੰਦਰਜੀਤ ਕੌਰ, ਗਗਨਦੀਪ ਸਿੰਘ ਸਰਾਂ, ਗੁਰਦੀਪ ਗੋਲਡੀ, ਕਵਲਪ੍ਰੀਤ ਕੌਰ ਥਿੰਦ, ਜਸਬੀਰ ਸਿਡਾਨਾ, ਸੁਖਚੈਨ ਸਿੰਘ, ਚਰਨਜੀਤ ਕੌਰ, ਬਲਜੀਤ ਕੌਰ, ਨਿਰਮਲ ਕੋਟਲਾ, ਸਤਿੰਦਰ ਸਿੰਘ ਓਠੀ, ਰਾਜਬੀਰ ਕੌਰ ਗਰੇਵਾਲ, ਗਗਨਦੀਪ ਕੌਰ, ਡਾ ਪ੍ਰਭਜੋਤ ਕੌਰ ਸੰਧੂ, ਪ੍ਰੋ. ਹੀਰਾ ਸਿੰਘ (ਤਰਨ ਤਾਰਨ), ਮੈਨੇਜਰ ਅਤਰ ਸਿੰਘ, ਡਾ. ਸੁਹਿੰਦਰਬੀਰ ਸਿੰਘ, ਜਤਿੰਦਰ ਕੌਰ, ਰਵਿੰਦਰ ਕੌਰ ਸਟੇਟ ਐਵਾਰਡੀ, ਹਰਦੇਵ ਸਿੰਘ ਜੀ, ਕਰਨੈਲ ਸਿੰਘ ਆਦਿ ਹਾਜ਼ਰ ਸਨ।


AXIS BANK LTD. ਰਿਟੇਲ ਐਸੇਟ ਸੈਂਟਰ ਦੂਜੀ ਅਤੇ ਤੀਜੀ ਮੰਜ਼ਿਲ, ਜਾਇਦਾਦ ਨੰ. 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001

ਕਾਰਪੋਰੇਟ ਦਫਤਰ : "ਐਕਸਿਸ ਹਾਊਸ", ਸੀ-2 ਵਾਡੀਆ ਇੰਟਰਨੈਸ਼ਨਲ ਸੈਂਟਰ, ਪਾਂਡੂਰੰਗ ਬੁਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ : "ਤ੍ਰਿਸ਼ੂਲ" ਤੀਸਰੀ ਮੰਜ਼ਿਲ, ਸਾਹਮਣੇ ਸਮਰਥੇਸ਼ਵਰ ਮੰਦਰ ਲਾਅ ਗਾਰਡਨ, ਐਲਿਸਬਰਿਜ, ਅਹਿਮਦਾਬਾਦ-380006

**ਅਚੱਲ ਜਾਇਦਾਦ ਦੀ ਵਿਕਰੀ ਲਈ ਈ-ਨਿਲਾਮੀ ਵਿਕਰੀ ਨੋਟਿਸ**

ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲ 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਓਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਓਰਟੀ ਇੰਟਰੈਸਟ ਐਕਟ 2002 ਤਹਿਤ ਅਚੱਲ ਐੱਸਟਸ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ

ਆਮ ਜਨਤਾ ਅਤੇ ਖਾਸ ਕਰ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਈ ਅਚੱਲ ਜਾਇਦਾਦ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜਡ ਹੈ, ਜਿਸ ਦਾ ਭੌਤਿਕ ਕਬਜ਼ਾ ਅਧਿਕਾਰਤ ਅਫਸਰ ਸਕਿਉਰਡ ਕ੍ਰੈਡਿਟਰ ਵੱਲੋਂ ਪ੍ਰਾਪਤ ਕਰ ਲਿਆ ਗਿਆ ਹੈ, ਦੀ ਵਿਕਰੀ (1) ਸ੍ਰੀਮਤੀ ਨੀਲਮ ਪਤਨੀ ਰਾਜੂ (2) ਸ੍ਰੀ ਰਾਜੂ ਪੁੱਤਰ ਮੋਹਨ ਲਾਲ ਸਿੰਘ ਤੋਂ ਸਕਿਉਰਡ ਕ੍ਰੈਡਿਟਰ ਦੀ 21 ਅਗਸਤ 22 ਨੂੰ ਬਕਾਇਆ ਰਕਮ ਰੁਪਏ 17,13,321/- (ਸਤਾਰਾਂ ਲੱਖ ਤੇਰਾਂ ਹਜ਼ਾਰ ਤਿੰਨ ਸੌ ਇੱਕੀ ਰੁਪਏ ਕੇਵਲ) ਸਮੇਤ ਅਸਲ ਅਦਾਇਗੀ ਦੀ ਮਿਤੀ ਤੱਕ ਅਣਲਾਗੂਯੋਗ ਵਿਆਜ ਅਤੇ ਹੋਰ ਚਾਰਜਿਜ਼ ਦੀ ਵਸੂਲੀ ਲਈ "ਜਿਵੇਂ ਹੈ ਜਿੱਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਉੱਥੇ ਜੋ ਵੀ ਹੈ" ਦੇ ਅਧਾਰ 'ਤੇ 23 ਅਕਤੂਬਰ 2026 ਨੂੰ ਕੀਤੀ ਜਾਵੇਗੀ। ਜ਼ਰੂਰੀ ਵੇਰਵਿਆਂ ਲਈ ਕਿਰਪਾ ਕਰਕੇ ਨਿਲਾਮੀ ਸਾਰਣੀ ਦਾ ਹਵਾਲਾ ਲਿਆ ਜਾਵੇ।

| | |
|---|---|
| ਜਾਣਕਾਰੀ 'ਚ ਜੋਖਮ (ਜੇਕਰ ਕੋਈ ਹੈ) | ਕੋਈ ਨਹੀਂ |
| ਰਾਖਵੀਂ ਕੀਮਤ (ਰੁਪਏ 'ਚ) | ਰੁਪਏ 15,71,200/- (ਪੰਦਰਾਂ ਲੱਖ ਇਕੱਤਰ ਹਜ਼ਾਰ ਦੋ ਸੌ ਰੁਪਏ ਕੇਵਲ) |
| ਬਿਆਨਾ ਰਕਮ ਡਿਪਾਜ਼ਟ (ਰੁਪਏ 'ਚ) | ਰੁਪਏ 1,57,120/- (ਇੱਕ ਲੱਖ ਸਤਵੰਜਾ ਹਜ਼ਾਰ ਇੱਕ ਸੌ ਵੀਹ ਰੁਪਏ ਕੇਵਲ) ਡੀ ਡੀ/ਪੀ ਓ ਰਾਹੀਂ "ਐਕਸਿਸ ਬੈਂਕ ਲਿਮਟਿਡ" ਦੇ ਹੱਕ 'ਚ |
| ਬੋਲੀ ਵਾਧਾ ਰਕਮ | ਰੁਪਏ 10,000/- (ਦਸ ਹਜ਼ਾਰ ਰੁਪਏ ਕੇਵਲ) |
| ਈ ਐੱਮ ਡੀ ਸਮੇਤ ਬੋਲੀਆਂ/ਟੈਂਡਰ ਜਮ੍ਹਾਂ ਕਰਵਾਉਣ ਲਈ ਅੰਤਮ ਮਿਤੀ, ਸਮਾਂ ਅਤੇ ਸਥਾਨ | ਐਕਸਿਸ ਬੈਂਕ ਲਿਮਟਿਡ ਰਿਟੇਲ ਐੱਸਟ ਸੈਂਟਰ, ਦੂਜੀ ਅਤੇ ਤੀਜੀ ਮੰਜ਼ਿਲ ਜਾਇਦਾਦ ਨੰ. 7 ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001 ਵਿਖੇ 22 ਅਕਤੂਬਰ 2026 ਨੂੰ 05.00 ਵਜੇ ਸ਼ਾਮ ਤੱਕ। |
| ਜਨਤਕ ਈ-ਨੀਲਾਮੀ ਲਈ ਮਿਤੀ, ਸਮਾਂ ਅਤੇ ਸਥਾਨ | ਵੈੱਬ ਪੋਰਟਲ https://BidDeal.in 'ਤੇ 23 ਅਕਤੂਬਰ 2026 ਨੂੰ ਸਵੇਰੇ 11.00 ਵਜੇ ਤੋਂ ਦੁਪਹਿਰ 12.00 ਵਜੇ ਦਰਮਿਆਨ, ਹਰੇਕ 5 ਮਿੰਟਾਂ ਦੇ ਅਸੀਮਤ ਵਾਧਿਆਂ ਨਾਲ। ਈ-ਨਿਲਾਮੀ ਬੋਲੀ ਫਾਰਮ, ਘੋਸ਼ਣਾ ਆਦਿ ਰੱਖਦੇ ਈ-ਨਿਲਾਮੀ ਟੈਂਡਰ ਦਸਤਾਵੇਜ਼ ਉਪਰੋਕਤ ਦਰਸਾਏ ਸਰਵਿਸ ਪ੍ਰੋਵਾਈਡਰ ਦੀ ਵੈੱਬਸਾਈਟ 'ਤੇ ਉਪਲੱਬਧ ਹਨ। |

ਸਾਰਣੀ-ਜਾਇਦਾਦ ਦਾ ਵੇਰਵਾ : ਰਿਹਾਇਸ਼ੀ ਜਾਇਦਾਦ/ਮਕਾਨ ਨਾਲ ਸੰਬੰਧਤ ਸਭ ਕੁਝ ਜੋ ਕਿ ਪਲਾਟ ਨੰ. 47 ਮਿੰਨ, ਰਕਬਾ 71.11 ਵਰਗ ਗਜ਼ (ਲੰਬਾਈ 40' ਅਤੇ ਚੌੜਾਈ 16') ਖਸਰਾ ਨੰ. 4660 ਮਿੰਨ, ਖੱਤਾ/ਖਤੌਨੀ ਨੰ. 720/1678, ਜਮ੍ਹਾਂਬੰਦੀ ਸਾਲ 2010-11, ਹੱਦਬਸਤ ਨੰ. 373, ਸੁਲਤਾਨਵਿੰਡ ਵਿਖੇ ਸਥਿਤ, ਸਬ-ਅਰਬਨ ਤਰਫ ਮਾਹਲ-2 ਅਬਾਦੀ ਕੋਟ ਮਿੱਤ ਸਿੰਘ, ਤਹਿਸੀਲ ਅੰਮ੍ਰਿਤਸਰ-1 ਅਤੇ ਜ਼ਿਲ੍ਹਾ ਅੰਮ੍ਰਿਤਸਰ ਸ੍ਰੀਮਤੀ ਨੀਲਮ ਪਤਨੀ ਰਾਜੂ ਦੇ ਨਾਂਅ ਰਜਿਸਟਰਡ, ਬੈਨਾਮਾ ਵਸੀਕਾ ਨੰ. 3880 ਮਿਤੀ 24/08/2017 ਅਨੁਸਾਰ। ਹੱਦਾਂ : (ਬੈਨਾਮੇ ਅਨੁਸਾਰ) : ਪੂਰਬ : ਪਲਾਟ ਨੰ. 52, ਪੱਛਮ : ਗਲੀ 20' ਚੌੜੀ, ਉੱਤਰ : ਪਲਾਟ ਨੰ. 46, ਦੱਖਣ : ਪਲਾਟ ਨੰ. 47

ਵਿਕਰੀ ਦੀਆਂ ਵਿਸਥਾਰਤ ਸ਼ਰਤਾਂ ਅਤੇ ਨਿਯਮਾਂ ਲਈ ਕ੍ਰਿਪਾ ਕਰਕੇ ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ https://www.axisbank.com/auction-retail ਦਾ ਹਵਾਲਾ ਲਿਆ ਜਾਵੇ।

ਨਿਲਾਮੀ ਬੈਂਕ ਦੇ ਅਧਿਕਾਰਤ ਸਰਵਿਸ ਪ੍ਰੋਵਾਈਡਰ ਵੈਲਯੂ ਟਰੱਸਟ ਕੈਪੀਟਲ ਸਰਵਿਸਜ਼ ਪ੍ਰਾਈਵੇਟ ਲਿਮਟਿਡ ਦੇ ਸਹਿਯੋਗੀ ਬੈਂਕ ਅਤੇ ਇਸ ਦੇ ਬੋਲੀਕਾਰ ਰਾਹੀਂ ਆਨ ਲਾਈਨ ਨਿਲਾਮੀ ਪ੍ਰਕਿਰਿਆ ਰਾਹੀਂ ਕੀਤੀ ਜਾਵੇਗੀ। ਹੋਰ ਸਹਾਇਤਾ ਲਈ ਚਾਹਵਾਨ ਬੋਲੀਕਾਰ ਸ੍ਰੀ ਸੁਮਿਤ ਕੁਮਾਰ ਮੋਬਾਇਲ ਨੰ. 98769-88348, ਬੈਂਕ ਦੇ ਵਿਕਰੀ ਮੈਨੇਜਰ ਨਾਲ ਦਫਤਰੀ ਸਮੇਂ ਸਵੇਰੇ 10 ਵਜੇ ਤੋਂ ਸ਼ਾਮ ਦੇ 5.00 ਵਜੇ ਤੱਕ ਕੰਮ ਦੇ ਸਮੇਂ ਦੌਰਾਨ ਸੰਪਰਕ ਕੀਤਾ ਜਾ ਸਕਦਾ ਹੈ।

ਇਸ ਨੋਟਿਸ ਨੂੰ ਕਰਜ਼ਦਾਰਾਂ ਲਈ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲ, 2002 ਦੇ ਰੂਲ 8 (6) ਤਹਿਤ 15 ਦਿਨਾਂ ਦਾ ਨੋਟਿਸ ਮੰਨਿਆ ਜਾਵੇ।

ਮਿਤੀ : 07.10.2026 ਸਥਾਨ : ਅੰਮ੍ਰਿਤਸਰ — ਸਹੀ/-, (ਅਧਿਕਾਰਤ ਅਫਸਰ), ਐਕਸਿਸ ਬੈਂਕ ਲਿਮਟਿਡ

ਜਨਮ ਦਿਨ ਮੁਬਾਰਕ



ਸਮਰਾਟ ਸਿੰਘ
ਪਿੰਡ: ਅਮਲਾਲਾ (ਮੁਹਾਲੀ)

ਵਰ੍ਹੇਗੰਢ ਮੁਬਾਰਕ



ਪਵਨ ਅਤੇ ਪਰਮਜੀਤ ਕੌਰ ਨੇ ਆਪਣੇ ਵਿਆਹ ਦੀ 28ਵੀਂ ਵਰ੍ਹੇਗੰਢ ਮਨਾਈ।


## 'ਮੰਚ ਤੋਂ ਲੋਕਾਂ ਤੱਕ, ਇਪਟਾ ਦੀ ਗਾਥਾ 1950-2026' ਦਾ ਲੋਕ-ਅਰਪਣ

**ਚੰਡੀਗੜ੍ਹ (ਸੁਰਜੀਤ ਸੁਮਨ)**-ਬੀਤੇ ਦਿਨੀਂ ਆਰ. ਸੀ. ਐਫ. ਕਪੂਰਥਲਾ ਵਿਖੇ ਹੋਏ ਇਪਟਾ ਪੰਜਾਬ ਦੇ ਜਨਰਲ ਇਜਲਾਸ ਅਤੇ ਤਿੰਨ ਸਾਲਾ ਚੋਣ ਦੌਰਾਨ ਨਾਟਕਰਮੀ ਅਤੇ ਇਪਟਾ, ਪੰਜਾਬ ਦੇ ਮੁੱਖ ਸਰਪ੍ਰਸਤ ਸੰਜੀਵਨ ਸਿੰਘ ਦੁਆਰਾ ਸੰਪਾਦਿਤ 'ਮੰਚ ਤੋਂ ਲੋਕਾਂ ਤੱਕ ਇਪਟਾ ਦੀ



ਗਾਥਾ 1950-2026' ਦਾ ਲੋਕ-ਅਰਪਣ ਪੰਜਾਬ ਭਰ ਤੋਂ ਆਏ ਸੈਂਕੜੇ ਇਪਟਾ, ਕਾਰਕੁਨਾਂ ਦੀ ਮੌਜੂਦਗੀ ਵਿਚ ਇਪਟਾ ਦੇ ਰਾਸ਼ਟਰੀ ਸਕੱਤਰ ਸ਼ੈਲੇਂਦਰਾ (ਡਾਲਟਨ ਗੰਜ, ਝਾਰਖੰਡ), ਕੇ. ਸੀ. ਦਾਸ (ਭੁਵਨੇਸ਼ਵਰ, ਉੜੀਸਾ) ਅਤੇ ਇਪਟਾ, ਚੰਡੀਗੜ੍ਹ ਦੇ ਪ੍ਰਧਾਨ ਬਲਕਾਰ ਸਿੱਧੂ ਨੇ ਸਾਂਝੇ ਤੌਰ 'ਤੇ ਕੀਤਾ। ਸੰਜੀਵਨ ਸਿੰਘ ਨੇ ਵਿਚਾਰ ਵਿਅਕਤ ਕਰਦਿਆਂ ਕਿਹਾ ਕਿ ਇਸ ਪੁਸਤਕ ਵਿਚ ਇਪਟਾ, ਪੰਜਾਬ ਦੇ 76 ਸਾਲ ਦਾ ਇਤਿਹਾਸ ਸਾਂਭਣ ਦਾ ਯਤਨ ਕੀਤਾ ਹੈ। ਇਸ ਇਤਿਹਾਸਕ ਪੁਸਤਕ ਨੂੰ ਤਿੰਨ ਭਾਸ਼ਾਵਾ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿਚ ਵੀ ਛਾਪਿਆ ਜਾਵੇਗਾ। ਤਾਂ ਜੋ ਸਾਰੇ ਦੇਸ਼ ਦੇ ਇਪਟਾ ਕਾਰਕੁਨ ਇਪਟਾ, ਪੰਜਾਬ ਦੇ ਇਤਿਹਾਸ ਤੋਂ ਜਾਣੂੰ ਹੋ ਸਕਣ। ਇਸ ਕਿਤਾਬ ਦੇ ਸਹਿ ਸੰਪਾਦਕ ਰੰਗਕਰਮੀ (ਅੰਮ੍ਰਿਤਸਰ) ਦਲਜੀਤ ਸੋਨਾ ਅਤੇ ਪੁਨੀਤ ਵਾਟਿਸ (ਅਬੋਹਰ) ਹਨ। ਜਾਣਕਾਰੀ ਦਿੰਦਿਆਂ ਇਪਟਾ, ਪੰਜਾਬ ਦੇ ਮੌਜੂਦਾ ਪ੍ਰਧਾਨ ਇੰਦਰਜੀਤ ਰੂਪੋਵਾਲੀ ਅਤੇ ਇਪਟਾ, ਕਪੂਰਥਲਾ ਦੇ ਪ੍ਰਧਾਨ ਡਾਕਟਰ ਹਰਭਜਨ ਸਿੰਘ ਨੇ ਦੱਸਿਆ ਕਿ 1950 ਵਿਚ ਤੇਰਾ ਸਿੰਘ ਚੰਨ ਨੇ ਪੰਜਾਬ 'ਚ ਇਪਟਾ ਦਾ ਬਾਨ੍ਹਣੂ ਸੁਰਿੰਦਰ ਕੌਰ (ਲੋਕ-ਗਾਇਕਾ), ਜਗਦੀਸ਼ ਫਰਿਆਦੀ, ਨਿਰੰਜਣ ਸਿੰਘ ਮਾਨ, ਹਰਨਾਮ ਸਿੰਘ ਨਰੂਲਾ, ਜੋਗਿੰਦਰ ਬਾਹਰਲਾ, ਹੁਕਮ ਚੰਦ ਖਲੀਲੀ ਸਮੇਤ ਅਨਕਾਂ ਰੰਗਮੰਚੀ ਅਤੇ ਸੱਭਿਆਚਾਰਕ ਕਾਰਕੁਨਾਂ ਦੇ ਸਰਗਰਮ ਸਹਿਯੋਗ ਨਾਲ ਬੰਨ੍ਹਿਆ। ਇਪਟਾ ਦੇ ਇਨ੍ਹਾਂ ਰੰਗਕਰਮੀਆਂ ਨੇ ਨਾਟਕਾਂ, ਓਪੇਰਿਆਂ ਤੇ ਗਾਇਕੀ ਰਾਹੀਂ ਲੋਕ-ਮਸਲੇ ਲੋਕ-ਮੁਹਾਵਰੇ ਵਿਚ ਲੋਕਾਂ ਸਾਹਮਣੇ ਰੱਖੇ। ਇਸ ਰੰਗਮੰਚੀ ਅਤੇ ਸੱਭਿਆਚਾਰਕ ਟੋਲੀ ਨੇ ਪੰਜਾਬ ਦੇ ਸੱਭਿਆਚਾਰ ਵਿੱਚ ਇਨਕਲਾਬੀ ਤੇ ਸਿਫ਼ਤੀ ਤਬਦੀਲੀ ਲਿਆਂਦੀ। ਇਸ ਮੌਕੇ ਹੋਰਾਂ ਤੋਂ ਇਲਾਵਾ ਇਪਟਾ, ਕਾਰਕੁਨ, ਰੰਗਮੰਚ ਅਤੇ ਫਿਲਮਾਂ ਅਦਾਕਾਰ ਕਮਲ ਨੈਨ ਸਿੰਘ ਸੇਖੋਂ, ਇਪਟਾ, ਪੰਜਾਬ ਦੇ ਮੌਜੂਦਾ ਜਨਰਲ ਸਕੱਤਰ ਵਿੱਕੀ ਮਹੇਸ਼ਵਰੀ, ਰੰਜੀਵਨ ਸਿੰਘ, ਕੁੱਕੂ ਦੀਵਾਨ, ਸੋਢੀ ਰਾਣਾ, ਦਿਲਬਾਰ ਸਿੰਘ, ਸਰਬਜੀਤ ਰੂਪੋਵਾਲੀ, ਗੁਰਵਿੰਦਰ ਬੈਦਵਾਣ, ਦੀਪਕ ਨਾਹਰ, ਅਨਿਲ, ਸੋਨੂ ਆਦਿ ਸ਼ਾਮਿਲ ਸਨ। ਮੰਚ ਸੰਚਾਲਣ ਇਪਟਾ, ਕਪੂਰਥਲਾ ਦੀ ਜਨਰਲ ਸਕੱਤਰ ਸਵਰਾਜ ਕੌਰ ਨੇ ਕੀਤਾ।

## ਸਫਾਈ ਸੇਵਕ ਯੂਨੀਅਨ ਦਾ ਵਫਦ ਨਗਰ ਨਿਗਮ ਕਮਿਸ਼ਨਰ ਨੂੰ ਮਿਲਿਆ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਸਫਾਈ ਸੇਵਕ ਯੂਨੀਅਨ ਦਾ ਵਫਦ ਨਗਰ ਨਿਗਮ ਕਮਿਸ਼ਨਰ ਜੋਤੀ ਬਾਲਾ ਮੱਟੂ ਨੂੰ ਵਿਸ਼ੇਸ਼ ਤੌਰ 'ਤੇ ਮਿਲਿਆ। ਜਿਸ ਵਿੱਚ ਮੁਲਾਜ਼ਮ ਪੱਖੀ ਮਤਿਆਂ ਨੂੰ ਲੈ ਕੇ ਸਥਾਨਕ ਸਰਕਾਰਾਂ ਡਾਇਰੈਕਟੋਰੇਟ ਨੂੰ ਭੇਜਣ ਦੀ ਅਪੀਲ ਕੀਤੀ ਗਈ। ਜਿਹੜੇ [illegible] ਆਊਟਸੋਰਸ ਮੁਲਾਜ਼ਮਾਂ ਦੇ ਗੁੜ, ਤੇਲ, ਸਾਬਣ ਦੇ ਟੈਂਡਰ [illegible] ਅਪੀਲ ਕੀਤੀ ਗਈ, ਨਗਰ ਨਿਗਮ ਦਾ ਜਿਨਾ ਵੀ ਕਾਮਾ ਕੰਮ ਕਰ ਰਿਹਾ ਹੈ, ਉਨ੍ਹਾਂ ਦੀ ਤਨਖਾਹ ਦਾ ਸਮਾਂ 2 ਤੋਂ 5 ਤਰੀਕ ਤੱਕ ਨਿਰਧਾਰਤ ਕੀਤਾ ਜਾਵੇ। ਇਸ ਮੌਕੇ ਰਜਿੰਦਰ ਕੁਮਾਰ ਅਕਾਊਂਟੈਂਟ ਨਗਰ ਨਿਗਮ ਹੁਸ਼ਿਆਰਪੁਰ, ਜਾਨੂ ਚਲੋਤਰਾ ਚੀਫ ਸੈਨੇਟਰੀ ਇੰਸਪੈਕਟਰ, ਸੁਪਰਡੈਂਟ ਅਮੀਤ ਕੁਮਾਰ, ਸਫਾਈ ਸੇਵਕ ਕਰਮਚਾਰੀ ਯੂਨੀਅਨ ਦੇ ਪ੍ਰਧਾਨ ਕਰਨਜੋਤ ਆਦੀਆ, ਸੋਮਨਾਥ ਆਦੀਆ, ਵਿਕਰਮਜੀਤ ਬੰਟੀ, ਜੈ ਗੋਪਾਲ, ਹੀਰਾ ਲਾਲ, ਕੈਲਾਸ਼ ਗਿਲ, ਦੇਵ ਕੁਮਾਰ, ਹਰਬਲਾਸ, ਸੰਨੀ ਲਾਹੌਰੀਆ, ਬਲਰਾਮ ਭੱਟੀ, ਅਸ਼ੋਕ ਹੰਸ, ਸੁਭਾਸ਼ ਹੰਸ, ਪਵਨ ਕੁਮਾਰ ਬੰਟੀ, ਸੰਨੀ ਭਾਟੀਆ ਆਦਿ ਮੌਜੂਦ ਸਨ।

## ਗੁਰੂ ਨਾਨਕ ਦੇਵ 'ਵਰਸਿਟੀ ਕਾਲਜ ਵੱਲੋਂ ਵਿੱਤੀ ਸਾਖਰਤਾ ਸੰਬੰਧੀ ਜਾਗਰੂਕਤਾ ਸੈਸ਼ਨ



**ਜਲੰਧਰ (ਨ ਜ ਸ)**-ਯੂਨੀਵਰਸਿਟੀ ਕਾਲਜ [illegible] ਕਰਨੀ ਅਤੇ ਧੋਖਾਧੜੀ ਤੋਂ ਸੁਚੇਤ ਰਹਿਣਾ ਬਹੁਤ ਜ਼ਰੂਰੀ ਹੈ। ਡਾ. ਜਸਵਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਵਿੱਤੀ ਸਾਖਰਤਾ, ਨਿਵੇਸ਼ ਪ੍ਰਤੀ ਜਾਗਰੂਕਤਾ ਅਤੇ ਨਿਵੇਸ਼ਕਾਂ ਦੀ ਸੁਰੱਖਿਆ ਨਾਲ ਸਬੰਧਤ ਵੱਖ-ਵੱਖ ਪਹਿਲੂਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਨੇ ਨਿਵੇਸ਼ ਤੋਂ ਪਹਿਲਾਂ ਵਿੱਤੀ ਉਤਪਾਦਾਂ ਅਤੇ ਯੋਜਨਾਵਾਂ ਨੂੰ ਚੰਗੀ ਤਰ੍ਹਾਂ ਸਮਝਣ ਅਤੇ [illegible] ਬਾਰੇ ਵੀ ਸੁਚੇਤ ਕੀਤਾ। ਇਸ ਦੇ ਨਾਲ ਹੀ ਉਨ੍ਹਾਂ ਨੇ ਅਜਿਹੀਆਂ ਧੋਖਾਧੜੀਆਂ ਤੋਂ ਬਚਣ ਲਈ ਅਪਣਾਈਆਂ ਜਾਣ ਵਾਲੀਆਂ ਵਿਹਾਰਕ ਸਾਵਧਾਨੀਆਂ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ।ਸੈਸ਼ਨ ਦੌਰਾਨ ਵਿਦਿਆਰਥੀਆਂ ਨੇ ਵਿੱਤੀ ਨਿਵੇਸ਼ ਅਤੇ ਸੁਰੱਖਿਆ ਨਾਲ ਸਬੰਧਤ ਵੱਖ-ਵੱਖ ਸਵਾਲ ਪੁੱਛੇ, ਜਿਨ੍ਹਾਂ ਦੇ ਮਾਹਿਰ ਵੱਲੋਂ ਵਿਸਥਾਰਪੂਰਵਕ ਜਵਾਬ ਦਿੱਤੇ ਗਏ। ਇਸ [illegible] ਪੈਦਾ ਕਰਨ ਲਈ ਅਜਿਹੇ ਜਾਗਰੂਕਤਾ ਪ੍ਰੋਗਰਾਮਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਗਿਆ। ਕਾਲਜ ਵੱਲੋਂ ਨਿਵੇਸ਼ਕ ਸਿੱਖਿਆ ਅਤੇ ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਲਈ ਸੇਬੀ ਅਤੇ ਸੀਡੀਐਸ ਐਲ ਉਪਰਾਲਿਆਂ ਦੀ ਸ਼ਲਾਘਾ ਕੀਤੀ ਗਈ ਅਤੇ ਡਾ. ਜਸਵਿੰਦਰ ਕੌਰ ਦਾ ਕੀਮਤੀ ਯੋਗਦਾਨ ਪਾਉਣ ਲਈ ਧੰਨਵਾਦ ਕੀਤਾ ਗਿਆ।

## 10 ਦੀ ਸੰਗਰੂਰ ਮਹਾਂ ਰੈਲੀ ਨੂੰ ਸਫਲ ਬਣਾਉਣ ਲਈ ਪ ਸ ਸ ਫ ਵੱਲੋਂ ਅਹਿਮ ਮੀਟਿੰਗ



**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**-ਪੰਜਾਬ ਸਰਕਾਰ ਵੱਲੋਂ ਲਗਾਤਾਰ ਮੁਲਾਜ਼ਮ ਅਤੇ ਪੈਨਸ਼ਨਰ ਵਿਰੁੱਧ ਅਪਣੀ ਟਾਲਮਟੋਲ ਦੀ ਨੀਤੀ ਵਿਰੁੱਧ ਮੁਲਾਜ਼ਮ-ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾ ਮੰਚ ਵੱਲੋਂ ਦਸ ਅਕਤੂਬਰ ਦੀ ਸੰਗਰੂਰ ਮਹਾਂਰੈਲੀ ਦਾ ਐਕਸ਼ਨ ਉਲੀਕਿਆ ਗਿਆ ਹੈ।ਇਸ ਐਕਸ਼ਨ ਨੂੰ ਸਫਲ ਬਨਾਉਣ ਲਈ ਇੱਕ ਮੀਟਿੰਗ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਬਲਾਕ ਮਾਹਿਲਪੁਰ ਵੱਲੋਂ ਬਲਾਕ ਪ੍ਰਧਾਨ ਨਰਿੰਦਰ ਅਜਨੋਹਾ, ਜਨਰਲ ਸਕੱਤਰ ਮੱਖਣ ਸਿੰਘ ਲੰਗੇਰੀ ਅਤੇ ਮਲਕੀਤ ਸਿੰਘ ਬਾਹੋਵਾਲ ਦੀ ਅਗਵਾਈ ਵਿੱਚ ਮਾਹਿਲਪੁਰ ਵਿਖੇ ਹੋਈ।ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੁਰਾਣੀ ਪੈਨਸ਼ਨ ਬਹਾਲ ਕਰਨ, ਹਰ ਪ੍ਰਕਾਰ ਦੇ ਕੱਚੇ ਅਤੇ ਮਾਣਭੱਤੇ 'ਤੇ ਕੰਮ ਕਰਦੇ ਮੁਲਾਜ਼ਮਾਂ ਨੂੰ ਪੱਕਾ ਕਰਨ, ਪਰਖ ਕਾਲ ਅਤੇ ਕੇਂਦਰੀ ਪੇਅ ਕਮਿਸ਼ਨ ਪੱਤਰ ਰੱਦ ਕਰਨ, ਪੈਨਸ਼ਨਰਜ਼ ਨੂੰ 2.59 ਦਾ ਗੁਣਾਕ, ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਮਰਜ ਕਰਨ, ਪੇਅ-ਕਮਿਸ਼ਨ ਅਤੇ ਡੀ.ਏ ਦੇ ਬਕਾਏ, ਕੱਟੇ 37 ਭੱਤੇ ਅਤੇ ਏ ਸੀ ਪੀ ਬਹਾਲ ਕਰਨ, ਹਾਈਕੋਰਟ ਵੱਲੋਂ ਅਠਾਰਾਂ ਫੀਸਦੀ ਡੀ ਏ ਦੇ ਸੁਣਾਏ ਫੈਸਲੇ ਨੂੰ ਲਾਗੂ ਕਰਨ ਅਤੇ ਕਈ ਹੋਰ ਹੱਕੀ ਅਤੇ ਜਾਇਜ਼ ਮੰਗਾਂ ਮਨਵਾਉਣ ਲਈ 10 ਅਕਤੂਬਰ ਨੂੰ ਮਹਾਂਰੈਲੀ ਵਿੱਚ ਪ.ਸ.ਸ.ਫ ਦੀ ਅਗਵਾਈ ਵਿੱਚ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ ਵੱਡਾ ਜੱਥਾ ਇਸ ਰੈਲੀ ਵਿੱਚ ਸ਼ਾਮਲ ਹੋਵੇਗਾ।ਆਗੂਆਂ ਨੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਅਪੀਲ ਹੈ ਕਿ ਉਹ ਇਸ ਮਹਾਂਰੈਲੀ ਵਿੱਚ ਵੱਧ ਚੜ੍ਹ ਕੇ ਸ਼ਮੂਲੀਅਤ ਕਰਨ।ਇਸ ਮੌਕੇ ਪਰਮਿੰਦਰਜੀਤ ਸਿੰਘ, ਜਤਿੰਦਰ ਸਿੰਘ, ਹਰਮਨੋਜ ਕੁਮਾਰ, ਉਂਕਾਰ ਸਿੰਘ, ਪ੍ਰਿਤਪਾਲ ਸਿੰਘ, ਅਜੇ ਕੁਮਾਰ, ਅਮਰਜੀਤ ਸਿੰਘ, ਮਨਜੀਤ ਸਿੰਘ, ਜਤਿੰਦਰ ਕੁਮਾਰ, ਵਿਨੋਦ ਕੁਮਾਰ, ਹਰਦੇਵ ਗਿੱਲ, ਰਿੰਕੂ ਸਿੰਘ, ਸੁਖਵੀਰ ਸਿੰਘ, ਸਤਵੰਤ ਸਿੰਘ, ਰਕੇਸ਼ ਕੁਮਾਰ ਅਤੇ ਰਵਿੰਦਰ ਸਿੰਘ ਆਦਿ ਹਾਜ਼ਰ ਸਨ।

## ਮਹਿਲਵਾਂ 'ਚ 2 ਕਰੋੜ ਦੀ ਲਾਗਤ ਨਾਲ ਕਈ ਵਿਕਾਸ ਕਾਰਜ ਮੁਕੰਮਲ : ਕੈਬਨਿਟ ਮੰਤਰੀ

**ਭਲਾਣ ਨੰਗਲ (ਹਰਭਜਨ ਸਿੰਘ ਢਿੱਲੋਂ)**-ਪਿੰਡ ਮੋਜੋਵਾਲ, ਮਹਿਲਵਾਂ ਅਤੇ ਹਾਜੀਪੁਰ ਵਿੱਚ ਵੱਖ-ਵੱਖ ਵਿਕਾਸ ਕਾਰਜਾਂ ਨੂੰ ਲੈ ਕੇ ਲੋਕਾਂ ਵਿੱਚ ਉਤਸ਼ਾਹ ਪਾਇਆ ਜਾ ਰਿਹਾ ਹੈ। ਪਿੰਡ ਮੋਜੋਵਾਲ ਵਿਖੇ ਸਿੱਧ ਚਾਨਣ ਭਵਨ ਦੇ ਸਾਹਮਣੇ ਕਮਰੇ ਦੇ ਨਿਰਮਾਣ ਲਈ 5 ਲੱਖ ਰੁਪਏ ਦਾ ਚੈੱਕ ਭੇਟ ਕੀਤਾ ਗਿਆ। ਇਸ ਕਾਰਜ ਲਈ ਹੋਰ 5 ਲੱਖ ਰੁਪਏ ਦੀ ਰਾਸ਼ੀ ਦੇਣ ਦਾ ਭਰੋਸਾ ਵੀ ਦਿੱਤਾ ਗਿਆ। ਇਸ ਮੌਕੇ ਕਿਹਾ ਗਿਆ ਕਿ ਪਿੰਡਾਂ ਦੇ ਲੋੜੀਂਦੇ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਕਰਵਾਇਆ ਜਾ ਰਿਹਾ ਹੈ ਅਤੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਵਿੱਚ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ। ਕੈਬਨਿਟ ਮੰਤਰੀ ਨੇ ਦੱਸਿਆ ਕਿ ਪਿੰਡ ਮਹਿਲਵਾਂ ਵਿੱਚ ਵਿਕਾਸ ਕਾਰਜਾਂ ਨੂੰ ਵੱਡੀ ਗਤੀ ਦਿੱਤੀ ਗਈ ਹੈ। ਲਗਭਗ 2 ਕਰੋੜ ਰੁਪਏ ਦੀ ਲਾਗਤ ਨਾਲ 18 ਫੁੱਟ ਚੌੜੀ ਨਵੀਂ ਸੜਕ ਦਾ ਨਿਰਮਾਣ ਕੀਤਾ ਗਿਆ ਹੈ, ਜਿਸ ਨਾਲ ਆਵਾਜਾਈ ਦੀ ਸਹੂਲਤ ਵਿੱਚ ਸੁਧਾਰ ਹੋਇਆ ਹੈ। ਇਸ ਤੋਂ ਇਲਾਵਾ 25 ਲੱਖ ਰੁਪਏ ਦੀ ਲਾਗਤ ਨਾਲ ਜੰਜ ਘਰ ਤਿਆਰ ਕੀਤਾ ਗਿਆ ਹੈ। ਗਲੀਆਂ-ਨਾਲੀਆਂ ਦੇ ਵਿਕਾਸ ਲਈ 8 ਲੱਖ ਰੁਪਏ ਦਾ ਚੈੱਕ ਵੀ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪਿੰਡ ਦੇ ਬਾਕੀ ਰਹਿੰਦੇ ਵਿਕਾਸ ਕਾਰਜਾਂ ਨੂੰ ਵੀ ਜਲਦ ਮੁਕੰਮਲ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਮਹਿਲਵਾਂ ਵਿੱਚ ਪੀਣ ਵਾਲੇ ਪਾਣੀ ਦੀ ਸਮੱਸਿਆ ਦੇ



ਹੱਲ ਲਈ 12 ਲੱਖ ਰੁਪਏ ਦੀ ਲਾਗਤ ਨਾਲ ਬੋਰ ਤਿਆਰ ਕੀਤਾ ਜਾ ਚੁੱਕਾ ਹੈ। ਇਸ ਤੋਂ ਇਲਾਵਾ ਮਹਿਲਵਾਂ ਤੋਂ ਸਹਿਜੋਵਾਲ ਤੱਕ ਨਵੀਂ ਸੜਕ ਦਾ ਕੰਮ ਵੀ ਜਾਰੀ ਹੈ।ਇਸ ਮੌਕੇ ਸੁਨੀਲ ਕੁਮਾਰ, ਸ਼ਿਵ ਕੁਮਾਰ, ਸੋਮ ਦੱਤ, ਅਸ਼ੋਕ ਕੁਮਾਰ, ਕੁਲਵੰਤ ਸਿੰਘ, ਸੁਸ਼ੀਲ ਕੁਮਾਰ, ਰਾਜ ਕੁਮਾਰ, ਮਧੂ ਬਾਲਾ ਸਰਪੰਚ, ਰਜਿੰਦਰ ਫੌਜੀ, ਮੋਹਨ ਲਾਲ ਚੌਧਰੀ, ਸੋਮਨਾਥ, ਪਿਆਰੇ ਲਾਲ, ਸੋਮਾ ਦੇਵੀ, ਅੰਜੂ ਕੁਮਾਰੀ ਸਮੇਤ ਹੋਰ ਪਿੰਡ ਵਾਸੀ ਹਾਜ਼ਰ ਸਨ।

## ਆਰ ਬੀ ਯੂ ਵਿਖੇ ਸੰਵਿਧਾਨਕ ਮੁੱਲਾਂ 'ਤੇ ਵਿਚਾਰ-ਚਰਚਾ

**ਮੁਹਾਲੀ (ਗੁਰਜੀਤ ਬਿੱਲਾ)**-ਰਿਆਤ ਬਾਹਰਾ ਯੂਨੀਵਰਸਿਟੀ ਦੇ ਯੂਨੀਵਰਸਿਟੀ ਸਕੂਲ ਆਫ਼ ਲਾਅ ਵੱਲੋਂ ਭਾਰਤੀ ਸੰਵਿਧਾਨ ਨੂੰ ਇਸ ਦੀ ਪ੍ਰਸਤਾਵਨਾ ਦੇ ਨਜ਼ਰੀਏ ਰਾਹੀਂ ਸਮਝਣਾ ਵਿਸ਼ੇ 'ਤੇ ਮਾਹਰ ਭਾਸ਼ਣ ਕਰਵਾਇਆ ਗਿਆ। ਇਸ ਮੌਕੇ ਲਗਭਗ 300 ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਨੇ ਭਾਗ ਲਿਆ।ਉੱਘੇ ਕਾਨੂੰਨਦਾਨ ਅਤੇ ਸੰਵਿਧਾਨਕ ਕਾਨੂੰਨ ਦੇ ਮਾਹਰ ਪ੍ਰੋ. (ਡਾ.) ਵੀਰੇਂਦਰ ਕੁਮਾਰ, ਪ੍ਰੋਫੈਸਰ ਐਮੇਰਿਟਸ ਅਤੇ ਚੰਡੀਗੜ੍ਹ ਜੁਡੀਸ਼ੀਅਲ ਅਕੈਡਮੀ ਦੇ ਸੰਸਥਾਪਕ ਨਿਰਦੇਸ਼ਕ (ਅਕਾਦਮਿਕਸ), ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ। ਉਹ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਕਾਨੂੰਨ ਵਿਭਾਗ ਦੇ



ਸਾਬਕਾ ਪ੍ਰੋਫੈਸਰ ਅਤੇ ਚੇਅਰਮੈਨ ਅਤੇ ਫੈਕਲਟੀ ਆਫ਼ ਲਾਅ ਦੇ ਸਾਬਕਾ ਡੀਨ ਵੀ ਰਹਿ ਚੁੱਕੇ ਹਨ।ਆਪਣੇ ਸੰਬੋਧਨ ਦੌਰਾਨ ਪ੍ਰੋ. ਕੁਮਾਰ ਨੇ ਪ੍ਰਸਤਾਵਨਾ ਨੂੰ ਭਾਰਤੀ ਸੰਵਿਧਾਨ ਦੀ ਆਤਮਾ ਅਤੇ ਦਾਰਸ਼ਨਿਕ ਨੀਂਹ ਕਰਾਰ ਦਿੱਤਾ। ਉਨ੍ਹਾਂ ਨੇ ਭਾਰਤੀ ਸੰਵਿਧਾਨ ਦੇ ਮੂਲ ਦ੍ਰਿਸ਼ਟੀਕੋਣ ਦੀ ਵਿਆਖਿਆ ਕਰਦਿਆਂ ਨਿਆਂ, ਆਜ਼ਾਦੀ, ਸਮਾਨਤਾ ਅਤੇ ਭਾਈਚਾਰੇ ਦੇ ਮੁੱਲਾਂ 'ਤੇ ਚਰਚਾ ਕੀਤੀ। ਯੂਨੀਵਰਸਿਟੀ ਸਕੂਲ ਆਫ਼ ਲਾਅ ਦੇ ਡੀਨ ਪ੍ਰੋ. (ਡਾ.) ਤੁਫੈਲ ਅਹਿਮਦ ਖਾਨ ਨੇ ਕਿਹਾ ਕਿ ਉੱਘੇ ਕਾਨੂੰਨੀ ਮਾਹਰਾਂ ਨਾਲ ਅਜਿਹੀ ਵਿਚਾਰ-ਚਰਚਾ ਕਾਨੂੰਨ ਦੇ ਵਿਦਿਆਰਥੀਆਂ ਦੀ ਸੰਵਿਧਾਨਕ ਸਮਝ ਨੂੰ ਹੋਰ ਮਜ਼ਬੂਤ ਕਰਨ ਦੇ ਨਾਲ-ਨਾਲ ਉਨ੍ਹਾਂ ਵਿੱਚ ਸੰਵਿਧਾਨਕ ਨੈਤਿਕਤਾ ਦੀ ਭਾਵਨਾ ਵਿਕਸਿਤ ਕਰਨ ਵਿੱਚ ਵੀ ਸਹਾਇਕ ਹੁੰਦੀ ਹੈ।ਇਹ ਪ੍ਰੋਗਰਾਮ ਪ੍ਰੋ. ਖਾਨ ਅਤੇ ਵਿਭਾਗ ਮੁਖੀ ਡਾ. ਸਵਪਨ ਪ੍ਰੀਤ ਕੌਰ ਦੀ ਅਗਵਾਈ ਹੇਠ ਕਰਵਾਇਆ ਗਿਆ। ਡਾ. ਸੁਚੇਤ ਕੁਮਾਰ, ਐਸੋਸੀਏਟ ਪ੍ਰੋਫੈਸਰ ਨੇ ਫੈਕਲਟੀ ਕੋਆਰਡੀਨੇਟਰ ਦੀ ਭੂਮਿਕਾ ਨਿਭਾਈ, ਜਦਕਿ ਹਰਸ਼ਿਤਾ ਵਿਦਿਆਰਥੀ ਕੋਆਰਡੀਨੇਟਰ ਸਨ। ਸੈਸ਼ਨ ਦੀ ਸਮਾਪਤੀ ਵਿਦਿਆਰਥੀਆਂ ਨਾਲ ਇੰਟਰਐਕਟਿਵ ਸਵਾਲ-ਜਵਾਬ ਸੈਸ਼ਨ ਅਤੇ ਧੰਨਵਾਦ ਦੇ ਮਤੇ ਨਾਲ ਹੋਈ।

## ਸਿਲਵਰ ਓਕ ਸਕੂਲ ਦੀ ਟੈਨਿਸ ਟੀਮ ਨੇ 10 ਮੈਡਲਾਂ 'ਤੇ ਕੀਤਾ ਕਬਜ਼ਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਾਹਬਾਜ਼ਪੁਰ ਨੇ ਲਗਾਤਾਰ ਖੇਡਾਂ ਵਤਨ ਪੰਜਾਬ ਦੀਆਂ ਦੇ ਜ਼ਿਲ੍ਹਾ ਪੱਧਰ ਦੇ ਮੁਕਾਬਲਿਆਂ 'ਚ ਸ਼ਾਨਦਾਰ ਪ੍ਰਦਰਸ਼ਨ ਜਾਰੀ ਰੱਖਦੇ ਹੋਏ ਟੈਨਿਸ ਮੁਕਾਬਲਿਆਂ ਦੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ 10 ਮੈਡਲ ਸਕੂਲ ਦੀ ਝੋਲੀ ਪਾਏ।ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮਨੀਸ਼ਾ ਸੰਗਰ ਦੀ ਅਗਵਾਈ ਵਿੱਚ ਜਾਣਕਾਰੀ ਦਿੰਦੇ ਹੋਏ ਕੋਚ ਸੁਰੇਸ਼ ਨੇ ਦੱਸਿਆ ਕਿ ਸਕੂਲ ਦੀ ਟੈਨਿਸ ਟੀਮ



ਦੇ ਖਿਡਾਰੀਆਂ ਨੇ ਖੇਡਾਂ ਵਤਨ ਪੰਜਾਬ ਦੀਆਂ ਦੇ ਜ਼ਿਲ੍ਹਾ ਪੱਧਰ ਮਾਮਲਿਆਂ 'ਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਇਹਨਾਂ ਵਿੱਚ ਅੰਡਰ 14 ਲੜਕੀਆਂ ਦੇ ਮੁਕਾਬਲੇ ਦੇ ਵਿੱਚ ਨਿਤਿਆ, ਲੜਕਿਆਂ ਦੇ ਮੁਕਾਬਲਿਆਂ ਦੇ ਵਿੱਚ ਜਸਰਾਜ ਨੇ ਗੋਲਡ ਮੈਡਲ ਅਤੇ ਹਰਪ੍ਰੀਤ ਸਿੰਘ ਨੇ ਕਾਂਸੇ ਦਾ ਮੈਡਲ ਜਿੱਤਿਆ। ਇਸ ਤੋਂ ਇਲਾਵਾ ਅੰਡਰ 17 ਲੜਕਿਆਂ ਵਿੱਚ ਹਰਮਨ ਸਿੰਘ ਨੇ ਗੋਲਡ, ਪ੍ਰਤਕਸ਼ ਸੋਨਕਰ ਨੇ ਸਿਲਵਰ ਅਤੇ ਲੜਕੀਆਂ ਦੇ ਅੰਡਰ 17 ਮੁਕਾਬਲਿਆਂ ਵਿੱਚ ਅਨਮੋਲਦੀਪ ਕੌਰ ਨੇ ਕਾਂਸੇ ਦਾ ਮੈਡਲ ਜਿੱਤਿਆ। ਅੰਡਰ 21 ਮੁਕਾਬਲਿਆਂ ਦੇ ਵਿੱਚ ਲੜਕਿਆਂ ਵਿੱਚੋਂ ਨਿਸ਼ਾਂਤ ਯਾਦਵ ਨੇ ਗੋਲਡ ਅਤੇ ਲੜਕੀਆਂ ਵਿੱਚੋਂ ਅਰਸ਼ਦੀਪ ਕੌਰ ਨੇ ਗੋਲਡ, ਵੰਸ਼ਪ੍ਰੀਤ ਨੇ ਸਿਲਵਰ ਅਤੇ ਅਰਪਿਤਾ ਨੇ ਕਾਂਸੀ ਦਾ ਮੈਡਲ ਜਿੱਤ ਕੇ ਸਕੂਲ ਦਾ ਮਾਣ ਵਧਾਇਆ।ਚੇਅਰਮੈਨ ਤਰਲੋਚਨ ਸਿੰਘ ਅਤੇ ਪ੍ਰਿੰਸੀਪਲ ਸੰਗਰ ਨੇ ਬੱਚਿਆਂ ਦੀ ਇਸ ਉਪਲਬਧੀ 'ਤੇ ਉਹਨਾਂ ਦੇ ਮਾਪਿਆਂ ਅਤੇ ਕੋਚ ਨੂੰ ਮੁਬਾਰਕਬਾਦ ਦਿੱਤੀ। ਇਸ ਮੌਕੇ ਮੈਨੇਜਰ ਗਜਿੰਦਰ ਪਾਲ ਸਿੰਘ, ਤਰਨ ਸੈਣੀ, ਰਿਸੋਰਸ ਕੋਆਰਡੀਨੇਟਰ ਬਿਕਰਮਜੀਤ ਸਿੰਘ ਭੇਲਾ, ਜਗਬੰਧਨ ਸਿੰਘ, ਸੁਸ਼ੀਲ, ਬਲਦੇਵ, ਰੁਪਿੰਦਰ, ਅਮਰਜੀਤ ਕੌਰ ਸੈਣੀ, ਆਰਤੀ, ਗੁਰਪ੍ਰੀਤ, ਵਿਸ਼ਾਲੀ, ਅਰਚਨਾ, ਬਲਜੀਤ, ਪਰਮਜੀਤ, ਸੁਮਨ, ਗਰਿੰਦਰ, ਹਰਜਿੰਦਰ, ਮਨਪ੍ਰੀਤ, ਸ਼ਵੇਤਾ, ਪੂਜਾ, ਚੇਤਨਾ, ਅਮਨ, ਮਨਦੀਪ ਅਤੇ ਹੋਰ ਸਟਾਫ ਮੌਜੂਦ ਸੀ।

## ਸੰਗਰੂਰ ਰੈਲੀ ਲਈ ਨੰਬਰਦਾਰਾਂ ਦਾ ਕਾਫ਼ਲਾ ਰਵਾਨਾ

**ਕਪੂਰਥਲਾ/ਜਲੰਧਰ (ਮਨਜੀਤ ਮਾਨ, ਲਖਵਿੰਦਰ ਸਿੰਘ ਆਧੀ)**-ਸੰਗਰੂਰ ਵਿਖੇ ਹੋ ਰਹੀ ਨੰਬਰਦਾਰ ਯੂਨੀਅਨ ਸਮਰਾ ਦੀ ਸੂਬਾ ਪੱਧਰੀ ਰੈਲੀ ਵਿੱਚ ਸ਼ਮੂਲੀਅਤ ਕਰਨ ਲਈ ਜ਼ਿਲ੍ਹਾ ਜਲੰਧਰ ਦੇ ਨੰਬਰਦਾਰਾਂ ਦਾ ਵੱਡਾ ਕਾਫ਼ਲਾ ਸੀਨੀਅਰ ਮੀਤ ਪ੍ਰਧਾਨ ਪੰਜਾਬ ਹਰਕੰਵਲ ਸਿੰਘ ਮੁੱਧ ਦੀ ਅਗਵਾਈ ਵਿੱਚ ਨਕੋਦਰ ਤੋਂ ਰਵਾਨਾ ਹੋਇਆ ਜਿਸ ਵਿੱਚ



ਤਹਿਸੀਲਾਂ ਦੇ ਪ੍ਰਧਾਨ ਤੇ ਸ਼ਹਿਰੀ ਪ੍ਰਧਾਨ ਜਲੰਧਰ ਆਪਣੇ ਸਾਥੀਆਂ ਸਮੇਤ ਵੱਡੀ ਗਿਣਤੀ ਨਾਲ ਰਵਾਨਾ ਹੋਏ ਜਿਸ ਵਿੱਚ ਗੁਰਦੇਵ ਲਾਲ ਸ਼ਹਿਰੀ ਪ੍ਰਧਾਨ, ਸੁਰਜੀਤ ਸਿੰਘ ਹੇਅਰ ਪ੍ਰਧਾਨ ਨਕੋਦਰ, ਮੇਜਰ ਸਿੰਘ ਬਾਜਵਾ ਤਹਿਸੀਲ ਪ੍ਰਧਾਨ ਸ਼ਾਹਕੋਟ, ਹਰਨੇਕ ਸਿੰਘ ਤਹਿਸੀਲ ਪ੍ਰਧਾਨ ਲੋਹੀਆਂ, ਭਜਨ ਸਿੰਘ ਧੀਰਪੁਰ ਤਹਿਸੀਲ ਪ੍ਰਧਾਨ ਕਰਤਾਰਪੁਰ, ਮੁੱਖ ਬੁਲਾਰਾ ਪੰਜਾਬ ਚਰਨਜੀਤ ਸਿੰਘ ਕਰਤਾਰਪੁਰ, ਕਮਲਜੀਤ ਸਿੰਘ ਡੱਲੀ ਤਹਿਸੀਲ ਪ੍ਰਧਾਨ ਭੋਗਪੁਰ, ਮਨਜੀਤ ਸਿੰਘ ਅਤੇ ਕਲਵੰਤ ਸਿੰਘ ਭੋਗਪੁਰ, ਅਮ੍ਰਿਤਪਾਲ ਸਿੰਘ ਤਹਿਸੀਲ ਪ੍ਰਧਾਨ ਆਦਮਪੁਰ, ਰਘੁਬੀਰ ਸਿੰਘ ਤਹਿਸੀਲ ਪ੍ਰਧਾਨ ਮਹਿਤਪੁਰ, ਜਸਵਿੰਦਰ ਸਿੰਘ ਜੰਡਿਆਲਾ ਅਤੇ ਹੋਰ ਆਗੂਆ ਰਾਜਕੁਮਾਰ ਮਹਿਮੀ ਜ਼ਿਲ੍ਹਾ ਸਕੱਤਰ ਜਲੰਧਰ, ਹਰਮੇਲ ਸਿੰਘ ਸਰਹਾਲੀ, ਪਰਮਜੀਤ ਅਤੇ ਪ੍ਰਸਿੱਧ ਗਾਇਕ ਦਲਵਿੰਦਰ ਸਿੰਘ ਦਿਆਲਪੁਰੀ, ਦਿਨੇਸ਼ ਸੰਧੂ ਐਮ ਸੀ ਨੂਰਮਹਿਲ ਅਤੇ ਵੱਡੀ ਗਿਣਤੀ ਵਿੱਚ ਨੰਬਰਦਾਰ ਸਾਹਿਬਾਨ ਰਵਾਨਾ ਹੋਏ।

## ਗੁਰਮੀਤ ਸਿੰਘ ਖੁੱਡੀਆਂ ਨੇ ਨਵੇਂ ਭਰਤੀ ਮੁਲਾਜ਼ਮਾਂ ਨੂੰ ਸੌਂਪੇ ਨਿਯੁਕਤੀ ਪੱਤਰ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਪੰਜਾਬ ਦੇ ਖੇਤੀਬਾੜੀ ਅਤੇ ਸਹਾਇਕ ਧੰਦਿਆਂ ਨੂੰ ਹੋਰ ਮਜ਼ਬੂਤ ਕਰਨ ਦੀ ਲੜੀ ਤਹਿਤ ਸੂਬੇ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਮੱਛੀ ਪਾਲਣ ਵਿਭਾਗ ਵਿੱਚ ਨਵੇਂ ਭਰਤੀ ਹੋਏ ਦੋ ਉਮੀਦਵਾਰਾਂ, ਜਿਨ੍ਹਾਂ ਵਿੱਚ ਇੱਕ ਮਲਟੀਪਰਪਜ਼ ਫਿਸ਼ਰੀਜ਼ ਸਕਿਲਡ ਵਰਕਰ ਅਤੇ ਇੱਕ ਫਿਸ਼ਰਮੈਨ (ਮੱਛੀ ਪਾਲਕ) ਸ਼ਾਮਲ ਹੈ, ਨੂੰ ਨਿਯੁਕਤੀ ਪੱਤਰ ਸੌਂਪੇ। ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਨਿਯੁਕਤੀਆਂ ਉਸ ਨਿਰੰਤਰ ਭਰਤੀ ਮੁਹਿੰਮ ਦਾ ਹਿੱਸਾ ਹਨ, ਜਿਸ ਤਹਿਤ ਮੱਛੀ ਪਾਲਣ ਵਿਭਾਗ ਵਿੱਚ ਸਾਲ 2022 ਤੋਂ ਲੈ ਕੇ ਹੁਣ ਤੱਕ 55 ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਭਰਤੀ ਕੀਤਾ ਜਾ ਚੁੱਕਾ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਵਿਭਾਗ ਦੀ ਪ੍ਰਸ਼ਾਸਕੀ, ਤਕਨੀਕੀ ਅਤੇ ਕਾਰਜਕਾਰੀ ਸਮਰੱਥਾ ਵਿੱਚ ਵੱਡਾ ਵਾਧਾ ਹੋਇਆ ਹੈ। ਇਹ ਕਦਮ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੀ ਮੱਛੀ ਪਾਲਣ ਖੇਤਰ ਨੂੰ ਪ੍ਰਫੁੱਲਤ ਕਰਨ ਅਤੇ ਪੰਜਾਬ ਭਰ ਦੇ ਮੱਛੀ ਪਾਲਕਾਂ ਨੂੰ ਪੂਰਨ ਸਹਿਯੋਗ ਦੇਣ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਨਵ-ਨਿਯੁਕਤ ਮੁਲਾਜ਼ਮਾਂ ਨੂੰ ਵਧਾਈ ਦਿੰਦਿਆਂ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ, 'ਸਾਲ 2022 ਤੋਂ ਲਗਾਤਾਰ ਜਾਰੀ ਭਰਤੀ ਮੁਹਿੰਮ ਤਹਿਤ ਅੱਜ ਇਹ ਨਿਯੁਕਤੀ ਪੱਤਰ ਸੌਂਪੇ ਗਏ ਹਨ, ਜੋ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਮੱਛੀ ਪਾਲਣ ਵਿਭਾਗ ਦੇ ਆਧੁਨਿਕੀਕਰਨ ਅਤੇ ਮਜ਼ਬੂਤੀਕਰਨ ਪ੍ਰਤੀ ਠੋਸ ਵਚਨਬੱਧਤਾ ਨੂੰ ਦਰਸਾਉਂਦਾ ਹੈ।'



## ਮਨਧੀਰ ਸਿੰਘ ਆਈ ਪੀ ਐੱਸ (ਪੰਜਾਬ ਕਾਡਰ) ਬਣੇ

**ਚੰਡੀਗੜ੍ਹ (ਸੁਰਜੀਤ ਸੁਮਨ)**-ਪੰਜਾਬ ਸਰਕਾਰ ਦੇ ਗ੍ਰਹਿ ਮਾਮਲੇ ਵਿਭਾਗ ਵੱਲੋਂ ਜਾਰੀ ਹੁਕਮ 5 ਅਕਤੂਬਰ ਰਾਹੀਂ ਮਨਧੀਰ ਸਿੰਘ ਪੀ.ਪੀ.ਐੱਸ, ਜੋ ਇਸ ਸਮੇਂ ਡਾਇਰੈਕਟਰ ਜਨਰਲ ਆਫ ਪੁਲਿਸ ਦੇ ਦਫਤਰ ਵਿਖੇ ਬਤੌਰ ਏ ਆਈ ਜੀ (ਸਕਿਓਰਟੀ) ਕੰਮ ਕਰ ਰਹੇ ਹਨ, ਨੂੰ ਆਈ.ਪੀ.ਐੱਸ. (ਪੰਜਾਬ ਕਾਡਰ) ਨਿਯੁਕਤ ਕੀਤਾ ਗਿਆ ਹੈ। ਜ਼ਿਕਰਯੋਗ ਹੈ ਕਿ ਉਨ੍ਹਾਂ ਦੀ ਆਈ ਪੀ ਐੱਸ (ਪੰਜਾਬ ਕਾਡਰ) ਵਿੱਚ ਨਿਯੁਕਤੀ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ 7 ਸਤੰਬਰ 2025 ਨੂੰ ਦਿੱਤੇ ਆਦੇਸ਼ਾਂ ਨੂੰ ਅਮਲ ਵਿੱਚ ਲਿਆਉਂਦਿਆਂ ਕੀਤੀ ਗਈ ਹੈ। ਮਨਧੀਰ ਸਿੰਘ ਪੀ ਪੀ ਐੱਸ ਸਾਲ 2019-2021 ਵਿੱਚ ਬਤੌਰ ਆਈ ਪੀ ਐੱਸ (ਪੰਜਾਬ ਕਾਡਰ) ਲਈ ਚੁਣੇ ਗਏ ਸਨ, ਪਰੰਤੂ ਬਾਅਦ ਵਿੱਚ ਇਹ ਮਾਮਲਾ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿੱਚ ਚਲਾ ਗਿਆ ਸੀ। ਇਸ ਮੌਕੇ ਮਨਧੀਰ ਸਿੰਘ ਨੂੰ ਵਧਾਈ ਦੇਣ ਵਾਲਿਆਂ ਵਿੱਚ ਹੋਰਨਾਂ ਤੋਂ ਇਲਾਵਾ ਪੰਜਾਬ ਸਿਵਲ ਸਕੱਤਰੇਤ ਦੇ ਅਧਿਕਾਰੀ ਤੇ ਜੱਗ ਜਿਉਂਦਿਆਂ ਦੇ ਮੇਲੇ ਗਰੁੱਪ ਦੇ ਅਹੁਦੇਦਾਰ ਪਰਮਦੀਪ ਸਿੰਘ ਭਬਾਤ, ਜਸਪ੍ਰੀਤ ਸਿੰਘ ਰੰਧਾਵਾ, ਭੁਪਿੰਦਰ ਸਿੰਘ ਝੱਜ, ਪੰਜਾਬ ਸਕੱਤਰੇਤ ਪਰਸਨਲ ਸਟਾਫ ਐਸੋਸੀਏਸ਼ਨ ਦੇ ਪ੍ਰਧਾਨ ਤੇ ਉੱਘੇ ਲੇਖਕ ਮਲਕੀਅਤ ਸਿੰਘ ਔਜਲਾ ਅਤੇ ਵਿੱਤੀ ਕਮਿਸ਼ਨਰ ਸਕੱਤਰੇਤ ਦੇ ਪ੍ਰਧਾਨ ਕੁਲਵੰਤ ਸਿੰਘ ਹਾਜ਼ਰ ਸਨ।



## ਸੈਣੀ ਨੇ ਸਿੰਗਾਪੁਰ 'ਚ ਸੁਰਬਾਨਾ ਜੁਰੋਂਗ ਦਾ ਕੀਤਾ ਦੌਰਾ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਸਿੰਗਾਪੁਰ ਸਥਿਤ ਵਿਸ਼ਵ ਪ੍ਰਸਿੱਧ ਸ਼ਹਿਰੀ ਵਿਕਾਸ ਅਤੇ ਬੁਨਿਆਦੀ ਢਾਂਚਾ ਸੁਰਬਾਨਾ ਜੁਰੋਂਗ ਦਾ ਦੌਰਾ ਕੀਤਾ। ਇਸ ਦੌਰੇ ਦਾ ਮੁੱਖ ਉਦੇਸ਼ ਹਰਿਆਣਾ ਵਿੱਚ ਵਿਕਸਿਤ ਕੀਤੀ ਜਾ ਰਹੀ ਨਵੀਂ ਉਦਯੋਗਿਕ ਮਾਡਲ ਟਾਊਨਸ਼ਿਪ ਲਈ ਆਧੁਨਿਕ, ਇੰਟੀਗ੍ਰੇਟਿਡ ਅਤੇ ਭਵਿੱਖਮੁਖੀ ਵਿਵਸਥਾਵਾਂ ਨੂੰ ਸਮਝਣਾ ਅਤੇ ਉਹਨਾਂ ਦਾ ਅਧਿਐਨ ਕਰਨਾ ਸੀ। ਦੌਰੇ ਦੌਰਾਨ ਮੁੱਖ ਮੰਤਰੀ ਨੇ ਵੱਖ-ਵੱਖ ਕਾਰੋਬਾਰੀ ਇਕਾਈਆਂ ਨੂੰ ਇੱਕ ਹੀ ਸਥਾਨ 'ਤੇ ਇੱਕਠੇ ਵਿਕਸਿਤ ਕਰਨ ਦੀ ਸੰਚਾਲਨ ਪ੍ਰਕਿਰਿਆ ਦਾ ਗੰਭੀਰਤਾ ਨਾਲ ਅਧਿਐਨ ਕੀਤਾ। ਉਹਨਾਂ ਨੇ ਵਾਟਰ ਟ੍ਰੀਟਮੈਂਟ ਤੋਂ ਲੈ ਕੇ ਸੁਚਾਰੂ ਟ੍ਰੈਫਿਕ ਪ੍ਰਬੰਧਨ ਤੱਕ ਦੀਆਂ ਸਮੁੱਚੀਆਂ ਬਾਰੀਕੀਆਂ ਨੂੰ ਵਿਸਥਾਰ ਨਾਲ ਸਮਝਿਆ। ਨਾਲ ਹੀ, ਕਾਰੋਬਾਰੀ ਇਕਾਈਆਂ ਦੇ ਨਾਲ-ਨਾਲ ਮੈਨਪਾਵਰ ਲਈ ਵਿਵਸਥਿਤ, ਸੁਵਿਧਾਜਨਕ ਅਤੇ ਬਿਹਤਰ ਕੰਮਕਾਜੀ ਮਾਹੌਲ ਤਿਆਰ ਕਰਨ ਸੰਬੰਧੀ ਪ੍ਰਬੰਧਾਂ 'ਤੇ ਵਿਸ਼ੇਸ਼ ਧਿਆਨ ਦਿੱਤਾ। ਮੁੱਖ ਮੰਤਰੀ ਨੇ ਇਸ ਮੌਕੇ 'ਤੇ ਕਿਹਾ ਕਿ ਹਰਿਆਣਾ ਵਿੱਚ ਉਦਯੋਗਾਂ ਲਈ ਹਾਂ-ਪੱਖੀ ਅਤੇ ਨਿਵੇਸ਼ਕ-ਪੱਖੀ ਮਾਹੌਲ ਤਿਆਰ ਕਰਨਾ ਸਰਕਾਰ ਦੀ ਪ੍ਰਾਥਮਿਕਤਾ ਹੈ

## ਮੇਹਰ ਚੰਦ ਪੋਲੀਟੈਕਨਿਕ ਕਾਲਜ 'ਚ ਸਾਫ਼ਟ ਸਕਿਲਜ਼ 'ਤੇ ਗੈਸਟ ਲੈਕਚਰ

**ਜਲੰਧਰ (ਸ਼ੈਲੀ ਐਲਬਰਟ)**-ਮੇਹਰ ਚੰਦ ਪੌਲੀਟੈਕਨਿਕ ਕਾਲਜ ਜਲੰਧਰ ਦੇ ਮਕੈਨੀਕਲ ਇੰਜੀਨੀਅਰਿੰਗ ਵਿਭਾਗ ਵੱਲੋਂ ਆਪਣੇ 'ਫਿਨਿਸ਼ਿੰਗ ਸਕੂਲ' ਕਰੀਅਰ ਗਾਈਡੈਂਸ ਪ੍ਰੋਗਰਾਮ ਤਹਿਤ 'ਸਾਫ਼ਟ ਸਕਿਲਜ਼ ਡਿਵੈਲਪਮੈਂਟ' ਵਿਸ਼ੇ 'ਤੇ ਵਿਸ਼ੇਸ਼ ਗੈਸਟ ਲੈਕਚਰ ਕਰਵਾਇਆ ਗਿਆ।ਇਹ ਸੈਸ਼ਨ ਕਾਲਜ ਦੇ ਪ੍ਰਸਿੱਧ ਸਾਬਕਾ ਵਿਦਿਆਰਥੀ ਅਤੇ ਪੇਬਲਜ਼ (ਆਇਲਟਸ) ਇੰਸਟੀਟਿਊਟ ਦੇ ਸੰਸਥਾਪਕ ਅਤੇ ਮਾਰਗਦਰਸ਼ਕ ਸਤਿਅਮ ਗਾਬਾ ਵੱਲੋਂ ਲਿਆ ਗਿਆ। ਆਪਣੇ ਪੁਰਾਣੇ ਕਾਲਜ ਵਿੱਚ ਵਾਪਸ ਆ ਕੇ ਗਾਬਾ ਨੇ ਵਿਦਿਆਰਥੀਆਂ ਨਾਲ ਕੰਮਕਾਜੀ ਸਥਾਨ 'ਤੇ ਪ੍ਰਭਾਵਸ਼ਾਲੀ ਸੰਚਾਰ, ਆਤਮ-ਵਿਸ਼ਵਾਸ ਵਿੱਚ ਵਾਧਾ ਅਤੇ ਇੰਟਰਵਿਊ ਦੀ ਤਿਆਰੀ ਸੰਬੰਧੀ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ।ਇਹ ਪ੍ਰੋਗਰਾਮ ਕਾਲਜ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਦੇ ਸੁਰੱਖਿਆ ਅਤੇ ਮਕੈਨੀਕਲ ਇੰਜੀਨੀਅਰਿੰਗ ਵਿਭਾਗ ਦੀ ਮੁਖੀ ਰਿਚਾ ਅਰੋੜਾ ਦੀ ਯੋਗ ਅਗਵਾਈ ਹੇਠ ਕਰਵਾਇਆ ਗਿਆ।ਉਨ੍ਹਾ ਵਿਦਿਆਰਥੀਆਂ ਨੂੰ ਉਦਯੋਗਿਕ ਖੇਤਰ ਦੀਆਂ ਲੋੜਾਂ ਅਨੁਸਾਰ ਤਿਆਰ ਕਰਨ ਲਈ 'ਫਿਨਿਸ਼ਿੰਗ ਸਕੂਲ' ਪ੍ਰੋਗਰਾਮ ਦੇ ਮੁੱਖ ਉਦੇਸ਼ਾਂ ਬਾਰੇ ਜਾਣਕਾਰੀ ਦਿੱਤੀ।ਇਸ ਮੌਕੇ ਵਿਭਾਗ ਦੇ ਲੈਕਚਰਾਰ ਪ੍ਰਭੂ ਦਿਆਲ, ਰੋਹਿਤ ਕੁਮਾਰ, ਅਮਿਤ ਸ਼ਰਮਾ ਅਤੇ ਸੁਸ਼ਾਂਤ ਸ਼ਰਮਾ ਵੀ ਮੌਜੂਦ ਰਹੇ ।ਪ੍ਰੋਗਰਾਮ ਦੇ ਅੰਤ ਵਿੱਚ ਪ੍ਰਸ਼ਨੋਤਰੀ ਸੈਸ਼ਨ ਕਰਵਾਇਆ ਗਿਆ। ਵਿਦਿਆਰਥੀਆਂ ਨੇ ਸਤਿਅਮ ਗਾਬਾ ਨਾਲ ਆਪਣੇ ਸਵਾਲ ਸਾਂਝੇ ਕੀਤੇ ਅਤੇ ਉਨ੍ਹਾਂ ਤੋਂ ਕਰੀਅਰ ਅਤੇ ਵਿਅਕਤੀਗਤ ਵਿਕਾਸ ਸਬੰਧੀ ਲਾਭਦਾਇਕ ਮਾਰਗਦਰਸ਼ਨ ਪ੍ਰਾਪਤ ਕੀਤਾ।



## ਐਮ ਐਸ ਸੀ ਕੈਮਿਸਟਰੀ ਸਮੈਸਟਰ ਦੂਜਾ ਦਾ ਨਤੀਜਾ ਸ਼ਾਨਦਾਰ

**ਜਲੰਧਰ (ਸ਼ੈਲੀ ਐਲਬਰਟ)**-ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਐਲਾਨੇ ਐਮ.ਐਸ ਸੀ. ਕੈਮਿਸਟਰੀ ਦੂਜਾ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ। ਲਾਇਲਪੁਰ ਖ਼ਾਲਸਾ ਕਾਲਜ ਦੇ ਵਿਦਿਆਰਥੀ ਰਿਤਿਕ ਕੁਮਾਰ ਨੇ 10 ਵਿਚੋਂ 8.57 ਸੀ.ਜੀ.ਪੀ.ਏ. ਪ੍ਰਾਪਤ ਕਰਦੇ ਹੋਏ ਯੂਨੀਵਰਸਿਟੀ ਮੈਰਿਟ ਵਿਚੋਂ ਦੂਜਾ ਸਥਾਨ ਹਾਸਲ ਕੀਤਾ। ਇਸ ਮੌਕੇ ਸਰਦਾਰਨੀ ਬਲਬੀਰ ਕੌਰ, ਪ੍ਰਧਾਨ ਗਵਰਨਿੰਗ ਕੌਂਸਲ ਅਤੇ ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਨੇ ਵਿਸ਼ੇਸ਼ ਤੌਰ 'ਤੇ ਵਿਦਿਆਰਥੀ, ਉਸ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਇਸ ਮੌਕੇ ਡਾ. ਰਜਨੀਸ਼ ਮੋਦਗਿੱਲ ਮੁਖੀ ਕੈਮਿਸਟਰੀ ਵਿਭਾਗ, ਡਾ. ਗੀਤਾਂਜਲੀ ਕੌਸ਼ਲ, ਡਾ. ਭੁਪਿੰਦਰਪਾਲ ਸਿੰਘ, ਡਾ. ਨਵਜੋਤ ਕੌਰ, ਡਾ. ਵਿਕਾਸ ਕੁਮਾਰ ਅਤੇ ਡਾ. ਹਰਸ਼ਵੀਰ ਅਰੋੜਾ ਵੀ ਹਾਜ਼ਰ ਸਨ।



## 'ਮੇਰਾ ਘਰ-ਮੇਰੇ ਨਾਮ' ਸਕੀਮ ਤਹਿਤ ਲਾਭਪਾਤਰੀਆਂ ਨੂੰ ਅੱਜ ਦਿੱਤੇ ਜਾਣਗੇ ਮਾਲਕੀ ਦੇ ਹੱਕਾਂ ਵਾਲੇ ਕਾਰਡ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਪੰਜਾਬ ਸਰਕਾਰ ਵਲੋਂ ਪਿੰਡਾਂ ਵਿਚ ਲਾਲ ਲਕੀਰ ਦੇ ਘੇਰੇ ਵਿਚ ਬਣੇ ਮਕਾਨਾਂ ਦੀ ਮਾਲਕੀ ਦੇ ਹੱਕ ਦੇਣ ਲਈ 'ਮੇਰਾ ਘਰ-ਮੇਰੇ ਨਾਮ' ਸਕੀਮ ਤਹਿਤ ਜ਼ਿਲੇ ਵਿਚ ਪ੍ਰਾਪਰਟੀ ਕਾਰਡ ਵੰਡਣ ਦੀ ਸ਼ੁਰੂਆਤ ਬੁੱਧਵਾਰ ਤੋਂ ਕੀਤੀ ਜਾ ਰਹੀ ਹੈ ਜਿਸ ਬਾਰੇ ਪ੍ਰਕਿਰਿਆ ਨੂੰ ਅੰਤਮ ਰੂਪ ਦੇਣ ਦੇ ਨਿਰਦੇਸ਼ ਦਿੱਤੇ ਜਾ ਚੁੱਕੇ ਹਨ।'ਮੇਰਾ ਘਰ ਮੇਰੇ ਨਾਮ' ਸਕੀਮ ਤਹਿਤ ਪ੍ਰਾਪਰਟੀ ਕਾਰਡ ਵੰਡਣ ਦੀ ਪ੍ਰਕਿਰਿਆ ਬਾਰੇ ਸੰਬੰਧਤ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਲਾਲ ਲਕੀਰ ਅੰਦਰ ਬਣੇ ਘਰਾਂ ਦੀ ਮਾਲਕੀ ਦੇ ਹੱਕਾਂ ਵਾਲੇ ਕਾਰਡ ਬੁੱਧਵਾਰ ਤੋਂ ਪੜਾਅਵਾਰ ਵੰਡੇ ਜਾਣਗੇ । ਉਨ੍ਹਾਂ ਦੱਸਿਆ ਕਿ ਇਨ੍ਹਾਂ ਕਾਰਡਾਂ ਦੀ ਸ਼ੁਰੂਆਤ ਸ਼ਾਮਚੁਰਾਸੀ ਹਲਕੇ ਦੇ ਪਿੰਡ ਹਾਜੀ ਖਾਨਪੁਰ, ਚੱਬੇਵਾਲ ਵਿਧਾਨ ਸਭਾ ਹਲਕੇ ਦੇ ਪਿੰਡ ਬਠੁੱਲਾ, ਦਸੂਹਾ ਹਲਕੇ ਦੇ ਪਿੰਡ ਗੰਗਾ ਚੱਕ, ਟਾਂਡਾ ਦੇ ਪਿੰਡ ਰਸੂਲਪੁਰ, ਮੁਕੇਰੀਆਂ ਦੇ ਪਿੰਡ ਚੱਕ ਸਰਵਾਣੀ ਅਤੇ ਗੜ੍ਹਸ਼ੰਕਰ ਦੇ ਪਿੰਡ ਰਸੂਲਪੁਰ ਵਿਖੇ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਪਹਿਲੇ ਪੜਾਅ ਵਿਚ 300 ਤੋਂ ਵੱਧ ਪ੍ਰਾਪਰਟੀ ਕਾਰਡ ਦੇ ਕੇ ਇਨ੍ਹਾਂ ਪਰਵਾਰਾਂ ਨੂੰ ਮਾਲਕੀ ਦੇ ਹੱਕਦਾਰ ਬਣਾਇਆ ਜਾਵੇਗਾ ਜਿਸ ਉਪਰੰਤ ਪੜਾਅਵਾਰ ਇਹ ਸਿਲਸਿਲਾ ਜ਼ਿਲੇ ਵਿਚ ਜਾਰੀ ਰਹੇਗਾ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਸਕੀਮ ਨੂੰ ਕਾਰਗਰ ਢੰਗ ਨਾਲ ਲਾਗੂ ਕਰਨ ਲਈ ਪਿੰਡ ਪੱਧਰੀ ਕਮੇਟੀਆਂ ਦਾ ਗਠਨ ਕੀਤਾ ਗਿਆ ਹੈ ਤਾਂ ਜੋ ਲੋੜੀਂਦੀ ਪ੍ਰਕਿਰਿਆ ਨੂੰ ਘੱਟੋ-ਘੱਟ ਸਮੇਂ ਵਿਚ ਮੁਕੰਮਲ ਕੀਤਾ ਜਾਵੇ। ਉਨ੍ਹਾਂ ਨੇ ਮਾਲ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਕੀਮ ਦੀ ਵੱਖ-ਵੱਖ ਸਬ-ਡਵੀਜ਼ਨਾਂ ਵਿਚ ਚੱਲ ਰਹੀ ਪ੍ਰਕਿਰਿਆ ਦਾ ਰੈਗੂਲਰ ਜਾਇਜ਼ਾ ਲਿਆ ਜਾਵੇ ਤਾਂ ਜੋ ਲਾਭਪਾਤਰੀਆਂ ਨੂੰ ਉਨ੍ਹਾਂ ਦੇ ਪ੍ਰਾਪਰਟੀ ਕਾਰਡਾਂ ਜਲਦ ਤੋਂ ਜਲਦ ਸੌਂਪੇ ਜਾ ਸਕਣ।



## ਲਾਇਸੰਸਸ਼ੁਦਾ ਵਪਾਰੀ ਹੀ ਮਨਜ਼ੂਰਸ਼ੁਦਾ ਗਰੀਨ ਪਟਾਕੇ ਵੇਚ ਸਕਣਗੇ: ਡਿਪਟੀ ਕਮਿਸ਼ਨਰ

**ਕਪੂਰਥਲਾ (ਮਨਜੀਤ ਮਾਨ)**-ਜ਼ਿਲ੍ਹੇ 'ਚ ਸਿਰਫ਼ ਯੋਗ ਲਾਇਸੰਸ ਧਾਰਕ ਵਪਾਰੀਆਂ ਨੂੰ ਹੀ ਨਿਰਧਾਰਤ ਥਾਵਾਂ 'ਤੇ ਗ੍ਰੀਨ ਪਟਾਕੇ ਵੇਚਣ ਦੀ ਇਜਾਜ਼ਤ ਹੋਵੇਗੀ ਅਤੇ ਵੈਧ ਲਾਇਸੰਸ ਤੋਂ ਬਿਨਾਂ ਕਿਸੇ ਵੀ ਵਿਅਕਤੀ ਨੂੰ ਪਟਾਕੇ ਵੇਚਣ ਦੀ ਆਗਿਆ ਨਹੀਂ ਦਿੱਤੀ ਜਾਵੇਗੀ।ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਅਕਾਸ਼ ਬਾਂਸਲ ਨੇ ਦੱਸਿਆ ਕਿ ਮਨਜ਼ੂਰਸ਼ੁਦਾ ਗ੍ਰੀਨ ਪਟਾਕਿਆਂ ਦੀ ਵਿਕਰੀ ਤੇ ਵਰਤੋਂ ਸਿਰਫ਼ ਨਿਰਧਾਰਤ ਸਮੇਂ ਅਤੇ ਨਿਰਧਾਰਤ ਥਾਵਾਂ 'ਤੇ ਹੀ ਕੀਤੀ ਜਾ ਸਕੇਗੀ। ਉਨ੍ਹਾਂ ਲਾਇਸੰਸਸ਼ੁਦਾ ਵਪਾਰੀਆਂ ਨੂੰ ਨਿਰਧਾਰਤ ਸ਼ੋਰ ਸੀਮਾ ਦੀ ਸਖ਼ਤੀ ਨਾਲ ਪਾਲਣਾ ਕਰਨ ਦੇ ਨਿਰਦੇਸ਼ ਦਿੱਤੇ ਅਤੇ ਸਪੱਸ਼ਟ ਕੀਤਾ ਕਿ ਕਿਸੇ ਵੀ ਲਾਇਸੰਸਧਾਰੀ ਨੂੰ ਮਨਜ਼ੂਰਸ਼ੁਦਾ ਡੈਸੀਬਲ ਸੀਮਾ ਤੋਂ ਵੱਧ ਸ਼ੋਰ ਪੈਦਾ ਕਰਨ ਵਾਲੇ ਪਟਾਕੇ ਸਟੋਰ ਕਰਨ, ਪ੍ਰਦਰਸ਼ਿਤ ਕਰਨ ਜਾਂ ਵੇਚਣ ਦੀ ਇਜਾਜ਼ਤ ਨਹੀਂ ਹੋਵੇਗੀ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਜੁਆਇੰਟ ਪਟਾਕਿਆਂ, ਜਿਨ੍ਹਾਂ ਵਿੱਚ ਜੁਆਇੰਟ ਪਟਾਕੇ ਅਤੇ ਲੜੀਆਂ ਸ਼ਾਮਲ ਹਨ, ਦੇ ਨਿਰਮਾਣ, ਸਟੋਰੇਜ, ਵੰਡ, ਵਿਕਰੀ ਅਤੇ ਵਰਤੋਂ 'ਤੇ ਪੂਰਨ ਪਾਬੰਦੀ ਲਗਾਈ ਗਈ ਹੈ। ਉਨ੍ਹਾਂ ਕਿਹਾ ਕਿ ਸਿਰਫ਼ ਮਨਜ਼ੂਰਸ਼ੁਦਾ ਗ੍ਰੀਨ ਪਟਾਕੇ ਹੀ ਵੇਚਣ ਅਤੇ ਵਰਤਣ ਦੀ ਇਜਾਜ਼ਤ ਹੋਵੇਗੀ, ਜਿਨ੍ਹਾਂ ਵਿੱਚ ਬੇਰੀਅਮ ਸਾਲਟ ਜਾਂ ਐਂਟੀਮਨੀ, ਲਿਥੀਅਮ, ਪਾਰਾ, ਆਰਸੈਨਿਕ, ਲੀਡ ਜਾਂ ਸਟ੍ਰੋਂਸ਼ੀਅਮ ਕ੍ਰੋਮੇਟ ਦੇ ਯੋਗਿਕ ਸ਼ਾਮਲ ਨਾ ਹੋਣ। ਉਨ੍ਹਾਂ ਅੱਗੇ ਕਿਹਾ ਕਿ ਐਮਾਜ਼ਾਨ, ਫਲਿੱਪਕਾਰਟ ਸਮੇਤ ਈ-ਕਾਮਰਸ ਵੈੱਬਸਾਈਟਾਂ ਅਤੇ ਹੋਰ ਆਨਲਾਈਨ ਪਲੇਟਫਾਰਮਾਂ ਨੂੰ ਸੂਬੇ ਅੰਦਰ ਪਟਾਕਿਆਂ ਦੇ ਆਨਲਾਈਨ ਆਰਡਰ ਸਵੀਕਾਰ ਕਰਨ ਜਾਂ ਆਨਲਾਈਨ ਵਿਕਰੀ ਕਰਨ 'ਤੇ ਵੀ ਪਾਬੰਦੀ ਹੋਵੇਗੀ।



## ਲੋਕਾਂ ਦੀ ਰਾਏ ਨਾਲ ਚੋਣ ਮਨੋਰਥ ਪੱਤਰ ਤਿਆਰ ਕਰੇਗਾ ਅਕਾਲੀ ਦਲ

**ਜ਼ੀਰਕਪੁਰ (ਜਤਿੰਦਰ ਕੁਮਾਰ)**-ਸ਼੍ਰੋਮਣੀ ਅਕਾਲੀ ਦਲ ਨੇ ਆਉਣ ਵਾਲੀਆਂ ਚੋਣਾਂ ਲਈ ਲੋਕਾਂ ਦੀ ਰਾਏ ਤੇ ਉਨ੍ਹਾਂ ਨਾਲ ਸਿੱਧੇ ਤੌਰ 'ਤੇ ਜੁੜੇ ਮੁੱਦਿਆਂ ਦੇ ਆਧਾਰ 'ਤੇ ਆਪਣਾ ਚੋਣ ਮਨੋਰਥ ਪੱਤਰ ਤਿਆਰ ਕਰਨ ਦੀ ਮੁਹਿੰਮ ਸ਼ੁਰੂ ਕੀਤੀ ਹੈ। ਇਸ ਤਹਿਤ ਪਾਰਟੀ ਦੇ ਬੂਥ ਇੰਚਾਰਜ ਲਗਾਤਾਰ 10 ਦਿਨ ਘਰ-ਘਰ ਜਾ ਕੇ ਲੋਕਾਂ ਤੋਂ ਫਾਰਮ ਭਰਵਾਉਣਗੇ ਅਤੇ ਉਨ੍ਹਾਂ ਤੋਂ ਪੰਜਾਬ ਅਤੇ ਸਥਾਨਕ ਪੱਧਰ ਦੀਆਂ ਸਮੱਸਿਆਵਾਂ ਦੇ ਨਾਲ-ਨਾਲ ਪਾਰਟੀ ਲਈ ਤਿੰਨ ਪ੍ਰਮੁੱਖ ਸੁਝਾਅ ਵੀ ਲਏ ਜਾਣਗੇ।ਜ਼ੀਰਕਪੁਰ ਤੋਂ ਮੁਹਿੰਮ ਦੀ ਸ਼ੁਰੂਆਤ ਕਰਦਿਆਂ ਅਕਾਲੀ ਆਗੂ ਨੇ ਦੱਸਿਆ ਕਿ ਲੋਕਾਂ ਸਾਹਮਣੇ ਨਸ਼ਾ, ਬੇਰੁਜ਼ਗਾਰੀ, ਭ੍ਰਿਸ਼ਟਾਚਾਰ, ਗੈਂਗਸਟਰਵਾਦ, ਕਾਨੂੰਨ ਵਿਵਸਥਾ, ਸਰਕਾਰੀ ਹਸਪਤਾਲਾਂ ਅਤੇ ਸਕੂਲਾਂ ਦੀ ਹਾਲਤ, ਪੰਜਾਬ ਸਿਰ ਵਧਦਾ ਕਰਜ਼ਾ, ਐੱਮ ਐੱਸ ਪੀ, ਮਹਿੰਗਾਈ, ਠੱਪ ਪਏ ਵਿਕਾਸ ਕਾਰਜ ਅਤੇ ਬਿਜਲੀ ਕੱਟਾਂ ਸਮੇਤ ਕਈ ਮੁੱਦੇ ਰੱਖੇ ਜਾ ਰਹੇ ਹਨ। ਲੋਕਾਂ ਤੋਂ ਪੁੱਛਿਆ ਜਾ ਰਿਹਾ ਹੈ ਕਿ ਇਨ੍ਹਾਂ ਵਿੱਚੋਂ ਉਨ੍ਹਾਂ ਲਈ ਸਭ ਤੋਂ ਅਹਿਮ ਮੁੱਦੇ ਕਿਹੜੇ ਹਨ ਅਤੇ ਅਕਾਲੀ ਦਲ ਨੂੰ ਆਪਣੇ ਚੋਣ ਮਨੋਰਥ ਪੱਤਰ ਵਿੱਚ ਕਿਹੜੀਆਂ ਤਰਜੀਹਾਂ ਸ਼ਾਮਲ ਕਰਨੀਆਂ ਚਾਹੀਦੀਆਂ ਹਨ। ਉਨ੍ਹਾਂ ਦੱਸਿਆ ਕਿ ਜ਼ੀਰਕਪੁਰ ਵਿੱਚ ਲੋਕਾਂ ਵੱਲੋਂ ਟ੍ਰੈਫਿਕ ਸਮੱਸਿਆ ਨੂੰ ਪ੍ਰਮੁੱਖਤਾ ਨਾਲ ਉਠਾਇਆ ਗਿਆ ਹੈ। ਇਸ ਤੋਂ ਇਲਾਵਾ ਪੁਲਸ ਅਤੇ ਪ੍ਰਸ਼ਾਸਨਿਕ ਸੁਧਾਰ, ਗੈਂਗਸਟਰਵਾਦ ਦਾ ਖਾਤਮਾ, ਸਾਫ਼ ਪੀਣ ਵਾਲਾ ਪਾਣੀ, ਵਿਕਾਸ ਕਾਰਜ ਅਤੇ ਔਰਤਾਂ ਤੇ ਬੱਚਿਆਂ ਦੀ ਸੁਰੱਖਿਆ ਵਰਗੇ ਮੁੱਦੇ ਵੀ ਸਾਹਮਣੇ ਆਏ ਹਨ। ਉਨ੍ਹਾਂ ਕਿਹਾ ਕਿ ਜ਼ੀਰਕਪੁਰ ਤੋਂ ਬਾਅਦ ਡੇਰਾਬੱਸੀ, ਲਾਲੜੂ ਅਤੇ ਹੰਡੇਸਰਾ ਸਰਕਲ ਵਿੱਚ ਵੀ ਇਹ ਮੁਹਿੰਮ ਸ਼ੁਰੂ ਕੀਤੀ ਜਾ ਰਹੀ ਹੈ। ਉਨ੍ਹਾਂ ਅਨੁਸਾਰ 10 ਦਿਨਾਂ ਦੌਰਾਨ ਇਕੱਠੇ ਕੀਤੇ ਸਾਰੇ ਫਾਰਮਾਂ ਦਾ ਪਾਰਟੀ ਪੱਧਰ 'ਤੇ ਡਾਟਾ ਤਿਆਰ ਕੀਤਾ ਜਾਵੇਗਾ।



## ਸੱਭਿਆਚਾਰਕ ਮੇਲਾ ਅਮਿੱਟ ਯਾਦਾਂ ਛੱਡਦਾ ਹੋਇਆ ਸਮਾਪਤ

**ਪੋਜੇਵਾਲ (ਰਾਮ ਲਾਲ)**-ਸ਼ਿਵਾਲਿਕ ਦੀਆਂ ਪਹਾੜੀਆਂ ਦੀ ਗੋਦ ਵਿਚ ਬਿਰਾਜਮਾਨ ਸਿੱਧ ਸ੍ਰੀ ਬਾਬਾ ਕੈਂਥਲ ਦੇ ਇਤਿਹਾਸਕ ਅਸਥਾਨ ਪਿੰਡ ਭੱਦੀ ਨਜਦੀਕ ਗਊਸ਼ਾਲਾ ਸੰਤ ਨਗਰ ਬੂੰਗੜੀ ਵਿਖੇ ਸ਼ਰਧਾ ਅਤੇ ਉਤਸ਼ਾਹ ਪੂਰਵਕ ਕਰਵਾਇਆ ਗਿਆ ਦੂਜਾ ਸੱਭਿਆਚਾਰਕ ਮੇਲਾ ਅਮਿੱਟ ਪੈੜਾਂ ਛੱਡਦਾ ਹੋਇਆ ਸਮਾਪਤ ਹੋਇਆ। ਪ੍ਰਬੰਧਕ ਕਮੇਟੀ ਦੇ ਪ੍ਰਧਾਨ ਚੌਧਰੀ ਬਾਲੂ ਰਾਮ ਤੇ ਨੀਰਜ ਕੁਮਾਰ ਸੰਨੀ ਦੀ ਯੋਗ ਅਗਵਾਈ ਵਿੱਚ ਸਮੁੱਚੀ ਟੀਮ ਵਲੋਂ ਪੁਖਤਾ ਪ੍ਰਬੰਧ ਕੀਤੇ ਗਏ ਸਨ। ਇਸ ਦੂਜੇ ਸੱਭਿਆਚਾਰਕ ਮੇਲੇ ਵਿਚ ਦੋ ਛੋਟੀਆਂ ਬੱਚੀਆ ਰਿਧੀ ਧੀਮਾਨ ਤੇ ਭਾਵਿਕਾ ਧੀਮਾਨ ਨੇ ਮੰਗਲਾਚਰਨ ਉਚਾਰਣ ਕਰਨ ਦੇ ਨਾਲ ਬਾਬਾ ਦੀ ਮਹਿਮਾ ਦਾ ਗੁਣਗਾਨ ਕੀਤਾ। ਧਾਰਮਿਕ ਸਟੇਜ ਦੌਰਾਨ ਸੁਨੀਲ ਭੱਦੀ, ਗੱਗੀ ਮਝੋਟ, ਸੋਨੂੰ ਮੰਗੂਪੁਰ ਵਲੋਂ ਵੀ ਆਪਣੇ ਫਨ ਦਾ ਮੁਜਾਹਰਾ ਕੀਤਾ ਗਿਆ। ਇਸ ਤੋਂ ਇਲਾਵਾ ਪੰਜਾਬ ਦੇ ਨਾਮਵਰ ਕਲਾਕਾਰ ਪੰਮਾ ਡੂਮੇਵਾਲ ਤੇ ਅਮਨ ਰੋਜੀ ਨੇ ਲੋਕਾਂ ਨੂੰ ਆਪਣੇ ਗਾਣਿਆਂ ਨਾਲ ਕੀਲ ਕੇ ਰੱਖ ਦਿੱਤਾ। ਮੁੱਖ ਮਹਿਮਾਨ ਵਜੋਂ ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਕਾਂਗਰਸ ਕਮੇਟੀ ਨੇ ਸ਼ਿਰਕਤ ਕੀਤੀ। ਮੇਲੇ ਵਿੱਚ ਵਿਸ਼ੇਸ਼ ਤੌਰ ਤੇ ਬਾਬਾ ਕਰੋਲਗੜ ਪ੍ਰਬੰਧਕ ਕਮੇਟੀ ਘਾਹੀਮਾਜਰਾ, ਬਾਬਾ ਜੰਬੂਜੀਤ ਪ੍ਰਬੰਧਕ ਕਮੇਟੀ ਮਾਲੇਵਾਲ, ਬਾਬਾ ਝਿੜੀ ਪ੍ਰਬੰਧਕ ਕਮੇਟੀ ਸਹਿਬਾਜਪੁਰ, ਸ਼ਿਵ ਕਾਵੜ ਮੰਡਲੀ ਸੇਵਾਦਾਰ ਕਮੇਟੀ ਨਾਨੋਵਾਲ ਕੰਢੀ ਵੱਲੋਂ ਜਿਥੇ ਹਾਜ਼ਰੀ ਭਰੀ ਗਈ ਉਥੇ ਹੀ ਮੇਲੇ ਦੇ ਸੁਚੱਜੇ ਪ੍ਰਬੰਧ ਲਈ ਭਰਪੂਰ ਸਹਿਯੋਗ ਕੀਤਾ ਗਿਆ। ਲੰਗਰ ਦੀ ਸੇਵਾ ਬਾਬਾ ਕਰੋਲਗੜ ਸੇਵਾਦਾਰ ਕਮੇਟੀ ਵਲੋਂ ਬਾਖੂਬੀ ਨਿਭਾਈ ਗਈ। ਸ੍ਰੀ ਬਾਬਾ ਕੈਂਥਲ ਕਮੇਟੀ ਦੇ ਪ੍ਰਧਾਨ ਚੌਧਰੀ ਬਾਲੂ ਰਾਮ ਚੌਹਾਨ ਵਲੋਂ ਸਮਾਜ ਸੇਵੀਆਂ, ਸੰਤਾਂ ਮਹਾਂਪੁਰਸ਼ਾਂ,



ਕਲਾਕਾਰਾਂ, ਰਾਜਨੀਤਕ ਪਾਰਟੀਆਂ ਦੇ ਆਗੂਆਂ, ਧਾਰਮਿਕ ਸਖਸ਼ੀਅਤਾਂ ਤੇ ਸੰਗਤਾਂ ਦਾ ਮੇਲੇ ਵਿੱਚ ਪਹੁੰਚਣ ਅਤੇ ਸਹਿਯੋਗ ਦੇਣ ਲਈ ਧੰਨਵਾਦ ਕੀਤਾ ਤੇ ਭਰੋਸਾ ਪ੍ਰਗਟ ਕੀਤਾ ਕਿ ਅਗੋਂ ਤੋਂ ਇਸੇ ਤਰ੍ਹਾਂ ਸਹਿਯੋਗ ਮਿਲਦਾ ਰਹੇਗਾ। ਇਸ ਮੌਕੇ ਅਜੇ ਮੰਗੂਪੁਰ ਜ਼ਿਲਾ ਪ੍ਰਧਾਨ, ਡਾਕਟਰ ਭੁਪਿੰਦਰ ਸਿੰਘ ਸੂਰੀ ਹਸਪਤਾਲ ਬਲਾਚੌਰ, ਸੰਤ ਗੁਰਮੇਲ ਸਿੰਘ ਮੈਮੋਰੀਅਲ ਹਸਪਤਾਲ ਤੋਂ ਡਾਕਟਰ ਪਰਮਜੀਤ ਸਿੰਘ,ਡਾਕਟਰ ਸੁਰਜੀਤ ਸਿੰਘ ਰੋਪੜ, ਐਡਵੋਕੇਟ ਸੰਜੀਵ ਚੇਚੀ ਚੈਅਰਮੈਨ ਜ਼ਿਲ੍ਹਾ ਪਲਾਨਿੰਗ ਬੋਰਡ, ਚੇਅਰਮੈਨ ਸੇਠੀ ਉਧਨਵਾਲ, ਚੈਅਰਮੈਨ ਮੰਡੀਕਰਨ ਬੋਰਡ ਸਮਾਜਸੇਵੀ ਚੋਧਰੀ ਕਮਲ ਚੋਹਾਨ ਦੇ ਭਰਾ ਓਂਕਾਰ ਚੋਹਾਨ, ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਰਾਜਵਿੰਦਰ ਲੱਕੀ, ਸੰਦੀਪ ਭਾਟੀਆ ਸੋਨੂੰ ਭਾਜਪਾ ਆਗੂ, ਟੀਨੂੰ ਅਨੰਦ ਬਲਾਚੌਰ ਆਦਿ ਸ਼ਾਮਿਲ ਸਨ। ਸਟੇਜ ਦੀ ਭੂਮਿਕਾ ਸੁਨੀਲ ਭਾਰਦਵਾਜ ਸ੍ਰੀ ਅਨੰਦਪੁਰ ਸਾਹਿਬ ਵਲੋਂ ਬਾਖੂਬੀ ਨਿਭਾਈ ਗਈ।

## ਬਕਾਇਆ ਰਾਸ਼ੀ ਨਾ ਮਿਲਣ 'ਤੇ ਛੱਤਬੀੜ ਚਿੜੀਆਘਰ ਦੇ ਮੁਲਾਜ਼ਮਾਂ ਵੱਲੋਂ ਧਰਨਾ

**ਜ਼ੀਰਕਪੁਰ (ਜਤਿੰਦਰ ਕੁਮਾਰ)**-ਛੱਤਬੀੜ ਚਿੜੀਆਘਰ ਦੇ ਪੱਕੇ ਕੀਤੇ ਗਏ ਮੁਲਾਜ਼ਮਾਂ ਦੀ ਬਕਾਇਆ ਰਾਸ਼ੀ ਅਜੇ ਤੱਕ ਉਨ੍ਹਾਂ ਦੇ ਖਾਤਿਆਂ ਵਿੱਚ ਨਾ ਆਉਣ ਦਾ ਦੋਸ਼ ਲਗਾਉਂਦਿਆਂ ਮੁਲਾਜ਼ਮਾਂ ਨੇ ਸੋਮਵਾਰ ਨੂੰ ਚਿੜੀਆਘਰ ਦੇ ਡਾਇਰੈਕਟਰ ਦਫ਼ਤਰ ਅੱਗੇ ਧਰਨਾ ਦਿੱਤਾ। ਇਸ ਦੌਰਾਨ ਮੁਲਾਜ਼ਮਾਂ ਨੇ ਆਪਣੀਆਂ ਮੰਗਾਂ ਦੇ ਹੱਕ ਵਿੱਚ ਅਤੇ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਬਕਾਇਆ ਰਾਸ਼ੀ ਤੁਰੰਤ ਜਾਰੀ ਕਰਨ ਦੀ ਮੰਗ ਕੀਤੀ। ਮੁਲਾਜ਼ਮਾਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਮਾਮਲੇ ਦਾ ਜਲਦ ਹੱਲ ਨਾ ਹੋਇਆ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਯੂਨੀਅਨ ਦੇ ਚੇਅਰਮੈਨ ਅਮਨਦੀਪ ਸਿੰਘ ਨੇ ਦੱਸਿਆ ਕਿ ਮੁਲਾਜ਼ਮਾਂ ਵੱਲੋਂ ਇਸੇ ਮੰਗ ਨੂੰ ਲੈ ਕੇ ਕੁਝ ਦਿਨ ਪਹਿਲਾਂ ਵੀ ਡਾਇਰੈਕਟਰ ਦਫ਼ਤਰ ਅੱਗੇ ਧਰਨਾ ਦਿੱਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਪਿਛਲੇ ਸਾਲ ਸਰਕਾਰ ਵੱਲੋਂ ਪੱਕੇ ਕੀਤੇ ਗਏ ਮੁਲਾਜ਼ਮਾਂ ਦੀ ਬਕਾਇਆ ਰਾਸ਼ੀ ਬਣਦੀ ਹੈ। ਪਹਿਲਾਂ ਵਿਭਾਗ ਵੱਲੋਂ ਤਿਆਰ ਕੀਤਾ ਗਿਆ ਬਕਾਇਆ ਸਹੀ ਨਾ ਹੋਣ ਕਾਰਨ ਯੂਨੀਅਨ ਵੱਲੋਂ ਮਾਮਲਾ ਅਧਿਕਾਰੀਆਂ ਕੋਲ ਉਠਾਇਆ ਗਿਆ ਸੀ। ਅਮਨਦੀਪ ਸਿੰਘ ਨੇ ਦਾਅਵਾ ਕੀਤਾ ਕਿ ਮੁਲਾਜ਼ਮਾਂ ਵੱਲੋਂ ਆਵਾਜ਼ ਉਠਾਉਣ ਤੋਂ ਬਾਅਦ ਮਾਮਲਾ ਉੱਚ ਅਧਿਕਾਰੀਆਂ ਕੋਲ ਭੇਜਿਆ ਗਿਆ ਅਤੇ ਬਕਾਇਆ ਅਦਾਇਗੀ ਲਈ ਰਾਸ਼ੀ 7 ਫਰਵਰੀ ਨੂੰ ਖ਼ਜ਼ਾਨਾ ਦਫ਼ਤਰ ਵਿੱਚ ਪਹੁੰਚ ਗਈ ਸੀ। ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਬਿੱਲ ਖ਼ਜ਼ਾਨਾ ਦਫ਼ਤਰ ਭੇਜੇ ਜਾਣ ਦੀ ਗੱਲ ਵੀ ਆਖੀ ਜਾ ਰਹੀ ਹੈ, ਪਰ ਕਈ ਮਹੀਨੇ ਬੀਤਣ ਦੇ ਬਾਵਜੂਦ ਮੁਲਾਜ਼ਮਾਂ ਦੇ ਖਾਤਿਆਂ ਵਿੱਚ ਉਨ੍ਹਾਂ ਦੀ ਬਣਦੀ ਰਾਸ਼ੀ ਨਹੀਂ ਪਹੁੰਚੀ। ਇਸ ਕਾਰਨ ਮੁਲਾਜ਼ਮਾਂ ਵਿੱਚ ਰੋਸ ਹੈ ਅਤੇ ਉਨ੍ਹਾਂ ਨੂੰ ਮੁੜ ਧਰਨਾ ਦੇਣ ਲਈ ਮਜਬੂਰ ਹੋਣਾ ਪਿਆ।ਉਨ੍ਹਾਂ ਦੱਸਿਆ ਕਿ ਧਰਨੇ ਦੌਰਾਨ ਯੂਨੀਅਨ ਦੇ ਨੁਮਾਇੰਦਿਆਂ ਨੂੰ ਡਾਇਰੈਕਟਰ ਦਫ਼ਤਰ ਵੱਲੋਂ ਗੱਲਬਾਤ ਲਈ ਬੁਲਾਇਆ ਗਿਆ। ਮੀਟਿੰਗ ਤੋਂ ਬਾਅਦ ਯੂਨੀਅਨ ਦਾ ਵਫ਼ਦ ਮਾਮਲੇ ਦੀ ਅਸਲ ਸਥਿਤੀ ਜਾਨਣ ਲਈ ਖ਼ਜ਼ਾਨਾ ਦਫ਼ਤਰ ਜਾਣ ਲਈ ਰਵਾਨਾ ਹੋਇਆ। ਉਨ੍ਹਾਂ ਕਿਹਾ ਕਿ ਖ਼ਜ਼ਾਨਾ ਦਫ਼ਤਰ ਤੋਂ ਮਿਲਣ ਵਾਲੇ ਜਵਾਬ ਤੋਂ ਬਾਅਦ ਮੁਲਾਜ਼ਮਾਂ ਨੂੰ ਪੂਰੀ ਸਥਿਤੀ ਤੋਂ ਜਾਣੂ ਕਰਵਾਇਆ ਜਾਵੇਗਾ ਤੇ ਉਸੇ ਆਧਾਰ 'ਤੇ ਸੰਘਰਸ਼ ਦੀ ਅਗਲੀ ਰਣਨੀਤੀ ਤੈਅ ਕੀਤੀ ਜਾਵੇਗੀ। ਅਮਨਦੀਪ ਸਿੰਘ ਨੇ ਕਿਹਾ ਕਿ ਮੁਲਾਜ਼ਮ ਆਪਣੀ ਬਣਦੀ ਬਕਾਇਆ ਰਾਸ਼ੀ ਜਾਰੀ ਕਰਵਾਉਣ ਦੀ ਮੰਗ ਕਰ ਰਹੇ ਹਨ।ਮਾਮਲੇ ਸਬੰਧੀ ਛੱਤਬੀੜ ਚਿੜੀਆਘਰ ਦੇ ਫੀਲਡ ਡਾਇਰੈਕਟਰ ਨਲਿਨ ਯਾਦਵ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਮੁਲਾਜ਼ਮਾਂ ਦਾ ਕੇਸ ਤਿਆਰ ਕਰਕੇ ਉੱਚ ਅਧਿਕਾਰੀਆਂ ਨੂੰ ਭੇਜਿਆ ਜਾ ਚੁੱਕਾ ਹੈ। ਉਨ੍ਹਾਂ ਕਿਹਾ ਕਿ ਮਾਮਲਾ ਉੱਚ ਪੱਧਰ 'ਤੇ ਵਿਚਾਰ ਅਧੀਨ ਹੈ ਅਤੇ ਅਗਲੀ ਕਾਰਵਾਈ ਉੱਥੋਂ ਪ੍ਰਾਪਤ ਹੋਣ ਵਾਲੇ ਫ਼ੈਸਲੇ ਅਨੁਸਾਰ ਕੀਤੀ ਜਾਵੇਗੀ।



## ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਵੱਲੋਂ ਸੰਗਰੂਰ ਰੈਲੀ 'ਚ ਸ਼ਮੂਲੀਅਤ ਕਰਨ ਦਾ ਐਲਾਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਸਾਂਝੀ ਤਾਲਮੇਲ ਕਮੇਟੀ ਦੀ ਅਗਵਾਈ ਹੇਠ 10 ਅਕਤੂਬਰ ਨੂੰ ਮੁੱਖ ਮੰਤਰੀ ਦੇ ਸਿਆਸੀ ਗੜ੍ਹ ਸੰਗਰੂਰ ਵਿੱਚ ਹੋਣ ਜਾ ਰਹੀ ਮਹਾਂਰੈਲੀ ਨੂੰ ਕਾਮਯਾਬ ਕਰਨ ਲਈ ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਵੱਲੋਂ ਸੂਬਾ ਕਮੇਟੀ ਦੀ ਮੀਟਿੰਗ ਕਰਕੇ ਐਨ ਪੀ ਐਸ ਮੁਲਾਜ਼ਮਾਂ ਦੀ ਰੈਲੀ ਵਿੱਚ ਵੱਡੀ ਸ਼ਮੂਲੀਅਤ ਕਰਵਾਉਣ ਦਾ ਫੈਸਲਾ ਕੀਤਾ ਗਿਆ ਹੈ। ਮੀਟਿੰਗ ਦੀ ਜਾਣਕਾਰੀ ਸਾਂਝੀ ਕਰਦਿਆਂ ਜਥੇਬੰਦੀ ਦੇ ਸੂਬਾ ਕਨਵੀਨਰ ਅਤਿੰਦਰ ਪਾਲ ਸਿੰਘ, ਦੋਆਬਾ ਜੋਨ ਦੇ ਕਨਵੀਨਰ ਇੰਦਰ ਸੁਖਦੀਪ ਸਿੰਘ ਓਢਰਾ, ਜ਼ਿਲ੍ਹਾ ਕਨਵੀਨਰ ਮਨਜੀਤ ਸਿੰਘ ਦਸੂਹਾ, ਜਨਰਲ ਸਕੱਤਰ ਬਲਜੀਤ ਸਿੰਘ ਮਹਿਮੋਵਾਲ, ਵਿੱਤ ਸਕੱਤਰ ਨੰਦ ਰਾਮ ਅਤੇ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ (ਡੀ ਟੀ ਐੱਫ਼.) ਦੇ ਜ਼ਿਲ੍ਹਾ ਪ੍ਰਧਾਨ ਸੁਖਦੇਵ ਡਾਨਸੀਵਾਲ ਅਤੇ ਜੁਆਇੰਟ ਸਕੱਤਰ ਪ੍ਰਵੀਨ ਸ਼ੇਰਪੁਰ ਨੇ ਕਿਹਾ ਕਿ ਆਪਣੇ ਕਾਰਜਕਾਲ ਵਿੱਚ ਪੁਰਾਣੀ ਪੈਨਸ਼ਨ ਬਹਾਲ ਕਰਨ ਵਿੱਚ ਫੇਲ੍ਹ ਰਹੀ ਰਕਾਰ ਵੱਲੋਂ ਵਿਧਾਨ ਸਭਾ ਚੋਣਾਂ ਤੋਂ ਐਨ ਪਹਿਲਾਂ ਯੂਨੀਫਾਈਡ ਪੈਨਸ਼ਨ ਸਕੀਮ (ਯੂ.ਪੀ.ਐੱਸ.) ਜਿਹੀਆਂ ਅੰਸ਼ਦਾਨ ਸਕੀਮਾਂ ਦੇ ਘੇਰੇ ਅੰਦਰ ਹੀ ਪੈਨਸ਼ਨ ਨੂੰ ਵਿਚਾਰਨ ਦੇ ਨਵੇਂ ਹੁਕਮ ਜਾਰੀ ਕੀਤੇ ਗਏ ਹਨ ਜਿਸ ਦੇ ਖਿਲਾਫ ਮੁਲਾਜ਼ਮਾਂ ਵਿੱਚ ਤਿੱਖਾ ਰੋਸ ਹੈ, ਕਿਉਂਕਿ ਪੰਜਾਬ ਦੇ ਮੁਲਾਜ਼ਮ ਕੇਂਦਰ ਸਰਕਾਰ ਵੱਲੋਂ ਲਿਆਂਦੀ ਐਨ ਪੀ ਐੱਸ ਦੀ ਤਰਜ ਵਾਲੀ ਕਿਸੇ ਵੀ ਪੈਨਸ਼ਨ ਸਕੀਮ ਨੂੰ ਪਹਿਲਾਂ ਹੀ ਰੱਦ ਕਰ ਚੁੱਕੇ ਹਨ।ਫਰੰਟ ਦੇ ਆਗੂਆਂ ਨੇ ਕਿਹਾ ਕਿ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫ਼ਰੰਟ ਅਤੇ ਮੁਲਾਜ਼ਮ ਮੰਚ ਪੰਜਾਬ ਦੀ ਸਾਂਝੀ ਤਾਲਮੇਲ ਕਮੇਟੀ ਦੀਆਂ ਪ੍ਰਮੁੱਖ ਮੰਗਾਂ ਵਿੱਚ ਮਾਣਭੱਤਾ ਵਰਕਰਾਂ ਤੇ ਘੱਟੋ-ਘੱਟ ਉਜਰਤਾਂ ਕਾਨੂੰਨ ਲਾਗੂ ਕਰਵਾਉਣਾ, ਕੱਚੇ ਤੇ ਆਊਟਸੋਰਸ ਮੁਲਾਜ਼ਮਾਂ ਨੂੰ ਰੈਗੂਲਰ ਕਰਵਾਉਣਾ, 17-07-2020 ਦਾ ਪੱਤਰ ਰੱਦ ਕਰਕੇ ਸਮੁੱਚੇ ਮੁਲਾਜ਼ਮਾਂ ਉੱਤੇ ਪੰਜਾਬ ਦਾ ਤਨਖਾਹ ਸਕੇਲ ਲਾਗੂ ਕਰਵਾਉਣਾ, ਪੁਰਾਣੀ ਪੈਨਸ਼ਨ ਬਹਾਲ ਕਰਵਾਉਣਾ ਆਦਿ ਮੰਗਾਂ ਸ਼ਾਮਲ ਹਨ। ਇਸ ਮੌਕੇ ਰਜਿੰਦਰ ਹੇਜਮਾਂ, ਬਲਬੀਰ ਸਿੰਘ ਧਾਮੀ, ਦਲਜੀਤ ਸਿੰਘ, ਗੁਰਪਾਲ ਸਿੰਘ, ਵਰਿੰਦਰ ਸੈਣੀ, ਰਾਕੇਸ਼ ਕੁਮਾਰ, ਜਸਵਿੰਦਰ ਝਿੰਗੜ, ਰਾਜਨ ਕੁਮਾਰ, ਜੀਵਨ ਕੁਮਾਰ ਸੰਧੂ, ਰਾਜਵਿੰਦਰ ਸਿੰਘ ਬੁੱਢੀ ਪਿੰਡ, ਡਾ. ਸੰਜੀਵ ਕਲਸੀ, ਪ੍ਰਦੀਪ ਗੁਰੂ, ਰੇਸ਼ਮ ਸਿੰਘ ਧੁੱਗਾ, ਮਨਜੀਤ ਸਿੰਘ ਬਾਬਾ, ਅਸਨੀ ਕੁਮਾਰ ਅਤੇ ਦਿਨੇਸ਼ ਕੁਮਾਰ ਆਦਿ ਆਗੂ ਵੀ ਹਾਜ਼ਰ ਸਨ।



## 557ਵੇਂ ਪ੍ਰਕਾਸ਼ ਗੁਰਪੁਰਬ ਦੀਆਂ ਤਿਆਰੀਆਂ ਤੇਜ਼

**ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)**- ਸ੍ਰੀ ਗੁਰੂ ਨਾਨਕ ਦੇਵ ਜੀ ਦੇ 557ਵੇਂ ਪ੍ਰਕਾਸ਼ ਗੁਰਪੁਰਬ ਨੂੰ ਸਮਰਪਤ ਸਮਾਗਮਾਂ ਦੀਆਂ ਤਿਆਰੀਆਂ ਨੂੰ ਲੈ ਕੇ ਪ੍ਰਬੰਧਕੀ ਪੱਧਰ 'ਤੇ ਸਰਗਰਮੀਆਂ ਤੇਜ਼ ਹੋ ਗਈਆਂ ਹਨ। ਇਸੇ ਤਹਿਤ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਇੱਕ ਵਿਸ਼ੇਸ਼ ਬੈਠਕ ਕੀਤੀ ਗਈ, ਜਿਸ ਦੌਰਾਨ ਗੁਰਪੁਰਬ ਮੌਕੇ ਆਉਣ ਵਾਲੀ ਸੰਗਤ ਦੀ ਸਹੂਲਤ ਅਤੇ ਸੁਚੱਜੇ ਪ੍ਰਬੰਧਾਂ ਨੂੰ ਲੈ ਕੇ ਵਿਚਾਰ-ਵਟਾਂਦਰਾ ਕੀਤਾ ਗਿਆ।ਬੈਠਕ ਦੌਰਾਨ ਗੁਰਪੁਰਬ ਸਮਾਗਮਾਂ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਵੱਖ-ਵੱਖ ਵਿਭਾਗਾਂ ਦੀ ਜ਼ਿੰਮੇਵਾਰੀ ਅਤੇ ਆਪਸੀ ਤਾਲਮੇਲ ਸਬੰਧੀ ਰੂਪ-ਰੇਖਾ ਤਿਆਰ ਕੀਤੀ ਗਈ। ਇਸ ਮੌਕੇ ਸੰਗਤ ਦੀ ਆਮਦ ਨੂੰ ਧਿਆਨ ਵਿੱਚ ਰੱਖਦਿਆਂ ਆਵਾਜਾਈ, ਪਾਰਕਿੰਗ, ਸਾਫ਼-ਸਫ਼ਾਈ, ਪੀਣ ਵਾਲੇ ਪਾਣੀ, ਸੀਵਰੇਜ, ਬਿਜਲੀ, ਸਿਹਤ ਸਹੂਲਤਾਂ, ਸੁਰੱਖਿਆ ਅਤੇ ਹੋਰ ਲੋੜੀਂਦੇ ਪ੍ਰਬੰਧਾਂ ਨੂੰ ਲੈ ਕੇ ਜ਼ਰੂਰੀ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ।ਸੰਤ ਸੀਚੇਵਾਲ ਨੇ ਅਧਿਕਾਰੀਆਂ ਨਾਲ ਗੱਲਬਾਤ ਕਰਦਿਆਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਗੁਰਪੁਰਬ ਦੌਰਾਨ ਦੇਸ਼-ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ ਸੰਗਤ ਸੁਲਤਾਨਪੁਰ ਲੋਧੀ ਪਹੁੰਚਦੀ ਹੈ। ਇਸ ਲਈ ਸੰਗਤ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ ਅਤੇ ਹਰ ਵਿਭਾਗ ਵੱਲੋਂ ਆਪਣੀ ਜ਼ਿੰਮੇਵਾਰੀ ਨੂੰ ਸਮੇਂ ਸਿਰ ਪੂਰਾ ਕੀਤਾ ਜਾਵੇ।ਸੁਲਤਾਨਪੁਰ ਲੋਧੀ ਵਿਖੇ ਪ੍ਰਕਾਸ਼ ਗੁਰਪੁਰਬ ਮੌਕੇ ਪਹੁੰਚਣ ਵਾਲੀ ਸੰਗਤ ਲਈ ਸਾਫ਼-ਸੁਥਰਾ, ਸੁਚਾਰੂ ਅਤੇ ਸੁਖਾਵਾਂ ਮਾਹੌਲ ਯਕੀਨੀ ਬਣਾਉਣਾ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਬੈਠਕ ਵਿੱਚ ਇਹ ਵੀ ਵਿਚਾਰਿਆ ਗਿਆ ਕਿ ਗੁਰਪੁਰਬ ਤੋਂ ਪਹਿਲਾਂ ਸਾਰੇ ਲੋੜੀਂਦੇ ਕੰਮ ਮੁਕੰਮਲ ਕੀਤੇ ਜਾਣ। ਵਿਭਾਗਾਂ ਨੂੰ ਆਪਣੇ-ਆਪਣੇ ਪੱਧਰ 'ਤੇ ਤਿਆਰੀਆਂ ਦੀ ਲਗਾਤਾਰ ਨਿਗਰਾਨੀ ਕਰਨ ਅਤੇ ਜ਼ਮੀਨੀ ਪੱਧਰ 'ਤੇ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਲਈ ਵੀ ਕਿਹਾ ਗਿਆ।ਸ੍ਰੀ ਗੁਰੂ ਨਾਨਕ ਦੇਵ ਜੀ ਦੇ 557ਵੇਂ ਪ੍ਰਕਾਸ਼ ਗੁਰਪੁਰਬ ਨੂੰ ਲੈ ਕੇ ਸੁਲਤਾਨਪੁਰ ਲੋਧੀ ਵਿੱਚ ਤਿਆਰੀਆਂ ਦਾ ਦੌਰ ਸ਼ੁਰੂ ਹੋਣ ਦੇ ਨਾਲ ਹੀ ਪ੍ਰਸ਼ਾਸਨਿਕ ਅਤੇ ਧਾਰਮਿਕ ਪ੍ਰਬੰਧਾਂ ਨੂੰ ਅੰਤਿਮ ਰੂਪ ਦੇਣ ਦੀ ਪ੍ਰਕਿਰਿਆ ਵੀ ਤੇਜ਼ ਹੋ ਗਈ ਹੈ।

## ਦੁਸਹਿਰੇ ਦਾ ਤਿਉਹਾਰ ਬਦੀ 'ਤੇ ਨੇਕੀ ਦੀ ਜਿੱਤ ਦਾ ਪ੍ਰਤੀਕ : ਪ੍ਰਵੀਨ ਗਰੋਵਰ

**ਸ਼ਾਹਕੋਟ (ਅਮਨਦੀਪ ਸੈਦਪੁਰੀ)**-ਦੁਸਹਿਰਾ ਕਮੇਟੀ (ਰਜਿ) ਸ਼ਾਹਕੋਟ ਵੱਲੋਂ ਦੁਸਹਿਰੇ ਦਾ ਤਿਉਹਾਰ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਬਹੁਤ ਹੀ ਧੂਮਧਾਮ ਨਾਲ ਮਨਾਇਆ ਜਾਵੇਗਾ। ਇਸ ਸੰਬੰਧੀ ਚੇਅਰਮੈਨ ਪ੍ਰਵੀਨ ਗਰੋਵਰ, ਪ੍ਰਧਾਨ ਰਾਜੇਸ਼ ਪਰਾਸ਼ਰ ਅਤੇ ਸਰਪ੍ਰਸਤ ਕਮਲ ਨਾਹਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਦੁਸਹਿਰੇ ਦੇ ਤਿਉਹਾਰ ਸਬੰਧੀ 8 ਅਕਤੂਬਰ ਦਿਨ ਵੀਰਵਾਰ ਨੂੰ ਸ੍ਰੀ ਹਨੂੰਮਾਨ ਮੰਦਰ ਸ਼ਾਹਕੋਟ ਤੋਂ ਸ੍ਰੀ ਹਨੂੰਮਾਨ ਦੇ ਸਰੂਪ ਵਿੱਚ ਝੰਡਾ ਲੈ ਕੇ ਸ਼ੋਭਾ ਯਾਤਰਾ ਦੇ ਰੂਪ ਵਿੱਚ ਦੁਸ਼ਹਿਰਾ ਗਰਾਊਂਡ ਪਹੁੰਚ ਕੇ ਝੰਡੀ ਪੂਜਣ ਕੀਤਾ ਜਾਵੇਗਾ। ਇਸ ਉਪਰੰਤ 13 ਅਕਤੂਬਰ ਦਿਨ ਮੰਗਲਵਾਰ ਨੂੰ ਪ੍ਰਭੂ ਸ੍ਰੀ ਰਾਮ ਜੀ ਦੇ ਵਿਆਹ ਉਤਸਵ ਸਬੰਧੀ ਸ਼ਾਹਕੋਟ ਸ਼ਹਿਰ ਵਿੱਚ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਜਾਵੇਗੀ ਜਿਸ ਨਾਲ ਦੁਸਹਿਰੇ ਦੇ ਤਿਉਹਾਰ ਦਾ ਆਰੰਭ ਹੋ ਜਾਵੇਗਾ ਅਤੇ 19 ਅਤੇ 20 ਅਕਤੂਬਰ ਦਿਨ ਸੋਮਵਾਰ ਅਤੇ ਮੰਗਲਵਾਰ ਨੂੰ ਦੁਸਹਿਰਾ ਗਰਾਊਂਡ ਸ਼ਾਹਕੋਟ ਵਿੱਚ ਦੁਸਹਿਰੇ ਦਾ ਤਿਉਹਾਰ ਪੂਰੀ ਸ਼ਰਧਾ ਨਾਲ ਮਨਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਅੰਤਿਮ ਦਿਨ 20 ਅਕਤੂਬਰ ਦਿਨ ਮੰਗਲਵਾਰ ਨੂੰ ਰਾਵਣ, ਕੁੰਭਕਰਨ ਅਤੇ ਮੇਘਨਾਥ ਦੇ ਪੁਤਲਿਆਂ ਨੂੰ ਅਗਨੀ ਭੇਟ ਕੀਤੀ ਜਾਵੇਗੀ। ਉਹਨਾਂ ਇਹ ਵੀ ਦੱਸਿਆ ਕਿ ਇਸ ਤਿਉਹਾਰ ਨੂੰ ਮਨਾਉਣ ਲਈ ਸਾਰੇ ਸ਼ਹਿਰ ਵੱਲੋਂ ਬਹੁਤ ਵੱਧ ਚੜ੍ਹ ਕੇ ਯੋਗਦਾਨ ਦਿੱਤਾ ਗਿਆ ਹੈ। ਇਸ ਮੌਕੇ ਸਰਪ੍ਰਸਤ ਦਰਸ਼ਨ ਅਰੋੜਾ, ਵਿਵੇਕ ਸ਼ਰਮਾ, ਡਾ. ਨਰੇਸ਼ ਸੱਗੂ, ਸਮਾਜ ਸੇਵਕ



ਅਮਨ ਮਲਹੋਤਰਾ, ਰਾਕੇਸ਼ ਬਾਂਸਲ, ਦੀਪਕ ਸੋਬਤੀ ਆਰ ਏ, ਧਰਮਵੀਰ ਅਰੋੜਾ, ਰਾਜਾ ਅਰੋੜਾ, ਵਾਇਸ ਪ੍ਰਧਾਨ ਵਰਿੰਦਰ ਨਾਹਰ, ਨੀਰਜ ਨਾਹਰ, ਸੋਨੀ ਮਹਿਰਾ, ਗੋਪੀ ਸਿੰਘ, ਬਲਵਿੰਦਰ ਸਿੰਘ ਬਿੰਦਾ, ਸਚਿਨ ਜਿੰਦਲ, ਰਾਮ ਗੋਇਲ, ਅਸ਼ਵਨੀ ਮਿੱਤਲ, ਪ੍ਰਦੀਪ ਡੱਬ, ਗੌਤਮ ਧਵਨ, ਮਨਦੀਪ ਗੋਇਲ, ਮਨੋਜ ਅਰੋੜਾ, ਨਰਿੰਦਰ ਕੁਮਾਰ ਮੋਨੂ, ਰੋਹਿਤ ਮੈਸਨ, ਸਚਿਨ ਵਰਮਾ, ਰਿਸ਼ੂ ਸੋਬਤੀ,ਸਾਹਿਬ ਸਿੰਘ, ਲਵ ਕੁਮਾਰ, ਡਾ. ਦੀਪਕ ਸ਼ਰਮਾ, ਸੁਰਿੰਦਰ ਮੋਹਨ ਤੇਜੀ, ਐਡਵੋਕੇਟ ਪਿਊਸ਼, ਮਾਸਟਰ ਰਕੇਸ਼ ਕੁਮਾਰ ਖਹਿਰਾ, ਮਾਸਟਰ ਕੁਲਦੀਪ ਸੱਚ ਦੇਵਾ, ਪ੍ਰਿਤਪਾਲ ਸਿੰਘ ਆਦਿ ਹਾਜ਼ਰ ਸਨ।



ਕਾਂਗਰਸ ਹਾਈਕਮਾਂਡ ਵੱਲੋਂ ਪਰਗਟ ਸਿੰਘ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਵਜੋਂ ਨਿਯੁਕਤ ਕਰਨ ਤੇ ਵਧਾਈਆਂ ਦੇਣ ਦਾ ਸਿਲਸਿਲਾ ਜਾਰੀ ਹੈ।ਪੰਜਾਬ ਕਾਂਗਰਸ ਦੇ ਬੁਲਾਰੇ ਡਾ. ਸੁਖਵੀਰ ਨੇ ਪਰਗਟ ਸਿੰਘ ਦਾ ਮੂੰਹ ਮਿੱਠਾ ਕਰਵਾਇਆ ਤੇ ਫੁੱਲਾਂ ਦਾ ਗੁਲਦਸਤਾ ਭੇਟ ਕਰ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ। (ਫੋਟੋ ਤੇ ਵੇਰਵਾ : ਕਮਲ ਰਾਏ ਫਗਵਾੜਾ)

## ਮਾਮਲਾ ਤਲਵੰਡੀ ਸਲੇਮ ਦੇ ਸਰਪੰਚ 'ਤੇ ਕੇਸ ਦਰਜ ਨਾ ਕਰਨ ਦਾ

# 9 ਦਾ ਰੋਸ ਧਰਨਾ ਤੇ ਵਿਖਾਵਾ ਹੋਵੇਗਾ ਲਾਮਿਸਾਲ

**ਸ਼ਾਹਕੋਟ (ਅਮਨਦੀਪ ਸੈਦਪੁਰੀ)**-ਮਜ਼ਦੂਰ ਆਗੂ ਹਰਮੇਸ਼ ਮਾਲੜੀ ਨੂੰ ਜਾਤੀ ਸੂਚਕ ਗਾਲਾਂ ਕੱਢਣ ਵਾਲੇ ਤਲਵੰਡੀ ਸਲੇਮ ਦੇ ਸਰਪੰਚ ਪ੍ਰਦੀਪ ਸਿੰਘ 'ਤੇ ਐੱਸ ਸੀ ਐੱਸ ਟੀ ਐਕਟ ਤਹਿਤ ਕੇਸ ਦਰਜ ਦਰਜ ਕਰਾਉਣ ਲਈ, 9 ਅਕਤੂਬਰ ਨੂੰ ਡੀ ਐੱਸ ਪੀ ਨਕੋਦਰ ਦੇ ਦਫ਼ਤਰ ਅੱਗੇ ਦਿੱਤਾ ਜਾ ਰਿਹਾ ਧਰਨਾ ਅਤੇ ਵਿਖਾਵਾ ਲਾਮਿਸਾਲ ਹੋਵੇਗਾ ਜਿਸ ਵਿਚ ਖੇਤ ਮਜ਼ਦੂਰ, ਕਿਸਾਨ, ਮੁਲਾਜ਼ਮ ਵਿਦਿਆਰਥੀ ਨੌਜਵਾਨ ਲੇਖਕ ਅਤੇ ਬੁੱਧੀਜੀਵੀ ਵੱਡੀ ਗਿਣਤੀ ਵਿਚ ਸ਼ਮੂਲੀਅਤ ਕਰਨਗੇ।ਇਥੇ ਸਥਾਨਕ ਦਿਹਾਤੀ ਮਜ਼ਦੂਰ ਸਭਾ ਦੇ ਦਫ਼ਤਰ ਵਿਖੇ ਸਭਾ ਦੇ ਸੂਬਾ ਪ੍ਰਧਾਨ ਦਰਸ਼ਨ ਨਾਹਰ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਵੱਖ ਵੱਖ ਸੰਘਰਸ਼ੀਲ ਜਥੇਬੰਦੀਆਂ ਦੇ ਆਗੂਆਂ ਨੇ ਉਕਤ ਐਲਾਨ ਕੀਤਾ। ਯਾਦ ਰਹੇ ਚੋਟੀ ਦੇ ਇਨਕਲਾਬੀ ਕਵੀ ਅਵਤਾਰ ਪਾਸ਼ ਅਤੇ ਹੰਸਰਾਜ ਦੀ ਯਾਦ ਵਿੱਚ ਬਣੇ ਯਾਦਗਾਰੀ ਕੰਪਲੈਕਸ ਦੇ ਤਾਲੇ ਤੋੜ ਕੇ, ਤਲਵੰਡੀ ਸਲੇਮ ਦੇ ਸਰਪੰਚ ਅਤੇ ਉਸ ਦੇ ਹਮਾਇਤੀਆਂ ਵਲੋਂ ਕਬਜ਼ਾ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ, ਉਕਤ ਮਸਲੇ ਦੇ ਚੱਲਦਿਆਂ ਪਾਸ਼ ਹੰਸ ਰਾਜ ਸ਼ਹੀਦੀ ਯਾਦਗਾਰ ਕਮੇਟੀ ਦੇ ਮੈਂਬਰ ਅਤੇ ਮਜ਼ਦੂਰ ਆਗੂ ਹਰਮੇਸ਼ ਮਾਲੜੀ ਆਪਣੇ ਸਾਥੀਆਂ ਸਮੇਤ ਜਦੋਂ, ਅਵਤਾਰ ਪਾਸ਼ ਦੇ 76 ਵੇਂ ਜਨਮ ਦਿਹਾੜੇ ਦੇ ਸਮਾਗਮ ਦੀ ਤਿਆਰੀ ਲਈ ਸਾਫ਼ ਸਫ਼ਾਈ ਕਰਵਾ ਰਹੇ ਸਨ ਤਾਂ ਤਲਵੰਡੀ ਸਲੇਮ ਦੇ ਸਰਪੰਚ ਅਤੇ ਉਸ ਦੇ ਹਮਾਇਤੀਆਂ ਨੇ ਜਾਤੀ ਸੂਚਕ ਸ਼ਬਦ ਬੋਲਦਿਆਂ ਮਜ਼ਦੂਰ ਆਗੂ ਅਤੇ ਉਸਦੇ ਸਾਥੀਆਂ ਤੇ ਹੱਲਾ ਬੋਲ ਦਿੱਤਾ ਅਤੇ ਇਕ ਸਾਥੀ ਦਾ ਮੋਬਾਇਲ ਫੋਨ ਖੋਹ ਲਿਆ। ਪਰ ਉਕਤ ਕਾਰਵਾਈ ਕਰਨ ਵਾਲੇ ਸਰਪੰਚ 'ਤੇ ਅਜੇ ਤੱਕ ਵੀ ਪੁਲਸ ਵਲੋਂ ਕੇਸ ਨਹੀਂ ਦਰਜ ਕੀਤਾ ਜਾ ਰਿਹਾ। ਆਗੂਆਂ ਨੇ ਕਿਹਾ ਮਜ਼ਦੂਰ ਆਗੂ ਨੂੰ ਜਾਤੀ ਸੂਚਕ ਸ਼ਬਦ ਬੋਲਣਾ, ਪੂਰੇ ਭਾਈਚਾਰੇ ਦੀ ਹੱਤਕ ਹੈ ਜਿਸ ਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਮਜ਼ਦੂਰ ਜਥੇਬੰਦੀ ਦੇ ਸੂਬਾ ਆਗੂ ਨੂੰ ਅਪਮਾਨਤ ਕਰਨ ਵਾਲੇ ਸਰਪੰਚ 'ਤੇ ਅਜੇ ਤੱਕ ਪਰਚਾ ਦਰਜ ਨਹੀਂ ਹੋਇਆ ਹੈ, ਹੁਣ ਸੰਘਰਸ਼ੀਲ ਜਥੇਬੰਦੀਆਂ ਪਰਚਾ ਦਰਜ ਕਰਾਉਣ ਲਈ ਵੱਡੀ ਲਾਮਬੰਦੀ ਕਰ ਰਹੀਆਂ ਹਨ। ਮੀਟਿੰਗ 'ਚ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਸਕੱਤਰ ਗੁਰਚਰਨ ਸਿੰਘ ਚਾਹਲ, ਪਾਸ਼ ਹੰਸ ਰਾਜ ਸ਼ਹੀਦੀ ਯਾਦਗਾਰ ਕਮੇਟੀ ਦੇ ਕਨਵੀਨਰ ਮੋਹਨ ਸਿੰਘ ਬੱਲ, ਐਡਵੋਕੇਟ ਸੁਰਿੰਦਰ ਖੀਵਾ, ਜਮਹੂਰੀ ਕਿਸਾਨ ਸਭਾ ਦੇ ਸੂਬਾ ਆਗੂ ਮਨੋਹਰ ਸਿੰਘ ਗਿੱਲ, ਜਮਹੂਰੀ ਅਧਿਕਾਰ ਸਭਾ ਦੇ ਜ਼ਿਲ੍ਹਾ ਜਲੰਧਰ ਦੇ ਸਕੱਤਰ ਡਾਕਟਰ ਮੰਗਤ ਰਾਏ ਔਜਲਾ, ਗੁਰਮੀਤ ਸਿੰਘ ਕੋਟਲੀ, ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਹਰਮੇਸ਼ ਮਾਲੜੀ, ਤਰਕਸ਼ੀਲ ਸੁਸਾਇਟੀ ਪੰਜਾਬ ਦੀ ਇਕਾਈ ਸ਼ਾਹਕੋਟ ਦੇ ਬਿੱਟੂ ਰੂਪੇਵਾਲੀ, ਮਜ਼ਦੂਰ ਆਗੂ ਬਲਦੇਵ ਰਾਜ ਮਾਲੜੀ, ਬਲਕਾਰ ਸਿੰਘ ਨੂਰਪੁਰ ਚੱਠਾ ਅਤੇ ਸਰਬਜੀਤ ਸਿੰਘ ਆਦਿ ਹਾਜ਼ਰ ਸਨ।



# ਸੀ ਪੀ ਆਈ ਐਮ ਵੱਲੋਂ ਮਜ਼ਦੂਰਾਂ, ਕਿਸਾਨਾਂ ਦੀਆਂ ਮੰਗਾਂ ਨੂੰ ਲੈ ਕੇ ਡਿਪਟੀ ਸਪੀਕਰ ਦੇ ਘਰ ਅੱਗੇ ਧਰਨਾ ਲਾ ਕੇ ਦਿੱਤਾ ਮੰਗ ਪੱਤਰ

**ਮਾਹਿਲਪੁਰ, ਹੁਸ਼ਿਆਰਪੁਰ (ਸਫਰੀ/ਬਲਵੀਰ ਸਿੰਘ ਸੈਣੀ)**- ਸੀ ਪੀ ਆਈ ਐਮ ਦੇ ਸੱਦੇ 'ਤੇ ਸੀ ਪੀ ਆਈ ਐਮ ਤਹਿਸੀਲ ਗੜ੍ਹਸ਼ੰਕਰ ਵੱਲੋਂ ਮਜ਼ਦੂਰਾਂ ਕਿਸਾਨਾਂ ਦੀਆਂ ਭਖਦੀਆਂ ਮੰਗਾਂ ਨੂੰ ਲੈ ਕੇ ਡਿਪਟੀ ਸਪੀਕਰ ਜੈ ਕਿਸ਼ਨ ਸਿੰਘ ਰੋੜੀ ਦੇ ਘਰ ਅੱਗੇ ਧਰਨਾ ਲਾ ਕੇ ਮੰਗ ਪੱਤਰ ਦਿੱਤਾ ਗਿਆ। ਇਸ ਮੌਕੇ ਗੁਰਨੇਕ ਸਿੰਘ ਭੱਜਲ, ਮਹਿੰਦਰ ਕੁਮਾਰ ਬੱਡੋਆਣ, ਦਰਸ਼ਨ ਸਿੰਘ ਮੱਟੂ, ਸੁਭਾਸ਼ ਮੱਟੂ ਅਤੇ ਨੀਲਮ ਬੱਡੋਆਣ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਮਜ਼ਦੂਰਾਂ ਕਿਸਾਨਾਂ ਵਿਰੋਧੀ ਸਾਬਤ ਹੋਈਆਂ ਹਨ। ਅੱਜ ਦੇਸ਼ ਅੰਦਰ ਰਸੋਈ ਗੈਸ, ਖੰਡ, ਡੀਜ਼ਲ ਪੈਟਰੋਲ ਦੀਆਂ ਕੀਮਤਾਂ ਵਿਚ ਲਗਾਤਾਰ ਵਾਧਾ ਹੋ ਰਿਹਾ ਹੈ। ਕੀਮਤਾਂ ਅਸਮਾਨੀ ਚੜ੍ਹ ਗਈਆਂ ਹਨ। ਪੰਜਾਬ ਅੰਦਰ ਅਮਨ ਕਾਨੂੰਨ ਦੀ ਸਥਿਤੀ ਬਦ ਤੋਂ ਬਦਤਰ ਹੋ ਚੁੱਕੀ ਹੈ ਗੈਰ ਕਾਨੂੰਨੀ ਮਾਇਨਿੰਗ, ਨਸ਼ਾ, ਭ੍ਰਿਸ਼ਟਾਚਾਰ ਲਗਾਤਾਰ ਵਧ ਰਿਹਾ ਹੈ। ਲੁੱਟਾਂ ਖੋਹਾਂ, ਕਤਲ ਲਗਾਤਾਰ ਵਧ ਰਹੇ ਹਨ।ਸਰਕਾਰਾਂ ਅਸਫ਼ਲ ਹਨ। ਉਪਰੋਕਤ ਆਗੂਆਂ ਨੇ ਇਸ ਮੌਕੇ ਮੰਗ ਕੀਤੀ ਕਿ 4 ਲੇਬਰ ਕੋਡ ਰੱਦ ਕੀਤੇ ਜਾਣ, ਮਨਰੇਗਾ ਕਾਨੂੰਨ ਬਹਾਲ ਕੀਤਾ ਜਾਵੇ, ਜੀ ਬੀ ਰਾਮ ਜੀ ਰੱਦ ਕੀਤਾ ਜਾਵੇ, 12 ਘੰਟੇ ਡਿਊਟੀ ਦਾ ਨੋਟੀਫਿਕੇਸ਼ਨ ਰੱਦ ਕੀਤਾ ਜਾਵੇ, ਬੁਢਾਪਾ ਵਿਧਵਾ ਅੰਗਹੀਣ ਪੈਨਸ਼ਨ 10000 ਰੁਪਏ ਪ੍ਰਤੀ ਮਹੀਨਾ ਕੀਤੀ ਜਾਵੇ, ਮਰਦ ਔਰਤ ਦੀ ਪੈਨਸ਼ਨ ਦੀ ਉਮਰ ਬਰਾਬਰ ਕੀਤੀ ਜਾਵੇ, ਚੰਡੀਗੜ੍ਹ ਪੰਜਾਬ ਨੂੰ ਦਿੱਤਾ ਜਾਵੇ, ਪੰਜਾਬੀ ਬੋਲਦੇ ਇਲਾਕੇ ਪੰਜਾਬ ਨੂੰ ਦਿੱਤੇ ਜਾਣ, ਦਰਿਆਈ ਪਾਣੀਆਂ ਦੀ ਨਿਆਇਕ ਵੰਡ ਕੀਤੀ ਜਾਵੇ, ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚ ਪੰਜਾਬ ਦੀ ਨੁਮਾਇੰਦਗੀ ਬਹਾਲ ਕੀਤੀ ਜਾਵੇ, ਲੋਕ ਹਿਤਾਂ ਲਈ ਲੜਨ ਵਾਲੇ ਆਗੂਆਂ 'ਤੇ ਪਾਏ ਝੂਠੇ ਕੇਸ ਵਾਪਸ ਲਏ ਜਾਣ। ਜੇਕਰ ਸਰਕਾਰ ਨੇ ਉਪਰੋਕਤ ਮੰਗਾਂ ਨਾ ਮੰਨੀਆਂ ਫ਼ੇਰ 10 ਦਸੰਬਰ ਨੂੰ ਮੁੱਖ ਮੰਤਰੀ ਦੇ ਘਰ ਦਾ ਘਿਰਾਓ ਕੀਤਾ ਜਾਵੇਗਾ ਤੇ ਸੰਘਰਸ਼ ਤੇਜ਼ ਕੀਤਾ ਜਾਵੇਗਾ। ਆਏ ਸਾਥੀਆਂ ਦਾ ਧੰਨਵਾਦ ਹਰਭਜਨ ਸਿੰਘ ਅਟਵਾਲ ਨੇ ਕੀਤਾ। ਉਪਰੋਕਤ ਆਗੂਆਂ ਤੋ ਇਲਾਵਾ ਇਸ ਇਕੱਠ ਨੂੰ ਕੁਲਵਿੰਦਰ ਸਿੰਘ ਸੰਘਾ, ਬਲਦੇਵ ਰਾਜ, ਮੋਹਨ ਲਾਲ ਵੀਨੇਵਾਲ, ਸਤਨਾਮ ਸਿੰਘ ਢਿੱਲੋਂ, ਜਸਵਿੰਦਰ ਕੌਰ, ਜੋਗਿੰਦਰ ਕੌਰ, ਬੇਬੀ ਸੁਰਿੰਦਰ, ਸਿਮਰ ਕੌਰ, ਨਿਰਮਲ ਸਿੰਘ ਮੱਟੂ, ਸਰਬਜੀਤ ਸਿੰਘ ਗਿੱਲ, ਅਮਰਜੀਤ ਸਿੰਘ ਬੱਡੋਆਣ, ਬਲਵੀਰ ਪੰਡਿਤ, ਹਰਭਜਨ ਸਿੰਘ ਮੱਟੂ, ਸੁਰਿੰਦਰ ਕੌਰ, ਬਲਵੀਰ ਸਿੰਘ, ਸਤਵਿੰਦਰ ਸਿੰਘ, ਨਰੇਸ਼ ਕੁਮਾਰ ਮਹਿੰਗਾ ਰਾਮ, ਪ੍ਰਮੋਦ ਕੁਮਾਰ, ਸਤਨਾਮ ਲੰਗੇਰੀ, ਗੁਰਮੇਲ ਕਲਸੀ, ਅਵਤਾਰ ਸਿੰਘ, ਨੋਨਿਹਾਲ ਸਿੰਘ, ਜੀਵਨਪੁਰ ਜੱਟਾ ਨੇ ਵੀ ਸੰਬੋਧਨ ਕੀਤਾ।




## ਪ੍ਰੀਤ ਸੰਗੋਜਲਾ, ਸਤਨਾਮ ਸਿੰਘ ਸਰਪੰਚ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ



**ਕਪੂਰਥਲਾ (ਪ੍ਰੀਤ ਸੰਗੋਜਲਾ)**-ਸਾਬਕਾ ਸਰਪੰਚ ਜਸਬੀਰ ਕੌਰ ਅਲੋਦੀ ਪੁਰ ਦਾ ਪਿਛਲੇ ਦਿਨੀਂ ਦੇਹਾਂਤ ਹੋ ਗਿਆ ਸੀ। ਇਸ ਦੁੱਖ ਦੇ ਟਾਇਮ ਰਾਣਾ ਗੁਰਜੀਤ ਸਿੰਘ ਐਮ ਐਲ ਏ ਹਲਕਾ ਕਪੂਰਥਲਾ ਨੇ ਪਿੰਡ ਅਲੋਦੀ ਪੁਰ ਵਿਖੇ ਸਰਪੰਚ ਸਤਨਾਮ ਸਿੰਘ ਅਲੋਦੀ ਪੁਰ ਅਤੇ ਪ੍ਰੀਤ ਸੰਗੋਜਲਾ ਜ਼ਿਲ੍ਹਾ ਪ੍ਰਧਾਨ ਕਪੂਰਥਲਾ ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟਸ ਯੂਨੀਅਨ (ਰਜਿ) ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਤੇ ਕਿਹਾ ਕਿ ਸਾਬਕਾ ਸਰਪੰਚ ਜਸਬੀਰ ਕੌਰ ਅਲੋਦੀ ਪੁਰ ਦੇ ਜਾਣ ਨਾਲ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਰਾਣਾ ਨੇ ਕਿਹਾ ਕਿ ਮੈਂ ਇਸ ਪਰਵਾਰ ਨਾਲ਼ ਹਰ ਵਕਤ ਖੜ੍ਹਾ ਹਾਂ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੀਨੀਅਰ ਕਾਂਗਰਸੀ ਆਗੂ ਮਨਮੋਹਨ ਸਿੰਘ ਬਾਜਵਾ, ਐਡਵੋਕੇਟ ਸੁਖਬੀਰ ਸਿੰਘ ਸੰਧੂ ਪੀ ਏ, ਐਡਵੋਕੇਟ ਹਰਜੀਤ ਸਿੰਘ, ਬਾਬਾ ਵਿਜੇ ਕੁਮਾਰ ਹਮੀਰਾ, ਗੁਰਮੇਲ ਸਿੰਘ, ਦਲਬੀਰ ਸਿੰਘ, ਕੁਲਬੀਰ ਸਿੰਘ, ਬਲਵੰਤ ਸਿੰਘ, ਜੋਗਿੰਦਰ ਸਿੰਘ, ਕਰਨੈਲ ਸਿੰਘ, ਕਰਤਾਰ ਸਿੰਘ ਸੀਨੀਅਰ ਕਾਂਗਰਸੀ ਆਗੂ, ਨੰਦ ਸਿੰਘ, ਲਾਲ ਸਿੰਘ, ਤਰਲੋਕ ਸਿੰਘ, ਪ੍ਰੇਮ, ਅਰਜਨ ਸਿੰਘ, ਬਲਵਿੰਦਰ ਸਿੰਘ ਆਦਿ ਹਾਜ਼ਰ ਸਨ। ਪ੍ਰੀਤ ਸੰਗੋਜਲਾ ਜ਼ਿਲ੍ਹਾ ਪ੍ਰਧਾਨ ਕਪੂਰਥਲਾ ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟਸ ਯੂਨੀਅਨ (ਰਜਿ), ਸਤਨਾਮ ਸਿੰਘ ਸਰਪੰਚ ਅਲੋਦੀ ਪੁਰ ਨੇ ਦੱਸਿਆ ਕਿ ਜਸਬੀਰ ਕੌਰ ਸਾਬਕਾ ਸਰਪੰਚ ਅਲੋਦੀ ਪੁਰ ਦੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਅਤੇ ਅੰਤਿਮ ਅਰਦਾਸ ਉਨ੍ਹਾਂ ਦੇ ਗ੍ਰਹਿ ਪਿੰਡ ਅਲੋਧੀ ਪੁਰ ਜ਼ਿਲ੍ਹਾ ਕਪੂਰਥਲਾ ਵਿਖੇ 9 ਅਕਤੂਬਰ ਦੁਪਹਿਰ 12 ਤੋਂ 2 ਵਜੇ ਤੱਕ ਹੋਵੇਗੀ।

## ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੋਤੀ ਜੋਤ ਸਮਾਉਣ ਦਿਵਸ ਮੌਕੇ ਗੁਰਮਤਿ ਸਮਾਗਮ ਕਰਵਾਏ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**-ਪਿੰਡ ਮੌਜੋਮਜਾਰਾ ਠੱਕਰਵਾਲ ਵਿਖੇ ਗੁਰਦੁਆਰਾ ਤਪ ਅਸਥਾਨ ਬ੍ਰਹਮ ਗਿਆਨੀ 108 ਸੰਤ ਬਾਬਾ ਦੂਲਾ ਸਿੰਘ ਦੇ ਅਸਥਾਨ 'ਤੇ ਸਮੂਹ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਡੇਰੇ ਵੱਲੋਂ ਜਗਤ ਗੁਰੂ, ਪਾਤਸ਼ਾਹੀ ਪਹਿਲੀ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ 487ਵੇਂ ਜੋਤੀ ਜੋਤ ਸਮਾਉਣ ਦਿਵਸ ਮੌਕੇ ਮਹਾਨ ਗੁਰਮਤਿ ਸਮਾਗਮ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਸਰਬਜੀਤ ਸਿੰਘ ਸਾਬੀ ਠੱਕਰਵਾਲ, ਬਾਬਾ ਗੁਰਪ੍ਰੀਤ ਸਿੰਘ ਗੋਪੀ ਠੱਕਰਵਾਲ ਦੀ ਅਗਵਾਈ ਹੇਠ ਸ਼ਰਧਾ ਭਾਵਨਾ ਨਾਲ ਕਰਵਾਏ ਗਏ। ਇਸ ਮੌਕੇ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਸਰਬਜੀਤ ਸਿੰਘ ਸਾਬੀ ਠੱਕਰਵਾਲ ਨੇ ਦੱਸਿਆ ਕਿ ਸਲਾਨਾ ਸਮਾਗਮ ਦੌਰਾਨ ਦੋ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਉਪਰੰਤ ਸੰਤ ਬਾਬਾ ਸਰਬਜੀਤ ਸਿੰਘ ਸਾਬੀ ਠੱਕਰਵਾਲ, ਸੰਤ ਬਾਬਾ ਜਸਵੰਤ ਸਿੰਘ ਖੇੜਾ, ਗਿਆਨੀ ਅਮਿਤ ਸਿੰਘ ਨੱਥੂਚਾਲ ਇੰਟਰਨੈਸ਼ਨਲ ਢਾਡੀ ਜੱਥਾ, ਭਾਈ ਗੁਰਬਖਸ਼ ਸਿੰਘ ਮਨੀਲਾ, ਭਾਈ ਸਤਨਾਮ ਸਿੰਘ ਸਹਿਗਲ ਭੁੰਗਰਨੀ ਆਦਿ ਗੁਰਬਾਣੀ ਗੁਰਇਤਹਾਸ ਕਥਾ ਕੀਰਤਨ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਸਰਬਜੀਤ ਸਿੰਘ ਸਾਬੀ ਠੱਕਰਵਾਲ ਨੇ ਆਏ ਹੋਏ ਰਾਗੀ ਜੱਥੇ, ਪ੍ਰਮੁੱਖ ਸ਼ਖਸ਼ੀਅਤਾਂ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਬੀਬੀ ਬਲਵੀਰ ਕੌਰ, ਸਤਵੀਰ ਕੌਰ, ਹਰਜੀਤ ਕੌਰ, ਸੰਤ ਬਾਬਾ ਸਰਬਜੀਤ ਸਿੰਘ ਸਾਬੀ ਠੱਕਰਵਾਲ, ਬਾਬਾ ਗੁਰਪ੍ਰੀਤ ਸਿੰਘ ਗੋਪੀ ਠੱਕਰਵਾਲ, ਦਰਸ਼ਨ ਸਿੰਘ ਰਾਜਾ, ਜਸਵਿੰਦਰ ਸਿੰਘ ਜੱਸੀ, ਸਤਵਿੰਦਰ ਕੌਰ, ਮੋਤੀ ਸਰਪੰਚ ਖੇੜਾ, ਮੁੱਖਤਿਆਰ ਸਿੰਘ ਮਾਣਕੋ, ਮਹਿੰਦਰ ਸਿੰਘ ਫੋਜੀ ਮਾਈਓਪੱਟੀ, ਗੁਰਸ਼ਰਨ ਸਿੰਘ ਰਾਜਪੁਰ ਭਾਈਆਂ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।ਇਸ ਮੌਕੇ ਚਾਹ ਪਕੌੜੇ ਅਤੇ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਗਏ।



## ਐਥਲੈਟਿਕ ਮੁਕਾਬਲੇ 16,17 ਨਵੰਬਰ ਨੂੰ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਸਪੋਰਟਸ ਐਂਡ ਕਲਚਰਲ ਐਸੋਸੀਏਸ਼ਨ ਨੂਰਮਹਿਲ ਬਲਾਕ ਨੂਰਮਹਿਲ (ਸਕੈਨ) ਦੇ ਐਗਜੈਕਟਿਵ ਮੈਂਬਰਾਂ ਦੀ ਮੀਟਿੰਗ ਰਣਜੀਤ ਸਿੰਘ ਹੁੰਦਲ ਸੰਸਥਾ ਦੇ ਪ੍ਰਧਾਨ ਦੇ ਗ੍ਰਹਿ ਨੂਰਮਹਿਲ ਵਿਖੇ ਹੋਈ। ਜਿਸ ਵਿਚ ਸਰਬ ਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਹਰ ਸਾਲ ਕਰਵਾਏ ਜਾਂਦੇ ਐਥਲੈਟਿਕ ਮੁਕਾਬਲੇ ਇਸ ਵਾਰ 16,17 ਨਵੰਬਰ ਨੂੰ ਅਤੇ ਮਾਰਚ ਪਾਸਟ ਦੀ ਰਿਹਰਸਲ 12,13,14, ਨਵੰਬਰ ਨੂੰ ਦੁਸਹਿਰਾ ਗਰਾਊਂਡ ਨੂਰਮਹਿਲ ਵਿਖੇ ਹੋਵੇਗੀ। ਖੇਡ ਮੇਲੇ ਨੂੰ ਯੋਜਨਾਬੱਧ ਤਰੀਕੇ ਨਾਲ ਕਰਵਾਉਣ ਲਈ ਵਿਚਾਰ ਚਰਚਾ ਕੀਤੀ ਗਈ। ਪਿਛਲੇ ਸਾਲਾਂ ਵਾਂਗ ਇਸ ਸਾਲ ਵੀ ਸਕੂਲੀ ਬੱਚਿਆਂ (ਸਰਕਾਰੀ ਅਤੇ ਪ੍ਰਾਈਵੇਟ) ਸਕੂਲਾਂ ਦੇ ਤਿੰਨ ਉਮਰ ਦੇ ਵਰਗਾਂ 14, 17, 19 ਸਾਲ ਦੇ ਲੜਕੇ ਅਤੇ ਲੜਕੀਆਂ ਦੇ ਵਿਚਕਾਰ ਮੁਕਾਬਲੇ ਕਰਵਾਏ ਜਾਣਗੇ। ਮੀਟਿੰਗ ਵਿੱਚ ਰਣਜੀਤ ਸਿੰਘ ਹੁੰਦਲ ਪ੍ਰਧਾਨ, ਵਾਇਸ ਪ੍ਰਧਾਨ ਪ੍ਰਿੰਸੀਪਲ ਸੁਮਨ ਪਾਠਕ, ਪਵਨ ਕੁਮਾਰ ਰਾਏ ਸਕੱਤਰ, ਮੱਖਣ ਸ਼ੇਰਪੁਰੀ ਸਹਾਇਕ ਸਕੱਤਰ, ਪਰਮਜੀਤ ਸਿੰਘ ਚੀਮਾ ਖਜ਼ਾਨਚੀ, ਖੁਸ਼ਪਾਲ ਚੀਮਾ ਸਹਾਇਕ ਖਜ਼ਾਨਚੀ, ਰਵਿੰਦਰ ਸਿੰਘ ਗੋਗੀ, ਹਰਕਮਲ ਸਿੰਘ ਜੌਹਲ, ਮੁਕੇਸ਼ ਭਾਰਦਵਾਜ, ਰਾਜਨ ਢੀਂਗਰਾ ਹਾਜ਼ਰ ਸਨ।

## ਰੱਤੂ ਜਠੇਰੇ ਝੰਡੇਰਾਂ ਵਿਖੇ ਸ਼ਰਾਧ ਮੇਲਾ ਮਨਾਇਆ

**ਬੰਗਾ (ਅਵਤਾਰ ਕਲੇਰ)**-ਸਰਬ ਸਾਂਝਾ ਦਰਬਾਰ ਬਾਬਾ ਡੋਗਰ ਪੀਰ, ਬਾਬਾ ਜਾਹਰ ਪੀਰ, ਬਾਬਾ ਸੇਲਬਰਾਹ, ਰੱਤੂ ਜਠੇਰੇ ਪਿੰਡ ਝੰਡੇਰਾਂ ਵਿਖੇ ਸਲਾਨਾ ਸ਼ਰਾਧ ਮੇਲਾ ਪ੍ਰਬੰਧਕ ਕਮੇਟੀ ਅਤੇ ਸਮੂਹ ਰੱਤੂ ਪਰਵਾਰ ਵਲੋਂ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਦੇਸ਼ ਵਿਦੇਸ਼ ਤੋਂ ਹਜ਼ਾਰਾਂ ਦੀ ਗਿਣਤੀ 'ਚ ਸੰਗਤਾਂ ਦਰਬਾਰ ਤੇ ਨਤਮਸਤਕ ਹੋਈਆਂ। ਵੱਡੇ ਵਡੇਰਿਆਂ ਦੀ ਪੂਜਾ ਕੀਤੀ ਗਈ। ਦਰਬਾਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਸਟੇਜ ਸਜਾਈ ਗਈ ਜਿਸ ਵਿੱਚ ਨਾਮਵਰ ਕਲਾਕਾਰਾਂ ਨੇ ਹਾਜ਼ਰੀਆਂ ਭਰੀਆਂ। ਪ੍ਰਬੰਧਕ ਕਮੇਟੀ ਵਲੋਂ ਗੀਤਕਾਰ ਰੱਤੂ ਰੰਧਾਵਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਪ੍ਰਧਾਨ ਮੇਜਰ ਰਾਮ ਰੱਤੂ ਨੇ ਸੰਗਤਾਂ ਨੂੰ ਜੀ ਆਇਆਂ ਕਿਹਾ ਅਤੇ ਸਾਰਿਆਂ ਦਾ ਧੰਨਵਾਦ ਕੀਤਾ। ਪ੍ਰਬੰਧਕਾਂ ਵੱਲੋਂ ਪਹੁੰਚੇ ਹੋਏ ਕਲਾਕਾਰਾਂ ਦਾਨੀ ਸੱਜਣਾਂ ਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ ਗਿਆ। ਚਾਹ ਪਕੌੜੇ ਅਤੇ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਪ੍ਰਧਾਨ ਮੇਜਰ ਰਾਮ ਰੱਤੂ, ਕੁਲਦੀਪ ਕੁਮਾਰ, ਇਰਵਨ ਰੱਤੂ, ਡਾ. ਸੁਰਿੰਦਰ ਕੁਮਾਰ ਸਰਪੰਚ, ਮਹਿੰਦਰ ਰਾਮ ਰੱਤੂ, ਬਿਸ਼ਨ ਲਾਲ ਸਹਰਾਲ ਮੁੰਡੀ, ਰਾਮ ਪ੍ਰਕਾਸ਼ ਰੱਤੂ, ਸਤਵਿੰਦਰ ਕੁਮਾਰ, ਪਰਗਣ ਸਿੰਘ ਸ਼ੇਰਗਿੱਲ, ਮੰਗਤ ਰਾਮ ਤੋਂ ਇਲਾਵਾ ਭਾਰੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।



## ਬੰਗੜ ਜਠੇਰਿਆਂ ਦਾ ਮੇਲਾ ਮਨਾਇਆ



**ਬੰਗਾ (ਅਵਤਾਰ ਕਲੇਰ)**-ਬੰਗਾ ਹਲਕੇ ਦੇ ਪਿੰਡ ਸਰਹਾਲਾ ਰਾਣੂਆ ਵਿਖੇ ਪ੍ਰਬੰਧਕ ਕਮੇਟੀ ਅਤੇ ਸਮੂਹ ਬੰਗੜ ਪਰਵਾਰ ਵਲੋਂ ਸਾਲਾਨਾ ਸ਼ਰਾਧ ਮੇਲਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਦੇਸ਼ ਵਿਦੇਸ਼ ਤੋਂ ਹਜ਼ਾਰਾਂ ਦੀ ਗਿਣਤੀ 'ਚ ਸੰਗਤਾਂ ਦਰਬਾਰ ਤੇ ਨਤਮਸਤਕ ਹੋਈਆਂ। ਵੱਡੇ ਵਡੇਰਿਆਂ ਦੀ ਪੂਜਾ ਕੀਤੀ ਗਈ। ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ। ਦਰਬਾਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਸਟੇਜ ਸਜਾਈ ਗਈ ਜਿਸ ਵਿੱਚ ਨਾਮਵਰ ਕਲਾਕਾਰਾਂ ਨੇ ਹਾਜ਼ਰੀਆਂ ਭਰੀਆਂ। ਪ੍ਰਬੰਧਕਾਂ ਵੱਲੋਂ ਕਲਾਕਾਰਾਂ, ਦਾਨੀ ਸੱਜਣਾਂ ਅਤੇ ਸੇਵਾਦਾਰਾਂ ਨੂੰ ਸਿਰਪਾਓ ਨਾਲ ਸਨਮਾਨਤ ਕੀਤਾ। ਇਸ ਮੌਕੇ ਸੇਵਾਦਾਰ ਬੂਟਾ ਰਾਮ, ਪ੍ਰਧਾਨ ਸੰਤੋਖ ਕੁਮਾਰ, ਕੈਸ਼ੀਅਰ ਹਰਭਜਨ ਸਿੰਘ, ਸੈਕਟਰੀ ਨਰਿੰਦਰ ਰਾਮ, ਪ੍ਰਿੰਸੀਪਲ ਰੋਸ਼ਨ ਲਾਲ, ਹੁਸਨ ਲਾਲ, ਨਿਰਮਲ ਪਾਲੀ, ਕੁਲਵੰਤ ਰਾਮ, ਨਿਰਮਲ ਰਾਮ, ਰਾਜਵੰਤ, ਤਰਲੋਚਨ ਚੰਦ ਤੋਂ ਇਲਾਵਾ ਭਾਰੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

## ਮਿੱਠੜਾ ਤੋਂ ਡੋਰ-ਟੂ-ਡੋਰ ਮੁਹਿੰਮ ਦਾ ਆਗਾਜ਼ : ਭੁੱਲਰ



**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )**- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਰਹਿਨੁਮਾਈ ਹੇਠ ਮੰਗਲਵਾਰ ਪੰਜਾਬ ਭਰ ਦੇ ਹਰ ਵਿਧਾਨ ਸਭਾ ਹਲਕੇ ਵਿੱਚ ਸਵੇਰੇ 11 ਵਜੇ ਡੋਰ-ਟੂ-ਡੋਰ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸੇ ਤਹਿਤ ਹਲਕਾ ਨਕੋਦਰ ਵਿੱਚ ਇਸ ਮੁਹਿੰਮ ਦਾ ਆਗਾਜ਼ ਐਡਵੋਕੇਟ ਰਾਜ ਕਮਲ ਸਿੰਘ ਭੁੱਲਰ, ਮੁੱਖ ਸੇਵਾਦਾਰ ਹਲਕਾ ਨਕੋਦਰ ਵੱਲੋਂ ਪਿੰਡ ਮਿੱਠੜਾ ਤੋਂ ਕੀਤਾ ਗਿਆ। ਇਸ ਮੌਕੇ ਐਡਵੋਕੇਟ ਰਾਜ ਕਮਲ ਸਿੰਘ ਭੁੱਲਰ ਅਤੇ ਪਾਰਟੀ ਦੇ ਆਗੂਆਂ ਤੇ ਵਰਕਰਾਂ ਵੱਲੋਂ ਘਰ-ਘਰ ਜਾ ਕੇ ਲੋਕਾਂ ਨਾਲ ਮੁਲਾਕਾਤ ਕੀਤੀ ਗਈ। ਲੋਕਾਂ ਨੂੰ ਪਾਰਟੀ ਦੇ ਮੈਨੀਫੈਸਟੋ ਸੰਬੰਧੀ ਜਾਣੂ ਕਰਵਾਉਣ ਦੇ ਨਾਲ-ਨਾਲ ਉਨ੍ਹਾਂ ਦੀਆਂ ਸਮੱਸਿਆਵਾਂ, ਸੁਝਾਵਾਂ ਅਤੇ ਰਾਇ ਵੀ ਜਾਣੀ ਗਈ। ਲੋਕਾਂ ਦੀ ਰਾਇ ਅਤੇ ਸੁਝਾਵਾਂ ਨੂੰ ਦਰਜ ਕਰਨ ਲਈ ਪੱਤਰ ਵੀ ਜਾਰੀ ਕੀਤਾ ਗਿਆ। ਐਡਵੋਕੇਟ ਭੁੱਲਰ ਨੇ ਕਿਹਾ ਕਿ ਡੋਰ-ਟੂ-ਡੋਰ ਮੁਹਿੰਮ ਦਾ ਮੁੱਖ ਮਕਸਦ ਲੋਕਾਂ ਨਾਲ ਸਿੱਧਾ ਸੰਵਾਦ ਸਥਾਪਿਤ ਕਰਨਾ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਤੇ ਸੁਝਾਵਾਂ ਨੂੰ ਨੇੜਿਓਂ ਸਮਝਣਾ ਹੈ। ਉਨ੍ਹਾਂ ਕਿਹਾ ਕਿ ਹਲਕਾ ਨਕੋਦਰ ਦੇ ਹਰ ਪਿੰਡ ਅਤੇ ਹਰ ਵਰਗ ਦੇ ਲੋਕਾਂ ਨਾਲ ਲਗਾਤਾਰ ਰਾਬਤਾ ਕਾਇਮ ਕੀਤਾ ਜਾਵੇਗਾ ਅਤੇ ਲੋਕਾਂ ਦੀ ਰਾਇ ਨੂੰ ਪਹਿਲ ਦਿੱਤੀ ਜਾਵੇਗੀ।

ਇਸ ਮੌਕੇ ਮੇਜਰ ਸਿੰਘ ਔਜਲਾ, ਸਰਕਲ ਪ੍ਰਧਾਨ ਬਿਲਗਾ, ਸਤਨਾਮ ਸਿੰਘ ਅੱਧੇ ਕਾਲੀ, ਗੁਰਿੰਦਰ ਸਿੰਘ ਮਿੱਠੜਾ ਸਰਕਲ ਪ੍ਰਧਾਨ ਯੂਥ ਅਕਾਲੀ ਦਲ, ਅਵਤਾਰ ਸਿੰਘ ਮਿੱਠੜਾ ਬਚਿੱਤਰ ਸਿੰਘ ਮਿਠੜਾ ਰਿਕੀ ਮਿਠੜਾ ਪ੍ਰਧਾਨ ਪਿੰਡ ਮਿਠੜਾ , ਬਲਜੀਤ ਸਿੰਘ ਮਿੱਠੜਾ ਜਸ਼ਨਦੀਪ ਸਿੰਘ ਜਰਨੈਲ ਸਿੰਘ ਮਿੱਠੜਾ, ਗੁਰਪ੍ਰੀਤ ਸਿੰਘ ਭੰਡਾਲ , ਸਾਹਿਲ ਮਿਠੜਾ ਪਿਆਰਾ ਸਿੰਘ ਸੰਗੇੜਾ ਸਮੇਤ ਹੋਰ ਵੀ ਮੋਹਤਬਰ ਆਗੂ ਅਤੇ ਪਾਰਟੀ ਵਰਕਰ ਮੌਜੂਦ ਸਨ।

## ਰੂਸ ਦੀ ਫੌਜ 'ਚ ਫਸੇ ਨੌਜਵਾਨ ਦੀ 9 ਮਹੀਨਿਆਂ ਬਾਅਦ ਵਤਨ ਵਾਪਸੀ

**ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)**-ਰੂਸ-ਯੂਕਰੇਨ ਜੰਗ ਦੇ ਮੈਦਾਨ ਵਿੱਚ ਫਸੇ ਪਟਿਆਲੇ ਦੇ ਨੌਜਵਾਨ ਗਗਨਦੀਪ ਸਿੰਘ ਦੀ ਆਖਰਕਾਰ ਕਰੀਬ 9 ਮਹੀਨਿਆਂ ਬਾਅਦ ਸੁਰੱਖਿਅਤ ਭਾਰਤ ਵਾਪਸੀ ਹੋ ਗਈ ਹੈ। ਸਟੱਡੀ ਵੀਜ਼ੇ 'ਤੇ ਰੂਸ ਗਿਆ ਗਗਨਦੀਪ ਸਿੰਘ ਕਥਿਤ ਤੌਰ 'ਤੇ ਆਪਣੇ ਸਾਥੀਆਂ ਦੇ ਝਾਂਸੇ ਵਿੱਚ ਆ ਕੇ ਰੂਸੀ ਫੌਜ ਵਿੱਚ ਭਰਤੀ ਹੋ ਗਿਆ ਸੀ ਅਤੇ ਕੁਝ ਸਮੇਂ ਦੀ ਟਰੇਨਿੰਗ ਤੋਂ ਬਾਅਦ ਉਸ ਨੂੰ ਰੂਸ-ਯੂਕਰੇਨ ਜੰਗ ਦੇ ਮੋਰਚੇ 'ਤੇ ਭੇਜ ਦਿੱਤਾ ਗਿਆ। ਜੰਗ ਦੌਰਾਨ ਉਹ ਯੂਕਰੇਨ ਦੀ ਰਾਜਧਾਨੀ ਕੀਵ ਤੱਕ ਪਹੁੰਚ ਗਿਆ ਅਤੇ ਉੱਥੇ ਮਾਈਨ ਧਮਾਕੇ ਵਿੱਚ ਜ਼ਖਮੀ ਹੋਣ ਤੋਂ ਬਾਅਦ ਉਸ ਨੂੰ ਪਿੱਛੇ ਭੇਜ ਦਿੱਤਾ ਗਿਆ।ਪਰਵਾਰ ਨਾਲ ਸੰਪਰਕ ਟੁੱਟਣ ਤੋਂ ਬਾਅਦ ਵਾਪਸੀ ਦੀ ਉਮੀਦ ਵੀ ਲਗਭਗ ਖਤਮ ਹੋ ਚੁੱਕੀ ਸੀ। ਰਾਜ ਸਭਾ ਮੈਂਬਰ ਅਤੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ ਮਾਮਲਾ ਵਿਦੇਸ਼ ਮੰਤਰਾਲੇ ਤੱਕ ਪਹੁੰਚਾਉਣ ਅਤੇ ਲਗਾਤਾਰ ਯਤਨ ਕਰਨ ਤੋਂ ਬਾਅਦ ਗਗਨਦੀਪ ਸਿੰਘ 26 ਅਗਸਤ 2026 ਨੂੰ ਸੁਰੱਖਿਅਤ ਆਪਣੇ ਪਰਵਾਰ ਕੋਲ ਵਾਪਸ ਪਹੁੰਚਿਆ। ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਦੱਸਿਆ ਕਿ ਗਗਨਦੀਪ ਸਿੰਘ ਮਈ 2025 ਵਿੱਚ ਸਟੱਡੀ ਵੀਜ਼ੇ 'ਤੇ ਰੂਸ ਗਿਆ ਸੀ। ਉਨ੍ਹਾਂ ਮੁਤਾਬਕ ਸਤੰਬਰ 2025 ਦੌਰਾਨ ਉਸਦੇ ਕੁਝ ਸਾਥੀਆਂ ਵੱਲੋਂ ਉਸ ਨੂੰ ਕਰੀਬ 2 ਲੱਖ ਰੁਪਏ ਮਹੀਨਾ ਤਨਖਾਹ ਦਾ ਲਾਲਚ ਦੇ ਕੇ ਰੂਸੀ ਫੌਜ ਵਿੱਚ ਭਰਤੀ ਕਰਵਾ ਦਿੱਤਾ ਗਿਆ। ਗਗਨਦੀਪ ਨੂੰ ਦੱਸਿਆ ਗਿਆ ਸੀ ਕਿ ਉਸ ਨੂੰ ਸਿਰਫ਼ ਬੰਕਰ ਤਿਆਰ ਕਰਨ ਵਰਗਾ ਕੰਮ ਕਰਨਾ ਹੋਵੇਗਾ, ਪਰ ਨੌਜਵਾਨ ਦੇ ਮੁਤਾਬਕ ਕੁਝ ਸਮੇਂ ਦੀ ਟਰੇਨਿੰਗ ਤੋਂ ਬਾਅਦ ਉਸਨੂੰ ਸਿੱਧਾ ਜੰਗ ਦੇ ਮੋਰਚੇ 'ਤੇ ਭੇਜ ਦਿੱਤਾ ਗਿਆ।



ਇਸ ਤੋਂ ਬਾਅਦ ਉਸ ਦਾ ਪਰਵਾਰ ਨਾਲ ਸੰਪਰਕ ਵੀ ਪੂਰੀ ਤਰ੍ਹਾਂ ਟੁੱਟ ਗਿਆ। ਸੰਤ ਸੀਚੇਵਾਲ ਨੇ ਦੱਸਿਆ ਕਿ ਪੀੜਤ ਪਰਵਾਰ ਨੇ 20 ਜਨਵਰੀ 2026 ਨੂੰ ਉਨ੍ਹਾਂ ਨਾਲ ਸੰਪਰਕ ਕੀਤਾ।ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਉਨ੍ਹਾਂ ਵੱਲੋਂ ਵਿਦੇਸ਼ ਮੰਤਰਾਲੇ ਨੂੰ ਤਿੰਨ ਵਾਰ ਪੱਤਰ ਲਿਖੇ ਗਏ।

ਇਸ ਤੋਂ ਇਲਾਵਾ ਵਿਦੇਸ਼ ਮੰਤਰੀ ਨਾਲ ਮੁਲਾਕਾਤ ਕਰਕੇ ਵੀ ਗਗਨਦੀਪ ਦੀ ਵਤਨ ਵਾਪਸੀ ਦਾ ਮਾਮਲਾ ਉਠਾਇਆ ਗਿਆ।ਉਨ੍ਹਾਂ ਕਿਹਾ ਕਿ ਰੂਸੀ ਫੌਜ ਵਿੱਚ ਫਸੇ ਭਾਰਤੀ ਨੌਜਵਾਨਾਂ ਦਾ ਮੁੱਦਾ ਸੰਸਦ ਵਿੱਚ ਵੀ ਉਠਾਇਆ ਗਿਆ ਅਤੇ ਸਰਕਾਰ ਕੋਲ ਇਨ੍ਹਾਂ ਨੌਜਵਾਨਾਂ ਦੀ ਸੁਰੱਖਿਅਤ ਵਾਪਸੀ ਲਈ ਲਗਾਤਾਰ ਪਹੁੰਚ ਕੀਤੀ ਗਈ।ਨੌਜਵਾਨ ਨੇ ਦੱਸਿਆ ਕਿ ਉਸਨੂੰ ਜੋ ਵੀ ਤਨਖਾਹ ਮਿਲੀ, ਉਹ ਰੂਸ ਦੇ ਬੈਂਕ ਖਾਤੇ ਵਿੱਚ ਹੀ ਜਮ੍ਹਾਂ ਹੁੰਦੀ ਰਹੀ।ਉਹ ਪੈਸਾ ਭਾਰਤ ਟਰਾਂਸਫਰ ਨਹੀਂ ਕਰ ਸਕਿਆ ਤੇ ਰਕਮ ਉਨ੍ਹਾਂ ਖਾਤਿਆਂ ਵਿੱਚ ਹੀ ਫਸੀ ਰਹਿ ਗਈ।ਉਸ ਨੇ ਕਿਹਾ ਕਿ ਨਾ ਤਾਂ ਉਸ ਨੂੰ ਭਰਤੀ ਹੋਣ ਸਮੇਂ ਦੱਸਿਆ ਗਿਆ ਪੈਸਾ ਮਿਲ ਸਕਿਆ ਅਤੇ ਨਾ ਹੀ ਉਹ ਤਨਖਾਹ ਵਰਤ ਸਕਿਆ ਜਿਸ ਦਾ ਵਾਅਦਾ ਕੀਤਾ ਗਿਆ ਸੀ।ਉਸ ਨੇ ਸੰਤ ਬਲਬੀਰ ਸਿੰਘ ਸੀਚੇਵਾਲ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ, ਜਿਨ੍ਹਾਂ ਵੱਲੋਂ ਉਸ ਦੇ ਪਰਵਾਰ ਦੀ ਆਵਾਜ਼ ਵਿਦੇਸ਼ ਮੰਤਰਾਲੇ ਅਤੇ ਭਾਰਤ ਸਰਕਾਰ ਤੱਕ ਪਹੁੰਚਾਈ ਗਈ।

## ਝੱਮਟ ਗੋਤ ਜਠੇਰਿਆਂ ਦਾ ਸ਼ਰਾਧ ਮੇਲਾ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਝੱਮਟ ਗੋਤ ਦੇ ਜਠੇਰਿਆਂ ਦਾ ਸ਼ਰਾਧ ਮੇਲਾ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਸੰਗਤ ਦੇ ਸਹਿਯੋਗ ਨਾਲ ਬਾਬਾ ਨੱਥੂ ਰਾਮ ਜੀ ਦੇ ਦਰਬਾਰ ਪਿੰਡ ਸਾਹਰੀ ਵਿਖੇ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਦੌਰਾਨ ਝੱਮਟ ਗੋਤ ਦੇ ਪਿੱਤਰਾਂ ਦੀ ਯਾਦ ਵਿੱਚ ਸਮੂਹ ਸੰਗਤ ਵੱਲੋਂ ਵੱਖ ਵੱਖ ਸੇਵਾਵਾਂ ਨਿਭਾਈਆਂ ਗਈਆਂ।ਜਾਣਕਾਰੀ ਦਿੰਦਿਆਂ ਪ੍ਰਬੰਧਕ ਕਮੇਟੀ ਦੇ ਉਪ ਪ੍ਰਧਾਨ ਬੂਟਾ ਰਾਮ ਆਦਮਪੁਰ ਨੇ ਦੱਸਿਆ ਕਿ ਇਸ ਸ਼ਰਾਧ ਮੇਲੇ ਦੌਰਾਨ ਪਿੱਤਰਾਂ ਦੀ ਯਾਦ ਵਿੱਚ ਚਾਹ ਪਕੌੜੇ ਸਮੇਤ ਗੁਰੂ ਦਾ ਅਤੁੱਟ ਲੰਗਰ ਵਰਤਾਇਆ ਗਿਆ। ਇਸ ਮੌਕੇ ਨਿਰਮਲ ਸਿੰਘ ਪ੍ਰਧਾਨ, ਬੂਟਾ ਰਾਮ ਆਦਮਪੁਰ ਉਪ ਪ੍ਰਧਾਨ, ਬੂਟਾ ਰਾਮ ਸਾਹਰੀ ਖਜ਼ਾਨਚੀ, ਡਾ. ਜੱਸੀ, ਸੁਖਜਿੰਦਰ ਸਿੰਘ, ਹਰਚਰਨ ਸਿੰਘ, ਮਹਿੰਦਰ ਪਾਲ, ਸੰਤੋਖ ਸਿੰਘ, ਸ਼ਿਵ ਦਿਆਲ ਆਦਿ ਕਮੇਟੀ ਮੈਂਬਰਾਂ ਸਮੇਤ ਸੁਖਵਿੰਦਰ ਸਿੰਘ ਬਿੰਦਾ, ਰਾਜਪਾਲ ਸਾਹਰੀ, ਦੇਸ ਰਾਜ, ਜਸਵਿੰਦਰ ਸਿੰਘ ਆਦਿ ਸਮੇਤ ਹੋਰ ਸੰਗਤਾਂ ਹਾਜ਼ਰ ਸਨ।



## ਕੇਂਦਰੀ ਜੇਲ੍ਹ ਦੇ ਹਵਾਲਾਤੀ ਸ਼ਿੰਦਰਪਾਲ ਸਿੰਘ ਦੀ ਮੌਤ

**ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)**- ਕੇਂਦਰੀ ਜੇਲ੍ਹ ਕਪੂਰਥਲਾ ਵਿੱਚ ਬੰਦ ਇੱਕ ਹਵਾਲਾਤੀ ਦੀ ਬਿਮਾਰੀ ਕਾਰਨ ਮੌਤ ਹੋਣ ਦਾ ਸਮਾਚਾਰ ਹੈ। ਸਿਵਲ ਹਸਪਤਾਲ ਕਪੂਰਥਲਾ ਦੇ ਐਮਰਜੈਂਸੀ ਵਾਰਡ ਵਿੱਚ ਤਾਇਨਾਤ ਡਿਊਟੀ ਡਾਕਟਰ ਨਵਜੋਤ ਸਿੰਘ ਨੇ ਦੱਸਿਆ ਕਿ ਕੇਂਦਰੀ ਜੇਲ੍ਹ ਵਿੱਚ ਬੰਦ ਹਵਾਲਾਤੀ ਸ਼ਿੰਦਰਪਾਲ ਸਿੰਘ ਪੁੱਤਰ ਦਰਸ਼ਨ ਸਿੰਘ ਨੂੰ ਬਿਮਾਰ ਹੋਣ ਕਾਰਨ ਇਲਾਜ ਲਈ ਸਿਵਲ ਹਸਪਤਾਲ ਕਪੂਰਥਲਾ ਲਿਆਂਦਾ ਗਿਆ ਸੀ। ਹਸਪਤਾਲ ਪਹੁੰਚਣ 'ਤੇ ਡਾਕਟਰਾਂ ਵੱਲੋਂ ਜਾਂਚ ਕੀਤੀ ਗਈ ਤਾਂ ਹਵਾਲਾਤੀ ਦੀ ਮੌਤ ਹੋ ਚੁੱਕੀ ਸੀ। ਮ੍ਰਿਤਕ ਹਵਾਲਾਤੀ ਦੀ ਦੇਹ ਨੂੰ ਕਬਜ਼ੇ ਵਿੱਚ ਲੈ ਕੇ ਸਿਵਲ ਹਸਪਤਾਲ ਦੀ ਮੁਰਦਾਘਰ ਵਿੱਚ ਰਖਵਾ ਦਿੱਤਾ ਗਿਆ ਹੈ।ਡਿਊਟੀ ਡਾਕਟਰ ਨੇ ਦੱਸਿਆ ਕਿ ਇਸ ਸੰਬੰਧੀ ਥਾਣਾ ਕੋਤਵਾਲੀ ਕਪੂਰਥਲਾ ਦੀ ਪੁਲਸ ਨੂੰ ਸੂਚਿਤ ਕਰ ਦਿੱਤਾ ਗਿਆ ਹੈ।

## ਡਾ. ਅਵਤਾਰ ਸਿੰਘ ਪਤੰਗ ਦੀ ਕਹਾਣੀ 'ਮਾਨਵ ਹਾਜ਼ਰ ਹੋ' 'ਤੇ ਸੰਵਾਦ

**ਚੰਡੀਗੜ੍ਹ (ਸੁਰਜੀਤ ਸੁਮਨ)**-ਕਹਾਣੀ ਸੰਗਤ ਚੰਡੀਗੜ੍ਹ ਦੀ ਇਕੱਤਰਤਾ ਚੰਡੀਗੜ੍ਹ ਸਾਹਿਤ ਅਕਾਦਮੀ ਦੇ ਰਾਣੀ ਲਕਸ਼ਮੀ ਬਾਈ ਭਵਨ, ਸੈਕਟਰ 38 ਸੀ ਵਿਖੇ ਉੱਘੇ ਚਿੰਤਕ ਤੇ ਲੇਖਕ ਡਾ. ਲਾਭ ਸਿੰਘ ਖੀਵਾ ਦੀ ਪ੍ਰਧਾਨਗੀ ਹੇਠ ਹੋਈ। ਇਸ ਇਕੱਤਰਤਾ ਵਿੱਚ ਡਾ. ਅਵਤਾਰ ਸਿੰਘ ਪਤੰਗ ਨੇ ਆਪਣੀ ਅਣਛਪੀ ਕਹਾਣੀ 'ਮਾਨਵ ਹਾਜ਼ਰ ਹੋ' ਦਾ ਪਾਠ ਕੀਤਾ। ਚਰਚਾ ਵਿੱਚ ਭਾਗ ਲੈਂਦਿਆਂ ਲੇਖਕ ਸੁਰਜੀਤ ਸੁਮਨ ਨੇ ਕਿਹਾ ਕਿ ਕਹਾਣੀ ਦੀ ਕਥਾ ਬੇਸ਼ੱਕ ਰੌਚਿਕ ਹੈ, ਪਰ ਕਹਾਣੀ ਰਸ ਦੀ ਘਾਟ ਰੜਕਦੀ ਹੈ। ਪ੍ਰਿੰ. ਸਤਨਾਮ ਸਿੰਘ ਸ਼ੋਕਰ ਨੇ ਕਿਹਾ ਕਿ ਇਸ ਕਹਾਣੀ ਵਿੱਚ ਰੱਬ ਤੇ ਮਾਨਵ ਦਾ ਟਕਰਾਅ ਹੈ। ਕਹਾਣੀਕਾਰ ਹਰਪ੍ਰੀਤ ਸਿੰਘ ਚੰਨੂੰ ਨੇ ਕਿਹਾ ਕਿ ਇਸ ਵਿੱਚ ਮਾਨਵ ਤੇ ਮਹਾਂ-ਮਾਨਵ ਦਾ ਦਵੰਦ ਹੈ। ਕਹਾਣੀਕਾਰ ਪਰਮਜੀਤ ਮਾਨ ਨੇ ਕਿਹਾ ਕਿ ਕਹਾਣੀ ਵਿੱਚ ਅਸਪੱਸ਼ਟਤਾ ਰੜਕਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਵਿਚ ਵਿਅੰਗ ਵੀ ਹੈ ਤੇ ਸਮਾਜਿਕ ਸਮੱਸਿਆ ਵੀ। ਕਹਾਣੀ ਵਿਚ ਸੋਧ ਕਰਨ ਦੀ ਜ਼ਰੂਰਤ ਹੈ। ਹਾਸ-ਵਿਅੰਗ ਲੇਖਕ ਤੇ ਦੂਰਦਰਸ਼ਨ ਦੇ ਸਾਬਕਾ ਡਾਇਰੈਕਟਰ ਹਰਬੰਸ ਸੋਢੀ ਨੇ ਕਿਹਾ ਕਿ ਕਹਾਣੀ ਵਧੀਆ ਤੇ ਰੌਚਿਕ ਹੈ, ਪਰ ਇਸ ਨੂੰ ਹੋਰ ਤਰਾਸ਼ਣ ਦੀ ਜ਼ਰੂਰਤ ਹੈ। ਕਹਾਣੀਕਾਰ ਸਰੂਪ ਸਿਆਲਵੀ ਨੇ ਕਿਹਾ ਕਿ ਕਹਾਣੀ ਪ੍ਰਤੀਕਮਈ ਹੈ, ਪਰੰਤੂ ਇਸ ਵਿੱਚ ਘਟਨਾਵਾਂ ਦਾ ਖਿੰਡਾਅ ਹੈ। ਬਹਿਸ ਨੂੰ ਸਮੇਟਦਿਆਂ ਡਾ. ਲਾਭ ਸਿੰਘ ਖੀਵਾ ਨੇ ਕਿਹਾ ਕਿ ਕਹਾਣੀ ਵਿੱਚ ਨਿਭਾਅ ਦੀ ਘਾਟ ਹੈ। ਇਸ ਦਾ ਵਿਸ਼ਾ ਨਵਾਂ ਤੇ ਸੰਭਾਵਨਾਵਾਂ ਭਰਪੂਰ ਹੈ। ਇਸ ਵਿੱਚ ਪ੍ਰਕਿਰਤੀ ਅਤੇ ਸੰਸਕ੍ਰਿਤੀ ਦਾ ਟਕਰਾਅ ਹੈ। ਉਹਨਾਂ ਅੱਗੇ ਕਿਹਾ ਕਿ ਕਹਾਣੀਕਾਰ ਨੂੰ ਹੋਰ ਸਖਤ ਮਿਹਨਤ ਕਰਨ ਦੀ ਲੋੜ ਹੈ। ਇਸ ਮੌਕੇ ਇੰਦਰਜੀਤ ਪ੍ਰੇਮੀ ਤੇ ਜੇ.ਐੱਸ ਮਹਿਰਾ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ। ਕਹਾਣੀਕਾਰ ਡਾ. ਅਵਤਾਰ ਸਿੰਘ ਪਤੰਗ ਨੇ ਕਿਹਾ ਮੈਂ ਕਹਾਣੀ ਉੱਤੇ ਹੋਈ ਬਹਿਸ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਾਂ।ਮੇਰੀ ਕੋਸ਼ਿਸ਼ ਰਹੇਗੀ ਕਿ ਇਸ ਕਹਾਣੀ ਨੂੰ ਨਵੇਂ ਸਿਰਿਓਂ ਲਿਖਿਆ ਜਾਵੇ।



## ਵਿਦਿਆਰਥੀਆਂ ਲਈ ਨਵੀਂ ਏਅਰ ਕੰਡੀਸ਼ਨਡ ਕੰਟੀਨ ਦਾ ਸ਼ੁੱਭ ਆਰੰਭ

**ਗੁਰਾਇਆ (ਬਿੰਦਰ ਸੁਮਨ)**-ਸ੍ਰੀ ਹਨੂਮਤ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ (ਸ਼ਿਮਟ) ਵਿਖੇ ਵਿਦਿਆਰਥੀਆਂ ਅਤੇ ਸਟਾਫ਼ ਲਈ ਨਵੀਂ ਬਣਾਈ ਗਈ ਏਅਰ ਕੰਡੀਸ਼ਨਡ ਕੰਟੀਨ ਦਾ ਰਸਮੀ ਉਦਘਾਟਨ ਪ੍ਰਿੰਸੀਪਲ ਪ੍ਰੋ. (ਡਾ.) ਪਲਵਿੰਦਰ ਕੁਮਾਰ ਵਲੋਂ ਕੀਤਾ ਗਿਆ। ਉਹਨਾਂ ਦੱਸਿਆ ਕਿ ਇਸ ਨਵੀਂ ਸੁਵਿਧਾ ਸੰਪਨ ਕੰਟੀਨ ਦਾ ਉਦੇਸ਼ ਕੈਂਪਸ ਵਿੱਚ ਵਿਦਿਆਰਥੀਆਂ ਅਤੇ ਸਟਾਫ਼ ਨੂੰ ਸਾਫ਼-ਸੁਥਰਾ, ਆਰਾਮਦਾਇਕ ਅਤੇ ਸੁਵਿਧਾਜਨਕ ਮਾਹੌਲ ਮੁਹੱਈਆ ਕਰਵਾਉਣਾ ਹੈ। ਉਹਨਾਂ ਦੱਸਿਆ ਕਿ ਨਵੀਂ ਕੰਟੀਨ ਵਿੱਚ ਏਅਰ ਕੰਡੀਸ਼ਨਿੰਗ ਦੇ ਨਾਲ-ਨਾਲ ਬੈਠਣ ਲਈ ਢੁੱਕਵੇਂ ਪ੍ਰਬੰਧ ਅਤੇ ਹੋਰ ਲੋੜੀਂਦੀਆਂ ਸੁਵਿਧਾਵਾਂ ਮੁਹੱਈਆ ਕਰਵਾਈਆਂ ਗਈਆਂ ਹਨ। ਇਸ ਮੌਕੇ ਫੈਕਲਟੀ ਮੈਂਬਰਾਂ, ਸਟਾਫ਼ ਅਤੇ ਵਿਦਿਆਰਥੀਆਂ ਨੇ ਸ਼ਿਮਟ ਪ੍ਰਬੰਧਨ ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਖਾਸ ਕਰਕੇ ਗਰਮੀਆਂ ਦੇ ਮੌਸਮ ਦੌਰਾਨ ਏਅਰ ਕੰਡੀਸ਼ਨਡ ਕੰਟੀਨ ਵਿਦਿਆਰਥੀਆਂ ਤੇ ਸਟਾਫ ਲਈ ਆਰਾਮਦਾਇਕ ਸਥਾਨ ਵਜੋਂ ਲਾਭਦਾਇਕ ਸਾਬਤ ਹੋਵੇਗੀ। ਉਦਘਾਟਨ ਉਪਰੰਤ ਪ੍ਰਿੰਸੀਪਲ ਪ੍ਰੋ. (ਡਾ.) ਪਲਵਿੰਦਰ ਕੁਮਾਰ ਨੇ ਵਿਦਿਆਰਥੀਆਂ ਨੂੰ ਕੰਟੀਨ ਦੀ ਸਫਾਈ ਅਤੇ ਸਵੱਛਤਾ ਬਣਾਈ ਰੱਖਣ ਅਤੇ ਇਸ ਸੁਵਿਧਾ ਦੀ ਜ਼ਿੰਮੇਵਾਰੀ ਨਾਲ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ।



# ਗਣਨਾਕਾਰਾਂ ਤੇ ਸੁਪਰਵਾਈਜ਼ਰਾਂ ਦੀ ਤਿੰਨ ਰੋਜ਼ਾ ਸਿਖਲਾਈ ਸ਼ੁਰੂ

**ਮੁਹਾਲੀ (ਗੁਰਜੀਤ ਬਿੱਲਾ)**-ਜਨਗਣਨਾ 2027 ਦੇ ਪੜਾਅ-99 (ਆਬਾਦੀ ਗਣਨਾ) ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਗਣਨਾਕਾਰਾਂ ਅਤੇ ਸੁਪਰਵਾਈਜ਼ਰਾਂ ਦੀ ਤਿੰਨ ਰੋਜ਼ਾ ਸਿਖਲਾਈ ਦੂਜੇ ਦਿਨ ਜਾਰੀ ਰਹੀ। 5 ਅਕਤੂਬਰ ਤੋਂ ਸ਼ੁਰੂ ਹੋ ਕੇ 7 ਅਕਤੂਬਰ ਤੱਕ ਇਹ ਸਿਖਲਾਈ ਚੱਲੇਗੀ। ਇਹ ਸਿਖਲਾਈ ਪ੍ਰੋਗਰਾਮ ਡਿਪਟੀ ਕਮਿਸ਼ਨਰ-ਕਮ-ਪ੍ਰਿੰਸੀਪਲ ਸੈਂਸਸ ਅਫ਼ਸਰ ਸ੍ਰੀਮਤੀ ਕੋਮਲ ਮਿੱਤਲ, ਆਈ.ਏ.ਐਸ. ਦੀ ਅਗਵਾਈ ਹੇਠ ਕਰਵਾਇਆ ਜਾ ਰਿਹਾ ਹੈ। ਸਿਖਲਾਈ ਪ੍ਰੋਗਰਾਮ ਦਾ ਉਦਘਾਟਨ ਜ਼ਿਲ੍ਹੇ ਦੇ ਐੱਸ ਡੀ ਐੱਮਜ਼ ਅਤੇ ਚਾਰਜ ਅਫ਼ਸਰਾਂ ਵੱਲੋਂ ਕੀਤਾ ਗਿਆ। ਇਸ ਮੌਕੇ ਅਧਿਕਾਰੀਆਂ ਨੇ ਗਣਨਾਕਾਰਾਂ ਅਤੇ ਸੁਪਰਵਾਈਜ਼ਰਾਂ ਨੂੰ ਆਪਣੀਆਂ ਡਿਊਟੀਆਂ ਪੂਰੀ ਇਮਾਨਦਾਰੀ, ਸਹੀਪਨ ਅਤੇ ਜ਼ਿੰਮੇਵਾਰੀ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਜਨਗਣਨਾ ਦੇ ਕੰਮ ਦੀ ਸਫਲਤਾ ਲਈ ਆਪਸੀ ਤਾਲਮੇਲ, ਸਹੀ ਜਾਣਕਾਰੀ ਇਕੱਤਰ ਕਰਨਾ ਅਤੇ ਨਿਰਧਾਰਤ ਪ੍ਰਕਿਰਿਆ ਦੀ ਪਾਲਣਾ ਬਹੁਤ ਜ਼ਰੂਰੀ ਹੈ। ਸਹੀ ਅਤੇ ਭਰੋਸੇਯੋਗ ਅੰਕੜਿਆਂ ਰਾਹੀਂ ਹੀ ਜਨਗਣਨਾ 2027 ਦੇ ਪੜਾਅ-99 ਨੂੰ ਪ੍ਰਭਾਵਸ਼ਾਲੀ ਢੰਗ ਨਾਲ ਮੁਕੰਮਲ ਕੀਤਾ ਜਾ ਸਕਦਾ ਹੈ।ਭਾਰਤ ਸਰਕਾਰ ਵੱਲੋਂ ਐਲਾਨੇ ਪ੍ਰੋਗਰਾਮ ਅਨੁਸਾਰ ਪੰਜਾਬ ਵਿੱਚ ਸਵੈ-ਗਣਨਾ 16 ਨਵੰਬਰ ਤੋਂ 30 ਨਵੰਬਰ 2026 ਤੱਕ ਕਰਵਾਈ ਜਾਵੇਗੀ। ਇਸ ਤੋਂ ਬਾਅਦ ਆਬਾਦੀ ਗਣਨਾ 1 ਦਸੰਬਰ 2026 ਤੋਂ 4 ਜਨਵਰੀ 2027 ਤੱਕ ਹੋਵੇਗੀ, ਜਦਕਿ ਸੋਧ ਦੌਰ 5 ਜਨਵਰੀ ਤੋਂ 9 ਜਨਵਰੀ 2027 ਤੱਕ ਚਲਾਇਆ ਜਾਵੇਗਾ।



## ਕੌਂਸਲਰ ਬੁੱਧ ਪ੍ਰਕਾਸ਼ ਦੀ ਨੂੰਹ ਕੈਨੇਡਾ 'ਚ ਬਣੀ ਮਿਲਟਰੀ ਅਫਸਰ

**ਫਿਲੌਰ (ਹਰਜਿੰਦਰ ਕੌਰ ਚਾਹਲ)**-ਅਨੀਤਾ ਰਾਣੀ ਪਤਨੀ ਰਵੀ ਕੁਮਾਰ, ਨੂੰਹ ਕੌਂਸਲਰ ਬੁੱਧ ਪ੍ਰਕਾਸ਼, ਵਾਰਡ ਨੰਬਰ 14, ਨੂੰ ਕੈਨੇਡਾ ਵਿਖੇ ਮਿਲਟਰੀ ਅਫਸਰ ਵਜੋਂ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਦੀ ਇਸ ਮਾਣਮੱਤੀ ਪ੍ਰਾਪਤੀ ਨਾਲ ਪਰਵਾਰ, ਰਿਸ਼ਤੇਦਾਰਾਂ ਅਤੇ ਮੁਹੱਲਾ ਰਵਿਦਾਸਪੁਰਾ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਅਨੀਤਾ ਰਾਣੀ ਦੀ ਇਹ ਉਪਲਬਧੀ ਉਨ੍ਹਾਂ ਦੀ ਮਿਹਨਤ, ਲਗਨ, ਅਨੁਸ਼ਾਸਨ, ਹਿੰਮਤ ਅਤੇ ਦ੍ਰਿੜ੍ਹ ਇਰਾਦੇ ਦਾ ਨਤੀਜਾ ਹੈ। ਵਿਦੇਸ਼ ਦੀ ਧਰਤੀ 'ਤੇ ਮਿਲਟਰੀ ਅਫਸਰ ਵਜੋਂ ਜ਼ਿੰਮੇਵਾਰੀ ਸੰਭਾਲਣਾ ਨਾ ਸਿਰਫ਼ ਉਨ੍ਹਾਂ ਲਈ ਸਗੋਂ ਉਨ੍ਹਾਂ ਦੇ ਪਰਵਾਰ ਅਤੇ ਇਲਾਕੇ ਲਈ ਵੀ ਮਾਣ ਵਾਲੀ ਗੱਲ ਹੈ। ਇਸ ਮੌਕੇ ਐਡਵੋਕੇਟ ਅਜੇ ਫਿਲੌਰ, ਪ੍ਰਧਾਨ ਬਾਰ ਐਸੋਸੀਏਸ਼ਨ ਫਿਲੌਰ ਅਤੇ ਖੁਸ਼ੀ ਰਾਮ, ਸਰਪੰਚ ਪਿੰਡ ਨੰਗਲ ਨੇ ਅਨੀਤਾ ਰਾਣੀ ਅਤੇ ਸਮੁੱਚੇ ਪਰਿਵਾਰ ਨੂੰ ਇਸ ਮਾਣਮੱਤੀ ਪ੍ਰਾਪਤੀ ਲਈ ਦਿਲੋਂ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਅਨੀਤਾ ਰਾਣੀ ਨੇ ਆਪਣੀ ਮਿਹਨਤ, ਕਾਬਲੀਅਤ ਅਤੇ ਦ੍ਰਿੜ੍ਹ ਇਰਾਦੇ ਨਾਲ ਪਰਵਾਰ ਦੇ ਨਾਲ-ਨਾਲ ਆਪਣੇ ਇਲਾਕੇ ਦਾ ਨਾਂਅ ਵੀ ਰੌਸ਼ਨ ਕੀਤਾ ਹੈ। ਉਨ੍ਹਾਂ ਕਿਹਾ ਕਿ ਅਨੀਤਾ ਰਾਣੀ ਦੀ ਇਹ ਪ੍ਰਾਪਤੀ ਖ਼ਾਸ ਕਰਕੇ ਨੌਜਵਾਨਾਂ ਅਤੇ ਲੜਕੀਆਂ ਲਈ ਇੱਕ ਪ੍ਰੇਰਣਾਦਾਇਕ ਉਦਾਹਰਨ ਹੈ। ਉਨ੍ਹਾਂ ਦੀ ਸਫਲਤਾ ਇਹ ਦਰਸਾਉਂਦੀ ਹੈ ਕਿ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਹੌਸਲੇ ਨਾਲ ਇਨਸਾਨ ਉੱਚੀਆਂ ਮੰਜ਼ਿਲਾਂ ਹਾਸਲ ਕਰ ਸਕਦਾ ਹੈ।ਇਸ ਮੌਕੇ ਪਰਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਮੁਹੱਲਾ ਵਾਸੀਆਂ ਅਤੇ ਇਲਾਕਾ ਨਿਵਾਸੀਆਂ ਵੱਲੋਂ ਵੀ ਅਨੀਤਾ ਰਾਣੀ ਨੂੰ ਵਧਾਈਆਂ ਦਿੱਤੀਆਂ ਗਈਆਂ।




# ਸੈਂਚਾਂ ਦਾ ਕੀਰਤਨ ਦਰਬਾਰ ਨਿੱਘੀਆਂ ਯਾਦਾਂ ਤੇ ਸ਼ਾਨੋ-ਸ਼ੌਕਤ ਨਾਲ ਸੰਪੰਨ

**ਹੁਸ਼ਿਆਰਪੁਰ (ਓ ਪੀ ਰਾਣਾ)**-ਸ਼੍ਰੋਮਣੀ ਸ੍ਰੀ ਗੁਰੂ ਰਵਿਦਾਸ ਚੈਰੀਟੇਬਲ ਸਭਾ ਪੰਜਾਬ ਸ੍ਰੀ ਗੁਰੂ ਰਵਿਦਾਸ ਵੈਲਫੇਅਰ ਸੁਸਾਇਟੀ ਸੈਂਚਾਂ ਅਤੇ ਵੱਖ-ਵੱਖ ਸੰਸਥਾਵਾਂ ਦੇ ਸਹਿਯੋਗ ਨਾਲ ਪਿੰਡ ਸੈਂਚਾਂ ਵਿਖੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ 25ਵਾਂ ਸਲਾਨਾ ਮਹਾਨ ਕੀਰਤਨ ਦਰਬਾਰ ਸੰਤਾਂ,ਮਹਾਂਪੁਰਖਾਂ ਅਤੇ ਸਰਬੱਤ ਦੇ ਸਹਿਯੋਗ ਨਾਲ ਇਕ ਮਹਾਨ ਗੁਰਮਤਿ ਸਮਾਗਮ,ਬਹੁਤ ਹੀ ਸ਼ਰਧਾ,ਉਤਸ਼ਾਹ ਅਤੇ ਅਲੌਕਿਕ ਮਹੌਲ ਵਿੱਚ ਸਫਲਤਾਪੂਰਵਕ ਸੰਪੰਨ ਹੋਇਆ। ਕੀਰਤਨ ਦਰਬਾਰ ਵਿੱਚ ਦੇਸ਼ ਵਿਦੇਸ਼ ਤੇ ਇਲਾਕੇ ਭਰ ਦੀਆਂ ਸੰਗਤਾਂ ਨੇ ਹਾਜਰੀ ਭਰਕੇ ਖੁਸ਼ੀਆਂ ਪ੍ਰਾਪਤ ਕੀਤੀਆਂ। ਕੀਰਤਨ ਦਰਬਾਰ ਦੀ ਅਰੰਭਤਾ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਤੋਂ ਉਪਰੰਤ ਸੰਗੀਤ ਅਕੈਡਮੀ ਆਦਮਵਾਲ ਦੇ ਬੱਚਿਆਂ ਦੇ ਜਥੇ ਨੇ ਨੂੰਨਾਮ ਤੇਰੋ ਆਰਤੀ ਮਜਨੁ ਮੁਰਾਰੇ,ਹਰਿ ਕੇ ਨਾਮ ਬਿਨਾਂ ਝੂਠੇ ਸਗਲ ਪਸਾਰੇ' ਗਾਇਣ ਕਰਕੇ ਕੀਤੀ ਉਪਰੰਤ ਬਾਬਾ ਰਵਿੰਦਰ ਸਿੰਘ ਜੋਨੀ, ਬਾਬਾ ਜੀਵਨ ਸਿੰਘ ਬਗੀਚੀ ਵਾਲੇ, ਬਾਬਾ ਹਰਭਜਨ ਸਿੰਘ ਖਾਲਸਾ ਚੱਕ ਸੋਤਲਾਂ , ਬਾਬਾ ਜਸਵਿੰਦਰ ਸਿੰਘ ਟਾਂਡੀ ਔਲਖ , ਸੰਤ ਬਿਹਾਰੀ ਲਾਲ ਅਨੰਦਗੜ੍ਹ, ਸੰਤ ਸਤਨਾਮ ਦਾਸ ਗੱਜਰ ਮਹਿਦੂਦ , ਸੰਤ ਬਾਬਾ ਰਣਜੀਤ ਸਿੰਘ ਗੁਰਦੁਆਰਾ ਸ਼ਹੀਦ ਸਿੰਘਾਂ ਹੁਸ਼ਿਆਰਪੁਰ, ਬਾਬਾ ਸੁਖਪ੍ਰੀਤ ਸਿੰਘ ਨੂਰੜ, ਭਾਈ ਸਤਿੰਦਰ ਸਿੰਘ ਆਲਮ ਹੁਸ਼ਿਆਰਪੁਰ, ਭਾਈ ਸਹਿਜ ਸਿੰਘ ਬਜਵਾੜਾ, ਸੰਤ ਜਗੀਰ ਸਿੰਘ ਸਰਬੱਤ ਭਲਾ ਆਸ਼ਰਮ ਨੰਦਾਚੌਰ, ਸੰਤ ਬੀਬੀ ਮੀਨਾ ਦੇਵੀ ਜੇਜੋਂ, ਸੰਤ ਧਰਮਪਾਲ ਸ਼ੇਰਗੜ੍ਹ, ਸੰਤ ਗੁਰਮੇਲ ਰਾਮ ਰਹੀਮਪੁਰ, ਸੰਤ ਦੁਰਗਾ ਦਾਸ, ਸੰਤ ਭਗਵਾਨ ਦਾਸ, ਸੰਤ ਮੁਕੇਸ਼ ਦਾਸ ਮੱਧ ਪ੍ਰਦੇਸ਼ ਵਾਲਿਆਂ ਦੇ ਜਥਿਆਂ ਵਲੋਂ ਸੰਗਤ ਦੇ ਸਨਮੁੱਖ ਹੋ ਕੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਬਾਣੀ ਦਾ ਰਸਭਿੰਨਾ ਕੀਰਤਨ ਅਤੇ ਜੀਵਨ ਸਬੰਧੀ ਗੁਰਮਤਿ ਵਿਚਾਰਾਂ ਨਾਲ ਸੰਗਤਾਂ ਨੂੰ ਮੰਤਰ ਮੁਗਧ ਕਰ ਦਿੱਤਾ।

ਇਸ ਮੌਕੇ ਡਾ. ਰਵਜੋਤ ਸਿੰਘ ਕੈਬਨਿਟ ਮੰਤਰੀ, ਵਿਧਾਇਕ ਬ੍ਰਹਮ ਸ਼ੰਕਰ ਜਿੰਪਾ, ਸਾਬਕਾ ਵਿਧਾਇਕ ਪਵਨ ਆਦਿਆ, ਸਾਬਕਾ ਐਮ ਪੀ ਵਿਜੈ ਸਾਂਪਲਾ,ਡਿਪਟੀ ਮੇਅਰ ਸੁਰਿੰਦਰ ਸ਼ਿੰਦਾ, ਕੌਂਸਲਰ ਬਲਵਿੰਦਰ ਬਿੰਦੀ,ਚੰਦਨ ਲੱਕੀ ਆਦਿ ਨੇ ਵਿਸ਼ੇਸ਼ ਤੌਰ ਤੇ ਹਾਜਰੀ ਭਰੀ।



ਐਨ ਆਰ ਆਈ ਚੇਅਰਮੈਨ ਇੰਜੀ.ਸੁਰਿੰਦਰ ਸੰਧੂ ਕਨੇਡਾ,ਅਮਨਦੀਪ ਹੀਰ ਆਸਟਰੇਲੀਆ, ਹਰਸ਼ ਬੱਧਣ ਆਸਟਰੇਲੀਆ, ਸਰਬਜੀਤ ਬੰਗੜ ਆਸਟਰੇਲੀਆ, ਇਸ਼ਾਂਤ ਹੀਰ ਆਸਟਰੇਲੀਆ, ਮਨਵੀਰ ਸੰਧੂ ਯੂ ਐਸ ਏ, ਵਿਜੇ ਸਵੈਣ ਯੂ ਐਸ ਏ, ਕੁਲਵੀਰ ਸਿੰਘ ਯੂ ਐਸ ਏ ਦੇ ਵਿਸ਼ੇਸ਼ ਸਹਿਯੋਗ ਨਾਲ ਪ੍ਰਧਾਨ ਇੰਜੀਨੀਅਰ ਜਗਦੀਸ਼ ਲਾਲ ਬੱਧਣ, ਜਨਰਲ ਸਕੱਤਰ ਠੇਕੇਦਾਰ ਭਗਵਾਨ ਦਾਸ ਸਿੱਧੂ, ਇੰਜੀਨੀਅਰ ਸਰਬਜੀਤ ਸਿੰਘ ਵਿਰਦੀ, ਓਮ ਪ੍ਰਕਾਸ਼ ਰਾਣਾ ਮੀਡੀਆ ਇੰਚਾਰਜ, ਅਨਿਲ ਬਾਘਾ, ਮੋਹਣ ਲਾਲ ਭਟੋਆ, ਇੰਜੀ.ਸੰਤੋਖ ਸਿੰਘ, ਚੀਫ ਇੰਜੀ.ਹਰਭਜਨ ਸਿੰਘ, ਐਕਸੀਅਨ ਵਰਿੰਦਰ ਸਿੰਘ ਸਨਸਿਟੀ, ਡਾ. ਮਨਮੀਤ ਕੌਰ ਮਾਹਿਲਪੁਰ,ਅਵਤਾਰ ਚੰਦ ਹੀਰ, ਓਮ ਲਾਲ ਸੰਧੂ,ਬਲਵਿੰਦਰ ਸਿੰਘ ਆਦਮਵਾਲ,ਕੈਪਟਨ ਗਿਆਨ ਚੰਦ,ਕੈਪਟਨ ਨਿਰਵੈਰ ਸਿੰਘ, ਡਾ. ਐਸ ਕੇ ਹੀਰਾ, ਕਸ਼ਮੀਰਾ ਸਿੰਘ, ਡਾ. ਮਨੋਹਰ ਲਾਲ, ਰਾਮਜੀ ਵਸੀਕਾ ਨਵੀਸ,ਪ੍ਰੇਮ ਸਿੰਘ ਖਾਨਪੁਰ,ਐਡਵੋਕੇਟ ਕਮਲਜੀਤ ਸਰੋਆ,ਐਡਵੋਕੇਟ ਰਣਜੀਤ ਕਲਸੀ,ਇੰਜੀ.ਅਜੀਤ ਸਿੰਘ ਐਸ ਡੀ ਓ, ਐਡਵੋਕੇਟ ਬੀ ਆਰ ਬੱਧਣ, ਐਡਵੋਕੇਟ ਸੁਨੀਲ ਕੁਮਾਰ, ਐਡਵੋਕੇਟ ਹਨੀ ਆਜ਼ਾਦ, ਰੂਪ ਸਿੰਘ ਜੌਹਲ ਵਲੋਂ ਸੰਤਾਂ, ਰਾਗੀ ਜਥਿਆਂ,ਧਾਰਮਿਕ, ਸਮਾਜਕ ਅਤੇ ਰਾਜਨੀਤਕ ਸਖਸ਼ੀਅਤਾਂ ਨੂੰ ਸਿਰਪਾਓ ਅਤੇ ਮੋਮੈਂਟੋ ਭੇਟ ਕਰਕੇ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਅਤੇ ਕੀਰਤਨ ਦਰਬਾਰ ਦੀ ਸਫਲਤਾ ਲਈ ਵੱਡੇ ਸਹਿਯੋਗ ਵਾਸਤੇ ਧੰਨਵਾਦ ਕੀਤਾ। ਸਟੇਜ ਸਕੱਤਰ ਦੀ ਸੇਵਾ ਭਾਈ ਮੋਹਣ ਸਿੰਘ ਬਸੀ ਮਰੂਫ,ਰਜਿੰਦਰ ਸਿੰਘ ਹਰਗੜੀਆ ਨੇ ਨਿਭਾਈ।

ਇਸ ਮੌਕੇ ਇੰਜਨੀਅਰ ਸਰਵਣ ਕੁਮਾਰ, ਐਡਵੋਕੇਟ ਹਰਦੀਪ ਭਟੋਆ, ਸਰਪੰਚ ਹਰਮਿੰਦਰ ਸਿੰਘ ਸੱਜਣਾਂ, ਰੂਪ ਲਾਲ ਆਦਮਪੁਰ ਡੀ ਓ, ਪ੍ਰੋ.ਲਾਲ ਬਹਾਦੁਰ, ਸੁਰਜੀਤ ਸਿੰਘ ਸੈਂਚਾਂ, ਕਸ਼ਮੀਰ ਲੱਧੜ, ਡਾ. ਸੁੱਚਾ ਸਿੰਘ ਨਵੇਂ ਘਰ, ਭੁਪਿੰਦਰ ਬੱਧਣ, ਮਨਵੀਰ ਸਿੰਘ, ਹਰੀ ਸਿੰਘ ਫਗਵਾੜਾ, ਮਨਜੀਤ ਸਿੰਘ ਫਗਵਾੜਾ,ਡਾ. ਸੁੱਚਾ ਸਿੰਘ, ਗੁਰਦੀਪ ਸਿੰਘ, ਜਗਦੀਪ ਸਿੰਘ, ਰਾਮ ਲੁਭਾਇਆ ਤਲਵੰਡੀ, ਡਾ. ਅਮਨਦੀਪ ਸਿੱਧੂ,ਡਾ. ਪਰਮਜੀਤ ਮਾਨ ਨਵਾਂ ਸ਼ਹਿਰ, ਪ੍ਰਦੀਪ ਸਿੱਧੂ ਬਾੜੀਆਂ, ਇੰਜੀ.ਦਲਜੀਤ ਸਿੰਘ,ਮੈਨੇਜ਼ਰ ਕੁਲਵਿੰਦਰ ਰਾਮ, ਮਹਿੰਦਰ ਪਾਲ ਸਰਪੰਚ ਸੈਂਚਾਂ,ਇੰਜੀ.ਬਲਦੇਵ ਸਿੰਘ ਭਾਗੋਵਾਲ, ਸਰਪੰਚ ਅਮਰਜੀਤ ਸਿੰਘ ਭਾਗੋਵਾਲ, ਬਿਕਰਮਜੀਤ ਸਾਬਕਾ ਸਰਪੰਚ ਆਦਮਵਾਲ,ਸ਼ੇਰੂ ਸਰਪੰਚ ਸਰਾਈਂ, ਰਕੇਸ਼ ਸਿੰਗੜੀਵਾਲਾ,ਡਾ. ਚਰਨਜੀਤ ਸਿੰਘ ਬਿਨਪਾਲਕੇ,ਚਮਨ ਲਾਲ ਚੂਹੜਵਾਲੀ, ਭਗਤ ਰਾਮਸ਼ਰਨ, ਮੈਨੇਜਰ ਰਾਮ ਚੰਦ,ਸਤਪਾਲ ਬੱਧਣ, ਡਾ. ਰਤਨ ਚੰਦ ,ਅਜੇ ਵਿਰਦੀ, ਬਲਵੀਰ ਸਿੰਘ ਪ੍ਰਧਾਨ ਪ੍ਰੇਮਗੜ,ਟਿੰਕੂ ਲੁਧਿਆਣਾ ਵੀ ਹਾਜ਼ਰ ਸਨ।

# ਸੜਕ ਦਾ ਕੁਝ ਹੀ ਮਿੰਟਾਂ ਦੇ ਵਕਫ਼ੇ 'ਚ ਦੋ ਵਾਰ ਉਦਘਾਟਨ





**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**-ਇਤਿਹਾਸਕ ਨਗਰੀ ਸੁਲਤਾਨਪੁਰ ਲੋਧੀ ਦੀ ਸਿਆਸਤ ਵਿੱਚ ਵਿਕਾਸ ਕਾਰਜਾਂ ਦਾ ਸਿਹਰਾ ਲੈਣ ਦੀ ਦੌੜ ਉਸ ਵੇਲੇ ਹਾਸੋਹੀਣੀ ਅਤੇ ਚਰਚਾ ਦਾ ਵਿਸ਼ਾ ਬਣ ਗਈ, ਜਦੋਂ ਮਹਿਜ਼ ਲਗਭਗ 300 ਮੀਟਰ ਲੰਮੀ ਸੜਕ ਦਾ ਕੁਝ ਹੀ ਮਿੰਟਾਂ ਦੇ ਵਕਫ਼ੇ ਦੌਰਾਨ ਦੋ ਵੱਖ-ਵੱਖ ਧਿਰਾਂ ਵੱਲੋਂ ਉਦਘਾਟਨ ਕਰ ਦਿੱਤਾ ਗਿਆ। ਜਾਣਕਾਰੀ ਅਨੁਸਾਰ ਸ਼ਹਿਰ ਦੇ ਵਾਰਡ ਨੰਬਰ 2 ਅਤੇ 3 ਵਿੱਚੋਂ ਗੁਜ਼ਰਦੀ ਇਹ ਸੜਕ ਸਿਵਲ ਹਸਪਤਾਲ, ਮੁਹੱਲਾ ਅਰੋੜਾ ਰਸਤਾ ਤੋਂ ਸ਼ੁਰੂ ਹੋ ਕੇ ਝਟਕਈਆ ਬਾਜ਼ਾਰ ਤੱਕ ਜਾਂਦੀ ਹੈ। ਲੰਮੇ ਸਮੇਂ ਤੋਂ ਖ਼ਸਤਾਹਾਲ ਪਈ ਇਸ ਕਰੀਬ 300 ਮੀਟਰ ਸੜਕ ਉੱਤੇ ਜਿਉਂ ਹੀ ਪ੍ਰੀਮਿਕਸ (ਲੁੱਕ-ਬੱਜਰੀ) ਕੰਕਰੀਟ ਪਾਉਣ ਦਾ ਕੰਮ ਸ਼ੁਰੂ ਹੋਇਆ, ਤਾਂ ਸਿਆਸੀ ਧਿਰਾਂ ਵਿੱਚ ਕ੍ਰੈਡਿਟ ਲੈਣ ਦੀ ਦੌੜ ਤੇਜ਼ ਹੋ ਗਈ। ਪਹਿਲਾਂ ਨਗਰ ਕੌਂਸਲ ਦੀ ਪ੍ਰਧਾਨ ਸੰਦੀਪ ਕੌਰ ਚੀਮਾ ਤੇ ਵਿਧਾਇਕ ਰਾਣਾ ਇੰਦਰ ਪ੍ਰਤਾਪ ਸਿੰਘ ਦੇ ਸਮਰਥਕਾਂ (ਰਾਣਾ ਧੜੇ) ਨੇ ਮੌਕੇ 'ਤੇ ਪਹੁੰਚ ਕੇ ਰਸਮੀ ਤੌਰ 'ਤੇ ਰਿਬਨ ਕੱਟ ਕੇ ਸੜਕ ਦਾ ਉਦਘਾਟਨ ਕੀਤਾ ਅਤੇ ਦਾਅਵਾ ਕੀਤਾ ਕਿ ਨਗਰ ਕੌਂਸਲ ਸ਼ਹਿਰ ਦੇ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਪਰ ਅਜੇ ਇਸ ਸਮਾਗਮ ਨੂੰ ਖ਼ਤਮ ਹੋਇਆਂ ਕੁਝ ਹੀ ਮਿੰਟ ਬੀਤੇ ਸਨ ਕਿ ਦੂਜੇ ਪਾਸਿਓਂ ਆਮ ਆਦਮੀ ਪਾਰਟੀ ਦੇ ਆਗੂਆਂ ਨੇ ਮੋਰਚਾ ਸੰਭਾਲ ਲਿਆ। 'ਆਪ' ਦੇ ਸ਼ਹਿਰੀ ਪ੍ਰਧਾਨ ਰਾਜੀਵ ਧੀਰ, ਵਾਰਡ ਨੰਬਰ 2 ਤੋਂ ਕੌਂਸਲਰ ਜਤਿੰਦਰ ਸੇਠੀ, ਦਿਨੇਸ਼ ਧੀਰ ਕੌਂਸਲਰ ਅਤੇ ਹੋਰ ਪਾਰਟੀ ਆਗੂਆਂ ਨੇ ਉਸੇ ਥਾਂ ਪਹੁੰਚ ਕੇ ਦੂਜੀ ਵਾਰ ਰਿਬਨ ਕੱਟ ਕੇ ਸੜਕ ਦਾ ਮੁੜ ਉਦਘਾਟਨ ਕਰ ਦਿੱਤਾ। 'ਆਪ' ਆਗੂਆਂ ਦਾ ਕਹਿਣਾ ਸੀ ਕਿ ਇਹ ਕੰਮ ਪੰਜਾਬ ਸਰਕਾਰ ਦੇ ਯਤਨਾਂ ਅਤੇ ਫ਼ੰਡਾਂ ਸਦਕਾ ਹੀ ਸੰਭਵ ਹੋਇਆ ਹੈ।ਇੱਕੋ ਸੜਕ ਦੇ ਮਹਿਜ਼ 300 ਮੀਟਰ ਟੁਕੜੇ ਲਈ ਦੋਹਾਂ ਧੜਿਆਂ ਵੱਲੋਂ ਵਿਖਾਈ ਗਈ ਇਸ ਕਾਹਲ ਕਾਰਨ ਸ਼ਹਿਰ ਵਾਸੀਆਂ ਵਿੱਚ ਚਰਚਾ ਦਾ ਬਾਜ਼ਾਰ ਗਰਮ ਹੈ।

# ਬਾਬਾ ਬੁੱਢਾ ਜੀ ਦੇ ਸਾਲਾਨਾ ਜੋੜ ਮੇਲੇ ਨੂੰ ਸਮਰਪਿਤ ਝਬਾਲ ਵਿਸ਼ੇਸ਼ ਸਪਲੀਮੈਂਟ

## ਸੰਦੇਸ਼

ਨਵਾਂ ਜ਼ਮਾਨਾ ਅਖ਼ਬਾਰ ਹਰ ਨਵੀਂ ਸਵੇਰ ਨੂੰ ਨਵੀਂ ਖ਼ਬਰ ਵਾਲਾ ਆਪਣੇ ਪਾਠਕਾਂ ਨੂੰ ਤਰੋ ਤਾਜ਼ਾ ਕਰਦਾ ਹੈ। ਨਵਾਂ ਜ਼ਮਾਨਾ ਅਖ਼ਬਾਰ ਦੇ ਪੱਤਰਕਾਰ ਹਰਜਿੰਦਰ ਸਿੰਘ ਸੋਨੀ ਅਤੇ ਰੋਬਿਨ ਸਿੰਘ ਸੋਨੀ ਵੱਲੋਂ ਧੰਨ ਧੰਨ ਬਾਬਾ ਬੁੱਢਾ ਜੀ ਦੇ ਸਾਲਾਨਾ ਜੋੜ ਮੇਲੇ 'ਤੇ ਵਿਸ਼ੇਸ਼ ਸਪਲੀਮੈਂਟ ਕੱਢਣ ਦੀਆਂ ਸਮੂਹ ਇਲਾਕਾ ਨਿਵਾਸੀਆਂ ਨੂੰ ਲੱਖ-ਲੱਖ ਵਧਾਈਆਂ



ਕਾਮਰੇਡ ਦਵਿੰਦਰ ਸੋਹਲ, ਜ਼ਿਲ੍ਹਾ ਸਕੱਤਰ | ਡਾ. ਰਾਜਬੀਰ ਸਿੰਘ, ਸੀਨੀਅਰ ਮੈਡੀਕਲ ਅਫ਼ਸਰ, ਅੰਮ੍ਰਿਤਸਰ | ਪ੍ਰਧਾਨ ਡਾ. ਗੁਰਨੇਕ ਸਿੰਘ ਸੋਹਲ | ਡਾ. ਜੋਗਰਾਜ ਸਿੰਘ ਝਬਾਲ | ਤਰਨਜੀਤ ਸਿੰਘ, ਰਿਟਾ. ਪ੍ਰਿੰਸੀਪਲ
ਕੁਲਦੀਪ ਸਿੰਘ ਬੋਰਾਂ ਵਾਲੇ, ਕਸੇਲ | ਕਾਮਰੇਡ ਅਸ਼ੋਕ ਕੁਮਾਰ | ਗੁਰਦੇਵ ਸਿੰਘ ਰਿਟੂੰ, ਆੜ੍ਹਤੀਆ, ਸੋਹਲ | ਸਰਵਣ ਸਿੰਘ, ਆੜ੍ਹਤੀਆ, ਝਬਾਲ | ਬਲਦੇਵ ਸਿੰਘ ਫੌਜੀ (ਕਸੇਲ)

ਬ੍ਰਹਮ ਗਿਆਨੀ ਧੰਨ-ਧੰਨ ਬਾਬਾ ਬੁੱਢਾ ਜੀ ਦੇ ਸਾਲਾਨਾ ਜੋੜ ਮੇਲੇ ਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ

AMRITSAR COLLEGE OF NURSING

PARAMEDICAL COURSES
4 YEARS DEGREE PROGRAM
* B.Sc MLS
* B.Sc OT & AT
* B.Sc RIT
* B.Sc CCT
* B.Sc Optometry

Transport Facility Available

NURSING COURSES
* B.Sc Nursing (4 YEARS)
* GNM (3 YEARS)
* ANM (2 YEARS)
* Diploma in Nanny (1 Year)

Sc/St & Minority Scholarship Available



VILLAGE KHERDIN KE, AMRITSAR CHABAL ROAD, DISTT TARN TARAN.
M: 95929-41999

## ਬ੍ਰਹਮ ਗਿਆਨੀ ਬਾਬਾ ਬੁੱਢਾ ਜੀ ਦੇ ਸਾਲਾਨਾ ਮੇਲੇ ਦੀਆਂ ਮੁਬਾਰਕਾਂ



ਬਾਬਾ ਬੁੱਢਾ ਜੀ ਦਾ ਜਨਮ ਭਾਈ ਸੁੱਗਾ ਦੇ ਘਰ ਮਾਤਾ ਗੋਰਾ ਜੀ ਦੀ ਕੁੱਖੋਂ 7 ਕੱਤਕ 1563 ਬਿਕਰਮੀ ਮੁਤਾਬਕ 1506 ਈ: ਨੂੰ ਪਿੰਡ ਗੱਗੋਮਾਹਲ (ਮੌਜੂਦਾ ਕੱਥੂਨੰਗਲ) ਜ਼ਿਲ੍ਹਾ ਅੰਮ੍ਰਿਤਸਰ ਵਿਖੇ ਹੋਇਆ। ਬਾਬਾ ਬੁੱਢਾ ਜੀ ਦਾ ਮਿਲਾਪ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਇਸੇ ਸਥਾਨ 'ਤੇ ਬਚਪਨ ਸਮੇਂ ਹੀ ਹੋਇਆ ਸੀ। ਬਾਬਾ ਬੁੱਢਾ ਜੀ ਨੇ ਲੰਮਾ ਜੀਵਨ ਗੁਰੂ ਨਾਨਕ ਸਾਹਿਬ ਜੀ ਨਾਲ ਬਿਤਾਇਆ।

ਆਪ ਜੀ ਨੇ ਗੁਰੂ ਅੰਗਦ ਜੀ ਤੋਂ ਲੈ ਕੇ ਮੀਰੀ-ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਨੂੰ ਗੁਰਗੱਦੀ ਬਖਸ਼ਣ ਸਮੇਂ ਮਾਣ ਪ੍ਰਾਪਤ ਕੀਤਾ। ਜਦੋਂ ਤੀਸਰੇ ਪਾਤਸ਼ਾਹ ਨੂੰ ਦਾਤੂ ਨੇ ਗੁਰੂ ਅਮਰਦਾਸ ਜੀ ਨੂੰ ਬੁਰਾ-ਭਲਾ ਕਿਹਾ ਤਾਂ ਉਹ ਆਪਣੇ ਨਗਰ ਬਾਸਰਕੇ ਦੇ ਬਾਹਰਵਾਰ ਕੱਚੇ ਕਮਰੇ ਵਿੱਚ ਭਗਤੀ ਵਿੱਚ ਲੀਨ ਹੋ ਗਏ। ਉਹਨਾਂ ਨੇ ਕਮਰੇ ਦੇ ਬਾਹਰ ਲਿਖ ਕੇ ਲਾ ਦਿੱਤਾ ਕਿ ਜਿਹੜਾ ਸਿੱਖ ਸਾਡੇ ਕਮਰੇ ਦਾ ਦਰਵਾਜ਼ਾ ਖੜਕਾਵੇਗਾ, ਉਹ ਗੁਰੂ ਦਾ ਸਿੱਖ ਨਹੀਂ ਹੋਵੇਗਾ।

ਆਪ ਗੁਰੂ ਅੰਗਦ ਜੀ ਦਾ ਹੁਕਮ ਮੰਨ ਕੇ ਸਿੱਖ ਸੰਗਤਾਂ ਨਾਲ ਬਾਸਰਕੇ ਪਹੁੰਚੇ। ਆਪ ਜੀ ਨੇ ਪਿੰਡ ਬਾਸਰਕੇ ਭਗਤੀ ਵਿੱਚ ਲੀਨ ਹੋਏ ਗੁਰੂ ਜੀ ਦੇ ਕਮਰੇ ਨੂੰ ਪਿੱਛੋਂ ਸੰਨ੍ਹ ਲਾ ਕੇ ਗੁਰੂ ਜੀ ਨੂੰ ਸਿੱਖ ਸੰਗਤਾਂ ਦੇ ਸਨਮੁੱਖ ਹੋਣ ਦੀ ਬੇਨਤੀ ਕੀਤੀ ਤਾਂ ਗੁਰੂ ਜੀ ਸਿੱਖ ਸੰਗਤਾਂ ਦਾ ਹੁਕਮ ਮੰਨ ਕੇ ਚੱਲ ਪਏ। ਜਿੱਥੇ ਅੱਜ ਗੁਰਦੁਆਰਾ ਸੰਨ੍ਹ ਸਾਹਿਬ ਬਾਸਰਕੇ ਵਿਖੇ ਸੁਸ਼ੋਭਿਤ ਹੈ।

ਝਬਾਲ ਦੀ ਇਤਿਹਾਸਕ ਧਰਤੀ ਦੇ ਨੇੜੇ ਗੁਰੂ ਅਰਜਨ ਦੇਵ ਜੀ ਦਾ ਹੁਕਮ ਮੰਨ ਕੇ ਆਪ ਗੁਰੂ ਘਰ ਦੇ ਪਸ਼ੂ ਲੈ ਕੇ ਬੀੜ ਸਾਹਿਬ ਪਹੁੰਚ ਗਏ। ਇੱਥੇ ਹੀ ਆਪ ਜੀ ਨੇ ਮਾਤਾ ਗੰਗਾ ਜੀ ਨੂੰ ਪੁੱਤਰ ਦੀ ਦਾਤ ਬਖਸ਼ ਕੀਤੀ ਸੀ। ਅੱਜ ਵੀ ਸਿੱਖ ਸੰਗਤਾਂ ਮਿੱਠੇ ਪ੍ਰਸ਼ਾਦੇ ਲੈ ਕੇ ਆਉਂਦੀਆਂ ਹਨ। ਗੁਰੂ ਘਰ ਦੀ ਖੁਸ਼ੀ ਪ੍ਰਾਪਤ ਕਰਦੀਆਂ ਹਨ।



ਹਰਜਿੰਦਰ ਸਿੰਘ ਸੋਨੀ
ਪੱਤਰਕਾਰ ਝਬਾਲ
ਮੋ. 98154-42347

ਰੋਬਿਨ ਸਿੰਘ ਸੋਨੀ
ਪੱਤਰਕਾਰ ਝਬਾਲ
ਮੋ. 70871-54445

## ਸੰਦੇਸ਼

ਨਵਾਂ ਜ਼ਮਾਨਾ ਅਖ਼ਬਾਰ ਹਰ ਨਵੀਂ ਸਵੇਰ ਨੂੰ ਨਵੀਂ ਖ਼ਬਰ ਵਾਲਾ ਆਪਣੇ ਪਾਠਕਾਂ ਨੂੰ ਤਰੋ ਤਾਜ਼ਾ ਕਰਦਾ ਹੈ। ਨਵਾਂ ਜ਼ਮਾਨਾ ਅਖ਼ਬਾਰ ਦੇ ਪੱਤਰਕਾਰ ਹਰਜਿੰਦਰ ਸਿੰਘ ਸੋਨੀ ਅਤੇ ਰੋਬਿਨ ਸਿੰਘ ਸੋਨੀ ਵੱਲੋਂ ਧੰਨ ਧੰਨ ਬਾਬਾ ਬੁੱਢਾ ਜੀ ਦੇ ਸਾਲਾਨਾ ਜੋੜ ਮੇਲੇ 'ਤੇ ਵਿਸ਼ੇਸ਼ ਸਪਲੀਮੈਂਟ ਕੱਢਣ ਦੀਆਂ ਸਮੂਹ ਇਲਾਕਾ ਨਿਵਾਸੀਆਂ ਨੂੰ ਲੱਖ-ਲੱਖ ਵਧਾਈਆਂ



ਦਿਲਬਾਗ ਸਿੰਘ, ਸਾਬਕਾ ਡੀ ਜੀ ਪੀ | ਗੁਰਪ੍ਰੀਤ ਸਿੰਘ, ਏ ਆਈ ਜੀ, ਅੰਮ੍ਰਿਤਸਰ | ਜਗਜੀਤ ਸਿੰਘ, ਡੀ ਐਸ ਪੀ ਸਿਟੀ ਤਰਨ ਤਾਰਨ | ਸੁਖਬੀਰ ਸਿੰਘ, ਡੀ ਐਸ ਪੀ ਡੀ ਤਰਨ ਤਾਰਨ | ਇੰਸਪੈਕਟਰ ਕਸ਼ਮੀਰ ਸਿੰਘ, ਝਬਾਲ
ਐਸ ਐਚ ਓ ਰਜਿੰਦਰ ਸਿੰਘ, ਥਾਣਾ ਸੁਲਤਾਨਵਿੰਡ | ਕਾਮਰੇਡ ਜਸਬੀਰ ਸਿੰਘ, ਸੂਬਾ ਆਗੂ ਖੇਤ ਮਜ਼ਦੂਰ ਯੂਨੀਅਨ | ਬਲਦੇਵ ਸਿੰਘ ਸੋਨੀ ਝਬਾਲ | ਦਿਲਬਾਗ ਸਿੰਘ, ਦਸਮੇਸ਼ ਫੀਲਿੰਗ ਸਟੇਸ਼ਨ ਬੰਡਾਲਾ | ਬਾਬਾ ਵਰਿਆਮ ਸਿੰਘ ਝਬਾਲ, ਪ੍ਰਧਾਨ

ਬ੍ਰਹਮ ਗਿਆਨੀ ਧੰਨ-ਧੰਨ ਬਾਬਾ ਬੁੱਢਾ ਜੀ ਦੇ ਸਾਲਾਨਾ ਜੋੜ ਮੇਲੇ 'ਤੇ ਆਈਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ



ਐਚ ਪੀ ਰਾਣਾ ਹਰਬੀਰ ਫਿਲਿੰਗ ਸਟੇਸ਼ਨ ਪੰਜਵੜ
ਹਰਪ੍ਰਤਾਪ ਸਿੰਘ ਝਬਾਲ
ਵੱਲੋਂ : ਹਰਪ੍ਰਤਾਪ ਸਿੰਘ ਝਬਾਲ
ਕਰਮਜੀਤ ਸਿੰਘ ਢਿੱਲੋਂ ਪੰਜਵੜ

ਬ੍ਰਹਮ ਗਿਆਨੀ ਧੰਨ-ਧੰਨ ਬਾਬਾ ਬੁੱਢਾ ਜੀ ਦੇ ਸਾਲਾਨਾ ਜੋੜ ਮੇਲੇ 'ਤੇ ਆਈਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ



ਕਰਨਬੀਰ ਸਿੰਘ ਸਰਪ੍ਰਸਤ | ਗੁਰਸੇਵਕ ਸਿੰਘ ਪ੍ਰਧਾਨ | ਨਰੈਣ ਸਿੰਘ ਉਪ ਸਕੱਤਰ | ਨਿਰਵੈਲ ਸਿੰਘ ਬਲਾਕ ਪ੍ਰਧਾਨ
ਗੁਰਪ੍ਰੀਤ ਸਿੰਘ ਬਲਾਕ ਪ੍ਰਧਾਨ | ਸਾਹਿਲ ਕੁਮਾਰ ਮੈਂਬਰ | ਸਿਮਰਨਜੀਤ ਸਿੰਘ ਮੈਂਬਰ | ਜਸਬੀਰ ਸਿੰਘ ਸੁਰ ਸਿੰਘ ਮੈਂਬਰ

ਵੱਲੋਂ:
ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਇਕਾਈ ਤਰਨ ਤਾਰਨ

ਬ੍ਰਹਮ ਗਿਆਨੀ ਧੰਨ-ਧੰਨ ਬਾਬਾ ਬੁੱਢਾ ਜੀ ਦੇ ਸਾਲਾਨਾ ਜੋੜ ਮੇਲੇ 'ਤੇ ਆਈਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ



ਸੁਖਬੀਰ ਸਿੰਘ ਬਾਦਲ, ਪ੍ਰਧਾਨ ਸ਼੍ਰੋਮਣੀ ਅਕਾਲੀ ਦਲ | ਕੰਚਨਪ੍ਰੀਤ ਕੌਰ, ਹਲਕਾ ਇੰਚਾਰਜ ਤਰਨ ਤਾਰਨ | ਭਗਵੰਤ ਸਿੰਘ, ਸਾਬਕਾ ਸਰਪੰਚ ਕਸੇਲ | ਸੁਖਜਿੰਦਰ ਸਿੰਘ, ਸੀਨੀ. ਅਕਾਲੀ ਆਗੂ ਕਸੇਲ (ਯੂ ਐਸ ਏ) | ਖਜ਼ਾਨ ਸਿੰਘ ਮੈਂਬਰ, ਸ਼੍ਰੋ.ਅ.ਦਲ | ਏਕਮਜੀਤ ਸਿੰਘ ਕਸੇਲ

ਵੱਲੋਂ : ਸਮੂਹ ਅਕਾਲੀ ਆਗੂ ਕਸੇਲ

ਬ੍ਰਹਮ ਗਿਆਨੀ ਬਾਬਾ ਬੁੱਢਾ ਸਾਹਿਬ ਜੀ ਦੇ ਸਾਲਾਨਾ ਜੋੜ ਮੇਲੇ ਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ



ਬਾਬਾ ਬੁੱਢਾ ਜੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਬੀੜ ਸਾਹਿਬ
ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਪ੍ਰਧਾਨ ਸ਼੍ਰੋ. ਗੁ. ਪ੍ਰ. ਕਮੇਟੀ

ਸਕੂਲ ਦੀਆਂ ਵਿਸ਼ੇਸ਼ਤਾਵਾਂ :
☛ ਨਰਸਰੀ ਤੋਂ ਬਾਰ੍ਹਵੀਂ (ਸਾਇੰਸ, ਆਰਟਸ ਅਤੇ ਕਾਮਰਸ) ☛ ਸਾਇੰਸ, ਮੈਥ ਅਤੇ ਕੰਪਿਊਟਰ ਲੈਬਜ਼ ☛ ਅੰਮ੍ਰਿਤਧਾਰੀ ਵਿਦਿਆਰਥੀਆਂ ਨੂੰ ਵਜ਼ੀਫੇ ☛ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ☛ ਬਾਕਸਿੰਗ ਅਤੇ ਜੂਡੋ ਦੀ ਵਿਸ਼ੇਸ਼ ਕੋਚਿੰਗ ☛ UPSC, IAS, IPS, NDA ਅਤੇ NEET ਪ੍ਰੀਖਿਆਵਾਂ ਲਈ ਵਿਸ਼ੇਸ਼ ਕੋਚਿੰਗ ☛ NCC, NSS ਅਤੇ Scout & Guide ਦੀ ਸਹੂਲਤ
ਮੋਬਾਇਲ : 01852-297200
ਵੱਲੋਂ : ਪ੍ਰਿੰਸੀਪਲ, ਸਮੂਹ ਸਟਾਫ਼ ਤੇ ਵਿਦਿਆਰਥੀ
ਪ੍ਰਿੰਸੀਪਲ ਸਰਬਜੀਤ ਕੌਰ ਜਫਰਵਾਲ



ਬ੍ਰਹਮ ਗਿਆਨੀ ਧੰਨ-ਧੰਨ ਬਾਬਾ ਬੁੱਢਾ ਜੀ ਦੇ ਸਾਲਾਨਾ ਜੋੜ ਮੇਲੇ 'ਤੇ ਆਈਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ
ਸਵ. ਪ੍ਰਭਜੀਤ ਸਿੰਘ, ਸਾਬਕਾ ਸਰਪੰਚ ਠੱਠਗੜ੍ਹ | ਪ੍ਰਿੰਸਪਾਲ ਸਿੰਘ ਸੰਧੂ, ਠੱਠਗੜ੍ਹ



ਬ੍ਰਹਮ ਗਿਆਨੀ ਧੰਨ-ਧੰਨ ਬਾਬਾ ਬੁੱਢਾ ਜੀ ਦੇ ਸਾਲਾਨਾ ਜੋੜ ਮੇਲੇ 'ਤੇ ਆਈਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ
ਪਰਗਟ ਸਿੰਘ, ਪੰਜਾਬ ਪ੍ਰਧਾਨ ਕਾਂਗਰਸ ਪਾਰਟੀ | ਰਮਨਦੀਪ ਸਿੰਘ ਸਿੱਕੀ, ਸਾਬਕਾ ਵਿਧਾਇਕ ਕਾਂਗਰਸ | ਰਾਜਬੀਰ ਸਿੰਘ ਪੱਖੋਕੇ, ਮੀਤ ਪ੍ਰਧਾਨ, ਪੰਜਾਬ



ਬ੍ਰਹਮ ਗਿਆਨੀ ਧੰਨ-ਧੰਨ ਬਾਬਾ ਬੁੱਢਾ ਜੀ ਦੇ ਸਾਲਾਨਾ ਜੋੜ ਮੇਲੇ 'ਤੇ ਆਈਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ
HOWARD LANE SENIOR SCHOOL
Chabhal-Amritsar Road, Village Thatha, Tarn Taran
Affi. to CBSE (No.1630861)
Contact : 01852-278590, M. 98780-29600
Sr. Makhtool Singh Aulkh, Chairman | Sr. Manjinder singh Virk, Director



ਬ੍ਰਹਮ ਗਿਆਨੀ ਧੰਨ-ਧੰਨ ਬਾਬਾ ਬੁੱਢਾ ਜੀ ਦੇ ਸਾਲਾਨਾ ਜੋੜ ਮੇਲੇ 'ਤੇ ਆਈਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ
ਵਿਜੈ ਕੁਮਾਰ ਹਲਵਾਈ
ਇੱਥੇ ਵਿਆਹ ਸ਼ਾਦੀ, ਸ਼ਗਨਾ, ਦਸਤਾਰ ਬੰਦੀ, ਜਨਮ ਦਿਨ, ਕਿਟੀ ਪਾਰਟੀਆਂ ਅਤੇ ਹਰ ਖੁਸ਼ੀ ਦੇ ਮੌਕੇ 'ਤੇ ਹਾਲ ਬੁੱਕ ਕੀਤਾ ਜਾਂਦਾ ਹੈ।
ਨੋਟ : ਇੱਥੇ ਆਈਸ ਕਰੀਮ, ਟਿੱਕੀ, ਗੋਲਗੱਪੇ ਅਤੇ ਤੰਦੂਰ ਦੇ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।
ਦੁਕਾਨ : ਨੇੜੇ ਬੱਸ ਸਟੈਂਡ, ਅਟਾਰੀ ਰੋਡ, ਅੱਡਾ ਝਬਾਲ
ਵਿਜੈ ਕੁਮਾਰ
ਮੋਬਾ. 97812-52000, 94635-90510



ਬ੍ਰਹਮ ਗਿਆਨੀ ਧੰਨ-ਧੰਨ ਬਾਬਾ ਬੁੱਢਾ ਜੀ ਦੇ ਸਾਲਾਨਾ ਜੋੜ ਮੇਲੇ 'ਤੇ ਆਈਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ
ਪਰਗਟ ਸਿੰਘ, ਪੰਜਾਬ ਪ੍ਰਧਾਨ ਕਾਂਗਰਸ ਪਾਰਟੀ | ਸਿਮਰਜੀਤ ਸਿੰਘ ਬੈਂਸ, ਸਾਬਕਾ ਐਮ ਐਲ ਏ, ਲੁਧਿਆਣਾ | ਰਾਜਬੀਰ ਸਿੰਘ ਭੁੱਲਰ, ਜ਼ਿਲ੍ਹਾ ਪ੍ਰਧਾਨ ਤਰਨ ਤਾਰਨ
ਰਮਨ ਕੁਮਾਰ ਸ਼ਰਮਾ, ਚੇਅਰਮੈਨ ਪੰਜਾਬ ਲੈਂਡ ਮਾਰਗ ਬੈਂਕ ਤਰਨ ਤਾਰਨ | ਅਮਰੀਕ ਸਿੰਘ ਵਰਪਾਲ, ਸੀਨੀ. ਕਾਂਗਰਸ ਆਗੂ | ਬਿਕਰਮਜੀਤ ਸਿੰਘ ਰੰਧਾਵਾ, ਬਲਾਕ ਚੇਅਰਮੈਨ
ਵੱਲੋਂ : ਸਮੂਹ ਸੀਨੀਅਰ ਕਾਂਗਰਸ ਆਗੂ ਕਸਬਾ ਝਬਾਲ

ਬ੍ਰਹਮ ਗਿਆਨੀ ਧੰਨ-ਧੰਨ ਬਾਬਾ ਬੁੱਢਾ ਜੀ ਦੇ ਸਾਲਾਨਾ ਜੋੜ ਮੇਲੇ 'ਤੇ ਆਈਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ



D.S. Tailors
& Cloth House
Ladies & Gents
All Types Wedding Dress, Lehenga, Sherwani Available on Rent Basis
ਸ. ਦਰਸ਼ਨ ਸਿੰਘ | ਭੁਪਿੰਦਰ ਸਿੰਘ ਭਿੰਦਾ
SPECIALIST IN : COAT PENT
Ladies Salon Service's Available
Attari Road, Adda Chabhal (Tarn Taran)
M. 98720-98242, 94640-22632



ਬ੍ਰਹਮ ਗਿਆਨੀ ਧੰਨ-ਧੰਨ ਬਾਬਾ ਬੁੱਢਾ ਜੀ ਦੇ ਸਾਲਾਨਾ ਜੋੜ ਮੇਲੇ 'ਤੇ ਆਈਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ
ਮੱਲੂਪੁਰ ਸੀਮੈਂਟ ਸਟੋਰ
ਇੱਥੇ ਸੀਮੈਂਟ, ਰੋੜੀ, ਬੱਜਰੀ, ਸਰੀਆ, ਟਾਇਲਾਂ, ਸੀਮੈਂਟ ਵਾਲੇ ਪੋਰੇ ਮਿਲਦੇ ਹਨ।
ਭਿੱਖੀਵਿੰਡ ਰੋਡ, ਨੇੜੇ ਬਾਬਾ ਬੀਰ ਸਿੰਘ ਧਰਮ ਕੰਡਾ
ਸ. ਬਲਵੰਤ ਸਿੰਘ ਮੱਲੂਪੁਰ
ਮੋਬਾ. 99157-01984, 70094-97300



ਬ੍ਰਹਮ ਗਿਆਨੀ ਧੰਨ-ਧੰਨ ਬਾਬਾ ਬੁੱਢਾ ਜੀ ਦੇ ਸਾਲਾਨਾ ਜੋੜ ਮੇਲੇ 'ਤੇ ਆਈਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ
ਦਸ਼ਮੇਸ਼ ਫਿਲਿੰਗ ਸਟੇਸ਼ਨ
ਤਰਨ ਤਾਰਨ ਰੋਡ, ਬੰਡਾਲਾ
ਸ. ਦਿਲਬਾਗ ਸਿੰਘ ਚੀਦਾ
ਮੋਬਾ. 98727-49990



ਬ੍ਰਹਮ ਗਿਆਨੀ ਧੰਨ-ਧੰਨ ਬਾਬਾ ਬੁੱਢਾ ਜੀ ਦੇ ਸਾਲਾਨਾ ਜੋੜ ਮੇਲੇ 'ਤੇ ਆਈਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ
ਮਲਕ ਦੀ ਹੱਟੀ
ਅਟਾਰੀ ਰੋਡ, ਅੱਡਾ ਝਬਾਲ
ਸਭ ਤੋਂ ਵੱਧ ਵਰਾਇਟੀ, ਸਭ ਤੋਂ ਘੱਟ ਰੇਟ ਇੱਕ ਮੁੱਲ ਦੀ ਹੱਟੀ
ਪੱਪੂ ਮਲਕ | ਬਾਂਕੇ ਸ਼ਾਹ
ਦਾਜ ਤੇ ਵਰੀ ਦਾ ਖਾਸ ਪ੍ਰਬੰਧ ਹੈ, ਰੇਮੰਡ, ਓ ਸੀ ਐਮ ਤੇ ਸੀਆਰਾਮ
ਅਟਾਰੀ ਰੋਡ ਅੱਡਾ ਝਬਾਲ (98726-92690)



ਬ੍ਰਹਮ ਗਿਆਨੀ ਧੰਨ-ਧੰਨ ਬਾਬਾ ਬੁੱਢਾ ਜੀ ਦੇ ਸਾਲਾਨਾ ਜੋੜ ਮੇਲੇ 'ਤੇ ਆਈਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ
ਹੁੰਦਲ ਮੋਟਰ ਗੈਰਜ
ਅੰਮ੍ਰਿਤਸਰ ਬਾਈਪਾਸ ਤਰਨ ਤਾਰਨ
ਭੁਪਿੰਦਰ ਸਿੰਘ ਹੁੰਦਲ



ਬ੍ਰਹਮ ਗਿਆਨੀ ਧੰਨ-ਧੰਨ ਬਾਬਾ ਬੁੱਢਾ ਜੀ ਦੇ ਸਾਲਾਨਾ ਜੋੜ ਮੇਲੇ 'ਤੇ ਆਈਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ
ਅਮਰੀਕ ਮਕੈ. ਵਰਕਸ
ਇੱਥੇ ਖੇਤੀਬਾੜੀ ਦੇ ਸਾਰੇ ਸੰਦ ਨਵੇਂ ਤਿਆਰ ਅਤੇ ਪੁਰਾਣੇ ਰਿਪੇਅਰ ਕੀਤੇ ਜਾਂਦੇ ਹਨ।
ਪ੍ਰੋ. ਅਮਰੀਕ ਸਿੰਘ | ਏਕਮਜੀਤ ਸਿੰਘ
ਨੋਟ: ਸਟੀਲ ਦੀਆਂ ਗਰਿੱਲਾਂ ਵੀ ਤਿਆਰ ਹੁੰਦੀਆਂ ਹਨ
ਮੋਬਾ. 99159-10707



ਬ੍ਰਹਮ ਗਿਆਨੀ ਧੰਨ-ਧੰਨ ਬਾਬਾ ਬੁੱਢਾ ਜੀ ਦੇ ਸਾਲਾਨਾ ਜੋੜ ਮੇਲੇ 'ਤੇ ਆਈਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ
ਬਾਬਾ ਬੁੱਢਾ ਜੀ ਹੈਂਡਲੂਮ ਸਟੋਰ
ਐਂਡ ਖੱਦਰ ਭੰਡਾਰ | ਦੋਦੇ ਵਾਲਿਆਂ ਦੀ ਹੱਟੀ
A To Z ਸਾਰੀ ਵਰਾਇਟੀ ਮਿਲਦੀ ਹੈ।
ਨੋਟ : ਇੱਥੇ ਸੋਫੇ ਦਾ ਕੱਪੜਾ ਫੈਂਸੀ ਪਰਦਿਆਂ ਦਾ ਕੱਪੜਾ ਖਰੀਦਣ ਲਈ ਦਰਸ਼ਨ ਦਿਓ।
ਪ੍ਰੋ. ਜਸਪਾਲ ਸਿੰਘ ਦੋਦੇ
ਅਟਾਰੀ ਰੋਡ, ਅੱਡਾ ਝਬਾਲ
ਮੋਬਾ. 99154-71020, 80000-81306



ਬ੍ਰਹਮ ਗਿਆਨੀ ਧੰਨ-ਧੰਨ ਬਾਬਾ ਬੁੱਢਾ ਜੀ ਦੇ ਸਾਲਾਨਾ ਜੋੜ ਮੇਲੇ 'ਤੇ ਆਈਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ
ਗੰਡੀਵਿੰਡੀਆਂ ਦੀ ਗਹਿਣਿਆਂ ਦੀ 60 ਸਾਲ ਪੁਰਾਣੀ ਹੱਟੀ (ਰਜਿ.)
ਇੱਥੇ ਦੇਸ਼ਾਂ-ਵਿਦੇਸ਼ਾਂ ਤੋਂ ਪੈਸੇ ਮੰਗਵਾਉਣ ਦਾ ਪੂਰਾ ਪ੍ਰਬੰਧ ਹੈ।
ਦੁਕਾਨ ਨੰ. 3-4 ਬਾਬਾ ਬੁੱਢਾ ਜੀ ਮਾਰਕੀਟ ਅੱਡਾ ਝਬਾਲ
ਸ. ਸਾਹਿਬ ਸਿੰਘ ਗੰਡੀਵਿੰਡੀਆਂ
ਮੋਬਾ. 98728-67346



ਬ੍ਰਹਮ ਗਿਆਨੀ ਧੰਨ-ਧੰਨ ਬਾਬਾ ਬੁੱਢਾ ਜੀ ਦੇ ਸਾਲਾਨਾ ਜੋੜ ਮੇਲੇ 'ਤੇ ਆਈਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ
ਯੁਵਰਾਜ ਫਿਲਿੰਗ ਸਟੇਸ਼ਨ
Dealers : Indian Oil Corporation Ltd.
Jhabal (Tarn Taran)
ਹਰਦੀਪ ਸਿੰਘ ਚਾਹਲ



ਬ੍ਰਹਮ ਗਿਆਨੀ ਧੰਨ-ਧੰਨ ਬਾਬਾ ਬੁੱਢਾ ਜੀ ਦੇ ਸਾਲਾਨਾ ਜੋੜ ਮੇਲੇ 'ਤੇ ਆਈਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ
ਜੇ.ਆਰ.ਐੱਸ. ਡੀ.ਏ.ਵੀ. ਸਕੂਲ ਝਬਾਲ (ਤਰਨ ਤਾਰਨ)
ਦਾਖਲਾ ਸ਼ੁਰੂ
• ਸਮਰਥ ਸਮਰਪਤ ਅਤੇ ਪ੍ਰੇਰਨਾ ਨਾਲ ਭਰੇ ਹੋਏ ਅਧਿਆਪਕਾਂ ਦੁਆਰਾ ਪੜ੍ਹਾਈ।
• ਪਰੰਪਰਾਗਤ ਸਿੱਖਿਆ ਮੁੱਲਾ ਅਤੇ ਵਿਗਿਆਨਿਕ ਤੱਥਾਂ ਦੇ ਅਧਾਰ ਤੇ ਪੜ੍ਹਾਈ
• ਹਰ ਬੱਚੇ ਪ੍ਰਤੀ ਨਿਜੀ ਪੜ੍ਹਾਈ ਵਿੱਚ ਪਿੱਛੜੇ ਬੱਚਿਆਂ ਦਾ ਖਾਸ ਧਿਆਨ
• ਖੇਡ ਵਿਧੀ ਦੁਆਰਾ ਪੜ੍ਹਾਈ
• ਸਵੱਛ ਸੁਰੱਖਿਤ ਅਤੇ ਅਨੁਸ਼ਾਸਿਤ ਪੜ੍ਹਾਈ ਵਿਵਸਥਾ
• ਸੀਸੀਟੀਵੀ ਕੈਮਰੇ ਸਰਵਿਲਾਂਸ ਵਿਵਸਥਾ
• ਪਰਿਵਾਰਕ ਅਤੇ ਸਮਾਜਿਕ ਕਦਰਾਂ ਕੀਮਤਾਂ ਨੂੰ ਵਧਾਉਣ ਵਾਲੀ ਸਿੱਖਿਆ ਵਿਵਸਥਾ
ਪ੍ਰਿੰਸੀਪਲ ਅਸ਼ਵਨੀ ਕੁਮਾਰ
ਜੇ. ਆਰ. ਐਸ. ਡੀ.ਏ.ਵੀ. ਸਕੂਲ ਝਬਾਲ
ਸੰਪਰਕ: 98156-63790

### ੴ ਸਤਿਗੁਰ ਪ੍ਰਸਾਦਿ

ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ, ਠੱਠਾ (ਤਰਨ ਤਾਰਨ) ਵਿਖੇ

## ਸਾਲਾਨਾ ਜੋੜ ਮੇਲਾ

20, 21 ਅਤੇ 22 ਅੱਸੂ, ਨਾਨਕਸ਼ਾਹੀ ਸੰਮਤ 558 (6,7 ਤੇ 8 ਅਕਤੂਬਰ 2026)

- **ਸ੍ਰੀ ਅਖੰਡ ਪਾਠ ਸਾਹਿਬ**–05 ਅਕਤੂਬਰ 2026 ਦਿਨ ਸੋਮਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ, ਜਿਸ ਦੇ ਭੋਗ 7 ਅਕਤੂਬਰ 2026 ਦਿਨ ਬੁੱਧਵਾਰ ਨੂੰ ਪੈਣਗੇ।
- **ਨਗਰ ਕੀਰਤਨ**–06 ਅਕਤੂਬਰ 2026 ਦਿਨ ਮੰਗਲਵਾਰ ਨੂੰ ਸਵੇਰੇ 9.00 ਵਜੇ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਵਿਖੇ ਸੰਪੰਨ ਹੋਵੇਗਾ।
- **ਧਾਰਮਿਕ ਦੀਵਾਨ**–06 ਅਕਤੂਬਰ 2026 ਦਿਨ ਮੰਗਲਵਾਰ ਦੀ ਸ਼ਾਮ ਤੋਂ 8 ਅਕਤੂਬਰ 2026 ਦਿਨ ਵੀਰਵਾਰ ਤੱਕ ਧਾਰਮਿਕ ਦੀਵਾਨ ਸਜਾਏ ਜਾਣਗੇ, ਜਿਸ ਵਿੱਚ ਪੰਥ ਪ੍ਰਸਿੱਧ ਰਾਗੀ, ਢਾਡੀ, ਕਵੀਸ਼ਰ ਜਥੇ ਗੁਰਬਾਣੀ ਕੀਰਤਨ ਤੇ ਗੁਰ ਇਤਿਹਾਸ ਦੀ ਸਾਂਝ ਪਾਉਣਗੇ ਅਤੇ ਪੰਥ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰੀ ਭਰਨਗੀਆਂ।
- **ਅੰਮ੍ਰਿਤ ਸੰਚਾਰ**–08 ਅਕਤੂਬਰ 2026 ਦਿਨ ਵੀਰਵਾਰ ਨੂੰ ਅੰਮ੍ਰਿਤ ਅਭਿਲਾਖੀ ਸਮੇਂ ਸਿਰ ਪੁੱਜਣ। ਕਕਾਰ ਭੇਟਾ ਰਹਿਤ ਦਿੱਤੇ ਜਾਣਗੇ।
- **ਕਬੱਡੀ ਮੁਕਾਬਲੇ**–8 ਅਕਤੂਬਰ 2026 ਦਿਨ ਵੀਰਵਾਰ ਨੂੰ ਖਾਲਸਾ ਸੀਨੀਅਰ ਸੈਕੰਡਰ ਸਕੂਲ ਬੀੜ ਸਾਹਿਬ ਦੀ ਗਰਾਊਂਡ ਵਿੱਚ ਕਬੱਡੀ ਮੁਕਾਬਲੇ ਕਰਵਾਏ ਜਾਣਗੇ।

ਆਓ ! ਸਾਲਾਨਾ ਜੋੜ ਮੇਲੇ ਸਮੇਂ ਧਾਰਮਿਕ ਸਮਾਗਮਾਂ ਵਿੱਚ ਪਰਵਾਰਾਂ ਸਮੇਤ ਹਾਜ਼ਰੀ ਭਰਕੇ ਜੀਵਨ ਸਫ਼ਲਾ ਕਰੀਏ।

ਗੁਰੂ-ਪੰਥ ਦਾ ਦਾਸ,
**ਐਡਵੋਕੇਟ ਹਰਜਿੰਦਰ ਸਿੰਘ ਧਾਮੀ**
ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਮੈਨੇਜਰ, ਗੁਰਦੁਆਰਾ ਬੀੜ ਬਾਬਾ ਬੁੱਢਾ ਜੀ, ਠੱਠਾ (ਤਰਨ ਤਾਰਨ)। ਮੋਬਾ. 84370-08015

ਬ੍ਰਹਮ ਗਿਆਨੀ ਧੰਨ-ਧੰਨ ਬਾਬਾ ਬੁੱਢਾ ਜੀ ਦੇ ਸਾਲਾਨਾ ਜੋੜ ਮੇਲੇ 'ਤੇ ਆਈਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ



ਨਿਊ ਕਿਸਾਨ ਇਲੈਕਟ੍ਰੀਕਲ ਸਟੋਰ
ਹੈਵਲ ਤਾਰ, ਸੀ ਐਫ ਐਸ ਸਵਿੱਚ, ਪੱਖੇ, ਆਰ ਓ ਸਿਸਟਮ, ਇਨਵੈਟਰ ਬੈਟਰੀ।
ਨੋਟ : ਘਰਾਂ ਦੀ ਵਾਈਰਿੰਗ ਲਈ ਕਾਰੀਗਰਾਂ ਦਾ ਖਾਸ ਪ੍ਰਬੰਧ ਹੈ।
ਪਲਵਿੰਦਰ ਸਿੰਘ ਮੁਨਸ਼ੀ | ਅੰਮ੍ਰਿਤ ਪਾਲ ਸਿੰਘ ਭੋਜੀਆਂ
ਭਿੱਖੀਵਿੰਡ ਰੋਡ, ਝਬਾਲ

ਬ੍ਰਹਮ ਗਿਆਨੀ ਧੰਨ-ਧੰਨ ਬਾਬਾ ਬੁੱਢਾ ਜੀ ਦੇ ਸਾਲਾਨਾ ਜੋੜ ਮੇਲੇ 'ਤੇ ਆਈਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ
ਇਸ ਪਾਵਨ ਮੌਕੇ 'ਤੇ ਗੰਡੀਵਿੰਡ ਕਲੀਨਿਕਲ ਲੈਬੋਰਟਰੀ ਵੱਲੋਂ ਸੰਗਤ ਲਈ ਇੱਕ ਵਿਸ਼ੇਸ਼ ਸਿਹਤ ਸੇਵਾ ਉਪਰਾਲਾ
ਫੁੱਲ ਬਾਡੀ ਹੈਲਥ ਚੈੱਕਅੱਪ ਪੈਕੇਜ — ਸਿਰਫ਼ 999/-
☛ ਜਿਸ ਪੈਕੇਜ ਦੀ ਆਮ ਦਿਨਾਂ ਵਿੱਚ ਕੀਮਤ 1800/- ਤੱਕ ਹੈ, ਉਹ ਹੁਣ ਇਸ ਵਿਸ਼ੇਸ਼ ਮੌਕੇ ਸਿਰਫ਼ 999/- ਵਿੱਚ ਕਰਵਾਇਆ ਜਾ ਸਕਦਾ ਹੈ।
☛ ਇਸ ਪੈਕੇਜ ਵਿੱਚ ਜਿਗਰ, ਗੁਰਦੇ, ਬਲੱਡ ਸ਼ੂਗਰ, ਕੋਲੇਸਟਰੋਲ, ਥਾਇਰਾਇਡ, ਵਿਟਾਮਿਨ ਅਤੇ ਹੋਰ ਕਈ ਮਹੱਤਵਪੂਰਨ ਜਾਂਚਾਂ ਸ਼ਾਮਲ ਹਨ।
ਘਰੋਂ ਸੈਂਪਲ ਲੈਣ ਦੀ ਸੁਵਿਧਾ ਵੀ ਉਪਲਬਧ ਹੈ
ਆਫ਼ਰ ਦੀ ਮਿਆਦ : 10 ਅਕਤੂਬਰ 2026 ਤੱਕ ਹੈ
ਹੋਮ ਸੈਂਪਲ ਕਲੈਕਸ਼ਨ ਅਤੇ ਪੈਕੇਜ ਬਾਰੇ ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:
ਗੰਡੀਵਿੰਡ ਕਲੀਨੀਕਲ ਲੈਬਾਰਟੀ
ਗੰਡੀਵਿੰਡ ਮੈਡੀਕਲ ਸਟੋਰ ਦੇ ਨੇੜੇ, ਅਟਾਰੀ ਰੋਡ, ਅੱਡਾ ਝਬਾਲ
ਮੋਬਾ. 99155-92566, 99155-83165

ਬ੍ਰਹਮ ਗਿਆਨੀ ਧੰਨ-ਧੰਨ ਬਾਬਾ ਬੁੱਢਾ ਜੀ ਦੇ ਸਾਲਾਨਾ ਜੋੜ ਮੇਲੇ 'ਤੇ ਆਈਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ



ਡਾ. ਸਾਹਿਲ ਮੱਟੂ | ਕੁਲਦੀਪ ਸਿੰਘ ਨਿੱਕੂ ਝਬਾਲ | ਲਾਲੀ ਨੰਦਾ ਆੜ੍ਹਤੀਆ ਝਬਾਲ | ਸੁਖਵਿੰਦਰ ਸਿੰਘ ਛੀਨਾ ਝਬਾਲ

ਬ੍ਰਹਮ ਗਿਆਨੀ ਧੰਨ-ਧੰਨ ਬਾਬਾ ਬੁੱਢਾ ਜੀ ਦੇ ਸਾਲਾਨਾ ਜੋੜ ਮੇਲੇ 'ਤੇ ਆਈਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ
M.D. Ravinder Singh
Mob. 98783-33383
Ph. 2592200
2591393
HP GAS
A.S. GAS SERVICE
Royal Market, Opp. Indian Oil, Vijay Petrol Pump, New Gumatala Pul. Ajnala Road, Amritsar

ਬ੍ਰਹਮ ਗਿਆਨੀ ਧੰਨ-ਧੰਨ ਬਾਬਾ ਬੁੱਢਾ ਜੀ ਦੇ ਸਾਲਾਨਾ ਜੋੜ ਮੇਲੇ 'ਤੇ ਆਈਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ



ਬਾਬਾ ਗੁਰਭੇਜ ਸਿੰਘ ਐਮਾ | ਬਲਜਿੰਦਰ ਸਿੰਘ ਸਰਪੰਚ ਕਸੇਲ | ਬੰਟੀ ਸੂਦ ਵਸੀਕਾ ਨਵੀਸ

ਬ੍ਰਹਮ ਗਿਆਨੀ ਧੰਨ-ਧੰਨ ਬਾਬਾ ਬੁੱਢਾ ਜੀ ਦੇ ਸਾਲਾਨਾ ਜੋੜ ਮੇਲੇ 'ਤੇ ਆਈਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ
ਭਗਵਾਨ ਵਾਲਮੀਕਿ ਜੀ ਸੇਵਾ ਸੁਧਾਰ ਸੁਸਾਇਟੀ (ਰਜਿ.)



ਬਾਬਾ ਲਾਡੀ ਨਾਥ, ਮੁੱਖ ਸੰਸਥਾਪਕ | ਸ. ਹਰਦੇਵ ਸਿੰਘ ਛੀਨਾ | ਤੇਜਿੰਦਰ ਸਿੰਘ ਰਾਜੂ ਛੀਨਾ, ਚੇਅਰਮੈਨ ਪੰਜਾਬ
ਵੱਲੋਂ :
ਫਰੈਂਡਜ਼ ਆਟੋ ਡੀਲਰ
ਅੰਮ੍ਰਿਤਸਰ ਰੋਡ ਅੱਡਾ ਝਬਾਲ
ਮੋਬਾ. 98148-54103, 88722-35000

ਬ੍ਰਹਮ ਗਿਆਨੀ ਧੰਨ-ਧੰਨ ਬਾਬਾ ਬੁੱਢਾ ਜੀ ਦੇ ਸਾਲਾਨਾ ਜੋੜ ਮੇਲੇ 'ਤੇ ਆਈਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ
ਮਨਜੀਤ ਸਟੀਲ ਸ਼ਟਰਿੰਗ ਸਟੋਰ
ਸਿਮਰਨ ਦੀ ਹੱਟੀ
ਇੱਥੇ ਸਕੈਪ ਫੋਲਡ, ਗਾਡਰ, ਪਲੇਟਾਂ, ਬੱਲੀਆਂ, ਫਰਮੇ, ਮਿਕਸਚਰ ਮਸ਼ੀਨ ਵਾਈਵੇਟਰ ਕਿਰਾਏ ਤੇ ਮਿਲਦੇ ਹਨ ਅਤੇ ਸ਼ਟਰਿੰਗ ਕਰਨ ਅਤੇ ਖੋਲ ਦਾ ਖਾਸ ਪ੍ਰਬੰਧ ਹੈ।
ਇੱਥੇ ਗੁਰਦੁਆਰੇ ਅਤੇ ਵਡਿਆ ਬਿਲਡਿੰਗਾ ਦੀ ਸ਼ਟਰਿੰਗ ਬੀਮਾ ਵਾਲੀ ਕਰਵਾਉਣ ਲਈ ਮਿਲੋ।
ਮੁਹੱਲਾ ਨਾਨਕਸਰ, ਸਰਕਾਰੀ ਹਸਪਤਾਲ ਰੋਡ, ਅੱਡਾ ਝਬਾਲ (ਤਰਨ ਤਾਰਨ)
ਮੋਬਾ. 98153-50408, 98146-25477
ਮਨਜੀਤ ਸਿੰਘ ਭੋਜੀਆਂ ਵਾਲੇ



ਬ੍ਰਹਮ ਗਿਆਨੀ ਧੰਨ-ਧੰਨ ਬਾਬਾ ਬੁੱਢਾ ਜੀ ਦੇ ਸਾਲਾਨਾ ਜੋੜ ਮੇਲੇ 'ਤੇ ਆਈਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ



ਨਰਿੰਦਰ ਸਿੰਘ ਝਬਾਲ | ਗੁਰਬਿੰਦਰ ਸਿੰਘ ਬਿੱਟੂ | ਜਗਜੀਤ ਸਿੰਘ ਝਬਾਲ | ਰਵਿੰਦਰਪਾਲ ਸਿੰਘ ਝਬਾਲ